ਮੰਗਲਵਾਰ, 15 ਸਤੰਬਰ, 2026
30 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 105

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • TUESDAY, 15 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਪੱਛਮੀ ਬੰਗਾਲ ਦੇ 17 ਲੋਕ ਸਭਾ ਮੈਂਬਰ ਭਾਜਪਾ 'ਚ ਸ਼ਾਮਲ ਹੋਣ ਲਈ ਕਾਹਲੇ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਪੱਛਮੀ ਬੰਗਾਲ ਦੀ ਸਿਆਸਤ ਵਿੱਚ ਇੱਕ ਹੋਰ ਵੱਡੇ ਬਦਲਾਅ ਬਾਰੇ ਅਟਕਲਾਂ ਤੇਜ਼ ਹੋ ਗਈਆਂ ਹਨ। ਕੂਚ ਬਿਹਾਰ ਤੋਂ ਤ੍ਰਿਣਮੂਲ ਕਾਂਗਰਸ ਦੇ ਬਾਗੀ ਸੰਸਦ ਮੈਂਬਰ ਜਗਦੀਸ਼ ਚੰਦਰ ਬਰਮਾ ਬਾਸੂਨੀਆ ਨੇ ਦਾਅਵਾ ਕੀਤਾ ਹੈ ਕਿ ਨੈਸ਼ਨਲਿਸਟ ਸਿਟੀਜ਼ਨਜ਼ ਪਾਰਟੀ ਆਫ ਇੰਡੀਆ (ਐੱਸ ਸੀ ਪੀ ਆਈ) ਦੇ 20 ਵਿੱਚੋਂ 17 ਲੋਕ ਸਭਾ ਮੈਂਬਰ ਅਕਤੂਬਰ ਵਿੱਚ ਦੁਰਗਾ ਪੂਜਾ ਦੇ ਆਸਪਾਸ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਸਕਦੇ ਹਨ। ਇਸ ਦੌਰਾਨ ਸਾਬਕਾ ਕ੍ਰਿਕਟਰ ਅਤੇ ਸੰਸਦ ਮੈਂਬਰ ਯੂਸਫ ਪਠਾਨ ਸਮੇਤ ਤਿੰਨ ਘੱਟ ਗਿਣਤੀ ਸੰਸਦ ਮੈਂਬਰ ਰਸਮੀ ਤੌਰ 'ਤੇ ਪਾਰਟੀ ਵਿੱਚ ਸ਼ਾਮਲ ਹੋਏ ਬਿਨਾਂ ਬਾਹਰੋਂ ਐੱਨ ਡੀ ਏ ਦਾ ਸਮਰਥਨ ਕਰਨਗੇ।

ਬਾਸੂਨੀਆ ਦੇ ਮੁਤਾਬਕ ਸਾਰੇ 17 ਸੰਸਦ ਮੈਂਬਰਾਂ ਨੇ ਸੰਵਿਧਾਨ ਦੇ ਦਸਵੇਂ ਸ਼ਡਿਊਲ (ਦਲ-ਬਦਲੀ ਵਿਰੋਧੀ ਕਾਨੂੰਨ ) ਦੇ ਤਹਿਤ ਅਯੋਗ ਠਹਿਰਾਏ ਜਾਣ ਤੋਂ ਬਚਣ ਲਈ ਇਕੱਠੇ ਭਾਜਪਾ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ। ਉਨ੍ਹਾ ਕਿਹਾ ਕਿ ਕਿਉਂਕਿ 17 ਸੰਸਦ ਮੈਂਬਰ ਇਕੱਠੇ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ, 20 ਮੈਂਬਰੀ ਸਮੂਹ ਦੇ ਦੋ-ਤਿਹਾਈ ਤੋਂ ਵੱਧ ਇਕੱਠੇ ਪਾਰਟੀ ਬਦਲ ਰਹੇ ਹਨ, ਇਸ ਲਈ ਦਲ-ਬਦਲੀ ਵਿਰੋਧੀ ਕਾਨੂੰਨ ਉਨ੍ਹਾਂ 'ਤੇ ਲਾਗੂ ਨਹੀਂ ਹੋਵੇਗਾ। ਨਿਯਮਾਂ ਦੇ ਤਹਿਤ 20 ਦੇ ਗਰੁੱਪ ਨੂੰ ਅਯੋਗ ਠਹਿਰਾਏ ਜਾਣ ਤੋਂ ਬਚਣ ਲਈ ਘੱਟੋ-ਘੱਟ ਦੋ-ਤਿਹਾਈ, ਭਾਵ 14 ਸੰਸਦ ਮੈਂਬਰਾਂ ਦੀ ਸਹਿਮਤੀ ਦੀ ਲੋੜ ਹੁੰਦੀ ਹੈ, ਜਦੋਂ ਕਿ ਇੱਥੇ 17 ਸੰਸਦ ਮੈਂਬਰ ਤਿਆਰ ਹਨ।

ਬਾਸੂਨੀਆ ਨੇ ਕਿਹਾ ਕਿ ਤਿੰਨ ਘੱਟ ਗਿਣਤੀ ਸੰਸਦ ਮੈਂਬਰ ਰਸਮੀ ਤੌਰ 'ਤੇ ਭਾਜਪਾ ਵਿੱਚ ਸ਼ਾਮਲ ਨਹੀਂ ਹੋਣਗੇ। ਇਨ੍ਹਾਂ ਵਿੱਚ ਬਹਿਰਾਮਪੁਰ ਤੋਂ ਸੰਸਦ ਮੈਂਬਰ ਯੂਸਫ ਪਠਾਨ, ਜੰਗੀਪੁਰ ਤੋਂ ਖਲੀਲੁਰ ਰਹਿਮਾਨ ਅਤੇ ਮੁਰਸ਼ਿਦਾਬਾਦ ਤੋਂ ਅਬੂ ਤਾਹਿਰ ਖਾਨ ਸ਼ਾਮਲ ਹਨ। ਬਾਸੂਨੀਆ ਦੇ ਅਨੁਸਾਰ ਇਨ੍ਹਾਂ ਤਿੰਨਾਂ ਨੇਤਾਵਾਂ ਨੇ ਆਪਣੇ-ਆਪਣੇ ਹਲਕਿਆਂ ਵਿੱਚ ਸਥਾਨਕ ਸਿਆਸੀ ਅਤੇ ਪ੍ਰਸ਼ਾਸਨਕ ਸਥਿਤੀਆਂ 'ਤੇ ਵਿਚਾਰ ਕਰਨ ਤੋਂ ਬਾਅਦ ਇਹ ਫੈਸਲਾ ਲਿਆ ਹੈ। ਉਹ ਬਾਹਰੋਂ ਐੱਨ ਡੀ ਏ ਦਾ ਸਮਰਥਨ ਕਰਨਗੇ ਅਤੇ ਉਨ੍ਹਾਂ ਨੂੰ ਕੇਂਦਰ ਵਿੱਚ ਮਹੱਤਵਪੂਰਨ ਜ਼ਿੰਮੇਵਾਰੀਆਂ ਜਾਂ ਵਿਭਾਗ ਸੌਂਪੇ ਜਾ ਸਕਦੇ ਹਨ।

ਬਾਸੂਨੀਆ ਦਾ ਇਹ ਬਿਆਨ ਉਸ ਸਮੇਂ ਆਇਆ ਹੈ, ਜਦੋਂ ਉਨ੍ਹਾ ਅਤੇ ਉਨ੍ਹਾ ਦੀ ਪਤਨੀ ਸੰਗੀਤਾ ਰਾਏ ਨੂੰ ਹਾਲ ਹੀ ਵਿੱਚ ਕੂਚ ਬਿਹਾਰ ਦੇ ਸੀਤਾਈ ਸਥਿਤ ਆਪਣੇ ਜੱਦੀ ਘਰ ਵਾਪਸ ਆਉਣ 'ਤੇ ਸਖ਼ਤ ਵਿਰੋਧ ਦਾ ਸਾਹਮਣਾ ਕਰਨਾ ਪਿਆ। ਪਾਰਟੀ ਬਦਲਣ ਤੋਂ ਨਾਰਾਜ਼ ਸਥਾਨਕ ਨਿਵਾਸੀਆਂ ਅਤੇ ਪਾਰਟੀ ਵਰਕਰਾਂ ਨੇ ਵਿਰੋਧ ਪ੍ਰਦਰਸ਼ਨ ਕੀਤਾ ਸੀ ਅਤੇ ਉਨ੍ਹਾਂ ਦੇ ਨਿਵਾਸ ਸਥਾਨ ਦੇ ਨੇੜੇ ਇੱਕ ਤ੍ਰਿਣਮੂਲ ਦਫਤਰ ਨੂੰ ਵੀ ਅੱਗ ਲਗਾ ਦਿੱਤੀ ਸੀ।

14 ਜੂਨ ਨੂੰ ਡਾ. ਕਾਕੋਲੀ ਘੋਸ਼ ਦਸਤੀਦਾਰ ਦੀ ਅਗਵਾਈ ਵਿੱਚ 20 ਬਾਗੀ ਟੀ ਐੱਮ ਸੀ ਲੋਕ ਸਭਾ ਸੰਸਦ ਮੈਂਬਰਾਂ ਦੇ ਇੱਕ ਗਰੁੱਪ ਨੇ ਐੱਨ ਸੀ ਪੀ ਆਈ ਵਿੱਚ ਸ਼ਾਮਲ ਹੋਣ ਅਤੇ ਐੱਨ ਡੀ ਏ ਦਾ ਸਮਰਥਨ ਕਰਨ ਦਾ ਫੈਸਲਾ ਕੀਤਾ ਸੀ। ਇਹ ਗਰੁੱਪ ਹੁਣ ਭਾਜਪਾ ਵਿੱਚ ਪੂਰੀ ਤਰ੍ਹਾਂ ਰਲੇਵੇਂ ਵੱਲ ਵਧ ਰਿਹਾ ਹੈ। ਇਨ੍ਹਾਂ ਸੰਸਦ ਮੈਂਬਰਾਂ ਨੂੰ ਸੰਸਦ ਵਿੱਚ ਐੱਨ ਸੀ ਪੀ ਆਈ ਧੜੇ ਵਜੋਂ ਮਾਨਤਾ ਪ੍ਰਾਪਤ ਹੈ ਅਤੇ ਐੱਨ ਡੀ ਏ ਸੰਸਦੀ ਗਤੀਵਿਧੀਆਂ ਵਿੱਚ ਵੀ ਇਹ ਹਿੱਸਾ ਲੈਂਦੇ ਹਨ। ਇਸੇ ਦੌਰਾਨ ਟੀ ਐੱਮ ਸੀ ਨੇ ਮੰਗ ਕੀਤੀ ਹੈ ਕਿ ਇਨ੍ਹਾਂ ਸੰਸਦ ਮੈਂਬਰਾਂ ਨੂੰ ਅਯੋਗ ਠਹਿਰਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇ। ਪਾਰਟੀ ਦਾ ਤਰਕ ਹੈ ਕਿ ਇਨ੍ਹਾਂ ਸੰਸਦ ਮੈਂਬਰਾਂ ਨੇ ਟੀ ਐੱਮ ਸੀ ਦੇ ਚੋਣ ਨਿਸ਼ਾਨ 'ਤੇ ਚੋਣ ਜਿੱਤੀ ਸੀ ਅਤੇ ਉਨ੍ਹਾਂ ਦਾ ਕਿਸੇ ਹੋਰ ਸਿਆਸੀ ਸੰਗਠਨ ਵਿੱਚ ਸ਼ਾਮਲ ਹੋਣ ਦਾ ਕਦਮ ਦਲ-ਬਦਲੀ ਵਿਰੋਧੀ ਕਾਨੂੰਨਾਂ ਦੇ ਦਾਇਰੇ ਵਿੱਚ ਆਉਂਦਾ ਹੈ।

# ਪਾਕਿਸਤਾਨੀ ਹਾਕੀ ਟੀਮ ਖੇਡਣ ਆਏਗੀ ਪੰਜਾਬ

**ਮੁਹਾਲੀ (ਗੁਰਜੀਤ ਬਿੱਲਾ, ਸੁਰਜੀਤ ਸਮਨ)**




ਹਾਕੀ ਇੰਡੀਆ ਨੇ ਪੁਸ਼ਟੀ ਕੀਤੀ ਹੈ ਕਿ ਪਾਕਿਸਤਾਨੀ ਹਾਕੀ ਟੀਮ ਪੁਰਸ਼ ਏਸ਼ੀਅਨ ਚੈਂਪੀਅਨਜ਼ ਟਰਾਫੀ-2026 ਵਿੱਚ ਹਿੱਸਾ ਲਵੇਗੀ, ਜਿਸ ਦੀ ਮੇਜ਼ਬਾਨੀ 27 ਅਕਤੂਬਰ ਤੋਂ 5 ਨਵੰਬਰ ਤੱਕ ਪੰਜਾਬ ਵੱਲੋਂ ਕੀਤੀ ਜਾਵੇਗੀ। ਹਾਕੀ ਇੰਡੀਆ ਦੇ ਅਧਿਕਾਰੀਆਂ ਨੇ ਫੇਜ਼ 9 ਵਿਖੇ ਬਲਬੀਰ ਸਿੰਘ (ਸੀਨੀਅਰ) ਹਾਕੀ ਸਟੇਡੀਅਮ ਦਾ ਦੌਰਾ ਕੀਤਾ ਅਤੇ ਇਸ ਕੌਮਾਂਤਰੀ ਮੁਕਾਬਲੇ ਦੇ ਸ਼ਡਿਊਲ ਦਾ ਐਲਾਨ ਕੀਤਾ। ਟੂਰਨਾਮੈਂਟ ਦਾ ਉਦਘਾਟਨ 27 ਅਕਤੂਬਰ ਨੂੰ (ਦੁਪਹਿਰ 2:30 ਵਜੇ) ਜਲੰਧਰ ਵਿੱਚ ਹੋਵੇਗਾ, ਜਦੋਂ ਕਿ ਮੁਹਾਲੀ ਦਾ ਸਟੇਡੀਅਮ 5 ਨਵੰਬਰ ਨੂੰ ਸੈਮੀਫਾਈਨਲ, ਫਾਈਨਲ ਅਤੇ ਸਮਾਪਤੀ ਸਮਾਗਮ ਦੀ ਮੇਜ਼ਬਾਨੀ ਕਰੇਗਾ। ਭਾਰਤ ਅਤੇ ਪਾਕਿਸਤਾਨ ਵਿਚਕਾਰ ਮੈਚ 1 ਨਵੰਬਰ ਨੂੰ ਪੰਜਾਬ ਦਿਵਸ ਦੇ ਜਸ਼ਨਾਂ ਮੌਕੇ ਜਲੰਧਰ ਵਿੱਚ ਖੇਡਿਆ ਜਾਵੇਗਾ। ਹਾਕੀ ਇੰਡੀਆ ਦੇ ਜਨਰਲ ਸਕੱਤਰ ਭੋਲਾ ਨਾਥ ਨੇ ਹੋਰਨਾਂ ਅਧਿਕਾਰੀਆਂ ਅਤੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਕੰਪਲੈਕਸ ਦਾ ਦੌਰਾ ਕੀਤਾ। ਨਾਥ ਨੇ ਕਿਹਾ ਕਿ ਪਾਕਿਸਤਾਨੀ ਟੀਮ ਨੂੰ ਇੱਥੇ ਖੇਡਣ ਲਈ ਮਨਾਉਣ ਵਿੱਚ ਕੋਈ ਵੱਡੀ ਸਮੱਸਿਆ ਨਹੀਂ ਆਈ। ਟੂਰਨਾਮੈਂਟ ਵਿੱਚ ਛੇ ਟੀਮਾਂ ਦੇ ਹਿੱਸਾ ਲੈਣ ਦੀ ਉਮੀਦ ਹੈ, ਜਿਨ੍ਹਾਂ ਵਿੱਚ ਭਾਰਤ, ਪਾਕਿਸਤਾਨ, ਜਾਪਾਨ, ਮਲੇਸ਼ੀਆ, ਚੀਨ ਅਤੇ ਕੋਰੀਆ ਸ਼ਾਮਲ ਹਨ। ਓਮਾਨ ਅਤੇ ਬੰਗਲਾਦੇਸ਼ ਨੂੰ ਰਿਜ਼ਰਵ ਟੀਮਾਂ ਵਜੋਂ ਰੱਖਿਆ ਗਿਆ ਹੈ। ਪਹਿਲਾ ਮੈਚ ਜਾਪਾਨ ਅਤੇ ਮਲੇਸ਼ੀਆ ਵਿਚਕਾਰ ਖੇਡਿਆ ਜਾਵੇਗਾ। ਭਾਰਤ 2023 (ਚੇਨਈ) ਅਤੇ 2024 (ਹੁਲੁਨਬੁਇਰ, ਚੀਨ) ਵਿੱਚ ਖਿਤਾਬ ਜਿੱਤ ਕੇ ਮੌਜੂਦਾ ਚੈਂਪੀਅਨ ਵਜੋਂ ਟੂਰਨਾਮੈਂਟ ਵਿੱਚ ਖੇਡੇਗਾ। ਪਾਕਿਸਤਾਨ ਨੇ ਪਿਛਲੇ ਸਾਲ ਤਾਮਿਲਨਾਡੂ ਵਿੱਚ ਖੇਡੇ ਗਏ ਜੂਨੀਅਰ ਹਾਕੀ ਵਿਸ਼ਵ ਕੱਪ ਤੋਂ ਆਪਣਾ ਨਾਂਅ ਵਾਪਸ ਲੈ ਲਿਆ ਸੀ। ਉਸ ਨੇ ਇਸ ਦਾ ਕਾਰਨ ਅਪ੍ਰੇਸ਼ਨ ਸਿੰਧੂਰ ਤੋਂ ਬਾਅਦ ਦੋਵਾਂ ਦੇਸ਼ਾਂ ਵਿਚਾਲੇ ਤਣਾਅ ਵਧਣਾ ਦੱਸਿਆ ਸੀ। ਮਾਨ ਨੇ ਕਿਹਾ, "ਪੰਜਾਬੀ ਮਹਿਮਾਨਾਂ ਦਾ ਸ਼ਾਨਦਾਰ ਤਰੀਕੇ ਨਾਲ ਸਵਾਗਤ ਕਰਨ ਲਈ ਜਾਣੇ ਜਾਂਦੇ ਹਨ ਅਤੇ ਅਸੀਂ ਖਿਡਾਰੀਆਂ ਨੂੰ ਸਾਰੀਆਂ ਸਹੂਲਤਾਂ ਯਕੀਨੀ ਬਣਾਵਾਂਗੇ, ਤਾਂ ਜੋ ਹਰ ਕੋਈ ਪੰਜਾਬ ਵਿੱਚ ਖੇਡਣ ਦਾ ਅਭੁੱਲ ਤਜਰਬਾ ਆਪਣੇ ਨਾਲ ਲੈ ਕੇ ਜਾਵੇ।"

ਅਧਿਕਾਰੀਆਂ ਨੇ ਸਾਬਕਾ ਭਾਰਤੀ ਕਪਤਾਨ ਅਤੇ ਮੌਜੂਦਾ ਖਿਡਾਰੀ ਮਨਪ੍ਰੀਤ ਸਿੰਘ ਦੀ ਤਸਵੀਰ ਵਾਲੇ ਇਸ ਟੂਰਨਾਮੈਂਟ ਦੇ ਲੋਗੋ ਤੋਂ ਵੀ ਪਰਦਾ ਹਟਾਇਆ। ਅਧਿਕਾਰੀਆਂ ਨੇ ਇਹ ਵੀ ਐਲਾਨ ਕੀਤਾ ਕਿ ਦੋਵਾਂ ਥਾਵਾਂ ਉੱਤੇ ਦਰਸ਼ਕਾਂ ਲਈ ਕੋਈ ਦਾਖਲਾ ਫੀਸ ਨਹੀਂ ਹੋਵੇਗੀ।

# ਨਸ਼ੇ ਸਪਲਾਈ ਕਰਨ ਵਾਲੇ ਹੀ ਪੰਜਾਬ 'ਚ ਨਸ਼ਿਆਂ ਵਿਰੁੱਧ ਯਾਤਰਾ ਕੱਢ ਰਹੇ : ਮਾਨ

**ਚੰਡੀਗੜ੍ਹ (ਨ ਜ਼ ਸ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਜਪਾ ਵੱਲੋਂ 18 ਸਤੰਬਰ ਤੋਂ ਪੰਜਾਬ ਵਿੱਚ ਨਸ਼ਿਆਂ ਦੇ ਖਿਲਾਫ ਕੱਢੀ ਜਾਣ ਵਾਲੀ 'ਨਸ਼ਾ ਮੁਕਤ ਪੰਜਾਬ' ਯਾਤਰਾ ਨੂੰ ਲੈ ਕੇ ਭਾਜਪਾ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਨਸ਼ੇ ਸਪਲਾਈ ਕਰਨ ਵਾਲੇ ਹੀ ਨਸ਼ਿਆਂ ਵਿਰੁੱਧ ਯਾਤਰਾ ਕੱਢ ਰਹੇ ਹਨ।

ਉਨ੍ਹਾ ਪ੍ਰੈੱਸ ਕਾਨਫਰੰਸ ਵਿੱਚ ਕਿਹਾ ਕਿ ਪੰਜਾਬ ਸਰਹੱਦੀ ਸੂਬਾ ਹੈ, ਜਿਸ ਦਾ 533 ਕਿਲੋਮੀਟਰ ਇਲਾਕਾ ਕੌਮਾਂਤਰੀ ਸਰਹੱਦ ਨਾਲ ਲੱਗਦਾ ਹੈ। ਸਰਹੱਦ ਪਾਰੋਂ ਰੋਜ਼ਾਨਾ ਵੱਡੀ ਗਿਣਤੀ ਵਿੱਚ ਹਥਿਆਰ ਅਤੇ ਨਸ਼ੀਲੇ ਪਦਾਰਥ ਸਪਲਾਈ ਕੀਤੇ ਜਾਂਦੇ ਹਨ, ਜਿਨ੍ਹਾਂ ਨੂੰ ਪੰਜਾਬ ਪੁਲਸ ਵੱਲੋਂ ਕਾਬੂ ਕੀਤਾ ਜਾਂਦਾ ਹੈ, ਪਰ ਕੇਂਦਰੀ ਗ੍ਰਹਿ ਮੰਤਰੀ ਦੇ ਗ੍ਰਹਿ ਰਾਜ ਗੁਜਰਾਤ ਦੇ ਮੁੰਦਰਾ ਪੋਰਟ ਤੋਂ 2-3 ਹਜ਼ਾਰ ਕਿੱਲੋ ਨਸ਼ੀਲੇ ਪਦਾਰਥ ਫੜੇ ਜਾ ਰਹੇ ਹਨ। ਇਸ ਤੋਂ ਇਲਾਵਾ ਪੰਜਾਬ ਪੁਲਸ ਵੱਲੋਂ ਗੁਪਤ ਸੂਚਨਾ ਦੇ ਆਧਾਰ 'ਤੇ ਮੱਧ ਪ੍ਰਦੇਸ਼, ਰਾਜਸਥਾਨ ਤੇ ਗੁਜਰਾਤ ਵਿੱਚੋਂ ਵੀ ਭਾਰੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਹਨ। ਕੇਂਦਰੀ ਗ੍ਰਹਿ ਮੰਤਰੀ ਆਪਣੇ ਗ੍ਰਹਿ ਰਾਜ ਗੁਜਰਾਤ ਦੇ ਮੁੰਦਰਾ ਪੋਰਟ ਨੂੰ ਹੀ ਸੰਭਾਲ ਲੈਣ। ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਨਸ਼ਿਆਂ ਦੇ ਮੁੱਦੇ 'ਤੇ ਪੰਜਾਬ ਨੂੰ ਬਦਨਾਮ ਕੀਤਾ ਜਾ ਰਿਹਾ ਹੈ। ਹੁਣ ਵੀ ਭਾਜਪਾ ਵੱਲੋਂ ਪੰਜਾਬ ਵਿੱਚ ਨਸ਼ਿਆਂ ਖਿਲਾਫ ਯਾਤਰਾ ਕੱਢਣ ਦੀ ਤਿਆਰੀ ਕੀਤੀ ਜਾ ਰਹੀ ਹੈ। ਉਨ੍ਹਾ ਕਿਹਾ ਕਿ "ਨਾਲੇ ਤੁਸੀਂ ਨਸ਼ੀਲੇ ਪਦਾਰਥ ਸਪਲਾਈ ਕਰੀ ਜਾਓ ਅਤੇ ਨਾਲੇ ਨਸ਼ਾਮੁਕਤ ਪੰਜਾਬ ਯਾਤਰਾ ਕੱਢੀ ਜਾਓ।" ਪੰਜਾਬ ਦੇ ਲੋਕ ਸੂਝਵਾਨ ਤੇ ਸਮਝਦਾਰ ਹਨ, ਉਹ ਭਾਜਪਾ ਦੀਆਂ ਗੱਲਾਂ ਵਿੱਚ ਨਹੀਂ ਆਉਣਗੇ। ਦੇਸ਼ ਭਰ ਵਿੱਚ ਨਸ਼ਾ ਤਸਕਰੀ ਦੇ ਮਾਮਲਿਆਂ ਵਿੱਚ ਬਰਾਮਦ ਕੀਤੀ ਗਈ ਸਮੱਗਰੀ ਦਾ 60 ਫੀਸਦ ਹਿੱਸਾ ਪੰਜਾਬ ਪੁਲਸ ਵੱਲੋਂ ਬਰਾਮਦ ਕੀਤਾ ਗਿਆ ਹੈ। ਇਸ ਦੌਰਾਨ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਇੱਕ ਵਫਦ ਨੇ ਸੋਮਵਾਰ ਡੀ ਜੀ ਪੀ ਗੌਰਵ ਯਾਦਵ ਨਾਲ ਮੁਲਾਕਾਤ ਕੀਤੀ ਅਤੇ 18 ਤੋਂ 30 ਸਤੰਬਰ ਤੱਕ ਪਾਰਟੀ ਦੀਆਂ ਚਾਰ 'ਨਸ਼ਾ ਮੁਕਤ ਪੰਜਾਬ ਯਾਤਰਾਵਾਂ' ਲਈ ਲੋੜੀਂਦੀ ਸੁਰੱਖਿਆ ਮੁਹੱਈਆ ਕਰਵਾਉਣ ਦੀ ਮੰਗ ਕੀਤੀ।

ਕੇਂਦਰੀ ਮੰਤਰੀ ਅਮਿਤ ਸ਼ਾਹ, ਸ਼ਿਵਰਾਜ ਸਿੰਘ ਚੌਹਾਨ, ਅਰਜੁਨ ਮੇਘਵਾਲ ਅਤੇ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਸਮੇਤ ਸੀਨੀਅਰ ਭਾਜਪਾ ਆਗੂ ਵੱਖ-ਵੱਖ ਥਾਵਾਂ 'ਤੇ ਇਨ੍ਹਾਂ ਯਾਤਰਾਵਾਂ ਵਿੱਚ ਸ਼ਾਮਲ ਹੋਣਗੇ।

# ਦਲ-ਬਦਲੀ ਕਰਨ ਵਾਲਿਆਂ 'ਤੇ 10 ਸਾਲ ਦਾ ਬੈਨ ਲੱਗੇ : ਸੀ ਜੇ ਪੀ

**ਨਵੀਂ ਦਿੱਲੀ (ਨ ਜ਼ ਸ)**

ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਨੇ ਰਾਜ ਸਭਾ ਮੈਂਬਰ ਕਪਿਲ ਸਿੱਬਲ ਦੇ ਦਲਦਬਲੀ ਕਰਨ ਵਾਲੇ ਸੰਸਦ ਮੈਂਬਰ ਜਾਂ ਵਿਧਾਇਕ 'ਤੇ 10 ਸਾਲ ਦੀ ਪਾਬੰਦੀ ਲਾਉਣ ਦੇ ਸੁਝਾਅ ਦਾ ਸਵਾਗਤ ਕੀਤਾ ਹੈ। ਸੀ ਜੇ ਪੀ ਦੇ ਬਾਨੀ ਅਭਿਜੀਤ ਦੀਪਕੇ ਨੇ ਐੱਕਸ 'ਤੇ ਲਿਖਿਆ ਹੈ, 'ਸਮੇਂ ਦੀ ਲੋੜ! ਕੋਈ ਵੀ ਚੁਣਿਆ ਹੋਇਆ ਪ੍ਰਤੀਨਿਧੀ, ਜੋ ਚੁਣੇ ਜਾਣ ਤੋਂ ਬਾਅਦ ਪਾਰਟੀਆਂ ਬਦਲਦਾ ਹੈ, ਉਸ ਨੂੰ ਜਨਤਕ ਅਹੁਦਾ ਸੰਭਾਲਣ ਤੋਂ ਰੋਕਿਆ ਜਾਣਾ ਚਾਹੀਦਾ ਹੈ। ਸੀ ਜੇ ਪੀ ਨੇ ਵੀ ਆਪਣੇ ਪਹਿਲੇ ਮੰਗ ਚਾਰਟਰ ਦੇ ਬਿੰਦੂ 5 ਵਿੱਚ 20 ਸਾਲਾਂ ਲਈ ਕੋਈ ਵੀ ਜਨਤਕ ਅਹੁਦਾ ਰੱਖਣ ਅਤੇ ਚੋਣ ਲੜਨ 'ਤੇ ਪਾਬੰਦੀ ਦੀ ਮੰਗ ਸ਼ਾਮਲ ਕੀਤੀ ਸੀ।' ਸੀ ਜੇ ਪੀ ਦਾ ਕਹਿਣਾ ਹੈ ਕਿ ਦਲ-ਬਦਲੀ ਕਾਰਨ ਪਾਰਟੀਆਂ ਟੁੱਟ ਗਈਆਂ, ਕਾਨੂੰਨਸਾਜ਼ਾਂ ਨੂੰ ਕਰੋੜਾਂ ਰੁਪਏ ਦੀ ਰਿਸ਼ਵਤ ਦਿੱਤੀ ਗਈ ਅਤੇ ਸਰਕਾਰਾਂ ਨੂੰ ਡੇਗ ਦਿੱਤਾ ਗਿਆ, ਇਹ ਦੇਸ਼ ਨਾਲ ਧੋਖਾ ਹੈ। ਅਜਿਹੀ ਧੋਖਾਧੜੀ ਕਦੇ ਨਹੀਂ ਹੋਣੀ ਚਾਹੀਦੀ। ਦਲ-ਬਦਲੀ ਵਿਰੋਧੀ ਕਾਨੂੰਨ ਪੁਰਾਣਾ ਹੋ ਚੁੱਕਾ ਹੈ। ਸੱਤਾਧਾਰੀ ਪਾਰਟੀ ਨੇ ਆਪਣੀ ਸਦੀਵੀ ਸੱਤਾ ਦੀ ਲਾਲਸਾ ਵਿੱਚ ਇਸ ਦੀ ਦੁਰਵਰਤੋਂ ਨੂੰ ਯਕੀਨੀ ਬਣਾਇਆ ਹੈ ਅਤੇ ਨੌਜਵਾਨ ਇਸ ਨੂੰ ਬਦਲ ਦੇਣਗੇ। ਸੀ ਜੇ ਪੀ ਦਾ ਇਹ ਬਿਆਨ ਅਜਿਹੇ ਸਮੇਂ ਆਇਆ ਹੈ, ਜਦੋਂ ਕਾਂਗਰਸ ਨੇ ਦੋਸ਼ ਲਗਾਇਆ ਹੈ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਲੋਕ ਸਭਾ ਵਿੱਚ ਹਲਕਾਬੰਦੀ ਨਾਲ ਸੰਬੰਧਤ ਸੰਵਿਧਾਨ ਸੋਧ ਬਿੱਲ ਨੂੰ ਪਾਸ ਕਰਵਾਉਣ ਲਈ ਦੋ-ਤਿਹਾਈ ਬਹੁਮਤ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾ ਪਹਿਲਾਂ ਹੀ ਤਿੰਨ ਪਾਰਟੀਆਂ ਵਿੱਚ ਫੁੱਟ ਪਾ ਦਿੱਤੀ ਹੈ, ਜਿਨ੍ਹਾਂ 17 ਅਪ੍ਰੈਲ, 2026 ਨੂੰ ਬਿੱਲ ਦੇ ਵਿਰੁੱਧ ਵੋਟ ਦਿੱਤੀ ਸੀ ਅਤੇ ਹੋਰਨਾਂ ਨੂੰ ਆਪਣਾ ਰੁਖ ਬਦਲਣ ਲਈ ਧਮਕੀਆਂ, ਡਰਾਉਣ-ਧਮਕਾਉਣ ਅਤੇ ਲਾਲਚ ਦੀ ਵਰਤੋਂ ਕਰ ਰਹੇ ਹਨ।

ਹਲਕਾਬੰਦੀ ਨਾਲ ਸੰਬੰਧਤ ਸੰਵਿਧਾਨ ਸੋਧ ਬਿੱਲ 17 ਅਪ੍ਰੈਲ ਨੂੰ ਲੋਕ ਸਭਾ ਵਿੱਚ ਡਿੱਗ ਗਿਆ ਸੀ। ਵੋਟ ਪਾਉਣ ਵਾਲੇ 528 ਮੈਂਬਰਾਂ ਵਿੱਚੋਂ 298 ਨੇ ਬਿੱਲ ਦਾ ਸਮਰਥਨ ਕੀਤਾ ਅਤੇ 230 ਨੇ ਇਸ ਦਾ ਵਿਰੋਧ ਕੀਤਾ, ਜਦੋਂ ਕਿ ਬਿੱਲ ਪਾਸ ਕਰਾਉਣ ਲਈ 352 ਵੋਟਾਂ ਜਾਂ ਦੋ-ਤਿਹਾਈ ਬਹੁਮਤ ਦੀ ਲੋੜ ਸੀ।

## ਰੋਡ ਦਾ ਨਾਂਅ ਹੁਣ 'ਸ਼ਹੀਦ ਕਰਨਲ ਮਨਪ੍ਰੀਤ ਸਿੰਘ ਮਾਰਗ'

**ਚੰਡੀਗੜ੍ਹ (ਸੁਰਜੀਤ ਸੁਮਨ)**-ਆਪਣੇ ਸੂਰਬੀਰਾਂ ਦੀ ਕੁਰਬਾਨੀ ਨੂੰ ਕਦੇ ਵੀ ਲੋਕ ਮਨਾਂ ਤੋਂ ਵਿਸਰਨ ਨਾ ਦੇਣ ਦਾ ਸੰਕਲਪ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨਿਊ ਚੰਡੀਗੜ੍ਹ ਵਿਖੇ ਸੋਮਵਾਰ 200 ਫੁੱਟ ਚੌੜੀ ਐੱਚ ਆਰ-2 ਰੋਡ ਅਤੇ ਸੈਕਟਰ-5 ਏ ਦੇ ਪਾਰਕ ਨੂੰ ਅਨੰਤਨਾਗ ਵਿੱਚ ਦੇਸ਼ ਦੀ ਰੱਖਿਆ ਕਰਦੇ ਹੋਏ ਆਪਣੀ ਜਾਨ ਨਿਛਾਵਰ ਕਰਨ ਵਾਲੇ ਸ਼ਹੀਦ ਕਰਨਲ ਮਨਪ੍ਰੀਤ ਸਿੰਘ (ਕੀਰਤੀ ਚੱਕਰ) ਨੂੰ ਸਮਰਪਤ ਕੀਤਾ। ਮਾਨ ਨੇ ਕਿਹਾ ਕਿ ਮੁੱਧੋਪੁਰ ਚੌਕ ਤੋਂ ਟੀ-ਪੁਆਇੰਟ ਤੱਕ ਦੀ ਸੜਕ ਦਾ ਨਾਂਅ 'ਸ਼ਹੀਦ ਕਰਨਲ ਮਨਪ੍ਰੀਤ ਸਿੰਘ ਮਾਰਗ' ਤੇ ਸੈਕਟਰ 5-ਏ ਦੇ ਪਾਰਕ ਦਾ ਨਾਂਅ 'ਸ਼ਹੀਦ ਕਰਨਲ ਮਨਪ੍ਰੀਤ ਸਿੰਘ ਪਾਰਕ' ਰੱਖਿਆ ਹੈ।ਮਾਨ ਨੇ ਕਿਹਾ ਕਿ ਪਿੰਡ ਭੜੌਂਜੀਆ ਦੇ ਇਸ ਬਹਾਦਰ ਸਪੂਤ ਦੀ ਅਨੂਠੀ ਕੁਰਬਾਨੀ ਸਾਡੀ ਨੌਜਵਾਨ ਪੀੜ੍ਹੀ ਨੂੰ ਹਮੇਸ਼ਾ ਪ੍ਰੇਰਿਤ ਕਰਦੀ ਰਹੇਗੀ।ਸਰਕਾਰ ਹਮੇਸ਼ਾ ਸ਼ਹੀਦਾਂ ਦੇ ਪਰਵਾਰਾਂ ਨਾਲ ਖੜ੍ਹੀ ਰਹੇਗੀ। ਇਸ ਮੌਕੇ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਵੀ ਹਾਜ਼ਰ ਸਨ।

## ਮਹਿੰਗਾਈ ਥੋਕ 'ਚ ਵਧੀ

**ਨਵੀਂ ਦਿੱਲੀ** : ਅਗਸਤ ਵਿੱਚ ਥੋਕ ਮਹਿੰਗਾਈ ਦਰ ਵਧ ਕੇ 9.92 ਫੀਸਦੀ ਹੋ ਗਈ, ਜੋ ਕਿ ਜੁਲਾਈ ਵਿੱਚ 9.78 ਫੀਸਦੀ ਸੀ। ਇਹ ਵਾਧਾ ਭੋਜਨ, ਈਂਧਣ, ਬਿਜਲੀ ਅਤੇ ਨਿਰਮਤ ਉਤਪਾਦਾਂ ਦੀਆਂ ਕੀਮਤਾਂ ਵਿੱਚ ਵਾਧੇ ਕਾਰਨ ਹੋਇਆ। ਸਰਕਾਰ ਨੇ 14 ਸਤੰਬਰ ਨੂੰ ਇਹ ਅੰਕੜੇ ਜਾਰੀ ਕੀਤੇ। 9.92 ਫੀਸਦੀ ਦੀ ਮਹਿੰਗਾਈ ਦਰ ਦਾ ਮਤਲਬ ਹੈ ਕਿ ਜੋ ਸਾਮਾਨ ਪਿਛਲੇ ਸਾਲ ਇਸ ਸਮੇਂ ਥੋਕ ਬਾਜ਼ਾਰ ਵਿੱਚ 100 ਰੁਪਏ ਵਿੱਚ ਉਪਲੱਬਧ ਸਨ, ਉਹ ਹੁਣ 109.92 ਰੁਪਏ ਵਿੱਚ ਉਪਲੱਬਧ ਹਨ।

# ਬ੍ਰਿਕਸ ਐਲਾਨਨਾਮੇ ਦੀ ਦਿਸ਼ਾ ਦਾ ਸੀ ਪੀ ਆਈ ਵੱਲੋਂ ਸਵਾਗਤ

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਸਕੱਤਰੇਤ ਨੇ ਬ੍ਰਿਕਸ ਸਿਖਰ ਸੰਮੇਲਨ 2026 ਦੇ ਨਵੀਂ ਦਿੱਲੀ ਐਲਾਨਨਾਮੇ ਦੀ ਦਿਸ਼ਾ ਦਾ ਸਵਾਗਤ ਕੀਤਾ ਹੈ ਅਤੇ ਵਿਸ਼ਵ ਪ੍ਰਸ਼ਾਸਨ ਦੀਆਂ ਸੰਸਥਾਵਾਂ ਵਿੱਚ ਸੁਧਾਰ ਕਰਨ 'ਤੇ ਦਿੱਤੇ ਗਏ ਜ਼ੋਰ ਨਾਲ ਸਹਿਮਤੀ ਪ੍ਰਗਟਾਈ ਹੈ।

ਸੰਯੁਕਤ ਰਾਸ਼ਟਰ ਵਿੱਚ ਗਲੋਬਲ ਸਾਊਥ ਦੀ ਵਧੇਰੇ ਨੁਮਾਇੰਦਗੀ, ਜਿਸ ਵਿੱਚ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਵਿੱਚ ਸੁਧਾਰ ਵੀ ਸ਼ਾਮਲ ਹੈ ਅਤੇ ਆਈ ਐੱਮ ਐੱਫ ਤੇ ਵਿਸ਼ਵ ਬੈਂਕ ਵਿੱਚ ਸੁਧਾਰ ਦੀ ਮੰਗ ਇੱਕ ਵਧੇਰੇ ਲੋਕਤੰਤਰਿਕ ਅਤੇ ਨਿਆਂਸੰਗਤ ਕੌਮਾਂਤਰੀ ਵਿਵਸਥਾ ਵੱਲ ਮਹੱਤਵਪੂਰਨ ਕਦਮ ਹੈ। ਫੈਸਲਾ ਲੈਣ ਵਾਲੀਆਂ ਸੰਸਥਾਵਾਂ ਵਿੱਚ ਭਾਰਤ ਤੇ ਹੋਰ ਵਿਕਾਸਸ਼ੀਲ ਦੇਸ਼ਾਂ ਦੀ ਸ਼ਮੂਲੀਅਤ ਨੂੰ ਹੋਰ ਵੀ ਤੇਜ਼ੀ ਨਾਲ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ।

ਪਾਰਟੀ ਨੇ ਕਿਹਾ ਕਿ ਪੱਛਮੀ ਏਸ਼ੀਆ ਵਿੱਚ ਜਾਰੀ ਹਿੰਸਾ 'ਤੇ ਬ੍ਰਿਕਸ ਦੇਸ਼ਾਂ ਵੱਲੋਂ ਪ੍ਰਗਟ ਕੀਤੀ ਗਈ ਸਪੱਸ਼ਟ ਚਿੰਤਾ ਅਤੇ ਸੰਜਮ, ਗੱਲਬਾਤ ਅਤੇ ਗਾਜ਼ਾ ਵਿੱਚ ਤੁਰੰਤ ਜੰਗਬੰਦੀ ਦੀ ਕੀਤੀ ਗਈ ਅਪੀਲ ਸਵਾਗਤਯੋਗ ਹੈ।

ਫਲਸਤੀਨ ਨੂੰ ਸੰਯੁਕਤ ਰਾਸ਼ਟਰ ਦੀ ਪੂਰੀ ਮੈਂਬਰਸ਼ਿਪ ਅਤੇ ਫਲਸਤੀਨੀ ਲੋਕਾਂ ਦੇ ਜਾਇਜ਼ ਹੱਕਾਂ ਲਈ ਬ੍ਰਿਕਸ ਵੱਲੋਂ ਦਿੱਤਾ ਗਿਆ ਸਮਰਥਨ ਪੂਰੀ ਦੁਨੀਆ ਦੀ ਆਵਾਜ਼ ਬਣਨਾ ਚਾਹੀਦਾ ਹੈ।

ਸਾਮਰਾਜਵਾਦੀ ਤਾਕਤਾਂ ਵੱਲੋਂ ਇਕਤਰਫ਼ਾ ਢੰਗ ਨਾਲ ਸ਼ਕਤੀ ਦੀ ਵਰਤੋਂ 'ਤੇ ਸੰਸਥਾਗਤ ਨਿਗਰਾਨੀ ਦੀ ਤੁਰੰਤ ਲੋੜ ਨੂੰ ਕਿਸੇ ਵੀ ਤਰ੍ਹਾਂ ਘਟਾ ਕੇ ਨਹੀਂ ਦੇਖਿਆ ਜਾ ਸਕਦਾ। ਤਾਕਤਵਰ ਦੇਸ਼ਾਂ ਵੱਲੋਂ ਵਿਕਾਸਸ਼ੀਲ ਅਤੇ ਪ੍ਰਭੂਸੱਤਾ-ਸੰਪੰਨ ਦੇਸ਼ਾਂ 'ਤੇ ਇਕਤਰਫ਼ਾ ਟੈਰਿਫ਼, ਪਾਬੰਦੀਆਂ ਅਤੇ ਆਰਥਿਕ ਨਾਕਾਬੰਦੀਆਂ ਲਗਾਉਣਾ ਅਜਿਹੇ ਇਕਤਰਫ਼ਾਵਾਦ ਅਤੇ ਆਰਥਿਕ ਦਬਾਅ ਦਾ ਖਾਸ ਤੌਰ 'ਤੇ ਗੰਭੀਰ ਰੂਪ ਹੈ। ਇਹ ਕਦਮ ਦੇਸ਼ਾਂ ਦੀ ਪ੍ਰਭੂਸੱਤਾ ਦੀ ਬਰਾਬਰੀ, ਆਜ਼ਾਦ ਅਤੇ ਨਿਆਂਪੂਰਨ ਕੌਮਾਂਤਰੀ ਵਪਾਰ ਅਤੇ ਆਪਣੇ ਸੁਤੰਤਰ ਵਿਕਾਸ ਦੇ ਰਸਤੇ ਚੁਣਨ ਦੇ ਅਧਿਕਾਰ ਦੇ ਸਿਧਾਂਤਾਂ ਨੂੰ ਕਮਜ਼ੋਰ ਕਰਦੇ ਹਨ।

ਭਾਰਤੀ ਕਮਿਊਨਿਸਟ ਪਾਰਟੀ ਐਲਾਨਨਾਮੇ ਵਿੱਚ ਅੱਤਵਾਦ ਪ੍ਰਤੀ ਜ਼ੀਰੋ ਟਾਲਰੈਂਸ ਦੀ ਮੁੜ ਪੁਸ਼ਟੀ ਦਾ ਸਵਾਗਤ ਕਰਦੀ ਹੈ। ਬ੍ਰਿਕਸ ਦੇਸ਼ਾਂ ਵਿਚਕਾਰ ਵਪਾਰ ਅਤੇ ਵਿੱਤੀ ਲੈਣ-ਦੇਣ ਵਿੱਚ ਸਥਾਨਕ ਮੁਦਰਾਵਾਂ ਦੀ ਵਧੇਰੇ ਵਰਤੋਂ 'ਤੇ ਦਿੱਤਾ ਗਿਆ ਜ਼ੋਰ ਵੀ

• ਬਾਕੀ ਸਫ਼ਾ 2 'ਤੇ

## ਗੁਰਕੀਰਤ ਕਿਰਪਾਲ ਪਾਵਰਕਾਮ ਦੇ ਨਵੇਂ ਸੀ ਐੱਮ ਡੀ ਨਿਯੁਕਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪਾਵਰਕੌਮ) ਦੇ ਸੀ ਐੱਮ ਡੀ ਡਾ. ਬਸੰਤ ਗਰਗ ਨੂੰ ਹਟਾ ਕੇ ਉਨ੍ਹਾ ਦੀ ਜਗ੍ਹਾ ਪ੍ਰਿੰਸੀਪਲ ਸਕੱਤਰ ਗੁਰਕੀਰਤ ਕਿਰਪਾਲ ਸਿੰਘ ਨੂੰ ਲਾ ਦਿੱਤਾ ਹੈ। ਗੁਰਕੀਰਤ ਕਿਰਪਾਲ ਸਿੰਘ ਕੋਲ ਪਹਿਲਾਂ ਤੋਂ ਮੌਜੂਦ ਉਦਯੋਗ ਵਿਭਾਗ ਦੇ ਸਾਰੇ ਚਾਰਜ ਹੁਣ ਡਾ. ਬਸੰਤ ਗਰਗ ਨੂੰ ਸੌਂਪ ਦਿੱਤੇ ਗਏ ਹਨ। ਸੂਬੇ ਦੇ ਥਰਮਲ ਪਲਾਂਟਾਂ ਵਿੱਚ ਕੋਲੇ ਦੀ ਭਾਰੀ ਘਾਟ ਨੂੰ ਦੇਖਦਿਆਂ ਬਿਜਲੀ ਵਿਭਾਗ ਨੂੰ ਮੁੜ ਲੀਹ 'ਤੇ ਲਿਆਉਣਾ ਗੁਰਕੀਰਤ ਲਈ ਇੱਕ ਵੱਡੀ ਚੁਣੌਤੀ ਹੋਵੇਗਾ। ਬਿਜਲੀ ਵਿਭਾਗ ਦੇ ਮੁਖੀ ਵਿੱਚ ਇਹ ਬਦਲਾਅ ਅਜਿਹੇ ਸਮੇਂ ਹੋਇਆ ਹੈ ਜਦੋਂ ਪੂਰੀ ਬਿਜਲੀ ਨਾ ਮਿਲਣ ਕਰਕੇ ਕਿਸਾਨ ਤੇ ਉਦਯੋਗਪਤੀ ਪ੍ਰੇਸ਼ਾਨ ਹਨ।

## ਅੱਜ ਤੋਂ ਕੱਟ ਨਹੀਂ ਲੱਗਣਗੇ : ਸੌਂਦ



**ਲੁਧਿਆਣਾ (ਰੈਕਟਰ ਕਥੂਰੀਆ)**

ਬਿਜਲੀ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਸੋਮਵਾਰ ਕਿਹਾ ਕਿ 15 ਸਤੰਬਰ ਤੋਂ ਕੱਟ ਲੱਗਣੇ ਬੰਦ ਹੋ ਜਾਣਗੇ। ਉਨ੍ਹਾ ਦੱਸਿਆ ਕਿ ਸਰਕਾਰ ਨੇ ਪ੍ਰਾਈਵੇਟ ਬਿਜਲੀ ਪਲਾਂਟ ਵੀ ਠੀਕ ਕਰਵਾ ਲਏ ਹਨ, ਜਿਸ ਲਈ ਕਰੀਬ 200 ਸਰਕਾਰੀ ਮੁਲਾਜ਼ਮਾਂ ਦੀ ਡਿਊਟੀ ਲਗਾਈ ਗਈ ਸੀ। ਕਿਸਾਨਾਂ ਨੂੰ ਹੁਣ 8 ਘੰਟੇ ਦੀ ਬਜਾਏ 10 ਘੰਟੇ ਬਿਜਲੀ ਸਪਲਾਈ ਮਿਲੇਗੀ। ਉਨ੍ਹਾ ਦੱਸਿਆ ਕਿ ਇਸ ਸਾਲ ਪਿਛਲੇ ਸਾਲ ਦੇ ਮੁਕਾਬਲੇ ਬਿਜਲੀ ਦੀ ਮੰਗ ਵਿੱਚ 3,500 ਮੈਗਾਵਾਟ ਦਾ ਵਾਧਾ ਦਰਜ ਕੀਤਾ ਗਿਆ ਹੈ। ਦੂਜੇ ਪਾਸੇ, ਸੂਬੇ ਵਿੱਚ ਬਿਜਲੀ ਦੀ ਮੰਗ ਲਗਾਤਾਰ 16 ਹਜ਼ਾਰ ਮੈਗਾਵਾਟ ਤੋਂ ਪਾਰ ਬਣੀ ਹੋਈ ਹੈ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪਾਵਰਕੌਮ) ਇਸ ਸਮੇਂ ਵੱਖ-ਵੱਖ ਸਰੋਤਾਂ ਤੋਂ ਬਿਜਲੀ ਉਤਪਾਦਨ ਕਰਵਾ ਰਿਹਾ ਹੈ। ਕੋਲੇ ਦੀ ਘਾਟ ਕਾਰਨ ਕੁੱਲ ਉਤਪਾਦਨ 5,743 ਮੈਗਾਵਾਟ ਤੱਕ ਹੀ ਪਹੁੰਚ ਸਕਿਆ ਹੈ। ਮੰਗ ਪੂਰੀ ਕਰਨ ਲਈ ਕੇਂਦਰੀ ਪੂਲ ਉੱਤੇ ਨਿਰਭਰ ਰਹਿਣਾ ਪੈ ਰਿਹਾ ਹੈ।

## ਕਿਸੇ ਨੂੰ ਕੋਈ ਨਹੀਂ, ਕਿਸੇ ਨੂੰ ਇੱਕ ਵੋਟ

**ਜੈਪੁਰ** : ਰਾਜਸਥਾਨ ਦੀਆਂ ਲੋਕਲ ਬਾਡੀਜ਼ ਚੋਣਾਂ ਵਿੱਚ ਕੁਝ ਨਤੀਜਿਆਂ ਨੇ ਉਮੀਦਵਾਰਾਂ ਅਤੇ ਪਾਰਟੀਆਂ ਦੋਵਾਂ ਨੂੰ ਹੈਰਾਨ ਕਰ ਦਿੱਤਾ ਹੈ। ਬਲੋਤਰਾ ਜ਼ਿਲ੍ਹੇ ਦੇ ਸਿੰਧਾਰੀ ਨਗਰਪਾਲਿਕਾ ਦੇ ਵਾਰਡ ਨੰਬਰ 3 'ਚ ਰਾਸ਼ਟਰੀ ਲੋਕਤਾਂਤਰਿਕ ਪਾਰਟੀ (ਆਰ ਐੱਲ ਪੀ) ਦੇ ਓਮ ਪ੍ਰਕਾਸ਼ ਨੂੰ ਇੱਕ ਵੋਟ ਵੀ ਨਹੀਂ ਪਈ। ਉਹ ਖੁਦ ਇਸ ਵਾਰਡ ਵਿੱਚ ਵੋਟਰ ਨਹੀਂ ਹਨ। ਇਸ ਵਾਰਡ ਵਿੱਚ ਮੁੱਖ ਮੁਕਾਬਲਾ ਭਾਜਪਾ ਅਤੇ ਕਾਂਗਰਸ ਵਿਚਕਾਰ ਸੀ, ਜਿਸ ਵਿੱਚ ਭਾਜਪਾ ਦੇ ਖੇਮਾਰਾਮ ਨੂੰ 93 ਵੋਟਾਂ ਮਿਲੀਆਂ, ਜਦੋਂ ਕਿ ਕਾਂਗਰਸ ਦੇ ਭਾਨਵਰਾ ਰਾਮ ਨੂੰ 133 ਵੋਟਾਂ ਮਿਲੀਆਂ। ਕੁੱਲ ਪਈਆਂ ਵੋਟਾਂ ਦੀ ਗਿਣਤੀ 226 ਸੀ। ਦੀਦਵਾਨਾ-ਕੁਚਮਨ ਜ਼ਿਲ੍ਹੇ ਦੀ ਪਰਬਤਸਰ ਨਗਰਪਾਲਿਕਾ ਦੇ ਵਾਰਡ ਨੰਬਰ 13 ਵਿੱਚ ਭਾਜਪਾ ਦੇ ਉਮੀਦਵਾਰ ਕੈਲਾਸ਼ਚੰਦ ਨੂੰ ਇੱਕ ਵੋਟ ਮਿਲੀ। ਕਾਂਗਰਸ ਉਮੀਦਵਾਰ ਹਿਨਾ ਖਾਨਮ ਨੇ 376 ਵੋਟਾਂ ਪ੍ਰਾਪਤ ਕਰਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਆਜ਼ਾਦ ਉਮੀਦਵਾਰ ਰਸ਼ੀਦ ਖਾਨ ਨੂੰ ਵੀ 195 ਵੋਟਾਂ ਮਿਲੀਆਂ। ਖਾਸ ਗੱਲ ਇਹ ਹੈ ਕਿ ਭਾਜਪਾ ਉਮੀਦਵਾਰ ਵਾਂਗ ਨੋਟਾ ਨੂੰ ਵੀ ਇੱਕ ਵੋਟ ਮਿਲੀ।

# ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਭੁਲਾਇਆ ਨਹੀਂ ਜਾ ਸਕਦਾ : ਮਾੜੀਮੇਘਾ





**ਬੰਗਾ (ਅਵਤਾਰ ਕਲੇਰ)**-ਦੋਆਬੇ ਦੇ ਇਤਿਹਾਸਕ ਪਿੰਡ ਦੌਲਤਪੁਰ ਵਿਖੇ ਸ਼ਹੀਦ ਬੱਬਰ ਕਰਮ ਸਿੰਘ ਐਡੀਟਰ, ਸ਼ਹੀਦ ਬੱਬਰ ਉਦੈ ਸਿੰਘ ਰਾਮਗੜ੍ਹ ਝੁੰਗੀਆਂ, ਬੱਬਰ ਬਿਸ਼ਨ ਸਿੰਘ ਮਾਂਗਟ ਅਤੇ ਬੱਬਰ ਮਹਿੰਦਰ ਸਿੰਘ ਪੰਡੋਰੀ ਗੰਗਾ ਸਿੰਘ ਦੀ ਯਾਦ ਨੂੰ ਤਾਜ਼ਾ ਕਰਨ ਵਾਸਤੇ ਸ਼ਹੀਦੀ ਕਾਨਫਰੰਸ ਕੀਤੀ ਗਈ। ਕਾਨਫਰੰਸ ਨੂੰ ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੀ ਪੀ ਆਈ (ਐੱਮ) ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਭੁਲਾਇਆ ਨਹੀਂ ਜਾ ਸਕਦਾ।ਸ਼ਹੀਦਾਂ ਦੀਆਂ ਕੁਰਬਾਨੀਆਂ ਨਾਲ ਆਜ਼ਾਦੀ ਮਿਲੀ ਤੇ ਮਿਹਨਤਕਸ਼ ਲੋਕਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਹੋਰ ਕੁਰਬਾਨੀਆਂ ਕਰਨ ਦੀ ਲੋੜ ਹੈ। ਅੱਜ ਸਰਕਾਰਾਂ ਮਿਹਨਤਕਸ਼ ਲੋਕਾਂ ਦੇ ਹੱਕਾਂ ਨੂੰ ਕੁਚਲ ਰਹੀਆਂ ਹਨ, ਇਸ ਕਰਕੇ ਲੋਕਾਂ ਨੂੰ ਜਾਗਰਤ ਹੋਣਾ ਚਾਹੀਦਾ ਹੈ। ਆਗੂਆਂ ਨੇ ਕਿਹਾ ਕਿ ਅੱਜ ਪੰਜਾਬ ਦਾ ਰਾਜਨੀਤਕ ਮਾਹੌਲ ਠੀਕ ਨਹੀਂ ਹੈ, ਨਸ਼ਿਆਂ ਦਾ ਕਾਰੋਬਾਰ ਬੇਰੋਕ-ਟੋਕ ਚੱਲ ਰਿਹਾ,

• ਬਾਕੀ ਸਫ਼ਾ 2 'ਤੇ

## ਪੀ ਯੂ ਸਟੂਡੈਂਟਸ ਕੌਂਸਲ ਦੇ ਪ੍ਰਧਾਨ ਦੀ ਚੋਣ ਵਿਰੁੱਧ ਪਟੀਸ਼ਨ 'ਤੇ ਨੋਟਿਸ ਜਾਰੀ

**ਚੰਡੀਗੜ੍ਹ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਯੂਨੀਵਰਸਿਟੀ ਅਤੇ ਹੋਰਨਾਂ ਨੂੰ ਪੰਜਾਬ ਯੂਨੀਵਰਸਿਟੀ ਕੈਂਪਸ ਸਟੂਡੈਂਟਸ ਕੌਂਸਲ ਦੇ ਪ੍ਰਧਾਨ ਦੀ ਚੋਣ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ 25 ਸਤੰਬਰ ਲਈ ਨੋਟਿਸ ਜਾਰੀ ਕੀਤਾ ਹੈ। ਪਟੀਸ਼ਨ ਵਿੱਚ ਦਲੀਲ ਦਿੱਤੀ ਗਈ ਹੈ ਕਿ ਚੁਣਿਆ ਗਿਆ ਉਮੀਦਵਾਰ ਇੱਕ ਪੈਂਡਿੰਗ ਫੌਜਦਾਰੀ ਮਾਮਲੇ ਅਤੇ ਯੂਨੀਵਰਸਿਟੀ ਵੱਲੋਂ ਪਹਿਲਾਂ ਕੀਤੀ ਗਈ ਅਨੁਸ਼ਾਸਨੀ ਕਾਰਵਾਈ ਕਾਰਨ 31 ਅਗਸਤ ਦੀ ਚੋਣ ਲੜਨ ਲਈ ਅਯੋਗ ਸੀ। ਜਸਟਿਸ ਤ੍ਰਿਭੁਵਨ ਦਹੀਆ ਅੱਗੇ ਸੀਨੀਅਰ ਵਕੀਲ ਅਨੂ ਚਤਰਥ ਨੇ ਬਰਾੜ ਵੱਲੋਂ ਪੇਸ਼ ਹੋ ਕੇ ਦੱਸਿਆ ਕਿ ਪ੍ਰਤੀਵਾਦੀ ਨਿਰਧਾਰਤ ਸ਼ਰਤਾਂ ਨੂੰ ਪੂਰਾ ਨਹੀਂ ਕਰਦਾ ਸੀ। ਉਨ੍ਹਾ ਕਿਹਾ ਕਿ ਸੁਪਰੀਮ ਕੋਰਟ ਦੁਆਰਾ ਸਵੀਕਾਰ ਕੀਤੀਆਂ ਗਈਆਂ ਲਿੰਗਦੋਹ ਕਮੇਟੀ ਦੀਆਂ ਸਿਫਾਰਸ਼ਾਂ, ਖਾਸ ਕਰਕੇ ਧਾਰਾ 6.5.7 ਦੇ ਅਨੁਸਾਰ, ਚੋਣ ਲੜ ਰਹੇ ਉਮੀਦਵਾਰ ਦਾ ਕੋਈ ਪਿਛਲਾ ਫੌਜਦਾਰੀ ਰਿਕਾਰਡ ਨਹੀਂ ਹੋਣਾ ਚਾਹੀਦਾ ਅਤੇ ਉਸ ਵਿਰੁੱਧ ਯੂਨੀਵਰਸਿਟੀ ਵੱਲੋਂ ਕੋਈ ਅਨੁਸ਼ਾਸਨੀ ਕਾਰਵਾਈ ਨਹੀਂ ਹੋਈ ਹੋਣੀ ਚਾਹੀਦੀ। ਪਟੀਸ਼ਨਰ ਨੇ ਦੋਸ਼ ਲਗਾਇਆ ਕਿ ਪ੍ਰਤੀਵਾਦੀ ਵਿਰੁੱਧ ਇੱਕ ਫੌਜਦਾਰੀ ਮਾਮਲਾ ਪੈਂਡਿੰਗ ਹੈ ਅਤੇ ਉਸ ਵਿਰੁੱਧ ਅਦਾਲਤ ਵਿੱਚ ਇੱਕ ਚਾਰਜਸ਼ੀਟ ਵੀ ਦਾਇਰ ਕੀਤੀ ਗਈ ਹੈ।

## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਦਿਵਸ ਨੂੰ ਸਮਰਪਿਤ (ਮੇਲਾ ਜਗ) **ਸ੍ਰੀ ਗੋਇੰਦਵਾਲ ਸਾਹਿਬ** ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਕਾਬਲ ਸਿੰਘ ਮੱਲ੍ਹੀ** ਨਾਲ ਮੋਬਾਇਲ ਨੰਬਰ 99142-36641 'ਤੇ ਸੰਪਰਕ ਕੀਤਾ ਜਾ ਸਕਦਾ ਹੈ। *-ਜਨਰਲ ਮੈਨੇਜਰ*

## ਅੱਜ-ਨਾਮਾ

ਖਾੜੀ ਦੇਸ਼ਾਂ ਤੋਂ ਫੇਰ ਇੱਕ ਖਬਰ ਆਈ,
ਦੁਨੀਆ ਪੂਰੀ ਦਾ ਫਿਕਰ ਵਧਾਊ ਬੇਲੀ।
ਹਾਊਦੀ ਟੋਲੀ ਦੀ ਵਧੀ ਆ ਮਾਰ ਓਧਰ,
ਪੁਆੜੇ ਆਂਢ-ਗਵਾਂਢ ਵਿੱਚ ਪਾਊ ਬੇਲੀ।
ਨਾਜ਼ਕ ਲਾਂਘੇ ਦੇ ਵੰਨੀਂ ਉਹ ਵਧੀ ਜਾਵੇ,
ਪੁੱਜ ਗਿਆ ਓਥੇ ਤੇ ਬੰਦ ਕਰਾਊ ਬੇਲੀ।
ਹੋਰਮੁਜ਼ ਵੱਲ ਦਾ ਹਾਲੀ ਨਾ ਰਾਹ ਖੁੱਲ੍ਹਾ,
ਮਿਸਰ ਵੰਨੀਂ ਉਹ ਰੂਟ ਰੁਕਵਾਊ ਬੇਲੀ।
ਪਿਆ ਰੱਫੜ ਤਾਂ ਵਧੂ ਉਹ ਬਹੁਤ ਅੱਗੇ,
ਕਰੂ ਇਰਾਨ ਤੋਂ ਵੱਧ ਪਿਆ ਤੰਗ ਬੇਲੀ।
ਟਰੰਪ ਹੀ ਕਰੂ ਬੱਸ ਮਜ਼ੇ ਪੈਟਰੋਲ ਵੇਚੂ,
ਏਸ਼ੀਆ ਵੰਨੀਂ ਰਹੂ ਚੱਲਦੀ ਜੰਗ ਬੇਲੀ।

-ਤੀਸ ਮਾਰ ਖਾਂ

# ਸਮਾਜ ਦੀ ਬਿਹਤਰੀ ਲਈ ਚਿੰਤਨ, ਚੇਤਨਤਾ ਤੇ ਸੰਘਰਸ਼ ਦੀ ਲੋੜ : ਗੋਰੀਆ

**ਜਲੰਧਰ (ਗਿਆਨ ਸੈਦਪੁਰੀ)**




'ਭਾਜਪਾ ਸਰਕਾਰ ਜਨਤਕ ਖੇਤਰ ਵਿੱਚ ਵੱਡੇ ਪੱਧਰ 'ਤੇ ਨਿੱਜੀਕਰਨ ਕਰ ਰਹੀ ਹੈ। ਇਸ ਵਰਤਾਰੇ ਦੇ ਚੱਲਦਿਆਂ ਦਲਿਤ ਤੇ ਹੋਰ ਕਮਜ਼ੋਰ ਵਰਗਾਂ 'ਤੇ ਰੋਜ਼ਗਾਰ ਦੇ ਨਾਲ-ਨਾਲ ਸਿੱਖਿਆ ਅਤੇ ਸਿਹਤ ਸਹੂਲਤਾਂ ਮਿਲਣ 'ਤੇ ਮਾੜਾ ਅਸਰ ਪਿਆ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਨੇ ਕੀਤਾ। ਉਹ ਹਰਿਆਣਾ ਸੂਬੇ ਦੇ ਨਰਵਾਣਾ ਕਸਬੇ ਵਿੱਚ ਡਾਕਟਰ ਅੰਬੇਡਕਰ ਭਵਨ ਵਿਖੇ ਦਲਿਤ ਅਧਿਕਾਰ ਅੰਦੋਲਨ ਦੇ ਸੂਬਾ ਪੱਧਰੀ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਕਿਹਾ ਕਿ ਸਾਨੂੰ ਸਮਾਜ ਦੀ ਸਮਾਜਿਕ ਅਤੇ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਚੇਤਨ ਹੋਣ ਤੇ ਚਿੰਤਨ ਕਰਨ ਦੇ ਨਾਲ-ਨਾਲ ਸੰਘਰਸ਼ ਦੇ ਮੈਦਾਨ ਵਿੱਚ ਅੱਗੇ ਵਧਣਾ ਹੋਵੇਗਾ।

ਇਸ ਤੋਂ ਪਹਿਲਾਂ ਸਮਾਗਮ ਦਾ ਉਦਘਾਟਨ ਪ੍ਰਸਿੱਧ ਸਿੱਖਿਆ ਸ਼ਾਸਤਰੀ ਤੇ ਦਲਿਤ ਅਧਿਕਾਰ ਅੰਦੋਲਨ ਦੇ ਕੌਮੀ ਮੀਤ ਪ੍ਰਧਾਨ ਪ੍ਰੋਫੈਸਰ ਰਾਮ ਬਹਿਤੀ (ਮਹਾਂਰਾਸ਼ਟਰ) ਨੇ ਕੀਤਾ। ਉਨ੍ਹਾ ਇਸ ਮੌਕੇ ਕਿਹਾ ਕਿ ਸੰਵਿਧਾਨ ਵਿੱਚ ਮਿਲੇ ਅਧਿਕਾਰਾਂ ਤੋਂ ਦਲਿਤ ਵਰਗ ਨੂੰ ਜਾਣੂ ਕਰਵਾਉਣ ਲਈ ਚੇਤਨਾ ਦਾ ਛੱਟਾ ਦੇਣਾ ਜ਼ਰੂਰੀ ਹੈ। ਉਨ੍ਹਾ ਦਲਿਤ ਵਰਗ ਨੂੰ ਦਰਪੇਸ਼ ਮੁਸ਼ਕਲਾਂ ਦਾ ਵਿਸਥਾਰ ਨਾਲ ਵਰਣਨ ਕੀਤਾ।

ਏਟਕ ਦੇ ਸੂਬਾ ਜਨਰਲ ਸਕੱਤਰ ਅਨਿਲ ਪਵਾਰ ਨੇ 'ਹਰਿਆਣਾ ਵਿੱਚ ਦਲਿਤ ਸਮਾਜ ਦੀ ਸਥਿਤੀ ਤੇ ਚੁਣੌਤੀਆਂ' ਵਿਸ਼ੇ 'ਤੇ ਪੇਪਰ ਪੇਸ਼ ਕੀਤਾ। ਉਨ੍ਹਾ ਕਿਹਾ ਕਿ ਦਲਿਤ ਸਮਾਜ ਦੀ ਆਰਥਿਕ ਅਤੇ ਸਮਾਜਿਕ ਹਾਲਤ ਦਿਨੋ-ਦਿਨ ਵਿਗੜਦੀ ਜਾ ਰਹੀ ਹੈ। ਨਿੱਜੀਕਰਨ ਦੇ ਦੌਰ ਵਿੱਚ ਰੋਜ਼ਗਾਰ ਦੇ ਮੌਕੇ ਖਤਮ ਹੁੰਦੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਸਰਕਾਰੀ ਵਿਭਾਗਾਂ ਵਿੱਚ ਹਜ਼ਾਰਾਂ ਅਸਾਮੀਆਂ ਖਾਲੀ ਪਈਆਂ ਹਨ। ਦਲਿਤ ਵਿਦਿਆਰਥੀਆਂ ਨੂੰ ਸਮੇਂ ਸਿਰ ਸਕਾਲਰਸ਼ਿੱਪ ਨਹੀਂ ਮਿਲ ਰਹੀ। ਸਮਾਜਿਕ ਅੱਤਿਆਚਾਰਾਂ ਦੀਆਂ ਘਟਨਾਵਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਪ੍ਰਸ਼ਾਸਨ ਗੋਂਗਲੂਆਂ ਤੋਂ ਮਿੱਟੀ ਝਾੜਨ ਦੇ ਵਰਤਾਰੇ ਤੋਂ ਅੱਗੇ ਨਹੀਂ ਵਧਦਾ।

ਪੇਸ਼ ਕੀਤੇ ਗਏ ਪੇਪਰ 'ਤੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਦਰਿਆਓ ਸਿੰਘ ਕਸ਼ਯਪ, ਮਨੀ ਰਾਮ ਬੇਲਰੱਖਾ, ਸਰਪੰਚ ਰਾਮਬੀਰ, ਸਾਬਕਾ ਬਲਾਕ ਸੰਮਤੀ ਮੈਂਬਰ ਸੁਭਾਸ਼ ਚੰਦ ਭਾਨਖੜ, ਸੇਵਾ ਮੁਕਤ ਪੁਲਸ ਇੰਸਪੈਕਟਰ ਕਰਣ ਸਿੰਘ ਚਾਹਲੀਆ, ਫੂਲ ਸਿੰਘ ਇੰਦੌਰਾ, ਸੁਰਜੀਤ, ਰਾਮਫਲ ਸੇਲਵਾਲ, ਜੋਗਿੰਦਰ ਸਿੰਘ, ਅਸ਼ੋਕ ਛਾਬਲਾ, ਡਾ. ਜ਼ਿਲ੍ਹੇ ਸਿੰਘ, ਸਾਹਿਲ, ਸ਼ਿਵ ਕੁਮਾਰ, ਸੋਮ ਦੱਤ, ਪਵਨ ਕੁਮਾਰ, ਸਤਿਬੀਰ ਸਿੰਘ ਆਦਿ ਨੇ ਆਪਣੇ ਵਿਚਾਰ ਰੱਖੇ।

ਸਮਾਗਮ ਦੀ ਪ੍ਰਧਾਨਗੀ ਭੀਮ ਸਿੰਘ ਨੇ ਕੀਤੀ। ਸਟੇਜ ਸਕੱਤਰ ਦੇ ਫਰਜ਼ ਮੰਡੀ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਸੱਤਪਾਲ ਸਰੋਵਾ ਨੇ ਨਿਭਾਏ।

ਵਿਚਾਰ ਚਰਚਾ ਤੋਂ ਬਾਅਦ ਫੈਸਲਾ ਕੀਤਾ ਗਿਆ ਕਿ ਦਲਿਤ ਅਧਿਕਾਰ ਅੰਦੋਲਨ ਦੀ ਮੈਂਬਰਸ਼ਿਪ ਮੁਹਿੰਮ

• ਬਾਕੀ ਸਫ਼ਾ 2 'ਤੇ

## ਕਾਰ ਪਰ੍ਹੇ ਰੱਖਣ ਨੂੰ ਕਿਹਾ ਤਾਂ ਮਾਰੀ ਟੱਕਰ



**ਗੁਰੂਗ੍ਰਾਮ** : ਇੱਥੋਂ ਦੇ ਗੋਲਫ ਕੋਰਸ ਰੋਡ 'ਤੇ ਮਹਿਲਾ ਬਾਈਕਰ ਨੂੰ ਟੱਕਰ ਮਾਰ ਕੇ ਕਾਰ ਚਾਲਕ ਮੌਕੇ ਤੋਂ ਕਾਰ ਭਜਾ ਲੈ ਗਏ। ਸੀਆ ਨਾਂਅ ਦੀ ਬਾਈਕਰ ਨੇ ਖੁਦ ਇੰਸਟਾਗ੍ਰਾਮ 'ਤੇ ਵੀਡੀਓ ਸਾਂਝੀ ਕਰਦਿਆਂ ਦੋਸ਼ ਲਾਇਆ ਕਿ ਐਤਵਾਰ ਸਵੇਰ ਦੀ ਰਾਈਡ ਦੌਰਾਨ ਇੱਕ ਚਿੱਟੀ ਸੇਡਾਨ ਕਾਰ ਨੇ ਤੇਜ਼ੀ ਅਤੇ ਹਮਲਾਵਰ ਢੰਗ ਨਾਲ ਉਸ ਦੇ ਗਰੁੱਪ ਦਾ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ। ਉਸ ਨੇ ਡਰਾਈਵਰ ਨੂੰ ਦੂਰੀ ਬਣਾਈ ਰੱਖਣ ਦਾ ਇਸ਼ਾਰਾ ਕੀਤਾ, ਪਰ ਉਸ ਨੇ ਉਸ ਨੂੰ ਰੁਕਣ ਦਾ ਇਸ਼ਾਰਾ ਕੀਤਾ। ਕਾਰ ਵਿੱਚ ਸਵਾਰ ਲੋਕ ਸ਼ਰਾਬ ਦੇ ਨਸ਼ੇ ਵਿੱਚ ਜਾਪਦੇ ਸਨ। ਜਿਵੇਂ ਹੀ ਉਸ ਨੇ ਦੂਰੀ ਬਣਾਉਣ ਦੀ ਕੋਸ਼ਿਸ਼ ਕੀਤੀ, ਕਾਰ ਨੇ ਉਸ ਦੇ ਮੋਟਰਸਾਈਕਲ ਵਿੱਚ ਟੱਕਰ ਮਾਰ ਦਿੱਤੀ, ਜਿਸ ਨਾਲ ਉਹ ਸੜਕ 'ਤੇ ਡਿੱਗ ਪਈ। ਕਾਰ ਬਾਈਕ ਨੂੰ ਕਈ ਮੀਟਰ ਤੱਕ ਘੜੀਸਦੀ ਲੈ ਗਈ। ਉਸ ਨੇ ਕਿਹਾ, "ਮੇਰੇ ਕੋਲ ਕਹਿਣ ਲਈ ਕੁਝ ਨਹੀਂ ਹੈ, ਪਰ ਅੱਜ ਮੈਂ ਗੁਰੂਗ੍ਰਾਮ ਦੀਆਂ ਸੜਕਾਂ 'ਤੇ ਅਸੁਰੱਖਿਅਤ ਮਹਿਸੂਸ ਕੀਤਾ। ਅਜਿਹੇ ਲੋਕਾਂ ਨੂੰ ਕਿਸੇ ਨੂੰ ਟੱਕਰ ਮਾਰ ਕੇ ਭੱਜਣ ਦਾ ਕੋਈ ਡਰ ਨਹੀਂ ਹੁੰਦਾ।" ਉਹ ਗੁਰੂਗ੍ਰਾਮ ਦੇ ਇੱਕ ਹਸਪਤਾਲ ਵਿੱਚ ਜ਼ੇਰੇ ਇਲਾਜ ਹੈ। ਸੀਆ ਦੇ ਮੋਟਰਸਾਈਕਲ ਵਿੱਚ ਲੱਗੇ ਕੈਮਰੇ ਨੇ ਸਾਰੀ ਵਾਰਦਾਤ ਕੈਦ ਕਰ ਲਈ। ਕਾਰ ਮਾਲਕ ਮਨੀਸ਼ ਨੇ ਦੱਸਿਆ ਕਿ ਉਹ ਫੌਜ ਵਿੱਚ ਹੈ ਤੇ ਉਸ ਦਾ ਦੋਸਤ ਕਲਿਆਣ ਸਿੰਘ ਦੋ ਦਿਨ ਪਹਿਲਾਂ ਕਾਰ ਮੰਗ ਕੇ ਲੈ ਗਿਆ ਸੀ। ਘਟਨਾ ਦਾ ਪਤਾ ਲੱਗਣ 'ਤੇ ਉਸ ਨੇ ਉਸ ਨੂੰ ਫੋਨ ਕੀਤਾ, ਪਰ ਉਸ ਨੇ ਫੋਨ ਨਹੀਂ ਚੁੱਕਿਆ।

## ਸਨੌਰ ਤੇ ਭੁੰਨਰਹੇੜੀ ਦੇ ਸੈਂਕੜੇ ਆਗੂ ਅਕਾਲੀ ਦਲ ਵਾਰਿਸ ਪੰਜਾਬ 'ਚ ਸ਼ਾਮਲ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬਾਪੂ ਤਰਸੇਮ ਸਿੰਘ ਜੀ ਦੀ ਪ੍ਰਧਾਨਗੀ ਹੇਠ ਨਰਿੰਦਰ ਸਿੰਘ ਭਿੰਡਰ ਜ਼ਿਲ੍ਹਾ ਯੂਥ ਪ੍ਰਧਾਨ ਪਟਿਆਲਾ ਦੀ ਪ੍ਰੇਰਨਾ ਸਦਕਾ ਹਲਕਾ ਸਨੌਰ ਤੇ ਭੁੰਨਰਹੇੜੀ ਦੇ ਸੈਂਕੜੇ ਆਗੂ ਅਕਾਲੀ ਦਲ ਵਾਰਿਸ ਪੰਜਾਬ 'ਚ ਸ਼ਾਮਿਲ ਹੋ ਗਏ। ਇਸ ਮੌਕੇ ਸਾਬਕਾ ਸਰਪੰਚ ਕੁਲਵਿੰਦਰ ਸਿੰਘ, ਹਰਦੀਪ ਸਿੰਘ, ਸਰਬਜੀਤ ਸਿੰਘ, ਨਰਿੰਦਰ ਸਿੰਘ ਭੁਨਰਹੇੜੀ, ਸਤਪਾਲ ਸਿੰਘ ਈਸ਼ਵਰ ਨਗਰ ਪਟਿਆਲਾ ਸਮੇਤ ਹੋਰ ਅਨੇਕਾਂ ਸਾਥੀਆਂ ਨੇ ਭਵਾਨੀਗੜ੍ਹ ਦੇ ਆਰ.ਡੀ.ਐੱਲ. ਪੈਲੇਸ ਵਿਖੇ ਰੱਖੇ ਗਏ ਪੰਥਕੀ ਇਕੱਠ ਦੌਰਾਨ ਪਾਰਟੀ ਵਿੱਚ ਜੁਆਇਨਿੰਗ ਕੀਤੀ।ਇਸ ਮੌਕੇ ਸਾਰੇ ਸਾਥੀਆਂ ਨੇ ਪਾਰਟੀ ਨਾਲ ਨਿੱਠ ਕੇ ਦਿਨ-ਰਾਤ ਮਿਹਨਤ ਕਰਨ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਦਾ ਸੰਕਲਪ ਲਿਆ।ਇਸ ਮੌਕੇ ਭਾਈ ਭਪੂਤਰ ਸੇਮ ਸਿੰਘ ਖਾਲਸਾ, ਲੱਖਾ ਸਿੰਘ ਸਿਦਾਨਾ, ਬੀਬੀ ਹਰਪ੍ਰੀਤ ਕੌਰ, ਪ੍ਰਧਾਨ ਇਸਤਰੀ ਵਿੰਗ, ਸੁਖਵਿੰਦਰ ਸਿੰਘ ਚਿੰਨੇੜੀ, ਹਲਕਾ ਇੰਚਾਰਜ ਸੰਗਰੂਰ, ਪ੍ਰੋਫੈਸਰ ਗੁਰਪ੍ਰੀਤ ਸਿੰਘ ਹੰਟਾਲ, ਮੁੱਖ ਸਲਾਹਕਾਰ ਯੂਥ ਵਿੰਗ ਪਟਿਆਲਾ, ਪ੍ਰੋਫੈਸਰ ਸਤਨਾਮ ਕੌਰ, ਮੁੱਖ ਬੁਲਾਰਾ ਤੇ ਕਾਰਜਕਾਰੀ ਮੈਂਬਰ, ਭੁਪਿੰਦਰ ਸਿੰਘ ਗਿੱਲ, ਜਸਕਰਨ ਸਿੰਘ ਕਾਂਤ ਸਿੰਘਵਾਲਾ, ਕਾਰਜਕਾਰੀ ਮੈਂਬਰ, ਤਜਿੰਦਰ ਟਿੱਲੋਂ, ਸੁਖਜਿੰਦਰ ਕਾਲੋਂ, ਗਗਨ, ਗਗਨਦੀਪ ਘੜਾਮ, ਗਗਨਦੀਪ ਸਿੰਘ ਗੁਰਾਇਆ ਜੋਨਲ ਇੰਚਾਰਜ, ਜਤਿੰਦਰ ਸਿੰਘ ਬੂਟਰ, ਜਸਵੀਰ ਸਿੰਘ ਕਾਕਾ, ਗੋਵਿੰਦ ਪ੍ਰੀਤ ਸਿੰਘ, ਦਿਲੇਰ ਸਿੰਘ ਸਤਰਾਣਾ, ਰਵਿੰਦਰਪਾਲ ਸਿੰਘ ਸੋਢੀ ਸਮੇਤ ਅਨੇਕਾਂ ਆਗੂ ਤੇ ਸਾਥੀ ਹਾਜ਼ਰ ਸਨ।

## ਦਸਮੇਸ਼ ਮਿਸ਼ਨ ਸਕੂਲ ਦੀ ਗੱਤਕਾ ਟੀਮ ਬਣੀ ਪੰਜਾਬ ਚੈਂਪੀਅਨ



**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਦੀਆਂ ਵਿਦਿਆਰਥਣਾਂ ਨੇ ਪੰਜਾਬ ਰਾਜ ਗੱਤਕਾ ਚੈਂਪੀਅਨਸ਼ਿਪ-2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਇਹ ਗੱਤਕਾ ਮੁਕਾਬਲੇ ਤਖ਼ਤ ਸ੍ਰੀ ਦਮਦਮਾ ਸਾਹਿਬ, ਗੁਰੂ ਕਾਸ਼ੀ ਤਲਵੰਡੀ ਸਾਬੋ ਵਿਖੇ ਕਰਵਾਏ ਗਏ।ਸਕੂਲ ਦੀ ਪੰਜਵੀਂ-ਏ ਕਲਾਸ ਦੀ ਵਿਦਿਆਰਥਣ ਜਸਨੀਤ ਕੌਰ ਪੁੱਤਰੀ ਬਲਵਿੰਦਰ ਸਿੰਘ ਨੇ ਅੰਡਰ-11 ਵਰਗ ਵਿੱਚ ਪਹਿਲੀ ਪੁਜ਼ੀਸ਼ਨ ਹਾਸਲ ਕਰਕੇ ਸਟੇਟ ਪੱਧਰ 'ਤੇ ਜਿੱਤ ਦਰਜ ਕੀਤੀ।ਇਸੇ ਤਰ੍ਹਾਂ ਸਕੂਲ ਦੀ ਗਿਆਰਵੀਂ ਕਾਮਰਸ ਦੀ ਵਿਦਿਆਰਥਣ ਜਸਮੀਨ ਕੌਰ ਪੁੱਤਰੀ ਜਸਵਿੰਦਰ ਸਿੰਘ ਨੇ ਅੰਡਰ-17 ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਟੇਟ ਜੇਤੂ ਬਣਨ ਦਾ ਮਾਣ ਹਾਸਲ ਕੀਤਾ।ਇਨ੍ਹਾਂ ਗੱਤਕਾ ਮੁਕਾਬਲਿਆਂ ਲਈ ਕੋਚਿੰਗ ਮਨਵੀਰ ਸਿੰਘ ਮੱਤਾ ਗੁੰਥੀ ਵੱਲੋਂ ਦਿੱਤੀ ਗਈ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਅਤੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਹਾਜ਼ਰ ਸਨ।ਸਕੂਲ ਪ੍ਰਬੰਧਕਾਂ, ਪ੍ਰਿੰਸੀਪਲ ਤੇ ਸਮੂਹ ਸਟਾਫ਼ ਨੇ ਜੇਤੂ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਤੇ ਗੱਤਕਾ ਕੋਚ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਹੋਰਨਾਂ ਵਿਦਿਆਰਥੀਆਂ ਨੂੰ ਵੀ ਖੇਡਾਂ ਤੇ ਸਿੱਖਿਆ ਦੇ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦੀਆਂ ਹਨ।

## ਦਸਮੇਸ਼ ਯੂਥ ਵੈੱਲਫੇਅਰ ਕਲੱਬ ਵੱਲੋਂ ਖੂਨਦਾਨ ਤੇ ਅੱਖਾਂ ਦਾ ਕੈਂਪ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮੰਡੀ ਲੱਖੇਵਾਲੀ ਵਿਖੇ ਦਸਮੇਸ਼ ਯੂਥ ਵੈੱਲਫੇਅਰ ਕਲੱਬ ਵੱਲੋਂ ਖੂਨਦਾਨ ਤੇ ਅੱਖਾਂ ਦਾ ਕੈਂਪ ਲਗਾਇਆ ਗਿਆ।ਕੈਂਪ ਵਿੱਚ ਜਿੱਥੇ ਅਰਮਾਨ ਜੋਤ ਬਰਾੜ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ, ਉੱਥੇ ਹੀ ਸਮਾਜ ਸੇਵੀ, ਗਿਰਧਰ ਇਲੈਕਟ੍ਰੋਨਿਕਸ ਤੇ ਦੀ ਨੋਬਲ ਕੋਆਪ੍ਰੇਟਿਵ ਸੈਲਫ ਸਪੋਰਟਿੰਗ ਥਰਿਫਟ ਐਂਡ ਕ੍ਰੈਡਿਟ ਸੋਸਾਇਟੀ ਲਿਮ. ਦੇ ਚੇਅਰਮੈਨ ਅਸ਼ਵਨੀ ਗਿਰਧਰ ਤੇ ਭਾਜਪਾ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਭੰਗੇਵਾਲਾ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ।ਉਨ੍ਹਾਂ ਵੱਲੋਂ ਖੂਨਦਾਨੀਆਂ ਤੇ ਸਹਿਯੋਗੀਆਂ ਨੂੰ ਸਨਮਾਨਤ ਕੀਤਾ ਗਿਆ।ਪ੍ਰਧਾਨ ਧੀਰਜ ਕੁਮਾਰ ਤੇ ਉਨ੍ਹਾਂ ਦੀ ਟੀਮ ਦੀ ਮਿਹਨਤ ਸਦਕਾ ਕੈਂਪ ਵਿੱਚ 133 ਯੂਨਿਟ ਖੂਨ ਦਾਨ ਕੀਤਾ, ਜਦਕਿ ਅੱਖਾਂ ਦੇ 360 ਮਰੀਜ਼ਾਂ ਨੇ ਚੈੱਕਅਪ ਕਰਵਾਇਆ ਤੇ 275 ਮਰੀਜ਼ਾਂ ਨੂੰ ਐਨਕਾਂ ਵੰਡੀਆਂ ਗਈਆਂ।ਇਸ ਕੈਂਪ ਨੂੰ ਸਫਲ ਬਣਾਉਣ ਚ ਮੰਡੀ ਦੇ ਦੁਕਾਨਦਾਰਾਂ, ਸਮਾਜ ਸੇਵੀਆਂ ਦੇ ਨਾਲ ਨਾਲ ਦੀ ਨੋਬਲ ਕੋਆਪ੍ਰੇਟਿਵ ਸੈਲਫ ਸਪੋਰਟਿੰਗ ਥਰਿਫਟ ਐਂਡ ਕ੍ਰੈਡਿਟ ਸੋਸਾਇਟੀ ਲਿਮ. ਮੁਕਤਸਰ, ਸੁਖਮਨੀ ਅੱਖਾਂ ਦਾ ਹਸਪਤਾਲ ਮੁਕਤਸਰ, ਸੰਧੂ ਹਸਪਤਾਲ ਮੁਕਤਸਰ, ਬਾਬਾ ਮਿਲਕ ਤੇ ਮੰਡੀ ਲੱਖੇਵਾਲੀ ਦੀਆਂ ਸਮਾਜਸੇਵੀ ਸੰਸਥਾਵਾਂ ਦਾ ਸਹਿਯੋਗ ਰਿਹਾ।

## ਸਿਲਾਈ ਸੈਂਟਰ ਦੀਆਂ ਲੜਕੀਆਂ ਨੂੰ ਸੌਂਪੇ ਸਰਟੀਫਿਕੇਟ



**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਮਾਨਸਾ ਵੱਲੋਂ ਖੋਲ੍ਹੇ ਸਿਲਾਈ ਸੈਂਟਰ ਜੋਗਾ ਵਿਖੇ ਛੇ ਮਹੀਨਿਆਂ ਦਾ ਕੋਰਸ ਪੂਰਾ ਕਰਨ ਵਾਲੀਆਂ ਲੜਕੀਆਂ ਨੂੰ ਸਰਟੀਫਿਕੇਟ ਸੌਂਪੇ ਗਏ।ਇਸ ਮੌਕੇ ਲੜਕੀਆਂ ਵੱਲੋਂ ਆਪਣੇ ਹੱਥੀਂ ਤਿਆਰ ਕੀਤੇ ਸਿਲਾਈ-ਕਢਾਈ ਦੇ ਸਾਮਾਨ ਦੀ ਪ੍ਰਦਰਸ਼ਨੀ ਵੀ ਲਗਾਈ ਗਈ।ਇਸ ਸਮੇਂ ਬੀ ਜੇ ਪੀ ਆਗੂਆਂ ਬਲਵਿੰਦਰ ਸਿੰਘ ਪਟਵਾਰੀ ਤੇ ਕਾਕਾ ਅਮਰਿੰਦਰ ਸਿੰਘ ਦਾਤੇਵਾਸ ਨੇ ਐਸੋਸੀਏਸ਼ਨ ਦੇ ਸਮਾਜ ਸੇਵੀ ਕਾਰਜਾਂ ਦੀ ਸ਼ਲਾਘਾ ਕਰਦਿਆਂ ਸਟੇਟ ਐਵਾਰਡੀ ਰਜਿੰਦਰ ਵਰਮਾ ਦੀ ਪ੍ਰਸ਼ੰਸਾ ਵੀ ਕੀਤੀ।ਰਜਿੰਦਰ ਵਰਮਾ ਨੇ ਕਿਹਾ ਕਿ ਲੜਕੀਆਂ ਦਾ ਆਤਮ-ਨਿਰਭਰਤਾ ਸਮੇਂ ਦੀ ਮੁੱਖ ਲੋੜ ਹੈ।ਐਸੋਸੀਏਸ਼ਨ ਵੱਲੋਂ ਲੜਕੀਆਂ ਨੂੰ ਸਵੈ-ਰੁਜ਼ਗਾਰ ਨਾਲ ਜੋੜਨ ਲਈ ਮਾਨਸਾ ਜ਼ਿਲ੍ਹੇ 'ਚ ਵੱਖ-ਵੱਖ ਥਾਵਾਂ 'ਤੇ ਸਿਲਾਈ ਸੈਂਟਰ ਖੋਲ੍ਹੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਲੜਕੀਆਂ ਨੂੰ ਹੁਨਰਮੰਦ ਬਣਾਉਣਾ ਤੇ ਆਪਣੇ ਪੈਰਾਂ 'ਤੇ ਖੜ੍ਹਾ ਕਰਨਾ ਐਸੋਸੀਏਸ਼ਨ ਦਾ ਮੁੱਖ ਉਦੇਸ਼ ਹੈ।ਇਸ ਮੌਕੇ ਨਗਰ ਪੰਚਾਇਤ ਜੋਗਾ ਦੇ ਪ੍ਰਧਾਨ ਅਮਰਜੀਤ ਸਿੰਘ, ਜਗਸੀਰ ਸਿੰਘ ਜੁਗਰਾਜ ਸਿੰਘ ਗੁਰਦੇਵ ਸਿੰਘ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਜੋਗਾ ਵੱਲੋਂ ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਮਾਨਸਾ ਦੇ ਲੋਕ ਭਲਾਈ ਕੰਮਾਂ ਲਈ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਪ੍ਰੋਗਰਾਮ ਦੇ ਅਖੀਰ 'ਚ ਕੋਰਸ ਪੂਰਾ ਕਰਨ ਵਾਲੀਆਂ ਲੜਕੀਆਂ ਨੂੰ ਸਰਟੀਫਿਕੇਟ ਵੰਡ ਕੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ ਗਈ।ਇਸ ਮੌਕੇ ਸਿਲਾਈ ਸੈਂਟਰ ਦੀ ਅਧਿਆਪਕਾ ਸੁਖਵਿੰਦਰ ਕੌਰ ਤੇ ਚਾਹਤ ਚਰਨਪ੍ਰੀਤ, ਸੁਖਜੀਤ ਕੌਰ, ਬਿੰਦਰ ਕੌਰ ਪਰਮਜੀਤ ਕੌਰ ਤੇ ਜਸ਼ਨਪ੍ਰੀਤ ਕੌਰ ਹਾਜ਼ਰ ਸਨ।

## ਇੰਜ: ਕੇਵਲ ਸਿੰਘ ਦੀ ਕਿਤਾਬ 'ਅਰਜ਼ੋਈਆਂ' ਲੋਕ ਅਰਪਣ



**ਚੌਂਕੀਮਾਨ (ਇੰਜ. ਬਲਬੀਰ ਸਿੰਘ ਮਾਨ)**-ਸ਼ਹੀਦ ਕਰਤਾਰ ਸਿੰਘ ਸਰਾਭਾ ਸਾਹਿਤਕ ਤੇ ਸੱਭਿਆਚਾਰਕ ਮੰਚ ਮੰਡੀ ਮੁੱਲਾਂਪੁਰ ਵੱਲੋਂ ਸਾਬਕਾ ਇੰਜ. ਕੇਵਲ ਸਿੰਘ ਹੀਰਾ ਹਠੂਰ ਵਾਲੇ ਦੀ ਪੁਸਤਕ ਅਰਜ਼ੋਈਆਂ ਦਾ ਲੋਕ ਅਰਪਿਤ ਸਮਾਗਮ ਦਾ ਕੀਤਾ ਗਿਆ।ਇਸ ਸਮਾਗਮ ਦੇ ਸੰਚਾਲਕ ਜਨਰਲ ਸਕੱਤਰ ਬਲਬੀਰ ਸਿੰਘ ਮਾਨ ਜੰਡੀ ਵਾਲਾ ਨੇ ਪ੍ਰਧਾਨਗੀ ਮੰਡਲ ਵਿੱਚ ਕੇਵਲ ਸਿੰਘ ਹੀਰਾ, ਸ਼੍ਰੋਮਣੀ ਕਲਾਕਰ ਪਾਲੀ ਦੇਤਵਾਲੀਆ, ਗੁਰਚਰਨ ਸਿੰਘ ਹੀਰਾ, ਸ਼੍ਰੋਮਣੀ ਸਾਹਿਤਕਾਰ ਅਮਰੀਕ ਸਿੰਘ ਤਲਵੰਡੀ, ਸੁਖਵਿੰਦਰ ਸਿੰਘ ਮੁੱਲਾਂਪੁਰ ਆਦਿ ਨੂੰ ਸਟੇਜ 'ਤੇ ਸਸ਼ੋਭਤ ਕਰਵਾ ਕੇ ਤਰੀਕੇ ਤੇ ਸਲੀਕੇ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ।ਸ਼ੁਰੂ ਵਿੱਚ ਸੁਖਵਿੰਦਰ ਸਿੰਘ ਮੁੱਲਾਂਪੁਰ ਨੇ ਆਏ ਸਭ ਮਹਿਮਾਨਾਂ ਨੂੰ ਜੀ ਆਇਆਂ ਆਖਿਆ।ਇਸ ਸਮਾਗਮ ਵਿੱਚ ਸਾਬਕਾ ਏ. ਡੀ. ਸੀ. ਭਜਨ ਸਿੰਘ ਸਿੱਧੂ, ਇੰਜ: ਜਸਕਿਰਨ ਪ੍ਰੀਤ ਸਿੰਘ ਐੱਸ. ਡੀ. ਓ. ਨਗਰ ਉੱਪ ਮੰਡਲ ਅੱਡਾ ਦਾਖਾ, ਸਟੇਟ ਐਵਾਰਡੀ ਅਜਮੇਲ ਸਿੰਘ ਮੋਹੀ, ਕੇ. ਸਾਧੂ ਸਿੰਘ, ਦਰਸ਼ਨ ਸਿੰਘ ਬੋਪਾਰਾਏ, ਇਕਬਾਲ ਸਿੰਘ ਹਠੂਰ, ਐਡਵੋਕੇਟ ਜਸਵੀਰ ਸਿੰਘ, ਸਾਬਕਾ ਐੱਸ. ਡੀ. ਓ. ਸੁਖਵਿੰਦਰ ਸਿੰਘ, ਲਖਵੀਰ ਸਿੰਘ, ਗਗਨਦੀਪ ਹੰਸਰਾ, ਪਰਮਿੰਦਰ ਸਿੰਘ, ਨਵਕਮਲ ਸਿੰਘ, ਲੈਕਚਰਾਰ ਇਕਬਾਲ ਸਿੰਘ ਪੁੜੈਣ, ਜਗਜੀਵਨ ਗਰੀਬ ਰਕਬਾ, ਹਰਵਿੰਦਰ ਥਰੀਕੇ ਤੇ ਕੁਲਦੀਪ ਕੀਪਾ ਆਦਿ ਸ਼ਾਮਲ ਸਨ। ਗੀਤਕਾਰ ਵਰਿੰਦਰ ਟੱਲੇਵਾਲੀਆ, ਮਾਨ ਜੰਡੀ ਵਾਲਾ, ਗੁਰਚਰਨ ਸਿੰਘ ਹੀਰਾ, ਬੀਬਾ ਬਲਜੀਤ ਕੌਰ, ਬਲਜਿੰਦਰ ਸਿੰਘ, ਮੈਡਮ ਰੂਬੀ, ਅਮਰੀਕ ਤਲਵੰਡੀ ਤੇ ਕੇ. ਸਾਧੂ ਸਿੰਘ ਨੇ ਕੇਵਲ ਸਿੰਘ ਹੀਰਾ ਦੀ ਪਹਿਲੀ ਪੁਸਤਕ 'ਮੋਹ ਦੀਆਂ ਤੰਦਾਂ' ਦੀ ਕਾਮਯਾਬੀ ਤੋਂ ਬਾਅਦ ਇਸ ਨਵੀਂ ਕਿਤਾਬ ਤੇ ਸ਼ਖ਼ਸੀਅਤ ਬਾਰੇ ਖੁੱਲ੍ਹ ਕੇ ਜਾਣਕਾਰੀ ਦਿੱਤੀ।ਇਸ ਸਮਾਗਮ ਵਿੱਚ ਜਿੱਥੇ ਵੱਖੋ-ਵੱਖ ਸਾਹਿਤਕਾਰਾਂ ਨੇ ਆਪਣੀਆਂ ਰਚਨਾਵਾਂ ਸੁਣਾਈਆਂ, ਉੱਥੇ ਪੰਜਾਬੀ ਲੋਕ ਗਾਇਕ ਪਾਲੀ ਦੇਤਵਾਲੀਆ, ਹਰਦੇਵ ਟੂਸੇ ਤੇ ਸੁਰਜੀਤ ਆਲੀਵਾਲ ਨੇ ਵੀ ਗਾਇਕੀ ਰਾਹੀਂ ਖੂਬ ਰੰਗ ਬੰਨ੍ਹਿਆਂ।ਅੰਤ ਵਿੱਚ ਕੇਵਲ ਸਿੰਘ ਹੀਰਾ ਨੇ ਆਏ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਨਸ਼ਾ ਤਸਕਰਾਂ ਨੂੰ ਕਿਸੇ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ : ਧਾਲੀਵਾਲ

### 20 ਤੋਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਕੀਤਾ ਜਾਵੇਗਾ ਲਾਮਬੰਦ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**
ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਪਿੰਡ ਪੱਧਰ ਤੱਕ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਮਾਲਵਾ ਜ਼ੋਨ ਦੇ ਕੁਆਰਡੀਨੇਟਰ ਤੇ ਚੇਅਰਮੈਨ ਇੰਮਪਰੂਵਮੈਂਟ ਟਰੱਸਟ ਸ. ਗਗਨਦੀਪ ਸਿੰਘ ਧਾਲੀਵਾਲ ਵੱਲੋਂ ਵਿਧਾਨ ਸਭਾ ਹਲਕਾ ਫ਼ਰੀਦਕੋਟ ਦੇ ਸਰਪੰਚਾਂ, ਪੰਚਾਂ, ਡੀ.ਜੀ.ਸੀ. ਮੈਂਬਰਾਂ, ਵੀ.ਡੀ.ਸੀ. ਕਨਵੀਨਰਾਂ ਤੇ ਪਾਰਟੀ ਵਲੰਟੀਅਰਾਂ ਨਾਲ ਅਹਿਮ ਮੀਟਿੰਗ ਕੀਤੀ ਗਈ।

ਇਸ ਮੌਕੇ ਉਨ੍ਹਾਂ ਪੰਜਾਬ ਸਰਕਾਰ ਦੇ ਨਸ਼ਿਆਂ ਵਿਰੁੱਧ ਸਖ਼ਤ ਤੇ ਸਪੱਸ਼ਟ ਸੰਦੇਸ਼ ਨੂੰ ਦੁਹਰਾਉਂਦਿਆਂ ਕਿਹਾ ਕਿ ਨਸ਼ਾ ਤਸਕਰੀ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਮੁਹਿੰਮ ਨੂੰ ਸਿਰਫ਼ ਸਰਕਾਰੀ ਪੱਧਰ ਤੱਕ ਸੀਮਤ ਨਾ ਰੱਖ ਕੇ ਹਰ ਪਿੰਡ ਦੇ ਲੋਕਾਂ ਦੀ ਸ਼ਮੂਲੀਅਤ ਨਾਲ ਇੱਕ ਮਜ਼ਬੂਤ ਲੋਕ ਲਹਿਰ ਵਿੱਚ ਤਬਦੀਲ ਕੀਤਾ ਜਾਵੇਗਾ।ਉਨ੍ਹਾਂ ਪੰਚਾਂ/ਸਰਪੰਚਾਂ ਨੂੰ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਵਿੱਚ ਉਹ ਹਰ ਪੱਖੋਂ ਉਨ੍ਹਾਂ ਦੇ ਨਾਲ ਖੜ੍ਹੇ ਹਨ।ਉਨ੍ਹਾਂ ਅਪੀਲ ਕੀਤੀ ਕਿ ਕੋਈ ਵੀ ਸਰਪੰਚ ਜਾਂ ਪੰਚ ਨਸ਼ਾ ਤਸਕਰਾਂ ਦਾ ਸਾਥ ਨਾ ਦੇਵੇ ਅਤੇ ਨਸ਼ਾ ਵੇਚਣ ਵਾਲਿਆਂ ਜਾਂ ਉਨ੍ਹਾਂ ਨੂੰ ਕਾਨੂੰਨੀ ਕਾਰਵਾਈ ਤੋਂ ਬਚਾਉਣ ਦੀ ਕੋਸ਼ਿਸ਼ ਕਰਨ ਵਾਲਿਆਂ ਦੀ ਹਮਾਇਤ ਨਾ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਨਸ਼ਿਆਂ ਵਿਰੁੱਧ ਮਤੇ ਪਾਸ ਕਰਵਾਉਣ ਦੇ ਨਾਲ-ਨਾਲ ਨੰਬਰਦਾਰਾਂ ਤੇ ਹੋਰ ਮੋਹਤਬਰ ਵਿਅਕਤੀਆਂ ਨਾਲ ਵੀ ਮੀਟਿੰਗਾਂ ਕਰਕੇ ਉਨ੍ਹਾਂ ਨੂੰ ਇਸ ਮੁਹਿੰਮ ਨਾਲ ਜੋੜਿਆ ਜਾਵੇਗਾ।ਉਨ੍ਹਾਂ ਪੰਚਾਇਤਾਂ ਨੂੰ ਨਸ਼ਿਆਂ ਦੇ ਖਾਤਮੇ ਲਈ ਸਿਵਲ ਤੇ ਪੁਲੀਸ ਪ੍ਰਸ਼ਾਸਨ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ 20 ਸਤੰਬਰ ਤੋਂ ਪਿੰਡ-ਪਿੰਡ ਮੀਟਿੰਗਾਂ ਦੀ ਲੜੀ ਸ਼ੁਰੂ ਕੀਤੀ ਜਾਵੇਗੀ।

ਉਹ ਖੁਦ ਹਰ ਪਿੰਡ ਵਿੱਚ ਜਾ ਕੇ ਸਰਪੰਚਾਂ, ਪੰਚਾਂ ਅਤੇ ਆਮ ਲੋਕਾਂ ਨਾਲ ਮੀਟਿੰਗਾਂ ਕਰਨਗੇ ਤੇ ਨਸ਼ਿਆਂ ਵਿਰੁੱਧ ਲੋਕਾਂ ਨੂੰ ਇਕਜੁੱਟ ਕਰਨ ਲਈ ਜਾਗਰੂਕ ਕਰਨਗੇ।ਇਸ ਮੌਕੇ ਯੂਥ ਆਗੂ ਅਨਮੋਲ ਸਿੰਘ ਸੇਖੋਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੇ ਪਿੰਡਾਂ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਨਸ਼ਿਆਂ ਵਿਰੁੱਧ ਡੱਟ ਕੇ ਆਵਾਜ਼ ਉਠਾਉਣੀ ਚਾਹੀਦੀ ਹੈ।

ਇਸ ਮੌਕੇ ਐੱਸ.ਡੀ.ਐੱਮ. ਪੁਨੀਤ ਸ਼ਰਮਾ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਕਿਸੇ ਇੱਕ ਪਰਿਵਾਰ ਜਾਂ ਵਿਅਕਤੀ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮੁੱਚੇ ਸਮਾਜ ਦਾ ਸਾਂਝਾ ਯਤਨ ਹੈ।

ਇਸ ਲਈ ਨਸ਼ਿਆਂ ਦੀ ਰੋਕਥਾਮ ਲਈ ਸਾਰਿਆਂ ਨੂੰ ਅੱਗੇ ਆ ਕੇ ਆਪਣੀ ਜ਼ਿੰਮੇਵਾਰੀ ਨਿਭਾਉਣੀ ਹੋਵੇਗੀ।ਇਸ ਮੌਕੇ ਸਮੂਹ ਸਰਪੰਚ/ਪੰਚ ਤੇ ਪ੍ਰਸ਼ਾਸਨਕ ਅਧਿਕਾਰੀ ਹਾਜ਼ਰ ਸਨ।

# ਬਿਜਲੀ ਕੱਟਾਂ ਤੇ ਹੋਰ ਮੁੱਦਿਆਂ ਨੂੰ ਲੈ ਕੇ ਅਕਾਲੀ ਦਲ ਵੱਲੋਂ ਰੋਸ ਧਰਨਾ

### ਬਾਈਪਾਸ 'ਤੇ ਪ੍ਰਦਰਸ਼ਨ ਕਰਕੇ ਸਰਕਾਰ ਖ਼ਿਲਾਫ਼ ਕੀਤੀ ਨਾਅਰੇਬਾਜ਼ੀ





**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਵਿੱਚ ਬਿਜਲੀ ਦੇ ਲਗਾਤਾਰ ਲੱਗ ਰਹੇ ਕੱਟਾਂ ਸਮੇਤ ਵੱਖ-ਵੱਖ ਮੁੱਦਿਆਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ।ਇਹ ਰੋਸ ਧਰਨਾ ਸਾਬਕਾ ਵਿਧਾਇਕ ਤੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਦੀ ਅਗਵਾਈ ਹੇਠ ਬਠਿੰਡਾ-ਕੋਟਕਪੂਰਾ ਰੋਡ ਬਾਈਪਾਸ 'ਤੇ ਲਾਇਆ ਗਿਆ।ਇਸ ਦੌਰਾਨ ਅਕਾਲੀ ਆਗੂਆਂ ਅਤੇ ਵਰਕਰਾਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਆਪਣਾ ਰੋਸ ਜ਼ਾਹਰ ਕੀਤਾ।

ਅਕਾਲੀ ਦਲ ਵੱਲੋਂ ਜਾਰੀ ਕੀਤੀ ਜਾਣਕਾਰੀ ਅਨੁਸਾਰ ਧਰਨੇ ਵਿੱਚ ਬਿਜਲੀ ਦੇ ਲਗਾਤਾਰ ਕੱਟਾਂ ਦਾ ਮੁੱਦਾ ਮੁੱਖ ਤੌਰ 'ਤੇ ਚੁੱਕਿਆ ਗਿਆ।ਆਗੂਆਂ ਨੇ ਕਿਹਾ ਕਿ ਬਿਜਲੀ ਦੇ ਕੱਟਾਂ ਕਾਰਨ ਆਮ ਲੋਕਾਂ, ਦੁਕਾਨਦਾਰਾਂ, ਕਾਰੋਬਾਰੀਆਂ ਤੇ ਹੋਰ ਵਰਗਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਦੇਣ ਦੇ ਦਾਅਵੇ ਕੀਤੇ ਜਾਂਦੇ ਹਨ, ਪਰ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਕਈ ਥਾਵਾਂ 'ਤੇ ਬਿਜਲੀ ਕੱਟਾਂ ਦੀ ਸਮੱਸਿਆ ਨਾਲ ਜੂਝਣਾ ਪੈ ਰਿਹਾ ਹੈ।

ਇਸ ਤੋਂ ਇਲਾਵਾ ਧਰਨੇ ਵਿੱਚ ਦਲਿਤ ਗੁਲਜ਼ਾਰ ਸਿੰਘ ਨੂੰ ਸਲਾਖਾਂ ਪਿੱਛੇ ਕਰਨ ਦੇ ਦੋਸ਼, ਮੋਹਰਜੀਤ ਸ਼ੇਰੋਂ ਨਾਲ ਬਦਸਲੂਕੀ ਤੇ ਤਸ਼ੱਦਦ ਦੇ ਮਾਮਲੇ ਤੇ ਹੋਰ ਮੁੱਦੇ ਵੀ ਚੁੱਕੇ ਗਏ।ਅਕਾਲੀ ਦਲ ਨੇ ਇਨ੍ਹਾਂ ਮਾਮਲਿਆਂ ਨੂੰ ਲੈ ਕੇ ਪੰਜਾਬ ਸਰਕਾਰ ਤੋਂ ਜਵਾਬ ਮੰਗਿਆ ਤੇ ਦੋਸ਼ ਲਾਇਆ ਕਿ ਲੋਕਾਂ ਨਾਲ ਇਨਸਾਫ਼ ਨਹੀਂ ਹੋ ਰਿਹਾ।ਧਰਨੇ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਨਾਲ ਸਬੰਧਤ 5 ਕਰੋੜ ਰੁਪਏ ਲੈ ਕੇ ਬਲਾਤਕਾਰ ਦੇ ਦੋਸ਼ੀ ਨੂੰ ਵਿਦੇਸ਼ ਭਜਾਉਣ ਦੇ ਦੋਸ਼ਾਂ ਦਾ ਮੁੱਦਾ ਵੀ ਚੁੱਕਿਆ ਗਿਆ।

ਇਸ ਮੌਕੇ ਹਰਪਾਲ ਸਿੰਘ ਬੇਦੀ ਸਾਬਕਾ ਨਗਰ ਕੌਂਸਲ ਪ੍ਰਧਾਨ ਬਿੰਦਰ ਸਿੰਘ ਗੋਨੇਆਣਾ, ਜਗਤਾਰ ਸਿੰਘ ਪੱਪੀ, ਸਰਪੰਚ ਹੀਰਾ ਸਿੰਘ ਚੜ੍ਹੇਵਨ, ਪੂਰਨ ਸਿੰਘ ਲੰਡੇ ਰੋੜੇ, ਮਨਜੀਤ ਸਿੰਘ ਖੋਖਰ, ਚਰਨਜੀਤ ਸਿੰਘ ਸੱਕਾਂਵਾਲੀ, ਸਾਬਕਾ ਸਰਪੰਚ ਸੁਖਚੈਨ ਸਿੰਘ, ਹਰਮੀਤ ਸਿੰਘ ਪੀਏ ਗੁਰਦੀਪ ਸਿੰਘ ਮੜ ਮੱਲੂ, ਦਲਜੀਤ ਸਿੰਘ ਸ਼੍ਰੋਮਣੀ ਅਕਾਲੀ ਦਲ ਦੇ ਆਗੂ, ਅਹੁਦੇਦਾਰ ਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਰਹੇ।

# ਕੰਪਿਊਟਰ ਅਧਿਆਪਕ 20 ਨੂੰ ਸੰਗਰੂਰ 'ਚ ਕਰਨਗੇ ਪੱਕੇ ਮੋਰਚੇ ਦੀ ਸ਼ੁਰੂਆਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਕੰਪਿਊਟਰ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਆਗੂ ਹਰਜੀਤ ਸਿੰਘ ਸੰਧੂ ਤੇ ਜ਼ਿਲ੍ਹਾ ਪ੍ਰਧਾਨ ਫ਼ਿਰੋਜ਼ਪੁਰ ਦਵਿੰਦਰ ਸਿੰਘ ਸੰਧੂ ਨੇ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਦੌਰਾਨ ਜਾਣਕਾਰੀ ਦਿੰਦੇ ਦੱਸਿਆ ਕਿ ਕੰਪਿਊਟਰ ਟੀਚਰਜ਼ ਯੂਨੀਅਨ ਪੰਜਾਬ ਦੀ 5 ਸਤੰਬਰ ਨੂੰ ਜੱਥੇਬੰਦੀ ਵੱਲੋਂ ਲਏ ਗਏ ਫੈਸਲੇ ਅਨੁਸਾਰ 20 ਸਤੰਬਰ ਤੋਂ ਜ਼ਿਲ੍ਹਾ ਹੈੱਡ ਕੁਆਟਰ ਸੰਗਰੂਰ ਅੱਗੇ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਉਸ ਦਿਨ ਤੋਂ ਹੀ ਸੰਗਰੂਰ ਵਿਖੇ ਹੱਕੀ ਮੰਗਾਂ ਦੀ ਪ੍ਰਾਪਤੀ ਤੱਕ ਪੱਕੇ ਮੋਰਚੇ ਦੀ ਸ਼ੁਰੂਆਤ ਕੀਤੀ ਜਾਵੇਗੀ। ਪੰਜਾਬ ਦੇ 6640 ਕੰਪਿਊਟਰ ਅਧਿਆਪਕਾਂ ਨੂੰ 2 ਦਸੰਬਰ 2010 ਵਿਚ ਰਾਜਪਾਲ ਦੀ ਪ੍ਰਵਾਨਗੀ ਨਾਲ ਪੰਜਾਬ ਸਰਕਾਰ ਵੱਲੋਂ ਜਾਰੀ ਰੈਗੂਲਰ ਨੋਟੀਫਿਕੇਸ਼ਨ ਅਤੇ 2011 ਵਿੱਚ ਰੈਗੂਲਰ ਨਿਯੁਕਤੀ ਪੱਤਰ ਮਿਲਣ ਦੇ ਬਾਵਜੂਦ, ਸੋਸਾਇਟੀ (ਪੀਆਈਸੀਟੀਈਐੱਸ) ਦੇ ਨਾਂ 'ਤੇ ਗੁੰਮਰਾਹ ਕੀਤਾ ਜਾ ਰਿਹਾ ਹੈ। ਮਾਣਯੋਗ ਹਾਈਕੋਰਟ ਵਿਚ ਕੰਪਿਊਟਰ ਅਧਿਆਪਕਾਂ ਦੇ ਹੱਕ ਵਿੱਚ ਫੈਸਲਾ ਆਉਣ ਦੇ ਬਾਵਜੂਦ ਪੰਜਾਬ ਸਰਕਾਰ ਉਸ ਨੂੰ ਲਾਗੂ ਕਰਨ ਦੀ ਥਾਂ ਸੁਪਰੀਮ ਕੋਰਟ ਚਲੀ ਗਈ ਹੈ ਅਤੇ ਕੰਪਿਊਟਰ ਅਧਿਆਪਕਾਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਨ ਤੋਂ ਭੱਜ ਰਹੀ ਹੈ। ਸਬ ਕਮੇਟੀ ਨਾਲ ਪਿਛਲੀਆਂ ਮੀਟਿੰਗਾਂ ਵਿਚ ਬਣੀ ਸਹਿਮਤੀ ਅਨੁਸਾਰ ਪੰਜਵੇਂ ਪੇਅ ਕਮਿਸ਼ਨ ਤਹਿਤ ਬਣਦਾ ਅਨਰਿਵਾਇਜ਼ਡ ਡੀਏ ਲਾਗੂ ਕਰਨਾ, ਡੈੱਥ ਪਾਲਸੀ ਲਾਗੂ ਕਰਨ ਦੀ ਥਾਂ ਸਰਕਾਰ ਸਮਾਂ ਲੰਘਾ ਰਹੀ ਹੈ। ਕੰਪਿਊਟਰ ਟੀਚਰਜ਼ ਯੂਨੀਅਨ ਫਿਰੋਜ਼ਪੁਰ ਦੇ ਜ਼ਿਲ੍ਹਾ ਆਗੂ ਰਵੀਇੰਦਰ ਸਿੰਘ ਗਿੱਲ, ਸਰਵਜੋਤ ਸਿੰਘ ਮੁੱਤੀ, ਸ਼ਮਸ਼ੇਰ ਸਿੰਘ ਗਿੱਲ ਨੇ ਦੱਸਿਆ ਕਿ ਵਿਖੇ 20 ਸਤੰਬਰ ਦੀ ਸੂਬਾ ਪੱਧਰੀ ਰੈਲੀ ਵਿਚ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਕੰਪਿਊਟਰ ਅਧਿਆਪਕ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਇਸ ਮੌਕੇ ਆਗੂਆਂ ਵੱਲੋਂ ਦੱਸਿਆ ਗਿਆ ਕਿ ਸਰਕਾਰ ਸਿਰਫ਼ ਵੋਟਾਂ ਵੇਲੇ ਵਾਅਦੇ ਕਰਦੀ ਹੈ, ਪਰ ਅਮਲੀ ਰੂਪ ਵਿਚ ਹਮੇਸਾ ਉਨ੍ਹਾਂ ਨੂੰ ਲਾਗੂ ਕਰਨ ਤੋਂ ਭੱਜ ਜਾਂਦੀ ਹੈ। 6640 ਕੰਪਿਊਟਰ ਅਧਿਆਪਕ ਪਿਛਲੇ 21 ਸਾਲਾਂ ਤੋਂ ਸਰਕਾਰੀ ਸਕੂਲਾਂ ਵਿੱਚ ਪੂਰੀ ਤਨਦੇਹੀ ਨਾਲ ਆਪਣੀ ਸੇਵਾ ਨਿਭਾ ਰਹੇ ਹਨ, ਪਰ ਰੈਗੂਲਰ ਨੋਟੀਫਿਕੇਸ਼ਨ ਤੇ ਨਿਯੁਕਤੀ ਪੱਤਰਾਂ ਨੂੰ ਅੱਜ ਤੱਕ ਕਿਸੇ ਵੀ ਸਰਕਾਰ ਨੇ ਇੰਨ ਬਿੰਨ ਲਾਗੂ ਨਹੀਂ ਕੀਤਾ ਹੈ। ਇਸ ਦੌਰਾਨ 116 ਕੰਪਿਊਟਰ ਅਧਿਆਪਕ ਇਸ ਦੁਨੀਆ ਤੋਂ ਰੁਖਸਤ ਹੋ ਗਏ ਹਨ ਤੇ 5 ਕੰਪਿਊਟਰ ਅਧਿਆਪਕ ਬਿਨਾਂ ਕੋਈ ਲਾਭ ਪ੍ਰਾਪਤ ਕੀਤੇ ਰਿਟਾਇਰ ਵੀ ਹੋ ਚੁੱਕੇ ਹਨ, ਪਰ ਉਨ੍ਹਾਂ ਦੇ ਪਰਿਵਾਰ ਅੱਜ ਵੀ ਸਮਾਜਿਕ ਸੁਰੱਖਿਆ ਤੇ ਬਣਦੇ ਹੱਕਾਂ ਲਈ ਤਰਸ ਰਹੇ ਹਨ। ਇਸ ਮੌਕੇ ਗਗਨਦੀਪ ਸਿੰਘ ਗਿੱਲ, ਹਰਪਾਲ ਸਿੰਘ, ਮਿਸਾਲ ਧਵਨ, ਸੰਜੀਵ ਕੁਮਾਰ, ਸਤਨਾਮ ਸਿੰਘ ਧੰਜੂ, ਅਸ਼ਵਨੀ ਕੁਮਾਰ, ਵਿਜੇ ਕੁਮਾਰ, ਗੁਰਮੀਤ ਸਿੰਘ, ਪ੍ਰਿਤਪਾਲ ਸਿੰਘ, ਗੁਲਸ਼ਨ ਕੁਮਾਰ, ਸਰਬਜੀਤ ਕਲਸੀ, ਹਰਪ੍ਰੀਤ ਸਿੰਘ, ਜਗਦੀਪ ਸਿੰਘ, ਗੁਰਪ੍ਰੀਤ ਸਿੰਘ, ਜੋਤਸਰੂਪ ਸਿੰਘ ਤੇ ਸਤਨਾਮ ਸਿੰਘ ਮਖੂ ਜ਼ਿਲ੍ਹਾ ਫਿਰੋਜ਼ਪੁਰ ਦੇ ਆਗੂ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਬ੍ਰਿਕਸ ਐਲਾਨਨਾਮੇ ...

ਇੱਕ ਸਕਾਰਾਤਮਕ ਵਿਕਾਸ ਹੈ। ਇਸ ਸਹਿਯੋਗ ਨੂੰ ਡਾਲਰ-ਨਿਰਭਰਤਾ ਘਟਾਉਣ ਦੇ ਇੱਕ ਵਿਆਪਕ ਏਜੰਡੇ ਵੱਲ ਅੱਗੇ ਲਿਜਾਇਆ ਜਾਣਾ ਚਾਹੀਦਾ ਹੈ। ਇਸ ਦਾ ਉਦੇਸ਼ ਵਿਸ਼ਵ ਵਪਾਰ ਨੂੰ ਵਿਗਾੜਨਾ ਨਹੀਂ, ਸਗੋਂ ਇੱਕੋ ਮੁਦਰਾ 'ਤੇ ਬੇਹੱਦ ਨਿਰਭਰਤਾ ਕਾਰਨ ਪੈਦਾ ਹੋਣ ਵਾਲੀਆਂ ਕਮਜ਼ੋਰੀਆਂ ਨੂੰ ਘਟਾਉਣਾ ਅਤੇ ਅਮਰੀਕੀ ਵਿੱਤੀ ਦਬਦਬੇ 'ਤੇ ਇੱਕ ਪ੍ਰਭਾਵਸ਼ਾਲੀ ਰੋਕ ਪੈਦਾ ਕਰਨਾ ਹੋਣਾ ਚਾਹੀਦਾ ਹੈ।ਇਸੇ ਤਰ੍ਹਾਂ ਜਲਵਾਯੂ ਤਬਦੀਲੀ, ਟਿਕਾਊ ਵਿਕਾਸ, ਆਰਟੀਫਿਸ਼ੀਅਲ ਇੰਟੈਲੀਜੈਂਸ ਅਤੇ ਉਭਰ ਰਹੀਆਂ ਤਕਨਾਲੋਜੀਆਂ ਸੰਬੰਧੀ ਕੀਤੀਆਂ ਵਚਨਬੱਧਤਾਵਾਂ ਨੂੰ ਠੋਸ ਸਹਿਯੋਗ ਵਿੱਚ ਬਦਲਿਆ ਜਾਣਾ ਚਾਹੀਦਾ ਹੈ। ਖਾਸ ਤੌਰ 'ਤੇ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਤਕਨੀਕੀ ਅਤੇ ਵਾਤਾਵਰਣਕ ਤਰੱਕੀ ਪੂਰੀ ਮਨੁੱਖਤਾ ਦੀ ਭਲਾਈ ਲਈ ਹੋਵੇ ਅਤੇ ਮੌਜੂਦਾ ਅਸਮਾਨਤਾਵਾਂ ਨੂੰ ਹੋਰ ਡੂੰਘਾ ਨਾ ਕਰੇ।ਸਿਖਰ ਸੰਮੇਲਨ ਤੋਂ ਇਲਾਵਾ ਹੋਈਆਂ ਭਾਰਤ-ਚੀਨ ਗੱਲਬਾਤਾਂ ਦੌਰਾਨ ਦੁਵੱਲੇ ਸਬੰਧਾਂ ਵਿੱਚ ਹੋਈ ਪ੍ਰਗਤੀ ਇਸ ਗੱਲ ਨੂੰ ਹੋਰ ਮਜ਼ਬੂਤ ਕਰਦੀ ਹੈ ਕਿ ਇਨ੍ਹਾਂ ਦੋਵੇਂ ਗੁਆਂਢੀ ਦੇਸ਼ਾਂ ਵਿਚਕਾਰ ਦੁਵੱਲੇ ਮੁੱਦਿਆਂ ਨੂੰ ਗੱਲਬਾਤ, ਕੂਟਨੀਤੀ ਅਤੇ ਸ਼ਾਂਤੀਪੂਰਨ ਵਾਰਤਾਵਾਂ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਹੈ।

ਇਹ ਭਾਰਤੀ ਕਮਿਊਨਿਸਟ ਪਾਰਟੀ ਦਾ ਲੰਮੇ ਸਮੇਂ ਤੋਂ ਚੱਲਿਆ ਆ ਰਿਹਾ ਸਟੈਂਡ ਹੈ। ਹੁਣ ਬ੍ਰਿਕਸ ਨੂੰ ਗਲੋਬਲ ਸਾਊਥ ਦੀਆਂ ਹੋਰ ਪ੍ਰਤੀਨਿਧ ਸੰਸਥਾਵਾਂ ਅਤੇ ਮੰਚਾਂ ਦੇ ਨਾਲ ਮਿਲ ਕੇ ਵਿਸ਼ਵ ਵਿਵਸਥਾ ਵਿੱਚ ਵਿਆਪਕ ਸੁਧਾਰ ਦੀ ਵੱਡੀ ਚੁਣੌਤੀ ਦਾ ਸਾਹਮਣਾ ਕਰਨਾ ਚਾਹੀਦਾ ਹੈ। ਦਬਦਬੇ ਅਤੇ ਇਕਤਰਫ਼ਾਵਾਦ ਨੂੰ ਰੱਦ ਕੀਤਾ ਜਾਣਾ ਚਾਹੀਦਾ ਹੈ ਅਤੇ ਕੌਮਾਂਤਰੀ ਸੰਸਥਾਵਾਂ ਨੂੰ ਸੱਚਮੁੱਚ ਪ੍ਰਤੀਨਿਧੀ, ਲੋਕਤੰਤਰਿਕ ਅਤੇ ਜਵਾਬਦੇਹ ਬਣਾਇਆ ਜਾਣਾ ਚਾਹੀਦਾ ਹੈ। ਪਾਰਟੀ ਨੇ ਕਿਹਾ ਕਿ ਦੁਨੀਆ ਇਸ ਗੱਲ ਦੀ ਇਜਾਜ਼ਤ ਨਹੀਂ ਦੇ ਸਕਦੀ ਕਿ ਲੋਕਾਂ ਦੇ ਸ਼ਾਂਤੀਪੂਰਨ ਅਤੇ ਖੁਸ਼ਹਾਲ ਭਵਿੱਖ ਦੀ ਸਾਂਝੀ ਖਾਹਿਸ਼ ਕੁਝ ਤਾਕਤਵਰ ਦੇਸ਼ਾਂ ਦੀ ਦੂਰਅੰਦੇਸ਼ੀ ਤੋਂ ਰਹਿਤ ਸੋਚ, ਤੰਗ ਹਿੱਤਾਂ ਜਾਂ ਹਮਲਾਵਰਤਾ ਦੀ ਭੇਟ ਚੜ੍ਹ ਜਾਵੇ। ਇੱਕ ਨਿਆਂਪੂਰਨ, ਬਹੁਧਰੁਵੀ ਅਤੇ ਬਰਾਬਰੀ ਵਾਲੀ ਵਿਸ਼ਵ ਵਿਵਸਥਾ ਲਈ ਗਲੋਬਲ ਸਾਊਥ ਨੂੰ ਹੋਰ ਵਧੇਰੇ ਏਕਤਾ ਅਤੇ ਦ੍ਰਿੜ੍ਹਤਾ ਨਾਲ ਆਪਣੀ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ।

### ਸ਼ਹੀਦਾਂ ਦੀਆਂ ਕੁਰਬਾਨੀਆਂ...

ਗੈਂਗਸਟਰਵਾਦ ਨੰਗਾ ਨਾਚ ਕਰ ਰਿਹਾ ਹੈ, ਦਿਨ-ਦਿਹਾੜੇ ਗੋਲੀਆਂ ਚੱਲ ਰਹੀਆਂ ਹਨ।ਸਰਕਾਰ ਕੋਲੋਂ ਸਵਾਲ ਕਰਨ ਵਾਲਿਆਂ ਨੂੰ ਕੁੱਟਿਆ ਅਤੇ ਡਰਾਇਆ ਜਾ ਰਿਹਾ ਹੈ।ਅੱਜ ਦੀ ਇਹ ਸ਼ਹੀਦੀ ਕਾਨਫਰੰਸ ਸੀ ਪੀ ਆਈ ਐੱਮ ਦੇ ਯੂਨਿਟ ਦੌਲਤਪੁਰ ਵੱਲੋਂ ਕਾਰਵਾਈ ਗਈ।ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣਾ ਚਾਹੁੰਦੀ ਹੈ।

ਘੱਟ ਗਿਣਤੀਆਂ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੀਆਂ ਹਨ। ਭਾਰਤੀ ਸੰਵਿਧਾਨ ਨੂੰ ਬਦਲਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਰਾਮ ਸਿੰਘ ਨੂਰਪੁਰੀ, ਬਲਬੀਰ ਸਿੰਘ ਜਾਡਲਾ, ਜਰਨੈਲ ਸਿੰਘ ਰਾਣੇਵਾਲ ਨੇ ਸੰਬੋਧਨ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਢਾਡੀ ਜਸਦੀਪ ਸਿੰਘ ਨਾਗਰਾ ਨੇ ਸ਼ਹੀਦਾਂ ਦੀਆਂ ਵਾਰਾਂ ਪੇਸ਼ ਕਰਕੇ ਇਤਿਹਾਸ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ।

ਕਾਨਫਰੰਸ ਦੀ ਪ੍ਰਧਾਨਗੀ ਸਰਜੀਵਨ ਸਿੰਘ, ਹੁਸ਼ਿਆਰ ਸਿੰਘ ਅਤੇ ਰਣਜੀਤ ਸਿੰਘ ਰਾਣਾ ਨੇ ਕੀਤੀ। ਚਰਨਜੀਤ ਸਿੰਘ ਜ਼ਿਲ੍ਹਾ ਸਕੱਤਰ ਨੇ ਸਟੇਜ ਸੈਕਟਰੀ ਦੀ ਸੇਵਾ ਨਿਭਾਈ। ਇਸ ਮੌਕੇ ਸੁਖਦੇਵ ਸਿੰਘ ਗਰਚਾ, ਨਿਰਮਲ ਸਿੰਘ ਜੁਲਾਹ ਮਾਜਰਾ, ਸ਼ਿੰਗਾਰਾ ਰਾਮ ਬੜਵਾ, ਪਾਲ ਚੰਦ ਭਾਨ ਮਜ਼ਾਰਾ, ਕਰਮਜੀਤ ਜਾਡਲਾ, ਪ੍ਰਧਾਨ ਹਰਭਜਨ ਸਿੰਘ, ਸਰਵਣ ਸਿੰਘ, ਨਰਿੰਦਰ ਸਿੰਘ ਅਤੇ ਹਰਜਿੰਦਰ ਸਿੰਘ ਹਾਜ਼ਰ ਸਨ।ਪਰਵਾਜ਼ ਰੰਗਮੰਚ ਫਗਵਾੜਾ ਦੀ ਟੀਮ ਵੱਲੋਂ ਇਨਕਲਾਬੀ ਨਾਟਕ ਅਤੇ ਕੋਰੀਓਗ੍ਰਾਫੀਆਂ ਦੀ ਪੇਸ਼ਕਾਰੀ ਕੀਤੀ ਗਈ।ਚਰਨਜੀਤ ਸਿੰਘ ਦੌਲਤਪੁਰ ਵੱਲੋਂ ਸਾਰੇ ਐੱਨ ਆਰ ਆਈ ਵੀਰਾਂ, ਨਗਰ ਨਿਵਾਸੀਆਂ ਅਤੇ ਆਏ ਹੋਏ ਸਰੋਤਿਆਂ ਦਾ ਧੰਨਵਾਦ ਕੀਤਾ ਗਿਆ।

### ਸਮਾਜ ਦੀ ਬਿਹਤਰੀ ...

ਚਲਾਈ ਜਾਵੇਗੀ। 30 ਨਵੰਬਰ ਤੱਕ ਵਰਕਰਾਂ ਦੇ ਜ਼ਿਲ੍ਹਾ ਪੱਧਰੀ ਸਮਾਗਮ ਕੀਤੇ ਜਾਣਗੇ। ਇੱਕ ਮੰਗ ਪੱਤਰ ਸਰਕਾਰ ਨੂੰ ਭੇਜਣ ਦਾ ਵੀ ਫੈਸਲਾ ਕੀਤਾ ਗਿਆ।

ਸਮਾਗਮ ਵਿੱਚ ਜੀਂਦ, ਕਰਨਾਲ, ਪਾਣੀਪਤ, ਹਿਸਾਰ, ਫਤਿਆਬਾਦ, ਸੋਨੀਪਤ, ਭਿਵਾਨੀ, ਗੁਰੂਗ੍ਰਾਮ ਆਦਿ ਤੋਂ ਸੈਂਕੜੇ ਵਰਕਰ ਸ਼ਾਮਲ ਹੋਏ।

## ਪੰਜਾਬ 'ਵਰਸਿਟੀ ਵੱਲੋਂ ਸਿੱਖ ਇਤਿਹਾਸ ਨੂੰ ਸਿਲੇਬਸ 'ਚੋਂ ਮਨਫ਼ੀ ਕਰਨਾ ਅਸਹਿ : ਡਾ. ਮਾਹਲ

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐੱਮ.ਏ. ਇਤਿਹਾਸ ਦੇ ਪੋਸਟ-ਗ੍ਰੈਜੂਏਟ ਸਿਲੇਬਸ ਵਿੱਚੋਂ ਪੰਜਾਬ ਤੇ ਸਿੱਖ ਇਤਿਹਾਸ ਨਾਲ ਸਬੰਧਤ ਚਾਰ ਅਹਿਮ ਪੇਪਰ ਹਟਾਏ ਜਾਣ 'ਤੇ ਪੰਜਾਬੀ ਦੀ ਨਾਮਵਰ ਲੇਖਿਕਾ ਡਾ. ਯਤਿੰਦਰ ਕੌਰ ਮਾਹਲ ਨੇ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਵੱਲੋਂ ਸਿੱਖ ਇਤਿਹਾਸ ਨੂੰ ਮਨਫੀ ਕਰਨਾ, ਇਕ ਤਰ੍ਹਾਂ ਨਾਲ ਸਿੱਖਾਂ ਦੀਆਂ ਬੇਮਿਸਾਲ ਕੁਰਬਾਨੀਆਂ ਨੂੰ ਅਣਗੌਲਿਆਂ ਕਰਨਾ ਹੈ, ਜੋਕਿ ਬਹੁਤ ਮੰਦਭਾਗਾ ਤੇ ਚਿੰਤਾਜਨਕ ਹੈ।ਪੰਜਾਬੀ ਲੇਖਿਕਾ ਨੇ ਕਿਹਾ ਕਿ ਪੰਜਾਬ ਦਾ ਇਤਿਹਾਸ ਕਿਸੇ ਇੱਕ ਸੀਮਤ ਖੇਤਰ ਦਾ ਇਤਿਹਾਸ ਨਹੀਂ, ਸਗੋਂ ਭਾਰਤ ਦੇ ਸਮੁੱਚੇ ਇਤਿਹਾਸ ਦਾ ਅਹਿਮ ਹਿੱਸਾ ਹੈ।ਦੇਸ਼ ਦਾ ਇਤਿਹਾਸ ਸਿੱਖ ਇਤਿਹਾਸ ਤੋਂ ਬਿਨਾਂ ਅਧੂਰਾ ਹੈ। ਉਹਨਾਂ ਕਿਹਾ ਕਿ ਪੰਜਾਬ ਦੀ ਧਰਤੀ ਦੇ ਨਾਲ ਜਿੱਥੇ ਅਣਖੀਲੀ ਜੰਗਾਂ ਦਾ ਇਤਿਹਾਸ ਜੁੜਿਆ ਹੈ, ਉਥੇ ਗੁਰੂ ਸਾਹਿਬਾਨ ਦੀਆਂ ਮਹਾਨ ਸਿੱਖਿਆਵਾਂ ਦਾ ਇਤਿਹਾਸ ਹੈ।ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਇਹ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਪੰਜਾਬ ਯੂਨੀਵਰਸਿਟੀ ਆਪਣਾ ਇਹ ਫੈਸਲਾ ਤੁਰੰਤ ਬਦਲੇ, ਨਹੀਂ ਤਾਂ ਲੋਕ ਰੋਹ ਦਾ ਸਾਹਮਣਾ ਕਰਨ ਲਈ ਤਿਆਰ ਰਹੇ।ਡਾ. ਯਤਿੰਦਰ ਮਾਹਲ ਨੇ ਅੱਗੇ ਕਿਹਾ ਕਿ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਦੀ ਪੜ੍ਹਾਈ ਤੋਂ ਵਾਂਝੇ ਕਰਨਾ, ਉਨ੍ਹਾਂ ਨੂੰ ਆਪਣੇ ਮਹਾਨ ਵਿਰਸੇ ਤੋਂ ਵੱਖ ਕਰਨ ਦੇ ਬਰਾਬਰ ਹੋਵੇਗਾ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀਆਂ ਤੇ ਸਰਕਾਰਾਂ ਪਹਿਲਾਂ ਹੀ ਮਾਂ ਬੋਲੀ ਪੰਜਾਬੀ ਨਾਲ ਭਾਰੀ ਵਿਤਕਰਾ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੀ ਅਜਿਹੀ ਹਰਕਤ ਸਪੱਸ਼ਟ ਕਰਦੀ ਹੈ ਕਿ ਜਦੋਂ ਕਿਸੇ ਕੌਮ ਨੂੰ ਕਮਜ਼ੋਰ ਤੇ ਖਤਮ ਕਰਨਾ ਹੋਵੇ ਤਾਂ ਉਸ ਨੂੰ ਉਸ ਦਾ ਵਿਰਸਾ ਭੁਲਾ ਦਿਓ।

ਜ਼ਾਹਰ ਹੈ ਕਿ ਜੇਕਰ ਸਿੱਖ ਇਤਿਹਾਸ ਨੂੰ ਸਿਲੇਬਸ ਵਿੱਚੋਂ ਕੱਢ ਦਿੱਤਾ ਗਿਆ ਤਾਂ ਆਉਣ ਵਾਲੀ ਪੀੜ੍ਹੀਆਂ ਆਪਣੇ ਮਹਾਨ ਵਿਰਸੇ ਨੂੰ ਪੂਰੀ ਤਰ੍ਹਾਂ ਭੁੱਲ ਜਾਣਗੀਆਂ।ਉਨ੍ਹਾਂ ਕਿਹਾ ਕਿ ਸਿੱਖੀ ਦਾ ਮਹਾਨ ਵਿਰਸਾ ਨਾ ਸਿਰਫ ਇੱਕ ਖਿੱਤੇ ਦੇ ਲੋਕਾਂ ਲਈ ਪ੍ਰੇਰਨਾ ਹੈ, ਬਲਕਿ ਉਹ ਸਮੁੱਚੀ ਲੋਕਾਈ ਲਈ ਸਾਹਸ ਤੇ ਬਹਾਦਰੀ ਦਾ ਮੁਜੱਸਮਾ ਹੈ।ਉਨ੍ਹਾਂ ਮੰਗ ਕੀਤੀ ਕਿ ਸਿਲੇਬਸ ਵਿੱਚੋਂ ਮਨਫੀ ਕੀਤੇ ਸਿੱਖ ਇਤਿਹਾਸ ਨੂੰ ਮੁੜ ਸਿਲੇਬਸ ਦਾ ਹਿੱਸਾ ਬਣਾਇਆ ਜਾਵੇ।

## ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਕੋਹਲੀ ਵੱਲੋਂ ਬੱਸ ਰਵਾਨਾ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਦੀ ਵਿਰਾਸਤ ਸੇਵਾ ਸੰਗਠਨ ਵੱਲੋਂ ਚੱਲ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਟਿਆਲਾ ਸ਼ਹਿਰ ਦੇ ਸ਼ੇਰਾ ਵਾਲਾ ਗੇਟ ਤੋਂ ਬੱਸ ਰਵਾਨਾ ਕੀਤੀ।ਇਸ ਮੌਕੇ ਹਲਕਾ ਕੋਆਰਡੀਨੇਟਰ ਹਰਵਿੰਦਰਪਾਲ ਸਿੰਘ ਵਿੰਟੀ ਵੀ ਮੌਜੂਦ ਸਨ।ਇਸ ਮੌਕੇ ਸੰਗਤਾਂ ਯਾਤਰਾ ਦੌਰਾਨ ਬਹੁਤ ਉਤਸ਼ਾਹ ਵਿੱਚ ਸਨ।ਸਰਕਾਰ ਦੇ ਇਸ ਵਿਸ਼ੇਸ਼ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਐੱਮ.ਐੱਲ.ਏ. ਪਟਿਆਲਾ ਅਜੀਤਪਾਲ ਸਿੰਘ ਕੋਹਲੀ ਦਾ ਧੰਨਵਾਦ ਕੀਤਾ।ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਧਾਰਮਿਕ ਆਸਥਾ ਨਾਲ ਜੁੜੇ ਲੋਕਾਂ ਲਈ ਇੱਕ ਵੱਡਾ ਉਪਰਾਲਾ ਹੈ।ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ।ਉਨ੍ਹਾਂ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਦ ਤੇ ਮੰਗਲਮਈ ਯਾਤਰਾ ਦੀ ਕਾਮਨਾ ਕੀਤੀ।

## ਆਜ਼ਾਦੀ ਘੁਲਾਟੀਆਂ ਉੱਤਰਅਧਿਕਾਰੀ ਸੰਸਥਾ ਦੀ ਮੀਟਿੰਗ



**ਬੁਢਲਾਡਾ (ਅਸ਼ੋਕ ਲਾਕੜਾ)**-ਆਜ਼ਾਦੀ ਘੁਲਾਟੀਆਂ ਉਤਰਾਅਧਿਕਾਰੀ ਸੰਸਥਾ ਬਲਾਕ ਬੁਢਲਾਡਾ ਦੀ ਇੱਕ ਵਿਸ਼ੇਸ਼ ਮੀਟਿੰਗ ਸਥਾਨਕ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਦੇ ਦਫ਼ਤਰ ਵਿੱਚ ਹੋਈ, ਜਿਸ ਵਿਸ਼ੇਸ਼ ਤੌਰ 'ਤੇ ਸੂਬਾ ਪ੍ਰਧਾਨ ਚਤਿੰਨ ਸਿੰਘ, ਜ਼ਿਲ੍ਹਾ ਪ੍ਰਧਾਨ ਰਘਬੀਰ ਸਿੰਘ, ਮੈਂਬਰ ਬਲਵੰਤ ਸਿੰਘ ਤੇ ਹਰਬੰਸ ਸਿੰਘ ਸ਼ਾਮਲ ਹੋਏ ਅਤੇ ਬਲਾਕ ਬੁਢਲਾਡਾ ਦੀ ਇਕਾਈ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ।ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਹਨਾਂ ਦੇ ਸੰਘਰਸ਼ ਸਦਕਾ ਹੀ ਅੱਜ ਅਸੀਂ ਅਜ਼ਾਦੀ ਮਾਣ ਰਹੇ ਹਾਂ।ਸਥਾਨਕ ਬੁਲਾਰੇ ਮਾਸਟਰ ਕੁਲਵੰਤ ਸਿੰਘ, ਬੁੱਲਾ ਸਿੰਘ ਫੌਜੀ, ਹਰਬੰਸ ਸਿੰਘ ਸਰਾਂ, ਕੇਵਲ ਕ੍ਰਿਸ਼ਨ ਬੋਬੀ, ਪੂਰਨ ਸਿੰਘ ਸਰਾਂ, ਇੰਦਰਜੀਤ ਸਿੰਘ, ਜਸਵੰਤ ਸਿੰਘ ਸਰਾਂ ਨੇ ਬਲਾਕ ਦੀਆਂ ਸਮਸਿਆਵਾਂ ਤੇ ਮੰਗਾਂ ਬਾਰੇ ਦੱਸਿਆ ਸਰਕਾਰ ਤੋਂ ਅਗਲੀ ਪੀੜ੍ਹੀ ਲਈ ਰਿਜ਼ਰਵੇਸ਼ਨ ਦੀ ਮੰਗ ਕੀਤੀ।ਆਗੂਆਂ ਨੇ ਦੱਸਿਆ ਕਿ ਅਗਲੀ ਮਹੀਨਾਵਾਰ ਮੀਟਿੰਗ 3 ਅਕਤੂਬਰ ਦੀ ਹੋਵਾਂਗੀ।ਇਸ ਮੌਕੇ ਉਪਰੋਕਤ ਤੋਂ ਇਲਾਵਾ ਤਰਸੇਮ ਸਿੰਘ ਸਰਾਂ, ਕ੍ਰਿਸ਼ਨ ਕੁਮਾਰ, ਗੁਰਚਰਨ ਸਿੰਘ ਬਰੇ, ਬਲਦੇਵ ਸਿੰਘ ਬਰੇ, ਗੁਰਜੰਟ ਸਿੰਘ ਤੇ ਨਿਰਮਲ ਸਿੰਘ ਬਖਸ਼ੀਵਾਲਾ, ਪ੍ਰੇਮ ਸਿੰਘ ਰੰਘੜਿਆਲ, ਦਰਬਾਰਾ ਸਿੰਘ ਬਰੇ, ਨਾਥਾ ਸਿੰਘ ਭਾਦੜਾ, ਗੁਰਪ੍ਰੀਤ ਸਿੰਘ ਬਰੇ, ਗੁਰਬਿੰਦਰ ਸਿੰਘ ਤੇ ਗੁਰਚਰਨ ਸਿੰਘ ਬਰੇ ਆਦਿ ਸ਼ਾਮਲ ਹੋਏ।

## ਐਡਵੋਕੇਟ ਭਰੂਰ ਨੇ 'ਆਪ' ਤੋਂ ਦਿੱਤਾ ਅਸਤੀਫਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਆਮ ਆਦਮੀ ਪਾਰਟੀ ਲੋਕਾਂ ਤੇ ਪੰਜਾਬੀਆਂ ਦੀਆਂ ਉਮੀਦਾਂ 'ਤੇ ਖਰਾ ਨਾ ਉਤਰਨ ਕਾਰਨ ਅੱਜ ਪਾਰਟੀ ਦੇ ਸਾਰੇ ਅਹੁਦਿਆਂ ਤੋਂ ਅਸਤੀਫਾ ਦਿੰਦਾ ਹਾਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਾਰ ਐਸੋਸੀਏਸ਼ਨ ਸੁਨਾਮ ਦੇ ਮੌਜੂਦਾ ਪ੍ਰਧਾਨ ਐਡਵੋਕੇਟ ਹਰਦੀਪ ਸਿੰਘ ਭਰੂਰ ਨੇ ਪੱਤਰਕਾਰਾਂ ਨਾਲ ਪ੍ਰੈੱਸ ਵਾਰਤਾ ਦੌਰਾਨ ਕੀਤਾ। ਇਸ ਮੌਕੇ ਸਮੁੱਚੇ ਵਕੀਲ ਭਾਈਚਾਰੇ ਨੇ ਇਕੱਤਰਤਾ ਦਾ ਸੰਦੇਸ਼ ਦਿੰਦੇ ਹੋਏ ਪ੍ਰਧਾਨ ਨੂੰ ਵਾਰਿਸ ਪੰਜਾਬ ਪਾਰਟੀ ਦੇ ਵਿੱਚ ਸ਼ਾਮਲ ਹੋਣ ਲਈ ਮੁਬਾਰਕਬਾਦ ਵੀ ਦਿੱਤੀ।ਇਸ ਮੌਕੇ ਐਡਵੋਕੇਟ ਭਰੂਰ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਤੋਂ ਦੁਖੀ ਹੋ ਕੇ ਲੋਕਾਂ ਨੇ ਇੱਕ ਵਿਕਲਪ ਆਮ ਆਦਮੀ ਪਾਰਟੀ ਦੇ ਰੂਪ ਦੇ ਵਿੱਚ ਵੇਖਿਆ ਸੀ, ਜਿਸ ਨੂੰ ਆਮ ਆਦਮੀ ਪਾਰਟੀ ਨੇ ਬਿਲਕੁਲ ਦਰਕਿਨਾਰ ਕੀਤਾ ਹੁਣ ਲੋਕਾਂ ਕੋਲ ਇੱਕੋ ਇੱਕ ਉਮੀਦ ਵਾਰਿਸ ਪੰਜਾਬ ਦੇ ਹੀ ਬਚੀ ਹੈ ਭਾਈ ਅੰਮ੍ਰਿਤ ਪਾਲ ਜੀ ਦੀ ਅਗਵਾਈ ਵਿੱਚ ਪੰਜਾਬ ਦੀ ਬਿਹਤਰੀ ਲਈ ਇਹ ਪਾਰਟੀ ਕੰਮ ਕਰੇਗੀ, ਜਿਸ ਕਰਕੇ ਮੈਂ ਆਪਣੇ ਸਮਰਥਕਾਂ ਨਾਲ ਇਸ ਪਾਰਟੀ ਵਿੱਚ ਸ਼ਮੂਲੀਅਤ ਕੀਤੀ ਹੈ।

## ਸ੍ਰੀ ਹਨੂਮਾਨ ਮੰਦਰ ਵਿਖੇ ਰਮਾਇਣ ਪਾਠ ਜਾਰੀ



**ਜਲਾਲਾਬਾਦ (ਬਲਵਿੰਦਰ ਸਿੰਘ)**-ਸ੍ਰੀ ਹਨੂਮਾਨ ਮੰਦਰ ਤਹਿਸੀਲ ਰੋਡ ਜਲਾਲਾਬਾਦ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ੍ਰੀ ਰਾਮ ਪਰਿਵਾਰ ਦੀ ਮੂਰਤੀ ਸਥਾਪਨਾ ਦਿਵਸ ਨੂੰ ਸਮਰਪਤ ਸ੍ਰੀ ਰਮਾਇਣ ਪਾਠਾਂ ਦਾ ਧਾਰਮਿਕ ਸਮਾਗਮ ਸ਼ਰਧਾ ਤੇ ਭਗਤੀ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਮੰਦਰ ਵਿਖੇ 12 ਸਤੰਬਰ ਤੋਂ 20 ਸਤੰਬਰ ਤੱਕ ਸ੍ਰੀ ਰਮਾਇਣ ਦੇ ਪਾਠਾਂ ਦਾ ਆਯੋਜਨ ਕੀਤਾ ਗਿਆ ਹੈ। ਇਨ੍ਹਾਂ ਪਾਠਾਂ ਦੌਰਾਨ ਸੰਗਤਾਂ ਵੱਲੋਂ ਵੱਡੀ ਸ਼ਰਧਾ ਨਾਲ ਪ੍ਰਭੂ ਸ੍ਰੀ ਰਾਮ ਜੀ ਦਾ ਗੁਣਗਾਨ ਕੀਤਾ ਜਾ ਰਿਹਾ ਹੈ ਤੇ ਮੰਦਰ ਦਾ ਵਾਤਾਵਰਨ ਭਗਤੀਮਈ ਬਣਿਆ ਹੋਇਆ ਹੈ।ਮੰਦਰ ਪ੍ਰਬੰਧਕਾਂ ਨੇ ਦੱਸਿਆ ਕਿ ਸ੍ਰੀ ਰਾਮ ਜੀ ਦੇ ਜੀਵਨ ਤੋਂ ਮਨੁੱਖ ਨੂੰ ਸੱਚ, ਧਰਮ, ਮਰਿਆਦਾ, ਸੇਵਾ, ਸਦਭਾਵਨਾ ਤੇ ਨੇਕ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਮਿਲਦੀ ਹੈ।ਸਮਾਗਮ ਦੇ ਅੰਤਿਮ ਦਿਨ 20 ਸਤੰਬਰ ਨੂੰ ਸ੍ਰੀ ਰਮਾਇਣ ਦੇ ਰੱਖੇ ਗਏ 60 ਪਾਠਾਂ ਦੇ ਭੋਗ ਪਾਏ ਜਾਣਗੇ। ਭੋਗ ਉਪਰੰਤ ਮੰਦਰ ਵਿਖੇ ਸੰਗਤਾਂ ਲਈ ਅਤੁੱਟ ਲੰਗਰ ਵਰਤਾਇਆ ਜਾਵੇਗਾ। ਇਸ ਮੌਕੇ ਸ੍ਰੀ ਹਨੂਮਾਨ ਮੰਦਰ ਤਹਿਸੀਲ ਰੋਡ ਜਲਾਲਾਬਾਦ ਦੇ ਪ੍ਰਧਾਨ ਸ਼੍ਰੀ ਰੋਹਿਤ ਚਕਤੀ, ਮੰਦਰ ਦੇ ਪੁਜਾਰੀ ਪੰਡਿਤ ਸੂਰਿਆ ਤ੍ਰਿਪਾਠੀ ਅਤੇ ਇਸਤਰੀ ਸਭਾ ਦੀ ਪ੍ਰਧਾਨ ਸ਼੍ਰੀਮਤੀ ਸੰਤੋਸ਼ ਵਾਟਸ ਸਮੇਤ ਮੰਦਰ ਪ੍ਰਬੰਧਕਾਂ ਨੇ ਸੰਗਤਾਂ ਨਾਲ ਸ੍ਰੀ ਰਾਮ ਚੰਦਰ ਜੀ ਦੇ ਜੀਵਨ ਤੇ ਉਨ੍ਹਾਂ ਵੱਲੋਂ ਦਰਸਾਏ ਗਏ ਆਦਰਸ਼ਾਂ ਬਾਰੇ ਵਿਚਾਰ ਸਾਂਝੇ ਕੀਤੇ।

## ਦਸਮੇਸ਼ ਮਿਸ਼ਨ ਸਕੂਲ ਹਰੀ ਨੌ ਵਿਖੇ ਸਵੱਛਤਾ ਪੱਖਵਾੜਾ ਮਨਾਇਆ




**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਸਵੱਛਤਾ ਪਖਵਾੜਾ ਉਤਸ਼ਾਹ ਨਾਲ ਮਨਾਇਆ ਗਿਆ।ਇਸ ਤਹਿਤ ਸਕੂਲ ਅਸੈਂਬਲੀ ਦੌਰਾਨ ਵਿਦਿਆਰਥੀਆਂ ਨੂੰ ਨਿੱਜੀ ਸਫ਼ਾਈ ਤੇ ਸਵੱਛਤਾ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਬੱਚਿਆਂ ਨੂੰ ਆਪਣੇ ਸਰੀਰ, ਕੱਪੜਿਆਂ ਤੇ ਆਲੇ-ਦੁਆਲੇ ਦੀ ਸਫ਼ਾਈ ਰੱਖਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਨਿੱਜੀ ਸਫ਼ਾਈ ਦੇ ਸਿਹਤ ਲਈ ਲਾਭ ਵੀ ਦੱਸੇ ਗਏ।ਇਸ ਮੌਕੇ ਵਿਦਿਆਰਥੀਆਂ ਵੱਲੋਂ ਸਫ਼ਾਈ ਨਾਲ ਸਬੰਧਤ ਵੱਖ-ਵੱਖ ਚਾਰਟ ਤਿਆਰ ਕੀਤੇ ਗਏ, ਜਿਨ੍ਹਾਂ ਰਾਹੀਂ ਸਵੱਛਤਾ ਦਾ ਸੰਦੇਸ਼ ਦਿੱਤਾ ਗਿਆ।ਇਸ ਤੋਂ ਇਲਾਵਾ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਸ਼੍ਰੀਮਤੀ ਸ਼ਮਿੰਦਰ ਕੌਰ ਵੱਲੋਂ ਦੱਸਿਆ ਗਿਆ ਕਿ ਸਕੂਲ ਵੱਲੋਂ ਸਵੱਛਤਾ ਨੂੰ ਉਤਸ਼ਾਹਤ ਕਰਨ ਲਈ ਐਕਸ਼ਨ ਪਲਾਨ ਵੀ ਤਿਆਰ ਕੀਤਾ ਗਿਆ, ਜਿਸ ਤਹਿਤ ਵਿਦਿਆਰਥੀਆਂ ਨੂੰ ਸਫ਼ਾਈ ਪ੍ਰਤੀ ਜਾਗਰੂਕ ਕਰਨ ਤੇ ਸਾਫ਼-ਸੁਥਰਾ ਵਾਤਾਵਰਨ ਬਣਾਈ ਰੱਖਣ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਸੁਰਿੰਦਰ ਕੌਰ, ਪ੍ਰਿੰਸੀਪਲ ਸ਼੍ਰੀਮਤੀ ਸੋਮਾ ਦੇਵੀ ਨੇ ਵਿਦਿਆਰਥੀਆਂ ਨੂੰ ਸਵੱਛਤਾ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ ਤੇ ਸਾਫ਼-ਸੁਥਰਾ ਸਕੂਲ, ਸਿਹਤਮੰਦ ਜੀਵਨ ਦੇ ਸੰਦੇਸ਼ ਨੂੰ ਅਮਲ ਵਿੱਚ ਲਿਆਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਕੋਆਰਡੀਨੇਟਰ ਸ੍ਰੀਮਤੀ ਸਤਵਿੰਦਰ ਕੌਰ ਤੇ ਹੋਰ ਅਧਿਆਪਕ ਹਾਜ਼ਰ ਸਨ।

## ਡੀ ਏ ਵੀ ਕਾਲਜ ਫਾਰ ਵੂਮੈਨ ਵਿਖੇ ਪੁਸਤਕ ਪ੍ਰਦਰਸ਼ਨੀ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡੀਏਵੀ ਕਾਲਜ ਫਾਰ ਵੂਮੈਨ, ਫਿਰੋਜ਼ਪੁਰ ਛਾਉਣੀ ਵਿਖੇ ਹਿੰਦੀ ਵਿਭਾਗ ਵੱਲੋਂ ਹਿੰਦੀ ਦਿਵਸ ਦਾ ਆਯੋਜਨ ਉਤਸ਼ਾਹ ਤੇ ਸਾਹਿਤਕ ਗਰਿਮਾ ਨਾਲ ਕੀਤਾ ਗਿਆ। ਇਹ ਦਿਵਸ ਹਿੰਦੀ ਭਾਸ਼ਾ ਪ੍ਰਤੀ ਸਨਮਾਨ ਤੇ ਮਾਣ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਮਨਾਇਆ ਗਿਆ। ਇਸ ਮੌਕੇ ਹਿੰਦੀ ਵਿਭਾਗ ਵੱਲੋਂ ਆਯੋਜਿਤ ਹਿੰਦੀ ਦਿਵਸ ਸਮਾਰੋਹ ਦੇ ਅੰਤਰਗਤ ਮਹਾਤਮਾ ਹੰਸ ਰਾਜ ਲਾਇਬ੍ਰੇਰੀ ਤੇ ਰੀਡਰਜ਼ ਕਲੱਬ ਵੱਲੋਂ ਹਿੰਦੀ ਸਾਹਿਤ ਪੁਸਤਕ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ। ਪ੍ਰਦਰਸ਼ਨੀ ਵਿਚ ਹਿੰਦੀ ਸਾਹਿਤ ਨਾਲ ਸੰਬੰਧਤ ਵੱਖ-ਵੱਖ ਪੁਸਤਕਾਂ ਪ੍ਰਦਰਸ਼ਤ ਕੀਤੀਆਂ ਗਈਆਂ, ਜਿਨ੍ਹਾਂ ਵਿਚ ਨਾਵਲ, ਕਹਾਣੀਆਂ, ਕਵਿਤਾਵਾਂ ਤੇ ਕਾਵਿ-ਸੰਗ੍ਰਹਿ, ਨਾਟਕ, ਜੀਵਨੀਆਂ ਅਤੇ ਸਵੈ-ਜੀਵਨੀਆਂ, ਸਾਹਿਤਕ ਆਲੋਚਨਾ ਤੇ ਪ੍ਰਸਿੱਧ ਸਾਹਿਤਕਾਰਾਂ ਦੀਆਂ ਰਚਨਾਵਾਂ ਪ੍ਰਮੁੱਖ ਸਨ। ਪੁਸਤਕ ਪ੍ਰਦਰਸ਼ਨੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਪੜ੍ਹਨ ਦੀ ਸੰਸਕ੍ਰਿਤੀ ਨੂੰ ਉਤਸ਼ਾਹਿਤ ਕਰਨਾ ਅਤੇ ਹਿੰਦੀ ਸਾਹਿਤ ਪ੍ਰਤੀ ਰੁਚੀ ਪੈਦਾ ਕਰਨਾ ਸੀ। ਪ੍ਰਦਰਸ਼ਨੀ ਰਾਹੀਂ ਵਿਦਿਆਰਥੀਆਂ ਨੂੰ ਹਿੰਦੀ ਸਾਹਿਤ ਦੀ ਸਮ੍ਰਿੱਧ ਪਰੰਪਰਾ ਨਾਲ ਜਾਣੂ ਹੋਣ ਤੇ ਪੁਸਤਕਾਂ ਦੇ ਨਿਯਮਿਤ ਪਾਠਨ ਲਈ ਪ੍ਰੇਰਿਤ ਹੋਣ ਦਾ ਮੌਕਾ ਮਿਲਿਆ। ਸਮੁੱਚੇ ਪ੍ਰੋਗਰਾਮ ਤੇ ਪੁਸਤਕ ਪ੍ਰਦਰਸ਼ਨੀ ਦਾ ਆਯੋਜਨ ਪ੍ਰਿੰਸੀਪਲ ਡਾ. ਸੀਮਾ ਅਰੋੜਾ ਦੇ ਮਾਰਗਦਰਸ਼ਨ ਅਤੇ ਸਹਿਯੋਗ ਨਾਲ ਸਫਲਤਾਪੂਰਵਕ ਸੰਪੰਨ ਹੋਇਆ। ਉਨ੍ਹਾਂ ਦੇ ਨਿਰੰਤਰ ਪ੍ਰੋਤਸਾਹਨ ਨੇ ਇਸ ਆਯੋਜਨ ਨੂੰ ਪ੍ਰਭਾਵਸ਼ਾਲੀ ਤੇ ਸਾਰਥਕ ਬਣਾਉਣ ਵਿਚ ਮਹੱਤਵਪੂਰਨ ਯੋਗਦਾਨ ਪਾਇਆ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਸਿਆਸੀ ਅਧਾਰ 'ਤੇ ਕੀਤੀ ਬਦਲੀ ਖਿਲਾਫ ਬਿਜਲੀ ਕਾਮਿਆਂ ਵੱਲੋਂ ਰੋਸ ਪ੍ਰਦਰਸ਼ਨ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)-** ਟੈਕਨੀਕਲ ਸਰਵਿਸ ਯੂਨੀਅਨ (ਭੰਗਲ) ਅਤੇ ਟੈਕਨੀਕਲ ਸਰਵਿਸ ਯੂਨੀਅਨ (ਖੰਨਾ) ਵੱਲੋਂ ਸਾਂਝੇ ਤੌਰ ਤੇ ਸਬ ਡਿਵੀਜ਼ਨ ਦਫਤਰ ਹਰਸ਼ਾ



ਛੀਨਾ ਵਿਖੇ ਸਾਥੀ ਜੁਗਰਾਜ ਸਿੰਘ ਲਾਈਨਮੈਨ ਦੀ ਸਿਆਸੀ ਅਧਾਰ ਤੇ ਕੀਤੀ ਗਈ ਬਦਲੀ ਖਿਲਾਫ ਗੇਟ ਰੈਲੀ ਕਰਕੇ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਰੈਲੀ ਨੂੰ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਵੱਲੋਂ ਸਿਆਸੀ ਅਧਾਰ ਤੇ ਕੀਤੀ ਗਈ ਬਦਲੀ ਦੀ ਕਰੜੇ ਸ਼ਬਦਾਂ 'ਚ ਨਿਖੇਧੀ ਕੀਤੀ ਗਈ ਅਤੇ ਮੰਗ ਕੀਤੀ ਗਈ ਦਫਤਰ ਵਿੱਚ ਪਹਿਲਾਂ ਹੀ ਭਾਰੀ ਸਟਾਫ ਦੀ ਘਾਟ ਕਾਰਨ ਬਿਜਲੀ ਕਾਮਿਆਂ ਤੇ ਭਾਰੀ ਵਰਕਲੋਡ ਹੋਣ ਕਾਰਨ ਬਿਜਲੀ ਕਾਮੇ ਬਿਨਾਂ ਕਿਸੇ ਕਾਰਨ ਤੇ ਕੀਤੀ ਗਈ ਬਦਲੀ ਨੂੰ ਕਿਸੇ ਹਾਲ ਵਿੱਚ ਵੀ ਬਰਦਾਸ਼ਤ ਨਹੀਂ ਕਰਨਗੇ।ਉਨ੍ਹਾਂ ਕਿਹਾ ਕਿ ਜੇਕਰ ਇਹ ਬਦਲੀ ਰੱਦ ਨਾ ਕੀਤੀ ਗਈ ਤਾਂ ਬਿਜਲੀ ਕਾਮੇ ਤਿੱਖਾ ਸੰਘਰਸ਼ ਕਰਨਗੇ। ਜਥੇਬੰਦੀਆਂ ਵੱਲੋਂ ਅਗਲੇ ਸੰਘਰਸ਼ ਦਾ ਨੋਟਿਸ ਦਿੰਦਿਆਂ ਮਿਤੀ 22/9/26 ਨੂੰ ਵਿਸ਼ਾਲ ਅਤੇ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਜੇਕਰ ਅਧਿਕਾਰੀਆਂ ਵੱਲੋਂ ਸਾਥੀ ਨੂੰ ਜਬਰੀ ਰਲੀਵ ਕੀਤਾ ਜਾਂਦਾ ਹੈ ਤਾਂ ਸਬ ਡਵੀਜ਼ਨ ਦਾ ਕੰਮ ਠੱਪ ਕਰਕੇ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਤੋਂ ਨਿਕਲਣ ਵਾਲੇ ਸਿੱਟਿਆਂ ਲਈ ਪੰਜਾਬ ਸਰਕਾਰ, ਮੈਨੇਜਮੈਂਟ ਅਤੇ ਅਧਿਕਾਰੀ ਜ਼ਿੰਮੇਵਾਰ ਹੋਣਗੇ।ਇਸ ਗੇਟ ਰੈਲੀ ਨੂੰ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ, ਸਬ ਡਵੀਜਨ ਪ੍ਰਧਾਨ ਜੁਗਰਾਜ ਸਿੰਘ ਛੀਨਾ, ਸਬ ਡਵੀਜਨ ਪ੍ਰਧਾਨ ਗੁਰਪ੍ਰਤਾਪ ਸਿੰਘ ਅਦਲੀਵਾਲ, ਜਤਿੰਦਰ ਸਿੰਘ ਛੀਨਾ, ਪਰਮਿੰਦਰ ਸਿੰਘ ਅਦਲੀਵਾਲ, ਜਰਨੈਲ ਸਿੰਘ ਸੈਂਸਰਾ, ਸੰਦੀਪ ਸਿੰਘ, ਜਤਿੰਦਰ ਸਿੰਘ ਜੇ ਈ, ਮਨਪ੍ਰੀਤ ਜੇ ਈ, ਹਰਪ੍ਰੀਤ ਸਿੰਘ ਜੇਈ, ਜਸਪਾਲ ਸਿੰਘ ਅਤੇ ਰੋਹਿਤ ਮੰਡਲ ਨੇ ਸੰਬੋਧਨ ਕੀਤਾ।

# ਸਪਰਿੰਗ ਬਰਡਜ਼ ਸਕੂਲ ਦੀ ਅੰਡਰ-18 ਲੜਕੀਆਂ ਦੀ ਰਗਬੀ ਟੀਮ ਵੱਲੋਂ ਦੂਜਾ ਸਥਾਨ ਹਾਸਲ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-** ਸੀਨੀਅਰ ਸੈਕੰਡਰੀ ਰਿਹਾਇਸ਼ੀ ਸਕੂਲ ਫਾਰ ਮੈਰੀਟੋਰੀਅਸ ਸਟੂਡੈਂਟਸ, ਅੰਮ੍ਰਿਤਸਰ ( ਵਿਖੇ ਅਸਮਿਤਾ ਖੇਲੋ ਇੰਡੀਆ ਵੱਲੋਂ ਰਗਬੀ




ਟੂਰਨਾਮੈਂਟ ਕਰਵਾਇਆ ਗਿਆ।ਇਸ ਟੂਰਨਾਮੈਂਟ ਵਿੱਚ ਵੱਖ-ਵੱਖ ਸਕੂਲਾਂ ਦੀਆਂ ਕਈ ਟੀਮਾਂ ਨੇ ਉਤਸ਼ਾਹ ਨਾਲ ਭਾਗ ਲਿਆ। ਸਾਰੇ ਮੁਕਾਬਲੇ ਬੇਹੱਦ ਰੋਮਾਂਚਕ ਰਹੇ ਅਤੇ ਖਿਡਾਰਨਾਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਟੂਰਨਾਮੈਂਟ ਵਿੱਚ ਸਪਰਿੰਗ ਬਰਡਜ਼ ਸਕੂਲ, ਖਜਾਲਾ ਦੀ ਅੰਡਰ-18 ਲੜਕੀਆਂ ਦੀ ਰਗਬੀ ਟੀਮ ਨੇ ਵੀ ਪੂਰੇ ਜੋਸ਼ ਅਤੇ ਆਤਮ-ਵਿਸ਼ਵਾਸ ਨਾਲ ਭਾਗ ਲਿਆ।ਟੀਮ ਦੀਆਂ ਖਿਡਾਰਨਾਂ ਨੇ ਸ਼ੁਰੂ ਤੋਂ ਹੀ ਵਧੀਆ ਖੇਡ ਦਾ ਪ੍ਰਦਰਸ਼ਨ ਕਰਦਿਆਂ ਆਪਣੇ ਮੁਕਾਬਲੇ ਜਿੱਤੇ ਅਤੇ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਫਾਈਨਲ ਮੁਕਾਬਲੇ ਵਿੱਚ ਆਪਣੀ ਜਗ੍ਹਾ ਬਣਾਈ।ਫਾਈਨਲ ਮੁਕਾਬਲੇ ਵਿੱਚ ਸਪਰਿੰਗ ਬਰਡਜ਼ ਸਕੂਲ ਦੀ ਟੀਮ ਨੇ ਪੂਰੀ ਮਿਹਨਤ, ਅਨੁਸ਼ਾਸਨ ਅਤੇ ਟੀਮ ਵਰਕ ਨਾਲ ਖੇਡਦਿਆਂ ਵਿਰੋਧੀ ਟੀਮ ਨੂੰ ਸਖ਼ਤ ਟੱਕਰ ਦਿੱਤੀ। ਅੰਤ ਵਿੱਚ ਟੀਮ ਨੇ ਦੂਜਾ ਸਥਾਨ ਹਾਸਲ ਕਰਕੇ ਸਿਲਵਰ ਮੈਡਲ ਆਪਣੇ ਨਾਮ ਕੀਤਾ।ਇਹ ਪ੍ਰਾਪਤੀ ਸਕੂਲ ਲਈ ਬਹੁਤ ਮਾਣ ਵਾਲੀ ਗੱਲ ਹੈ।ਇਸ ਸ਼ਾਨਦਾਰ ਸਫਲਤਾ 'ਤੇ ਸਕੂਲ ਦੀ ਪ੍ਰਿੰਸੀਪਲ ਮੈਡਮ ਗੁਰਪ੍ਰੀਤ ਕੌਰ, ਐੱਮ. ਡੀ. ਪਰਮਿੰਦਰ ਸਿੰਘ ਅਤੇ ਕੋਚ ਮਨਵਿੰਦਰ ਸਿੰਘ ਨੇ ਸਾਰੀਆਂ ਖਿਡਾਰਨਾਂ ਨੂੰ ਦਿਲੋਂ ਵਧਾਈ ਦਿੱਤੀ।

ਉਨ੍ਹਾਂ ਨੇ ਖਿਡਾਰਨਾਂ ਦੀ ਮਿਹਨਤ, ਲਗਨ ਅਤੇ ਹੌਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸਫਲਤਾ ਉਨ੍ਹਾਂ ਦੀ ਨਿਰੰਤਰ ਮਿਹਨਤ ਅਤੇ ਟੀਮ ਭਾਵਨਾ ਦਾ ਨਤੀਜਾ ਹੈ।ਸਪਰਿੰਗ ਬਰਡਜ਼ ਸਕੂਲ ਪਰਿਵਾਰ ਵੱਲੋਂ ਪੂਰੀ ਰਗਬੀ ਟੀਮ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਬਹੁਤ-ਬਹੁਤ ਮੁਬਾਰਕਾਂ ਅਤੇ ਭਵਿੱਖ ਵਿੱਚ ਹੋਰ ਵੱਡੀਆਂ ਸਫਲਤਾਵਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਸਨਮਾਨਾਂ 'ਚ ਹੋਰ ਇਜ਼ਾਫਾ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)** ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਨੇ ਆਪਣੀਆਂ ਪ੍ਰਾਪਤੀਆਂ ਵਿੱਚ ਇੱਕ ਨਵਾਂ ਅਧਿਆਏ ਜੁੜਦਿਆਂ ਸਕੂਲ ਲਈ ਇਹ ਬੜੀ ਮਾਣ ਤੇ ਖੁਸ਼ੀ ਵਾਲੀ ਗੱਲ ਰਹੀ ਕਿ ਸਕੂਲ ਨੂੰ ਸੈਂਟਰ ਆਫ ਐਜੂਕੇਸ਼ਨਲ ਡਿਵੈਲਪਮੈਂਟ (ਨੋਇਡਾ) ਭਾਰਤ ਵੱਲੋਂ 5 ਸਟਾਰ ਰੇਟਿੰਗ ਸਕੂਲ ਐਵਾਰਡ 2026 ਦੇ ਨਾਲ ਸਨਮਾਨਿਤ ਕੀਤਾ ਗਿਆ।ਇਹ ਐਵਾਰਡ ਸਕੂਲ ਦੀ ਮਿਆਰੀ ਸਿੱਖਿਆ, ਨਵੀਨਤਾ ਉੱਤਮਤਾ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਪ੍ਰਤੀ ਸਕੂਲ ਦੀ ਅਟੁੱਟ ਮਿਹਨਤ ਦਾ ਪ੍ਰਮਾਣ ਹੈ।ਇਸ ਮਾਣ ਨੂੰ ਹੋਰ ਵਧਾਉਂਦਿਆਂ ਹੋਇਆਂ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾਕਟਰ ਅਮਰਪ੍ਰੀਤ ਕੌਰ ਨੂੰ ਉਨ੍ਹਾਂ ਦੀ ਦੂਰ ਅੰਦੇਸ਼ੀ ਅਗਵਾਈ, ਸਮਰਪਣ, ਮਿਹਨਤ, ਸਿੱਖਿਆ ਦੇ ਖੇਤਰ ਵਿੱਚ ਨਵੀਨਤਾ ਅਤੇ ਸਿੱਖਿਆ ਦੇ ਖੇਤਰ ਵਿੱਚ ਅਰਥ ਪੂਰਨ ਤਬਦੀਲੀ ਲਿਆਉਣ ਵਿੱਚ ਪਾਏ ਯੋਗਦਾਨ ਲਈ ਗਲੋਬਲ ਐਜੂਕੇਸ਼ਨ ਲੀਡਰਸ਼ਿਪ ਅਵਾਰਡ 2026 ਦੇ ਨਾਲ ਸਨਮਾਨਿਤ ਕੀਤਾ ਗਿਆ।ਸਕੂਲ ਲਈ ਇੱਕ ਹੋਰ



ਮਾਣ ਗੌਰਵਪੂਰਨ ਰਿਹਾ ਕਿ 354 ਦੁਆਰਾ ਪ੍ਰਕਾਸ਼ਿਤ 'ਲੀਡਰਜ਼ ਆਫ ਲਰਨਿੰਗ-ਇੰਡੀਆ ਵਨ ਸੀ. ਈ. ਡੀ. ਗਲੋਬਲ 2026. ਦੀ ਟੇਬਲ ਬੁੱਕ ਵਿੱਚ ਸੇਂਟ ਸੋਲਜਰ ਸਕੂਲ ਦੀਆਂ ਪ੍ਰਾਪਤੀਆਂ ਅਤੇ ਸ਼ਾਨਦਾਰ ਵਿੱਦਿਅਕ ਸਫਰ ਨੂੰ ਦਰਸਾਉਂਦਾ ਹੋਇਆ ਇੱਕ ਲੇਖ ਪ੍ਰਕਾਸ਼ਿਤ ਕੀਤਾ ਗਿਆ।ਸਾਰੇ ਸਟਾਫ ਅਤੇ ਵਿਦਿਆਰਥੀਆਂ ਨੇ ਇਨ੍ਹਾਂ ਪ੍ਰਭਾਵਸ਼ਾਲੀ ਐਵਾਰਡ ਮਿਲਣ ਤੇ ਖੁਸ਼ੀ ਦਾ ਇਜ਼ਹਾਰ ਕੀਤਾ ਅਤੇ ਭਰਪੂਰ ਜਸ਼ਨ ਮਨਾਇਆ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਇਨ੍ਹਾਂ ਪ੍ਰਾਪਤੀਆਂ ਲਈ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ .ਅਮਰਪ੍ਰੀਤ ਕੌਰ ਜੀ ਅਤੇ ਸਮੂਹ ਸਟਾਫ ਦੀ ਮਿਹਨਤ ਲਗਨ ਅਤੇ ਨਵੀਨਤਮ ਤਰੀਕੇ ਨਾਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਕਰਨ ਲਈ ਸਭ ਦੀ ਭਰਪੂਰ ਸਰਾਹਨਾ ਕੀਤੀ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ, ਕੁਆਡੀਨੇਟਰ ਮਮਤਾ ਅਰੋੜਾ, ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਧਰਨਾ



**ਬਿਆਸ (ਪਰਮਜੀਤ ਸਿੰਘ ਰੱਖੜਾ)** ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਸੋਮਵਾਰ ਸੀਨੀਅਰ ਕਾਰਜਕਾਰੀ ਇੰਜੀ. ਪੰਜਾਬ ਰਾਜ ਬਿਜਲੀ ਬੋਰਡ ਦਫਤਰ ਮੰਡਲ ਬਿਆਸ ਵਿਖੇ ਬਿਜਲੀ ਦੀ ਮਾੜੀ ਸਪਲਾਈ ਸੰਬੰਧੀ ਅਤੇ ਹੋਰੀਆਂ ਮੁਸ਼ਕਲਾਂ ਦੇ ਵਿਰੋਧ ਵਿਚ ਰੋਸ ਧਰਨਾ ਲਗਾਇਆ ਗਿਆ, ਜਿਸ ਵਿਚ ਸੰਯੁਕਤ ਕਿਸਾਨ ਮੋਰਚੇ ਨਾਲ ਸੰਬੰਧਤ ਸਾਰੀਆਂ ਜਥੇਬੰਦੀਆਂ ਨੇ ਵੱਡੇ ਪੱਧਰ 'ਤੇ ਸ਼ਮੂਲੀਅਤ ਕੀਤੀ ਅਤੇ ਬਿਜਲੀ ਦੀ ਮਾੜੀ ਸਪਲਾਈ ਦੇ ਵਿਰੋਧ ਵਿਚ ਭਾਰੀ ਨਾਅਰੇਬਾਜ਼ੀ ਕੀਤੀ ਗਈ। ਮੁੱਖ ਮੰਤਰੀ ਪੰਜਾਬ ਨੂੰ ਸੰਬੋਧਤ ਮੰਗ ਪੱਤਰ ਸੀਨੀਅਰ ਕਾਰਜਕਾਰੀ ਇੰਜੀਨੀਅਰ ਰਈਆ ਮੰਡਲ ਬਿਆਸ ਨੂੰ ਦਿੱਤਾ ਗਿਆ। ਇਸ ਸਮੇਂ ਹੋਰਨਾਂ ਤੋਂ ਇਲਾਵਾ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਵੱਲੋਂ ਜ਼ਿਲ੍ਹਾ ਜਨਰਲ ਸਕੱਤਰ ਜੋਗਿੰਦਰ ਸਿੰਘ ਧਿਆਨਪੁਰ, ਨਿਰਮਲ ਸਿੰਘ ਭਿੰਡਰ, ਦਲਬੀਰ ਸਿੰਘ ਬਦਾਵਪੁਰ, ਸੁਖਦੇਵ ਸਿੰਘ ਵਿਰਕ, ਸੁਰਜੀਤ ਸਿੰਘ ਭੋਜ਼ਵਾਲ, ਸੁਖਵਿੰਦਰ ਸਿੰਘ ਧਨਾਲ, ਜਸਵੰਤ ਸਿੰਘ ਕਾਲੇਕੇ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਵੱਲੋਂ ਗੁਰਦੇਵ ਸਿੰਘ ਬੁਤਾਲਾ, ਕੈਪਟਨ ਭਗਵੰਤ ਸਿੰਘ ਜੱਲੂਪੁਰ, ਨਰਿੰਦਰ ਸਿੰਘ ਵਡਾਲਾ, ਜਮਹੂਰੀ ਕਿਸਾਨ ਸਭਾ ਵੱਲੋਂ ਹਰਭਜਨ ਸਿੰਘ ਫੇਰੂਮਾਨ, ਅਜੈਬ ਸਿੰਘ ਧਰਦਿਉ, ਧਰਮ ਸਿੰਘ ਗੱਗੜਭਾਣਾ, ਮੰਗਲ ਸਿੰਘ ਰਈਆ ਖੁਰਦ, ਸੁਖਵਿੰਦਰ ਸਿੰਘ ਨਿੱਜਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਮੈਂਬਰ ਹਾਜ਼ਰ ਸਨ।

# ਬਿਜਲੀ ਦੇ ਲੰਮੇ ਕੱਟਾਂ ਖ਼ਿਲਾਫ਼ ਸੰਯੁਕਤ ਕਿਸਾਨ ਮੋਰਚੇ ਨੇ ਐੱਸ ਈ ਦਫਤਰ ਦਿੱਤਾ ਰੋਸ ਧਰਨਾ

**ਤਰਨਤਾਰਨ (ਪ੍ਰਿਤਪਾਲ ਸਿੰਘ)-** ਬੀਤੇ ਕੁੱਝ ਦਿਨਾਂ ਤੋਂ ਬਿਜਲੀ ਦੇ ਲਗਾਤਾਰ ਜਾ ਰਹੇ ਲੰਮੇ ਕੱਟਾਂ ਕਾਰਨ ਝੋਨੇ ਦੀ ਫ਼ਸਲ ਦੇ ਹੋ ਰਹੇ ਵੱਡੇ ਨੁਕਸਾਨ ਦੇ ਖ਼ਿਲਾਫ਼ ਪਾਵਰਕਾਮ ਅਦਾਰੇ ਅਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਦੇਣ ਲਈ ਸੰਯੁਕਤ ਕਿਸਾਨ ਮੋਰਚੇ ਦੀ ਸਥਾਨਕ ਜ਼ਿਲ੍ਹਾ ਇਕਾਈ ਨੇ ਸੰਯੁਕਤ ਕਿਸਾਨ ਮੋਰਚੇ ਦੇ ਸੂਬਾ ਪੱਧਰੀ ਸੱਦੇ ਤੇ ਸੋਮਵਾਰ ਨੂੰ ਪਾਵਰਕਾਮ ਦੇ ਐੱਸ ਈ ਦਫਤਰ ਵਿਖੇ ਇਕੱਠੇ ਹੋ ਕੇ ਮਾਸਟਰ ਦਲਜੀਤ ਸਿੰਘ ਦਿਆਲਪੁਰਾ ਦੀ ਪ੍ਰਧਾਨਗੀ ਹੇਠ ਰੋਸ ਧਰਨਾ ਲਗਾ ਕੇ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਮੌਕੇ ਝੋਨੇ ਦੀ ਤਿਆਰ ਹੋ ਚੁੱਕੀ ਫ਼ਸਲ ਜੋ ਬਿਜਲੀ ਦੇ ਲੰਮੇ ਕੱਟਾਂ ਕਾਰਨ ਬਰਬਾਦ ਹੋ ਰਹੀ ਫ਼ਸਲ ਤੋਂ ਰੋਸ ਵਿੱਚ ਲਾਲ ਪੀਲੇ ਹੋਏ ਕਿਸਾਨ ਆਗੂਆਂ ਨੇ ਪਾਵਰਕਾਮ ਅਦਾਰੇ ਅਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ ਦੋ ਦਿਨਾਂ ਵਿੱਚ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਕੀਤਾ ਗਿਆ ਤਾਂ ਅਗਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਆਗੂਆਂ ਨੇ ਬਿਜਲੀ ਦੇ ਲੱਗ ਰਹੇ ਲੰਮੇ ਕੱਟਾਂ ਨੂੰ ਪਾਵਰਕੌਮ ਅਦਾਰੇ ਅਤੇ ਪੰਜਾਬ ਸਰਕਾਰ ਦੀ ਨਾਕਾਮੀ ਦੱਸਦੇ ਹੋਏ ਲੋਕਾਂ ਨੂੰ ਪੰਜਾਬ ਸਰਕਾਰ ਖ਼ਿਲਾਫ਼ ਵੱਡੀ ਲਾਮਬੰਦੀ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਗੰਡੀਵਿੰਡ, ਗੁਰਚਰਨ ਸਿੰਘ ਸਭਰਾ, ਸੁਖਬਾਜ ਸਿੰਘ ਸਿੱਧੂ, ਸਰਦਾਰਾ ਸਿੰਘ ਸਖੀਰਾ, ਨਿਰੰਜਨ ਸਿੰਘ ਚਾਹਲ, ਪ੍ਰਮਜੀਤ ਸਿੰਘ ਚੰਬਾ, ਦਵਿੰਦਰ ਸਿੰਘ ਗਰੇਵਾਲ, ਮੁਖਤਾਰ ਸਿੰਘ ਮੱਲਾ, ਦਵਿੰਦਰ ਸੋਹਲ ਆਦਿ ਨੇ ਵੀ ਸੰਬੋਧਨ ਕੀਤਾ।

# ਸੰਤ ਬਾਬਾ ਕੁੰਦਨ ਸਿੰਘ ਪੰਜਵੜ ਵਾਲਿਆਂ ਦੀ ਸਾਲਾਨਾ ਬਰਸੀ ਮੌਕੇ ਸਮਾਗਮ

**ਝਬਾਲ, (ਹਰਜਿੰਦਰ ਸਿੰਘ ਸੋਨੀ)-** ਬ੍ਰਹਮ ਗਿਆਨੀ ਸੱਚਖੰਡ ਵਾਸੀ ਸੰਤ ਬਾਬਾ ਕੁੰਦਨ ਸਿੰਘ ਦੇ 32ਵੇਂ ਸਾਲਾਨਾ ਬਰਸੀ ਸਮਾਗਮ ਬਾਬਾ ਸੁਲੱਖਣ ਸਿੰਘ ਪੰਜਵੜ ਕਾਰ ਸੇਵਾ



ਸੰਪ੍ਰਦਾਇ ਪੰਜਵੜ ਵਾਲਿਆਂ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਨਗਰ ਇਲਾਕੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਏ ਗਏ।ਖੁੱਲੇ ਪੰਡਾਲ ਵਿੱਚ ਸਜਾਏ ਗਏ ਦੀਵਾਨ ਵਿੱਚ ਢਾਡੀ ਭਾਈ ਕੁਲਵੰਤ ਸਿੰਘ ਪੱਤਰੀ, ਅਮਰੀਕਾ ਵਾਲੇ, ਕਵੀਸ਼ਰ ਭਾਈ ਗੁਰਨਾਮ ਸਿੰਘ ਮੱਲ੍ਹੀ, ਕਵੀਸ਼ਰ ਜੱਥਾ ਸਵਰਨ ਸਿੰਘ ਭੌਰ, ਗੁਰਚਰਨ ਸਿੰਘ ਚੰਨ ਧਾਰੀਵਾਲ, ਕਵੀਸ਼ਰ ਗੁਰਪ੍ਰੀਤ ਸਿੰਘ ਸਟੋਰੀਆਂ,ਢਾਡੀ ਨਿਰਮਲ ਸਿੰਘ ਜੇਠੂਵਾਲ, ਢਾਡੀ ਜੱਥਾ ਬਲਵੰਤ ਸਿੰਘ ਅਜਾਦ ਇਹਨਾਂ ਸਾਰੇ ਵਿਦਵਾਨਾਂ ਵੱਲੋਂ ਬ੍ਰਹਮ ਗਿਆਨੀ ਸੱਚਖੰਡ ਵਾਸੀ ਸ੍ਰੀਮਾਨ ਸੰਤ ਬਾਬਾ ਕੁੰਦਨ ਸਿੰਘ ਜੀ ਦਾ ਜੀਵਨ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਉਚੇਚੇ ਤੌਰ ਤੇ ਸੰਤਾਂ ਮਹਾਂਤਾਂ ਮਹਾਂਪੁਰਸ਼ਾਂ ਜਿਨ੍ਹਾਂ ਵਿੱਚ ਬਾਬਾ ਹੀਰਾ ਸਿੰਘ ਜੀ ਝੂਲਣੇ ਮਹਿਲ ਵਾਲੇ, ਬਾਬਾ ਹੀਰਾ ਸਿੰਘ ਬਾਬਾ ਖੁਸ਼ੀਆਂ ਦਾਸ ਵਾਲੇ, ਬਾਬਾ ਗੁਰਦੇਵ ਸਿੰਘ ਭੈਣੀ ਸਾਹਿਬ ਵਾਲੇ, ਬਾਬਾ ਗੁਰਸੇਵਕ ਸਿੰਘ ਮੁੱਖੀ ਜਨਮ ਅਸਥਾਨ ਮਾਤਾ ਭਾਗ ਕੌਰ ਸਾਹਿਬ ਜੀ, ਬਾਬਾ ਜਗਤਾਰ ਸਿੰਘ ਬਾਬਾ ਖੁਸ਼ੀਆਂ ਦਾਸ ਵਾਲਿਆਂ ਸਮੇਤ ਧਾਰਮਿਕ ਤੇ ਰਾਜਸੀ ਸ਼ਖ਼ਸੀਅਤਾਂ ਨੇ ਪਹੁੰਚ ਕੇ ਹਾਜ਼ਰੀ ਭਰੀ। ਠੰਢੇ ਮਿੱਠੇ ਜਲ ਦੀ ਛਬੀਲ ਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।ਇਸ ਮੌਕੇ ਮੁੱਖ ਸੇਵਾਦਾਰ ਸੰਤ ਬਾਬਾ ਸੁਲੱਖਣ ਸਿੰਘ ਤੋਂ ਇਲਾਵਾ ਸਾਬਕਾ ਸਰਪੰਚ ਬਾਬਾ ਗੁਲਾਬਬੀਰ ਸਿੰਘ, ਬਾਬਾ ਦੀਦਾਰ ਸਿੰਘ, ਨਵਜੋਤ ਸਿੰਘ ਕੁਹਾਲਾ, ਸਰਪੰਚ ਮਨਜੀਤ ਸਿੰਘ ਮੰਨਾ ਪੰਜਵੜ, ਰਾਣਾ ਮੱਜੂਪੁਰ, ਬਾਬਾ ਸੰਤੋਖ ਸਿੰਘ, ਜਸਵਿੰਦਰ ਸਿੰਘ ਕਾਲਾ ਪੰਜਵੜ੍ਹ, ਭਾਗਾ ਸੋਹਲ, ਸ਼ੈਲੀ ਸੋਹਲ, ਸਾਹਿਲ ਮੱਜੂਪੁਰ, ਰਤਨ ਸਿੰਘ ਲਾਲੂ ਘੁੰਮਣ ਅਤੇ ਹੋਰ ਵੀ ਬੇਅੰਤ ਸੇਵਾਦਾਰ ਸੰਗਤਾਂ ਹਾਜ਼ਰ ਸਨ।

# ਖਾਲਸਾ ਸਕੂਲ ਗੁਰਦਾਸਨੰਗਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਹਿਲਾ ਪ੍ਰਕਾਸ਼ ਪੁਰਬ ਮਨਾਇਆ



**ਧਾਰੀਵਾਲ, (ਮਨਦੀਪ ਵਿੱਕੀ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਸੰਸਥਾ ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸ ਨੰਗਲ ਵਿਖੇ ਜਗਤ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਪ੍ਰਿੰਸੀਪਲ ਬਿਕਰਮਜੀਤ ਸਿੰਘ ਦੇ ਪ੍ਰਬੰਧਾਂ ਹੇਠ ਕਰਵਾਏ ਸਮਾਗਮ ਦੌਰਾਨ ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਸੰਗਤੀ ਰੂਪ ਵਿੱਚ ਜਪੁਜੀ ਸਾਹਿਬ, ਚੌਪਈ ਸਾਹਿਬ ਅਤੇ ਛੇ ਪਾਉੜੀਆਂ ਅਨੰਦ ਸਾਹਿਬ ਜੀ ਦੇ ਪਾਠ ਕੀਤੇ ਗਏ। ਕੀਰਤਨ ਜਥੇ ਵੱਲੋਂ ਗੁਰਬਾਣੀ ਸ਼ਬਦ ਕੀਰਤਨ ਕੀਤਾ ਗਿਆ। ਉਪਰੰਤ ਵਿਦਿਆਰਥੀਆਂ ਨੇ ਕਵੀਸ਼ਰੀਆਂ ਦੁਆਰਾ ਸਿੱਖ ਇਤਿਹਾਸ ਬਾਰੇ ਜਾਣੂ ਕਰਵਾਇਆ। ਬੀਬੀ ਕੁਲਬੀਰ ਕੌਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਪੁਰਬ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਸਕੂਲ ਪ੍ਰਿੰਸੀਪਲ ਬਿਕਰਮਜੀਤ ਸਿੰਘ ਨੇ ਸੰਬੋਧਨ ਕਰਦਿਆਂ ਸਮੂਹ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਦਸ ਗੁਰੂਆਂ ਸਾਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਜੀਵਨ ਬਤੀਤ ਕਰਨ ਦਾ ਸੰਦੇਸ਼ ਦਿੱਤਾ। ਸਮਾਗਮ ਵਿੱਚ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਸ਼ਾਮਲ ਸਨ।

# ਈਟੀਓ ਦੇ ਘਰ ਅੱਗੇ ਪੱਕੇ ਮੋਰਚੇ 'ਚ ਸ਼ਾਮਲ ਹੋਣ ਲਈ ਬੀਬੀਆਂ ਦਾ ਜਥਾ ਰਵਾਨਾ



**ਚੋਹਲਾ ਸਾਹਿਬ (ਰਮਨ ਚੱਢਾ)-** ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ 'ਤੇ ਮੰਤਰੀ ਈਟੀਓ ਦੇ ਅੰਮ੍ਰਿਤਸਰ ਘਰ ਅੱਗੇ ਪੱਕੇ ਮੋਰਚੇ ਵਿੱਚ ਤਰਨ ਤਾਰਨ ਜ਼ਿਲ੍ਹੇ ਵਿਚੋਂ ਬੀਬੀਆਂ ਦਾ ਬਹੁਤ ਵੱਡਾ ਜਥਾ ਬੀਬੀ ਰਣਜੀਤ ਕੌਰ ਕੱਲਾ ਬੀਬੀ ਉਪਜੀਤ ਕੌਰ ਝਬਾਲ ਦੀ ਅਗਵਾਈ ਹੇਠ ਰਵਾਨਾ ਹੋਇਆ। ਇਹ ਜਾਣਕਾਰੀ ਬੀਬੀ ਰਣਜੀਤ ਕੌਰ ਕੱਲ੍ਹਾ ਅਤੇ ਬੀਬੀ ਉਪਜੀਤ ਕੌਰ ਝਬਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਮੋਰਚੇ ਦੀਆਂ ਬਾਸਪਤੀ, ਆਲੂ, ਦਾਲਾਂ, ਸਰਸੋਂ, ਮੱਕੀ ਦੇ ਭਗਵੰਤ ਮਾਨ ਸਰਕਾਰ ਚੰਗੇ ਰੇਟ ਦੇਵੇ, ਕਿਸਾਨ ਅੰਦੋਲਨ ਦੌਰਾਨ ਪਾਏ ਪਰਚੇ, ਪਰਾਲੀ ਵਾਲੇ ਪਰਚੇ ਰੱਦ ਕੀਤੇ ਜਾਣ, ਭਾਰਤ-ਅਮਰੀਕਾ ਸਮਝੌਤਾ ਮਾਨ ਸਰਕਾਰ ਵਿਧਾਨ ਸਭਾ ਵਿੱਚ ਮਤਾ ਪਾ ਕੇ ਰੱਦ ਕਰੇ ਅਤੇ ਸ਼ੰਭੂ ਖਨੌਰੀ ਮੋਰਚੇ ਵਿੱਚ ਹੋਏ ਸ਼ਹੀਦਾਂ ਦੇ ਪਰਿਵਾਰਾਂ ਨੂੰ ਨੌਕਰੀਆਂ, ਜ਼ਖਮੀਆਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਦਿੱਤਾ ਜਾਵੇ, ਮੋਰਚੇ ਵਿੱਚੋਂ ਟਰੈਕਟਰ ਟਰਾਲੀਆਂ ਸਮੇਤ ਸਾਰੇ ਸਾਮਾਨ ਦੀ ਭਰਭਾਈ ਕੀਤੀ ਜਾਵੇ, 3 ਕਰੋੜ 77 ਲੱਖ ਰੁਪਏ ਦੀ ਖਾਦ ਦੀ ਘਾਟ ਨੂੰ ਪੂਰਾ ਕੀਤਾ ਜਾਵੇ, ਚਿਪ ਵਾਲੇ ਮੀਟਰ ਲਗਾਉਣੇ ਬੰਦ ਕੀਤੇ ਜਾਣ ਤੇ ਪਹਿਲੇ ਕਾਲੇ ਮੀਟਰ ਲਗਾਏ ਜਾਣ। ਇਸ ਮੌਕੇ ਮਨਜੀਤ ਕੌਰ ਚੰਦਨ, ਜੀਤ ਕੌਰ ਮੋਹਨਪੁਰ, ਗੁਰਜੀਤ ਕੌਰ ਕੰਗ, ਜਸਪਾਲ ਕੌਰ, ਬਲਵਿੰਦਰ ਕੌਰ ਮਾਨੋਚਾਹਲ, ਸਰਬਜੀਤ ਕੌਰ ਅੱਲੋਵਾਲ, ਜੁਗਰਾਜ ਕੌਰ, ਚਰਨ ਕੌਰ, ਕਸ਼ਮੀਰ ਕੌਰ ਸੁਰ ਸਿੰਘ, ਮਨਜੀਤ ਕੌਰ ਪਹੂਵਿੰਡ, ਨਸੀਬ ਕੌਰ, ਦਰਸ਼ਨ ਕੌਰ ਪੱਖੋਪੁਰ, ਜਸਬੀਰ ਕੌਰ ਸਭਰਾ, ਬਲਵਿੰਦਰ ਕੌਰ ਜੰਡ ਤੇ ਜਗੀਰ ਕੌਰ ਹਾਜ਼ਰ ਸਨ।

# ਆਸ਼ੀਸ਼ ਸਾਨਨ ਫਤਿਹਗੜ੍ਹ ਚੂੜੀਆਂ ਦੇ ਸ਼ਹਿਰੀ ਪ੍ਰਧਾਨ ਨਿਯੁਕਤ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-** ਭਾਜਪਾ ਦੇ ਸੂਬਾ ਮੀਤ ਪ੍ਰਧਾਨ ਰਵੀਕਰਨ ਸਿੰਘ ਕਾਹਲੋਂ ਨੇ ਐਤਵਾਰ ਨੂੰ ਅੰਮ੍ਰਿਤਸਰ ਸਥਿਤ ਆਪਣੇ ਨਿਵਾਸ ਵਿਖੇ ਫਤਿਹਗੜ੍ਹ ਚੂੜੀਆਂ ਦੇ ਭਾਜਪਾ ਵਰਕਰਾਂ ਨਾਲ ਮੀਟਿੰਗ ਕੀਤੀ।ਇਸ ਮੌਕੇ ਪਾਰਟੀ ਨੂੰ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਸਰਬਸੰਮਤੀ ਨਾਲ ਆਸ਼ੀਸ਼ ਸਾਨਨ (ਹਨੀ) ਨੂੰ ਭਾਜਪਾ ਫਤਿਹਗੜ੍ਹ ਚੂੜੀਆਂ ਦਾ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ



ਗਿਆ।ਰਵੀਕਰਨ ਸਿੰਘ ਕਾਹਲੋਂ ਅਤੇ ਭਾਜਪਾ ਵਰਕਰਾਂ ਨੇ ਆਸ਼ੀਸ਼ ਸਾਨਨ ਨੂੰ ਸਿਰੋਪਾਓ ਪਾ ਕੇ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਨਿਯੁਕਤੀ ਦਾ ਸਵਾਗਤ ਕੀਤਾ। ਇਸ ਮੌਕੇ ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਆਸ਼ੀਸ਼ ਸਾਨਨ ਨੇ ਕਿਹਾ ਕਿ ਰਵੀਕਰਨ ਸਿੰਘ ਕਾਹਲੋਂ ਅਤੇ ਸਾਥੀਆਂ ਵੱਲੋਂ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਇਸ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਮਜ਼ਬੂਤ ਕਰਨ ਲਈ ਪੂਰੀ ਮਿਹਨਤ ਕੀਤੀ ਜਾਵੇਗੀ ਅਤੇ ਸਾਰਿਆਂ ਨੂੰ ਨਾਲ ਲੈ ਕੇ ਸ਼ਹਿਰ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਅੱਗੇ ਵਧਾਇਆ ਜਾਵੇਗਾ। ਇਸ ਮੌਕੇ ਰਵੀਕਰਨ ਸਿੰਘ ਕਾਹਲੋਂ ਨੇ ਆਸ਼ੀਸ਼ ਸਾਨਨ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਸ਼ਹਿਰ ਵਿੱਚ ਭਾਜਪਾ ਨੂੰ ਹੋਰ ਮਜ਼ਬੂਤ ਕਰਨ ਲਈ ਪ੍ਰੇਰਿਤ ਕੀਤਾ। ਕਾਹਲੋਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੱਡੀ ਗਿਣਤੀ ਵਿੱਚ ਲੋਕ ਭਾਜਪਾ ਨਾਲ ਜੁੜਨਗੇ।ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਲੋਕ ਭਾਜਪਾ ਦੀਆਂ ਨੀਤੀਆਂ ਤੋਂ ਖੁਸ਼ ਨਜ਼ਰ ਆ ਰਹੇ ਹਨ।ਕਾਹਲੋਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਦੂਰਅੰਦੇਸ਼ੀ ਸੋਚ ਤੋਂ ਦੁਨੀਆ ਭਰ ਦੇ ਲੋਕ ਪ੍ਰਭਾਵਿਤ ਹਨ।ਇਸ ਮੌਕੇ ਬਿਕਰਮਜੀਤ ਸਿੰਘ ਰੰਧਾਵਾ, ਮੁਨੀਸ਼ ਸ਼ਰਮਾ, ਰੋਹਿਤ ਬੀਬਰਾ, ਕਪਿਲ ਦੇਵ ਸ਼ਰਮਾ, ਅਮਨ ਰਤੜਾ, ਵਿਕਾਸ ਕੁਮਾਰ, ਨਰਿੰਦਰ ਸ਼ਰਮਾ, ਵਿਸ਼ਾਲ ਪਾਂਧੀ, ਬੱਗਾ ਮਹਾਜਨ, ਅੰਗਰੇਜ਼ ਸਿੰਘ, ਰਾਜੀਵ ਸ਼ਰਮਾ, ਪਵਨ ਖੋਖਰ, ਹੈਪੀ ਰੰਧਾਵਾ, ਇੰਦਰਜੀਤ ਸਿੰਘ ਰੰਧਾਵਾ, ਹਰਪਾਲ ਸਿੰਘ ਰੰਧਾਵਾ, ਸਚਿਨਦੀਪ ਕਾਹਲੋਂ, ਜਗਤਾਰ ਸਿੰਘ ਸਮੇਤ ਹੋਰ ਭਾਜਪਾ ਵਰਕਰ ਹਾਜ਼ਰ ਸਨ।

# ਰੋਟਰੀ ਕਲੱਬ ਨਾਰਥ ਨੇ 8 ਬੁੱਧੀਜੀਵੀ ਅਧਿਆਪਕਾਂ ਨੂੰ ਕੀਤਾ ਸਨਮਾਨਿਤ

**ਅੰਮ੍ਰਿਤਸਰ (ਅਰੋੜਾ):** ਰੋਟਰੀ ਕਲੱਬ ਅੰਮ੍ਰਿਤਸਰ ਨਾਰਥ ਵੱਲੋਂ ਕਲੱਬ ਦੇ ਪ੍ਰਧਾਨ ਇੰਜੀ. ਪਰਮੀਤ ਸਿੰਘ ਖੇੜਾ, ਸਕੱਤਰ ਸ਼੍ਰੀਮਤੀ ਮਨਿੰਦਰ ਕੌਰ ਅਰੋੜਾ, ਪ੍ਰਾਜੈਕਟ ਚੇਅਰਮੈਨ ਰਸਜੀਤ ਸਿੰਘ ਅਤੇ ਕਲੱਬ ਦੇ ਪੈਟਰਨ ਡਾ. ਕੁਲਦੀਪ ਸਿੰਘ ਅਰੋੜਾ ਦੀ ਦੇਖ-ਰੇਖ ਹੇਠ 8 ਅਧਿਆਪਕਾਂ ਨੂੰ ਨੇਸ਼ਨ ਬਿਲਡਰ ਐਵਾਰਡ ਨਾਲ ਸਨਮਾਨਿਤ ਕਰਨ ਲਈ ਰਾਮ ਬਾਗ ਸਥਿਤ ਸਰਵਿਸ ਕਲੱਬ ਵਿਖੇ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ।ਸਮਾਗਮ ਵਿੱਚ ਰਿਆਨ ਇੰਟਰਨੈਸ਼ਨਲ ਸਕੂਲ ਦੀ ਬੁੱਧੀਜੀਵੀ ਪ੍ਰਿੰਸੀਪਲ ਕੰਚਨ ਮਲਹੋਤਰਾ ਮੁੱਖ ਮਹਿਮਾਨ ਅਤੇ ਰੋਟਰੀ ਦੇ ਆਉਣ ਵਾਲੇ ਗਵਰਨਰ ਐੱਚ. ਐੱਸ. ਜੋਗੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।




ਸਮਾਗਮ ਦੀ ਸ਼ੁਰੂਆਤ ਰਾਸ਼ਟਰੀ ਮਰਿਆਦਾ ਅਨੁਸਾਰ ਰਾਸ਼ਟਰੀ ਗਾਨ ਅਤੇ ਫੋਰ ਵੇ ਟੈਸਟ ਦੇ ਨਾਲ ਵਿਧੀ-ਵਿਧਾਨ ਨਾਲ ਕੀਤੀ ਗਈ, ਜਿਸ ਤੋਂ ਬਾਅਦ ਕਲੱਬ ਦੇ ਪ੍ਰਧਾਨ ਪਰਮੀਤ ਸਿੰਘ ਅਤੇ ਸਕੱਤਰ ਮਨਿੰਦਰ ਕੌਰ ਵੱਲੋਂ ਹੁਣ ਤੱਕ ਕੀਤੇ ਗਏ ਦੇਸ਼ ਅਤੇ ਸਮਾਜ ਭਲਾਈ ਦੇ ਕਾਰਜਾਂ ਦੀ ਜਾਣਕਾਰੀ ਦਿੱਤੀ ਗਈ।ਸਮਾਗਮ ਵਿੱਚ ਨੇਸ਼ਨ ਬਿਲਡਰ ਅਵਾਰਡ ਨਾਲ ਸਨਮਾਨਿਤ ਹੋਣ ਵਾਲੇ ਅਧਿਆਪਕਾਂ ਵਿੱਚ ਸਭ ਤੋਂ ਸੀਨੀਅਰ ਅਤੇ ਬੁੱਧੀਜੀਵੀ ਬਲਦੇਵ ਰਾਜ ਅਰੋੜਾ, ਰਾਧਿਕਾ, ਨੀਲਮ ਰਾਣੀ, ਨੀਤਿਕਾ ਜੋਸ਼ੀ, ਵਿਜੇਤਾ, ਸਹਿਜ ਗੁਲਾਟੀ, ਨਿਧੀ ਸ਼ਰਮਾ ਅਤੇ ਸ਼ਰਿੰਗੀ ਛਾਬੜਾ ਸ਼ਾਮਲ ਸਨ।ਐਮ.ਓ.ਸੀ. ਦੀ ਭੂਮਿਕਾ ਸਾਬਕਾ ਸਹਾਇਕ ਗਵਰਨਰ ਆਰ. ਐੱਸ. ਚੱਠਾ ਵੱਲੋਂ ਬਹੁਤ ਹੀ ਸ਼ਲਾਘਾਯੋਗ ਢੰਗ ਨਾਲ ਨਿਭਾਈ ਗਈ ਅਤੇ ਸਾਰੇ ਐਵਾਰਡ ਪ੍ਰਾਪਤ ਕਰਨ ਵਾਲੇ ਅਧਿਆਪਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਰਸਜੀਤ ਸਿੰਘ ਖੇੜਾ ਨੇ ਕਿਹਾ ਕਿ ਅਸੀਂ ਮਾਣ ਮਹਿਸੂਸ ਕਰ ਰਹੇ ਹਾਂ ਕਿ ਸਾਨੂੰ ਇਨ੍ਹਾਂ ਮਹਾਨ ਬੁੱਧੀਜੀਵੀ ਅਧਿਆਪਕਾਂ ਨੂੰ ਸਨਮਾਨਿਤ ਕਰਨ ਦਾ ਮੌਕਾ ਪ੍ਰਾਪਤ ਹੋਇਆ ਹੈ।

ਰੋਟਰੀ ਦੇ ਜ਼ਿਲ੍ਹਾ ਸਕੱਤਰ ਵਿਜੇ ਭਸੀਨ ਅਤੇ ਸਹਾਇਕ ਗਵਰਨਰ ਕੇ. ਐੱਸ. ਚੱਠਾ ਨੇ ਰੋਟਰੀ ਕਲੱਬ ਨਾਰਥ ਦੇ ਸ਼ਲਾਘਾਯੋਗ ਕਾਰਜਾਂ ਦੀ ਜਾਣਕਾਰੀ ਦਿੱਤੀ।ਸਮਾਗਮ ਦੇ ਅਖੀਰ ਵਿੱਚ ਰੋਟਰੀ ਕਲੱਬ ਨਾਰਥ ਦੇ ਪੈਟਰਨ ਇੰਡੀਅਨ ਮੈਡੀਕਲ ਐਸੋਸੀਏਸ਼ਨ ਪੰਜਾਬ ਦੇ ਸਾਬਕਾ ਪ੍ਰਧਾਨ ਡਾ. ਕੁਲਦੀਪ ਸਿੰਘ ਅਰੋੜਾ ਨੇ ਸਾਰੇ ਰੋਟਰੀ ਮੈਂਬਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਰੋਟਰੀ ਦੇ ਮੀਤ ਪ੍ਰਧਾਨ ਅਸ਼ੋਕ ਗ੍ਰੋਵਰ, ਅਤੁਲ ਮਹਿਰਾ, ਸਾਬਕਾ ਪ੍ਰਧਾਨ ਯਸ਼ਪਾਲ ਅਰੋੜਾ, ਸ਼ਿਵ ਗੁਪਤਾ, ਸੁਰਿੰਦਰ ਕੱਕੜ, ਰੋਟੇਰੀਅਨ ਸੋਖੀ, ਵਿਪਨ ਲੂੰਬਾ, ਫਰਸਟ ਲੇਡੀ ਅਮਨਦੀਪ ਕੌਰ, ਸ਼੍ਰੀਮਤੀ ਦਲਜੀਤ ਕੌਰ ਅਰੋੜਾ, ਹਰਜਿੰਦਰ ਕੌਰ ਚੱਠਾ, ਸਤਪਾਲ ਕੌਰ, ਗੁਰਿੰਦਰ ਸਿੰਘ, ਨਿਰਮਲ ਸਿੰਘ, ਰਵਨੀਤ ਭੰਡਾਰੀ, ਗੁਰਮੀਤ ਸਿੰਘ ਸਮੇਤ ਰੋਟਰੀ ਕਲੱਬ ਨਾਰਥ ਦੇ ਸਮੂਹ ਮੈਂਬਰ ਪਰਿਵਾਰਾਂ ਸਮੇਤ ਮੌਜੂਦ ਸਨ।

# ਵਿਆਹ ਸਮਾਗਮਾਂ ਦੇ ਮੱਦੇਨਜ਼ਰ ਸ਼ਹਿਰ 'ਚ ਵੱਖ-ਵੱਖ ਹੈਲਪ ਡੈਸਕ ਸਥਾਪਿਤ

**ਬਟਾਲਾ, (ਤਰਲਕ ਬੱਗਾ)-** ਬਟਾਲਾ ਵਿਖੇ 18 ਸਤੰਬਰ ਨੂੰ ਮਨਾਏ ਜਾ ਰਹੇ ਵਿਆਹ ਪੁਰਬ ਸਮਾਗਮ ਦੀਆਂ ਤਿਆਰੀਆਂ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜੰਗੀ ਪੱਧਰ ਤੇ ਤਿਆਰੀਆਂ ਜਾਰੀ ਹਨ। ਇਸ ਸਬੰਧੀ ਗੱਲਬਾਤ ਕਰਦਿਆਂ ਕਮਿਸ਼ਨਰ



ਨਗਰ ਨਿਗਮ ਬਟਾਲਾ-ਕਮ-ਵਧੀਕ ਡਿਪਟੀ ਕਮਿਸ਼ਨਰ ਗੁਰਦਾਸਪੁਰ, ਗੁਰਸਿਮਰਨ ਸਿੰਘ ਨੇ ਢਿੱਲੋਂ ਨੇ ਦੱਸਿਆ ਕਿ ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵੱਖ-ਵੱਖ ਵਿਭਾਗਾਂ ਵੱਲੋਂ ਕੰਮ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵੱਖ-ਵੱਖ ਹੈਲਪ ਡੈਸਕ ਸਥਾਪਿਤ ਕੀਤੇ ਗਏ ਹਨ ਤਾਂ ਜੋ ਜੇਕਰ ਕਿਸੇ ਵਿਅਕਤੀ ਨੂੰ ਸਟਰੀਟ ਲਾਈਟਾਂ, ਸੀਵਰੇਜ ਜਾਂ ਸਫ਼ਾਈ ਨੂੰ ਲੈ ਕੇ ਕੋਈ ਮੁਸ਼ਕਿਲ ਆਉਂਦੀ ਹੈ ਤਾਂ ਉਸਦਾ ਤੁਰੰਤ ਹੱਲ ਕੀਤਾ ਜਾ ਸਕੇ।ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਸਟਰੀਟ ਲਾਈਟਾਂ ਸਬੰਧੀ ਕੋਈ ਸ਼ਿਕਾਇਤ ਹੋਵੇ ਤਾਂ ਅਮਨਦੀਪ ਸਿੰਘ ਜੀ ਈ ਦੇ ਮੋਬਾਇਲ ਨੰਬਰ 99912- 18880 ਤੇ ਸੰਪਰਕ ਕਰ ਸਕਦੇ ਹਨ। ਸੀਵਰੇਜ ਦੀ ਸਮੱਸਿਆ ਹੋਵੇ ਤਾਂ ਅਮਨ ਕੁਮਾਰ ਜੀ ਈ ਦੇ ਮੋਬਾਈਲ ਨੰਬਰ 88377-96662 ਜਾਂ ਹਰਮਨ ਸਿੰਘ ਸੁਪਰਵਾਈਜ਼ਰ ਦੇ ਮੋਬਾਇਲ ਨੰਬਰ 84275-66323 ਅਤੇ ਸਫ਼ਾਈ ਦੀ ਸਮੱਸਿਆ ਲਈ ਜਗਦੀਪ ਸਿੰਘ ਸੀ ਐੱਸ ਓ ਦੇ ਮੋਬਾਇਲ ਨੰਬਰ 80516- 01628 'ਤੇ ਸੰਪਰਕ ਕੀਤਾ ਜਾ ਸਕਦਾ ਹੈ।ਉਨ੍ਹਾਂ ਅੱਗੇ ਕਿਹਾ ਕਿ ਅਧਿਕਾਰੀਆਂ ਨੂੰ ਵਿਆਹ ਪੁਰਬ ਸਮਾਗਮ ਸਫਲਤਾਪੂਰਵਕ ਢੰਗ ਨਾਲ ਨੇਪਰੇ ਚਾੜ੍ਹਨ ਲਈ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਸੰਗਤਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

# ਰਿਆੜਕੀ ਪਬਲਿਕ ਸਕੂਲ ਤੁਗਲਵਾਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ

**ਧਾਰੀਵਾਲ, (ਮਨਦੀਪ ਵਿੱਕੀ)-** ਗੁਰਬਾਣੀ ਦਾ ਚਾਨਣ ਜਦੋਂ ਨਿੱਕੀ ਉਮਰੇ ਹੀ ਮਨਾਂ ਵਿੱਚ ਵੜ ਜਾਵੇ ਤਾਂ ਪੀੜ੍ਹੀਆਂ ਦਾ ਭਵਿੱਖ ਆਪ ਹੀ ਰੌਸ਼ਨ ਹੋ ਜਾਂਦਾ ਹੈ। ਇਸੇ ਭਾਵਨਾ ਨਾਲ ਉਤਪੋਤ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵਿਖੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੰਸਥਾ ਦੀ ਚਿਰੋਕਣੀ ਵਿਰਾਸਤੀ ਗੀਤ ਮੁਤਾਬਕ ਇੱਕ ਸ਼ਾਨਦਾਰ ਤੇ ਰੂਹਾਨੀ ਸਮਾਗਮ ਕਰਵਾਇਆ। ਜਿਸ ਦਾ ਸਮੁੱਚਾ ਆਯੋਜਨ ਵਿਦਿਆਰਥੀਆਂ ਨੇ ਆਪ ਹੀ ਆਪਣੇ ਹੱਥੀਂ ਨੇਪਰੇ ਚਾੜ੍ਹਿਆ। ਸਮਾਗਮ ਦੀ ਸ਼ੁਰੂਆਤ ਸਕੂਲ ਦੀ ਗੁਰਦੁਆਰਾ ਕਮੇਟੀ ਵੱਲੋਂ ਅਧਿਆਪਕਾ ਸੁਖਦੀਪ ਕੌਰ ਅਤੇ ਬਲਜੀਤ ਕੌਰ ਵਿਠਵਾਂ ਦੀ ਅਗਵਾਈ ਹੇਠ ਗਿਆਰਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਪੂਰਨ ਮਰਿਆਦਾ ਨਾਲ ਹੁਕਮਨਾਮਾ ਲੈ ਕੇ ਕੀਤੀ। ਸੰਸਥਾ ਵਿੱਚ ਸਜਾਏ ਖ਼ੂਬਸੂਰਤ ਪੰਡਾਲ ਵਿੱਚ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸਾਰੇ ਵਿਦਿਆਰਥੀਆਂ ਨੇ ਸ਼ਬਦ ਗਾਇਨ ਕੀਤੇ, ਸਹਿਜ ਪਾਠਾਂ ਦੇ ਭੋਗ ਪਾਏ ਅਤੇ ਕੀਰਤਨ ਗਾਇਨ ਕੀਤਾ। ਇਸ ਸਮਾਗਮ ਦੀ ਸਭ ਤੋਂ ਖਾਸ ਗੱਲ ਇਹ ਰਹੀ ਕਿ ਪੰਡਾਲ ਦੀ ਸਜਾਵਟ ਤੋਂ ਲੈ ਕੇ ਸੇਵਾ ਤੱਕ ਹਰ ਇੱਕ ਡਿਊਟੀ ਵਿਦਿਆਰਥੀਆਂ ਵੱਲੋਂ ਖੁਦ ਹੀ ਨਿਭਾਈ ਗਈ ਅਤੇ ਹਰ ਵਿਦਿਆਰਥੀ ਨੇ ਕਿਸੇ ਨਾ ਕਿਸੇ ਰੂਪ ਵਿੱਚ ਆਪਣਾ ਯੋਗਦਾਨ ਜ਼ਰੂਰ ਪਾਇਆ। ਅੰਮ੍ਰਿਤਪਾਲ ਸਿੰਘ (ਨੌਵੀਂ), ਸਹਿਜਪ੍ਰੀਤ ਸਿੰਘ (ਬਾਰਵੀਂ), ਸੁਖਵਿੰਦਰ ਸਿੰਘ (ਨੌਵੀਂ), ਗੁਰਵੰਸਪ੍ਰੀਤ ਸਿੰਘ (ਦਸਵੀਂ), ਅਨਾਹਦ ਸਿੰਘ ਵਿਰਕ (ਦਸਵੀਂ), ਗੁਨਤਾਸਪ੍ਰੀਤ ਸਿੰਘ (ਬਾਰਵੀਂ), ਰਣਬੀਰ ਸਿੰਘ (ਬਾਰਵੀਂ), ਜਸਦੀਪ ਸਿੰਘ (ਨੌਵੀਂ), ਕਰਨਬੀਰ ਸਿੰਘ (ਬਾਰਵੀਂ), ਰਸਲੀਨ ਕੌਰ (ਦਸਵੀਂ), ਏਕਮਪ੍ਰੀਤ ਕੌਰ, ਹਰਲੀਨ ਕੌਰ (ਦਸਵੀਂ), ਮਨਰੀਤ ਕੌਰ (ਦਸਵੀਂ), ਜਸਮੀਤ



ਕੌਰ (ਬਾਰਵੀਂ), ਗਗਨਦੀਪ ਕੌਰ (ਬਾਰਵੀਂ), ਸਗਨਪ੍ਰੀਤ ਕੌਰ (ਗਿਆਰ੍ਹਵੀਂ) ਅਤੇ ਗੁਰਅਸੀਸ ਕੌਰ (ਦਸਵੀਂ) ਸਮੇਤ ਕੀਰਤਨੀ ਜੱਥੇ ਨੇ ਸੰਗੀਤ ਅਧਿਆਪਕ ਸ੍ਰੀ ਜੀਨਸ ਦੀ ਦੇਖ-ਰੇਖ ਹੇਠ ਸਬਦ ਗਿਆਨ ਰਾਹੀਂ ਭਰੇ ਪੰਡਾਲ ਨੂੰ ਆਪਣੇ ਰਸ-ਭਿੰਨੇ ਕੀਰਤਨ ਨਾਲ ਪੂਰੀ ਤਰ੍ਹਾਂ ਮੰਤਰ-ਮੁਗਧ ਕਰ ਦਿੱਤਾ। ਇਸ ਦਿਹਾੜੇ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ ਵਿਦਿਆਰਥੀਆਂ ਵੱਲੋਂ ਵੱਖ-ਵੱਖ ਲੈਕਚਰ ਵੀ ਪੇਸ ਕੀਤੇ ਗਏ, ਜਿਨ੍ਹਾਂ ਵਿੱਚ ਗੁਰੂ ਨਾਨਕ ਸਾਹਿਬ ਵੱਲੋਂ ਸੁਰੂ ਕੀਤੀ ਪੋਥੀ ਪਰਮੇਸਰ ਕਾ ਥਾਨ ਤੋਂ ਲੈ ਕੇ ਗੁਰੂ ਗੋਬਿੰਦ ਸਿੰਘ ਸਾਹਿਬ ਵੱਲੋਂ ਸਭ ਸਿੱਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ ਤੱਕ ਦੇ ਸਮੁੱਚੇ ਇਤਿਹਾਸਕ ਬਿਰਤਾਂਤ ਨੂੰ ਸਰਲ ਢੰਗ ਨਾਲ ਸਮਝਾਇਆ ਗਿਆ, ਤਾਂ ਜੋ ਵਿਦਿਆਰਥੀ ਇਸ ਮਹਾਨ ਵਿਰਾਸਤ ਨਾਲ ਭਾਵਨਾਤਮਕ ਤੌਰ 'ਤੇ ਜੁੜ ਸਕਣ। ਇਸ ਦੇ ਨਾਲ ਹੀ ਇਸ ਦਿਹਾੜੇ ਨੂੰ ਸਮਰਪਿਤ ਪੇਂਟਿੰਗ ਮੁਕਾਬਲੇ, ਕੈਲੀਗ੍ਰਾਫੀ ਮੁਕਾਬਲੇ ਅਤੇ ਲੇਖ ਮੁਕਾਬਲੇ ਵੀ ਕਰਵਾਏ ਗਏ। ਕਲਾਸ ਵਾਈਜ ਵਿਦਿਆਰਥੀਆਂ ਨੇ ਵੱਖ-ਵੱਖ ਮੈਗਜੀਨ ਅਤੇ ਗੁਰਬਾਣੀ ਨਾਲ ਸਿੰਗਾਰੇ ਹੋਏ ਕਾਰਡ ਵੀ ਤਿਆਰ ਕੀਤੇ, ਜੋ ਵਿਦਿਆਰਥੀਆਂ ਦੀ ਗੁਰਬਾਣੀ ਨੂੰ ਸਮਝਣ ਦੀ ਅੰਦਰੂਨੀ ਲਗਨ ਨੂੰ ਦਰਸਾਉਂਦੇ ਸਨ। ਸਮਾਗਮ ਦਾ ਪ੍ਰਬੰਧ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਪੱਤਰ ਦੇ ਕੇ ਉਚੇਚੇ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ। ਸੰਸਥਾ ਦੇ ਸੰਚਾਲਕ ਗਗਨਦੀਪ ਸਿੰਘ ਵਿਰਕ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦਿਆਂ ਕਿਹਾ ਕਿ ਜਿਸ ਸੁਚੱਜੇ ਢੰਗ ਅਤੇ ਅਨੁਸਾਸਨ ਨਾਲ ਵਿਦਿਆਰਥੀਆਂ ਨੇ ਹਰ ਸਬਦ ਨੂੰ ਇਕਾਗਰ ਚਿਤ ਹੋ ਕੇ ਗਾਇਆ, ਉਸ ਨਾਲ ਪੂਰੀ ਸੰਸਥਾ ਦਾ ਮਾਹੌਲ ਰੂਹਾਨੀਅਤ ਦਾ ਨਜਾਰਾ ਪੇਸ਼ ਕਰ ਰਿਹਾ ਸੀ। ਉਨ੍ਹਾਂ ਖੁਸ਼ੀ ਪ੍ਰਗਟਾਈ ਕਿ ਵਿਦਿਆਰਥੀ ਸਿੱਖੀ ਅਤੇ ਸਰਬੱਤ ਦੇ ਭਲੇ ਦੀ ਫਿਲਾਸਫੀ ਨਾਲ ਆਪਣੇ ਆਪ ਨੂੰ ਜੋੜ ਕੇ ਸ਼ਾਨਦਾਰ ਕਾਰਜ ਕਰ ਰਹੇ ਹਨ, ਜੋ ਛੋਟੇ ਵਿਦਿਆਰਥੀਆਂ ਲਈ ਸਭ ਤੋਂ ਵੱਧ ਪ੍ਰੇਰਨਾਦਾਇਕ ਹੈ। ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਵੀ ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸੰਪੂਰਨ ਪਾਠ ਕਰਨ, ਵਿਚਾਰਨ ਅਤੇ ਅਮਲ ਕਰਨ ਦੀ ਪ੍ਰੇਰਨਾ ਦਿੱਤੀ। ਸੰਸਥਾ ਦੇ ਡਾਇਰੈਕਟਰ ਪ੍ਰਿੰਸੀਪਲ ਮਨਪ੍ਰੀਤ ਕੌਰ ਵਿਰਕ ਅਤੇ ਪ੍ਰਿੰਸੀਪਲ ਬੀਬੀ ਇੰਦਰਜੀਤ ਕੌਰ ਨੇ ਇਸ ਸਾਨਦਾਰ ਸਮਾਗਮ ਲਈ ਸਮੂਹ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਅਤੇ ਸਟਾਫ ਦੀ ਭਰਪੂਰ ਸ਼ਲਾਘਾ ਕੀਤੀ, ਜਿਨ੍ਹਾਂ ਦੀ ਸੁਚੱਜੀ ਦੇਖ-ਰੇਖ ਹੇਠ ਇਹ ਸਮਾਗਮ ਪੂਰੀ ਸਾਂਤੀ ਤੇ ਮਰਿਆਦਾ ਨਾਲ ਸੰਪੰਨ ਹੋਇਆ।

# ਫਾਇਰ ਤੇ ਐਮਰਜੈਂਸੀ ਸਰਵਿਸ ਵੱਲੋਂ ਸੁਰੱਖਿਆ ਨਿਰੀਖਣ ਉਪਰੰਤ ਫਾਇਰ ਫਾਈਟਰਾਂ ਦੀ ਤਾਇਨਾਤੀ ਸ਼ੁਰੂ

**ਬਟਾਲਾ (ਤਰਲੋਕ ਬੱਗਾ)-** ਮਾਨਯੋਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਦੀਆਂ ਹਦਾਇਤਾਂ ਅਨੁਸਾਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਮੌਕੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਨਿੱਜਠਣ ਲਈ ਪੰਜਾਬ ਫਾਇਰ ਅਤੇ ਐਮਰਜੈਂਸੀ ਸਰਵਿਸ ਬਟਾਲਾ ਵੱਲੋਂ ਸ਼ਹਿਰ ਦੇ ਵੱਖ ਵੱਖ ਥਾਵਾਂ 'ਤੇ ਜਾ ਕੇ ਸੁਰੱਖਿਆ ਨਿਰੀਖਣ ਕੀਤਾ ਗਿਆ। ਇਸ ਟੀਮ ਵਿਚ ਸਟੇਸ਼ਨ ਇੰਚਾਰਜ ਨੀਰਜ ਸ਼ਰਮਾ, ਹਰਬਖਸ਼ ਸਿੰਘ ਸਿਵਲ ਡਿਫੈਂਸ, ਜਸਬੀਰ ਸਿੰਘ, ਜਗਰੂਪ ਸਿੰਘ, ਪਰਮਿੰਦਰ ਸਿੰਘ ਤੇ ਫਾਇਰ ਫਾਈਟਰਾਂ ਦੇ ਨਾਲ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ ਜਗਦੀਪ ਸਿੰਘ ਰੰਧਾਵਾ ਤੇ ਸਟਾਫ ਵੀ ਹਾਜ਼ਰ ਸੀ।




ਇਸ ਮੌਕੇ ਸਟੇਸ਼ਨ ਇੰਚਾਰਜ ਨੀਰਜ ਸ਼ਰਮਾ ਨੇ ਦਸਿਆ ਕਿ ਸੰਗਤਾਂ ਦੇ ਭਾਰੀ ਇੱਕਠ ਵਾਲੀਆਂ ਥਾਵਾਂ 'ਤੇ 24 ਘੰਟੇ ਫਾਇਰ ਫਾਈਟਰਾਂ ਦੀ ਡਿਊਟੀ ਲਗਾ ਦਿੱਤੀ ਗਈ ਹੈ ਨਾਲ ਹੀ ਫਾਇਰ ਟੈਂਡਰਾਂ ਦੀ ਤਾਇਨਾਤੀ ਕਰ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਸ਼ਹਿਰ 'ਚ ਫਾਇਰ ਟੈਂਡਰਾਂ ਦੀ ਤਾਇਨਾਤੀ ਵਿਚ ਗੁਰਦੁਆਰਾ ਡੇਹਰਾ ਸਾਹਿਬ ਤੇ ਗੁਰ: ਸ੍ਰੀ ਕੰਧ ਸਾਹਿਬ ਲਈ ਠਠਿਆਰੀ ਗੇਟ, ਨਹਿਰੂ ਗੇਟ, ਭਾਈ ਸੁੱਖਾ ਸਿੰਘ, ਮਹਿਤਾਬ ਸਿੰਘ ਚੌਂਕ, 17 ਤੇ 18 ਤਰੀਕ ਨੂੰ ਨਗਰ ਕੀਰਤਨ ਦੇ ਨਾਲ, ਹੋਰਨਾਂ ਥਾਵਾਂ ਤੇ ਕੀਤੇ ਜਾਣਗੇ।ਇਸ ਤੋਂ ਇਲਾਵਾ ਫਾਇਰ ਟੈਂਡਰ ਅੰਮ੍ਰਿਤਸਰ, ਤਰਨ ਤਾਰਨ, ਕਪੂਰਥਲਾ, ਜਲੰਧਰ, ਹੁਸ਼ਿਆਰਪੁਰ, ਜੰਡਿਆਲਾ ਗੁਰੂ, ਪਠਾਨਕੋਟ ਤੇ ਗੁਰਦਾਸਪੁਰ ਤੋ ਵੀ ਮੰਗਵਾਏ ਜੋ ਕਿ ਵੱਖ-ਵੱਖ ਥਾਵਾਂ 'ਤੇ ਤਾਇਨਾਤ ਕੀਤੇ ਜਾਣਗੇ।

ਉਨ੍ਹਾਂ ਅਪੀਲ ਕੀਤੀ ਕਿ ਜੇਕਰ ਕਿਸੇ ਅਣਗਹਿਲੀ ਕਾਰਣ ਹਾਦਸਾ ਵਾਪਰ ਜਾਵੇ ਤਾਂ ਫਾਇਰ-ਬ੍ਰਿਗੇਡ ਬਟਾਲਾ ਨੰਬਰ ਮੋਬਾਇਲ ਨੰ. 91157-96801, 01871-240101 ਜਾਂ 112 'ਤੇ ਸਹੀ ਤੇ ਪੂਰੀ ਜਾਣਕਾਰੀ ਦਿੱਤੀ ਜਾਵੇ।

# ਇੰਪਲਾਈਜ਼ ਫੈਡਰੇਸ਼ਨ ਚਾਹਲ ਗਰੁੱਪ ਵੱਲੋਂ ਨਵੇਂ ਆਏ ਐਕਸੀਅਨ ਸਿੱਧੂ ਦਾ ਸਨਮਾਨ

**ਅਜਨਾਲਾ,(ਸੁੱਖਤਿੰਦਰ ਸਿੰਘ ਰਾਜੂ)** ਪੰਜਾਬ ਰਾਜ ਬਿਜਲੀ ਪਾਵਰਕਾਮ ਕਾਰਪੋਰੇਸ਼ਨ ਲਿਮਟਿਡ ਅਜਨਾਲਾ ਦੇ ਐਕਸੀਅਨ ਇੰਜੀਨੀਅਰ ਅਨੀਸਦੀਪ ਸਿੰਘ ਦਾ ਤਬਾਦਲਾ



ਹੋਣ ਉਪਰੰਤ ਉਨਾਂ ਦੀ ਥਾਂ ਨਵੇਂ ਆਏ ਐਕਸੀਅਨ ਇੰਜੀਨੀਅਰ ਅਰੁਣਦੀਪ ਸਿੰਘ ਸਿੱਧੂ ਨੇ ਆਪਣਾ ਅਹੁਦਾ ਸੰਭਾਲਿਆ।ਇਸ ਅਵਸਰ ਤੇ ਨਵੇਂ ਆਏ ਐਕਸੀਅਨ ਅਰੁਣਦੀਪ ਸਿੰਘ ਸਿੱਧੂ ਨੂੰ ਇੰਪਲਾਈਜ ਫੈਡਰੇਸ਼ਨ ਚਾਹਲ ਗਰੁੱਪ ਦੇ ਮੰਡਲ ਪ੍ਰਧਾਨ ਸ੍ਰ ਰਣਜੀਤ ਸਿੰਘ ਦੀ ਅਗਵਾਈ ਹੇਠ ਉਹਨਾਂ ਦੇ ਸਾਥੀਆਂ ਵੱਲੋਂ ਗੁਲਦਸਤਾ ਭੇਟ ਕਰਕੇ ਸਨਮਾਨਿਤ ਕਰਕੇ ਤੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਨਵਨਿਯੁਕਤ ਐਕਸੀਅਨ ਅਰੁਣਦੀਪ ਸਿੰਘ ਸਿੱਧੂ ਨੇ ਬੋਲਦਿਆਂ ਕਿਹਾ ਕੀ ਜੋਂ ਮੈਨੂੰ ਇੰਪਲਾਈਜ਼ ਫੈਡਰੇਸ਼ਨ ਚਾਹਲ ਗਰੁੱਪ ਵੱਲੋਂ ਇੰਨਾ ਮਾਣ ਸਨਮਾਨ ਦਿੱਤਾ ਕਿ ਮੈਂ ਹਮੇਸ਼ਾ ਰਿਣੀ ਰਹਾਂਗਾ।ਉਨ੍ਹਾਂ ਵਿਸ਼ਵਾਸ ਦਿਵਾਇਆ ਕੀ ਕਰਮਚਾਰੀਆਂ ਦੇ ਹਰ ਜਾਇਜ਼ ਮਸਲੇ ਪਹਿਲ ਦੇ ਆਧਾਰ ਤੇ ਹੱਲ ਕਰਾਗਾਂ।ਕਿਸੇ ਨੂੰ ਵੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਜੇਕਰ ਕਿਸੇ ਨੂੰ ਵੀ ਕੋਈ ਪ੍ਰੇਸ਼ਾਨੀ ਆਉਂਦੀ ਹੈ ਤਾਂ ਮੈਨੂੰ ਸਿੱਧਾ ਮਿਲ ਸਕਦਾ ਹੈ।ਐਕਸੀਅਨ ਸਿੱਧੂ ਨੇ ਕਿਹਾ ਕੀ ਖਪਤਕਾਰਾਂ ਨੂੰ ਨਿਰਵਿਘਨ ਅਤੇ ਬਿਹਤਰ ਬਿਜਲੀ ਸਪਲਾਈ ਮੁਹੱਈਆ ਕਰਵਾਉਣ ਲਈ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ।ਇਸ ਮੌਕੇ ਸਕੱਤਰ ਪ੍ਰਭਜੋਤ ਸਿੰਘ, ਗੁਰਨਾਮ ਸਿੰਘ, ਤਸਬੀਰ ਸਿੰਘ, ਸਰਬਜੀਤ ਸਿੰਘ, ਮੀਤ ਪ੍ਰਧਾਨ ਹਰਪ੍ਰੀਤ ਮਸੀਹ, ਰਮਨਦੀਪ ਕੌਰ, ਨਵਦੀਪ ਕੌਰ ਆਰ ਏ ਅਜਨਾਲਾ, ਮੁਸਕਾਨ ਅਰੋੜਾ ਆਦਿ ਹਾਜ਼ਰ ਸਨ।

# ਕੋਟਲਾ ਮੱਝਾ ਸਿੰਘ ਦੇ ਵਿਕਾਸ 'ਚ ਕੋਈ ਕਮੀ ਨਹੀਂ ਰਹਿਣ ਦਿਆਂਗੇ : ਤਲਬੀਰ ਸਿੰਘ ਗਿੱਲ

**ਮਜੀਠਾ (ਸੋਇਮ ਆਨੰਦ)-** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ।ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਕੀਤਾ।ਉਹ ਅੱਜ ਹਲਕਾ ਮਜੀਠਾ ਦੇ ਪਿੰਡ ਕੋਟਲਾ ਮੱਝਾ ਸਿੰਘ ਵਿਖੇ ਲੋਕ ਮਿਲਣੀ ਤਹਿਤ ਕਰਵਾਈ ਗਈ ਵਿਸ਼ੇਸ਼ ਇਕੱਤਰਤਾ ਨੂੰ ਸੰਬੋਧਨ ਕਰ ਰਹੇ ਸਨ।ਇਸ ਮੌਕੇ ਉਹ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ



ਪਿੰਡ ਵਾਸੀਆਂ ਨਾਲ ਖੁੱਲ੍ਹ ਕੇ ਵਿਚਾਰ ਵਟਾਂਦਰਾ ਕੀਤਾ।ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ ਅਤੇ ਰੁਜ਼ਗਾਰ ਦੇ ਖੇਤਰ ਵਿੱਚ ਜੋ ਇਤਿਹਾਸਕ ਫੈਸਲੇ ਲਏ ਗਏ ਹਨ, ਉਨ੍ਹਾਂ ਦਾ ਸਿੱਧਾ ਲਾਭ ਅੱਜ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ।ਉਨ੍ਹਾਂ ਕਿਹਾ ਕਿ ਹਲਕਾ ਮਜੀਠਾ ਦੇ ਹਰ ਪਿੰਡ ਤੱਕ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਪਹੁੰਚਾਉਣਾ ਹੀ ਉਨ੍ਹਾਂ ਦੀ ਮੁੱਖ ਪਹਿਲ ਹੈ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਝਿਜਕ ਦੇ ਆਪਣੇ ਪਿੰਡ ਦੀਆਂ ਸਮੱਸਿਆਵਾਂ ਉਨ੍ਹਾਂ ਨਾਲ ਸਾਂਝੀਆਂ ਕਰਨ ਤਾਂ ਜੋ ਉਨ੍ਹਾਂ ਦਾ ਮੌਕੇ ਤੇ ਹੀ ਹੱਲ ਕਰਵਾਇਆ ਜਾ ਸਕੇ।ਉਨ੍ਹਾਂ ਭਰੋਸਾ ਦਿੱਤਾ ਕਿ ਪਿੰਡ ਕੋਟਲਾ ਮੱਝਾ ਸਿੰਘ ਦੇ ਸਰਵਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਦੌਰਾਨ ਪਿੰਡ ਵਾਸੀਆਂ ਨੇ ਆਪਣੇ ਪਿੰਡ ਨਾਲ ਸਬੰਧਤ ਵਿਕਾਸ ਕਾਰਜਾਂ ਅਤੇ ਹੋਰ ਮੰਗਾਂ ਤਲਬੀਰ ਸਿੰਘ ਗਿੱਲ ਦੇ ਧਿਆਨ ਵਿੱਚ ਲਿਆਂਦੀਆਂ, ਜਿਨ੍ਹਾਂ ਨੂੰ ਜਲਦ ਪੂਰਾ ਕਰਨ ਦਾ ਉਨ੍ਹਾਂ ਨੇ ਭਰੋਸਾ ਦਿੱਤਾ।

ਇਸ ਮੌਕੇ ਮੈਂਬਰ ਅਮਰਜੀਤ ਸਿੰਘ, ਅਜਮੇਰ ਸਿੰਘ, ਅਵਤਾਰ ਸਿੰਘ, ਕਵਲਜੀਤ ਕੌਰ, ਸਚਪਾਲ ਸਿੰਘ, ਜਗਤਾਰ ਸਿੰਘ, ਕੁਲਦੀਪ ਸਿੰਘ ਦੋਧੀ, ਹਰਦੀਪ ਸਿੰਘ, ਕੁਲਦੀਪ ਸਿੰਘ, ਗੁਰਵਿੰਦਰ ਸਿੰਘ, ਨਵਕਿਰਨ ਸਿੰਘ, ਮਨਪ੍ਰੀਤ ਸਿੰਘ, ਹਰਜਿੰਦਰ ਸਿੰਘ, ਰਜਿੰਦਰ ਸਿੰਘ, ਮੰਗਲ ਸਿੰਘ, ਗੁਰਮੀਤ ਸਿੰਘ ਦੋਧੀ, ਸਾਬਕਾ ਸਰਪੰਚ ਤਰਸੇਮ ਸਿੰਘ, ਨਿਰਮਲ ਸਿੰਘ, ਹੀਰਾ ਸਿੰਘ, ਕੁਲਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਅਸ਼ੋਕ ਚੱਕਰ ਜੇਤੂ ਫਾਇਰਮੈਨ ਚਮਨ ਲਾਲ ਨੂੰ 61ਵੇਂ ਸ਼ਹੀਦੀ ਦਿਹਾੜੇ 'ਤੇ ਸ਼ਰਧਾਂਜਲੀ ਭੇਟ

**ਗੁਰਦਾਸਪੁਰ (ਜਨਕ ਮਹਾਜਨ)-** 1965 ਦੀ ਭਾਰਤ-ਪਾਕਿ ਜੰਗ ਵਿਚ ਸ਼ਹੀਦੀ ਪ੍ਰਾਪਤ ਕਰਨ ਵਾਲੇ ਅਸ਼ੋਕ ਚੱਕਰ ਫਸਟ ਕਲਾਸ ਜੇਤੂ ਫਾਇਰਮੈਨ ਚਮਨ ਲਾਲ ਦਾ 61ਵਾਂ ਸ਼ਹੀਦੀ ਦਿਵਸ ਮਨਾਇਆ ਗਿਆ ਜਿਸ ਵਿਚ ਹਲਕਾ ਇੰਚਾਰਜ 'ਆਪ' ਰਮਨ ਬਹਿਲ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਇਸ ਤੋਂ ਇਲਾਵਾ ਸ਼ਹੀਦ ਦੀ ਪਤਨੀ ਆਸ਼ਾ ਰਾਣੀ, ਭਰਜਾਈ ਗੁਰਦੀਪ ਚੰਦ, ਪੜਪੋਤੀ ਸੋਨਾਕਸ਼ੀ, ਨਾਇਬ ਤਹਿਸੀਲਦਾਰ ਰਣਦੀਪ ਸਿੰਘ, ਸਲਾਹਕਾਰ ਪਰਮਿੰਦਰ ਸਿੰਘ ਸੈਣੀ, ਪ੍ਰੋ. ਹਰਬੰਸ ਸਿੰਘ, ਹੰਸ ਰਾਜ, ਰਾਜੇਸ਼ ਕੁਮਾਰ, ਇੰਦਰਜੀਤ ਸਿੰਘ ਬਾਜਵਾ, ਸੰਜੀਵ ਸਰਪਾਲ, ਸਟੇਸ਼ਨ



ਮਾਸਟਰ ਸੁਰਿੰਦਰ ਕੁਮਾਰ, ਰੇਲਵੇ ਪੁਲਿਸ ਦੇ ਏ.ਐਸ.ਆਈ. ਤਰੁਣਜੀਤ ਸਿੰਘ, ਏ.ਐਸ.ਆਈ. ਹਰਦੇਵ ਸਿੰਘ, ਏਐਸਆਈ ਕੁਲਜੀਤ ਸਿੰਘ, ਹਵਾਲਦਾਰ ਰਣਜੀਤ ਸਿੰਘ ਅਤੇ ਹਵਾਲਦਾਰ ਹਰਪ੍ਰੀਤ ਸਿੰਘ, ਸਾਬਕਾ ਕੌਂਸਲਰ ਗੋਲਡੀ, ਦਿਨੇਸ਼ ਛਾਬੜਾ ਆਦਿ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ ਅਤੇ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕੀਤੀ। ਸਭ ਤੋਂ ਪਹਿਲਾਂ ਮੁੱਖ ਮਹਿਮਾਨ ਅਤੇ ਹੋਰ ਮਹਿਮਾਨਾਂ ਨੇ ਸ਼ਹੀਦ ਸਮਾਰਕ 'ਤੇ ਸ਼ਰਧਾਂਜਲੀ ਭੇਟ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਸ਼ਰਧਾਂਜਲੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ 61 ਸਾਲ ਪਹਿਲਾਂ ਪਾਕਿਸਤਾਨੀ ਜਹਾਜ਼ਾਂ ਨੇ ਇਸ ਰੇਲਵੇ ਸਟੇਸ਼ਨ 'ਤੇ ਖੜੀ ਪੈਟਰੋਲ ਨਾਲ ਭਰੀ ਮਾਲ ਗੱਡੀ 'ਤੇ ਹਮਲਾ ਕੀਤਾ ਸੀ। ਉਸ ਸਮੇਂ ਇਸ ਸਟੇਸ਼ਨ 'ਤੇ ਤਾਇਨਾਤ ਫਾਇਰਮੈਨ ਚਮਨ ਕੋਲ ਦੋ ਵਿਕਲਪ ਸਨ: ਇੱਕ ਪਾਸੇ ਮੌਤ ਅਤੇ ਦੂਜੇ ਪਾਸੇ ਜ਼ਿੰਦਗੀ। ਪਰ, ਡਿਊਟੀ ਪ੍ਰਤੀ ਸਮਰਪਣ ਦਿਖਾਉਂਦੇ ਹੋਏ, ਉਨ੍ਹਾਂ ਨੇ ਮੌਤ ਦਾ ਰਸਤਾ ਚੁਣਿਆ ਅਤੇ ਪੂਰੇ ਗੁਰਦਾਸਪੁਰ ਸ਼ਹਿਰ ਨੂੰ ਤਬਾਹੀ ਤੋਂ ਬਚਾਇਆ। ਸ਼ਹੀਦ ਦਾ ਪਰਿਵਾਰ ਅਤੇ ਸ਼ਹੀਦ ਸੈਨਿਕ ਪਰਿਵਾਰ ਸੁਰੱਖਿਆ ਪ੍ਰੀਸ਼ਦ ਲੰਬੇ ਸਮੇਂ ਤੋਂ ਮੰਗ ਕਰ ਰਹੇ ਹਨ ਕਿ ਇਸ ਸਟੇਸ਼ਨ ਦਾ ਨਾਮ ਸ਼ਹੀਦ ਫਾਇਰਮੈਨ ਚਮਨ ਲਾਲ ਦੇ ਨਾਮ 'ਤੇ ਰੱਖਿਆ ਜਾਵੇ। ਬਹਾਦਰ ਯੋਧੇ ਦੀ ਬਹਾਦਰ ਪਤਨੀ ਆਸ਼ਾ ਰਾਣੀ ਦੇ ਪੈਰਾਂ 'ਤੇ ਵੀ ਆਪਣਾ ਸਿਰ ਝੁਕਾਉਂਦੇ ਹਨ, ਜੋ ਆਪਣੇ ਪਤੀ ਦੀਆਂ ਯਾਦਾਂ ਨੂੰ ਆਪਣੇ ਦਿਲ ਵਿੱਚ ਸੰਭਾਲਦੀ ਹੈ ਅਤੇ ਪਿਛਲੇ ਛੇ ਦਹਾਕਿਆਂ ਤੋਂ ਆਪਣੇ ਪਤੀ ਦੀ ਕੁਰਬਾਨੀ ਦੀ ਲਾਟ ਨੂੰ ਆਪਣੇ ਦਿਲ ਵਿੱਚ ਬਲਦੀ ਰੱਖਦੀ ਹੈ, ਜੋ ਕੁਰਬਾਨੀ ਅਤੇ ਸੰਘਰਸ਼ ਦਾ ਪ੍ਰਤੀਕ ਬਣ ਗਈ ਹੈ। ਉਨ੍ਹਾਂ ਕਿਹਾ ਕਿ ਰੇਲਵੇ ਮੰਤਰਾਲੇ ਅਤੇ ਪ੍ਰਧਾਨ ਮੰਤਰੀ ਦਫ਼ਤਰ ਨੂੰ ਕਈ ਪੱਤਰ ਲਿਖੇ ਗਏ ਹਨ, ਪਰ ਕੋਈ ਕਾਰਵਾਈ ਨਹੀਂ ਕੀਤੀ ਗਈ, ਜਿਸ ਨਾਲ ਪਰਿਵਾਰ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਇਸ ਮੌਕੇ 'ਤੇ, ਮੁੱਖ ਮਹਿਮਾਨ ਨੇ ਸ਼ਹੀਦ ਦੇ ਪਰਿਵਾਰ ਅਤੇ ਪੰਜ ਹੋਰ ਪਰਿਵਾਰਾਂ ਨੂੰ ਸ਼ਾਲ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।

ਨਵਾਂ ਜ਼ਮਾਨਾ
ਮੰਗਲਵਾਰ, 15 ਸਤੰਬਰ 2026

## ਵਿੱਦਿਅਕ ਅਦਾਰਿਆਂ ਨੂੰ ਚੱਟ ਗਈ ਸਿਉਂਕ

*ਅੱਜ ਦੇਸ਼ ਦੀਆਂ ਯੂਨੀਵਰਸਿਟੀਆਂ ਤੇ ਕਾਲਜਾਂ ਦੀ ਤਬਾਹੀ ਦਾ ਜ਼ਿਕਰ ਕਰਨਾ, ਉਨ੍ਹਾਂ ਸੈਂਕੜੇ ਯੂਨੀਵਰਸਿਟੀਆਂ ਤੇ ਕਾਲਜਾਂ ਲਈ ਬੇਮਾਅਨੀ ਹੋਵੇਗਾ, ਜੋ ਸਿਰਫ ਨਾਂਅ ਦੇ ਕਾਲਜ ਜਾਂ ਯੂਨੀਵਰਸਿਟੀਆਂ ਰਹਿ ਗਏ ਹਨ। ਉੱਥੇ ਆਮ ਤੌਰ 'ਤੇ ਅਧਿਆਪਕ ਨਹੀਂ ਹਨ, ਕਲਾਸਾਂ ਸਿਰਫ ਨਾਂਅ ਦੀਆਂ ਲਗਦੀਆਂ ਹਨ, ਪ੍ਰੀਖਿਆਵਾਂ ਹੁੰਦੀਆਂ ਹਨ, ਪਰ ਉਨ੍ਹਾਂ ਨੂੰ ਪ੍ਰੀਖਿਆਵਾਂ ਕਹਿਣਾ ਇੱਕ ਮਜ਼ਾਕ ਹੋਵੇਗਾ। ਅਜਿਹੇ ਵਿਦਿਆਰਥੀ ਵੀ ਮਿਲਦੇ ਹਨ, ਜੋ ਮੰਨਦੇ ਹਨ ਕਿ ਉਹ ਆਪਣੇ ਤਿੰਨ ਸਾਲਾਂ ਦੀ ਗ੍ਰੈਜੂਏਸ਼ਨ ਦੌਰਾਨ ਇੱਕ ਵਾਰ ਵੀ ਕਲਾਸਰੂਮ ਵਿੱਚ ਨਹੀਂ ਬੈਠੇ। ਬਹੁਤ ਸਾਰੇ ਰਾਜਾਂ ਵਿੱਚ, ਅਧਿਆਪਕਾਂ ਨੂੰ ਕਈ ਮਹੀਨਿਆਂ ਬਾਅਦ ਯਕਮੁਸ਼ਤ ਤਨਖਾਹ ਮਿਲਦੀ ਹੈ। ਸਮੈਸਟਰ ਅਤੇ ਅੰਦਰੂਨੀ ਮੁਲਾਂਕਣ ਵਰਗੇ ਸ਼ਬਦ ਸੁਣਦੇ ਹੋਵੋਗੇ, ਪਰ ਪੜ੍ਹਾਈ ਨਾਮਾਤਰ ਹੁੰਦੀ ਹੈ, ਕੋਚਿੰਗ ਸੰਸਥਾਵਾਂ ਜਲਕੁੰਭੀ ਦੀ ਤਰ੍ਹਾਂ ਛਾ ਗਈਆਂ ਹਨ।*

*ਵਾਈਸ-ਚਾਂਸਲਰਾਂ ਦੀ ਨਿਯੁਕਤੀ ਵਿੱਚ ਜਾਤ ਅਤੇ ਪੈਸਾ ਨਿਰਣਾਇਕ ਤੱਤ ਹੈ। ਅਧਿਆਪਕਾਂ ਦੀਆਂ ਨਿਯੁਕਤੀਆਂ ਗੁੰਝਲਦਾਰ ਹਨ। ਪ੍ਰਾਈਵੇਟ ਕਾਲਜ ਅਧਿਆਪਕਾਂ ਦੀ ਤਨਖਾਹ ਦਾ ਇੱਕ ਹਿੱਸਾ ਉਨ੍ਹਾਂ ਲੋਕਾਂ ਨੂੰ ਜਾਂਦਾ ਹੈ, ਜਿਨ੍ਹਾਂ ਦੀ ਕ੍ਰਿਪਾ ਨਾਲ ਉਨ੍ਹਾਂ ਦੀ ਨਿਯੁਕਤੀ ਹੁੰਦੀ ਹੈ। ਅਧਿਆਪਕਾਂ ਲਈ ਅਕਾਦਮਿਕ ਆਜ਼ਾਦੀ ਇੱਕ ਅਜਨਬੀ ਸ਼ਬਦ ਹੈ ਕਿਉਂਕਿ ਪਾਠਕ੍ਰਮ ਨੂੰ ਆਕਾਰ ਦੇਣ ਵਿੱਚ ਉਨ੍ਹਾਂ ਦੀ ਭੂਮਿਕਾ ਬਹੁਤ ਘੱਟ ਹੈ। ਉਨ੍ਹਾਂ ਦੇ ਫੈਸਲੇ ਅਕਾਦਮਿਕ ਜੀਵਨ ਦੇ ਕਿਸੇ ਵੀ ਪਹਿਲੂ ਨੂੰ ਪ੍ਰਭਾਵਤ ਨਹੀਂ ਕਰਦੇ।*

*ਕਈ ਕਾਲਜਾਂ ਦੇ ਘਾਹ ਦੇ ਮੈਦਾਨ ਜੰਗਲਾਂ ਵਿੱਚ ਬਦਲ ਗਏ ਹਨ।*

*ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਭਾਜਪਾ ਅਤੇ ਆਰ ਐੱਸ ਐੱਸ ਨਾਮਕ ਸਿਉਂਕ ਹੌਲੀ-ਹੌਲੀ ਯੂਨੀਵਰਸਿਟੀਆਂ ਤੇ ਕਾਲਜਾਂ ਨੂੰ ਚੱਟ ਗਈ ਹੈ। ਦਹਿਸ਼ਤ ਦਾ ਆਲਮ ਇਹ ਹੈ ਕਿ ਕਲਾਸਰੂਮ ਵਿੱਚ ਪੜ੍ਹਾਉਂਦੇ ਸਮੇਂ ਅਧਿਆਪਕ ਆਪਣੇ-ਆਪ 'ਤੇ ਨਜ਼ਰ ਰੱਖਦੇ ਹਨ, ਆਪਣੇ-ਆਪ ਨੂੰ ਸੈਂਸਰ ਕਰਦੇ ਹਨ ਤਾਂ ਜੋ ਜੇ ਕੋਈ ਉਨ੍ਹਾਂ ਨੂੰ ਰਿਕਾਰਡ ਕਰ ਰਿਹਾ ਹੈ, ਤਾਂ ਰਿਕਾਰਡਿੰਗ ਜੇਲ੍ਹ ਨਾ ਭਿਜਵਾ ਦੇਵੇ ਜਾਂ ਨੌਕਰੀ ਨਾ ਖਾ ਜਾਵੇ। ਇਨ੍ਹਾਂ ਸੰਸਥਾਵਾਂ ਦੇ ਇਤਿਹਾਸ ਵਿੱਚ ਕਦੇ ਵੀ ਕੋਈ ਅਧਿਆਪਕ ਏਨਾ ਭੈਅ-ਭੀਤ, ਏਨਾ ਤਰਸਯੋਗ ਨਹੀਂ ਰਿਹਾ।*

*ਵਾਈਸ ਚਾਂਸਲਰਾਂ, ਡਾਇਰੈਕਟਰਾਂ ਜਾਂ ਪ੍ਰਿੰਸੀਪਲਾਂ ਦੀਆਂ ਨਿਯੁਕਤੀਆਂ ਉਨ੍ਹਾਂ ਦੀ ਅਕਾਦਮਿਕ ਯੋਗਤਾ ਦੇ ਆਧਾਰ 'ਤੇ ਨਹੀਂ, ਸਗੋਂ ਆਰ ਐੱਸ ਐੱਸ ਦੇ ਅੰਦਰ ਉਨ੍ਹਾਂ ਦੇ ਪ੍ਰਭਾਵ ਅਤੇ ਪੈਸੇ ਦੇ ਆਧਾਰ 'ਤੇ ਹੋ ਰਹੀਆਂ ਹਨ। ਉਨ੍ਹਾਂ ਦੀ ਵਚਨਬੱਧਤਾ ਸੰਸਥਾ ਜਾਂ ਵਿਦਿਆਰਥੀਆਂ ਨਾਲ ਨਹੀਂ, ਸਗੋਂ ਆਰ ਐੱਸ ਐੱਸ ਨਾਲ ਹੈ। ਉਨ੍ਹਾਂ ਨੂੰ ਆਰ ਐੱਸ ਐੱਸ ਦੇ ਮੈਂਬਰਾਂ ਦੀ ਭਰਤੀ ਤੇ ਹਿੰਦੂਤਵੀ ਵਿਚਾਰਧਾਰਾ ਦਾ ਪ੍ਰਚਾਰ ਕਰਨ ਲਈ ਲਿਆਂਦਾ ਜਾਂਦਾ ਹੈ।*

*ਅਧਿਆਪਕ ਕਿਸੇ ਵੀ ਵਿੱਦਿਅਕ ਸੰਸਥਾ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਵਾਈਸ ਚਾਂਸਲਰ ਜਾਂ ਡਾਇਰੈਕਟਰ 5 ਜਾਂ 10 ਸਾਲ ਸੇਵਾ ਕਰ ਸਕਦੇ ਹਨ, ਜਦੋਂ ਕਿ ਕੈਂਪਸ ਵਿੱਚ ਔਸਤ ਅਧਿਆਪਕ ਦੀ ਉਮਰ 30 ਸਾਲ ਹੁੰਦੀ ਹੈ। ਜੇ ਉਨ੍ਹਾਂ ਦੇ ਮਾਮਲੇ ਵਿੱਚ ਸਮਝੌਤਾ ਕੀਤਾ ਜਾਂਦਾ ਹੈ ਤਾਂ ਸੰਸਥਾ ਦਾ ਹੌਲੀ-ਹੌਲੀ ਅੰਤ ਯਕੀਨੀ ਹੈ।*

*ਵਿੱਦਿਅਕ ਸੰਸਥਾਵਾਂ ਵਿੱਚ ਹੁਣ ਆਰ ਐੱਸ ਐੱਸ ਦੇ ਹਿੰਦੂਤਵ ਅਤੇ ਭਾਰਤੀਅਤਾ ਤੋਂ ਇਲਾਵਾ ਕਿਸੇ ਹੋਰ ਵਿਚਾਰਧਾਰਾ ਲਈ ਜਗ੍ਹਾ ਨਹੀਂ ਰਹੀ। ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ ਨੂੰ ਤਾਂ ਸੰਸਥਾਨ ਦੀ ਸਰਪ੍ਰਸਤੀ ਹੈ। ਹੋਰਨਾਂ ਵਿਦਿਆਰਥੀ ਸੰਗਠਨਾਂ ਨੂੰ ਅਪਰਾਧੀ ਮੰਨਿਆ ਜਾਂਦਾ ਹੈ। ਕੈਂਪਸ ਵਿੱਚ ਸਿਰਫ ਇੱਕ ਹੀ ਰੰਗ ਹੈ : ਭਗਵਾਂ। ਕੈਂਪਸ ਹਿੰਦੂਤਵੀ ਰਾਸ਼ਟਰਵਾਦ ਦੇ ਪ੍ਰਚਾਰ ਲਈ ਪਲੇਟਫਾਰਮ ਬਣ ਗਏ ਹਨ।*

## ਪਾਠਕ-ਸੱਥ

### ਪ੍ਰਤੀਕਿਰਿਆ

11 ਸਤੰਬਰ 'ਨਵਾਂ ਜ਼ਮਾਨਾ' ਵਿੱਚ ਛਪਿਆ ਮਲਕੀਤ ਰਾਸੀ ਦਾ 'ਗਿਆਨ ਦੇ ਅੰਬਰ ਬਨਾਮ ਆਰਥਿਕਤਾ ਦੇ ਪਿੰਜਰੇ' ਅੱਜ ਦੇ ਸਮੇਂ ਦੀ ਸਭ ਤੋਂ ਜ਼ਰੂਰੀ ਅਤੇ ਦਲੇਰ ਆਵਾਜ਼ ਹੈ।ਇਸ ਲੇਖ ਦੀ ਸਭ ਤੋਂ ਵੱਡੀ ਖ਼ੂਬੀ ਇਸ ਦੀ ਪਾਕ-ਪਵਿੱਤਰ ਚੇਤਨਾ ਹੈ। ਲੇਖਕ ਨੇ ਬੜੀ ਖ਼ੂਬਸੂਰਤੀ ਨਾਲ ਸਿੱਖਿਆ ਨੂੰ ਹਨੇਰੇ ਖ਼ੂਹਾਂ 'ਚੋਂ ਨਿਕਲਦੀ ਰੌਸ਼ਨੀ ਅਤੇ ਗਿਆਨ ਦੇ ਅਸੀਮ ਅੰਬਰ ਨਾਲ ਜੋੜਿਆ ਹੈ। ਫਿਰ ਇਸੇ ਅੰਬਰ ਨੂੰ 20-20 ਲੱਖ ਦੀ ਬੋਲੀ ਲਾਉਣ ਵਾਲੀ ਸਰਕਾਰੀ ਨੀਤੀ ਦੇ ਪਿੰਜਰੇ ਵਿੱਚ ਕੈਦ ਹੁੰਦਾ ਦਿਖਾਇਆ ਹੈ। ਪੰਜਾਬ ਦੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ MBBS ਲਈ 20 ਲੱਖ ਰੁਪਏ ਸਰਵਿਸ ਬਾਂਡ ਦਾ ਮਾਮਲਾ ਸਿਰਫ਼ ਇੱਕ ਖ਼ਬਰ ਨਹੀਂ, ਸਗੋਂ ਗਰੀਬ ਵਿਦਿਆਰਥੀ ਦੇ ਸੁਪਨਿਆਂ 'ਤੇ ਅਸਮਾਨੀ ਬਿਜਲੀ ਡਿੱਗਣ ਵਾਂਗ ਹੈ, ਇਹ ਲੇਖ ਸਿਰਫ਼ ਆਲੋਚਨਾ ਨਹੀਂ ਕਰਦਾ, ਸਗੋਂ ਹੱਲ ਵੀ ਦਿੰਦਾ ਹੈ ਕਿ ਸਰਕਾਰ ਨੂੰ ਇਹ ਘਾਤਕ ਫ਼ੈਸਲਾ ਤੁਰੰਤ ਵਾਪਸ ਲੈਣਾ ਚਾਹੀਦਾ ਹੈ। ਅਜਿਹੀ ਨਿਰਭੈਅ, ਸੰਵੇਦਨਸ਼ੀਲ ਅਤੇ ਲੋਕ-ਪੱਖੀ ਪੱਤਰਕਾਰੀ ਲਈ ਲੇਖਕ ਅਤੇ 'ਨਵਾਂ ਜ਼ਮਾਨਾ' ਦੋਵੇਂ ਵਧਾਈ ਦੇ ਪਾਤਰ ਹਨ।

-o-

ਇੱਕ ਵਿਦਿਆਰਥੀ ਦੇ ਨਜ਼ਰੀਏ ਤੋਂ, ਇਹ ਨੀਤੀਆਂ ਸਾਡੇ ਉੱਜਵਲ ਭਵਿੱਖ ਦੇ ਸੁਪਨਿਆਂ 'ਤੇ ਇੱਕ ਵੱਡੀ ਸੱਟ ਹਨ। ਜਦੋਂ ਇੱਕ ਆਮ ਜਾਂ ਗਰੀਬ ਪਰਿਵਾਰ ਦਾ ਬੱਚਾ ਦਿਨ-ਰਾਤ ਮਿਹਨਤ ਕਰਕੇ ਮੈਡੀਕਲ ਦੀ ਪ੍ਰੀਖਿਆ ਪਾਸ ਕਰਦਾ ਹੈ, ਤਾਂ ਉਸ ਨੂੰ ਉਮੀਦ ਹੁੰਦੀ ਹੈ ਕਿ ਉਸ ਦੀ ਯੋਗਤਾ ਰੰਗ ਲਿਆਵੇਗੀ। ਪਰ ਦਾਖਲੇ ਸਮੇਂ ਲੱਖਾਂ ਰੁਪਏ ਦੀਆਂ ਫੀਸਾਂ ਅਤੇ ਕਰੋੜਾਂ ਦੀਆਂ ਜਾਇਦਾਦਾਂ ਦੀ ਗਾਰੰਟੀ (ਬਾਂਡ) ਮੰਗਣਾ ਸਾਨੂੰ ਮਾਨਸਿਕ ਤੌਰ 'ਤੇ ਤੋੜ ਦਿੰਦਾ ਹੈ।ਇਹ ਨਿਯਮ ਸਿੱਖਿਆ ਦੇ ਵਪਾਰੀਕਰਨ ਨੂੰ ਦਰਸਾਉਂਦੇ ਹਨ, ਜਿਸ ਨਾਲ ਉੱਚ ਸਿੱਖਿਆ ਸਿਰਫ਼ ਅਮੀਰਾਂ ਤੱਕ ਸੀਮਤ ਹੋ ਕੇ ਰਹਿ ਜਾਵੇਗੀ। ਇੱਕ ਯੋਗ ਵਿਦਿਆਰਥੀ ਨੂੰ ਡਾਕਟਰ ਬਣਨ ਲਈ ਲੋਨ ਦੀ ਦਲਦਲ ਵਿੱਚ ਫਸਣਾ ਪੈਂਦਾ ਹੈ ਜਾਂ ਫਿਰ ਆਪਣੇ ਮਾਪਿਆਂ ਦੀ ਜ਼ਮੀਨ-ਜਾਇਦਾਦ ਗਿਰਵੀ ਰੱਖਣੀ ਪੈਂਦੀ ਹੈ, ਜਿਸ ਨਾਲ ਪੂਰਾ ਪਰਿਵਾਰ ਚਿੰਤਾ ਵਿੱਚ ਡੁੱਬ ਜਾਂਦਾ ਹੈ।ਸਰਕਾਰ ਨੂੰ ਚਾਹੀਦਾ ਹੈ ਕਿ ਉਹ ਵਿਦਿਆਰਥੀਆਂ ਨੂੰ 'ਆਰਥਿਕ ਅਰਾਜਕਤਾ' ਦੇ ਪਿੰਜਰੇ ਵਿੱਚ ਕੈਦ ਕਰਨ ਦੀ ਬਜਾਏ, ਸਿੱਖਿਆ ਨੂੰ ਸਸਤਾ ਅਤੇ ਪਹੁੰਚਯੋਗ ਬਣਾਵੇ। ਜੇਕਰ ਦੇਸ਼ ਦੇ ਨੌਜਵਾਨਾਂ ਨੂੰ ਆਪਣੇ ਹੀ ਮੁਲਕ ਵਿੱਚ ਪੜ੍ਹਨ ਲਈ ਇੰਨੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਵੇਗਾ, ਤਾਂ ਉਹ ਮਜਬੂਰਨ ਵਿਦੇਸ਼ਾਂ ਵੱਲ ਰੁਖ਼ ਕਰਨਗੇ। ਸਿੱਖਿਆ ਹਰ ਯੋਗ ਬੱਚੇ ਦਾ ਹੱਕ ਹੋਣੀ ਚਾਹੀਦੀ ਹੈ, ਨਾ ਕਿ ਕੋਈ ਵਪਾਰ।

**ਰੂਪ ਕਮਲ ਕੌਰ**
**ਚੰਡੀਗੜ੍ਹ**

# ਪੰਜਾਬ ਅਤੇ ਦਿੱਲੀ ਦਾ ਇੱਟ-ਖੜਿੱਕਾ


ਗੁਰਮੀਤ ਸਿੰਘ ਪਲਾਹੀ

ਪੰਜਾਬ ਇਸ ਸਮੇਂ ਤਪਿਆ ਪਿਆ ਹੈ। 2027 ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਦੀਆਂ ਸਿਆਸੀ ਸਰਗਰਮੀਆਂ ਤੋਂ ਵੀ ਵੱਧ ਪੰਜਾਬ ਦੇ ਮੁਲਾਜ਼ਮਾਂ, ਕਿਸਾਨਾਂ, ਮਜ਼ਦੂਰਾਂ, ਬੇਰੁਜ਼ਗਾਰਾਂ ਦਾ ਸੰਘਰਸ਼ ਉਸ ਕਹਾਵਤ ਨੂੰ ਯਾਦ ਕਰਾਉਂਦਾ ਹੈ-'ਪੰਜਾਬ ਦੇ ਜੰਮਿਆਂ ਨੂੰ ਨਿੱਤ ਮੁਹਿੰਮਾਂ, ਘਰ ਆਏ ਤਾਂ ਰਾਤਾਂ ਅੱਧੀਆਂ।'

ਪੰਜਾਬ ਦੇ ਇਹ ਦਿਨ ਰੋਜ਼ਾਨਾ ਦੇ ਸੰਘਰਸ਼, ਮੁਸ਼ਕਲਾਂ ਅਤੇ ਚੁਣੌਤੀਆਂ ਨਾਲ ਭਰੇ ਹੋਏ ਹਨ। ਪੰਜਾਬ ਸਰਕਾਰ ਅਤੇ ਉਸ ਦਾ ਸਰਕਾਰੀ ਪਰਵਾਰ (ਪੰਜਾਬ ਦੇ ਮੁਲਾਜ਼ਮ) ਇੱਕ-ਦੂਜੇ ਦੇ ਆਹਮੋ-ਸਾਹਮਣੇ ਖੜ੍ਹੇ ਹਨ। ਜਿਵੇਂ ਪੰਜਾਬੀਆਂ ਦਾ ਦਿੱਲੀ ਨਾਲ ਇੱਟ-ਖੜਿੱਕਾ ਮਸ਼ਹੂਰ ਹੈ, ਉਵੇਂ ਹੀ ਪੰਜਾਬ ਦੇ ਮੁਲਾਜ਼ਮਾਂ ਦੀ ਪੰਜਾਬ ਸਰਕਾਰ ਨਾਲ ਲੜਾਈ ਮਸ਼ਹੂਰ ਹੋ ਗਈ ਹੈ। ਪਹਿਲਾਂ ਧਰਨੇ-ਹੜਤਾਲਾਂ, ਫਿਰ ਕਾਨੂੰਨੀ ਲੜਾਈ ਅਤੇ ਫਿਰ ਸਰਕਾਰ ਨਾਲ ਸਿੱਧੀ ਟੱਕਰ! ਗੱਲ ਕਿੱਥੇ ਨਿਬੜੇਗੀ, ਕੁਝ ਪਤਾ ਨਹੀਂ, ਪਰ ਇਸ ਵੇਲੇ ਦੋਹੀਂ ਦਲੀਂ ਮੁਕਾਬਲਾ ਚਰਚਾ ਵਿੱਚ ਹੈ।

ਆਖਰ ਸਰਕਾਰੀ ਮੁਲਾਜ਼ਮਾਂ ਦੀਆਂ ਮੰਗਾਂ ਹਨ ਕਿਹੜੀਆਂ, ਜਿਨ੍ਹਾਂ ਲਈ ਉਨ੍ਹਾਂ ਨੂੰ ਸੜਕਾਂ 'ਤੇ ਰੁਲਣਾ ਪੈ ਰਿਹਾ ਹੈ? ਪੰਜਾਬ ਦੇ ਮੁਲਾਜ਼ਮ 18 ਫੀਸਦੀ ਮਹਿੰਗਾਈ ਭੱਤੇ ਦੀ ਬਕਾਇਆ ਕਿਸ਼ਤ, ਪੁਰਾਣੀ ਪੈਨਸ਼ਨ ਸਕੀਮ ਦੀ ਪੂਰਨ ਬਹਾਲੀ, ਹਜ਼ਾਰਾਂ ਕੱਚੇ ਤੇ ਠੇਕਾ ਮੁਲਾਜ਼ਮਾਂ ਨੂੰ ਪੱਕੇ ਕਰਨ, ਛੇਵੇਂ ਪੇ-ਕਮਿਸ਼ਨ ਦੀਆਂ ਤਰੁੱਟੀਆਂ ਦੂਰ ਕਰਨ, ਪਰੋਬੇਸ਼ਨ ਪੀਰੀਅਡ ਦੌਰਾਨ ਪੂਰੀ ਤਨਖਾਹ ਦੇਣ, ਆਸ਼ਾ ਵਰਕਰਾਂ, ਮਿਡ-ਡੇ-ਮੀਲ ਅਤੇ ਆਂਗਣਵਾੜੀ ਵਰਕਰਾਂ ਲਈ ਘੱਟੋ-ਘੱਟ ਉਜਰਤਾਂ ਤੈਅ ਕਰਨ ਅਤੇ ਵੱਖ-ਵੱਖ ਮਹਿਕਮਿਆਂ ਵਿੱਚ ਅੰਦਰੂਨੀ ਤਰੱਕੀਆਂ ਦੇ ਨਾਲ-ਨਾਲ ਸਰਵਿਸ ਰੂਲਜ਼ ਵਿੱਚ ਸੁਧਾਰ ਲਈ ਸਰਕਾਰ ਤੋਂ ਲਗਾਤਾਰ ਮੰਗ ਕਰ ਰਹੇ ਹਨ।

ਦੂਜੇ ਪਾਸੇ ਸਰਕਾਰ ਦਾ ਤਰਕ ਹੈ ਕਿ ਪੰਜਾਬ ਦੇ ਮੁਲਾਜ਼ਮ ਪਹਿਲਾਂ ਹੀ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਤੋਂ ਵੱਧ ਤਨਖਾਹਾਂ ਲੈ ਰਹੇ ਹਨ। ਸਰਕਾਰ ਦਾ ਦਾਅਵਾ ਹੈ ਕਿ ਪੰਜਾਬ ਦੀ ਆਰਥਿਕ ਹਾਲਤ ਠੀਕ ਨਹੀਂ ਹੈ ਅਤੇ ਕੁੱਲ ਸਰਕਾਰੀ ਆਮਦਨ ਦਾ ਲਗਭਗ 51 ਫੀਸਦੀ ਹਿੱਸਾ ਮੁਲਾਜ਼ਮਾਂ ਦੀਆਂ ਤਨਖਾਹਾਂ ਤੇ ਪੈਨਸ਼ਨਾਂ 'ਤੇ ਹੀ ਖਰਚ ਹੋ ਜਾਂਦਾ ਹੈ, ਜਦਕਿ ਮੁਲਾਜ਼ਮਾਂ ਦਾ ਪਲਟਵਾਂ ਦੋਸ਼ ਹੈ ਕਿ ਸਰਕਾਰੀ ਖਜ਼ਾਨਾ ਇਸ਼ਤਿਹਾਰਬਾਜ਼ੀ ਅਤੇ ਫਜ਼ੂਲ ਖਰਚੀ 'ਤੇ ਅੰਨ੍ਹੇਵਾਹ ਰੋੜ੍ਹਿਆ ਜਾ ਰਿਹਾ ਹੈ। ਪੰਜਾਬ ਵਿੱਚ ਮਹਿੰਗਾਈ ਅਸਮਾਨੀਂ ਛੂਹ ਰਹੀ ਹੈ, ਇਸ ਲਈ ਮਹਿੰਗਾਈ ਭੱਤਾ ਲੈਣਾ ਮੁਲਾਜ਼ਮਾਂ ਦਾ ਸੰਵਿਧਾਨਕ ਹੱਕ ਹੈ, ਕੋਈ ਖੈਰਾਤ ਨਹੀਂ।

ਦੂਜੇ ਪਾਸੇ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ, ਜਿਸ ਵਿੱਚ 32 ਕਿਸਾਨ ਜਥੇਬੰਦੀਆਂ ਸ਼ਾਮਲ ਹਨ, ਕਿਸਾਨ ਪਹਿਲੀ ਸਤੰਬਰ ਤੋਂ ਲਗਾਤਾਰ ਧਰਨੇ 'ਤੇ ਹਨ। ਜੇਕਰ ਅਸੀਂ ਇਤਿਹਾਸ ਵੱਲ ਝਾਤੀ ਮਾਰੀਏ ਤਾਂ 2020-21 ਦਾ ਦਿੱਲੀ ਮੋਰਚਾ ਇੱਕ ਅਜਿਹਾ ਇਤਿਹਾਸਕ ਅੰਦੋਲਨ ਸੀ, ਜਿਸ ਨੇ ਪੂਰੀ ਦੁਨੀਆ ਦਾ ਧਿਆਨ ਖਿੱਚਿਆ। ਕੇਂਦਰ ਸਰਕਾਰ ਦੁਆਰਾ ਲਿਆਂਦੇ ਤਿੰਨ ਖੇਤੀ ਵਿਰੋਧੀ ਕਾਲੇ ਕਾਨੂੰਨਾਂ ਵਿਰੁੱਧ ਪੰਜਾਬ ਦੇ ਕਿਸਾਨਾਂ ਨੇ 26 ਨਵੰਬਰ 2020 ਨੂੰ ਦਿੱਲੀ ਵੱਲ ਕੂਚ ਕੀਤਾ ਅਤੇ ਸਿੰਘੂ ਤੇ ਟਿਕਰੀ ਬਾਰਡਰਾਂ 'ਤੇ 378 ਦਿਨ (ਲਗਭਗ ਇੱਕ ਸਾਲ ਤੋਂ ਵੀ ਵੱਧ ਸਮਾਂ) ਇਤਿਹਾਸਕ ਮੋਰਚਾ ਲਾਇਆ। ਅੰਤ 19 ਨਵੰਬਰ 2021 ਨੂੰ ਕੇਂਦਰ ਸਰਕਾਰ ਨੂੰ ਝੁਕਣਾ ਪਿਆ ਅਤੇ ਇਹ ਕਾਲੇ ਕਾਨੂੰਨ ਰੱਦ ਕਰਨੇ ਪਏ। ਇਹ ਅੰਦੋਲਨ ਇਸ ਕਰਕੇ ਛੇੜਿਆ ਗਿਆ ਸੀ, ਕਿਉਂਕਿ ਖੇਤੀ ਤੋਂ ਬਿਨਾਂ ਪੰਜਾਬ ਦਾ ਕਿਸਾਨ ਤੇ ਮਜ਼ਦੂਰ ਜਿਉਂਦਾ ਨਹੀਂ ਰਹਿ ਸਕਦਾ; ਜ਼ਮੀਨ ਪੰਜਾਬ ਦੀ ਰੂਹ ਹੈ।

ਕੇਂਦਰ ਸਰਕਾਰ ਦਾ ਵਤੀਰਾ ਅਜੇ ਵੀ ਪੰਜਾਬ ਪ੍ਰਤੀ ਸਾਫ਼ ਨਹੀਂ ਹੈ। ਜੋ ਖੇਤੀ ਕਾਨੂੰਨ ਕੇਂਦਰ ਸਰਕਾਰ ਸਿੱਧੇ ਤੌਰ 'ਤੇ ਲਾਗੂ ਨਹੀਂ ਕਰ ਸਕੀ, ਉਨ੍ਹਾਂ ਨੂੰ ਹੁਣ ਵਿੰਗੇ-ਟੇਢੇ ਢੰਗਾਂ ਨਾਲ ਲਾਗੂ ਕਰਨ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ। ਕੇਂਦਰ ਸਰਕਾਰ ਵੱਲੋਂ ਬਹੁਤ ਲੰਮੀਆਂ-ਲੰਮੀਆਂ ਭਾਰਤਮਾਲਾ ਐਕਸਪ੍ਰੈੱਸ-ਵੇਅ ਅਤੇ ਗਲਿਆਰਿਆਂ ਦੀਆਂ ਸੜਕਾਂ ਬਣਾ ਕੇ ਥਾਂ-ਥਾਂ 'ਤੇ ਅਜਿਹੀਆਂ ਥਾਵਾਂ 'ਤੇ ਜ਼ਮੀਨਾਂ ਐਕਵਾਇਰ ਕੀਤੀਆਂ ਜਾ ਰਹੀਆਂ ਹਨ, ਜਿੱਥੇ ਆਮ ਲੋਕਾਂ ਦੇ ਆਉਣ-ਜਾਣ ਦਾ ਕੋਈ ਖਾਸ ਮਤਲਬ ਵੀ ਨਹੀਂ ਹੈ। ਇਸ ਨਾਂਅ 'ਤੇ ਪੰਜਾਬ ਦੀ ਉਪਜਾਊ ਜ਼ਮੀਨ ਕਾਰਪੋਰੇਟਾਂ ਹਵਾਲੇ ਕਰਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ।

ਕਿਸਾਨਾਂ ਦੀਆਂ ਮੰਗਾਂ ਬਿਲਕੁਲ ਸਪੱਸ਼ਟ ਹਨ- ਪੰਜਾਬ ਸਰਕਾਰ ਵਿਧਾਨ ਸਭਾ ਦਾ ਵਿਸ਼ੇਸ਼ ਅਜਲਾਸ ਬੁਲਾ ਕੇ ਪੰਜਾਬ ਦੇ ਪਾਣੀਆਂ ਨਾਲ ਸੰਬੰਧਤ ਪੁਰਾਣੇ ਸਮਝੌਤੇ ਰੱਦ ਕਰੇ, ਭਾਖੜਾ ਬਿਆਸ ਪ੍ਰਬੰਧਨ ਬੋਰਡ ਵਿੱਚ ਪੰਜਾਬ ਦਾ ਅਧਿਕਾਰ ਬਹਾਲ ਕਰੇ, 22 ਫਸਲਾਂ ਲਈ ਐੱਮ ਐੱਸ ਪੀ ਦੀ ਕਾਨੂੰਨੀ ਗਾਰੰਟੀ ਦੇਵੇ, ਕਰਜ਼ਾ ਮੁਆਫ਼ ਕਰੇ ਅਤੇ ਗੰਨੇ ਦਾ ਭਾਅ 500 ਰੁਪਏ ਕੁਇੰਟਲ ਕਰੇ, ਪਰ ਪੰਜਾਬ ਅਤੇ ਕੇਂਦਰ ਦੋਵੇਂ ਸਰਕਾਰਾਂ ਚੁੱਪੀ ਧਾਰੀ ਬੈਠੀਆਂ ਹਨ, ਭਾਵੇਂ ਕਿ ਹੁਣ ਉਪਰੋਕਤ ਮੰਗਾਂ ਨੂੰ ਪੂਰਿਆਂ ਕਰਨ ਲਈ ਪੰਜਾਬ ਸਰਕਾਰ ਤੇ ਕਿਸਾਨਾਂ ਦੀਆਂ ਮੰਗਾਂ ਪੂਰਿਆਂ ਕਰਨ ਲਈ ਇੱਕ ਮਹੀਨੇ ਦਾ ਸਮਾਂ ਨੀਅਤ ਕਰਕੇ ਦੋਹਾਂ ਧਿਰਾਂ 'ਚ ਕੁਝ ਸਮੇਂ ਦੀ ਚੁੱਪ ਪਸਰ ਗਈ ਹੈ।

ਪਹਿਲਾਂ ਤੋਂ ਹੀ ਇਹ ਗੱਲ ਸਾਹਮਣੇ ਆਉਂਦੀ ਰਹੀ ਹੈ ਕਿ ਪੰਜਾਬ ਦਾ ਦਿੱਲੀ ਨਾਲ ਟਕਰਾਅ ਸਦੀਆਂ ਪੁਰਾਣਾ, ਇਤਿਹਾਸਕ ਅਤੇ ਸਿਆਸੀ ਸੰਘਰਸ਼ ਹੈ। ਦਿੱਲੀ ਹਮੇਸ਼ਾ ਕੇਂਦਰੀਕ੍ਰਿਤ ਤਾਕਤ ਦਾ ਗੜ੍ਹ ਰਹੀ ਹੈ ਅਤੇ ਪੰਜਾਬ ਹਮੇਸ਼ਾ ਆਪਣੀ ਸਵੈ-ਮਾਨਤਾ, ਅਣਖ ਅਤੇ ਸੂਬਾਈ ਖੁਦਮੁਖਤਿਆਰੀ ਲਈ ਲੜਦਾ ਰਿਹਾ ਹੈ। ਹੁਣ ਤਾਂ ਮੌਜੂਦਾ ਪੰਜਾਬ ਸਰਕਾਰ ਉਤੇ ਵੀ ਇਹ ਇਲਜ਼ਾਮ ਲੱਗ ਰਹੇ ਹਨ ਕਿ ਦਿੱਲੀ ਦੇ ਦੂਜੇ ਹਾਕਮ ਪੰਜਾਬ ਉਤੇ ਆਪਣੇ ਸੂਬਾ-ਦਫਤਰਾਂ ਰਾਹੀਂ ਰਾਜ ਕਰਦੇ ਹਨ।

ਇਤਿਹਾਸ ਗਵਾਹ ਹੈ ਕਿ ਦਿੱਲੀ ਦੇ ਸ਼ਾਹੀ ਤਖ਼ਤ ਨੇ ਪੰਜਾਬ ਦੇ ਰਹਿਬਰਾਂ 'ਤੇ ਅਨੇਕਾਂ ਜ਼ੁਲਮ ਕੀਤੇ। ਛੇਵੀਂ ਪਾਤਸ਼ਾਹੀ ਤੋਂ ਲੈ ਕੇ ਦਸਵੀਂ ਪਾਤਸ਼ਾਹੀ ਤੱਕ ਜ਼ੁਲਮ, ਜਬਰ ਤੇ ਅਨਿਆਂ ਵਿਰੁੱਧ ਸੰਘਰਸ਼ ਦਿੱਲੀ ਦੀ ਹਕੂਮਤ ਨਾਲ ਹੀ ਸੀ। ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਮਨੁੱਖੀ ਹੱਕਾਂ ਦੀ ਰਾਖੀ ਲਈ ਦਿੱਲੀ ਦੇ ਤਖ਼ਤ ਨੂੰ ਇੱਕ ਸਿੱਧੀ ਵੰਗਾਰ ਸੀ। ਬਾਅਦ ਵਿੱਚ ਸਰਦਾਰ ਬਘੇਲ ਸਿੰਘ, ਜੱਸਾ ਸਿੰਘ ਆਹਲੂਵਾਲੀਆ ਅਤੇ ਜੱਸਾ ਸਿੰਘ ਰਾਮਗੜ੍ਹੀਆ ਵਰਗੇ ਜਰਨੈਲਾਂ ਨੇ ਦਿੱਲੀ ਦੇ ਲਾਲ ਕਿਲ੍ਹੇ 'ਤੇ ਕੇਸਰੀ ਨਿਸ਼ਾਨ ਸਾਹਿਬ ਝੁਲਾ ਕੇ ਦਿੱਲੀ ਦੇ ਤਖ਼ਤ ਨੂੰ ਝੁਕਣ ਲਈ ਮਜਬੂਰ ਕੀਤਾ।

ਆਜ਼ਾਦੀ ਤੋਂ ਬਾਅਦ ਵੀ ਪੰਜਾਬ ਨਾਲ ਕੇਂਦਰ ਸਰਕਾਰ ਵੱਲੋਂ ਕੀਤੇ ਵਾਅਦਿਆਂ ਤੋਂ ਪਿੱਛੇ ਹਟਣ, ਪੰਜਾਬ ਦੇ ਪਾਣੀਆਂ ਦੀ ਅਣ-ਅਧਿਕਾਰਤ ਵੰਡ ਅਤੇ ਰਾਜਧਾਨੀ ਚੰਡੀਗੜ੍ਹ ਦੇ ਮੁੱਦੇ 'ਤੇ ਕੇਂਦਰ ਨਾਲ ਟਕਰਾਅ ਲਗਾਤਾਰ ਵਧਦਾ ਗਿਆ। 1973 ਦਾ 'ਅਨੰਦਪੁਰ ਸਾਹਿਬ ਦਾ ਮਤਾ' ਕੇਂਦਰ ਅਤੇ ਦਿੱਲੀ ਨਾਲ ਟਕਰਾਅ ਦਾ ਮੁੱਖ ਕਾਰਨ ਬਣਿਆ, ਜੋ ਵੱਧ ਅਧਿਕਾਰਾਂ ਅਤੇ ਸੂਬਾਈ ਖੁਦਮੁਖਤਿਆਰੀ ਦੀ ਮੰਗ ਕਰਦਾ ਸੀ। ਫਿਰ 1984 ਦੇ ਦੁਖਾਂਤ-ਸਾਕਾ ਨੀਲਾ ਤਾਰਾ ਅਤੇ 1984 ਦੀ ਸਿੱਖ ਨਸਲਕੁਸ਼ੀ ਵਰਗੇ ਦਰਦਨਾਕ ਕਾਂਡਾਂ ਨੇ ਦਿੱਲੀ ਅਤੇ ਪੰਜਾਬ ਵਿਚਕਾਰ ਇਸ ਪਾੜੇ ਨੂੰ ਹੋਰ ਡੂੰਘਾ ਕਰ ਦਿੱਤਾ।

ਅਸਲ ਵਿੱਚ ਪੰਜਾਬ ਅਤੇ ਦਿੱਲੀ ਦਾ ਇਹ ਇੱਟ-ਖੜਿੱਕਾ ਕੇਵਲ ਨਫ਼ੇ-ਨੁਕਸਾਨ ਦਾ ਨਹੀਂ, ਸਗੋਂ ਕੇਂਦਰੀਕਰਨ ਵਿਰੁੱਧ ਖੇਤਰੀ ਅਣਖ ਤੇ ਹੋਂਦ ਦੀ ਲੜਾਈ ਹੈ। ਪੰਜਾਬੀ ਸੁਭਾਅ ਤੋਂ ਹੀ ਕਿਸੇ ਦੀ ਗੁਲਾਮੀ ਜਾਂ ਧੱਕੇਸ਼ਾਹੀ ਬਰਦਾਸ਼ਤ ਨਹੀਂ ਕਰਦੇ, ਜਦਕਿ ਦਿੱਲੀ ਦਾ ਤਖ਼ਤ ਹਮੇਸ਼ਾ ਹਰ ਚੀਜ਼ 'ਤੇ ਆਪਣਾ ਏਕਾਧਿਕਾਰ ਅਤੇ ਕੰਟਰੋਲ ਚਾਹੁੰਦਾ ਹੈ।

ਸਵਾਲ ਪੈਦਾ ਹੁੰਦਾ ਹੈ ਕਿ ਕੀ ਜਮਹੂਰੀਅਤ ਵਿੱਚ ਬਦਲ ਕੇਵਲ 'ਟਕਰਾਅ' ਹੀ ਰਹਿ ਗਿਆ ਹੈ? ਕਿੱਥੇ ਗਈ ਆਮ ਸਹਿਮਤੀ ਬਣਾਉਣ ਲਈ ਪੰਜਾਬ ਵਿੱਚ 'ਸੱਥਾਂ' ਦੀ ਪਰੰਪਰਾ ਅਤੇ ਸੁਖਾਵਾਂ ਮਾਹੌਲ? ਸਰਕਾਰ ਦਾ ਇਹ ਅੜੀਅਲ ਰਵੱਈਆ ਪੰਜਾਬ ਲਈ ਘਾਤਕ ਸਿੱਧ ਹੋ ਰਿਹਾ ਹੈ। ਕੇਂਦਰ ਵੱਲੋਂ ਪੰਜਾਬ ਦੇ ਹੱਕ ਖੋਹੇ ਜਾ ਰਹੇ ਹਨ। ਕੇਂਦਰ ਸਰਕਾਰ ਵੱਲੋਂ ਕਿਸਾਨਾਂ-ਮਜ਼ਦੂਰਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾ ਰਹੀਆਂ, ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਨਹੀਂ ਹੋ ਰਿਹਾ ਅਤੇ ਪੰਜਾਬ ਨਸ਼ਿਆਂ ਦੀ ਦਲਦਲ 'ਚ ਫਸ ਚੁੱਕਾ ਹੈ। ਬੇਰੁਜ਼ਗਾਰੀ ਨਾਲ ਮਾਰਿਆ ਪੰਜਾਬ ਦਾ ਨੌਜਵਾਨ ਬੇਗਾਨੇ ਮੁਲਕਾਂ ਵੱਲ ਵਹੀਰਾਂ ਘੱਤ ਰਿਹਾ ਹੈ।

ਦੂਜੇ ਪਾਸੇ, ਸਿਆਸੀ ਲੋਕ ਸਿਰਫ਼ ਤੇ ਸਿਰਫ਼ ਵੱਡੇ-ਵੱਡੇ ਇਕੱਠ ਕਰਕੇ ਆਪਣੀ ਸ਼ਕਤੀ ਦਾ ਪ੍ਰਦਰਸ਼ਨ ਕਰ ਰਹੇ ਹਨ, ਪਰ ਲੋਕਾਂ ਦੇ ਮੁੱਢਲੇ ਮਸਲਿਆਂ ਪ੍ਰਤੀ ਉਨ੍ਹਾਂ ਦੀ ਸੰਜੀਦਗੀ ਜ਼ੀਰੋ ਹੈ। ਉਨ੍ਹਾਂ ਦੀ ਇਹ ਖ਼ਾਮੋਸ਼ੀ ਕਿਸੇ ਸਾਜ਼ਿਸ਼ ਤੋਂ ਘੱਟ ਨਹੀਂ ਜਾਪਦੀ। ਕਿੱਧਰ ਜਾਣ ਪੰਜਾਬ ਦੇ ਇਹ ਬੇਵੱਸ ਲੋਕ? ਉਸ ਪੰਜਾਬ ਦੇ ਵਾਰਿਸ, ਜੋ ਕਦੇ ਕਿਸੇ ਦੀ ਈਨ ਨਹੀਂ ਸੀ ਮੰਨਦੇ, ਜੋ ਆਪਣੀ ਭਾਈਚਾਰਕ ਸਾਂਝ ਅਤੇ ਮਹਿਮਾਨਨਿਵਾਜ਼ੀ ਲਈ ਵਿਸ਼ਵ ਪੱਧਰ 'ਤੇ ਜਾਣੇ ਜਾਂਦੇ ਹਨ!

ਕੋਈ ਪੰਜਾਬੀਆਂ ਨੂੰ ਅੰਨਦਾਤਾ ਕਹੇ, ਜਨਤਾ ਜਨਾਰਧਨ ਕਹੇ ਅਤੇ ਹੋਰ ਵੀ ਬਹੁਤ ਕੁਝ, ਪਰ ਹਕੀਕਤ ਇਹ ਹੈ ਕਿ ਹਰ ਦੋ ਢਾਈ ਜਾਂ ਪੰਜ ਸਾਲ ਵਿੱਚ ਹੋਣ ਵਾਲੀਆਂ ਚੋਣਾਂ ਦੇ ਅਸੀਂ ਮਾਲਕ ਨਹੀਂ ਰਹੇ। ਅਸੀਂ ਆਪਣੇ ਮਨ ਨੂੰ ਅਜ਼ਾਦੀ ਦੇ ਬੈਠੇ ਹਾਂ ਕਿ ਸਿਆਸਤਦਾਨ ਆਪਣੀ ਮਰਜ਼ੀ ਨਾਲ ਚੋਣਾਂ 'ਚ ਸਾਨੂੰ ਵਰਤ ਲੈਣ। ਅਸੀਂ ਤਾਂ ਉਹਨਾਂ ਦੇ ਪਿੰਜਰੇ 'ਚ ਕੈਦ ਹੋਏ ਬੈਠੇ ਹਾਂ। ਤਦੇ ਕਰਕੇ ਸੰਘਰਸ਼ ਕਰਦੇ ਲੋਕਾਂ ਨੂੰ ਇਹ ਵੀ ਸੁਚੇਤ ਰਹਿਣਾ ਪੈ ਰਿਹਾ ਹੈ ਕਿ ਜਾਤ ਜਾਂ ਧਰਮ ਦੇ ਨਾਂਅ 'ਤੇ ਕੋਈ ਉਨ੍ਹਾਂ ਵਿੱਚ ਫੁੱਟ ਨਾ ਪਾ ਦੇਵੇ ਜਾਂ ਮੁੱਠੀਭਰ ਚੌਲ, ਕਣਕ ਦਾ ਆਟਾ, ਦਾਲ ਜਾਂ ਕੁਝ ਰੁਪਏ ਦੀ ਖੈਰਾਤ ਦੇ ਕੇ ਉਨ੍ਹਾਂ ਦੀ ਅਣਖੀ ਸੁਭਾਅ 'ਤੇ ਵਾਰ ਨਾ ਕਰੇ। ਇੱਕ ਸੱਭਿਅਕ ਸਮਾਜ ਵਿੱਚ ਜਿਉਣ ਦੇ ਹੱਕ ਤਾਂ ਸਭ ਦੇ ਹਨ, ਪਰ ਜੇਕਰ ਉਨ੍ਹਾਂ ਹੱਕਾਂ ਦੀ ਰਾਖੀ ਲਈ ਉਨ੍ਹਾਂ ਨੂੰ ਸੜਕਾਂ 'ਤੇ ਉੱਤਰ ਕੇ ਲਗਾਤਾਰ ਸੰਘਰਸ਼ ਕਰਨਾ ਪੈ ਰਿਹਾ ਹੈ, ਤਾਂ ਇਹ ਸੂਬੇ ਅਤੇ ਕੇਂਦਰ ਦੀਆਂ ਸੱਤਾਧਾਰੀ ਤਾਕਤਾਂ 'ਤੇ ਇੱਕ ਵੱਡਾ ਸਵਾਲੀਆ ਨਿਸ਼ਾਨ ਹੈ। ਇਹ ਤਾਕਤਾਂ ਭਾਵੇਂ ਸੂਬੇ ਵਿੱਚ ਸੱਤਾਧਾਰੀ ਹੋਣ ਜਾਂ ਕੇਂਦਰ ਵਿੱਚ, ਸਵਾਲ ਤਾਂ ਉਨ੍ਹਾਂ 'ਤੇ ਉਠਣਗੇ ਹੀ। ਕੀ ਪੰਜਾਬੀਆਂ ਦੀਆਂ ਹੱਕੀ ਆਵਾਜ਼ਾਂ ਨੂੰ ਇਸ ਤਰ੍ਹਾਂ ਦਬਾਇਆ ਜਾ ਸਕਦਾ ਹੈ? ਬਿਲਕੁਲ ਨਹੀਂ, ਪੰਜਾਬੀ ਸੰਘਰਸ਼ਸ਼ੀਲ ਹਨ, ਸੋਚ ਪੱਖੋਂ ਹੀਣੇ ਨਹੀਂ ਹਨ।

ਮਨੁੱਖੀ ਹੱਕਾਂ ਦੀ ਰਾਖੀ ਲਈ, ਰਾਜਾਂ ਦੇ ਵੱਧ ਅਧਿਕਾਰਾਂ ਵਾਸਤੇ, ਆਪਣੇ ਸੂਬੇ ਦੇ ਇਲਾਕਿਆਂ, ਪੰਜਾਬੀ ਬੋਲੀ, ਪੰਜਾਬ ਦੇ ਪਾਣੀਆਂ ਅਤੇ ਕਾਰਪੋਰੇਟਾਂ ਵੱਲੋਂ ਖੇਤੀ ਜ਼ਮੀਨਾਂ ਹੜੱਪਣ ਦੀਆਂ ਸਾਜ਼ਿਸ਼ਾਂ ਵਿਰੁੱਧ ਪੰਜਾਬੀਆਂ ਨੇ ਇਤਿਹਾਸ ਵਿੱਚ ਹਮੇਸ਼ਾ ਵੱਡੀਆਂ ਲੜਾਈਆਂ ਲੜੀਆਂ ਹਨ। ਵਿਦਿਆਰਥੀ ਅਤੇ ਨੌਜਵਾਨ ਹਮੇਸ਼ਾ ਇਹਨਾਂ ਸੰਘਰਸ਼ਾਂ ਵਿੱਚ ਮੋਹਰੀ ਰੋਲ ਅਦਾ ਕਰਦੇ ਰਹੇ ਹਨ। ਅੱਜ ਦਾ ਦੌਰ ਪੰਜਾਬ ਦੇ ਲੋਕਾਂ ਦੀ ਪਰਖ ਦੀ ਘੜੀ ਬਣਿਆ ਦਿੱਸ ਰਿਹਾ ਹੈ। ਜਦੋਂ ਆਪਣੇ ਹੀ ਹਾਕਮਾਂ ਵੱਲੋਂ ਉਨ੍ਹਾਂ ਨਾਲ ਜ਼ਿਆਦਤੀਆਂ ਹੋ ਰਹੀਆਂ ਹਨ, ਤਾਂ ਵੀ ਉਹ ਸੰਘਰਸ਼ ਦੇ ਰਾਹ 'ਤੇ ਹਨ। ਜਾਤ, ਧਰਮ ਅਤੇ ਫਿਰਕੇਬਾਜ਼ੀ ਤੋਂ ਉੱਪਰ ਉਠ ਕੇ ਉਹ ਆਪਣੇ ਹੱਕਾਂ ਲਈ ਲਗਾਤਾਰ ਕਿਰਿਆਸ਼ੀਲ ਹਨ। ਪੰਜਾਬ ਦਾ ਇਹ ਸੰਘਰਸ਼ਸ਼ੀਲ ਇਤਿਹਾਸ ਹੀ ਉਸ ਦੀ ਅਸਲ ਤਾਕਤ ਹੈ।

**# ਸੰਪਰਕ : 98158-02070**

# ਲੋਕਤੰਤਰੀ ਪ੍ਰੰਪਰਾਵਾਂ ਦਾ ਘਾਣ ਵੇਖ ਰਿਹੈ ਸੰਸਾਰ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਅੱਜ 'ਵਿਸ਼ਵ ਲੋਕਤੰਤਰ ਦਿਵਸ' ਹੈ ਤੇ ਇਸ ਦਿਵਸ ਨੂੰ ਮਨਾਉਣ ਦਾ ਮੰਤਵ ਦੱਸਦਿਆਂ ਸੰਯੁਕਤ ਰਾਸ਼ਟਰ ਸੰਘ ਦੀ ਆਮ ਸਭਾ ਨੇ ਕਿਹਾ ਸੀ-'ਇਹ ਦਿਨ ਦੁਨੀਆਂ ਭਰ ਦੇ ਲੋਕਾਂ ਅੰਦਰ ਲੋਕਤੰਤਰ ਦੇ ਮਹੱਤਵ ਤੇ ਮਹਾਨਤਾ ਪ੍ਰਤੀ ਜਾਗਰੂਕਤਾ ਪੈਦਾ ਕਰਨ ਦਾ ਦਿਨ ਹੈ।' ਇਸ ਦਿਵਸ ਨੂੰ ਮਨਾਉਣ ਦੀ ਅਰੰਭਤਾ ਸੰਨ 2007 ਵਿੱਚ ਪਾਸ ਕੀਤੇ ਇੱਕ ਮਤੇ ਤੋਂ ਬਾਅਦ ਹੋਈ ਸੀ। ਲੋਕਤੰਤਰ ਬਾਰੇ ਮੰਨਿਆ ਜਾਂਦਾ ਹੈ ਕਿ ਲੋਕਤੰਤਰ ਦਰਅਸਲ 'ਲੋਕਾਂ ਦੁਆਰਾ, ਲੋਕਾਂ ਲਈ ਅਤੇ ਲੋਕਾਂ ਦੀ ਸਰਕਾਰ' ਹੁੰਦਾ ਹੈ। ਇਸ ਵਿੱਚ ਆਮ ਲੋਕ ਹੀ ਪ੍ਰਮੁੱਖ ਹੁੰਦੇ ਹਨ। ਲੋਕਾਂ ਦੁਆਰਾ ਚੁਣੀਆਂ ਸਰਕਾਰਾਂ ਵਿੱਚ ਰਾਜ ਨੇਤਾਵਾਂ ਦਾ ਕੰਮ ਹੁੰਦਾ ਹੈ। ਦੇਸ਼ ਵਿੱਚ ਕਾਨੂੰਨ ਵਿਵਸਥਾ ਕਾਇਮ ਰੱਖਣਾ, ਲੋਕ ਹਿੱਤਾਂ ਵਿੱਚ ਨੀਤੀਆਂ ਘੜਨੀਆਂ, ਦੇਸ਼ ਹਿੱਤ ਵਿੱਚ ਫ਼ੈਸਲੇ ਲੈਣੇ ਤੇ ਲੋਕਤੰਤਰ ਦੇ ਮੂਲ ਨੇਮਾਂ ਦੀ ਰਾਖੀ ਕਰਦਿਆਂ ਹੋਇਆਂ ਲੋਕਾਂ ਦੇ ਅਤੇ ਦੇਸ਼ ਦੇ ਮਾਣ-ਸਨਮਾਨ ਵਿੱਚ ਵਾਧਾ ਕਰਨਾ। ਲੋਕਾਂ ਦੇ ਹੱਕਾਂ ਦੀ ਰਾਖੀ ਅਤੇ ਮਨੁੱਖੀ ਅਧਿਕਾਰਾਂ ਦੀ ਬਹਾਲੀ ਵੀ ਲੋਕਤੰਤਰੀ ਵਿਵਸਥਾ ਦਾ ਮੁੱਖ ਜ਼ਿੰਮਾ ਹੁੰਦਾ ਹੈ।

ਡਾ.ਬੀ ਆਰ ਅੰਬੇਡਕਰ ਨੇ ਕਿਹਾ ਸੀ, 'ਲੋਕਤੰਤਰ ਕਿਸੇ ਸਰਕਾਰ ਦਾ ਨਾਂਅ ਨਹੀਂ ਹੈ, ਸਗੋਂ ਇਹ ਤਾਂ ਇੱਕ ਤਰ੍ਹਾਂ ਦਾ ਸਮਾਜਿਕ ਸੰਗਠਨ ਹੈ।' ਕੌਮਾਂਤਰੀ ਦਸਤਾਵੇਜ਼ 'ਮਨੁੱਖੀ ਅਧਿਕਾਰਾਂ ਦਾ ਐਲਾਨਨਾਮਾ' ਇਹ ਆਖ਼ਦਾ ਹੈ, 'ਲੋਕਾਂ ਦਾ ਰਾਇ ਹੀ ਸਰਕਾਰ ਦੀ ਵਿਵਸਥਾ ਤੇ ਕਾਰਜਸ਼ੈਲੀ ਦਾ ਆਧਾਰ ਹੋਣੀ ਚਾਹੀਦੀ ਹੈ।' ਲੋਕਤੰਤਰ ਵਿੱਚ ਲੋਕ ਬਿਨਾਂ ਕਿਸੇ ਡਰ, ਲਾਲਚ ਜਾਂ ਦਬਾਅ ਦੇ ਆਪਣਾ ਵੋਟ ਇਸਤੇਮਾਲ ਕਰਕੇ ਆਪਣੀ ਮਰਜ਼ੀ ਦੀ ਸਰਕਾਰ ਚੁਣਦੇ ਹਨ ਤੇ ਚੁਣੀ ਗਈ ਸਰਕਾਰ ਲੋਕ ਭਲਾਈ ਹਿੱਤ ਤੇ ਦੇਸ਼ ਦੀ ਤਰੱਕੀ ਹਿੱਤ ਨਿਰੰਤਰ ਕੰਮ ਕਰਦੀ ਹੈ।

ਵਰਤਮਾਨ ਪਰਿਪੇਖ ਵਿੱਚ ਜੇਕਰ ਭਾਰਤ ਵਿੱਚ ਲੋਕਤੰਤਰ ਦੀ ਸਮੁੱਚੀ ਵਿਵਸਥਾ ਵੱਲ ਝਾਤੀ ਮਾਰੀਏ ਤਾਂ ਲੋਕਤੰਤਰ ਦਾ ਦਿਨੋ-ਦੀਵੀਂ ਘਾਣ ਪ੍ਰਤੱਖ ਨਜ਼ਰ ਆਉਂਦਾ ਹੈ। ਭਾਰਤ ਵਿੱਚ ਕਿਸਾਨਾਂ ਨੇ ਕਈ ਮਹੀਨਿਆਂ ਤੱਕ ਸੰਘਰਸ਼ ਕਰਕੇ ਤਿੰਨ ਖੇਤੀ ਕਾਨੂੰਨ ਵਾਪਸ ਕਰਵਾਏ ਸਨ ਤੇ ਆਪਣੀਆਂ ਮੰਗਾਂ ਲਈ ਲੋਕਤੰਤਰੀ ਢੰਗ ਨਾਲ ਰੋਸ ਪ੍ਰਦਰਸ਼ਨ ਕਰਨ ਹਿਤ ਉਨ੍ਹਾ ਨੂੰ ਦਿੱਲੀ ਤੱਕ ਪੁੱਜਣ ਨਹੀਂ ਸੀ ਦਿੱਤਾ ਗਿਆ। ਸਾਢੇ ਸੱਤ ਸੌ ਤੋਂ ਵੱਧ ਕਿਸਾਨ ਸ਼ਹੀਦੀਆਂ ਪਾ ਗਏ, ਪਰ ਅੱਜ ਤੱਕ ਵੀ ਉਨ੍ਹਾਂ ਨੂੰ ਇਨਸਾਫ਼ ਨਹੀਂ ਮਿਲ ਸਕਿਆ।ਬੀਤੇ ਕੁਝ ਵਰ੍ਹਿਆਂ ਵਿੱਚ ਦੇਸ਼ ਦੇ ਵੱਖ-ਵੱਖ ਰਾਜਾਂ ਦੀਆਂ ਲੋਕਤੰਤਰੀ ਢੰਗ ਨਾਲ ਚੁਣੀਆਂ ਗਈਆਂ ਸਰਕਾਰਾਂ ਨੂੰ ਕੇਂਦਰ ਦੀ ਸੱਤਾ 'ਤੇ ਕਾਬਜ਼ ਭਾਰਤੀ ਜਨਤਾ ਪਾਰਟੀ ਨੇ ਜਿਸ ਤਰ੍ਹਾਂ ਸਾਮ, ਦਾਮ, ਦੰਡ, ਭੇਦ ਭਾਵ ਹਰੇਕ ਅਨੈਤਿਕ ਹਰਬਾ ਵਰਤ ਕੇ ਤੋੜਿਆ ਹੈ ਤੇ ਧੱਕੇ ਨਾਲ ਆਪਣੀਆਂ ਸਰਕਾਰਾਂ ਬਣਵਾਈਆਂ ਹਨ, ਇਹ ਲੋਕਤੰਤਰ ਦੇ ਨਿਘਾਰ ਦੇ ਪ੍ਰਤੱਖ ਪ੍ਰਮਾਣ ਹਨ। ਤਾਜ਼ਾ ਮਿਸਾਲ ਬਿਹਾਰ ਦੀ ਹੈ, ਜਿੱਥੇ ਨਿਤਿਸ਼ ਕੁਮਾਰ ਦੇ ਚਿਹਰੇ 'ਤੇ ਚੋਣਾਂ ਲੜ੍ਹ ਕੇ ਤੇ ਜਿੱਤ ਕੇ ਭਾਜਪਾ ਨੇ ਉੱਥੇ ਆਪਣਾ ਮੁੱਖ ਮੰਤਰੀ ਥਾਪ ਦਿੱਤਾ। ਹੁਣ ਵੀ ਕੁਝ ਸੂਬਿਆਂ ਦੀਆਂ ਸਰਕਾਰਾਂ ਦੇ ਰਾਹ ਵਿੱਚ ਕੇਂਦਰ ਸਰਕਾਰ ਅਤੇ ਕੇਂਦਰ ਸਰਕਾਰ ਦੇ ਨੁਮਾਇੰਦਿਆਂ ਭਾਵ ਰਾਜਪਾਲਾਂ ਰਾਹੀਂ ਰੋੜੇ ਅਟਕਾਏ ਜਾ ਰਹੇ ਹਨ ਤੇ ਉਨ੍ਹਾਂ ਨੂੰ ਚੰਗੀ ਤਰ੍ਹਾਂ ਚੱਲਣ ਨਹੀਂ ਦਿੱਤਾ ਜਾ ਰਿਹਾ। ਹੋਰ ਤਾਂ ਹੋਰ ਪੰਜਾਬ ਸਮੇਤ ਗ਼ੈਰ-ਭਾਜਪਾ ਸ਼ਾਸਤ ਰਾਜਾਂ ਦਾ ਜੀ ਐੱਸ ਟੀ ਵਿੱਚ ਬਣਦਾ ਹਿੱਸਾ ਵੀ ਉਨ੍ਹਾਂ ਨੂੰ ਨਹੀਂ ਦਿੱਤਾ ਜਾ ਰਿਹਾ। ਬੜੇ ਹੀ ਦੁੱਖ ਅਤੇ ਅਫ਼ਸੋਸ ਦੀ ਗੱਲ ਹੈ ਕਿ ਅੱਜ ਚਾਹੇ ਆਮ ਲੋਕ ਹੋਣ ਜਾਂ ਦੇਸ਼ ਦਾ ਪ੍ਰੈੱਸ ਮੀਡੀਆ ਹੋਵੇ, ਕਿਸੇ ਨੂੰ ਵੀ ਸਰਕਾਰ ਦੀਆਂ ਗ਼ਲਤ ਨੀਤੀਆਂ ਤੇ ਅਲੋਕਤੰਤਰੀਢੰਗ-ਤਰੀਕਿਆਂ ਖ਼ਿਲਾਫ਼ ਬੋਲਣ ਦਾ ਤਾਂ ਕੀ ਕੁਸਕਣ ਤੱਕ ਦਾ ਵੀ ਹੱਕ ਨਹੀਂ। ਸਰਕਾਰ ਖ਼ਿਲਾਫ਼ ਉਠਣ ਵਾਲੀ ਹਰ ਆਵਾਜ਼ ਦਬਾਈ ਜਾ ਰਹੀ ਹੈ ਤੇ ਆਵਾਜ਼ ਉਠਾਉਣ ਵਾਲਾ ਹਰ ਸ਼ਖ਼ਸ 'ਦੇਸ਼ਧ੍ਰੋਹੀ' ਐਲਾਨਿਆ ਜਾ ਰਿਹਾ ਹੈ। ਸੁਪਰੀਮ ਕੋਰਟ ਦੇ ਮਾਣਯੋਗ ਚੀਫ਼ ਜਸਟਿਸ ਸਾਹਿਬ ਦੁਆਰਾ ਕੀਤੀ ਗਈ ਇੱਕ ਟਿੱਪਣੀ ਦੇ ਜਵਾਬ ਵਿੱਚ ਹੋਂਦ ਵਿੱਚ ਆਈ 'ਕਾਕਰੋਚ ਜਨਤਾ ਪਾਰਟੀ' ਦੁਆਰਾ ਦਿੱਲੀ ਵਿਖੇ ਲੋਕਤੰਤਰੀ ਢੰਗ ਨਾਲ ਕੀਤੇ ਗਏ ਰੋਸ ਪ੍ਰਦਰਸ਼ਨ ਦਾ ਜੋ ਹਾਲ ਕੀਤਾ ਗਿਆ, ਉਹ ਕੇਵਲ ਦੇਸ਼ ਹੀ ਨਹੀਂ, ਸਗੋਂ ਪੂਰੀ ਦੁਨੀਆ ਨੇ ਵੇਖਿਆ ਸੀ। ਕੇਂਦਰ ਸਰਕਾਰ ਅਤੇ ਸੂਬਾ ਸਰਕਾਰਾਂ, ਲੋਕਤੰਤਰੀ ਢੰਗ ਤਰੀਕਿਆਂ ਨਾਲ ਆਪਣੀਆਂ ਮੰਗਾਂ ਲਈ ਰੋਸ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ, ਅਧਿਆਪਕਾਂ, ਕਿਸਾਨਾਂ, ਮਜ਼ਦੂਰਾਂ ਅਤੇ ਹੋਰ ਮੁਲਾਜ਼ਮਾਂ ਨਾਲ ਸੰਵਾਦ ਰਚਾ ਕੇ ਮਸਲੇ ਦਾ ਹੱਲ ਕੱਢਣ ਦੀ ਥਾਂ ਉਨ੍ਹਾਂ ਨੂੰ 'ਕੁਚਲਣ' ਨੂੰ ਵੱਧ ਤਰਜੀਹ ਦੇ ਰਹੀਆਂ ਹਨ, ਜੋ ਕਿ ਲੋਕਤੰਤਰ ਦੀ ਹੱਤਿਆ ਦੇ ਬਰਾਬਰ ਹੈ।

ਲੋਕ ਮਹਿੰਗਾਈ ਤੇ ਬੇਕਾਰੀ ਹੱਥੋਂ ਪਿਸਦੇ ਹੋਏ ਚੀਕਾਂ ਮਾਰ ਰਹੇ ਹਨ ਤੇ ਸਾਡੇ ਸ਼ਾਸਕ ਬੜੇ ਹੀ ਬੇਲਾਗ ਹੋ ਕੇ ਆਪਣੇ ਮਿੱਤਰਾਂ ਦੇ ਕਰਜ਼ੇ ਮੁਆਫ਼ ਕਰਨ ਅਤੇ ਉਨ੍ਹਾਂ ਦੀ ਆਮਦਨੀ ਦੁੱਗਣੀ ਤੋਂ ਚੌਗੁਣੀ ਕਰਨ ਵਿੱਚ ਰੁੱਝੇ ਹੋਏ ਹਨ। ਦੁਨੀਆ ਵਿੱਚ ਸਭ ਤੋਂ ਵੱਡਾ ਲੋਕਤੰਤਰ ਅਖਵਾਉਣ ਵਾਲਾ ਭਾਰਤ ਦਾ ਲੋਕਤੰਤਰ ਅੱਜ ਸੱਚਮੁੱਚ ਹੀ ਅੱਖਾਂ 'ਚ ਘਸੁੰਨ ਦੇ ਕੇ ਰੋ ਰਿਹਾ ਹੈ। ਮਹਾਤਮਾ ਗਾਂਧੀ ਨੇ ਠੀਕ ਹੀ ਕਿਹਾ ਸੀ, 'ਅਸਹਿਣਸ਼ੀਲਤਾ ਵੀ ਇੱਕ ਪ੍ਰਕਾਰ ਦੀ ਹਿੰਸਾ ਹੈ ਤੇ ਇਹ ਲੋਕਤੰਤਰ ਦੀ ਸੱਚੀ ਭਾਵਨਾ ਦੇ ਵਿਰੁੱਧ ਹੈ।' ਅਫ਼ਗਾਨਿਸਤਾਨ, ਬੰਗਲਾਦੇਸ਼, ਪਾਕਿਸਤਾਨ, ਚੀਨ, ਉੱਤਰ ਕੋਰੀਆ ਅਤੇ ਹੋਰ ਮੁਲਕਾਂ ਵਿੱਚ ਲੋਕਤੰਤਰ ਦਾ ਚੀਰਹਰਣ ਅਤੇ ਮਨੁੱਖੀ ਅਧਿਕਾਰਾਂ ਦਾ ਘਾਣ ਸਮੁੱਚੇ ਸੰਸਾਰ ਦੇ ਸਾਹਮਣੇ ਹੋ ਰਿਹਾ ਹੈ ਤੇ ਆਪਣੇ ਆਪ ਨੂੰ ਦੁਨੀਆਂ ਦੇ ਮਾਲਕ ਆਖਣ ਵਾਲੇ ਅਮਰੀਕਾ ਵਰਗੇ ਦੇਸ਼ ਜਾਂ ਸੰਯੁਕਤ ਰਾਸ਼ਟਰ ਸੰਘ ਜਿਹੇ ਕੌਮਾਂਤਰੀ ਸੰਗਠਨ ਇਧਰ-ਉਧਰ ਬਗਲਾਂ ਝਾਕ ਰਹੇ ਹਨ। ਉੱਥੇ ਔਰਤਾਂ ਤੇ ਬੱਚੇ ਅਤੇ ਉਨ੍ਹਾਂ ਦੇ ਮੂਲ ਹੱਕ ਕੁਚਲੇ ਜਾ ਰਹੇ ਹਨ। ਹਜ਼ਾਰਾਂ ਲੋਕਾਂ ਦੇ ਕਤਲ ਲਈ ਜ਼ਿੰਮੇਵਾਰ ਸ਼ਖ਼ਸ ਸਰਕਾਰ ਵਿੱਚ ਮੰਤਰੀ ਬਣ ਕੇ ਕੰਮ ਕਰ ਰਹੇ ਹਨ, ਪਰ ਕੋਈ ਕੁਝ ਕਰਨ ਜਾਂ ਕਹਿਣ ਲਈ ਤਿਆਰ ਨਹੀਂ। ਰੂਸ-ਯੂਕਰੇਨ ਅਤੇ ਅਮਰੀਕਾ-ਈਰਾਨ ਦੇ ਅਸਾਵੇਂ ਅਤੇ ਤਬਾਹਕੁਨ ਯੁੱਧ ਵਿੱਚ ਵੀ ਆਮ ਲੋਕਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਪਰ ਪੂਰਾ ਵਿਸ਼ਵ ਦੱਬੀ ਆਵਾਜ਼ ਵਿੱਚ ਖ਼ੁਸਰ-ਫ਼ੁਸਰ ਕਰਨ ਤੋਂ ਇਲਾਵਾ ਕੁਝ ਨਹੀਂ ਕਰ ਰਿਹਾ। ਦਰਅਸਲ ਲੋਕਾਂ ਦੀ ਅਤੇ ਲੋਕਤੰਤਰ ਦੀ ਪਰਵਾਹ ਹੁਣ ਕਿਸੇ ਨੂੰ ਰਹੀ ਹੀ ਨਹੀਂ।

ਅੱਜ 'ਵਿਸ਼ਵ ਲੋਕਤੰਤਰ ਦਿਵਸ' ਦੇ ਦਿਨ ਵੀ ਜੇਕਰ ਵਿਸ਼ਵ ਦੇ ਸਮੂਹ ਮੁਲਕਾਂ ਨੇ ਇੱਕਜੁਟ ਹੋ ਕੇ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਹੋ ਰਹੇ ਲੋਕਤੰਤਰ ਦੇ ਘਾਣ ਖ਼ਿਲਾਫ਼ ਕਦਮ ਨਾ ਉਠਾਏ ਤਾਂ ਆਮ ਲੋਕਾਂ ਦਾ ਇੱਕ ਦਿਨ ਲੋਕਤੰਤਰ ਤੋਂ ਵਿਸ਼ਵਾਸ਼ ਹੀ ਉਠ ਜਾਵੇਗਾ। ਸੰਯੁਕਤ ਰਾਸ਼ਟਰ ਸੰਘ ਦੇ ਸਕੱਤਰ ਜਨਰਲ ਐਂਟੋਨੀਓ ਗੁਤਰੇਸ ਨੇ ਸੱਚ ਹੀ ਕਿਹਾ ਹੈ, 'ਆਓ ਬਰਾਬਰੀ ਅਤੇ ਸਦਭਾਵਨਾ ਦੇ ਸਿਧਾਂਤਾਂ ਦੀ ਰਾਖੀ ਕਰੀਏ, ਤਾਂ ਕਿ ਅਸੀਂ ਭਵਿੱਖ ਦੇ ਸੰਕਟਾਂ ਤੋਂ ਬਚ ਸਕੀਏ।'

**# ਸੰਪਰਕ : 97816-46008**

# ਸਾਡੀਆਂ ਸੜਕਾਂ ਤੋਂ ਹਟੋ, ਮਿਸਟਰ ਸਿੰਘ...


ਸੁਰਜੀਤ ਸਿੰਘ ਫਲੋਰਾ

ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ ਦੀ ਇੱਕ ਏ ਆਈ ਤਿਆਰ ਤਸਵੀਰ ਨੇ ਇੱਕ ਫੌਜਦਾਰੀ ਮਾਮਲੇ ਨੂੰ ਨਸਲ, ਪਰਵਾਸ ਅਤੇ ਸਰਕਾਰੀ ਤਾਕਤ ਬਾਰੇ ਦੇਸ਼-ਪੱਧਰੀ ਬਹਿਸ ਵਿੱਚ ਬਦਲ ਦਿੱਤਾ ਹੈ। ਸੁਨੇਹਾ ਸਿੱਧਾ ਅਤੇ ਕਠੋਰ ਸੀ: ਸਾਡੀਆਂ ਸੜਕਾਂ ਤੋਂ ਹਟੋ, ਤੁਹਾਨੂੰ ਗੱਡੀ ਚਲਾਉਣੀ ਨਹੀਂ ਆਉਂਦੀ, ਮਿਸਟਰ ਸਿੰਘ।

ਇਹ ਪੋਸਟ ਗੈਰ-ਦਸਤਾਵੇਜ਼ੀ ਵਪਾਰਕ ਡਰਾਈਵਰਾਂ ਬਾਰੇ ਚੇਤਾਵਨੀ ਵਜੋਂ ਪੇਸ਼ ਕੀਤੀ ਗਈ ਸੀ। ਕੁਝ ਹੀ ਸਮੇਂ ਵਿੱਚ ਇਹ ਮਾਮਲਾ ਨਸਲੀ ਪ੍ਰੋਫਾਈਲਿੰਗ, ਸਿਆਸੀ ਪ੍ਰਚਾਰ ਅਤੇ ਸਰਕਾਰ ਵੱਲੋਂ ਏ ਆਈ -ਤਿਆਰ ਸਮੱਗਰੀ ਦੀ ਵਰਤੋਂ ਬਾਰੇ ਵਿਵਾਦ ਬਣ ਗਿਆ, ਜਿਸ ਹਾਦਸੇ ਨਾਲ ਇਹ ਪੋਸਟ ਜੋੜੀ ਗਈ, ਉਸ ਦੀ ਜਾਂਚ ਹੋਣੀ ਚਾਹੀਦੀ ਹੈ, ਪਰ ਸਿਰਫ਼ ਸਿੱਖ ਜਾਂ ਭਾਰਤੀ ਡਰਾਈਵਰਾਂ ਬਾਰੇ ਵਿਆਪਕ ਦੋਸ਼ਾਂ ਦੇ ਆਧਾਰ 'ਤੇ ਨਹੀਂ।

9 ਸਤੰਬਰ 2026 ਨੂੰ ਹੋਮਲੈਂਡ ਸਕਿਉਰਿਟੀ ਵਿਭਾਗ ਨੇ ਟ੍ਰਾਂਸਫਾਰਮਰ ਸ਼ੈਲੀ ਦੀ ਇੱਕ ਏ ਆਈ -ਤਿਆਰ ਤਸਵੀਰ ਪੋਸਟ ਕੀਤੀ। ਇਸ ਵਿੱਚ ਦਾੜ੍ਹੀ ਵਾਲਾ ਦੱਖਣੀ ਏਸ਼ੀਆਈ ਦਿੱਖ ਵਾਲਾ ਵਿਅਕਤੀ ਰੋਬੋਟ ਜਾਂ ਸੁਰੱਖਿਆ ਕਰਮੀ ਦੇ ਸਾਹਮਣੇ ਖੜ੍ਹਾ ਦਿਖਾਇਆ ਗਿਆ ਸੀ। ਤਸਵੀਰ ਉੱਤੇ ਲਿਖਿਆ ਸੀ, ਅਮਰੀਕਾ ਅਮਰੀਕੀਆਂ ਲਈ। ਸਾਡੀਆਂ ਸੜਕਾਂ ਤੋਂ ਹਟੋ, ਤੁਹਾਨੂੰ ਗੱਡੀ ਚਲਾਉਣੀ ਨਹੀਂ ਆਉਂਦੀ, ਮਿਸਟਰ ਸਿੰਘ। ਇਸ ਦੇ ਨਾਲ ਖੁਦ ਦੇਸ਼ ਛੱਡਣ ਦਾ ਸੁਨੇਹਾ ਵੀ ਦਿੱਤਾ ਗਿਆ ਸੀ।

ਰਿਪੋਰਟਾਂ ਨੇ ਇਸ ਤਸਵੀਰ ਨੂੰ ਹਰਜਿੰਦਰ ਸਿੰਘ ਨਾਲ ਜੋੜਿਆ। 28 ਸਾਲਾ ਭਾਰਤੀ ਨਾਗਰਿਕ ਹਰਜਿੰਦਰ ਸਿੰਘ 'ਤੇ ਫਲੋਰੀਡਾ ਟਰਨਪਾਈਕ ਉੱਤੇ ਫੋਰਟ ਪੀਅਰਸ ਨੇੜੇ ਹੋਏ ਇੱਕ ਜਾਨਲੇਵਾ ਹਾਦਸੇ ਤੋਂ ਬਾਅਦ ਮਾਮਲਾ ਦਰਜ ਕੀਤਾ ਗਿਆ ਹੈ। ਅਧਿਕਾਰੀਆਂ ਦਾ ਦੋਸ਼ ਹੈ ਕਿ 12 ਅਗਸਤ 2025 ਨੂੰ ਸਿੰਘ ਨੇ ਟਰੈਕਟਰ-ਟ੍ਰੇਲਰ ਨਾਲ ਗੈਰਕਾਨੂੰਨੀ ਯੂ-ਟਰਨ ਲਿਆ ਅਤੇ ਆਵਾਜਾਈ ਰੋਕ ਦਿੱਤੀ। ਇਸ ਤੋਂ ਬਾਅਦ ਇੱਕ ਮਿਨੀਵੈਨ ਉਸ ਵਿੱਚ ਜਾ ਟਕਰਾਈ, ਜਿਸ ਵਿਚ ਤਿੰਨ ਲੋਕਾਂ ਦੀ ਮੌਤ ਹੋ ਗਈ ਸੀ।ਸਿੰਘ ਨੇ ਵਾਹਨ-ਹੱਤਿਆ ਅਤੇ ਕਤਲ ਨਾਲ ਸੰਬੰਧਤ ਹੋਰ ਦੋਸ਼ਾਂ ਵਿੱਚ ਖੁਦ ਨੂੰ ਬੇਗੁਨਾਹ ਦੱਸਿਆ ਹੈ। ਇਹ ਗੰਭੀਰ ਪੁਲਸ ਮਾਮਲਾ ਹੈ, ਪਰ ਇਹ ਇੱਕ ਮਾਮਲਾ ਹੈ, ਇਸ ਨੂੰ ਸਿੱਖ ਜਾਂ ਭਾਰਤੀ ਵਪਾਰਕ ਡਰਾਈਵਰਾਂ ਦੀ ਸੁਰੱਖਿਆ ਬਾਰੇ ਸਬੂਤ ਨਹੀਂ ਬਣਾਇਆ ਜਾ ਸਕਦਾ।

ਸਿੰਘ ਨਾਂਅ ਸਿੱਖ ਪਛਾਣ ਨਾਲ ਮਜ਼ਬੂਤੀ ਨਾਲ ਜੁੜਿਆ ਹੋਇਆ ਹੈ, ਹਾਲਾਂਕਿ ਇਹ ਹੋਰ ਪਿਛੋਕੜ ਵਾਲੇ ਲੋਕ ਵੀ ਵਰਤਦੇ ਹਨ। ਇਸੇ ਕਰਕੇ ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ ਦੀ ਭਾਸ਼ਾ ਆਮ ਸੜਕ-ਸੁਰੱਖਿਆ ਸੁਨੇਹੇ ਨਾਲੋਂ ਕਿਤੇ ਵੱਧ ਨਕਸਲੀ ਭੇਦ-ਭਾਵ ਮੁੱਦੇ ਵਾਲੀ ਬਣ ਗਈ।ਸਿੱਖ ਕੋਅਲਿਸ਼ਨ ਅਤੇ ਸਾਲਡੇਫ ਵੀ ਉਹਨਾਂ ਸੰਸਥਾਵਾਂ ਵਿੱਚ ਸ਼ਾਮਲ ਸਨ, ਜਿਨ੍ਹਾਂ ਨੇ ਦੱਖਣੀ ਏਸ਼ੀਆਈ ਅਤੇ ਸਿੱਖ ਭਾਈਚਾਰਿਆਂ ਨਾਲ ਜੁੜੀ ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ ਦੀ ਭਾਸ਼ਾ ਦੀ ਨਿੰਦਾ ਕੀਤੀ। ਉਨ੍ਹਾਂ ਦਾ ਇਤਰਾਜ਼ ਸਾਫ਼ ਸੀ: ਜਨਤਕ ਸੁਰੱਖਿਆ ਦੀ ਭਾਸ਼ਾ ਕਿਸੇ ਭਾਈਚਾਰੇ ਦੀ ਨਸਲ ਜਾਂ ਧਾਰਮਿਕ ਪਛਾਣ ਨੂੰ ਗਲਤ ਕੰਮ ਦਾ ਛੋਟਾ ਰੂਪ ਨਹੀਂ ਬਣਾ ਸਕਦੀ।

ਵਿਆਪਕ ਆਲੋਚਨਾ ਤੋਂ ਬਾਅਦ ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ ਨੇ ਤਸਵੀਰ ਹਟਾ ਦਿੱਤੀ। ਇੱਕ ਰਿਪੋਰਟ ਮੁਤਾਬਕ ਹਟਾਏ ਜਾਣ ਤੋਂ ਪਹਿਲਾਂ ਪੋਸਟ ਨੂੰ 7,80,000 ਤੋਂ ਵੱਧ ਵਾਰ ਦੇਖਿਆ ਗਿਆ, ਜਿਸ ਕਰਕੇ ਇਸ ਵਿਰੋਧ ਨੂੰ ਨਜ਼ਰਅੰਦਾਜ਼ ਕਰਨਾ ਮੁਸ਼ਕਲ ਸੀ।ਵਿਭਾਗ ਨੇ ਕਥਿਤ ਤੌਰ ਉੱਤੇ ਆਲੋਚਨਾ ਨੂੰ ਝੂਠਾ ਰੋਸ ਅਤੇ ਬੇਤੁਕੀ ਬਕਵਾਸ ਕਹਿ ਕੇ ਰੱਦ ਕੀਤਾ। ਇਸ ਜਵਾਬ ਨੇ ਤਸਵੀਰ ਹਟਾਉਣ ਨੂੰ ਜਵਾਬਦੇਹੀ ਨਾਲੋਂ ਪਿੱਛੇ ਹਟਣ ਵਰਗਾ ਬਣਾ ਦਿੱਤਾ।

ਪੋਸਟ ਮਿਟਾਉਣ ਨਾਲ ਉਸ ਦੀ ਪਹੁੰਚ ਘੱਟ ਹੋ ਸਕਦੀ ਹੈ, ਪਰ ਇਹ ਸਵਾਲ ਖਤਮ ਨਹੀਂ ਹੁੰਦਾ ਕਿ ਸਰਕਾਰੀ ਮੁਹਿੰਮ ਲਈ ਨਸਲੀ ਸੰਕੇਤਾਂ ਵਾਲੀ ਏ ਆਈ ਤਸਵੀਰ ਨੂੰ ਮਨਜ਼ੂਰੀ ਕਿਸ ਨੇ ਦਿੱਤੀ।ਵਪਾਰਕ ਵਾਹਨਾਂ ਨਾਲ ਹੋਣ ਵਾਲੇ ਹਾਦਸੇ ਅਸਲ ਜਨਤਕ ਸੁਰੱਖਿਆ ਦੀ ਚਿੰਤਾ ਹਨ। ਲਾਇਸੈਂਸ ਜਾਰੀ ਕਰਨ ਦੀਆਂ ਨਾਕਾਮੀਆਂ, ਅਧੂਰੀ ਸਿਖਲਾਈ, ਕਮਜ਼ੋਰ ਜਾਂਚ ਅਤੇ ਢਿੱਲੀ ਕਾਰਵਾਈ ਵੀ ਅਸਲ ਸਮੱਸਿਆਵਾਂ ਹਨ। ਇਨ੍ਹਾਂ ਵਿੱਚੋਂ ਕਿਸੇ ਨੂੰ ਧਰਮ, ਨਸਲ ਜਾਂ ਖਾਨਦਾਨੀ ਨਾਂਅ ਦੇ ਆਧਾਰ 'ਤੇ ਨਹੀਂ ਮਾਪਿਆ ਜਾ ਸਕਦਾ।ਉਪਲੱਬਧ ਰਿਪੋਰਟਾਂ ਇਹ ਸਾਬਤ ਨਹੀਂ ਕਰਦੀਆਂ ਕਿ ਸਿੱਖ ਟਰੱਕ ਡਰਾਈਵਰ ਇੱਕ ਸਮੂਹ ਵਜੋਂ ਵੱਧ ਹਾਦਸੇ ਕਰਦੇ ਹਨ। ਮਿਸਟਰ ਸਿੰਘ ਵਾਲੀ ਤਸਵੀਰ ਨੇ ਪਰਵਾਸੀ ਕਾਨੂੰਨ ਲਾਗੂ ਕਰਨ ਅਤੇ ਸੜਕ-ਸੁਰੱਖਿਆ ਨੂੰ ਇਕੱਠਾ ਕਰ ਦਿੱਤਾ। ਇਸ ਨਾਲ ਲੋਕਾਂ ਨੂੰ ਇਹ ਮੰਨਣ ਵੱਲ ਧੱਕਿਆ ਗਿਆ ਕਿ ਕਿਸੇ ਵਿਅਕਤੀ ਦੀ ਪਛਾਣ ਹੀ ਉਸ ਦੇ ਦੋਸ਼ ਦਾ ਸਬੂਤ ਹੈ।ਜਾਨਲੇਵਾ ਹਾਦਸੇ ਦੀ ਪੂਰੀ ਜਾਂਚ ਹੋਣੀ ਚਾਹੀਦੀ ਹੈ।ਪੁਲਸ ਕਾਰਵਾਈ ਨਿਰਪੱਖ ਹੋਣੀ ਚਾਹੀਦੀ ਹੈ। ਵਪਾਰਕ ਲਾਇਸੈਂਸ ਦੇ ਨਿਯਮ ਸਪੱਸ਼ਟ ਹੋਣੇ ਚਾਹੀਦੇ ਹਨ। ਜੇ ਗਲਤ ਕੰਮ ਹੋਇਆ ਹੈ, ਤਾਂ ਡਰਾਈਵਰ ਨੂੰ ਕਾਨੂੰਨੀ ਨਤੀਜੇ ਭੁਗਤਣੇ ਚਾਹੀਦੇ ਹਨ। ਜਵਾਬਦੇਹੀ ਇਸੇ ਤਰ੍ਹਾਂ ਕੰਮ ਕਰਦੀ ਹੈ।ਸਾਂਝਾ ਦੋਸ਼ ਇਸ ਤੋਂ ਵੱਖਰਾ ਹੁੰਦਾ ਹੈ। ਇਹ ਇੱਕ ਵਿਅਕਤੀ ਦੇ ਕਥਿਤ ਕੰਮ ਨੂੰ ਲੈ ਕੇ ਪੂਰੇ ਨਸਲੀ ਜਾਂ ਧਾਰਮਿਕ ਭਾਈਚਾਰੇ ਨੂੰ ਖ਼ਤਰਨਾਕ ਦਿਖਾਉਂਦਾ ਹੈ। ਦੋਵੇਂ ਤਰੀਕੇ ਇੱਕੋ ਗੱਲ ਨਹੀਂ ਹਨ।ਗੈਰ-ਦਸਤਾਵੇਜ਼ੀ ਵਪਾਰਕ ਡਰਾਈਵਰਾਂ ਬਾਰੇ ਚਿੰਤਾਵਾਂ 'ਤੇ ਇਮਾਨਦਾਰ ਬਹਿਸ ਹੋ ਸਕਦੀ ਹੈ, ਪਰ ਪਰਵਾਸੀ ਦਰਜਾ ਅਤੇ ਡਰਾਈਵਿੰਗ ਯੋਗਤਾ ਦੋ ਵੱਖਰੇ ਸਵਾਲ ਹਨ। ਕੋਈ ਡਰਾਈਵਰ ਗੈਰਕਾਨੂੰਨੀ ਤੌਰ 'ਤੇ ਦੇਸ਼ ਵਿੱਚ ਰਹਿ ਰਿਹਾ ਹੋ ਸਕਦਾ ਹੈ, ਫਿਰ ਵੀ ਉਹ ਸਮਰੱਥ ਅਤੇ ਸੁਰੱਖਿਅਤ ਡਰਾਈਵਰ ਹੋ ਸਕਦਾ ਹੈ। ਕੋਈ ਅਮਰੀਕੀ ਨਾਗਰਿਕ ਕਾਨੂੰਨੀ ਲਾਇਸੈਂਸ ਰੱਖਦਿਆਂ ਵੀ ਲਾਪਰਵਾਹ ਡਰਾਈਵਰ ਹੋ ਸਕਦਾ ਹੈ।ਇਹ ਮਿਆਰ ਸੜਕ 'ਤੇ ਮੌਜੂਦ ਹਰ ਵਿਅਕਤੀ ਦੀ ਰੱਖਿਆ ਕਰਦਾ ਹੈ। ਇਹ ਸਰਕਾਰੀ ਅਧਿਕਾਰੀਆਂ ਨੂੰ ਜਨਤਕ ਡਰ ਨੂੰ ਰੂੜ੍ਹੀਵਾਦੀ ਧਾਰਨਾ ਵਿੱਚ ਬਦਲਣ ਤੋਂ ਵੀ ਰੋਕਦਾ ਹੈ।

ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ ਦੀ ਪੋਸਟ ਉਸ ਸਿਆਸੀ ਸਮੇਂ ਵਿੱਚ ਆਈ, ਜਿੱਥੇ ਪਰਵਾਸ ਬਾਰੇ ਭਾਸ਼ਾ ਪਹਿਲਾਂ ਹੀ ਕਠੋਰ ਬਣੀ ਹੋਈ ਸੀ। 9 ਸਤੰਬਰ 2026 ਨੂੰ ਡੋਨਾਲਡ ਟਰੰਪ ਨੇ ਵਾਅਦਾ ਕੀਤਾ ਕਿ ਜੇ 3 ਨਵੰਬਰ ਨੂੰ ਹੋਣ ਵਾਲੀਆਂ ਮੱਧਕਾਲੀ ਚੋਣਾਂ ਤੋਂ ਬਾਅਦ ਰਿਪਬਲਿਕਨ ਪਾਰਟੀ ਪ੍ਰਤੀਨਿਧੀ ਸਭਾ ਅਤੇ ਸੈਨੇਟ ਦੋਵਾਂ ਉਤੇ ਕਾਬੂ ਰੱਖਦੀ ਹੈ, ਤਾਂ ਹਰ ਬਾਲਗ ਅਮਰੀਕੀ ਨਾਗਰਿਕ ਨੂੰ 5,000 ਡਾਲਰ ਦਾ 'ਟ੍ਰੰਪ ਲਾਭਅੰਸ਼' ਦਿੱਤਾ ਜਾਵੇਗਾ, ਜਿਸ ਨੂੰ ਬਹੁਤੇ ਲੋਕਾਂ ਵਲੋਂ ਰਿਸ਼ਵਤ, ਵੋਟਾਂ ਖਰੀਦਣ ਦਾ ਲਾਲਚ , ਇਕ ਤਰ੍ਹਾਂ ਨਾਲ ਚੁੰਗਾ ਦੱਸਿਆ ਜਾ ਰਿਹਾ ਹੈ ।ਸਰਕਾਰੀ ਏਜੰਸੀਆਂ ਨੂੰ ਨੀਤੀ ਦੀ ਅਸਲ ਸਮੱਸਿਆ ਦਾ ਨਾਂਅ ਲੈਣਾ ਚਾਹੀਦਾ ਹੈ। ਉਨ੍ਹਾਂ ਨੂੰ ਭਰੋਸੇਯੋਗ ਅੰਕੜੇ ਦੇਣੇ ਚਾਹੀਦੇ ਹਨ। ਅਪਰਾਧ ਜਾਂ ਅਯੋਗਤਾ ਲਈ ਨਸਲੀ ਅਤੇ ਧਾਰਮਿਕ ਸੰਕੇਤਾਂ ਨੂੰ ਤਸਵੀਰੀ ਕੋਡ ਵਜੋਂ ਵਰਤਣ ਤੋਂ ਬਚਣਾ ਚਾਹੀਦਾ ਹੈ। ਏ ਆਈ ਨਾਲ ਬਣੀ ਸਮੱਗਰੀ ਪ੍ਰਕਾਸ਼ਤ ਕਰਨ ਤੋਂ ਪਹਿਲਾਂ ਮਨੁੱਖੀ ਜਾਂਚ ਵਿੱਚੋਂ ਲੰਘਣੀ ਚਾਹੀਦੀ ਹੈ, ਵਿਰੋਧ ਹੋਣ ਤੋਂ ਬਾਅਦ ਨਹੀਂ।

ਅਪਮਾਨਜਨਕ ਤਸਵੀਰ ਮਿਟਾਉਣਾ ਲਾਭਦਾਇਕ ਕਦਮ ਹੈ, ਪਰ ਇਹ ਪਾਰਦਰਸ਼ਤਾ, ਜਵਾਬਦੇਹੀ ਜਾਂ ਇਸ ਗੱਲ ਦੀ ਵਿਆਖਿਆ ਦੀ ਥਾਂ ਨਹੀਂ ਲੈ ਸਕਦਾ ਕਿ ਸੁਨੇਹਾ ਸਮੀਖਿਆ ਤੋਂ ਕਿਵੇਂ ਪਾਰ ਹੋਇਆ।ਫਲੋਰੀਡਾ ਦਾ ਹਾਦਸਾ ਕਾਨੂੰਨੀ ਪ੍ਰਕਿਰਿਆ ਦੇ ਅਨੁਸਾਰ ਚੱਲਣਾ ਚਾਹੀਦਾ ਹੈ । ਮ੍ਰਿਤਕਾਂ ਦੇ ਪਰਵਾਰਾਂ ਨੂੰ ਜਵਾਬਦੇਹੀ ਮਿਲਣੀ ਚਾਹੀਦੀ ਹੈ। ਪਰ ਇਸ ਨਾਲ ਪੂਰੇ ਭਾਈਚਾਰੇ ਨੂੰ ਅਯੋਗ, ਵਿਦੇਸ਼ੀ ਜਾਂ ਖ਼ਤਰਨਾਕ ਦਿਖਾਉਣ ਦਾ ਹੱਕ ਨਹੀਂ ਮਿਲਦਾ।ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ ਨੇ ਮਿਸਟਰ ਸਿੰਘ ਵਾਲੀ ਏ ਆਈ ਤਸਵੀਰ ਬਣਾਈ, ਉਸ ਨੂੰ ਇੱਕ ਵਿਅਕਤੀਗਤ ਹਾਦਸੇ ਨਾਲ ਜੋੜਿਆ ਅਤੇ ਸਿੱਖ ਤੇ ਹਿੰਦੂ ਸੰਸਥਾਵਾਂ ਦੇ ਵਿਰੋਧ ਤੋਂ ਬਾਅਦ ਹਟਾ ਦਿੱਤਾ। ਸੜਕ-ਸੁਰੱਖਿਆ ਅਤੇ ਪਰਵਾਸੀ ਕਾਨੂੰਨ ਲਾਗੂ ਕਰਨ ਲਈ ਸਬੂਤ, ਇਕਸਾਰ ਮਿਆਰ ਅਤੇ ਕਾਨੂੰਨੀ ਪ੍ਰਕਿਰਿਆ ਚਾਹੀਦੀ ਹੈ।

ਜਦੋਂ ਸਰਕਾਰੀ ਸੰਚਾਰ ਇਨ੍ਹਾਂ ਮਿਆਰਾਂ ਦੀ ਥਾਂ ਨਸਲੀ ਰੂੜ੍ਹੀਆਂ ਚੁਣਦਾ ਹੈ, ਤਾਂ ਲੋਕਾਂ ਦਾ ਭਰੋਸਾ ਘਟਦਾ ਹੈ। ਇੱਕ ਦੋਸ਼ੀ ਡਰਾਈਵਰ ਨੂੰ ਕਾਨੂੰਨ ਦੇ ਸਾਹਮਣੇ ਜਵਾਬ ਦੇਣਾ ਚਾਹੀਦਾ ਹੈ। ਕਿਸੇ ਨਾਂਅ, ਧਰਮ ਜਾਂ ਭਾਈਚਾਰੇ ਨੂੰ ਉਸ ਦੀ ਥਾਂ ਕਟਹਿਰੇ ਵਿੱਚ ਨਹੀਂ ਖੜ੍ਹਾ ਕੀਤਾ ਜਾ ਸਕਦਾ।

# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨਾਂ ਵੱਲੋਂ ਸਰਕਾਰ ਤੇ ਪਾਵਰਕਾਮ ਖ਼ਿਲਾਫ਼ ਧਰਨਾ ਪ੍ਰਦਰਸ਼ਨ


ਬਠਿੰਡਾ


ਮਾਨਸਾ


ਭਵਾਨੀਗੜ੍ਹ


ਫਿਰੋਜ਼ਪੁਰ

**ਬਠਿੰਡਾ/ਤਲਵੰਡੀ ਸਾਬੋ (ਪਰਵਿੰਦਰਜੀਤ ਸਿੰਘ/ਜਗਦੀਪ ਗਿੱਲ)**-ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਪਾਵਰ ਕਾਰਪੋਰੇਸ਼ਨ ਦੇ ਐਸੀ ਤੇ ਐਕਸੀਅਨ ਦਫਤਰਾਂ ਮੂਹਰੇ ਪੰਜਾਬ ਅੰਦਰ ਬਿਜਲੀ ਦੇ ਤਹਿਸ ਨਹਿਸ ਹੋ ਚੁੱਕੇ ਪ੍ਰਬੰਧਾਂ ਵਿਰੁੱਧ 11 ਵਜੇ ਤੋਂ ਲੈ ਕੇ 3 ਵਜੇ ਤੱਕ ਧਰਨੇ ਲਾ ਕੇ ਰੋਸ ਪ੍ਰਦਰਸ਼ਨ ਕੀਤੇ ਗਏ।ਬਠਿੰਡਾ ਥਰਮਲ ਪਲਾਂਟ ਦੇ ਗੇਟ ਅੱਗੇ ਐਸੀ ਦਫਤਰ ਦੇ ਮੂਹਰੇ ਧਰਨਾ ਲਾ ਕੇ ਕਿਸਾਨਾਂ ਨੇ ਪੰਜਾਬ ਸਰਕਾਰ ਦੇ ਵਾਅਦਿਆਂ ਦੀ ਪੋਲ ਖੋਲ੍ਹਦਿਆਂ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਧਰਨਿਆਂ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਜਨਰਲ ਸਕੱਤਰ ਬਲਕਰਨ ਸਿੰਘ ਬਰਾੜ, ਬੀਕੇਯੂ ਡਕੌਂਦਾ ਬੁਰਜ ਗਿੱਲ ਦੇ ਸੂਬਾ ਮੀਤ ਪ੍ਰਧਾਨ ਬਲਦੇਵ ਸਿੰਘ ਭਾਈ ਰੂਪਾ, ਬੀਕੇਯੂ ਸਿੱਧੂਪੁਰ ਦੇ ਸੂਬਾ ਆਗੂ ਬੇਅੰਤ ਸਿੰਘ ਮਹਿਮਾ ਸਰਜਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਵਰਨ ਸਿੰਘ ਪੂਹਲੀ, ਬੀਕੇਯੂ ਡਕੌਂਦਾ ਧਨੇਰ ਦੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਕੋਟਲੀ, ਬੀਕੇਯੂ ਹੀਰਕੇ ਦੇ ਸੂਬਾ ਸਕੱਤਰ ਗੁਰਤੇਜ ਸਿੰਘ ਬੱਲੋ, ਜਮਹੂਰੀ ਕਿਸਾਨ ਸਭਾ ਦੇ ਜਿਲਾ ਆਗੂ ਮਲਕੀਤ ਸਿੰਘ ਬਠਿੰਡਾ, ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਆਕਲੀਆ, ਬੀਕੇਯੂ ਡਕੌਂਦਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਬੂਟਾ ਸਿੰਘ ਤੁੰਗਵਾਲੀ, ਬੀਕੇਯੂ ਧਨੇਰ ਦੇ ਜ਼ਿਲ੍ਹਾ ਆਗੂ ਅਮਰਜੀਤ ਸਿੰਘ ਹਨੀ, ਕਿਸਾਨ ਆਗੂ ਰੇਸ਼ਮ ਸਿੰਘ ਜੀਦਾ, ਬਲਤੇਜ ਸਿੰਘ ਪੂਹਲੀ ਤੇ ਦਰਸ਼ਨ ਸਿੰਘ ਫੁੱਲੋ ਮਿੱਠੀ ਨੇ ਬੋਲਦਿਆਂ ਹੋਇਆਂ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਤੇ ਪਾਵਰ ਕਾਰਪੋਰੇਸ਼ਨ ਕਿਸਾਨਾਂ ਨੂੰ ਖੇਤੀ ਲਈ ਅੱਠ ਘੰਟੇ ਬਿਜਲੀ ਸਪਲਾਈ ਤੇ ਘਰੇਲੂ ਖੇਤਰ ਲਈ 24 ਘੰਟੇ ਬਿਜਲੀ ਦੇਣ ਦੇ ਵਾਅਦੇ ਹਵਾ ਹਵਾਈ ਹੋ ਚੁੱਕੇ ਹਨ। ਪੰਜਾਬ ਅੰਦਰ ਖੇਤੀ ਲਈ ਚਾਰ ਘੰਟੇ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ ਤੇ ਘਰੇਲੂ ਖੇਤਰ ਅੰਦਰ ਵੀ ਲੰਬੇ ਲੰਬੇ ਕੱਟ ਲੱਗ ਰਹੇ ਹਨ।ਝੋਨੇ ਦੀ ਫਸਲ ਬਿਜਲੀ ਨਾ ਆਉਣ ਕਾਰਨ ਪਾਣੀ ਤੋਂ ਬਿਨਾਂ ਬੁਰੀ ਤਰਹਾਂ ਸੁੱਕ ਰਹੀ ਹੈ, ਜਿਸ ਕਾਰਨ ਝੋਨੇ ਅਤੇ ਬਾਸਮਤੀ ਦੇ ਫਸਲਾਂ ਤੇ ਝਾੜ ਤੇ ਭਾਰੀ ਅਸਰ ਪੈਣ ਦੀ ਸੰਭਾਵਨਾ ਹੈ।ਫਸਲਾਂ ਦੀ ਬਰਬਾਦੀ ਕਾਰਨ ਕਰਜੇ ਦੇ ਬੋਝ ਥੱਲੇ ਆਏ ਹੋਏ ਕਿਸਾਨਾਂ ਲਈ ਹੋਰ ਵੀ ਘਾਤਕ ਹੋਵੇਗੀ।ਪੰਜਾਬ ਸਰਕਾਰ ਨੇ ਆਪਣੀ ਨਲਾਇਕੀ ਦਾ ਭਾਂਡਾ ਕਾਰਪੋਰੇਸ਼ਨ ਦੇ ਚੇਅਰਮੈਨ ਨੂੰ ਹਟਾ ਕੇ ਉਹਦੇ ਸਿਰ ਭੰਨ ਦਿੱਤਾ ਹੈ, ਜਦੋਂ ਕਿ ਬਿਜਲੀ ਖੇਤਰ ਵਿੱਚ ਪੈਦਾ ਹੋਈ ਅਵਿਵਸਥਾ ਲਈ ਪੰਜਾਬ ਸਰਕਾਰ ਸਿੱਧੇ ਤੌਰ ਤੇ ਜ਼ਿੰਮੇਵਾਰ ਹੈ, ਕਿਉਂਕਿ ਸਰਕਾਰ ਨੇ ਸਮੇਂ ਸਿਰ ਕੋਲੇ ਅਤੇ ਬਿਜਲੀ ਦੇ ਖਰਚਿਆਂ ਦੀ ਕੇਂਦਰ ਸਰਕਾਰ ਨੂੰ ਅਦਾਇਗੀ ਨਹੀਂ ਕੀਤੀ।ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਖੇਤੀ ਖੇਤਰ ਲਈ ਘੱਟੋ ਘੱਟ 12 ਘੰਟੇ ਨਿਰਵਿਘਨ ਸਪਲਾਈ ਦਿੱਤੀ ਜਾਵੇ ਅਤੇ ਘਰਾਂ ਅੰਦਰ ਬਿਜਲੀ ਸਪਲਾਈ 24 ਘੰਟੇ ਯਕੀਨੀ ਬਣਾਈ ਜਾਵੇ।ਜੇਕਰ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਅੰਦਰ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਹੋਇਆ ਤਾਂ ਸੰਯੁਕਤ ਕਿਸਾਨ ਮੋਰਚਾ ਜਲਦ ਹੀ ਮੀਟਿੰਗ ਕਰਕੇ ਵੱਡੇ ਐਕਸ਼ਨ ਦਾ ਐਲਾਨ ਕਰੇਗਾ, ਜਿਸ ਦੀ ਜ਼ਿੰਮੇਵਾਰ ਪੰਜਾਬ ਸਰਕਾਰ ਹੋਵੇਗੀ।

**ਮਾਨਸਾ (ਆਤਮਾ ਸਿੰਘ ਪਮਾਰ)** : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਮਾਨਸਾ ਵਿਖੇ ਐਕਸੀਅਨ ਪੀ ਐਸ ਪੀ ਸੀ ਐਲ ਮਾਨਸਾ ਦੇ ਦਫ਼ਤਰ ਮੂਹਰੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ।ਪੰਜਾਬ ਭਰ 'ਚ ਪਾਣੀ ਤੇ ਊਰਜਾ ਸੰਕਟ ਖ਼ਿਲਾਫ਼ ਕਿਸਾਨਾਂ ਨੇ ਸਰਕਾਰ ਵਿਰੁੱਧ ਜ਼ੋਰਦਾਰ ਰੋਸ ਪ੍ਰਦਰਸ਼ਨ ਕਰਦਿਆਂ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ। ?ਧਰਨੇ ਨੂੰ ਸੰਬੋਧਨ ਕਰਦਿਆਂ ਮੋਰਚੇ ਦੇ ਆਗੂਆਂ ਨੇ ਕਿਹਾ ਕਿ ਇੱਕ ਪਾਸੇ ਕੁਦਰਤ ਦੀ ਬੇਰੁਖ਼ੀ ਕਾਰਨ ਪਾਣੀ ਦੀ ਭਾਰੀ ਘਾਟ ਹੈ, ਉੱਧਰ ਦੂਜੇ ਪਾਸੇ ਸੂਬਾ ਸਰਕਾਰ ਦੀਆਂ ਨਾਕਾਮ ਨੀਤੀਆਂ ਅਤੇ ਬਿਜਲੀ ਦੇ ਲੰਬੇ ਅਣ ਐਲਾਨੇ ਕੱਟਾਂ ਨੇ ਕਿਸਾਨਾਂ ਦੀ ਕਮਰ ਤੋੜ ਕੇ ਰੱਖ ਦਿੱਤੀ ਹੈ।ਉਨ੍ਹਾਂ ਕਿਹਾ ਕਿ ਸਰਕਾਰਾਂ ਭਾਵੇਂ ਦਿੱਲੀ ਤੇ ਪੰਜਾਬ ਦੀਆਂ ਕੁਰਸੀਆਂ ਤੇ ਬੈਠ ਕੇ ਕਿਸਾਨ ਹਿੱਤਾਂ ਦੇ ਵੱਡੇ ਦਾਅਵੇ ਅਤੇ ਵਾਅਦੇ ਕਰ ਲੈਣ, ਪਰ ਜ਼ਮੀਨੀ ਹਕੀਕਤ ਇਹ ਹੈ ਕਿ ਅੱਜ ਅੰਨਦਾਤਾ ਆਪਣੀ ਫ਼ਸਲ ਨੂੰ ਬਚਾਉਣ ਲਈ ਬੂੰਦ-ਬੂੰਦ ਪਾਣੀ ਨੂੰ ਤਰਸ ਰਿਹਾ ਹੈ।ਬਿਜਲੀ ਸਪਲਾਈ ਠੱਪ ਹੋਣ ਕਾਰਨ ਟਿਊਬਵੈੱਲ ਸੁੱਕੇ ਪਏ ਹਨ ਤੇ ਝੋਨੇ ਸਮੇਤ ਹੋਰ ਫ਼ਸਲਾਂ ਬਰਬਾਦੀ ਦੀ ਕਾਗਾਰ 'ਤੇ ਹਨ। ਕਿਸਾਨ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਖੇਤਾਂ ਨੂੰ ਨਿਰਵਿਘਨ 8 ਘੰਟੇ ਬਿਜਲੀ ਸਪਲਾਈ ਚਾਲੂ ਨਾ ਕੀਤੀ ਗਈ, ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਜਿਸਦੀ ਜ਼ਿੰਮੇਵਾਰ ਪੰਜਾਬ ਸਰਕਾਰ ਤੇ ਪੀ ਐਸ ਪੀ ਸੀ ਐਲ ਦੇ ਅਧਿਕਾਰੀਆਂ ਦੀ ਹੋਵੇਗੀ।ਧਰਨੇ ਨੂੰ ਨਿਰਮਲ ਸਿੰਘ ਝੰਡੂਕੇ, ਲਖਵੀਰ ਸਿੰਘ ਅਕਲੀਆ, ਮਹਿੰਦਰ ਸਿੰਘ ਭੈਣੀਬਾਘਾ, ਲਾਲ ਚੰਦ ਸਰਦੂਲਗੜ੍ਹ, ਮੱਖਣ ਸਿੰਘ ਭੈਣੀਬਾਘਾ, ਭਜਨ ਸਿੰਘ ਘੁੰਮਣ, ਨਰਿੰਦਰ ਕੌਰ ਬੁਰਜ ਹਮੀਰਾ, ਰੂਪ ਸਿੰਘ ਢਿੱਲੋਂ, ਹਰਦੇਵ ਸਿੰਘ ਕੋਟ ਧਰਮੂ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

**ਭਵਾਨੀਗੜ੍ਹ (ਰਾਜ ਖੁਰਮੀ)** : ਝੋਨੇ ਦੀ ਫ਼ਸਲ ਆਪਣੇ ਅਹਿਮ ਪੜਾਅ 'ਤੇ ਪਹੁੰਚਣ ਦੇ ਬਾਵਜੂਦ ਖੇਤੀਬਾੜੀ ਲਈ ਲੋੜੀਂਦੀ ਬਿਜਲੀ ਸਪਲਾਈ ਨਾ ਮਿਲਣ ਤੋਂ ਖ਼ਫ਼ਾ ਕਿਸਾਨਾਂ ਨੇ ਅੱਜ ਪੰਜਾਬ ਭਰ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸਰਕਾਰ ਤੇ ਪਾਵਰਕਾਮ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ। ਇਸੇ ਕੜੀ ਤਹਿਤ ਭਵਾਨੀਗੜ੍ਹ ਵਿਖੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਪੰਜਾਬ ਰਾਜ ਬਿਜਲੀ ਬੋਰਡ ਦੇ ਦਫ਼ਤਰ ਅੱਗੇ ਰੋਸ ਧਰਨਾ ਦੇ ਕੇ ਬਿਜਲੀ ਕੱਟਾਂ ਵਿਰੁੱਧ ਤਿੱਖਾ ਰੋਸ ਜ਼ਾਹਰ ਕੀਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਬੀ.ਕੇ.ਯੂ. ਡਕੌਂਦਾ ਦੇ ਬਲਾਕ ਪ੍ਰਧਾਨ ਚਮਕੌਰ ਸਿੰਘ ਭੱਟੀਵਾਲ ਕਲਾਂ ਨੇ ਕਿਹਾ ਕਿ ਪਿਛਲੇ 10-12 ਦਿਨਾਂ ਤੋਂ ਖੇਤੀਬਾੜੀ ਲਈ 24 ਘੰਟੇ ਬਿਜਲੀ ਸਪਲਾਈ ਨਾ ਮਿਲਣ ਕਾਰਨ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਝੋਨੇ ਦੀ ਫ਼ਸਲ ਪੱਕਣ ਕਿਨਾਰੇ ਹੈ ਤੇ ਇਸ ਸਮੇਂ ਖੇਤਾਂ ਨੂੰ ਪਾਣੀ ਦੀ ਲਗਾਤਾਰ ਲੋੜ ਹੈ, ਪਰ ਬਿਜਲੀ ਦੇ ਕੱਟਾਂ ਨੇ ਕਿਸਾਨਾਂ ਦੀਆਂ ਮੁਸ਼ਕਲਾਂ ਹੋਰ ਵਧਾ ਦਿੱਤੀਆਂ ਹਨ।ਇਸ ਮੌਕੇ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ ਤੇ ਜਨਰਲ ਸਕੱਤਰ ਜਗਮੋਹਨ ਸਿੰਘ ਪਟਿਆਲਾ ਨੇ ਕਿਹਾ ਕਿ ਸਰਕਾਰ ਵੱਲੋਂ ਬਿਜਲੀ ਸਪਲਾਈ ਦੇ ਕੀਤੇ ਜਾ ਰਹੇ ਦਾਅਵਿਆਂ ਦੇ ਉਲਟ ਜ਼ਮੀਨੀ ਹਕੀਕਤ ਕੁਝ ਹੋਰ ਹੀ ਹੈ।ਉਨ੍ਹਾਂ ਕਿਹਾ ਕਿ ਝੋਨੇ ਦੀ ਫ਼ਸਲ ਨੂੰ ਇਸ ਵੇਲੇ ਪਾਣੀ ਦੀ ਲੋੜ ਹੈ, ਪਰ ਬਿਜਲੀ ਕੱਟਾਂ ਕਾਰਨ ਕਿਸਾਨ ਸਮੇਂ ਸਿਰ ਖੇਤਾਂ ਦੀ ਸਿੰਚਾਈ ਨਹੀਂ ਕਰ ਪਾ ਰਹੇ।ਕਿਸਾਨ ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਬਿਜਲੀ ਸਪਲਾਈ ਵਿੱਚ ਤੁਰੰਤ ਸੁਧਾਰ ਨਾ ਕੀਤਾ ਗਿਆ ਤਾਂ ਇਸ ਦਾ ਸਿੱਧਾ ਅਸਰ ਝੋਨੇ ਦੇ ਉਤਪਾਦਨ 'ਤੇ ਪੈ ਸਕਦਾ ਹੈ ਅਤੇ ਫ਼ਸਲ ਦਾ ਝਾੜ ਘਟਣ ਦੇ ਨਾਲ ਕਿਸਾਨਾਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲਵੇ ਤੇ ਖੇਤੀਬਾੜੀ ਲਈ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਏ।ਇਸ ਮੌਕੇ ਬਲਾਕ ਜਨਰਲ ਸਕੱਤਰ ਧਿਆਨ ਸਿੰਘ ਭੱਟੀਵਾਲ, ਇਕਾਈ ਪ੍ਰਧਾਨ ਸੁਖਬੀਰ ਸਿੰਘ ਭੱਟੀਵਾਲ, ਗੁਰਮੇਲ ਸਿੰਘ ਪੜੋ, ਸਰਬਜੀਤ ਸਿੰਘ ਕਪਿਆਲ, ਧਿਆਨ ਸਿੰਘ, ਜਗਤਾਰ ਸਿੰਘ ਭੜੋ, ਭੋਲਾ ਸਿੰਘ ਝਨੇੜੀ ਸਮੇਤ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਤੇ ਵਰਕਰ ਹਾਜ਼ਰ ਸਨ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਫਿਰੋਜ਼ਪੁਰ ਜ਼ਿਲ੍ਹੇ ਦੀਆਂ ਕਿਸਾਨ ਜਥੇਬੰਦੀਆਂ ਜਿਨ੍ਹਾਂ ਵਿਚ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਬੀਕੇਯੂ ਪੰਜਾਬ, ਬੀਕੇਯੂ ਸਿੱਧੂਪੁਰ, ਬੀਕੇਯੂ ਰਾਜੇਵਾਲ, ਬੀਕੇਯੂ ਕਾਦੀਆਂ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਬੁੱਟਰ, ਕੁੱਲ ਹਿੰਦ ਕਿਸਾਨ ਸਭਾ, ਬੀਕੇਯੂ ਡਕੌਂਦਾ ਧਨੇਰ ਵੱਲੋਂ ਕਿਸਾਨਾਂ ਦੀਆਂ ਬਿਜਲੀ ਨਾਲ ਸਬੰਧਤ ਮੰਗਾਂ ਤੇ ਸਮੱਸਿਆਵਾਂ ਨੂੰ ਲੈ ਕੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਐੱਸੀ ਦਫ਼ਤਰ ਅੱਗੇ ਰੋਸ ਧਰਨਾ ਦਿੱਤਾ ਗਿਆ। ਇਸ ਮੌਕੇ ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨਾਂ ਨੂੰ ਖੇਤੀਬਾੜੀ ਲਈ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਉਣਾ ਸਰਕਾਰ ਤੇ ਬਿਜਲੀ ਵਿਭਾਗ ਦੀ ਜ਼ਿੰਮੇਵਾਰੀ ਹੈ। ਪਰ ਪੂਰੇ ਪੰਜਾਬ ਵਿਚ ਬਿਜਲੀ ਸਪਲਾਈ ਬਿਲਕੁਲ ਗੁੱਲ ਵਾਂਗ ਹੈ, ਜਿਸ ਨਾਲ ਪੱਕਣ ਸਿਰੇ ਪਹੁੰਚੀ ਝੋਨੇ ਦੀ ਫਸਲ ਲਈ ਗੰਭੀਰ ਸਮੱਸਿਆ ਖੜ੍ਹੀ ਹੋ ਗਈ ਹੈ। ਕਿਸਾਨਾਂ ਨੇ ਕਿਹਾ ਕਿ ਹੁਣ ਫਸਲ ਨੂੰ ਪਾਣੀ ਦੀ ਜ਼ਿਆਦਾ ਜ਼ਰੂਰਤ ਹੈ ਅਤੇ ਕਿਸਾਨ ਮਹਿੰਗੇ ਭਾਅ ਦੇ ਡੀਜ਼ਲ ਦੀ ਵਰਤੋਂ ਨਹੀਂ ਕਰ ਸਕਦੇ। ਇਸ ਕਰਕੇ ਵੱਡੀਆਂ ਸਮੱਸਿਆਵਾਂ ਕਾਰਨ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਖੇਤੀਬਾੜੀ ਫੀਡਰਾਂ ਦੀ ਬਿਜਲੀ ਸਪਲਾਈ ਨੂੰ ਸੁਚਾਰੂ ਬਣਾਇਆ ਜਾਵੇ, ਖਰਾਬ ਟਰਾਂਸਫਾਰਮਰਾਂ ਅਤੇ ਬਿਜਲੀ ਦੀਆਂ ਤਾਰਾਂ ਨੂੰ ਤੁਰੰਤ ਠੀਕ ਕੀਤਾ ਜਾਵੇ ਅਤੇ ਕਿਸਾਨਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਬਿਜਲੀ ਸਬੰਧੀ ਸ਼ਿਕਾਇਤਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾਵੇ। ਧਰਨੇ ਦੌਰਾਨ ਕਿਸਾਨ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਕਿਸਾਨਾਂ ਦੀਆਂ ਮੰਗਾਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਗੁਰਮੀਤ ਸਿੰਘ ਮਹਿਮਾ, ਹਰਦੀਪ ਸਿੰਘ ਕਰਮੂਵਾਲਾ, ਗੁਰਮੇਲ ਸਿੰਘ, ਗੁਰਮੀਤ ਸਿੰਘ ਘੋੜੇਚੱਕ, ਮਨਮੋਹਨ ਸਿੰਘ ਕੌੜਾ, ਗੁਰਮੀਤ ਸਿੰਘ ਪੋਜੋਕੇ, ਗੁਰਦਿੱਤ ਸਿੰਘ ਸਿੱਧੂ, ਗੁਲਜ਼ਾਰ ਸਿੰਘ ਕੱਬਰਵੱਛਾ ਆਦਿ ਆਗੂਆਂ ਨੇ ਸੰਬੋਧਨ ਕੀਤਾ।

## ਕਾਤਰਾਂ

### ਐੱਮ ਡੀ ਲਖਵੀਰ ਸਿੱਧੂ ਨਮਿੱਤ ਅੰਤਿਮ ਅਰਦਾਸ ਅੱਜ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਮਹਾਰਾਜ ਗਰੁੱਪ ਆਫ ਕਾਲਜਿਜ਼ ਲਹਿਰਾ ਮੁਹੱਬਤ ਦੇ ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ, ਜੋ ਬੀਤੇ 05 ਸਤੰਬਰ ਨੂੰ ਅਕਾਲ ਚਲਾਣਾ ਕਰ ਗਏ ਸਨ। ਸਵ: ਲਖਵੀਰ ਸਿੰਘ ਸਿੱਧੂ ਨਮਿੱਤ ਸ੍ਰੀ ਸਹਿਜ ਪਾਠ ਸਾਹਿਬ ਦਾ ਭੋਗ ਤੇ ਅੰਤਿਮ ਅਰਦਾਸ 15 ਸਤੰਬਰ ਮੰਗਲਵਾਰ ਨੂੰ ਦੁਪਹਿਰ 12:30 ਵਜੇ ਡੇਰਾ ਬਾਬਾ ਬਹਾਲੀ ਰਾਮ ਜੀ, ਪਿੰਡ ਲਹਿਰਾ ਮੁਹੱਬਤ, ਜ਼ਿਲ੍ਹਾ ਬਠਿੰਡਾ ਵਿਖੇ ਹੋਵੇਗੀ।

### ਨਸ਼ੀਲੀਆਂ ਗੋਲੀਆਂ ਤੇ ਸ਼ਰਾਬ ਸਮੇਤ ਤਿੰਨ ਗ੍ਰਿਫ਼ਤਾਰ


**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਉਪ ਮੰਡਲ ਪੁਲਸ ਧੂਰੀ ਨੇ ਵੱਖ-ਵੱਖ ਮਾਮਲਿਆਂ ਵਿੱਚ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 35 ਨਸ਼ੀਲੀਆਂ ਗੋਲੀਆਂ ਅਤੇ 15 ਬੋਤਲਾਂ ਠੇਕਾ ਦੇਸੀ ਸ਼ਰਾਬ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ।ਡੀਐੱਸਪੀ ਧੂਰੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਤੇ 'ਪਿੰਡਾਂ ਦੇ ਪਹਿਰੇਦਾਰ' ਮੁਹਿੰਮ ਤਹਿਤ ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਡਾ. ਰਵਜੋਤ ਗਰੇਵਾਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਇਹ ਕਾਰਵਾਈ ਕੀਤੀ ਗਈ।ਉਨ੍ਹਾਂ ਦੱਸਿਆ ਕਿ 7 ਤੋਂ 13 ਸਤੰਬਰ ਤੱਕ ਦਰਜ ਕੀਤੇ ਦੋ ਮੁਕੱਦਮਿਆਂ ਵਿੱਚ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ।ਉਨ੍ਹਾਂ ਅਨੁਸਾਰ ਪੁਲਸ ਵੱਲੋਂ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਮੋਟਰ ਵਹੀਕਲ ਐਕਟ ਤਹਿਤ ਕਾਰਵਾਈ ਕਰਦਿਆਂ 166 ਵਾਹਨਾਂ ਦੇ ਚਲਾਨ ਕੀਤੇ ਗਏ। ਇਸ ਤੋਂ ਇਲਾਵਾ ਅੱਠ ਵਿਅਕਤੀਆਂ ਨੂੰ ਓਟ ਸੈਂਟਰ ਰਾਹੀਂ ਦਵਾਈ ਦਿਵਾਈ ਗਈ ਤੇ 13 ਮੁਕੱਦਮਿਆਂ ਦੀ ਤਫ਼ਤੀਸ਼ ਮੁਕੰਮਲ ਕਰਕੇ ਮੁਲਜ਼ਮਾਂ ਖ਼ਿਲਾਫ਼ ਅਦਾਲਤ ਵਿੱਚ ਚਲਾਨ ਪੇਸ਼ ਕੀਤੇ ਗਏ।

### ਹਰ ਕਿਸਾਨ ਲਈ ਫ਼ਾਰਮਰ ਆਈ ਡੀ ਜ਼ਰੂਰੀ : ਮੁੱਖ ਖੇਤੀਬਾੜੀ ਅਫ਼ਸਰ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਕਿਸਾਨਾਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਤੇ ਖੇਤੀਬਾੜੀ ਸਹੂਲਤਾਂ ਦਾ ਲਾਭ ਲੈਣ ਲਈ ਫ਼ਾਰਮਰ ਰਜਿਸਟਰੀ ਆਈ. ਡੀ. ਬਣਾਉਣਾ ਜ਼ਰੂਰੀ ਹੈ।ਇਹ ਜਾਣਕਾਰੀ ਮੁੱਖ ਖੇਤੀਬਾੜੀ ਅਫ਼ਸਰ ਡਾ. ਕੁਲਵੰਤ ਸਿੰਘ ਨੇ ਕਿਸਾਨਾਂ ਨੂੰ ਦਿੱਤੀ।ਉਨ੍ਹਾ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਜਲਦ ਤੋਂ ਜਲਦ ਆਪਣੀ ਫ਼ਾਰਮਰ ਰਜਿਸਟਰੀ ਆਈ. ਡੀ. ਬਣਾਉਣ ਤਾਂ ਜੋ ਕਿਸਾਨਾਂ ਨੂੰ ਸਰਕਾਰੀ ਸਕੀਮਾਂ ਤੇ ਸਬਸਿਡੀ ਦਾ ਲਾਭ ਲੈਣ ਲਈ ਕਿਸੇ ਕਿਸਮ ਦੀ ਦਿੱਕਤ ਨਾ ਆਵੇ।ਉਨ੍ਹਾ ਦੱਸਿਆ ਕਿ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੇ ਹਿੱਤ ਵਿੱਚ ਸਮੇਂ-ਸਮੇਂ 'ਤੇ ਵੱਖ-ਵੱਖ ਸਕੀਮਾਂ ਤੇ ਸਹੂਲਤਾਂ ਮੁਹੱਈਆ ਕਰਾਈਆਂ ਜਾਂਦੀਆਂ ਹਨ।ਇਨ੍ਹਾਂ ਸਕੀਮਾਂ ਦਾ ਲਾਭ ਲੈਣ ਲਈ ਕਿਸਾਨਾਂ ਦੀ ਫ਼ਾਰਮਰ ਰਜਿਸਟਰੀ ਵਿੱਚ ਰਜਿਸਟ੍ਰੇਸ਼ਨ ਹੋਣਾ ਜ਼ਰੂਰੀ ਹੈ।ਇਹ ਆਈ. ਡੀ. ਸਿਰਫ਼ ਇੱਕ ਯੋਜਨਾ ਨਹੀਂ ਹੈ, ਸਗੋਂ ਕਿਸਾਨਾਂ ਨੂੰ ਵੱਖ-ਵੱਖ ਸਰਕਾਰੀ ਸਹੂਲਤਾਂ ਨਾਲ ਜੋੜਨ ਵਿੱਚ ਵੀ ਇਸ ਦੀ ਅਹਿਮ ਭੂਮਿਕਾ ਹੈ।

## ਐਕਸੀਡੈਂਟ 'ਚ ਹੋਈ ਮੌਤ ਦੇ ਮਾਮਲੇ 'ਚ ਪੁਲਸ 'ਤੇ ਕਾਰਵਾਈ ਨਾ ਕਰਨ ਦਾ ਦੋਸ਼

**ਸਨੌਰ (ਰਾਜਿੰਦਰ ਸਿੰਘ ਥਿੰਦ)**-ਥਾਣਾ ਸਨੌਰ ਦੀ ਹਦੂਦ ਅੰਦਰ ਖਾਂਸੀਆ ਰੋਡ 'ਤੇ ਫਰਵਰੀ ਮਹੀਨੇ ਵਾਪਰੇ ਸੜਕ ਹਾਦਸੇ ਵਿੱਚ ਇੱਕ ਵਿਅਕਤੀ ਦੀ ਮੌਤ ਹੋਣ ਦੇ ਮਾਮਲੇ ਵਿੱਚ ਪੁਲਸ ਦੀ ਕਾਰਵਾਈ ਕੱਛੂਆ ਚਾਲ ਨਾਲ ਚੱਲਣ ਦੇ ਦੋਸ਼ ਲੱਗ ਰਹੇ ਹਨ।ਹਾਦਸੇ ਨੂੰ ਕਰੀਬ 7 ਮਹੀਨੇ ਬੀਤ ਜਾਣ ਦੇ ਬਾਵਜੂਦ ਮ੍ਰਿਤਕ ਦੇ ਪਰਵਾਰ ਨੂੰ ਇਨਸਾਫ ਨਾ ਮਿਲਣ ਕਾਰਨ ਪਰਵਾਰ ਨੇ ਪੁਲਸ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕੀਤੇ ਹਨ।ਮ੍ਰਿਤਕ ਦੇ ਪੁੱਤਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਇਨਸਾਫ ਦੀ ਮੰਗ ਨੂੰ ਲੈ ਕੇ ਓਹਨਾ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਤੇ ਐੱਸ.ਐੱਸ.ਪੀ. ਪਟਿਆਲਾ ਸਮੇਤ ਸਬੰਧਤ ਅਧਿਕਾਰੀਆਂ ਨੂੰ ਕਈ ਵਾਰ ਸ਼ਿਕਾਇਤਾਂ ਦਿੱਤੀਆਂ ਗਈਆਂ।ਇੱਥੋਂ ਤੱਕ ਕਿ ਆਰ.ਟੀ.ਆਈ. ਰਾਹੀਂ ਜਵਾਬ ਮੰਗਣ ਤੋਂ ਬਾਅਦ ਰਿਮਾਇੰਡਰ ਵੀ ਦਿੱਤਾ ਗਿਆ, ਪਰ ਅਜੇ ਤੱਕ ਨਾ ਕੋਈ ਠੋਸ ਕਾਰਵਾਈ ਹੋਈ ਅਤੇ ਨਾ ਹੀ ਕੋਈ ਜਵਾਬ ਮਿਲਿਆ।ਜਸਵਿੰਦਰ ਸਿੰਘ ਨੇ ਦੋਸ਼ ਲਗਾਇਆ ਕਿ ਥਾਣਾ ਸਨੌਰ ਦੇ ਮੁਖੀ ਵੱਲੋਂ ਉਨ੍ਹਾ ਨਾਲ ਦੂਜੀ ਗੱਡੀ 'ਤੇ ਪਰਚਾ ਦਰਜ ਕਰਨ ਤੇ ਉਸ ਦੀ ਇੰਸ਼ੋਰੈਂਸ ਦੇ ਆਧਾਰ 'ਤੇ ਕਲੇਮ ਦਿਵਾਉਣ ਸਬੰਧੀ ਗੱਲ ਕੀਤੀ ਗਈ ਸੀ।ਮ੍ਰਿਤਕ ਦੇ ਪਰਵਾਰ ਨੇ ਸਵਾਲ ਕੀਤਾ ਕਿ ਜੇਕਰ ਹਾਦਸੇ ਵਿੱਚ ਇੱਕ ਵਿਅਕਤੀ ਦੀ ਜਾਨ ਚਲੀ ਗਈ ਹੈ ਤਾਂ ਮਾਮਲੇ ਦੀ ਕਾਨੂੰਨੀ ਕਾਰਵਾਈ ਵਿੱਚ ਇੰਨੀ ਦੇਰੀ ਕਿਉਂ ਹੋ ਰਹੀ ਹੈ? ਪਰਵਾਰ ਨੇ ਉੱਚ ਪੁਲਸ ਅਧਿਕਾਰੀਆਂ ਤੋਂ ਮਾਮਲੇ ਦੀ ਨਿਰਪੱਖ ਜਾਂਚ ਕਰਵਾ ਕੇ ਜਲਦ ਕਾਰਵਾਈ ਕਰਨ ਤੇ ਉਨ੍ਹਾਂ ਨੂੰ ਇਨਸਾਫ ਦਿਵਾਉਣ ਦੀ ਮੰਗ ਕੀਤੀ ਹੈ।ਇਸ ਸਬੰਧੀ ਥਾਣਾ ਸਨੌਰ ਦੇ ਮੁਖੀ ਅਵਤਾਰ ਸਿੰਘ ਨਾਲ ਫ਼ੋਨ 'ਤੇ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਹ ਮਾਮਲਾ ਮੇਰੇ ਧਿਆਨ 'ਚ ਕੁੱਝ ਸਮਾਂ ਪਹਿਲਾਂ ਹੀ ਆਇਆ ਹੈ ਤੇ ਮੈਨੂੰ ਕੁੱਝ ਹੀ ਸਮਾਂ ਹੋਇਆ ਹੈ ਥਾਣਾ ਸਨੌਰ ਦਾ ਅਹੁਦਾ ਸੰਭਾਲੇ ਨੂੰ ਅਤੇ ਅਸੀਂ ਪਰਵਾਰ ਨੂੰ ਇਨਸਾਫ ਦਿਵਾਉਣ ਲਈ ਪੂਰੇ ਯਤਨ ਕਰ ਰਹੇ ਹਾਂ।



## ਮਾਨ ਸਰਕਾਰ ਲੋਕਾਂ ਨੂੰ ਬਿਜਲੀ ਦੇਣ 'ਚ ਪੂਰੀ ਤਰ੍ਹਾਂ ਫੇਲ੍ਹ : ਰਾਜਾ ਵੜਿੰਗ

- ਪੀ ਐੱਸ ਪੀ ਸੀ ਐੱਲ ਦਫ਼ਤਰ ਦਾ ਘਿਰਾਓ ਕਰਨ ਜਾਂਦੇ ਕਾਂਗਰਸੀ ਆਗੂਆਂ 'ਤੇ ਪਾਣੀ ਦੀਆਂ ਬੁਛਾੜਾਂ
- ਕੁਲਬੀਰ ਜ਼ੀਰਾ ਗੰਭੀਰ ਜ਼ਖਮੀ, ਰਾਜਾ ਵੜਿੰਗ ਸਮੇਤ ਕਈ ਆਗੂ ਹਿਰਾਸਤ 'ਚ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ 'ਚ ਲਗਾਤਾਰ ਲੱਗ ਰਹੇ ਅਣਐਲਾਨੇ ਬਿਜਲੀ ਕੱਟਾਂ ਦੇ ਵਿਰੋਧ 'ਚ ਅੱਜ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਪਟਿਆਲਾ ਸਥਿਤ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐੱਸ ਪੀ ਸੀ ਐੱਲ) ਦੇ ਮੁੱਖ ਦਫਤਰ ਅੱਗੇ ਭਾਰੀ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ 'ਚ ਪਟਿਆਲਾ ਸਮੇਤ ਪੰਜਾਬ ਦੇ ਹਜ਼ਾਰਾਂ ਦੀ ਗਿਣਤੀ 'ਚ ਕਾਂਗਰਸੀ ਆਗੂ ਤੇ ਵਰਕਰ ਸ਼ਾਮਲ ਹੋਏ। ਇਸ ਮੌਕੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਧਰਨੇ ਤੋਂ ਬਾਅਦ ਜਦੋਂ ਸੂਬਾ ਪ੍ਰਧਾਨ ਰਾਜਾ ਵੜਿੰਗ ਆਪਣੇ ਸਾਥੀਆਂ ਸਮੇਤ ਪੀ ਸੀ ਪੀ ਸੀ ਐੱਲ ਦਫਤਰ ਦੇ ਮੁੱਖ ਗੇਟ ਵੱਲ ਵਧੇ ਤਾਂ ਪੁਲਸ ਵੱਲੋਂ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ।

ਇਸ ਦੌਰਾਨ ਧਰਨਾਕਾਰੀਆਂ ਨਾਲ ਪੁਲਸ ਦੀ ਧੱਕਾ-ਮੁੱਕੀ ਹੋਈ ਅਤੇ ਪ੍ਰਦਰਸ਼ਨਕਾਰੀਆਂ ਨੂੰ ਖਦੇੜਨ ਲਈ ਪੁਲਸ ਵੱਲੋਂ ਜਲ ਤੋਪਾਂ ਦੀ ਵਰਤੋਂ ਕਰਦੇ ਹੋਏ ਉਨ੍ਹਾਂ 'ਤੇ ਪਾਣੀ ਦੀਆਂ ਬੁਛਾੜਾਂ ਮਾਰ ਕੇ ਉਨ੍ਹਾਂ ਨੂੰ ਉਥੋਂ ਖ਼ਦੇੜ ਦਿੱਤਾ ਗਿਆ। ਇਸ ਦੌਰਾਨ ਰਾਜਾ ਵੜਿੰਗ, ਰਾਜਿੰਦਰ ਸਿੰਘ ਸਾਬਕਾ ਵਿਧਾਇਕ, ਹਰਦਿਆਲ ਕੰਬੋਜ, ਸੰਜੀਵ ਬਿੱਟੂ, ਗੁਰਸ਼ਰਨ ਕੌਰ ਰੰਧਾਵਾ, ਨਰੇਸ਼ ਦੁੱਗਲ ਤੋਂ ਇਲਾਵਾ ਕੋਈ ਚਾਰ ਪੰਜ ਦਰਜਨ ਆਗੂਆਂ ਨੂੰ ਪੁਲਸ ਨੇ ਹਿਰਾਸਤ 'ਚ ਵੀ ਲੈ ਲਿਆ।

ਧਰਨੇ ਨੂੰ ਸੰਬੋਧਨ ਕਰਦਿਆਂ ਕਾਂਗਰਸੀ ਆਗੂਆਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਹਮਲੇ ਬੋਲੇ ਹਨ।ਆਗੂਆਂ ਨੇ ਦੋਸ਼ ਲਾਇਆ ਕਿ ਸੱਤਾ 'ਚ ਆਉਣ ਤੋਂ ਪਹਿਲਾਂ 'ਆਪ' ਨੇ ਸੂਬੇ ਦੇ ਲੋਕਾਂ ਨੂੰ 24 ਘੰਟੇ ਨਿਰਵਿਘਨ ਤੇ ਮੁਫ਼ਤ ਬਿਜਲੀ ਦੇਣ ਦੀਆਂ ਵੱਡੀਆਂ ਗਰੰਟੀਆਂ ਦਿੱਤੀਆਂ ਸਨ, ਪਰ ਜ਼ਮੀਨੀ ਹਕੀਕਤ ਇਸ ਦੇ ਬਿਲਕੁਲ ਉਲਟ ਹੈ।ਅੱਜ ਪੂਰੇ ਪੰਜਾਬ 'ਚ ਬਿਜਲੀ ਸੰਕਟ ਗੰਭੀਰ ਰੂਪ ਧਾਰਨ ਕਰ ਚੁੱਕਾ ਹੈ ਅਤੇ ਮੌਜੂਦਾ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤ ਮੁਹੱਈਆ ਕਰਵਾਉਣ 'ਚ ਪੂਰੀ ਤਰ੍ਹਾਂ ਨਾਕਾਮ ਸਾਬਿਤ ਹੋਈ ਹੈ।

ਕਾਂਗਰਸ ਪਾਰਟੀ ਨੇ ਸੂਬਾ ਸਰਕਾਰ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਤੁਰੰਤ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਕੀਤਾ ਗਿਆ ਤੇ ਲੋਕਾਂ ਨੂੰ ਨਿਰਵਿਘਨ ਬਿਜਲੀ ਨਾ ਦਿੱਤੀ ਗਈ, ਤਾਂ ਇਹ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ਤੇ ਪੂਰੇ ਪੰਜਾਬ ਵਿੱਚ ਸੜਕਾਂ 'ਤੇ ਉੱਤਰ ਕੇ ਸਰਕਾਰ ਵਿਰੁੱਧ ਜ਼ੋਰਦਾਰ ਪ੍ਰਦਰਸ਼ਨ ਕੀਤੇ ਜਾਣਗੇ।

## ਅਨਿਲ ਚੌਹਾਨ ਦੀ ਅਗਵਾਈ 'ਚ ਨੌਜਵਾਨਾਂ ਨੇ ਫੜਿਆ 'ਆਪ' ਦਾ ਪੱਲਾ

### ਨੌਜਵਾਨ ਸਮਾਜ ਤੇ ਸੂਬੇ ਦੀ ਤਰੱਕੀ ਦੀ ਸਭ ਤੋਂ ਵੱਡੀ ਤਾਕਤ : ਅਮਨ ਅਰੋੜਾ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਹਲਕੇ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਅਨਿਲ ਚੌਹਾਨ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਪੰਜਾਬ ਦੇ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਦੀ ਅਗਵਾਈ ਤੇ ਪਾਰਟੀ ਦੀਆਂ ਨੀਤੀਆਂ ਵਿੱਚ ਭਰੋਸਾ ਪ੍ਰਗਟਾਉਂਦਿਆਂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਇਸ ਮੌਕੇ ਸ੍ਰੀ ਅਮਨ ਅਰੋੜਾ ਨੇ ਨੌਜਵਾਨਾਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਨੌਜਵਾਨ ਕਿਸੇ ਵੀ ਸਮਾਜ ਤੇ ਸੂਬੇ ਦੀ ਤਰੱਕੀ ਦੀ ਸਭ ਤੋਂ ਵੱਡੀ ਤਾਕਤ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਨੌਜਵਾਨਾਂ ਨੂੰ ਅੱਗੇ ਆਉਣ, ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਤੇ ਸੂਬੇ ਦੇ ਵਿਕਾਸ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ।ਨੌਜਵਾਨਾਂ ਨੇ ਕਿਹਾ ਕਿ ਉਹ ਸ੍ਰੀ ਅਮਨ ਅਰੋੜਾ ਦੀ ਕਾਰਜਸ਼ੈਲੀ, ਲੋਕਾਂ ਨਾਲ ਸਿੱਧੇ ਸੰਵਾਦ ਤੇ ਸੁਨਾਮ ਹਲਕੇ ਦੇ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਤੋਂ ਪ੍ਰਭਾਵਿਤ ਹਨ।ਉਨ੍ਹਾਂ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੇ ਵਿਕਾਸਮੁਖੀ ਸੋਚ ਨੂੰ ਘਰ-ਘਰ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਅਨਿਲ ਚੌਹਾਨ ਨੇ ਕਿਹਾ ਕਿ ਨੌਜਵਾਨਾਂ ਦਾ ਪਾਰਟੀ ਨਾਲ ਜੁੜਨਾ ਇਸ ਗੱਲ ਦਾ ਸੰਕੇਤ ਹੈ ਕਿ ਲੋਕ ਰਵਾਇਤੀ ਸਿਆਸਤ ਤੋਂ ਉੱਪਰ ਉੱਠ ਕੇ ਵਿਕਾਸ ਤੇ ਲੋਕ-ਹਿੱਤ ਦੀ ਰਾਜਨੀਤੀ ਨੂੰ ਤਰਜੀਹ ਦੇ ਰਹੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਮਜ਼ਬੂਤੀ ਲਈ ਨੌਜਵਾਨ ਵਰਗ ਦੀ ਭੂਮਿਕਾ ਬੇਹੱਦ ਅਹਿਮ ਹੈ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਨੌਜਵਾਨਾਂ ਨੂੰ ਵੀ ਪਾਰਟੀ ਨਾਲ ਜੋੜਿਆ ਜਾਵੇਗਾ।ਇਸ ਮੌਕੇ ਪਾਰਟੀ ਆਗੂਆਂ ਤੇ ਵਰਕਰਾਂ ਨੇ ਨਵੇਂ ਸ਼ਾਮਲ ਹੋਏ ਨੌਜਵਾਨਾਂ ਦਾ ਸਵਾਗਤ ਕੀਤਾ।

## ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਦੇ ਅਜਲਾਸ ਦੀਆਂ ਤਿਆਰੀਆਂ ਜ਼ੋਰਾਂ 'ਤੇ : ਹਰਚੰਦਪੁਰੀ, ਵਰਿਆਣਵੀ

**ਲੁਧਿਆਣਾ (ਐੱਮ ਐੱਸ ਭਾਟੀਆ)**

ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਰਜਿ. ਦੇ ਜਨਰਲ ਸਕੱਤਰ ਪ੍ਰੋ. ਸੰਧੂ ਵਰਿਆਣਵੀ ਨੇ ਪ੍ਰੈੱਸ ਨੂੰ ਬਿਆਨ ਦਿੰਦਿਆਂ ਦੱਸਿਆ ਕਿ ਕੇਂਦਰੀ ਪੰਜਾਬੀ ਲੇਖਕ ਸਭਾ ਦੀ ਕਾਰਜਕਾਰਨੀ ਦੀ ਤਿਆਰੀ ਕਮੇਟੀ ਪੰਜਾਬੀ ਭਵਨ ਲੁਧਿਆਣਾ ਵਿਖੇ ਕੀਤੀ ਗਈ, ਜਿਸ ਵਿੱਚ ਲੇਖਕਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਪਿਛਲੇ ਸਮੇਂ ਸਾਡੇ ਨਾਲੋਂ ਸਦਾ ਲਈ ਵਿੱਛੜੇ ਪਵਨ ਹਰਚੰਦਪੁਰੀ ਦੀ ਧਰਮ ਪਤਨੀ ਸ੍ਰੀਮਤੀ ਪੁਸ਼ਪਾ ਸ਼ਰਮਾ, ਸ੍. ਹਰਭਜਨ ਸਿੰਘ ਬਾਜਵਾ, ਡਾ. ਵਿਦਵਾਨ ਸਿੰਘ ਸੋਨੀ, ਸ੍. ਮਹਿੰਦਰ ਸਿੰਘ ਦੁਸਾਂਝ, ਅਵਤਾਰ ਸਿੰਘ ਉਟਾਲਾਂ, ਨਵਰਾਹੀ ਘੁਗਿਆਣਵੀ ਤੇ ਸਾਕੀ ਫ਼ਰੀਦਕੋਟ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਸਮਾਗਮ ਦੀ ਪ੍ਰਧਾਨਗੀ ਪਵਨ ਹਰਚੰਦਪੁਰੀ ਨੇ ਕੀਤੀ।ਪ੍ਰਧਾਨਗੀ ਮੰਡਲ ਵਿੱਚ ਡਾ. ਜੋਗਿੰਦਰ ਸਿੰਘ ਨਿਰਾਲਾ, ਡਾ. ਗੁਰਚਰਨ ਕੌਰ ਕੋਚਰ ਸ਼ਾਮਲ ਸਨ।ਜਨਰਲ ਸਕੱਤਰ ਸੰਧੂ ਵਰਿਆਣਵੀ ਨੇ ਏਜੰਡੇ ਦੀ ਜਾਣਕਾਰੀ ਦਿੰਦਿਆਂ ਰਿਪੋਰਟ ਪੇਸ਼ ਕੀਤੀ, ਜਿਸ ਬਾਰੇ ਪਵਨ ਹਰਚੰਦਪੁਰੀ ਨੇ ਵਿਸਥਾਰ ਨਾਲ ਜਾਣਕਾਰੀ ਕੀਤੀ ਕਿ ਸਭਾ ਨਾਲ ਸੰਬੰਧਤ ਸਭਾਵਾਂ 27 ਸਤੰਬਰ ਦੇ ਚੋਣ ਇਜਲਾਸ ਦੀ ਤਿਆਰੀ ਵਿੱਚ ਰੁੱਝੀਆਂ ਹੋਈਆਂ ਹਨ, ਜਿਨ੍ਹਾਂ ਵੱਲੋਂ ਵੱਡੀ ਸ਼ਮੂਲੀਅਤ ਕੀਤੀ ਜਾਵੇਗੀ।ਉਨ੍ਹਾਂ ਨੇ ਸਭਾ ਦੀ ਮੈਂਬਰ ਸੂਚੀ ਤੇ ਜਨਰਲ ਸਕੱਤਰ ਦੀ ਰਿਪੋਰਟ ਬਾਰੇ ਜਾਣਕਾਰੀ ਦਿੱਤੀ ਅਤੇ ਪੰਜਾਬੀ ਭਾਸ਼ਾ ਸੰਬੰਧੀ ਕੇਂਦਰ ਤੇ ਰਾਜ ਸਰਕਾਰ ਦੇ ਭਾਸ਼ਾ ਵਿਰੋਧੀ ਨੀਤੀਆਂ ਬਾਰੇ ਜਾਣਕਾਰੀ ਦਿੱਤੀ।ਵਿਚਾਰ ਚਰਚਾ ਵਿਚ ਕਰਮ ਸਿੰਘ ਜ਼ਖ਼ਮੀ, ਕ੍ਰਿਸ਼ਨ ਲਾਲ ਫ਼ਰੀਦਕੋਟ, ਸੁਖਚੈਨ ਸਿੰਘ ਥਾਂਦੇਵਾਲ, ਸੁਖਦੇਵ ਔਲਖ, ਅਮਰਜੀਤ ਸ਼ੇਰਪੁਰੀ, ਦਰਸ਼ਨ ਸਿੰਘ ਪ੍ਰੀਤੀਮਾਨ, ਕੇ. ਸਾਧੂ ਸਿੰਘ, ਇਕਬਾਲ ਘਾਰੂ, ਸਤਵਿੰਦਰ ਸਿੰਘ ਥਰੀਕੇ, ਸੁਰਿੰਦਰ ਨਾਗਰਾ, ਡਾ. ਗੁਰਚਰਨ ਕੌਰ ਕੋਚਰ ਨੇ ਵਿਚਾਰ ਪੇਸ਼ ਕੀਤੇ। ਸਭਾ ਵੱਲੋਂ ਹਰੀ ਸਿੰਘ ਢੁੱਡੀਕੇ ਬਾਰੇ ਪ੍ਰਿੰ. ਬਲਦੇਵ ਬਾਵਾ ਦੁਆਰਾ ਸੰਪਾਦਤ ਪੁਸਤਕ 'ਹਰੀ ਸਿੰਘ ਢੁੱਡੀਕੇ ਦੇ ਰਚਨਾ ਸੰਸਾਰ' ਲੋਕ ਅਰਪਣ ਕੀਤਾ ਗਿਆ।ਪਵਨ ਹਰਚੰਦਪੁਰੀ ਨੇ ਕੀਤੇ ਗਏ ਫ਼ੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਭ ਦੇ ਇਜਲਾਸ ਬਾਬਤ ਸੱਦਾ ਪੱਤਰ ਜਾਰੀ ਕੀਤਾ ਜਾਵੇਗਾ।

ਸਨਮਾਨ ਸਮਾਗਮ ਉਪਰੰਤ ਚੋਣ ਇਜਲਾਸ ਕੀਤਾ ਜਾਵੇਗਾ।ਸਭਾ ਨਾਲ ਸੰਬੰਧਿਤ ਨਾਟ-ਮੰਡਲੀਆਂ, ਲੋਕ ਗਾਇਨ ਮੰਡਲੀਆਂ, ਢਾਡੀ ਕਲਾ ਮੰਡਲੀਆਂ, ਕਵੀਸ਼ਰੀ ਕਲਾ ਮੰਡਲੀਆਂ ਅਤੇ ਲੋਕ-ਪੱਖੀ ਗਾਇਕਾਂ ਦਾ ਸਨਮਾਨ ਕੀਤਾ ਜਾਵੇਗਾ।ਮੈਂਬਰਸ਼ਿਪ ਫ਼ੀਸ ਤੇ ਬਣਦਾ ਫ਼ੰਡ ਦੇ ਕੇ ਸਭਾਵਾਂ ਚੋਣ ਵਿੱਚ ਭਾਗ ਲੈਣਗੀਆਂ।ਮੀਟਿੰਗ ਵਿੱਚ ਤਰਲੋਚਨ ਮੀਰ, ਜਸਵਿੰਦਰ ਸਿੰਘ ਜੱਸੀ, ਰਘਬੀਰ ਸਿੰਘ ਸੰਧੂ, ਅਮਨਜੀਤ ਸਿੰਘ ਅਮਨ, ਡਾ. ਰਣਜੀਤ ਸਿੰਘ, ਰਮਨ ਸਖੀ, ਅਮਨਦੀਪ ਕੌਰ ਮਲਿਕਾ, ਬਲਵੰਤ ਸਿੰਘ ਸੰਧੂ, ਦਰਸ਼ਨ ਸਿੰਘ ਰੋਮਾਣਾ, ਵਤਨਵੀਰ ਜ਼ਖ਼ਮੀ, ਨਕਾਸ ਚਿੱਤੇਵਾਣੀ, ਸਰਬਜੀਤ ਸਿੰਘ ਢੁੱਡੀਕੇ, ਹਰੀ ਸਿੰਘ ਢੁੱਡੀਕੇ, ਪਰਮਜੀਤ ਕੌਰ ਮਹਿਕ, ਹਰਵਿੰਦਰ ਸਿੰਘ ਥਰੀਕੇ ਸ਼ਾਮਲ ਹੋਏ।ਜਗਦੀਸ਼ ਰਾਣਾ ਵਲੋਂ ਆਪਣੇ ਵਿਚਾਰ ਪੇਸ਼ ਕਰਦਿਆਂ ਸਭ ਦਾ ਧੰਨਵਾਦ ਕੀਤਾ।

## ਬਿਜਲੀ ਦੀ ਘਟੀਆ ਸਪਲਾਈ ਤੋਂ ਕਿਸਾਨ ਤੇ ਆਮ ਜਨਤਾ ਦੁਖੀ : ਗੌਰਵ ਸੰਧੂ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿਚ ਲਗਾਤਾਰ ਲੱਗ ਰਹੇ ਲੰਬੇ ਬਿਜਲੀ ਦੇ ਪਾਵਰ ਕੱਟਾਂ ਨੇ ਕਿਸਾਨਾਂ ਸਮੇਤ ਆਮ ਲੋਕਾਂ ਦੀਆਂ ਮੁਸ਼ਕਲਾਂ ਵਿੱਚ ਵਾਧਾ ਕਰ ਦਿੱਤਾ ਹੈ।ਬਿਜਲੀ ਦੀ ਨਿਰਵਿਘਨ ਸਪਲਾਈ ਨਾ ਮਿਲਣ ਕਾਰਨ ਜਿੱਥੇ ਕਿਸਾਨਾਂ ਦੀਆਂ ਫਸਲਾਂ ਪ੍ਰਭਾਵਿਤ ਹੋ ਰਹੀਆਂ ਹਨ, ਉੱਥੇ ਛੋਟੇ ਵਪਾਰੀਆਂ, ਦੁਕਾਨਦਾਰਾਂ ਤੇ ਘਰੇਲੂ ਖਪਤਕਾਰਾਂ ਨੂੰ ਵੀ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਹ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਗੌਰਵ ਸੰਧੂ ਨੇ ਪੰਜਾਬ ਵਿੱਚ ਬਿਜਲੀ ਸਪਲਾਈ ਦੇ ਬਣੇ ਮਾੜੇ ਹਾਲਾਤ 'ਤੇ ਚਿੰਤਾ ਪ੍ਰਗਟ ਕਰਦਿਆਂ ਕੀਤਾ।ਉਨ੍ਹਾਂ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਸਰਕਾਰ ਖ਼ਿਲਾਫ਼ ਰੋਸ ਜ਼ਾਹਰ ਕੀਤਾ।ਸੰਧੂ ਨੇ ਕਿਹਾ ਕਿ ਪਿੰਡਾਂ ਤੇ ਸ਼ਹਿਰਾਂ ਵਿੱਚ ਕਈ-ਕਈ ਘੰਟਿਆਂ ਦੇ ਬਿਜਲੀ ਕੱਟ ਲੱਗਣ ਕਾਰਨ ਲੋਕਾਂ ਦਾ ਰੋਜ਼ਾਨਾ ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ।ਬਿਜਲੀ ਦੀ ਸਪਲਾਈ ਵਾਰ-ਵਾਰ ਬੰਦ ਹੋਣ ਤੇ ਘੱਟ ਵੋਲਟੇਜ ਦੀ ਸਮੱਸਿਆ ਕਾਰਨ ਘਰੇਲੂ ਉਪਕਰਨਾਂ ਦੇ ਨੁਕਸਾਨ ਦਾ ਵੀ ਡਰ ਬਣਿਆ ਰਹਿੰਦਾ ਹੈ।ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਵਿੱਚ ਬਿਜਲੀ ਦੇ ਲੰਬੇ ਕੱਟਾਂ ਕਾਰਨ ਬੱਚਿਆਂ, ਬਜ਼ੁਰਗਾਂ ਤੇ ਬਿਮਾਰ ਲੋਕਾਂ ਨੂੰ ਖਾਸ ਤੌਰ 'ਤੇ ਪ੍ਰੇਸ਼ਾਨੀ ਝੱਲਣੀ ਪੈ ਰਹੀ ਹੈ।ਉਨ੍ਹਾਂ ਕਿਹਾ ਕਿ ਬਿਜਲੀ ਦੀ ਮਾੜੀ ਸਪਲਾਈ ਦਾ ਸਭ ਤੋਂ ਵੱਧ ਅਸਰ ਕਿਸਾਨਾਂ 'ਤੇ ਪੈ ਰਿਹਾ ਹੈ। ਖੇਤਾਂ ਵਿੱਚ ਫਸਲਾਂ ਨੂੰ ਸਮੇਂ ਸਿਰ ਪਾਣੀ ਨਾ ਮਿਲਣ ਕਾਰਨ ਕਿਸਾਨਾਂ ਨੂੰ ਆਪਣੀਆਂ ਫਸਲਾਂ ਦੀ ਸਿੰਚਾਈ ਲਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸੰਧੂ ਨੇ ਕਿਹਾ ਕਿ ਜਦੋਂ ਬਿਜਲੀ ਉਪਲਬਧ ਨਹੀਂ ਹੁੰਦੀ ਤਾਂ ਕਿਸਾਨਾਂ ਨੂੰ ਮਜਬੂਰਨ ਡੀਜ਼ਲ ਵਾਲੇ ਜੈਨਰੇਟਰਾਂ ਜਾਂ ਇੰਜਣਾਂ ਦੀ ਵਰਤੋਂ ਕਰਨੀ ਪੈਂਦੀ ਹੈ।

ਸੀਨੀਅਰ ਅਕਾਲੀ ਆਗੂ ਨੇ ਕਿਹਾ ਕਿ ਬਿਜਲੀ ਦੀ ਘਾਟ ਜਾਂ ਲੰਬੇ ਕੱਟਾਂ ਕਾਰਨ ਛੋਟੇ ਵਪਾਰੀਆਂ ਤੇ ਦੁਕਾਨਦਾਰਾਂ ਦਾ ਕਾਰੋਬਾਰ ਵੀ ਪ੍ਰਭਾਵਿਤ ਹੋ ਰਿਹਾ ਹੈ।ਬਿਜਲੀ 'ਤੇ ਨਿਰਭਰ ਛੋਟੇ ਕਾਰੋਬਾਰਾਂ ਵਿੱਚ ਕੰਮਕਾਜ ਰੁਕਣ ਕਾਰਨ ਵਪਾਰੀਆਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ।ਸੰਧੂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪਿੰਡਾਂ ਤੇ ਸ਼ਹਿਰਾਂ ਵਿੱਚ ਬਿਜਲੀ ਸਪਲਾਈ ਦੀ ਵਿਵਸਥਾ ਨੂੰ ਤੁਰੰਤ ਸੁਧਾਰਿਆ ਜਾਵੇ ਅਤੇ ਲੰਬੇ ਪਾਵਰ ਕੱਟਾਂ ਤੋਂ ਲੋਕਾਂ ਨੂੰ ਰਾਹਤ ਦਿੱਤੀ ਜਾਵੇ।ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਬਿਜਲੀ ਸਪਲਾਈ ਦੇ ਹਾਲਾਤ ਵਿੱਚ ਜਲਦ ਸੁਧਾਰ ਨਾ ਕੀਤਾ ਗਿਆ ਤਾਂ ਅਕਾਲੀ ਦਲ ਦੇ ਕਾਰਕੁੰਨ ਸਰਕਾਰ ਖ਼ਿਲਾਫ਼ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।

## ਖਬਰ ਲੱਗਣ ਦੇ ਬਾਵਜੂਦ ਪ੍ਰਸ਼ਾਸਨ ਨੇ ਅੱਖਾਂ ਮੀਚੀਆਂ!

### ਮਾਮਲਾ ਨਵੀਂ ਬਣੀ ਗਲੀ ਦੀਆਂ ਸਾਰੀਆਂ ਹੌਦੀਆਂ ਇੱਕ ਹਫਤੇ 'ਚ ਟੁੱਟਣ ਦਾ



**ਜ਼ੀਰਾ (ਨਰਿੰਦਰ ਅਨੇਜਾ)**-ਭਾਵੇਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਮੇਂ ਸਮੇਂ ਸਿਰ ਸਖ਼ਤ ਹਦਾਇਤਾਂ ਦਿੱਤੀਆਂ ਜਾ ਰਹੀਆਂ ਹਨ ਕਿ ਕੋਈ ਵੀ ਠੇਕੇਦਾਰ ਅਗਰ ਗਲੀਆਂ 'ਤੇ ਮਾੜਾ ਮਟੀਰੀਅਲ ਵਰਤੇਗਾ, ਉਸ 'ਤੇ ਸਖਤ ਕਾਰਵਾਈ ਹੋਵੇਗੀ ਅਤੇ ਇਸ ਦੀ ਜ਼ਿੰਮੇਵਾਰੀ ਨਗਰ ਕੌਂਸਲ ਸੀਨੀਅਰ ਅਧਿਕਾਰੀ ਦੀ ਵੀ ਹੋਵੇਗੀ, ਪਰ ਮੁੱਖ ਮੰਤਰੀ ਦੇ ਹੁਕਮਾਂ ਨੂੰ ਟਿੱਚ ਜਾਣਦੇ ਹੋਏ ਈ ਓ ਸਾਹਿਬ ਆਪਣੀ ਮਰਜ਼ੀ ਦੇ ਠੇਕੇਦਾਰ ਨੂੰ ਠੇਕਾ ਦੇ ਕੇ ਵੱਡੇ ਪੱਧਰ ਮਾੜਾ ਮਟੀਰੀਅਲ ਵਰਤਣ ਦਾ ਸਮਾਚਾਰ ਮਿਲਿਆ ਹੈ। ਈ.ਓ. ਸਾਹਿਬ ਦੀ ਹਿੰਮਤ ਦੇਖੋ ਖਬਰ ਲੱਗਣ ਦੇ ਬਾਵਜੂਦ ਉਨ੍ਹਾਂ ਦੇ ਸਿਰ 'ਤੇ ਜੂੰ ਤੱਕ ਨਹੀਂ ਸਿਰਕੀ ਤੇ ਹਾਲੇ ਤੱਕ ਟੁੱਟੀਆਂ ਹੌਦੀਆਂ ਦਾ ਮੌਕਾ ਵੇਖਣ ਵੀ ਨਹੀਂ ਗਏ। ਇਸ ਤੋਂ ਪਤਾ ਚੱਲਦਾ ਹੈ ਕਿ ਦਾਲ ਵਿੱਚ ਕੁਝ ਕਾਲਾ ਨਹੀਂ ਸਾਰੀ ਦਾਲ ਹੀ ਕਾਲੀ ਹੈ। ਇਸ ਸੰਬੰਧ ਵਿੱਚ ਚੇਰੀ ਨਾਮ ਦੇ ਲੜਕੇ ਨੇ ਠੇਕੇਦਾਰ ਤੇ ਈ ਓ 'ਤੇ ਦੋਸ਼ ਲਾਉਂਦੇ ਕਿਹਾ ਕਿ ਨਵੀਂ ਗਲੀ ਬਣਨ ਵਿੱਚ ਬਹੁਤ ਹੀ ਘਟੀਆ ਮਟੀਰੀਅਲ ਦਾ ਇਸਤੇਮਾਲ ਕੀਤਾ ਗਿਆ ਹੈ ਤੇ ਗਲੀ ਲੇਬਲ ਨਾਲ ਨਹੀਂ ਬਣਾਈ ਗਈ, ਕਿਸੇ ਪਾਸੇ ਉੱਚੀ ਬਣੀ ਹੋਈ ਹੈ ਤੇ ਕਿਸੇ ਪਾਸੇ ਨੀਵੀਂ ਬਣੀ ਹੋਈ ਹੈ, ਜਿਸ ਨਾਲ ਪਾਣੀ ਖੜਨ 'ਤੇ ਜਲਦੀ ਹੀ ਗਲੀ ਟੁੱਟ ਜਾਵੇਗੀ। ਮੁਹੱਲਾ ਨਿਵਾਸੀਆਂ ਨੇ ਕਿਹਾ ਕਿ ਇਸ ਦੀ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ। ਗਲੀ ਨੂੰ ਪੁੱਟ ਕੇ ਵੇਖਣਾ ਚਾਹੀਦਾ ਹੈ, ਪੂਰਾ ਗੁਟਖਾ ਤੇ ਸੀਮਿੰਟ ਦੀ ਪੂਰੀ ਵਰਤੋਂ ਕੀਤੀ ਗਈ ਹੈ ਕਿ ਨਹੀਂ, ਜੋ ਵੀ ਗਲੀ ਬਣਾਉਣ ਵੇਲੇ ਸਰਕਾਰ ਵੱਲੋਂ ਠੇਕੇਦਾਰ ਨੂੰ ਗਲੀਆਂ ਦਾ ਠੇਕਾ ਲੈਣ ਸਮੇਂ ਹਦਾਇਤਾਂ ਦਿੱਤੀਆਂ ਜਾਂਦੀਆਂ ਹਨ ਅਤੇ ਜੋ ਵੀ ਮਾਪ ਦੰਡ ਹੁੰਦੇ ਹਨ, ਉਹ ਠੇਕੇਦਾਰ ਨੇ ਪੂਰੇ ਕੀਤੇ ਹਨ, ਜੇਕਰ ਨਹੀਂ ਕੀਤੇ ਤਾਂ ਗਲੀ ਨੂੰ ਚੈੱਕ ਕਰਕੇ ਦੁਬਾਰਾ ਬਣਾਇਆ ਜਾਵੇ ਅਤੇ ਸਾਰੀਆਂ ਹੀ ਹੌਦੀਆਂ ਦੁਬਾਰਾ ਤੋਂ ਨਵੀਆਂ ਬਣਾਈਆਂ ਜਾਣ ਅਤੇ ਉਦੋਂ ਤੱਕ ਠੇਕੇਦਾਰ ਦੀ ਪੇਮੈਂਟ ਨਾ ਕੀਤੀ ਜਾਵੇ। ਮੁਹੱਲਾ ਨਿਵਾਸੀਆਂ ਨੇ ਕਿਹਾ ਕਿ ਜੇਕਰ ਸਾਡੀ ਸ਼ਿਕਾਇਤ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਅਸੀਂ ਇਸ ਦੀ ਜਾਂਚ ਵਿਜੀਲੈਂਸ ਤੋਂ ਕਰਾਵਾਂਗੇ। ਜਦੋਂ ਇਸ ਬਾਰੇ ਈ ਓ ਦਾ ਪੱਖ ਜਾਣਨਾ ਚਾਹਿਆ ਤਾਂ ਉਹ ਕੋਈ ਸੰਤੋਸ਼ਜਨਕ ਉੱਤਰ ਨਹੀਂ ਦੇ ਸਕੇ ਤੇ ਠੇਕੇਦਾਰ ਨੇ ਵਾਰ ਵਾਰ ਫੋਨ ਕਰਨ ਦੇ ਬਾਵਜੂਦ ਫੋਨ ਚੁੱਕਣਾ ਵੀ ਮੁਨਾਸਿਬ ਨਹੀਂ ਸਮਝਿਆ।

## ਵਿੱਤ ਮੰਤਰੀ ਦਾ ਡੀ ਏ ਦੇਣ ਬਾਰੇ ਬਿਆਨ ਨਿਰਾ ਝੂਠ ਦਾ ਪੁਲੰਦਾ : ਪ ਸ ਸ ਫ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇੱਕ ਨਾਮਵਰ ਪੰਜਾਬੀ ਅਖਬਾਰ ਵਿੱਚ 12 ਸਤੰਬਰ ਨੂੰ ਪ੍ਰਕਾਸ਼ਿਤ ਇੰਟਰਵਿਊ ਦੌਰਾਨ ਇਹ ਕਿਹਾ ਹੈ ਕਿ 'ਪੰਜਾਬ ਸਰਕਾਰ ਆਪਣੇ ਮੁਲਾਜ਼ਮਾਂ ਨੂੰ ਡੀ ਏ ਦੇਣ ਲਈ ਵਚਨਬੱਧ ਹੈ।' ਵਿੱਤ ਮੰਤਰੀ ਪੰਜਾਬ ਵੱਲੋਂ ਦਿੱਤੇ ਗਏ ਇਸ ਬਿਆਨ 'ਤੇ ਟਿੱਪਣੀ ਕਰਦਿਆਂ ਅਤੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਤੇ ਪ੍ਰੈੱਸ ਸਕੱਤਰ ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਤੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਕਿਹਾ ਹੈ ਕਿ ਵਿੱਤ ਮੰਤਰੀ ਪੰਜਾਬ ਦਾ ਇਹ ਬਿਆਨ ਨਿਰਾ ਝੂਠ ਦਾ ਪੁਲੰਦਾ ਹੈ ਤੇ ਗੁਮਰਾਹਕੁਨ ਵੀ ਹੈ।ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਆਪਣੇ ਮੁਲਾਜ਼ਮਾਂ ਨੂੰ ਡੀ ਏ ਦੇਣ ਲਈ ਵਚਨਬੱਧ ਹੈ ਤਾਂ ਫਿਰ ਪੰਜਾਬ ਸਰਕਾਰ ਦਾ ਹੱਥ ਕਿਸ ਨੇ ਫੜਿਆ ਹੈ? ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਸਿੰਗਲ ਬੈਂਚ ਦੇ ਸਾਹਮਣੇ, ਫਿਰ ਡਬਲ ਬੈਂਚ ਦੇ ਸਾਹਮਣੇ, ਫਿਰ ਮਾਨਯੋਗ ਅਦਾਲਤ ਵਿੱਚ ਕੈਬਨਿਟ ਸਬ ਕਮੇਟੀ ਵੱਲੋਂ ਪੇਸ਼ ਕੀਤੀ ਗਈ ਸੀਲ ਬੰਦ ਰਿਪੋਰਟ ਅਤੇ ਹੁਣ ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ 8 ਅਪ੍ਰੈਲ 2026 ਤੇ 3 ਅਗਸਤ 2026 ਨੂੰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 18 ਫੀਸਦੀ ਬਕਾਇਆ ਪਿਆ ਡੀ ਏ 15 ਦਿਨਾਂ ਵਿੱਚ ਅਦਾ ਕਰਨ ਦੇ ਦਿੱਤੇ ਗਏ ਇਤਿਹਾਸਕ ਫੈਸਲਿਆਂ ਨੂੰ ਲਾਗੂ ਕਰਨ ਦੀ ਬਜਾਏ ਇਨ੍ਹਾਂ ਫੈਸਲਿਆਂ ਖਿਲਾਫ ਮਾਨਯੋਗ ਸੁਪਰੀਮ ਕੋਰਟ ਵਿੱਚ ਐੱਸ ਐੱਲ ਪੀ ਕਿਉਂ ਦਾਇਰ ਕਰ ਰਹੀ ਹੈ?

ਆਗੂਆਂ ਨੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਦੇ ਇਸ ਦੋਗਲੇ ਕਿਰਦਾਰ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਆਗੂਆਂ ਨੇ ਕਿਹਾ ਕਿ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੂੰ ਆਪਣੇ ਤੋਂ ਪਹਿਲੇ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ, ਪਰਮਿੰਦਰ ਸਿੰਘ ਢੀਂਡਸਾ ਆਦਿ ਦੀਆਂ ਬੁਰੇ ਤੌਰ 'ਤੇ ਹੋਈਆਂ ਹਾਰਾਂ (ਜਿਸ ਵਿੱਚ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਵਰਗ ਦਾ ਵੱਡਾ ਰੋਲ ਰਿਹਾ ਹੈ) ਤੋਂ ਸਬਕ ਲੈਂਦੇ ਹੋਏ ਮੁਲਾਜ਼ਮ ਸੰਘਰਸ਼ਾਂ ਦੇ ਇਤਿਹਾਸ ਤੋਂ ਕੁੱਝ ਸਿੱਖਣਾ ਚਾਹੀਦਾ ਹੈ ਤੇ ਬਿਨਾਂ ਕਿਸੇ ਹੋਰ ਦੇਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਬਣਦਾ 18 ਫੀਸਦੀ ਡੀ ਏ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਸਕੀਮ ਵਰਕਰਾਂ ਦੀਆਂ ਉਜ਼ਰਤਾਂ 26000 ਰੁਪਏ ਮਹੀਨਾਂ ਕਰਨ ਜਾਂ ਫਿਰ ਆਪਣੇ ਚੋਣ ਮੈਨੀਫੈਸਟੋ ਅਨੁਸਾਰ ਦੁੱਗਣੀਆਂ ਕਰਨਾ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਲਾਗੂ ਕਰਨਾ, ਸਮੂਹ ਵਿਭਾਗਾਂ, ਬੋਰਡਾਂ, ਨਿਗਮਾਂ ਵਿੱਚ ਕੰਮ ਕਰਦੇ ਕੱਚੇ ਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਪੂਰੀਆਂ ਤਨਖਾਹਾਂ ਤੇ ਭੱਤਿਆਂ ਸਮੇਤ ਪੱਕੇ ਕਰਨਾ, ਪਰਖ ਕਾਲ ਸਮਾਂ ਘਟਾ ਕੇ ਇੱਕ ਸਾਲ ਕਰਨਾ ਤੇ ਪਰਖ ਕਾਲ ਦੇ ਸਮੇਂ ਦੌਰਾਨ ਪੂਰੀਆਂ ਤਨਖਾਹਾਂ ਤੇ ਭੱਤੇ ਦੇਣਾ, ਪਿਕਟਸ ਅਧੀਨ ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ ਕਰਨਾ ਆਦਿ ਸਾਲ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕੀਤੇ ਗਏ ਸਾਰੇ ਵਾਅਦੇ ਤੁਰੰਤ ਪੂਰੇ ਕਰਨੇ ਚਾਹੀਦੇ ਹਨ।

## ਭਾਕਿਯੂ ਏਕਤਾ ਉਗਰਾਹਾਂ ਵੱਲੋਂ ਡੀ ਸੀ ਦਫ਼ਤਰ ਦਾ ਮੁਕੰਮਲ ਘਿਰਾਓ





**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪੰਜਾਬ ਸਰਕਾਰ ਦੀ ਕਿਸਾਨ ਮਜ਼ਦੂਰ ਦੀਆਂ ਮੰਗਾਂ ਸਬੰਧੀ ਧਾਰੀ ਮੁਜਰਮਾਨਾ ਚੁੱਪ ਖਿਲਾਫ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਦਾ ਮੁਕੰਮਲ ਘਿਰਾਓ ਕੀਤਾ।ਪੰਜਾਬ ਤੇ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ।ਡੀਸੀ ਦਫ਼ਤਰ ਮੁਕਤਸਰ ਅੱਗੇ ਇਕੱਠੇ ਹੋਏ ਮਜ਼ਦੂਰਾਂ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਮੁਕਤਸਰ ਦੇ ਸੀਨੀਅਰ ਮੀਤ ਪ੍ਰਧਾਨ ਹਰਫੂਲ ਸਿੰਘ ਭਾਗਸਰ ਲੰਬੀ ਬਲਾਕ ਦੇ ਜਨਰਲ ਸਕੱਤਰ ਮਲਕੀਤ ਸਿੰਘ ਗੱਗੜ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ, ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ ਨੇ ਕੇਂਦਰ ਸਰਕਾਰ ਤੇ ਦੋਸ਼ ਲਾਉਂਦਿਆਂ ਕਿਹਾ ਕਿ ਜੇ ਕਾਨੂੰਨ ਸਭ ਲਈ ਬਰਾਬਰ ਹੈ ਤਾਂ ਲੈਂਡ ਸੀਲਿੰਗ ਐਕਟ 1972 ਅੱਜ ਤੱਕ ਲਾਗੂ ਨਹੀਂ ਕੀਤਾ ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੀ ਕਿਸਾਨਾਂ ਮਜ਼ਦੂਰਾਂ ਤੇ ਮੁਲਾਜ਼ਮ ਵਿਰੋਧੀ ਤੇ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਲਾਗੂ ਕਰ ਰਹੀ ਹੈ।ਉਨ੍ਹਾਂ ਆਖਿਆ ਕਿ ਆਪ ਸਰਕਾਰ ਚੋਣ ਵਾਅਦਿਆਂ ਅਨੁਸਾਰ ਲੋਕ ਪੱਖੀ ਖੇਤੀ ਨੀਤੀ ਲਾਗੂ ਕਰਨ, ਅਬਾਦਕਾਰਾਂ ਕਾਸ਼ਤਕਾਰਾਂ ਕਿਸਾਨਾਂ ਮਜ਼ਦੂਰਾਂ ਨੂੰ ਜ਼ਮੀਨਾਂ ਦੇ ਮਾਲਕੀ ਹੱਕ ਦੇਣ, ਸੂਦਖੋਰੀ ਨੂੰ ਨੱਥ ਮਾਰਦਾ ਕਰਜ਼ਾ ਕਾਨੂੰਨ ਬਣਾਉਣ, ਪਾਣੀ ਸੰਕਟ ਦੇ ਹੱਲ ਲਈ ਖੇਤੀ ਵਿਭਿੰਨਤਾ ਲਿਆਉਣ, ਦਰਿਆਵਾਂ ਨਹਿਰਾਂ ਦੇ ਪਾਣੀ ਨੂੰ ਦੂਸ਼ਿਤ ਕਰ ਰਹੇ ਵੱਡੇ ਸਨਅਤਕਾਰਾਂ ਨੂੰ ਨੱਥ ਪਾਉਣ ਅਤੇ ਨਸ਼ਿਆਂ ਦੀ ਮਹਾਂਮਾਰੀ ਨੂੰ ਠੱਲ੍ਹ ਪਾਉਣ ਚ ਪੂਰੀ ਤਰ੍ਹਾਂ ਨਕਾਮ ਸਾਬਿਤ ਹੋਈ ਹੈ।ਉਨ੍ਹਾਂ ਆਖਿਆ ਕਿ ਕੇਂਦਰ ਸਰਕਾਰ ਭਾਰਤ ਅਮਰੀਕਾ ਫਰੀ ਡੀਲ ਕਰ ਮੁਕਤ ਡੇਅਰੀ ਫਾਰਮਿੰਗ ਸਮਝੌਤਾ ਲੈਂਡ ਪੂਲਿੰਗ ਨੀਤੀ ਨਿੱਜੀਕਰਨ ਨੂੰ ਅੱਗੇ ਵਧਾ ਰਹੀਂ ਹੈ।ਇਹ ਨਾਕਾਮੀ ਕਿਸੇ ਬੇਵਸੀ ਕਾਰਨ ਨਹੀਂ ਸਗੋਂ ਆਪ ਤੇ ਕੇਂਦਰ ਸਰਕਾਰ ਦੀ ਜਗੀਰਦਾਰਾਂ, ਸੂਦਖੋਰਾਂ ਤੇ ਸਾਮਰਾਜ ਭਗਤੀ ਦਾ ਨਤੀਜਾ ਹੈ।ਬੁਲਾਰਿਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਕਿਸਾਨ ਮਜ਼ਦੂਰ ਲਹਿਰ ਨੂੰ ਆਗੂ ਰਹਿਤ ਕਰਨ ਦੇ ਖੋਟੇ ਮਨਸੂਬਿਆਂ ਤਹਿਤ ਹੀ ਵਾਰ ਵਾਰ ਕੀਤੇ ਵਾਅਦਿਆਂ ਅਨੁਸਾਰ ਅੰਦੋਲਨਾਂ ਦੌਰਾਨ ਤੇ ਪਰਾਲੀ ਸਾੜਨ ਵਾਲੇ ਮਜ਼ਦੂਰਾਂ ਕਿਸਾਨਾਂ 'ਤੇ ਬਣੇ ਕੇਸ ਵਾਪਸ ਨਹੀਂ ਲੈ ਰਹੀ। ਜਿਸ ਨੂੰ ਸੰਘਰਸ਼ੀਲ ਜਥੇਬੰਦੀਆਂ ਕਦਾਚਿੱਤ ਲਾਗੂ ਨਹੀਂ ਹੋਣ ਦੇਣਗੀਆਂ।ਆਗੂਆਂ ਨੇ ਕੇਂਦਰ ਸਰਕਾਰ ਦੀਆਂ ਮਜ਼ਦੂਰ ਕਿਸਾਨ ਤੇ ਲੋਕ ਵਿਰੋਧੀ ਤੇ ਫਿਰਕੂ ਫਾਸ਼ੀਵਾਦ ਨੀਤੀਆਂ ਰੱਦ ਕਰਨ ਦੀ ਮੰਗ ਕੀਤੀ।

**ਮੋਗਾ (ਇਕਬਾਲ ਸਿੰਘ ਖਹਿਰਾ)** : ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਕਮੇਟੀ ਮੋਗਾ ਵੱਲੋਂ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਡਿਪਟੀ ਕਮਿਸ਼ਨਰ ਮੋਕਾ ਦੇ ਦਫਤਰ ਦੇ ਸਾਰੇ ਗੇਟਾਂ ਦਾ ਘਿਰਾਓ ਕੀਤਾ ਗਿਆ। ਇਹਨਾਂ ਧਰਨਿਆਂ ਨੂੰ ਸੰਬੋਧਨ ਕਰਦਿਆਂ ਸੂਬਾ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ, ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋ, ਜ਼ਿਲ੍ਹਾ ਜਰਨਲ ਸਕੱਤਰ ਗੁਰਮੀਤ ਸਿੰਘ ਕਿਸ਼ਨਪੁਰਾ ਤੇ ਜ਼ਿਲ੍ਹਾ ਮੀਤ ਪ੍ਰਧਾਨ ਕੁਲਦੀਪ ਕੌਰ ਕੁੱਸਾ ਨੇ ਕਿਹਾ ਕਿ ਕਿਸਾਨ ਪੰਜਾਬ ਭਰ ਵਿੱਚ ਪਿਛਲੇ 15 ਦਿਨਾਂ ਤੋਂ ਡਿਪਟੀ ਕਮਿਸ਼ਨਰਾਂ ਦੇ ਦਫਤਰ ਮੂਹਰੇ ਧਰਨੇ 'ਤੇ ਬੈਠੇ ਹਨ. ਇਨ੍ਹਾਂ ਸਰਕਾਰਾਂ ਨੇ ਕਿਸਾਨਾਂ ਦੀਆਂ ਮੰਗਾਂ ਮਸਲਿਆਂ ਤੇ ਕਿਸਾਨਾਂ ਦੀ ਗੱਲ ਸੁਨਣ ਦੀ ਬਜਾਏ ਚੁੱਪ ਧਾਰੀ ਹੋਈ ਹੈ, ਜਿਸ ਕਰਕੇ ਅੱਜ 16ਵੇਂ ਦਿਨ ਕਿਸਾਨਾਂ ਨੂੰ ਡੀਸੀ ਦਫਤਰਾਂ ਦੇ ਗੇਟ ਘੇਰਨ ਲਈ ਮਜਬੂਰ ਹੋਣਾ ਪਿਆ। ਧਰਨੇ ਨੂੰ ਉਪਰੋਕਤ ਤੋਂ ਬਿਨਾਂ ਬਲੌਰ ਸਿੰਘ ਘਲ ਕਲਾਂ, ਜਗੀਰ ਸਿੰਘ ਹਿੰਮਤਪੁਰਾ, ਬੂਟਾ ਸਿੰਘ ਭਾਗੀ ਕੇ ਗੁਰਦੇਵ ਸਿੰਘ ਕਿਸ਼ਨਪੁਰਾ, ਜਗਮੋਹਨ ਸਿੰਘ ਸੈਦੋਕੇ, ਜਗਜੀਤ ਸਿੰਘ ਕੋਕਰੀ, ਇਕਬਾਲ ਸਿੰਘਾ ਵਾਲਾ, ਗੁਰਚਰਨ ਸਿੰਘ ਰਾਮਾ, ਜਸਵਿੰਦਰ ਸਿੰਘ ਘੱਲ ਕਲਾਂ, ਲਖਬੀਰ ਸਿੰਘ ਲੰਡੇਕੇ ਨੇ ਵੀ ਸੰਬੋਧਨ ਕੀਤਾ।

**ਲੁਧਿਆਣਾ (ਸਤੀਸ਼ ਸਚਦੇਵਾ, ਕਥੂਰੀਆ** : ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ 30 ਅਗਸਤ ਤੋਂ ਡੀ ਸੀ ਦਫ਼ਤਰ ਅੱਗੇ ਲਗਾਤਾਰ ਚੱਲ ਰਹੇ ਧਰਨੇ ਦੇ ਸੋਲ੍ਹਵੇਂ ਦਿਨ ਪ੍ਰਸ਼ਾਸਨਿਕ ਅਧਿਕਾਰੀਆਂ ਤੇ ਸਰਕਾਰ ਵੱਲੋਂ ਕਿਸਾਨਾਂ ਨਾਲ ਕੋਈ ਵੀ ਗੱਲ ਨਾ ਕੀਤੀ ਤੇ ਨਾ ਸੁਣਨ ਕਾਰਨ ਅੱਜ ਡੀ ਸੀ ਦਫ਼ਤਰ ਦੇ ਮੁੱਖ ਗੇਟਾਂ 'ਤੇ ਬੈਠ ਕੇ ਘਿਰਾਓ ਕੀਤਾ ਗਿਆ।ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਤੇ ਜ਼ਿਲ੍ਹਾ ਪ੍ਰਧਾਨ ਚਰਨ ਸਿੰਘ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਐਲਾਨ ਕੀਤਾ ਕਿ ਜੇਕਰ ਇਨ੍ਹਾਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਜਾਂਦਾ ਤਾਂ 24 ਸਤੰਬਰ ਨੂੰ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਦੇ ਘਿਰਾਓ ਕੀਤੇ ਜਾਣਗੇ, ਨਾਲ ਇਹ ਵੀ ਐਲਾਨ ਕੀਤਾ ਕਿ ਜਿਸ ਦਿਨ ਵਿਧਾਨ ਸਭਾ ਦਾ ਸੈਸ਼ਨ ਚੱਲੇਗਾ ਉਦੋਂ ਚੰਡੀਗੜ੍ਹ ਵਿਧਾਨ ਸਭਾ ਵੱਲ ਮਾਰਚ ਕਰਾਂਗੇ।ਅੱਜ ਦੇ ਘਿਰਾਓ ਨੂੰ ਚਰਨਜੀਤ ਸਿੰਘ ਫੱਲੇਵਾਲ, ਬਲਵੰਤ ਸਿੰਘ ਘੁਡਾਣੀ, ਜਗਮੀਤ ਸਿੰਘ ਕਲਾੜ, ਮਨੋਹਰ ਸਿੰਘ ਕਲਾਹੜ, ਜਸਵੀਰ ਸਿੰਘ ਅਸ਼ਕਰੀਪੁਰ, ਦਵਿੰਦਰ ਸਿੰਘ ਸਿਰਥਲਾ, ਮਨਜੀਤ ਸਿੰਘ ਬੁਢੇਲ, ਜਸਵੰਤ ਸਿੰਘ ਭੱਟੀਆਂ, ਜਸਦੀਪ ਸਿੰਘ ਜੱਸੋਵਾਲ,ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ਦੇ ਆਗੂ ਹਰਜਿੰਦਰ ਸਿੰਘ, ਭੈਣ ਮਨਜੀਤ ਕੌਰ ਲੁਧਿਆਣਾ, ਬਿਕਰਮਜੀਤ ਸਿੰਘ ਕਾਲਖ ਨੇ ਵੀ ਸੰਬੋਧਨ ਕੀਤਾ।

## ਆਜ਼ਾਦ ਉਮੀਦਵਾਰ ਰਾਕੇਸ਼ ਬੱਗਾ ਵੱਲੋਂ ਚੋਣ ਮੈਨੀਫੈਸਟੋ ਜਾਰੀ



**ਸਨੌਰ (ਰਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਤੋਂ ਆਜ਼ਾਦ ਉਮੀਦਵਾਰ ਵਜੋਂ ਉੱਤਰ ਰਹੇ ਰਾਕੇਸ਼ ਕੁਮਾਰ ਬੱਗਾ ਨੇ ਮਿਸ਼ਨ 2027 ਨੂੰ ਲੈ ਕੇ ਹਲਕੇ ਦੇ ਵਿਕਾਸ ਤੇ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਦੇ ਹੱਲ ਲਈ ਆਪਣਾ ਮੈਨੀਫੈਸਟੋ ਪੇਸ਼ ਕੀਤਾ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਮਕਸਦ ਸਨੌਰ ਹਲਕੇ ਨੂੰ ਵਿਕਾਸ, ਰੁਜ਼ਗਾਰ, ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਮਜ਼ਬੂਤ ਬਣਾਉਣਾ ਹੈ।ਬੱਗਾ ਵੱਲੋਂ ਐਲਾਨੇ ਸੰਕਲਪਾਂ ਵਿੱਚ ਕੱਚੇ ਮਕਾਨਾਂ ਨੂੰ ਪੱਕਾ ਕਰਨਾ ਤੇ ਬੇਘਰ ਤੇ ਜ਼ਰੂਰਤਮੰਦ, ਗਰੀਬ ਪਰਿਵਾਰ ਨੂੰ 5-5 ਮਰਲੇ ਦੇ ਰਿਹਾਇਸ਼ੀ ਪਲਾਟ ਦੇਣਾ ਸ਼ਾਮਲ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਤੇ ਲੋਕਾਂ ਦੀ ਫ਼ਸਲ ਨੂੰ ਸੁਰੱਖਿਅਤ ਰੱਖਣ ਲਈ ਹਲਕੇ ਵਿੱਚ ਫੈਕਟਰੀਆਂ ਤੇ ਵੱਡੇ ਆਧੁਨਿਕ ਕੋਲਡ ਸਟੋਰ ਸਥਾਪਤ ਕੀਤੇ ਜਾਣਗੇ।ਉਨ੍ਹਾਂ ਦੇ ਮੈਨੀਫੈਸਟੋ ਅਨੁਸਾਰ ਹਲਕਾ ਸਨੌਰ ਵਿੱਚ ਲੜਕੀਆਂ ਲਈ 2 ਨਵੇਂ ਕਾਲਜ ਖੋਲ੍ਹੇ ਜਾਣਗੇ।ਨੌਜਵਾਨਾਂ ਦੀ ਬੇਰੁਜ਼ਗਾਰੀ ਖ਼ਤਮ ਕਰਨਾ ਤੇ ਸਨੌਰ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣਾ ਮੁੱਖ ਤਰਜੀਹ ਹੋਵੇਗੀ।ਕਿਸਾਨੀ ਤੇ ਜਵਾਨੀ ਦੀ ਤਰੱਕੀ ਲਈ ਹਲਕੇ ਵਿੱਚ ਇੱਕ ਗੰਨਾ ਮਿੱਲ ਲਗਾਉਣ ਦਾ ਵੀ ਸੰਕਲਪ ਲਿਆ ਗਿਆ ਹੈ।ਬੱਗਾ ਨੇ ਕਿਹਾ ਕਿ ਦੇਵੀਗੜ੍ਹ ਰੋਡ ਨੂੰ ਡਬਲ ਕਰਕੇ ਟ੍ਰੈਫਿਕ ਸਮੱਸਿਆ ਦਾ ਹੱਲ ਕੀਤਾ ਜਾਵੇਗਾ।ਇਸ ਤਰ੍ਹਾਂ ਚੀਕਾ ਤੇ ਬਲਬੇੜਾ ਰੋਡ ਨੂੰ ਵੀ ਡਬਲ ਕਰਨ ਤੇ ਬਹਾਦਰਗੜ੍ਹ ਕਿਲ੍ਹੇ ਦੇ ਸਾਹਮਣੇ ਤੋਂ ਦੱਦਨ ਕਲਾਂ ਸਟੇਸ਼ਨ ਤੱਕ ਕੱਚੀ ਸੜਕ ਨੂੰ ਪੱਕਾ ਕਰਨ ਦਾ ਵਾਅਦਾ ਕੀਤਾ ਗਿਆ ਹੈ।ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਨਸ਼ਾ-ਮੁਕਤੀ ਕੇਂਦਰਾਂ ਤੇ ਕੌਂਸਲਿੰਗ ਰਾਹੀਂ ਭਟਕੇ ਨੌਜਵਾਨਾਂ ਨੂੰ ਮੁੱਖ ਧਾਰਾ ਨਾਲ ਜੋੜਨ ਦੀ ਗੱਲ ਕਹੀ ਗਈ ਹੈ।ਇਸ ਤੋਂ ਇਲਾਵਾ ਬਿਹਤਰ ਸਿਹਤ ਸਹੂਲਤਾਂ ਲਈ ਹਲਕੇ ਵਿੱਚ 2 ਵੱਡੇ ਆਧੁਨਿਕ ਹਸਪਤਾਲ ਖੋਲ੍ਹਣ ਦਾ ਸੰਕਲਪ ਵੀ ਮੈਨੀਫੈਸਟੋ ਵਿੱਚ ਸ਼ਾਮਲ ਹੈ।

## ਵਿਨੀਤ ਗਰਗ ਨੇ ਮਰੀਜ਼ ਲਈ ਕੀਤਾ ਖ਼ੂਨ ਤੇ ਐੱਸ ਡੀ ਪੀ ਸੀ ਦਾਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਰਾਮਪੁਰਾ ਫੂਲ ਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਅੰਦਰ ਖ਼ੂਨਦਾਨ ਦੀ ਲਹਿਰ ਪੂਰੇ ਜੋਬਨ 'ਤੇ ਹੈ।ਇਸ ਲਹਿਰ ਤੋਂ ਨੌਜਵਾਨ ਤੇ ਹਰ ਵਰਗ ਦਾ ਇਨਸਾਨ ਇਸ ਕਾਰਜ ਵਿੱਚ ਵਧ ਚੜ੍ਹ ਕੇ ਹਿੱਸਾ ਲੈ ਰਿਹਾ ਹੈ।ਇਸੇ ਲੜੀ ਤਹਿਤ ਸ਼ਹਿਰ ਦੇ ਨੌਜਵਾਨ ਵੱਲੋਂ ਮੈਕਸ ਹਸਪਤਾਲ ਮੋਹਾਲੀ ਵਿਖੇ ਦਾਖ਼ਲ ਮਰੀਜ਼ ਲਈ ਖ਼ੂਨ ਤੇ ਐੱਸ.ਡੀ.ਪੀ.ਸੀ. ਦਾਨ ਕੀਤਾ ਗਿਆ।ਜਾਣਕਾਰੀ ਅਨੁਸਾਰ ਪਵਨ ਕੁਮਾਰ ਦਾ ਮੋਹਾਲੀ ਦੇ ਇੱਕ ਨਿੱਜੀ ਹਸਪਤਾਲ ਵਿੱਚ ਆਪ੍ਰੇਸ਼ਨ ਹੋਣਾ ਸੀ ਤੇ ਉਨ੍ਹਾਂ ਨੂੰ ਐਮਰਜੈਂਸੀ ਖ਼ੂਨ ਤੇ ਐੱਸ.ਡੀ.ਪੀ.ਸੀ. ਦੀ ਜ਼ਰੂਰਤ ਸੀ ਤਾਂ ਮਰੀਜ਼ ਦੇ ਪਰਿਵਾਰਕ ਮੈਂਬਰਾਂ ਨੇ ਰਾਮਪੁਰਾ ਫੂਲ ਦੇ ਨੌਜਵਾਨ ਖ਼ੂਨਦਾਨੀ ਵਿਨੀਤ ਗਰਗ ਨਾਲ ਸੰਪਰਕ ਕੀਤਾ।ਵਿਨੀਤ ਗਰਗ ਨੇ ਬਿਨਾਂ ਕਿਸੇ ਦੇਰੀ ਤੋਂ ਮੋਹਾਲੀ ਦੇ ਹਸਪਤਾਲ ਵਿਖੇ ਪਹੁੰਚ ਕੇ ਖ਼ੂਨ ਤੇ ਐੱਸ.ਡੀ.ਪੀ.ਸੀ. ਦਾਨ ਕੀਤਾ।ਮਰੀਜ਼ ਦੇ ਪਰਿਵਾਰਕ ਮੈਂਬਰਾਂ ਨੇ ਖ਼ੂਨਦਾਨੀ ਵਿਨੀਤ ਗਰਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਨੌਜਵਾਨਾਂ ਸਦਕਾ ਬਹੁਤ ਮਰੀਜ਼ ਮੌਤ ਦੇ ਮੂੰਹ 'ਚੋਂ ਬਚ ਕੇ ਆਪਣੀ ਖ਼ੁਸ਼ਹਾਲ ਜ਼ਿੰਦਗੀ ਬਤੀਤ ਕਰਦੇ ਹਨ।

## ਡੇਢ ਕਿੱਲੋ ਅਫੀਮ ਸਮੇਤ ਨਸ਼ਾ ਤਸਕਰ ਕਾਬੂ



**ਦੋਰਾਹਾ (ਹਰਮਿੰਦਰ ਸੇਠ)**-ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਖੰਨਾ ਪੁਲਸ ਨੇ 1 ਕਿੱਲੋ 500 ਗ੍ਰਾਮ ਅਫੀਮ ਸਮੇਤ ਰੋਸ਼ਨ ਲਾਲ ਵਾਸੀ ਦਾਊਮਾਜਰਾ, ਪਾਇਲ ਨੂੰ ਗ੍ਰਿਫ਼ਤਾਰ ਕੀਤਾ ਹੈ।ਇਹ ਕਾਰਵਾਈ ਡੀਜੀਪੀ ਪੰਜਾਬ ਗੌਰਵ ਯਾਦਵ ਆਈਪੀਐੱਸ ਤੇ ਡੀਆਈਜੀ ਲੁਧਿਆਣਾ ਰੇਂਜ ਸੰਦੀਪ ਗੋਇਲ ਆਈਪੀਐੱਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐੱਸਐੱਸਪੀ ਖੰਨਾ ਡਾ. ਦਰਪਣ ਆਹਲੂਵਾਲੀਆ ਆਈਪੀਐੱਸ ਤੇ ਐੱਸਪੀ (ਡੀ) ਰਾਕੇਸ਼ ਯਾਦਵ ਦੀ ਰਹਿਨੁਮਾਈ ਹੇਠ ਕੀਤੀ ਗਈ।ਡੀਐੱਸਪੀ ਪਾਇਲ ਹਰਮਨਪ੍ਰੀਤ ਸਿੰਘ ਚੀਮਾ ਦੀ ਅਗਵਾਈ ਹੇਠ ਏਐੱਸਆਈ ਸੁਦਾਗਰ ਸਿੰਘ ਸਮੇਤ ਪੁਲਸ ਪਾਰਟੀ ਨੇ ਜ਼ੱਲ੍ਹਾ ਬੱਸ ਅੱਡੇ ਨੇੜੇ ਮੁਲਜ਼ਮ ਨੂੰ ਕਾਬੂ ਕੀਤਾ।ਥਾਣਾ ਪਾਇਲ ਵਿਖੇ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਉਸ ਦਾ 2 ਦਿਨ ਦਾ ਪੁਲਸ ਰਿਮਾਂਡ ਹਾਸਲ ਹੋਇਆ।ਪੁਲਸ ਵੱਲੋਂ ਨਸ਼ੇ ਦੀ ਸਪਲਾਈ ਨਾਲ ਜੁੜੇ ਪਿਛਲੇ ਤੇ ਅਗਲੇ ਸਬੰਧਾਂ ਦੀ ਜਾਂਚ ਕੀਤੀ ਜਾ ਰਹੀ ਹੈ।ਮੁਲਜ਼ਮ ਵਿਰੁੱਧ ਪਹਿਲਾਂ ਵੀ ਦੋ ਐਨਡੀਪੀਐੱਸ ਮਾਮਲੇ ਦਰਜ ਹਨ, ਜਿਨ੍ਹਾਂ ਵਿੱਚ 15 ਕਿੱਲੋ ਭੁੱਕੀ ਤੇ 3 ਕਿੱਲੋ ਅਫੀਮ ਬਰਾਮਦ ਹੋਈ ਸੀ।

## ਪੀ ਆਰ ਟੀ ਸੀ ਬੱਸ ਤੇ ਸਕੂਲੀ ਵੈਨ ਦੀ ਟੱਕਰ, ਦਰਜਨ ਦੇ ਕਰੀਬ ਬੱਚੇ ਜ਼ਖ਼ਮੀ



**ਬਰੇਟਾ (ਰੀਤਵਾਲ)**-ਨਜ਼ਦੀਕੀ ਪਿੰਡ ਦਿਆਲਪੁਰਾ ਕੋਲ ਸੋਮਵਾਰ ਸਵੇਰੇ 8 ਵਜੇ ਦੇ ਕਰੀਬ ਇੱਕ ਵੱਡਾ ਸੜਕ ਹਾਦਸਾ ਵਾਪਰ ਗਿਆ, ਜਿਸ ਵਿੱਚ ਇੱਕ ਪ੍ਰਾਈਵੇਟ ਸਕੂਲ ਹੋਲੀ ਹਾਰਟ ਕਿਸ਼ਨਗੜ੍ਹ ਦੀ ਸਕੂਲੀ ਵੈਨ ਪੀਆਰਟੀਸੀ ਦੀ ਬੱਸ ਨਾਲ ਟਕਰਾ ਗਈ।ਹਾਦਸੇ ਵਿੱਚ ਦਰਜਨ ਦੇ ਕਰੀਬ ਬੱਚੇ ਜ਼ਖ਼ਮੀ ਹੋਏ ਹਨ, ਜਿਨ੍ਹਾਂ 'ਚੋਂ ਕੁਝ ਨੂੰ ਮਾਮੂਲੀ ਤੇ ਕਰੀਬ ਅੱਧਾ ਦਰਜਨ ਨੂੰ ਗੰਭੀਰ ਸੱਟਾਂ ਲੱਗੀਆਂ ਹਨ।ਵੈਨ ਦਾ ਡਰਾਈਵਰ ਵੀ ਇਸ ਹਾਦਸੇ ਵਿੱਚ ਜ਼ਖ਼ਮੀ ਹੋਇਆ ਦੱਸਿਆ ਜਾ ਰਿਹਾ ਹੈ।

ਮੌਜੂਦਾ ਲੋਕਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਪੀਆਰਟੀਸੀ ਬੱਸ ਤੇ ਸਕੂਲੀ ਵੈਨ ਦੋਵੇਂ ਬੁਢਲਾਡਾ ਵਾਲੀ ਸਾਈਡ ਤੋਂ ਬਰੇਟਾ ਮੰਡੀ ਵੱਲ ਜਾ ਰਹੀਆਂ ਸਨ।ਬੱਸ ਡਰਾਈਵਰ ਬਲਵਿੰਦਰ ਸਿੰਘ ਮੁਤਾਬਕ ਅੱਗੇ ਜਾ ਰਿਹਾ ਇੱਕ ਮੋਟਰਸਾਈਕਲ ਸਵਾਰ ਮੋਬਾਈਲ ਫੋਨ 'ਤੇ ਗੱਲ ਕਰ ਰਿਹਾ ਸੀ, ਜਿਸ ਨਾਲ ਟੱਕਰ ਤੋਂ ਬਚਣ ਲਈ ਬੱਸ ਡਰਾਈਵਰ ਨੇ ਅਚਾਨਕ ਬ੍ਰੇਕ ਲਗਾ ਦਿੱਤੀ।ਇਸ ਕਾਰਨ ਪਿੱਛੋਂ ਆ ਰਹੀ ਸਕੂਲ ਵੈਨ ਬੱਸ ਨਾਲ ਜਾ ਟਕਰਾਈ।ਹਾਦਸੇ ਤੋਂ ਤੁਰੰਤ ਬਾਅਦ ਮੌਕੇ 'ਤੇ ਮੌਜੂਦ ਲੋਕਾਂ ਤੇ ਐਂਬੂਲੈਂਸ ਦੀ ਮਦਦ ਨਾਲ ਜ਼ਖ਼ਮੀ ਬੱਚਿਆਂ ਨੂੰ ਇਲਾਜ ਲਈ ਬਰੇਟਾ ਦੇ ਇੱਕ ਨਿੱਜੀ ਹਸਪਤਾਲ ਵਿੱਚ ਪਹੁੰਚਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਜਾਰੀ ਹੈ ਤੇ ਕੁਝ ਬੱਚਿਆਂ ਨੂੰ ਅੱਗੇ ਬਾਹਰ ਦੇ ਹਸਪਤਾਲ ਵਿੱਚ ਰੈਫਰ ਕਰ ਦਿੱਤਾ ਗਿਆ।ਹਾਦਸੇ ਦੇ ਅਸਲ ਕਾਰਨਾਂ ਦੀ ਪੁਲਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।ਇਸ ਘਟਨਾ ਨੇ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਲੈ ਕੇ ਮੁੜ ਸਵਾਲ ਖੜ੍ਹੇ ਕਰ ਦਿੱਤੇ ਹਨ।

## ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੀ ਸੂਬਾ ਪੱਧਰੀ ਮੀਟਿੰਗ 18 ਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਜ਼ਿਲ੍ਹਾ ਪੈਨਸ਼ਨਰਜ਼ ਭਵਨ ਤਹਿਸੀਲ ਕੰਪਲੈਕਸ ਸੰਗਰੂਰ ਵਿਖੇ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਸੂਬਾਈ ਮੁੱਖ ਬੁਲਾਰੇ ਤੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਨੇ ਦੱਸਿਆ ਕਿ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੀ ਇੱਕ ਅਹਿਮ ਮੀਟਿੰਗ 18 ਸਤੰਬਰ ਨੂੰ ਪੈਨਸ਼ਨਰਜ਼ ਭਵਨ ਲੁਧਿਆਣਾ ਵਿਖੇ ਹੋਵੇਗੀ, ਜਿਸ ਵਿੱਚ ਪੈਨਸ਼ਨਰਾਂ ਦੀਆਂ ਮੰਗਾਂ, ਮਸਲੇ ਤੇ ਚੱਲ ਰਹੇ ਸੰਘਰਸ਼ 'ਤੇ ਵਿਚਾਰ ਚਰਚਾ ਕਰਕੇ ਅਗਲੀ ਰਣਨੀਤੀ ਤਿਆਰ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਪੰਜਾਬ ਮੁਲਾਜ਼ਮ ਸਾਂਝਾ ਮੰਚ ਅਤੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਮੰਚ ਵੱਲੋਂ ਉਲੀਕੇ ਗਏ ਸੰਘਰਸ਼ ਮੁਤਾਬਕ 13 ਸਤੰਬਰ ਨੂੰ ਸੁਨਾਮ ਵਿਖੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੀ ਕੋਠੀ ਦੇ ਘਿਰਾਓ ਵਿੱਚ ਵੀ ਵੱਡੀ ਗਿਣਤੀ 'ਚ ਪੈਨਸ਼ਨਰਾਂ ਨੇ ਸ਼ਮੂਲੀਅਤ ਕੀਤੀ।

ਸੰਗਰੂਰ ਤੋਂ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਅਰੋੜਾ, ਜਨਰਲ ਸਕੱਤਰ ਦਰਸ਼ਨ ਸਿੰਘ ਨੌਹਰ, ਜ਼ਿਲ੍ਹਾ ਚੇਅਰਮੈਨ ਰਵਿੰਦਰ ਸਿੰਘ ਗੁੱਡੂ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸ੍ਰੀ ਆਰ ਐੱਲ ਪਾਂਧੀ, ਵਿੱਤ ਸਕੱਤਰ ਕਰਨੈਲ ਸਿੰਘ ਸੇਖੋਂ ਤੇ ਸੰਗਰੂਰ ਯੂਨਿਟ ਦੇ ਪ੍ਰਧਾਨ ਭੁਪਿੰਦਰ ਸਿੰਘ ਜੱਸੀ, ਜਨਰਲ ਸਕੱਤਰ ਅਵਿਨਾਸ਼ ਸ਼ਰਮਾ, ਵਿੱਤ ਸਕੱਤਰ ਰਾਜ ਸਿੰਘ, ਜੇਟ ਸਿੰਘ ਸੋਹੀਆਂ ਚੇਅਰਮੈਨ ਆਦਿ ਵੱਲੋਂ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ ਤੇ ਚਿਤਾਵਨੀ ਦਿੱਤੀ ਗਈ ਕਿ ਜੇਕਰ ਹੁਣ ਵੀ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

## ਮੀਂਹ ਤੇ ਬਿਜਲੀ ਕਾਰਨ ਝੋਨੇ ਦੀ ਫ਼ਸਲ ਪ੍ਰਭਾਵਿਤ, ਕਿਸਾਨਾਂ 'ਚ ਭਾਰੀ ਰੋਸ

**ਮਲੋਟ (ਰਜਿੰਦਰ ਚੁਨੇਜਾ)**

ਇਲਾਕੇ ਅੰਦਰ ਮੌਸਮ ਦੀ ਬੇਰੁਖ਼ੀ ਤੇ ਬਿਜਲੀ ਦੇ ਲਗਾਤਾਰ ਲੱਗ ਰਹੇ ਅਣ-ਐਲਾਨੇ ਕੱਟਾਂ ਨੇ ਅੰਨਦਾਤੇ ਦੀਆਂ ਚਿੰਤਾਵਾਂ ਵਧਾ ਦਿੱਤੀਆਂ ਹਨ।ਇਸ ਵਾਰ ਸਮੇਂ ਸਿਰ ਲੋੜੀਂਦੀ ਬਾਰਿਸ਼ ਨਾ ਹੋਣ ਤੇ ਦੂਜੇ ਪਾਸੇ ਬਿਜਲੀ ਸਪਲਾਈ ਠੱਪ ਰਹਿਣ ਕਾਰਨ ਝੋਨੇ ਦੇ ਝਾੜ 'ਤੇ ਭਾਰੀ ਮਾੜਾ ਅਸਰ ਪੈਣ ਦਾ ਖ਼ਦਸ਼ਾ ਬਣ ਗਿਆ ਹੈ, ਜਿਸ ਕਾਰਨ ਕਿਸਾਨਾਂ ਵਿੱਚ ਸਰਕਾਰ ਤੇ ਬਿਜਲੀ ਮਹਿਕਮੇ ਖ਼ਿਲਾਫ਼ ਤਿੱਖਾ ਰੋਸ ਪਾਇਆ ਜਾ ਰਿਹਾ ਹੈ।

ਝੋਨੇ ਦੀ ਫ਼ਸਲ ਇਸ ਸਮੇਂ ਆਪਣੇ ਅਹਿਮ ਪੜਾਅ 'ਤੇ ਹੈ, ਜਿੱਥੇ ਛੋਟੇ ਮੁੰਜਰਾਂ ਬਾਹਰ ਕੱਢ ਰਹੇ ਹਨ ਤੇ ਫ਼ਸਲ ਪੱਕਣ ਦੇ ਨਜ਼ਦੀਕ ਹੈ।ਮਾਹਿਰਾਂ ਤੇ ਕਿਸਾਨਾਂ ਅਨੁਸਾਰ ਇਸ ਨਾਜ਼ੁਕ ਸਮੇਂ ਦੌਰਾਨ ਝੋਨੇ ਨੂੰ ਭਰਪੂਰ ਪਾਣੀ ਦੀ ਸਖ਼ਤ ਲੋੜ ਹੁੰਦੀ ਹੈ।ਲੋੜੀਂਦਾ ਪਾਣੀ ਨਾ ਮਿਲਣ ਕਾਰਨ ਦਾਣੇ ਕੱਚੇ ਰਹਿਣ ਤੇ ਝਾੜ ਵਿੱਚ ਭਾਰੀ ਗਿਰਾਵਟ ਆਉਣ ਦਾ ਖ਼ਤਰਾ ਪੈਦਾ ਹੋ ਗਿਆ ਹੈ।ਕਈ ਥਾਵਾਂ 'ਤੇ ਫ਼ਸਲਾਂ ਵਿੱਚ ਤ੍ਰੇੜਾਂ ਪੈ ਗਈਆਂ ਹਨ ਤੇ ਬੂਟੇ ਸੁੱਕ ਕੇ ਤਬਾਹ ਹੋਣ ਦੀ ਕੰਢੇ ਪਹੁੰਚ ਚੁੱਕੀਆਂ ਹਨ।ਕਿਸਾਨ ਆਗੂਆਂ ਨੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਖੇਤੀ ਸੈਕਟਰ ਨੂੰ ਰੋਜ਼ਾਨਾ 8 ਘੰਟੇ ਨਿਰਵਿਘਨ ਬਿਜਲੀ ਦੇਣ ਦੇ ਸਰਕਾਰੀ ਦਾਅਵੇ ਜ਼ਮੀਨੀ ਹਕੀਕਤ ਤੋਂ ਬਿਲਕੁਲ ਉਲਟ ਹਨ।ਕਿਸਾਨਾਂ ਨੂੰ ਦਿਨ ਵਿੱਚ 4 ਘੰਟੇ ਵੀ ਬਿਜਲੀ ਨਹੀਂ ਮਿਲ ਰਹੀ।ਜੋ ਥੋੜ੍ਹੀ-ਬਹੁਤ ਸਪਲਾਈ ਦਿੱਤੀ ਜਾਂਦੀ ਹੈ, ਉਸ ਵਿੱਚ ਵੀ ਵਾਰ-ਵਾਰ ਅਣ-ਐਲਾਨੇ ਕੱਟ ਲੱਗਣ ਕਾਰਨ ਮੋਟਰਾਂ ਸਹੀ ਢੰਗ ਨਾਲ ਚੱਲ ਨਹੀਂ ਪਾਉਂਦੀਆਂ ਤੇ ਖੇਤਾਂ ਤੱਕ ਪੂਰਾ ਪਾਣੀ ਨਹੀਂ ਪਹੁੰਚਦਾ।ਦਿਹਿਨ ਖੇਤਾਂ ਦਾ ਕਿਸਾਨਾਂ ਪੰਮੀ ਮਾਨ ਤੇ ਮਨਜਿੰਦਰ ਸਿੰਘ ਵਰਗੇ ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਨੇ ਪਹਿਲਾਂ ਹੀ ਝੋਨੇ ਦੀ ਫ਼ਸਲ ਪਾਲਣ ਲਈ ਮਹਿੰਗੀਆਂ ਖਾਦਾਂ, ਕੀਟਨਾਸ਼ਕਾਂ ਤੇ ਸਪਰੇਆਂ 'ਤੇ ਮੋਟਾ ਖ਼ਰਚਾ ਕੀਤਾ ਹੋਇਆ ਹੈ, ਹੁਣ ਸੁੱਕ ਰਹੀ ਫ਼ਸਲ ਨੂੰ ਬਚਾਉਣ ਖ਼ਾਤਰ ਮਹਿੰਗੇ ਭਾਅ ਦਾ ਡੀਜ਼ਲ ਫੂਕ ਕੇ ਜਨਰੇਟਰਾਂ ਤੇ ਇੰਜਣਾਂ ਰਾਹੀਂ ਪਾਣੀ ਲਗਾਉਣਾ ਪੈ ਰਿਹਾ ਹੈ।ਇਸ ਨਾਲ ਖੇਤੀ ਲਾਗਤ ਕਈ ਗੁਣਾ ਵਧ ਗਈ ਹੈ, ਜਦਕਿ ਫ਼ਸਲ ਪੱਕਣ ਦੀ ਉਮੀਦ ਲਗਾਤਾਰ ਧੁੰਦਲੀ ਹੁੰਦੀ ਜਾ ਰਹੀ ਹੈ।ਕਿਸਾਨਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਤੇ ਪ੍ਰਸ਼ਾਸਨ ਨੇ ਤੁਰੰਤ ਬਿਜਲੀ ਸਪਲਾਈ ਵਿੱਚ ਸੁਧਾਰ ਕਰਕੇ ਪੂਰੇ 8 ਘੰਟੇ ਨਿਰਵਿਘਨ ਬਿਜਲੀ ਯਕੀਨੀ ਨਾ ਬਣਾਈ, ਤਾਂ ਉਹ ਬਿਜਲੀ ਗਰਿੱਡਾਂ ਤੇ ਦਫ਼ਤਰਾਂ ਦਾ ਘਿਰਾਓ ਕਰਕੇ ਤਿੱਖਾ ਸੰਘਰਸ਼ ਸ਼ੁਰੂ ਕਰਨ ਲਈ ਮਜਬੂਰ ਹੋਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

## ਹਜ਼ਾਰਾਂ ਨਮ ਅੱਖਾਂ ਨੇ ਦਿੱਤੀ ਗੁਲਾਬ ਸੰਧੂ ਨੂੰ ਅੰਤਿਮ ਵਿਦਾਇਗੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਰਦਾਰ ਗੁਲਾਬ ਸਿੰਘ ਸੰਧੂ ਜੋ ਸੰਖੇਪ ਬਿਮਾਰੀ ਉਪਰੰਤ ਸੋਮਵਾਰ ਸਵੇਰੇ ਮੋਗਾ ਮੈਡੀਸਿਟੀ ਹਸਪਤਾਲ ਵਿਖੇ ਆਪਣੇ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਉਨ੍ਹਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਮਨਾਵਾ ਵਿਖੇ ਕੀਤਾ ਗਿਆ।ਗੁਲਾਬ ਸਿੰਘ ਦੀ ਚਿਤਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਮਨ ਕਮਲਪ੍ਰੀਤ ਸਿੰਘ, ਇੰਦਰਪ੍ਰੀਤ ਸਿੰਘ, ਸਰਪ੍ਰੀਤ ਸਿੰਘ ਵੱਲੋਂ ਦਿਖਾਈ। ਉਪਰੰਤ ਗੁਰਦੁਆਰਾ ਗੁਰੂ ਸਾਹਿਬ ਮਨਾਵਾਂ ਅਰਦਾਸ ਕੀਤੀ ਗਈ। ਸੰਧੂ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਸੀਨੀਅਰ ਅਕਾਲੀ ਆਗੂ ਰਜਿੰਦਰ ਸਿੰਘ ਡੱਲਾ, ਬੀਬੀ ਸੁਰਿੰਦਰ ਕੌਰ ਢੋਸ ਪਤਨੀ ਜਥੇਦਾਰ ਕੁਲਦੀਪ ਸਿੰਘ ਢੋਸ, ਹਲਕਾ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ, ਚੇਅਰਮੈਨ ਤੇ ਮੈਂਬਰ ਐਸ.ਜੀ.ਪੀ ਸੀ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ, ਗੁਰ ਮਿਲਾਪ ਸਿੰਘ ਡੱਲਾ, ਕਰਨਲ ਤਰਲੋਚਨ ਸਿੰਘ ਗਿੱਲ ਲੁਧਿਆਣਾ, ਸਰਪੰਚ ਹਰਜਿੰਦਰ ਸਿੰਘ ਨੱਥੂ ਵਾਲਾ, ਹਰਪ੍ਰੀਤ ਸਿੰਘ ਕੰਗ, ਅਮਰਜੀਤ ਸਿੰਘ ਬਿੱਟੂ ਸਿੰਘਾਂ ਵਾਲਾ, ਪਰਮਿੰਦਰ ਸਿੰਘ ਗਿੱਲ ਲੰਢੇਕੇ, ਸ਼ਿਵਰਾਜ ਸਿੰਘ ਸਰਪੰਚ ਗਲੋਟੀ, ਮਨਪ੍ਰੀਤ ਸਿੰਘ ਮੰਨਾ ਮੋਗਾ, ਕਰਮਜੀਤ ਸਿੰਘ ਕਾਕਾ ਗਲੋਟੀ, ਜਤਿੰਦਰ ਸਿੰਘ ਘਾਲੀ ਮੁਦੱਕੀ, ਪੱਤਰਕਾਰ ਹਰਜੀਤ ਸਿੰਘ ਅਜੀਤ ਸਿੰਘ ਪੱਤਰਕਾਰ ਅਮਜਦ ਹੁਸੈਨ ਖਾਨ, ਭਾਜਪਾ ਆਗੂ ਵਿਜੇ ਸ਼ਰਮਾ, ਸਰਪੰਚ ਪਰਮਿੰਦਰ ਸਿੰਘ ਮਨਾਵਾਂ, ਸੇਵਕ ਸਿੰਘ ਸੰਧੂ ਮਨਾਵਾਂ, ਆਪ ਆਗੂ ਜੀਵਨ ਮਨਾਵਾਂ, ਸਾਬਕਾ ਸਿੱਖਿਆ ਅਧਿਕਾਰੀ ਕੋਮਲ ਸਿੰਘ ਮਨਾਵਾਂ, ਹਰਨਾਮ ਸਿੰਘ ਜਲੰਧਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ ਵੱਖ ਪਿੰਡਾਂ ਦੇ ਪਤਵੰਤੇ ਹਾਜ਼ਰ ਸਨ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਦਲਜੀਤ ਸਿੰਘ ਅਤੇ ਗਿਆਨੀ ਨੇ ਗੁਰਪਾਸ਼ ਸਿੰਘ ਦੱਸਿਆ ਕਿ ਗੁਲਾਬ ਸਿੰਘ ਸੰਧੂ ਫੁੱਲ ਰਸਮ 16 ਸਤੰਬਰ ਨੂੰ ਪਿੰਡ ਮਨਾਵਾ ਵਿਖੇ ਸਵੇਰੇ 9 ਵਜੇ ਹੋਵੇਗੀ।

## ਨੌਜਵਾਨਾਂ ਨੂੰ ਸਵੈ-ਨਿਰਭਰ ਕਰਨ ਲਈ ਕੇਂਦਰ ਦੀਆਂ ਯੋਜਨਾਵਾਂ ਵਰਦਾਨ ਸਿੱਧ ਹੋ ਰਹੀਆਂ : ਅਨੁਜ ਖੋਸਲਾ



**ਭੀਖੀ (ਧਰਮਵੀਰ ਸ਼ਰਮਾ)**-ਭਾਰਤੀ ਜਨਤਾ ਯੁਵਾ ਮੋਰਚਾ ਵੱਲੋਂ ਸਥਾਨਕ ਬੀ.ਐੱਮ.ਜੀ ਰਿਜ਼ੋਰਟ ਵਿਖੇ ਰੋਬਿਨ ਜਿੰਦਲ ਦੀ ਅਗਵਾਈ ਵਿੱਚ ਯੂਥ ਮਿਲਣੀ ਕਰਵਾਈ ਗਈ, ਜਿਸ ਦੌਰਾਨ ਯੁਵਾ ਮੋਰਚਾ ਦੇ ਸੂਬਾ ਪ੍ਰਧਾਨ ਅਨੁਜ ਖੋਸਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਅਨੁਜ ਖ਼ੋਸਲਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਵੱਲੋਂ ਸਮਾਜ ਦੇ ਵੱਖ-ਵੱਖ ਵਰਗਾਂ ਦੀ ਤਰੱਕੀ ਤੇ ਖੁਸ਼ਹਾਲੀ ਲਈ ਚਾਰ ਸੌ ਤੋਂ ਵੱਧ ਅਲੱਗ-ਅਲੱਗ ਯੋਜਨਾਵਾਂ ਜਾਰੀ ਹਨ, ਜਿਨ੍ਹਾਂ ਵਿੱਚੋਂ 100 ਤੋਂ ਵੱਧ ਯੋਜਨਾਵਾਂ ਨੌਜਵਾਨਾਂ ਨੂੰ ਸਵੈ ਨਿਰਭਰ ਬਣਾਉਣ ਲਈ ਪ੍ਰੇਰਿਤ ਹਨ, ਜਿਸ ਦੇ ਚੱਲਦੇ ਦੇਸ਼ ਦੇ ਕਰੋੜਾਂ ਨੌਜਵਾਨ ਆਪਣੀ ਜੀਵਿਕਾ ਚੰਗੇ ਢੰਗ ਨਾਲ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਯਤਨਾਂ ਸਦਕਾ ਹੀ ਅੱਜ ਭਾਜਪਾ ਦੀ 22 ਸੂਬਿਆਂ ਵਿੱਚ ਸਰਕਾਰਾਂ ਕਾਮਯਾਬੀ ਨਾਲ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਕਦਮ 'ਤੇ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ। ਉਨ੍ਹਾਂ ਨੌਜਵਾਨਾਂ ਨੂੰ ਲਾਮਬੰਦ ਕਰਦੇ ਕਿਹਾ ਕਿ ਆਗਾਮੀ ਵਿਧਾਨ ਸਭਾ ਚੋਣਾਂ ਤੱਕ ਨਿਰਭੈ ਹੋ ਕੇ ਚੋਣ ਮੈਦਾਨ ਵਿੱਚ ਡਟਣ ਤਾਂ ਜੋ ਇੱਥੇ ਵੀ ਡਬਲ ਇੰਜਣ ਵਾਲੀ ਸਰਕਾਰ ਕਾਇਮ ਕਰਕੇ ਪੰਜਾਬ ਨੂੰ ਮੁੜ ਰੰਗਲਾ ਬਣਾਇਆ ਜਾ ਸਕੇ। ਇਸ ਮੌਕੇ ਯੁਵਾ ਮਿਲਣੀ ਦੇ ਪ੍ਰਬੰਧਕ ਰੋਬਿਨ ਜਿੰਦਲ ਨੇ ਮਿਲਣੀ ਨੂੰ ਕਾਮਯਾਬ ਕਰਨ ਲਈ ਸਮੂਹ ਵਰਕਰਾਂ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਨੌਜਵਾਨੀ ਮੁੱਦਿਆਂ ਦੇ ਹੱਲ ਲਈ ਪਾਰਟੀ ਤਤਪਰਤਾ ਨਾਲ ਕੰਮ ਕਰੇਗੀ। ਇਸ ਮੌਕੇ ਉਨ੍ਹਾਂ ਪਾਰਟੀ ਹਾਈਕਮਾਂਡ ਨੂੰ ਭਰੋਸਾ ਦਿੱਤਾ ਕਿ ਜ਼ਿਲ੍ਹੇ ਅੰਦਰ ਸਮੂਹ ਭਾਜਪਾ ਕਾਰਕੁਨ ਇੱਕਜੁੱਟ ਹੋ ਕੇ ਪਾਰਟੀ ਦੀ ਕਾਮਯਾਬੀ ਲਈ ਕੰਮ ਕਰਨਗੇ। ਇਸ ਮੌਕੇ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਰਾਕੇਸ਼ ਜੈਨ, ਕਾਕਾ ਅਮਰਿੰਦਰ ਸਿੰਘ ਦਾਤੇਵਾਸ, ਆਈ.ਟੀ. ਸੈਲ ਦੇ ਸੂਬਾ ਮੀਤ ਪ੍ਰਧਾਨ ਮਨਦੀਪ ਸਿੰਘ ਮਾਨ, ਪਾਵਨ ਨਕੱਈ, ਕੌਂਸਲਰ ਸੁਰੇਸ਼ ਬਿੰਦਲ, ਠੇਕੇਦਾਰ ਗੁਰਮੇਲ ਸਿੰਘ, ਯੁਵਾ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਗੁਰਚਰਨ ਸਿੰਘ, ਹਰਮਨ ਸਿੰਘ ਚਹਿਲ, ਪਰਮਜੀਤ ਸਿੰਘ ਮੰਨਾ, ਰਿਤੇਸ਼ ਜੈਨ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਵਰਕਰ ਮੌਜੂਦ ਸਨ।

## ਵਿਰੋਧੀ ਪਾਰਟੀਆਂ ਕੋਲ 2027 ਦੀਆਂ ਚੋਣਾਂ ਲਈ ਕੋਈ ਮੁੱਦਾ ਨਹੀਂ : ਹਰਪਾਲ ਜੁਨੇਜਾ

### ਪੁਰਾਣੇ ਬੱਸ ਅੱਡੇ ਦਾ ਜਲਦ ਨਵ-ਨਿਰਮਾਣ ਕਰਕੇ ਲੋਕਾਂ ਨੂੰ ਕੀਤਾ ਜਾਵੇਗਾ ਸਮਰਪਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਕੀਤੇ ਗਏ ਕਾਰਜਾਂ ਤੇ ਸਾਰੇ ਵਾਅਦੇ ਪੂਰੇ ਕਰਨ ਕਰਕੇ ਹੁਣ ਵਿਰੋਧੀ ਪਾਰਟੀਆਂ ਕੋਲ 2027 ਦੀਆਂ ਚੋਣਾਂ ਲਈ ਕੋਈ ਮੁੱਦਾ ਬਾਕੀ ਨਹੀਂ ਬਚਿਆ ਹੈ।ਐਡਵੋਕੇਟ ਜੁਨੇਜਾ ਇੱਥੇ ਗਾਂਧੀ ਨਗਰ, ਲਾਹੌਰੀ ਗੇਟ ਇਲਾਕਾ ਨਿਵਾਸੀਆਂ ਨਾਲ ਲੋਕ ਮਿਲਣੀ ਕਰ ਰਹੇ ਸਨ।ਇਸ ਮੌਕੇ ਚੇਅਰਮੈਨ ਜੁਨੇਜਾ ਨਾਲ ਗੱਲਬਾਤ ਕਰਦਿਆਂ ਇਲਾਕਾ ਨਿਵਾਸੀਆਂ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ 2022 ਦੀਆਂ ਚੋਣਾਂ ਵਿੱਚ, ਜੋ ਆਮ ਆਦਮੀ ਪਾਰਟੀ ਨੇ ਵਾਅਦੇ ਕੀਤੇ ਸਨ, ਉਹ ਬਿਨਾਂ ਕਿਸੇ ਮਤਭੇਦ ਤੋਂ ਲਾਗੂ ਕਰਕੇ ਇਤਿਹਾਸ ਸਿਰਜਿਆ ਹੈ।ਇਸ ਮਿਲਣੀ ਦੇ ਦੌਰਾਨ ਵਾਰਡ ਵਾਸੀਆਂ ਦੇ ਜੋ ਰਹਿੰਦੇ ਕੰਮ ਹਨ, ਉਨ੍ਹਾਂ ਤੋਂ ਚੇਅਰਮੈਨ ਜੁਨੇਜਾ ਨੂੰ ਜਾਣੂ ਕਰਵਾਇਆ, ਜਿਸ ਦਾ ਚੇਅਰਮੈਨ ਹਰਪਾਲ ਜੁਨੇਜਾ ਵੱਲੋਂ ਜਲਦ ਤੋਂ ਜਲਦ ਹੱਲ ਕਰਵਾਉਣ ਦਾ ਭਰੋਸਾ ਦਿੱਤਾ ਗਿਆ। ਚੇਅਰਮੈਨ ਹਰਪਾਲ ਜੁਨੇਜਾ ਨੇ ਕਿਹਾ ਕੇ ਇਸ ਇਲਾਕੇ ਦੇ ਨਾਲ ਲੱਗਦਾ ਪੁਰਾਣਾ ਬੱਸ ਸਟੈਂਡ ਜੋ ਪਿਛਲੇ ਲੰਬੇ ਸਮੇਂ ਤੋਂ ਕਾਰਜਸ਼ੀਲ ਨਹੀਂ ਹੈ, ਉਸ ਨੂੰ ਜਲਦ ਤੋਂ ਜਲਦ ਨਵ-ਨਿਰਮਾਣ ਕਰਕੇ ਲੋਕਾਂ ਨੂੰ ਸਪੁਰਦ ਕੀਤਾ ਜਾਵੇਗਾ ਤਾਂ ਜੋ ਇਸ ਦੇ ਆਸ-ਪਾਸ ਦੇ ਦੁਕਾਨਦਾਰਾਂ, ਸ਼ਹਿਰ ਵਾਸੀਆਂ ਨੂੰ ਇਸ ਦਾ ਲਾਭ ਮਿਲ ਸਕੇ।ਇਸ ਮੌਕੇ ਜੌਨੀ ਅਟਵਾਲ, ਰਾਜੇਸ਼ ਕੌਸ਼ਲ, ਰਾਜੇਸ਼ ਕੇਹਰ ਸ਼ੀਤਲ ਅਦਿਵਾਸ ਮੁੱਖ ਸੰਚਾਲਕ ਬਾਲਮੀਕੀ ਐਜੂਕੇਸ਼ਨ ਰਾਜੇਸ਼ ਕਾਲਾ, ਹਰਿੰਦਰ ਜੋਅ, ਸੋਨੂ ਅਟਵਾਲ, ਲਵਲੀ ਅਛੂਤ, ਰੋਹਿਤ ਅਟਵਾਲ, ਜੀਵਨ ਗਿੱਲ, ਰੀਗਨ ਅਟਵਾਲ, ਰਾਜਿੰਦਰ ਮੱਟੂ, ਸਮੀ ਦੇਵੀ ਰੇਣੂ ਰਾਣੀ, ਸੋਨੂ ਦੇਵੀ, ਬਨੀ ਸਹੋਤਾ ਆਦਿ ਮੌਜੂਦ ਸਨ।

## ਭੂੰਦੜ ਦੀ ਅਗਵਾਈ 'ਚ ਚੋਣ ਮੈਨੀਫੈਸਟੋ ਰਾਹੀਂ ਪੰਜਾਬ ਦੇ ਸੰਵੇਦਨਸ਼ੀਲ ਮੁੱਦਿਆਂ ਦੇ ਹੱਲ ਦੀ ਉਮੀਦ : ਸੋਢੀ

**ਸਰਦੂਲਗੜ੍ਹ (ਅਵਤਾਰ ਜਟਾਣਾ)**

ਬਲਵਿੰਦਰ ਸਿੰਘ ਭੂੰਦੜ ਵਰਗੇ ਬੇਦਾਗ, ਇਮਾਨਦਾਰ, ਸਖ਼ਤ ਮੇਹਨਤੀ, ਪਾਰਟੀ ਦੀ ਵਿਚਾਧਾਰਾ ਦੇ ਪੱਕੇ, ਵਕਤ ਆਉਣ 'ਤੇ ਆਪਣੀਆਂ ਵਜ਼ਨਦਾਰ ਦਲੀਲਾਂ ਨਾਲ ਵਿਰੋਧੀਆਂ ਨੂੰ ਠੋਸ ਜਵਾਬ ਦੇਣ ਵਾਲੇ ਘਾਗ ਸਿਆਸਤਦਾਨ ਦਾ ਸ਼੍ਰੋਮਣੀ ਅਕਾਲੀ ਦਲ ਦੀ ਚੋਣ ਮੈਨੀਫੈਸਟੋ ਦੀ ਨੌਂ ਮੈਂਬਰੀ ਕਮੇਟੀ ਦੇ ਚੇਅਰਮੈਨ ਬਣਨ ਨਾਲ ਦੇਸ਼ ਦੇ ਹਰ ਖੇਤਰ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਟਕਸਾਲੀ ਅਕਾਲੀ ਆਗੂਆਂ, ਅਹੁਦੇਦਾਰਾਂ ਤੇ ਵਰਕਰਾਂ ਵਿੱਚ ਇਸ ਗੱਲ ਦਾ ਉਤਸ਼ਾਹ ਪਾਇਆ ਜਾ ਰਿਹਾ ਹੈ, ਜੋ ਪਾਰਟੀ ਨੂੰ ਹੇਠਲੇ ਪੱਧਰ 'ਤੇ ਮਜ਼ਬੂਤ ਕਰਨ ਵਿੱਚ ਸਹਾਈ ਹੋਵੇਗਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਜਤਿੰਦਰ ਸਿੰਘ ਸੋਢੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਮਾਨਸਾ (ਸ਼ਹਿਰੀ) ਨੇ ਕਿਹਾ ਕਿ ਸ੍ਰੀ ਭੂੰਦੜ ਦੀ ਅਗਵਾਈ ਵਿੱਚ ਬਣਾਈ ਗਈ ਨੌਂ ਮੈਂਬਰੀ ਚੋਣ ਮੈਨੀਫੈਸਟੋ ਕਮੇਟੀ ਦੁਆਰਾ ਬਣਾਇਆ ਚੋਣ ਮਨੋਰਥ ਪੱਤਰ ਜਿੱਥੇ ਮਜ਼ਦੂਰਾਂ, ਕਿਸਾਨਾਂ, ਵਪਾਰੀਆਂ, ਮੁਲਾਜ਼ਮਾਂ ਤੇ ਹਰ ਵਰਗ ਦੀਆਂ ਮੁਸ਼ਕਲਾਂ ਤੇ ਹਰ ਧਰਮ ਦੀ ਸ਼ਰਧਾ ਤੇ ਭਾਵਨਾਵਾ ਨੂੰ ਧਿਆਨ ਵਿੱਚ ਰੱਖ ਕੇ ਬਣਾਇਆ ਜਾਵੇਗਾ, ਉੱਥੇ ਇਸ ਗੱਲ ਦਾ ਵੀ ਸਾਰਿਆਂ ਨੂੰ ਯਕੀਨ ਹੈ ਸ੍ਰ. ਭੂੰਦੜ ਦੀ ਯੋਗ ਅਗਵਾਈ ਵਿੱਚ ਚੋਣ ਮੈਨੀਫੈਸਟੋ ਕਮੇਟੀ ਵਿੱਚ ਮੈਂਬਰ ਸਾਰੇ ਸੀਨੀਅਰ ਅਕਾਲੀ ਆਗੂ ਜੋ ਵੀ ਚੋਣ ਮਨੋਰਥ ਪੱਤਰ ਲੋਕਾਂ ਵਿੱਚ ਲੈ ਕੇ ਆਉਣਗੇ, ਉਹ ਪ੍ਰਪੱਕਤਾ ਨਾਲ ਲਾਗੂ ਕਰਨ ਦਾ ਮਾਸਟਰ ਪਲਾਨ ਵੀ ਲੈ ਕੇ ਆਉਣਗੇ।ਇਹ ਕੋਈ ਝੂਠਾ ਇੰਨਕਲਾਬ ਜਾਂ ਝੂਠੀਆਂ ਗਰੰਟੀਆਂ, ਘਰ ਘਰ ਨੌਕਰੀਆਂ, ਅੰਗਰੇਜ਼ਾਂ ਨੂੰ ਪੰਜਾਬ ਵਿੱਚ ਲੇਬਰ ਕਰਾਉਣ ਵਰਗੇ ਤੇ ਬੀ. ਐੱਮ. ਡਬਲਯੂ ਦੇ ਕਾਰਖਾਨੇ ਲਾਉਣ ਵਰਗੇ ਝੂਠੇ ਤੇ ਹਾਸੋਹੀਣੇ ਝਾਂਸਿਆਂ ਵਿੱਚ ਫਸਾਉਣ ਦੀ ਜਗ੍ਹਾ 'ਤੇ ਪੰਜਾਬ ਦੇ ਸੰਵੇਦਨਸ਼ੀਲ ਮੁੱਦਿਆਂ ਦੇ ਹੱਲ ਦੇ ਨਾਲ ਨਾਲ ਸਮਾਜਿਕ, ਆਰਥਿਕ, ਅਪਰਾਧਿਕ ਮਾਮਲਿਆਂ ਵਿੱਚ ਦਿਸ਼ਾਹੀਣ ਹੋਏ ਪੰਜਾਬ ਨੂੰ ਸਹੀ ਰਸਤੇ 'ਤੇ ਲਿਆਉਣ ਦਾ ਯਤਨ ਕਰਨਗੇ।ਸ਼੍ਰੀ ਸੋਢੀ ਨੇ ਦੱਸਿਆ ਕਿ ਸ੍ਰ. ਭੂੰਦੜ ਦੀ ਨਿਯੁਕਤੀ 'ਤੇ ਦੇਸ਼ ਦੁਨੀਆ ਵਿੱਚ ਵਸਦੇ ਅਕਾਲੀ ਹਮਾਇਤੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਸ੍ਰ. ਭੂੰਦੜ ਦੀ ਕਰਮ ਭੂਮੀ ਬਠਿੰਡਾ ਮਾਨਸਾ ਜ਼ਿਲ੍ਹੇ ਦੇ ਟਕਸਾਲੀ ਅਕਾਲੀ ਆਗੂ ਮਾਣ ਮਹਿਸੂਸ ਕਰਦੇ ਹੋਏ ਉਨ੍ਹਾਂ ਨੂੰ ਇਸ ਨਵੀਂ ਜ਼ਿੰਮੇਵਾਰੀ ਲਈ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਧੰਨਵਾਦ ਤੇ ਸ੍ਰ. ਭੂੰਦੜ ਨੂੰ ਵਧਾਈਆਂ ਦੇ ਰਹੇ ਹਨ।

### ਨਿਯੁਕਤੀ ਨਾਲ ਟਕਸਾਲੀ ਅਕਾਲੀਆਂ 'ਚ ਉਤਸ਼ਾਹ

## ਲੰਪੀ ਸਕਿੱਨ ਬਿਮਾਰੀ ਦੇ ਟੀਕਾਕਰਨ ਲਈ 43 ਟੀਮਾਂ ਦਾ ਗਠਨ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮੁੱਖ ਮੰਤਰੀ ਸ੍ਰ: ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਪਸ਼ੂ ਪਾਲਣ ਦੇ ਧੰਦੇ ਨੂੰ ਪ੍ਰਫੁਲਤ ਕਰਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।ਇਨ੍ਹਾਂ ਉਪਰਾਲਿਆਂ ਅਧੀਨ ਸ੍ਰ: ਗੁਰਮੀਤ ਸਿੰਘ ਖੁੱਡੀਆਂ ਕੈਬਨਿਟ ਮੰਤਰੀ ਖੇਤੀਬਾੜੀ, ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਵੱਲੋਂ ਜਾਰੀ ਹਦਾਇਤਾਂ ਦੇ ਮੱਦੇਨਜ਼ਰ ਅਤੇ ਸ਼੍ਰੀ ਰਾਹੁਲ ਭੰਡਾਰੀ ਪ੍ਰਮੁੱਖ ਸਕੱਤਰ ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਡਾ. ਪਰਮਦੀਪ ਸਿੰਘ ਵਾਲੀਆਂ ਨਿਰਦੇਸ਼ਕ ਪਸ਼ੂ ਪਾਲਣ ਵਿਭਾਗ ਪੰਜਾਬ ਦੀ ਅਗਵਾਈ ਹੇਠ ਪਸ਼ੂ ਪਾਲਣ ਵਿਭਾਗ ਸ਼੍ਰੀ ਮੁਕਤਸਰ ਸਾਹਿਬ ਵੱਲੋਂ ਲੰਪੀ ਸਕਿੱਨ ਦੀ ਬਿਮਾਰੀ ਤੋਂ ਬਚਾਅ ਲਈ ਟੀਕਾਕਰਨ ਕੀਤਾ ਜਾ ਰਿਹਾ ਹੈ।ਡਾ. ਗੁਰਦਿੱਤ ਸਿੰਘ ਔਲਖ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਸ਼੍ਰੀ ਮੁਕਤਸਰ ਸਾਹਿਬ ਵੱਲੋ ਦੱਸਿਆ ਗਿਆ ਕਿ ਲੰਪੀ ਸਕਿੱਨ ਬਿਮਾਰੀ ਦਾ ਟੀਕਾਕਰਨ ਕਰਨ ਲਈ 43 ਟੀਮਾਂ ਦਾ ਗਠਨ ਕੀਤਾ ਗਿਆ ਹੈ।ਉਨ੍ਹਾਂ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਕਿ ਵਿਭਾਗ ਦੀਆਂ ਟੀਮਾਂ ਦਾ ਸਹਿਯੋਗ ਦਿੱਤਾ ਜਾਵੇ ਤੇ ਆਪਣੇ ਪਸ਼ੂਆਂ ਨੂੰ ਬਿਮਾਰੀ ਤੋਂ ਬਚਾਉਣ ਲਈ ਟੀਕਾਕਰਨ ਕਰਵਾਇਆ ਜਾਵੇ।ਜੇਕਰ ਇਸ ਬਿਮਾਰੀ ਸਬੰਧੀ ਪਸ਼ੂਆਂ ਵਿੱਚ ਕੋਈ ਲੱਛਣ ਪਾਇਆ ਜਾਂਦਾ ਹੈ ਤਾਂ ਨੇੜੇ ਦੀ ਪਸ਼ੂ ਸੰਸਥਾ ਨਾਲ ਸੰਪਰਕ ਕੀਤਾ ਜਾਵੇ।

## ਰਾਣਾ ਰਣਬੀਰ ਨੇ ਨੌਜਵਾਨਾਂ ਨੂੰ ਦੱਸੀਆਂ ਅਦਾਕਾਰੀ ਦੀਆਂ ਬਰੀਕੀਆਂ



**ਧੂਰੀ (ਸੁਖਦੇਵ ਧੂਰੀ)**-ਲੋਕ ਮਨ ਪੰਜਾਬ ਵੱਲੋਂ ਕਲਾ ਨੂੰ ਸਮਝਣ ਤੇ ਅਮਲ ਵਿੱਚ ਉਤਾਰਨ ਦੀ ਕੋਸ਼ਿਸ਼ ਕਰਦਿਆਂ ਸਨਾਤਨ ਧਰਮ ਸਭਾ ਧੂਰੀ ਵਿਖੇ ਡਾ. ਅਮਨਦੀਪ ਕੌਰ ਬਾਠ ਦੀ ਅਗਵਾਈ ਹੇਠ ਉੱਘੇ ਅਦਾਕਾਰ, ਨਿਰਦੇਸ਼ਕ ਤੇ ਲੇਖਕ ਰਾਣਾ ਰਣਬੀਰ ਵੱਲੋਂ ਦੋ ਰੋਜ਼ਾ ਆਰਟ ਵਰਕਸ਼ਾਪ ਕਰਵਾਈ ਗਈ। ਇਸ ਵਿਸ਼ੇਸ਼ ਵਰਕਸ਼ਾਪ ਵਿੱਚ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੋਂ ਪਹੁੰਚੇ ਚੋਣਵੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਵਰਕਸ਼ਾਪ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਅਦਾਕਾਰੀ, ਲੇਖਣੀ ਤੇ ਕਿਰਦਾਰ ਨਿਰਮਾਣ ਦੀਆਂ ਬਾਰੀਕੀਆਂ ਨਾਲ ਜਾਣੂ ਕਰਵਾਉਣਾ ਸੀ।ਰਾਣਾ ਰਣਬੀਰ ਨੇ ਆਪਣੇ ਕਲਾਤਮਕ ਤਜਰਬੇ ਸਾਂਝੇ ਕਰਦਿਆਂ ਦੱਸਿਆ ਕਿ ਅਦਾਕਾਰੀ ਸਿਰਫ਼ ਸੰਵਾਦ ਯਾਦ ਕਰਕੇ ਬੋਲਣ ਦਾ ਨਾਮ ਨਹੀਂ, ਸਗੋਂ ਕਿਰਦਾਰ ਦੀ ਮਾਨਸਿਕਤਾ ਨੂੰ ਸਮਝ ਕੇ ਉਸ ਨੂੰ ਆਪਣੇ ਅੰਦਰ ਮਹਿਸੂਸ ਕਰਨਾ ਤੇ ਕੈਮਰੇ ਸਾਹਮਣੇ ਕੁਦਰਤੀ ਢੰਗ ਨਾਲ ਪੇਸ਼ ਕਰਨਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਕਿਰਦਾਰ ਦੀ ਤਿਆਰੀ, ਸੰਵਾਦ ਅਦਾਇਗੀ, ਆਵਾਜ਼ ਦੇ ਉਤਾਰ-ਚੜ੍ਹਾਅ, ਹਾਵ-ਭਾਵ, ਸਰੀਰਕ ਭਾਸ਼ਾ, ਕੈਮਰਾ ਫੇਸਿੰਗ, ਦ੍ਰਿਸ਼ ਦੀ ਸਮਝ, ਸਕ੍ਰਿਪਟ ਲੇਖਣ ਆਦ ਸਬੰਧੀ ਵਿਹਾਰਕ ਜਾਣਕਾਰੀ ਦਿੱਤੀ।ਵਿਦਿਆਰਥੀਆਂ ਤੋਂ ਵੱਖ-ਵੱਖ ਦ੍ਰਿਸ਼ਾਂ ਦੀ ਪੇਸ਼ਕਾਰੀ ਵੀ ਕਰਵਾਈ ਗਈ ਤੇ ਉਨ੍ਹਾਂ ਦੀਆਂ ਕਮੀਆਂ ਨੂੰ ਸਮਝਾ ਕੇ ਅਦਾਕਾਰੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਢੰਗ ਦੱਸੇ ਗਏ।ਵਰਕਸ਼ਾਪ ਵਿੱਚ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਨੌਜਵਾਨਾਂ ਨਾਲ ਵਿਚਾਰ ਸਾਂਝੇ ਕਰਦਿਆਂ ਭਾਸ਼ਾ, ਸਾਹਿਤ ਤੇ ਕਲਾ ਨਾਲ ਜੁੜਨ ਦੀ ਮਹੱਤਤਾ ਬਾਰੇ ਚਾਨਣਾ ਪਾਇਆ।ਵਰਕਸ਼ਾਪ ਨੂੰ ਸਫ਼ਲ ਬਣਾਉਣ ਵਿੱਚ ਸਿਆਮਾਂ ਇਤਰ ਮਲੇਰਕੋਟਲਾ, ਤਾਰਾ ਹਵੇਲੀ ਧੂਰੀ, ਬੋਨ ਬਰੈਂਡ ਤੇ ਅਕਾਲ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਇਸ ਮੌਕੇ ਗੁਰਪ੍ਰੀਤ ਸਿੰਘ ਬਾਠ, ਬਿਕਰਮਜੀਤ ਸਿੰਘ, ਕਰਨਵੀਰ ਚੈਰੀ ਤੇ ਰਜਿੰਦਰ ਰਾਜੂ ਨੇ ਵੀ ਵਰਕਸ਼ਾਪ ਨੂੰ ਸਫ਼ਲ ਬਣਾਉਣ ਲਈ ਤਨਦੇਹੀ ਨਾਲ ਕੰਮ ਕੀਤਾ।ਵਰਕਸ਼ਾਪ ਵਿੱਚ ਸ਼ਾਮਲ ਵਿਦਿਆਰਥੀਆਂ ਨੇ ਕਿਹਾ ਕਿ ਰਾਣਾ ਰਣਬੀਰ ਵੱਲੋਂ ਦਿੱਤੀ ਸਿਖਲਾਈ ਨੇ ਉਨ੍ਹਾਂ ਨੂੰ ਅਦਾਕਾਰੀ ਦੇ ਨਾਲ-ਨਾਲ ਕਿਰਦਾਰ, ਜੀਵਨ ਤੇ ਮਨੁੱਖੀ ਭਾਵਨਾਵਾਂ ਨੂੰ ਸਮਝਣ ਦਾ ਨਵਾਂ ਨਜ਼ਰੀਆ ਦਿੱਤਾ। ਇਹ ਦੋ ਰੋਜ਼ਾ ਵਰਕਸ਼ਾਪ ਉਨ੍ਹਾਂ ਲਈ ਯਾਦਗਾਰੀ ਹੋ ਨਿੱਬੜੀ।

## ਰਾਜਪਾਲ ਵੱਲੋਂ ਡੀ ਬੀ ਯੂ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਡਾ. ਸੰਦੀਪ ਸਿੰਘ ਦਾ ਸਨਮਾਨ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਪੰਜਾਬ ਦੇ ਰਾਜਪਾਲ ਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਸੀਨੀਅਰ ਜਰਨਲਿਸਟਸ ਫੋਰਮ ਚੰਡੀਗੜ੍ਹ (ਐੱਸ.ਜੇ.ਐੱਫ.) ਦੇ ਪਹਿਲੇ ਸਾਲਾਨਾ ਸਮਾਗਮ ਦੌਰਾਨ ਸਿੱਖਿਆ ਦੇ ਖੇਤਰ ਵਿੱਚ ਪਾਏ ਮਹੱਤਵਪੂਰਨ ਯੋਗਦਾਨ ਤੇ ਅਕਾਦਮਿਕ ਅਗਵਾਈ ਲਈ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਦੇਸ਼ ਭਗਤ ਯੂਨੀਵਰਸਿਟੀ ਅਮੈਰਿਕਾਜ਼ ਦੇ ਪ੍ਰੈਜ਼ੀਡੈਂਟ ਪ੍ਰੋ. (ਡਾ.) ਸੰਦੀਪ ਸਿੰਘ ਨੂੰ ਸਨਮਾਨਤ ਕੀਤਾ ਗਿਆ।ਇਹ ਸਮਾਗਮ ਚੰਡੀਗੜ੍ਹ ਦੇ ਸੈਕਟਰ 37 ਸਥਿਤ ਲਾਅ ਆਡੀਟੋਰੀਅਮ ਵਿਖੇ ਕਰਵਾਇਆ ਗਿਆ, ਜਿਸ ਵਿੱਚ ਰਾਜਪਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।


ਇਸ ਮੌਕੇ ਡਾ. ਜ਼ੋਰਾ ਸਿੰਘ ਤੇ ਪ੍ਰੋ. (ਡਾ.) ਸੰਦੀਪ ਸਿੰਘ ਦੀ ਵਿਲੱਖਣ ਅਗਵਾਈ, ਸਿੱਖਿਆ ਦੇ ਉੱਚ ਮਿਆਰਾਂ ਨੂੰ ਉਤਸ਼ਾਹਤ ਕਰਨ ਤੇ ਯੂਨੀਵਰਸਿਟੀ ਦੀ ਵਿਸ਼ਵ ਪੱਧਰੀ ਅਕਾਦਮਿਕ ਪਛਾਣ ਨੂੰ ਮਜ਼ਬੂਤ ਕਰਨ ਵਿੱਚ ਪਾਏ ਯੋਗਦਾਨ ਨੂੰ ਮਾਨਤਾ ਦਿੱਤੀ ਗਈ।ਸਮਾਗਮ ਨੂੰ ਸੰਬੋਧਨ ਕਰਦਿਆਂ ਰਾਜਪਾਲ ਕਟਾਰੀਆ ਨੇ ਚੰਡੀਗੜ੍ਹ ਪੁਲਸ ਤੇ ਕੇਂਦਰ ਸ਼ਾਸਤ ਪ੍ਰਦੇਸ਼ ਪ੍ਰਸ਼ਾਸਨ ਨੂੰ 30 ਸਤੰਬਰ ਤੱਕ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚੋਂ ਨਸ਼ੀਲੇ ਪਦਾਰਥਾਂ ਦੇ ਗੈਰ-ਕਾਨੂੰਨੀ ਵਪਾਰ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਦੀ ਸਪੱਸ਼ਟ ਮਿਆਦ ਦਿੱਤੀ।ਉਨ੍ਹਾਂ ਚੇਤਾਵਨੀ ਦਿੱਤੀ ਕਿ ਨਿਰਧਾਰਤ ਮਿਤੀ ਤੋਂ ਬਾਅਦ ਵੀ ਜੇਕਰ ਸਬੰਧਤ ਖੇਤਰਾਂ ਵਿੱਚ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਦੀ ਵਿਕਰੀ ਜਾਰੀ ਰਹੀ ਤਾਂ ਥਾਣਾ ਮੁਖੀਆਂ (ਐੱਸ.ਐੱਚ.ਓਜ਼) ਤੇ ਖੇਤਰੀ ਅਮਲੇ ਵਿਰੁੱਧ ਸਿੱਧੀ ਪ੍ਰਸ਼ਾਸਨਿਕ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਮੀਡੀਆ ਕਰਮੀਆਂ ਨੂੰ ਨਿਰਪੱਖ ਰਹਿਣ, ਉਸਾਰੂ ਮਨੋਰਥ ਨਾਲ ਕੰਮ ਕਰਨ ਤੇ ਪ੍ਰਸ਼ਾਸਨਿਕ ਤੇ ਸਿਆਸੀ ਕਮੀਆਂ ਨੂੰ ਨਿੰਡਰਤਾ ਨਾਲ ਉਜਾਗਰ ਕਰਨ ਦੀ ਅਪੀਲ ਕੀਤੀ। ਇਸ ਮੌਕੇ ਹਿੰਦੁਸਤਾਨ ਟਾਈਮਜ਼ ਦੇ ਕਾਰਜਕਾਰੀ ਸੰਪਾਦਕ ਰਮੇਸ਼ ਵਿਨਾਇਕ, ਸੀਨੀਅਰ ਪੱਤਰਕਾਰ ਜਗਤਾਰ ਸਿੰਘ, ਹਰੀਸ਼ ਮਾਨਵ ਤੇ ਹੋਰ ਤਜਰਬੇਕਾਰ ਮੀਡੀਆ ਕਰਮੀਆਂ ਨੇ ਵੀ ਬਦਲਦੇ ਮੀਡੀਆ ਦ੍ਰਿਸ਼ 'ਤੇ ਆਪਣੇ ਵਿਚਾਰ ਸਾਂਝੇ ਕੀਤੇ।ਸਮਾਗਮ ਦੌਰਾਨ ਸਿਹਤ, ਸਿੱਖਿਆ ਤੇ ਲੋਕ ਸੇਵਾ ਦੇ ਖੇਤਰ ਵਿੱਚ ਸਮਾਜ ਪ੍ਰਤੀ ਪਾਏ ਯੋਗਦਾਨ ਲਈ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਸਨਮਾਨਤ ਕੀਤਾ ਗਿਆ।ਸਮਾਗਮ ਵਿੱਚ ਫੋਰਮ ਦੇ ਸਰਪ੍ਰਸਤ ਸੁਖਦੇਵ ਸਿੰਘ, ਪ੍ਰਧਾਨ ਜਗਤਾਰ ਸਿੰਘ ਸਿੱਧੂ, ਚੇਅਰਮੈਨ ਏ.ਐੱਸ. ਪ੍ਰਾਸ਼ਰ, ਜਨਰਲ ਸਕੱਤਰ ਕੇਵਲ ਭਾਰਤੀ, ਖ਼ਜ਼ਾਨਚੀ ਸੁਰਿੰਦਰ ਸਿੰਘ ਗਰੇਆ, ਮੀਤ ਪ੍ਰਧਾਨ ਪੀ.ਜੇ.ਐੱਸ. ਤ੍ਰੇਹਨ, ਸੀਨੀਅਰ ਪੱਤਰਕਾਰ ਨਿਤਿਨ ਜੈਨ ਤੇ ਹੋਰ ਪ੍ਰਮੁੱਖ ਮੀਡੀਆ ਕਰਮੀ ਹਾਜ਼ਰ ਸਨ।

## ਆਸ਼ਾ ਵਰਕਰਾਂ ਵੱਲੋਂ 18 ਤੱਕ ਕੰਮ ਦਾ ਬਾਈਕਾਟ



**ਭਵਾਨੀਗੜ੍ਹ (ਰਾਜ ਖੁਰਮੀ)**-ਆਸ਼ਾ ਵਰਕਰ ਤੇ ਫੈਸੀਲਿਟੇਟਰ ਯੂਨੀਅਨ ਪੰਜਾਬ ਦੇ ਸੱਦੇ 'ਤੇ ਬਰਨਾਲਾ ਜ਼ਿਲ੍ਹੇ ਦੀਆਂ ਸਮੂਹ ਆਸ਼ਾ ਵਰਕਰਾਂ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦੀ ਪੂਰਤੀ ਲਈ 18 ਸਤੰਬਰ ਤੱਕ ਕੰਮ ਦਾ ਬਾਈਕਾਟ ਕੀਤਾ ਜਾ ਰਿਹਾ ਹੈ।ਇਸ ਸਬੰਧੀ ਹੋਏ ਵਰਕਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਰਾਣੋ ਖੇੜੀ ਗਿੱਲਾ ਤੇ ਜਨਰਲ ਸਕੱਤਰ ਕਮਲਜੀਤ ਕੌਰ ਭੱਟੀਵਾਲ ਖੁਰਦ ਨੇ ਪੰਜਾਬ ਸਰਕਾਰ ਤੋਂ ਆਸ਼ਾ ਵਰਕਰਾਂ ਦੀਆਂ ਮੰਗਾਂ ਤੁਰੰਤ ਪ੍ਰਵਾਨ ਕਰਨ ਦੀ ਮੰਗ ਕੀਤੀ।ਆਗੂਆਂ ਨੇ ਕਿਹਾ ਕਿ ਆਸ਼ਾ ਵਰਕਰਾਂ ਤੋਂ ਸਿਹਤ ਵਿਭਾਗ ਨਾਲ ਸਬੰਧਤ ਵੱਖ-ਵੱਖ ਜ਼ਿੰਮੇਵਾਰੀਆਂ ਨਿਭਾਉਣ ਲਈ ਲਗਾਤਾਰ ਕੰਮ ਲਿਆ ਜਾ ਰਿਹਾ ਹੈ, ਪਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਵੱਲ ਸਰਕਾਰ ਵੱਲੋਂ ਬਣਦਾ ਧਿਆਨ ਨਹੀਂ ਦਿੱਤਾ ਜਾ ਰਿਹਾ।ਉਨ੍ਹਾਂ ਕਿਹਾ ਕਿ ਆਸ਼ਾ ਵਰਕਰਾਂ 'ਤੇ ਘੱਟੋ-ਘੱਟ ਉਜ਼ਰਤ ਕਾਨੂੰਨ ਲਾਗੂ ਕੀਤਾ ਜਾਣਾ ਚਾਹੀਦਾ ਹੈ ਤੇ ਕੱਟੇ ਗਏ ਇਨਸੈਂਟਿਵ ਤੁਰੰਤ ਬਹਾਲ ਕੀਤੇ ਜਾਣੇ ਚਾਹੀਦੇ ਹਨ।ਉਨ੍ਹਾਂ ਮੰਗ ਕੀਤੀ ਕਿ ਆਸ਼ਾ ਵਰਕਰਾਂ ਤੇ ਫੈਸੀਲਿਟੇਟਰਾਂ ਨੂੰ ਮੁਫ਼ਤ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ।ਇਸ ਤੋਂ ਇਲਾਵਾ ਸੇਵਾ ਮੁਕਤੀ ਸਮੇਂ 5 ਲੱਖ ਰੁਪਏ ਦੀ ਸਹਾਇਤਾ ਅਤੇ ਹਰ ਮਹੀਨੇ 5 ਹਜ਼ਾਰ ਰੁਪਏ ਪੈਨਸ਼ਨ ਦੇਣ ਦੀ ਵਿਵਸਥਾ ਕੀਤੀ ਜਾਵੇ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੰਗਾਂ ਦਾ ਜਲਦ ਹੱਲ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਮਹਿਕ ਕੌਰ, ਹਰਪ੍ਰੀਤ ਕੌਰ ਨੰਦਗੜ੍ਹ, ਬਲਜੀਤ ਕੌਰ, ਜੀਲਾ, ਹਰਦੀਪ ਕੌਰ ਨੈਣਗੜ੍ਹ, ਮਨਜੀਤ ਕੌਰ, ਸਰਬਜੀਤ ਕੌਰ ਰਾਏ ਸਿੰਘ, ਸ਼ਿੰਦਰ ਕੌਰ ਪੰਨਵਾਂ, ਅਮਰਜੀਤ ਕੌਰ, ਕਮਲਜੀਤ ਕੌਰ ਭੱਟੀਵਾਲ ਖੁਰਦ ਤੇ ਪੁਸਵਾ ਡੇਲਵਾਲਾ ਸਮੇਤ ਵੱਡੀ ਗਿਣਤੀ ਵਿੱਚ ਆਸ਼ਾ ਵਰਕਰ ਹਾਜ਼ਰ ਸਨ।

## ਡਾ. ਅੰਬੇਡਕਰ ਦੀ ਪ੍ਰਤਿਮਾ ਨਾਲ ਛੇੜਛਾੜ ਦੇ ਵਿਰੋਧ 'ਚ ਦੋ ਘੰਟੇ ਸੜਕ ਜਾਮ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਲੁਧਿਆਣਾ ਵਿੱਚ ਡਾ. ਭੀਮ ਰਾਓ ਅੰਬੇਡਕਰ ਦੀ ਪ੍ਰਤਿਮਾ ਨਾਲ ਕਥਿਤ ਤੌਰ 'ਤੇ ਕੀਤੀ ਗਈ ਛੇੜਛਾੜ ਦੇ ਵਿਰੋਧ ਵਿੱਚ ਸੋਮਵਾਰ ਨੂੰ ਫਿਰੋਜ਼ਪੁਰ ਵਿੱਚ ਵੀ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਨੇ ਫਿਰੋਜ਼ਪੁਰ ਸ਼ਹਿਰ ਤੇ ਕੈਂਟ ਨੂੰ ਜੋੜਨ ਵਾਲੇ ਪੁਲ 'ਤੇ ਧਰਨਾ ਦੇ ਕੇ ਸੜਕ ਜਾਮ ਕਰ ਦਿੱਤੀ ਤੇ ਜੰਮ ਕੇ ਨਾਅਰੇਬਾਜ਼ੀ ਕੀਤੀ। ਪ੍ਰਦਰਸ਼ਨਕਾਰੀਆਂ ਨੇ ਕਰੀਬ ਦੋ ਘੰਟਿਆਂ ਤੱਕ ਸੜਕ ਜਾਮ ਕਰਕੇ ਆਪਣਾ ਰੋਸ ਜ਼ਾਹਰ ਕੀਤਾ। ਇਸ ਦੌਰਾਨ ਉਨ੍ਹਾਂ ਨੇ ਲੁਧਿਆਣਾ ਪ੍ਰਸ਼ਾਸਨ ਤੋਂ ਪ੍ਰਤਿਮਾ ਨਾਲ ਛੇੜਛਾੜ ਕਰਨ ਵਾਲੇ ਕਥਿਤ ਦੋਸ਼ੀਆਂ ਨੂੰ ਜਲਦ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ। ਇਸ ਮੌਕੇ ਦੀਪ ਦਸ਼ਾਨੰਦ ਨੇ ਕਿਹਾ ਕਿ ਇਹ ਪ੍ਰਦਰਸ਼ਨ ਲੁਧਿਆਣਾ ਵਿੱਚ ਡਾ. ਭੀਮ ਰਾਓ ਅੰਬੇਡਕਰ ਦੀ ਪ੍ਰਤਿਮਾ ਨਾਲ ਕੀਤੀ ਗਈ ਕਥਿਤ ਛੇੜਛਾੜ ਦੇ ਵਿਰੋਧ ਵਿੱਚ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਜੇ ਤੱਕ ਲੁਧਿਆਣਾ ਪ੍ਰਸ਼ਾਸਨ ਵੱਲੋਂ ਕਥਿਤ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ, ਜਿਸ ਦੇ ਵਿਰੋਧ ਵਿੱਚ ਅੱਜ ਦੋ ਘੰਟਿਆਂ ਲਈ ਸੜਕ ਜਾਮ ਕਰਕੇ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਨੇ ਮੰਗ ਕੀਤੀ ਕਿ ਲੁਧਿਆਣਾ ਪ੍ਰਸ਼ਾਸਨ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਪ੍ਰਤਿਮਾ ਨਾਲ ਛੇੜਛਾੜ ਕਰਨ ਵਾਲੇ ਕਥਿਤ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰੇ। ਪ੍ਰਦਰਸ਼ਨ ਕਾਰਨ ਪੁਲ 'ਤੇ ਆਵਾਜਾਈ ਵੀ ਪ੍ਰਭਾਵਿਤ ਰਹੀ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਜੇਕਰ ਮਾਮਲੇ ਵਿੱਚ ਜਲਦ ਕਾਰਵਾਈ ਨਾ ਕੀਤੀ ਗਈ ਤਾਂ ਉਹ ਅੱਗੇ ਵੀ ਆਪਣਾ ਵਿਰੋਧ ਦਰਜ ਕਰਵਾਉਣਗੇ।

## ਡਾ. ਸੁਖਦੇਵ ਸਿੰਘ ਸਿਰਸਾ ਦੇ ਹੱਕ 'ਚ ਮਾਨਸਾ 'ਚ ਭਰਵੀਂ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**

ਵਰਤਮਾਨ ਸਮੇਂ ਦੌਰਾਨ ਜਦੋਂ ਦੇਸ਼ ਫਿਰਕਾਪ੍ਰਸਤੀ ਅਤੇ ਫਾਸ਼ੀਵਾਦ ਦੇ ਦੌਰ 'ਚੋਂ ਗੁਜ਼ਰ ਰਿਹਾ ਹੈ ਤੇ ਵਿਧਾਨਪਾਲਿਕਾ, ਕਾਰਜਪਾਲਿਕਾ ਦੇ ਨਾਲ-ਨਾਲ ਸਮੁੱਚੇ ਸਿੱਖਿਆ ਤੰਤਰ ਦਾ ਭਗਵਾਂਕਰਨ ਕਰਨ ਦੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ, ਤਾਂ ਇਸ ਸਮੇਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਰਗੀ ਵਕਾਰੀ ਸੰਸਥਾ ਦੀ ਹੋਂਦ ਨੂੰ ਬਰਕਰਾਰ ਰੱਖਣ ਲਈ ਡਾ. ਸੁਖਦੇਵ ਸਿੰਘ ਸਿਰਸਾ ਵਰਗੇ ਬੁੱਧੀਜੀਵੀ ਦੀ ਸੈਨਟ ਮੈਂਬਰ ਵਜੋਂ ਚੋਣ ਕਰਨਾ ਸਾਡਾ ਸਾਰਿਆਂ ਦਾ ਇਖ਼ਲਾਕੀ ਫਰਜ਼ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਥਾਨਕ ਸ਼ਾਂਤੀ ਭਵਨ ਵਿਖੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਗ੍ਰੈਜੂਏਟ ਹਲਕੇ ਤੋਂ ਸੈਨਟ ਚੋਣ ਲੜ ਰਹੇ ਡਾ. ਸੁਖਦੇਵ ਸਿੰਘ ਸਿਰਸਾ ਦੇ ਹੱਕ ਵਿੱਚ ਰੱਖੀ ਗਈ ਮੀਟਿੰਗ ਦੌਰਾਨ ਡਾ. ਕੁਲਦੀਪ ਸਿੰਘ ਦੀਪ ਵੱਲੋਂ ਕੀਤਾ ਗਿਆ।

ਮੀਟਿੰਗ ਦੀ ਪ੍ਰਧਾਨਗੀ ਉੱਘੇ ਰੰਗਕਰਮੀ ਮਾਤਾ ਮਨਜੀਤ ਕੌਰ ਔਲਖ, ਪ੍ਰਿੰਸੀਪਲ ਦਰਸ਼ਨ ਸਿੰਘ ਤੇ ਕਹਾਣੀਕਾਰ ਦਰਸ਼ਨ ਜੋਗਾ ਨੇ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਸੁਖਦੇਵ ਸਿੰਘ ਸਿਰਸਾ ਨੇ ਕਿਹਾ ਕਿ ਉਹ ਆਪਣੇ ਅਧਿਆਪਨ ਕਾਰਜ ਦੇ ਨਾਲ-ਨਾਲ ਵਿਦਿਆਰਥੀਆਂ ਦੇ ਹੱਕਾਂ ਦੀ ਰਾਖੀ, ਲੋਕ ਘੋਲਾਂ ਅਤੇ ਸਮਾਜਿਕ ਸਰੋਕਾਰਾਂ ਦੀ ਲੜਾਈ ਵੀ ਲੜਦੇ ਆ ਰਹੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਦਾ ਕੇਂਦਰੀਕਰਨ ਕਰਨ ਤੇ ਇਸ ਨੂੰ ਆਪਣੇ ਰਾਜਨੀਤਕ ਲਾਹੇ ਲਈ ਵਰਤਣ ਦਾ ਕੇਂਦਰ ਸਰਕਾਰ ਵੱਲੋਂ ਹਰ ਹਰਬਾ ਵਰਤਿਆ ਜਾ ਰਿਹਾ ਹੈ।ਉਨ੍ਹਾਂ ਹਾਜ਼ਰੀਨ ਨੂੰ ਸੈਨਟ ਮੈਂਬਰਾਂ ਦੀਆਂ ਸ਼ਕਤੀਆਂ ਤੇ ਵੋਟ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਅਪੀਲ ਵੀ ਕੀਤੀ ਕਿ ਆਉਣ ਵਾਲੀ 20 ਸਤੰਬਰ ਨੂੰ ਲੜੀ ਨੰਬਰ 47 ਨੂੰ ਪਹਿਲੀ ਤਰਜੀਹ ਦੇ ਕੇ ਕਾਮਯਾਬ ਕੀਤਾ ਜਾਵੇ।ਪ੍ਰਧਾਨਗੀ ਭਾਸ਼ਣ ਦੌਰਾਨ ਮਾਤਾ ਮਨਜੀਤ ਕੌਰ ਔਲਖ ਤੇ ਪ੍ਰਿੰਸੀਪਲ ਦਰਸ਼ਨ ਸਿੰਘ ਨੇ ਇੱਕਸੁਰ ਹੋ ਕੇ ਸਮੁੱਚੇ ਸਾਹਿਤਕਾਰਾਂ, ਵਿਗਿਆਨਕ ਸੋਚ ਤੇ ਉਸਾਰੂ ਸਮਾਜ ਦੀ ਲੋਚਾ ਵਾਲੇ ਸਮੂਹ ਬੁੱਧੀਜੀਵੀਆਂ ਨੂੰ ਡਾ. ਸਿਰਸਾ ਦੇ ਹੱਕ 'ਚ ਡੱਟਵੀਂ ਚੋਣ ਲਹਿਰ ਖੜ੍ਹੀ ਕਰਨ ਦਾ ਪੈਗਾਮ ਦਿੱਤਾ।ਇਸ ਮੌਕੇ ਮਾਸਟਰ ਮਹਿੰਦਰਪਾਲ ਸ਼ਰਮਾ, ਅਦਾਕਾਰ ਰਾਜ ਜੋਸ਼ੀ, ਪ੍ਰਿੰਸੀਪਲ ਹਰਬੰਸ ਸਿੰਘ ਮੀਨ, ਮਨਜੀਤ ਚਾਹਲ, ਡਾ. ਸੁਪਨਦੀਪ ਕੌਰ, ਪ੍ਰੋਫੈਸਰ ਜਸਪਾਲ ਮਾਨਬੀਬੜੀਆਂ, ਸੇਠੀ ਸਿੰਘ ਸਰਾਂ, ਜਗਤਾਰ ਔਲਖ, ਪ੍ਰਸਿੱਧ ਲੇਖਕ ਨਰਿੰਜਣ ਬੋਹਾ, ਡਾ. ਗੁਰਮੇਲ ਕੌਰ ਜੋਸ਼ੀ ਤੇ ਡਾ. ਕੁਲਦੀਪ ਚੌਹਾਨ ਤੋਂ ਇਲਾਵਾ ਵੱਡੀ ਗਿਣਤੀ 'ਚ ਸਾਹਿਤ ਪ੍ਰੇਮੀ ਤੇ ਲੇਖਕ ਹਾਜ਼ਰ ਸਨ।

## ਮੀਰੀ-ਪੀਰੀ ਖ਼ਾਲਸਾ ਮਾਰਚ ਦੇ ਤੀਜੇ ਪੜਾਅ ਦੀ ਆਰੰਭਤਾ 17 ਨੂੰ : ਗੜਗੱਜ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭ ਹੋਏ 'ਮੀਰੀ-ਪੀਰੀ ਖ਼ਾਲਸਾ ਮਾਰਚ' ਦੇ ਤੀਜੇ ਪੜਾਅ ਦੀ ਆਰੰਭਤਾ 17 ਸਤੰਬਰ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਲਈ ਪੰਥਕ ਰਵਾਇਤਾਂ ਅਤੇ ਖ਼ਾਲਸਾਈ ਜਾਹੋ-ਜਲਾਲ ਨਾਲ ਹੋਵੇਗੀ। ਇਹ ਖ਼ਾਲਸਾ ਮਾਰਚ ਦੁਆਬਾ ਅਤੇ ਮਾਝਾ ਖੇਤਰ ਦੇ ਇਲਾਕਿਆਂ ਵਿੱਚ ਵੱਖ-ਵੱਖ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਵਿੱਚੋਂ ਹੁੰਦਾ ਹੋਇਆ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਪੂਰਨ ਹੋਵੇਗਾ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪਿਛਲੇ ਦੋ ਪੜਾਵਾਂ ਵਿੱਚ ਮੀਰੀ ਪੀਰੀ ਖ਼ਾਲਸਾ ਮਾਰਚ ਨੂੰ ਸਿੱਖ ਸੰਗਤ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ ਅਤੇ ਖ਼ਾਸਕਰ ਵੱਡੀ ਗਿਣਤੀ ਵਿੱਚ ਨੌਜਵਾਨਾਂ ਅਤੇ ਬੱਚਿਆਂ ਦੀ ਸ਼ਮੂਲੀਅਤ ਨੇ ਦਰਸਾਇਆ ਹੈ ਕਿ ਉਹ ਗੁਰੂ ਸਾਹਿਬਾਨ ਦੀ ਸਿੱਖੀ ਅਤੇ ਸੰਕਲਪ ਨਾਲ ਜੁੜਨਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਅੱਜ ਵੀ ਚੜ੍ਹਦੀ ਕਲਾ ਵਿੱਚ ਹੈ ਅਤੇ ਲੋੜ ਸਿਰਫ਼ ਨੌਜਵਾਨਾਂ ਨੂੰ ਸਿੱਖੀ ਨਾਲ ਜੋੜਨ ਅਤੇ ਨਸ਼ਿਆਂ ਤੋਂ ਬਚਾਉਣ ਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਅੱਜ ਵੀ ਸਿੱਖੀ ਦੀ ਪੂਰਾ ਜਜ਼ਬਾ ਕਾਇਮ ਹੈਅਤੇ ਅਰਦਾਸ ਕੀਤੀ ਕਿ ਅਗਾਂਹ ਵੀ ਇਹ ਇਸੇ ਤਰ੍ਹਾਂ ਹੀ ਰਹੇ। ਉਨ੍ਹਾਂ ਕਿਹਾ ਕਿ ਤੀਜੇ ਪੜਾਅ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੁੱਚੇ ਪ੍ਰਬੰਧ ਮੁਕੰਮਲ ਕਰ ਲਈ ਗਏ ਹਨ। ਉਨ੍ਹਾਂ ਸਮੂਹ ਸਿੱਖ ਸੰਗਤਾਂ ਅਤੇ ਖ਼ਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਮੀਰੀ ਪੀਰੀ ਖ਼ਾਲਸਾ ਮਾਰਚ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਕੇ ਸਿੱਖੀ ਦਾ ਸੁਨੇਹਾ ਪ੍ਰਾਪਤ ਕਰਨ ਅਤੇ ਗੁਰਮਤਿ ਅਨੁਸਾਰ ਆਪਣਾ ਜੀਵਨ ਜਿਊਣ।


**SBI Stat Bank of India**
Branch:- ADB DHURI 50028
DISTRICT : SANGRUR (PB)

### ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਸਹਿ-ਕਰਜ਼ਦਾਰਾਂ ਨੇ ਉਨ੍ਹਾਂ ਵੱਲੋਂ ਬੈਂਕ ਕੋਲੋਂ ਪ੍ਰਾਪਤ ਕੀਤੀਆਂ ਕਰਜ਼ਾ ਸਹੂਲਤਾਂ ਦੇ ਮੂਲ ਅਤੇ ਵਿਆਜ ਦੀ ਮੁੜ ਅਦਾਇਗੀ 'ਚ ਨਾਕਾਮੀ ਦਿਖਾਈ ਹੈ ਅਤੇ ਉਕਤ ਸਹੂਲਤਾਂ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੀਆਂ ਗਈਆਂ ਹਨ। ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤਾ ਜਾ ਚੁੱਕਾ ਹੈ। ਬੇਸ਼ੱਕ ਕੁਝ ਮਾਮਲਿਆਂ 'ਚ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ ਅਤੇ ਹੋਰ ਮਾਮਲਿਆਂ 'ਚ ਪ੍ਰਾਪਤੀ ਰਸੀਦਾਂ ਹਾਸਲ ਨਹੀਂ ਹੋਈਆਂ। ਅਜਿਹੇ 'ਚ 'ਚ ਕਰਜ਼ਦਾਰਾਂ/ਗਰੰਟਰਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾਂਦੀ ਹੈ।

| ਕਰਜ਼ਦਾਰ/ਗਰੰਟਰ/ਭਾਈਵਾਲ ਅਤੇ ਰਹਿਣਕਾਰ ਦਾ ਨਾਂਅ | ਚੱਲ/ਅਚੱਲ ਐੱਸਟਸ ਦਾ ਵੇਰਵਾ | ਨਾਨ-ਪ੍ਰਫਾਰਮਿੰਗ ਐੱਸਟ (ਐੱਨ ਪੀ ਏ) ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) ਏ) ਮੈਸਰਜ਼ ਸ਼ਕਤੀ ਆਟੋ ਏਜੰਸੀ ਰਾਹੀਂ ਇਸ ਦੇ ਮਾਲਕ ਸ੍ਰੀ ਸ਼ਕਤੀ ਭੂਸ਼ਨ, ਸ਼ੇਰਪੁਰ ਰੋਡ, ਧੂਰੀ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ (ਪੰਜਾਬ)-148204 ਬੀ) ਸ੍ਰੀ ਸ਼ਕਤੀ ਭੂਸ਼ਨ ਪੁੱਤਰ ਸ੍ਰੀ ਕੇਵਲ ਕ੍ਰਿਸ਼ਨ ਵਾਸੀ ਧਨੌਲਾ, ਜ਼ਿਲ੍ਹਾ ਬਰਨਾਲਾ (ਪੰਜਾਬ)-148105 ਗਰੰਟਰ : ਸ੍ਰੀ ਮੰਜੂ ਬਾਲਾ ਪਤਨੀ ਸ੍ਰੀ ਸ਼ਕਤੀ ਭੂਸ਼ਨ ਭੈਣੀ ਸਾਹਿਬ, ਵਾਰਡ ਨੰ. 8, ਧਨੌਲਾ, ਜ਼ਿਲ੍ਹਾ ਬਰਨਾਲਾ (ਪੰਜਾਬ)-148105 | ਭਾਗ I :- (ਚੱਲ ਐੱਸਟਸ) ਏ) ਹਾਈਪੋਥੇਕੇਟਿਡ ਜਾਇਦਾਦ ਜੋ ਕਿ ਕਰੰਟ ਐੱਸਟਸ ਜਿਸ ਸ਼ਾਮਲ ਹਨ ਸਟਾਕਸ, ਕਰਜ਼ਾ ਵਹੀਆਂ, ਪ੍ਰਾਪਤੀਯੋਗ, ਕੰਜ਼ਿਊਮੇਬਲ ਸਟੋਰਜ਼ ਅਤੇ ਸਪੇਅਰ ਅਤੇ ਹਾਈਪੋਥੇਕੇਟਿਡ ਅਚੱਲ ਪਲਾਂਟ ਅਤੇ ਮਸ਼ੀਨਰੀ ਆਦਿ ਜਿਨ੍ਹਾਂ ਦੇ ਵੇਰਵਾ ਦਸਤਾਵੇਜ਼ਾਂ 'ਚ ਦਿੱਤਾ ਗਿਆ ਹੈ। ਭਾਗ II :- ਅਚੱਲ ਜਾਇਦਾਦ :- ਜ਼ਮੀਨ ਰਕਬਾ 1 ਬਿਘਾ, ਵੇਰਵਾ ਹੇਠ ਅਨੁਸਾਰ : ਏ) ਜ਼ਮੀਨ ਰਕਬਾ 0-2 ਬਿਸਵਾ ਅਤੇ 13-1/3 ਬਿਸਵਾਸੀ, ਜ਼ਮੀਨ ਰਕਬਾ 28 ਬਿਘਾ 19 ਬਿਸਵਾ ਦਾ 160/34740 ਹਿੱਸਾ, ਖੱਤਾ/ਖਤੌਨੀ ਨੰ. 296/510, ਖਸਰਾ ਨੰ. 2468/1861//1384(5-1), 1386 (1-18), 1387 (1-16), 1390(3-3), 1391 (7-6) 1392 (3-10) ਅਤੇ 1393 (6-5), ਪਿੰਡ ਕਹੇਰੂ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ (ਪੰਜਾਬ), ਜਮ੍ਹਾਂਬੰਦੀ ਸਾਲ 2018-2019, ਸ੍ਰੀਮਤੀ ਮੰਜੂ ਬਾਲਾ ਦੇ ਨਾਂਅ ਰਜਿਸਟਰਡ, ਬੈਨਾਮਾ ਵਸੀਕਾ ਨੰ. 4230 ਮਿਤੀ 30/12/2011 ਅਨੁਸਾਰ। ਹੱਦਾਂ ਹੇਠ ਅਨੁਸਾਰ : ਪੂਰਬ : 20' ਪਾਲ ਮੈਡੀਕਲ, ਪੱਛਮ : 20' ਵਿਨੋਦ ਕੁਮਾਰ, ਉੱਤਰ : 60' ਮਾਲਕ, ਦੱਖਣ : 60' ਸੜਕ। ਬੀ) ਜ਼ਮੀਨ ਰਕਬਾ 0-17 ਬਿਸਵਾ ਅਤੇ 06-2/3 ਬਿਸਵਾਸੀ, ਜ਼ਮੀਨ ਰਕਬਾ 28 ਬਿੱਘਾ 19 ਬਿਸਵਾ ਦਾ 1040/34740 ਹਿੱਸਾ, ਖੱਤਾ ਨੰ. 296/510, ਖਸਰਾ ਨੰ. 2468/1861/1384 (5-1), 1386 (1-18), 1387 (1-16), 1390 (3-3), 1391 (7-6), 1392 (3-10) ਅਤੇ 1393 (6-5) ਪਿੰਡ ਕਹੇਰੂ ਵਿਖੇ ਸਥਿਤ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ (ਪੰਜਾਬ) ਜਮ੍ਹਾਂਬੰਦੀ ਸਾਲ 2018-2019, ਸ੍ਰੀਮਤੀ ਮੰਜੂ ਬਾਲਾ ਦੇ ਨਾਂਅ ਰਜਿਸਟਰਡ, ਬੈਨਾਮਾ ਵਸੀਕਾ ਨੰ. 4236 ਮਿਤੀ 30/12/2011 ਅਨੁਸਾਰ, ਹੱਦਾਂ ਹੇਠ ਅਨੁਸਾਰ : ਪੂਰਬ : 20' ਪਾਲ ਮੈਡੀਕਲ, ਪੱਛਮ : 20' ਵਿਨੋਦ ਕੁਮਾਰ, ਉੱਤਰ : 60' ਮਾਲਕ, ਦੱਖਣ : 60' ਸੜਕ। | 29-07-2018 | 03-09-2026 | 03/09/2026 ਨੂੰ ਰੁਪਏ 43,61,698.00/- (ਤਰਤਾਲੀ ਲੱਖ ਇਕਾਹਠ ਹਜ਼ਾਰ ਛੇ ਸੌ ਅਠਾਨਵੇਂ ਰੁਪਏ ਕੇਵਲ) ਤੁਸੀਂ ਉਕਤ ਰਕਮ 'ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਸਮੇਤ ਅਚਨਚੇਤੀ ਖਰਚੇ, ਲਾਗਤਾਂ, ਚਾਰਜਿਜ਼ ਆਦਿ ਦੀ ਅਦਾਇਗੀ ਲਈ ਵੀ ਜ਼ਿੰਮੇਵਾਰ ਹੋ। |

ਬਦਲਵੀਂ ਨੋਟਿਸ ਸੇਵਾ ਵਾਸਤੇ ਕਦਮ ਉਠਾਏ ਜਾ ਰਹੇ ਹਨ, ਉਪਰੋਕਤ ਕਰਜ਼ਦਾਰ ਅਤੇ/ਜਾਂ ਉਨ੍ਹਾਂ ਦੇ ਗਰੰਟਰ (ਜਿੱਥੇ ਵੀ ਲਾਗੂ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਬਕਾਇਆ ਰਕਮ ਦੀ ਅਦਾਇਗੀ ਕਰਨ ਦਾ ਸੱਦਾ ਦਿੱਤਾ ਗਿਆ ਹੈ, ਅਸਫਲ ਰਹਿਣ 'ਤੇ ਇਸ ਨੋਟਿਸ ਦੀ ਮਿਤੀ ਤੋਂ 60 ਦਿਨ ਗੁਜ਼ਰ ਜਾਣ ਦੇ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੀ ਪ੍ਰਾਪਤੀ 'ਤੇ ਬੈਂਕ ਦੀ ਮਨਜ਼ੂਰੀ ਤੋਂ ਬਿਨਾਂ ਤੇ ਕਾਰੋਬਾਰ ਦੀ ਆਮ ਪ੍ਰਕਿਰਿਆ ਤੋਂ ਇਲਾਵਾ ਤੁਹਾਡੇ 'ਤੇ ਉਪਰੋਕਤ ਸਕਿਉਰਟੀਜ਼ ਦੇ ਨਿਪਟਾਰੇ ਜਾਂ ਸੌਦੇਬਾਜ਼ੀ 'ਤੇ ਪਾਬੰਦੀ ਹੈ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਇਸ ਸੈਕਸ਼ਨ ਦੀ ਕਿਸੇ ਤਰ੍ਹਾਂ ਦੀ ਉਲੰਘਣਾ ਕਰਨ 'ਤੇ ਗੰਭੀਰ ਨਤੀਜੇ ਭੁਗਤਣੇ ਪੈ ਸਕਦੇ ਹਨ। ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਸੰਬੰਧਤ ਬਰਾਂਚ ਤੋਂ ਨੋਟਿਸ ਪ੍ਰਾਪਤੀ ਦੀ ਕਾਪੀ ਹਾਸਲ ਕਰਨ ਦੀ ਵੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 14.09.2026 ਸਥਾਨ : ਧੂਰੀ ਅਧਿਕਾਰਤ ਅਫਸਰ

# ਖੇਡਾਂ ਵਤਨ ਪੰਜਾਬ ਦੀਆਂ 'ਚ ਸਪਰਿੰਗ ਡਿਊ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



ਜਗਰਾਉਂ (ਅਮਿਤ ਖੰਨਾ)-ਮਾਲਵੇ ਦੀ ਪ੍ਰਸਿੱਧ ਸੰਸਥਾ ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਨੇ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਪਿੰਡ ਕਮਾਲਪੁਰਾ ਵਿਖੇ ਕਰਵਾਏ ਗਏ ਵੱਖ ਵੱਖ ਐਥਲੈਟਿਕ ਮੁਕਾਬਲਿਆਂ ਵਿੱਚ ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।ਵਿਦਿਆਰਥੀਆਂ ਨੇ ਦੌੜਾਂ ਤੇ ਲੰਬੀ ਛਾਲ ਦੇ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ ਤੇ ਕਈ ਪੁਜ਼ੀਸ਼ਨਾਂ ਹਾਸਲ ਕੀਤੀਆਂ 200 ਅੰਡਰ 17 ਵਰਗ ਵਿੱਚ ਸਕੂਲ ਦੀ ਵਿਦਿਆਰਥਣ ਨੇਹਾ ਨੇ 1500 ਮੀਟਰ ਵਿਚ ਅਤੇ 200 ਮੀਟਰ ਦੌੜ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਅੰਡਰ 19 ਵਰਗ ਵਿੱਚ ਤਨਵੀਰ ਨੇ 400 ਮੀਟਰ ਤੇ 800 ਮੀਟਰ ਦੌੜ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਅੰਡਰ 21 ਵਰਗ ਵਿੱਚ ਨਿਆਸ਼ਾ ਨੇ 1500 ਮੀਟਰ ਦੌੜ ਵਿੱਚ ਪਹਿਲਾ ਸਥਾਨ, ਜਦਕਿ 800 ਮੀਟਰ ਦੌੜ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।ਅੰਡਰ 14 ਲੰਬੀ ਛਾਲ ਦੇ ਮੁਕਾਬਲੇ ਵਿੱਚ ਪਰਮਜੀਤ ਕੌਰ ਨੇ ਪਹਿਲਾ ਤੇ ਇੰਦਰਜੀਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਕੁਲਜੀਤ ਕੌਰ (ਡੀ.ਪੀ. ਟੀਚਰ) ਨੇ 100 ਮੀਟਰ ਦੌੜ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਸਕੂਲ ਦੀ ਪ੍ਰਿੰਸੀਪਲ ਰੀਨਾ ਜੈਦਿਕਾ ਤੇ ਵਾਇਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਬੱਚਿਆਂ ਵਿੱਚ ਅਨੁਸ਼ਾਸਨ ਆਤਮ ਵਿਸ਼ਵਾਸ ਤੇ ਟੀਮ ਭਾਵਨਾ ਪੈਦਾ ਕਰਦੀਆਂ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਮਿਹਨਤ ਤੇ ਲਗਨ ਨਾਲ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਮੂਹ ਮੈਨੇਜਮੈਂਟ ਮੈਂਬਰ ਪ੍ਰੈਜ਼ੀਡੈਂਟ ਮਨਜੀਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਸ.ਬਹਾਦਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ.ਐਸ.ਏ. ਹਾਜ਼ਰ ਸਨ।

# ਨਵ-ਵਿਆਹੁਤਾ ਦੀ ਲਾਸ਼ ਚੌਥੇ ਦਿਨ ਨਹਿਰ 'ਚੋਂ ਲੱਭੀ

## ਮ੍ਰਿਤਕਾ ਦੇ ਪਤੀ ਤੇ ਸੱਸ ਵਿਰੁੱਧ ਕੇਸ ਦਰਜ



ਧਾਰੀਵਾਲ, (ਮਨਦੀਪ ਵਿੱਕੀ)-ਸਹੁਰਾ ਪਰਿਵਾਰ ਤੋਂ ਦੁੱਖੀ ਹੋ ਕੇ ਸ਼ਹਿਰ ਧਾਰੀਵਾਲ ਵਿੱਚੋਂ ਲੰਘਦੀ ਅਪਰ ਬਾਰੀ ਦੋਆਬ ਨਹਿਰ ਵਿੱਚ 11 ਸਤੰਬਰ ਨੂੰ ਇੱਕ 24 ਸਾਲਾ ਨਵ-ਵਿਆਹੁਤਾ ਲੜਕੀ ਚੇਤਨਾ ਵੱਲੋਂ ਛਾਲ ਮਾਰ ਕੇ ਆਤਮ ਹੱਤਿਆ ਕਰਨ ਦੇ ਬਾਅਦ ਉਸ ਦੀ ਲਾਸ਼ ਚੌਥੇ ਦਿਨ ਘਟਨਾ ਸਥਾਨ ਤੋਂ 15 ਕਿਲੋਮੀਟਰ ਦੂਰੀ ਨਹਿਰ ਵਿੱਚੋਂ ਕਿਲਾ ਲਾਲ ਸਿੰਘ ਪੁਲ ਨਜ਼ਦੀਕ ਲੱਭ ਗਈ ਹੈ।ਪੁਲਸ ਨੇ ਵਿਭਾਗੀ ਕਾਰਵਾਈ ਕਰਦੇ ਹੋਏ ਪੋਸਟਮਾਰਟਮ ਕਰਵਾ ਕੇ ਉਸ ਦੇ ਪੇਕਾ ਪਰਿਵਾਰ ਕਾਦੀਆਂ ਵਾਸੀ ਨੂੰ ਸੌਂਪ ਦਿੱਤੀ।ਅੰਤਿਮ ਸਸਕਾਰ ਕਾਦੀਆਂ ਵਿਖੇ ਸ਼ਮਸ਼ਾਨਘਾਟ ਵਿੱਚ ਪਰਿਵਾਰ ਅਤੇ ਰਿਸ਼ਤੇਦਾਰਾਂ ਵੱਲੋਂ ਨਮ ਅੱਖਾਂ ਨਾ ਕਰ ਦਿੱਤਾ ਗਿਆ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਪਲਵਿੰਦਰ ਕੌਰ ਮਾਹਲ ਦੇ ਪਤੀ ਸਰਬਜੀਤ ਸਿੰਘ, ਨਗਰ ਕੌਂਸਲ ਦੇ ਵਾਈਸ ਪ੍ਰਧਾਨ ਗੁਰਵਿਲਾਸ ਸਿੰਘ ਨੀਟਾ ਮਾਹਲ ਸਮੇਤ ਹੋਰ ਵੀ ਪ੍ਰਮੁੱਖ ਸ਼ਖ਼ਸੀਅਤਾਂ ਤੇ ਸ਼ਹਿਰ ਵਾਸੀਆਂ ਨੇ ਪਹੁੰਚ ਕੇ ਇਸ ਮੰਦਭਾਗੀ ਘਟਨਾ ਤੇ ਚਿੰਤਾ ਪ੍ਰਗਟ ਕਰਦਿਆਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਮ੍ਰਿਤਕਾ ਦੀ ਮਾਂ ਪੂਨਮ ਪਤਨੀ ਲੇਟ ਵਿਕਾਸ ਕੁਮਾਰ ਵਾਸੀ ਕਾਦੀਆਂ ਨੇ ਥਾਣਾ ਧਾਰੀਵਾਲ ਦੀ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਸਦੀ ਲੜਕੀ ਚੇਤਨਾ ਉਮਰ 24 ਸਾਲ ਦਾ ਵਿਆਹ 10.06.2026 ਨੂੰ ਜਤਿਨ ਪੁਰੀ ਪੁੱਤਰ ਵਿਜੇ ਪੁਰੀ ਵਾਸੀ ਧਾਰੀਵਾਲ ਨਾਲ ਹੋਇਆ ਸੀ।ਉਸ ਦਾ ਪਤੀ ਜਤਿਨ ਪੁਰੀ ਅਤੇ ਸੱਸ ਰਾਜ ਪੁਰੀ ਦਹੇਜ ਦੀ ਖਾਤਰ ਉਸਨੂੰ ਤੰਗ ਪ੍ਰੇਸ਼ਾਨ ਕਰਦੇ ਸਨ। ਤੰਗ ਪ੍ਰੇਸ਼ਾਨ ਹੋ ਕੇ ਉਸ ਦੀ ਲੜਕੀ ਨੇ 11.09.2026 ਨੂੰ ਬਾਅਦ ਦੁਪਹਿਰ ਕਰੀਬ 3 ਵਜੇ ਧਾਰੀਵਾਲ ਨਹਿਰ ਵਿੱਚ ਛਾਲ ਮਾਰ ਦਿੱਤੀ। ਜਾਂਚ ਅਧਿਕਾਰੀ ਏਐਸਆਈ ਕੁਲਦੀਪ ਸਿੰਘ ਨੇ ਮ੍ਰਿਤਕਾ ਦੀ ਮਾਂ ਦੇ ਬਿਆਨਾਂ ਅਨੁਸਾਰ ਉਸਦੇ ਪਤੀ ਜਤਿਨ ਪੁਰੀ ਅਤੇ ਸੱਸ ਰਾਜ ਪੁਰੀ ਵਾਸੀਆਨ ਧਾਰੀਵਾਲ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਵਰਲਡ ਯੂਨੀਵਰਸਿਟੀ ਵਿਖੇ 'ਕਿਸ਼ੋਰ ਮਨ ਤੇ ਭਾਵਨਾਤਮਕ ਬੁੱਧੀਮਤਾ' ਵਿਸ਼ੇ 'ਤੇ ਭਾਸ਼ਣ



ਸ੍ਰੀ ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਸਿੱਖਿਆ ਵਿਭਾਗ ਵੱਲੋਂ 'ਐਜੂ ਟਾਕ ਲੜੀ' ਅਧੀਨ ਕਿਸ਼ੋਰ ਮਨ ਤੇ ਭਾਵਨਾਤਮਕ ਬੁੱਧੀਮਤਾ ਵਿਸ਼ੇ 'ਤੇ ਵਿਸ਼ੇਸ਼ ਭਾਸ਼ਣ ਕਰਵਾਇਆ ਗਿਆ।ਇਸ ਮੌਕੇ ਡਾ. ਜਸਵੀਰ ਕੌਰ ਚਾਹਲ ਪ੍ਰੋਫੈਸਰ ਸਿੱਖਿਆ ਵਿਭਾਗ ਨੇ ਕਿਸ਼ੋਰ ਅਵਸਥਾ ਨਾਲ ਸਬੰਧਤ ਮਨੋਵਿਗਿਆਨਕ ਤੇ ਭਾਵਨਾਤਮਕ ਪਹਿਲੂਆਂ ਬਾਰੇ ਵਿਚਾਰ ਸਾਂਝੇ ਕਰਦਿਆਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਭਾਵਨਾਤਮਕ ਬੁੱਧੀਮਤਾ ਦੀ ਮਹੱਤਤਾ ਨੂੰ ਉਜਾਗਰ ਕੀਤਾ।ਭਾਸ਼ਣ ਦੌਰਾਨ ਕਿਸ਼ੋਰ ਅਵਸਥਾ ਵਿੱਚ ਆਉਣ ਵਾਲੀਆਂ ਭਾਵਨਾਤਮਕ ਤਬਦੀਲੀਆਂ ਤੇ ਉਨ੍ਹਾਂ ਨਾਲ ਜੁੜੀਆਂ ਚੁਣੌਤੀਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ।ਇਸ ਦੇ ਨਾਲ ਸਵੈ-ਜਾਗਰੂਕਤਾ, ਭਾਵਨਾਵਾਂ ਦੇ ਨਿਯਮਨ, ਹਮਦਰਦੀ, ਆਪਸੀ ਸਬੰਧਾਂ ਤੇ ਭਾਵਨਾਵਾਂ ਦੇ ਜ਼ਿੰਮੇਵਾਰ ਪ੍ਰਗਟਾਵੇ ਵਰਗੇ ਮਹੱਤਵਪੂਰਨ ਪੱਖਾਂ ਨੂੰ ਵੀ ਵਿਚਾਰਿਆ ਗਿਆ।ਡਾ. ਚਾਹਲ ਨੇ ਕਿਸ਼ੋਰਾਂ ਦੀਆਂ ਅਕਾਦਮਿਕ ਲੋੜਾਂ ਦੇ ਨਾਲ-ਨਾਲ ਉਨ੍ਹਾਂ ਦੀਆਂ ਭਾਵਨਾਤਮਕ ਲੋੜਾਂ ਨੂੰ ਸਮਝਣ ਅਤੇ ਉਨ੍ਹਾਂ ਲਈ ਸਹਾਇਕ ਤੇ ਸੰਵੇਦਨਸ਼ੀਲ ਸਿੱਖਣ ਵਾਤਾਵਰਨ ਸਿਰਜਣ ਵਿੱਚ ਅਧਿਆਪਕਾਂ ਦੀ ਭੂਮਿਕਾ 'ਤੇ ਵੀ ਜ਼ੋਰ ਦਿੱਤਾ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਨੇ ਵਿਭਾਗ ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਅਜਿਹੇ ਅਕਾਦਮਿਕ ਮੰਚਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਜੋ ਸਿੱਖਿਆ ਤੇ ਮਨੋਵਿਗਿਆਨ ਨਾਲ ਸਬੰਧਤ ਸਮਕਾਲੀ ਮੁੱਦਿਆਂ 'ਤੇ ਸਾਰਥਕ ਵਿਚਾਰ-ਵਟਾਂਦਰੇ ਲਈ ਮੌਕੇ ਪ੍ਰਦਾਨ ਕਰਦੇ ਹਨ।ਡਾ. ਹਰਪ੍ਰੀਤ ਬਿਲਿੰਗ ਮੁਖੀ ਸਿੱਖਿਆ ਵਿਭਾਗ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ 'ਐਜੂ ਟਾਕ ਲੜੀ' ਨੂੰ ਵਿਭਾਗ ਦੀ ਇੱਕ ਨਿਯਮਿਤ ਅਕਾਦਮਿਕ ਪਹਿਲ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ।ਇਸ ਲੜੀ ਤਹਿਤ ਹਰ ਮਹੀਨੇ ਦੋ ਵਿਸ਼ੇਸ਼ ਭਾਸ਼ਣ ਕਰਵਾਉਣ ਦੀ ਯੋਜਨਾ ਹੈ। ਇਸ ਦਾ ਉਦੇਸ਼ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਤਜਰਬੇਕਾਰ ਅਕਾਦਮਿਕ ਮਾਹਰਾਂ ਨਾਲ ਵਿਚਾਰ-ਵਟਾਂਦਰੇ ਦੇ ਮੌਕੇ ਪ੍ਰਦਾਨ ਕਰਨਾ, ਉਨ੍ਹਾਂ ਦੇ ਅਕਾਦਮਿਕ ਦਾਇਰੇ ਨੂੰ ਵਿਸ਼ਾਲ ਕਰਨਾ ਤੇ ਕਲਾਸਰੂਮ ਸਿੱਖਿਆ ਨੂੰ ਸਮਕਾਲੀ ਸਿੱਖਿਆਤਮਕ, ਮਨੋਵਿਗਿਆਨਕ ਤੇ ਸਮਾਜਿਕ ਮੁੱਦਿਆਂ ਨਾਲ ਜੋੜਨਾ ਹੈ।ਪ੍ਰੋਗਰਾਮ ਦੇ ਅੰਤ ਵਿੱਚ ਸ੍ਰੀਮਤੀ ਨਵਜੋਤ ਕੌਰ, ਸਹਾਇਕ ਪ੍ਰੋਫੈਸਰ ਤੇ ਕੋਆਰਡੀਨੇਟਰ ਵੱਲੋਂ ਧੰਨਵਾਦ ਦਾ ਮਤਾ ਪੇਸ਼ ਕੀਤਾ ਗਿਆ।

# ਕਮਿਊਨਿਟੀ ਹੈਲਥ ਅਫ਼ਸਰਾਂ ਨੇ ਐੱਸ ਐੱਮ ਓ ਨੂੰ ਸੌਂਪਿਆ ਮੈਮੋਰੰਡਮ



ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਸੀਐੱਚਓ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲੰਬਿਤ ਰੱਖੀ ਅਤੇ ਜਾਇਜ਼ ਮੰਗਾਂ ਦੇ ਹੱਲ ਸਬੰਧੀ ਸੀਨੀਅਰ ਮੈਡੀਕਲ ਅਫ਼ਸਰ (ਐੱਸਐੱਮਓ) ਨੂੰ ਮੈਮੋਰੰਡਮ ਸੌਂਪਿਆ ਗਿਆ। ਇਸ ਮੌਕੇ ਸੀਐੱਚਓ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੰਗਾਂ ਦੇ ਹੱਲ ਲਈ ਕੀਤੇ ਜਾ ਰਹੇ ਲਗਾਤਾਰ ਭਰੋਸਿਆਂ ਦੇ ਬਾਵਜੂਦ ਕੋਈ ਠੋਸ ਤੇ ਲਿਖਤੀ ਫੈਸਲਾ ਨਾ ਹੋਣ 'ਤੇ ਭਾਰੀ ਰੋਸ ਪ੍ਰਗਟ ਕੀਤਾ। ਕਮਿਊਨਿਟੀ ਹੈਲਥ ਅਫਸਰ ਨਰਿੰਦਰ ਸਿੰਘ ਤੇ ਡਾ. ਪ੍ਰੀਤ ਮਖੀਜਾ ਨੇ ਕਿਹਾ ਕਿ ਸੀਐੱਚਓ ਦੀਆਂ ਮੰਗਾਂ ਸਬੰਧੀ ਸਰਕਾਰ ਤੇ ਵਿਭਾਗ ਨਾਲ ਕਈ ਮੀਟਿੰਗਾਂ ਹੋ ਚੁੱਕੀਆਂ ਹਨ। ਹਰ ਵਾਰ ਮੰਗਾਂ ਦੇ ਹੱਲ ਦਾ ਭਰੋਸਾ ਦਿੱਤਾ ਜਾਂਦਾ ਹੈ, ਪਰ ਅਜੇ ਤੱਕ ਕਿਸੇ ਵੀ ਮੁੱਖ ਮੰਗ ਦਾ ਪੱਕਾ ਹੱਲ ਨਹੀਂ ਕੀਤਾ ਗਿਆ। ਵਾਰ-ਵਾਰ ਸਮਾਂ ਲੰਘਾਉਣ ਕਾਰਨ ਪੰਜਾਬ ਭਰ ਦੇ ਸੀਐੱਚਓ ਵਿਚ ਰੋਸ ਵੱਧਦਾ ਜਾ ਰਿਹਾ ਹੈ। ਸੀਐੱਚਓ ਦੀਆਂ ਮੁੱਖ ਮੰਗਾਂ ਵਿਚ ਸੀਐੱਚਓ ਦਾ ਕੇਡਰ ਸੈਂਕਸ਼ਨ ਕਰਕੇ ਰੈਗੂਲਰ ਗ੍ਰੇਡ ਪੇ ਦੇ ਕੇ ਰੈਗੂਲਰ ਕੀਤਾ ਜਾਵੇ, ਤਨਖਾਹ ਵਿੱਚ 5000 ਪ੍ਰਤੀ ਮਹੀਨਾ ਵਾਧਾ ਕੀਤਾ ਜਾਵੇ ਤੇ ਬਣਦਾ ਬਕਾਇਆ ਦਿੱਤਾ ਜਾਵੇ, ਲੋਇਲਟੀ ਬੋਨਸ/ਐਕਸਪੀਰੀਅੰਸ ਬੋਨਸ ਮੁੜ ਬਹਾਲ ਕੀਤਾ ਜਾਵੇ, ਇਨਸੈਂਟਿਵ ਨੂੰ ਤਨਖ਼ਾਹ ਵਿਚ ਮਰਜ ਕੀਤਾ ਜਾਵੇ, ਇਨਸੈਂਟਿਵ ਫਾਰਮਾਂ ਨੂੰ ਸੀਐੱਚਓ ਨੁਮਾਇੰਦਿਆਂ ਨਾਲ ਹੋਈ ਸਹਿਮਤੀ ਅਨੁਸਾਰ ਸੋਧਿਆ ਜਾਵੇ। ਆਗੂਆਂ ਨੇ ਦੱਸਿਆ ਕਿ ਮੰਗਾਂ ਦੇ ਹੱਲ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਦੇ ਹੋਏ 16 ਸਤੰਬਰ 2026 ਨੂੰ ਪੰਜਾਬ ਦੇ ਸਮੂਹ ਜ਼ਿਲ੍ਹਿਆਂ ਵਿਚ ਸਿਵਲ ਸਰਜਨ ਦਫ਼ਤਰਾਂ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਤੇ ਮੰਗ ਪੱਤਰ ਸੌਂਪਿਆ ਜਾਵੇਗਾ। ਇਸ ਤੋਂ ਬਾਅਦ 18 ਸਤੰਬਰ 2026 ਨੂੰ ਦਿੜ੍ਹਬਾ ਵਿਖੇ ਰੋਸ ਧਰਨਾ ਅਤੇ ਰੈਲੀ ਕੀਤੀ ਜਾਵੇਗੀ, ਜਿਸ ਵਿਚ ਪੰਜਾਬ ਭਰ ਤੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਸੀਐੱਚਓ ਐਸੋਸੀਏਸ਼ਨ ਪੰਜਾਬ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਸੀਐੱਚਓ ਦੀਆਂ ਲੰਬਿਤ ਮੰਗਾਂ ਨੂੰ ਤੁਰੰਤ ਵਿਚਾਰ ਅਧੀਨ ਲੈ ਕੇ ਇਨ੍ਹਾਂ ਦਾ ਠੋਸ ਤੇ ਸਮਾਂਬੱਧ ਹੱਲ ਕੀਤਾ ਜਾਵੇ।

# ਧਾਲੀਵਾਲ ਨੇ ਕੇਂਦਰੀ ਜਲ ਸ਼ਕਤੀ ਮੰਤਰੀ ਨਾਲ ਕੀਤੀ ਮੁਲਾਕਾਤ

**ਅਜਨਾਲਾ ਨੂੰ ਹੜ੍ਹਾਂ ਤੋਂ ਬਚਾਉਣ ਲਈ ਡੈਮ ਦੇ ਨਿਰਮਾਣ ਦੀ ਕੀਤੀ ਮੰਗ**

ਚੰਡੀਗੜ੍ਹ (ਗੁਰਜੀਤ ਬਿੱਲਾ)-ਅਜਨਾਲਾ ਤੋਂ ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਅਜਨਾਲਾ ਹਲਕੇ ਦੇ ਸਰਪੰਚਾਂ ਦੇ ਵਫ਼ਦ ਨਾਲ ਕੇਂਦਰੀ ਜਲ ਸ਼ਕਤੀ ਮੰਤਰੀ ਸੀ ਆਰ ਪਾਟਿਲ ਨਾਲ ਮੁਲਾਕਾਤ ਕੀਤੀ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਅਜਨਾਲਾ ਨੂੰ ਬਾਰ-ਬਾਰ ਆਉਂਦੇ ਹੜ੍ਹਾਂ ਤੋਂ ਬਚਾਉਣ ਲਈ ਜੰਮੂ-ਕਸ਼ਮੀਰ ਵਿੱਚ ਉਝ ਨਦੀ 'ਤੇ ਡੈਮ ਬਣਾਉਣ ਲਈ ਤੁਰੰਤ ਕਦਮ ਚੁੱਕੇ ਜਾਣ। ਮੁਲਾਕਾਤ ਦੌਰਾਨ ਧਾਲੀਵਾਲ ਨੇ ਉਝ ਨਦੀ ਦੇ ਪਾਣੀ ਕਾਰਨ ਅਜਨਾਲਾ ਦੇ ਲੋਕਾਂ ਨੂੰ ਆ ਰਹੀਆਂ ਦਰਪੇਸ਼ ਮੁਸ਼ਕਲਾਂ ਵੱਲ ਧਿਆਨ ਦਿਵਾਇਆ। ਉਨ੍ਹਾਂ ਕਿਹਾ ਕਿ ਇਸ ਨਦੀ ਨੇ ਅਜਨਾਲਾ ਵਿੱਚ ਵਾਰ-ਵਾਰ ਹੜ੍ਹ ਅਤੇ ਤਬਾਹੀ ਮਚਾਈ ਹੈ, ਜਿਸ ਨਾਲ ਇਲਾਕੇ ਦੇ ਲੋਕਾਂ ਦੇ ਜੀਵਨ ਅਤੇ ਰੋਜ਼ੀ-ਰੋਟੀ 'ਤੇ ਬੁਰਾ ਅਸਰ ਪਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਹੜ੍ਹਾਂ ਦੇ ਲਗਾਤਾਰ ਖ਼ਤਰੇ ਨੇ ਇਲਾਕੇ ਦੇ ਆਰਥਿਕ ਵਿਕਾਸ ਨੂੰ ਵੀ ਪ੍ਰਭਾਵਿਤ ਕੀਤਾ ਹੈ। ਜਿਸ ਇਲਾਕੇ ਵਿੱਚ ਲਗਾਤਾਰ ਹੜ੍ਹਾਂ ਅਤੇ ਤਬਾਹੀ ਦਾ ਡਰ ਬਣਿਆ ਰਹਿੰਦਾ ਹੋਵੇ, ਉਥੇ ਕੋਈ ਵੀ ਉਦਯੋਗ ਸਥਾਪਿਤ ਕਰਨ ਲਈ ਤਿਆਰ ਨਹੀਂ ਹੁੰਦਾ। ਅਜਨਾਲਾ ਦੇ ਲੋਕ ਇਸ ਬਾਰ-ਬਾਰ ਆਉਂਦੇ ਸੰਕਟ ਤੋਂ ਪੱਕੇ ਹੱਲ ਅਤੇ ਟਿਕਾਊ ਵਿਕਾਸ ਦੇ ਸਪੱਸ਼ਟ ਰਾਹ ਦੇ ਹੱਕਦਾਰ ਹਨ। ਉਨ੍ਹਾਂ ਦੱਸਿਆ ਕਿ ਵਫ਼ਦ ਨੇ ਉਝ ਨਦੀ 'ਤੇ ਡੈਮ ਬਣਾਉਣ ਦਾ ਮੁੱਦਾ ਚੁੱਕਿਆ ਤਾਂ ਜੋ ਪੰਜਾਬ ਵੱਲ ਵਗਦੇ ਪਾਣੀ ਨੂੰ ਨਿਯੰਤਰਿਤ ਕੀਤਾ ਜਾ ਸਕੇ ਅਤੇ ਅਜਨਾਲਾ ਵਿੱਚ ਹੜ੍ਹਾਂ ਦੇ ਲਗਾਤਾਰ ਬਣੇ ਖ਼ਤਰੇ ਨੂੰ ਘਟਾਇਆ ਜਾ ਸਕੇ। ਇਸ ਪ੍ਰੋਜੈਕਟ ਦੀ ਅਹਿਮੀਅਤ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਉਝ ਡੈਮ ਦੇ ਨਿਰਮਾਣ ਨਾਲ ਬਾਰ-ਬਾਰ ਆਉਂਦੇ ਹੜ੍ਹਾਂ ਦੇ ਖ਼ਤਰੇ ਦਾ ਵੱਡੇ ਪੱਧਰ 'ਤੇ ਪੱਕਾ ਹੱਲ ਹੋ ਜਾਵੇਗਾ।



# ਕਲਾਸੀਫਾਈਡ ਇਸ਼ਤਿਹਾਰ

## Change of Name

I, Nagma, D/o Nathuni Rajak R/o Patti Bahodipur, V.P.O.Virk, Tehsil Phillaur, District Jalandhar declare that my father's name is mentioned as "Nathni" in my 10th-grade school certificate, which is incorrect. My father's correct name is Nathuni Rajak. All Concerned please note . (R)

I, Ranveerpal S/o Sh. Jit Lal R/o W. No. 13 Kainthan Dasuya, Teh. Dasuya, Distt. Hoshiarpur Punjab, India have changed my name Ranveerpal to Ranveer Pal.

I Anita Wife of Sh Sanjeev Kumar R/O Village Nathuwal Post Karari Teh Mukerian Distt Hoshiarpur Punjab Has Changed My Name From Anita To Anita Parmar.

I, Kajal W/o Mohit Khosla R/o 68, Gali No.1, Inside Lahori Gate, Amritsar, Punjab- 143001 have changed my name from Kajal to Kajal Khosla.

I, Mohit Kumar S/o Des Raj R/o 68, Gali No.1, Inside Lahori Gate, Amritsar, Punjab- 143001 have changed my name from Mohit Kumar to Mohit Khosla.

I Jagjit Singh son of Satpal resident of village Dhaliwal Dona, PO-Mansurwal Dona, Kapurthala, Punjab-144601(India) have change my name as 'Jagjit' as (Given Name) and 'Singh' as (Surname). All concerned please note.

I, Shamsher Singh S/o Kashmir Singh R/o E-6/987, G.T Road, Back Side Shiv Mandir Nariangarh Amritsar have declare that Shamsher is my given name and Singh is my Surname.

I, Reshma Rani W/o Vijay Kumar R/o H.No.362/9, Gali Phattian Wali Khazana Gate, Amritsar have changed my name from Reshma Rani to Rashma.

I Anupam S/O Ramesh Kumar Verma R/O V-15 Pine Lane, Palm Grove Nr. Ekam Dhaba Heir Amritsar Has Changed My Name To Anupam Verma.

I, Karamjit Kaur W/o Gurpal Singh R/o H.No.3158/14, Near SBI Bank, Kot Mahna Singh Queen Look Parlour Tarn Taran Road, Amritsar have declare that name of mine has been wrongly written as Karmjit Kaur in my minor daughter Jaskirat Kaur but correct name of mine is Karamjit Kaur.

I, Navjit Kaur W/o Manmeet Singh R/o H.No.1153-54, New Partap Nagar Gali No.2, Guru Lal Bazar, G.T Road, Near Kisaan Dairy Amritsar have changed my name from Navjit Kaur to Navnjeet Kaur.

I, Sunil Kumar S/o Sita Ram Arora R/o 8-A, Dasonda Singh Road, Amritsar have changed my name from Sunil Kumar Arora to Sunil Arora.

I, Gagandeep Singh S/o Gurmail Singh R/o VPO Bihala, Distt. Hoshiarpur, Punjab-146104 have changed my name from Gagandeep Singh to Singh is my surname and Gagandeep is my given name.

I, Palvi D/o Sukhwinder Kumar R/o V. Chugawan, Po. Samipur, Distt. Jalandhar, Punjab have changed my name from Palvi to Palvi Rani. All please note.

I, Manjit Kaur W/o Sh. Dharam Pal R/o Nangal Majja, Tehsil Phagwara, Distt. Kapurthala, Punjab have changed my name from Manjit Kaur to Manjit as given name and Kaur as Surname. All concerned please note.

I, Balwinder Singh son of Ujagar Singh R/o VPO. Jalalpur, Tehsil Dasuya, PS. Tanda, Distt. Hoshiarpur, Punjab have changed my name from Balwinder Singh to Balvir Singh. All concerned please note.

I, Sukhpreet Kaur D/o Kamaljit Singh R/o Village. Chak Dhothar, Po. Sargundi, Tehsil. Phillaur, Distt. Jalandhar, Punjab have change my name from Sukhpreet Kaur to Given name as Sukhpreet and surname as Kaur. All please note.

I, Brahmjit Singh S/o Sukhchain Singh R/o H.No. 242/7 Vill. Ghanupur P.o. Chheharta Distt. Amritsar declare that Brahmjit is given name & Singh is my Surname.

I Jatin S/o Ashok Kumar R/o H.no 55, Gurdev Nagar, Jalandhar declare that Jatin and Jatin Bhalla is one and same person.

## Change of Name

I, Sukhjinder Kaur w/o Brahmjit Singh S/o R/o H.No. 242/7 Vill. Ghanupur P.o. Chheharta Distt. Amritsar declare that Sukhjinder is given name & Kaur is my Surname.

I Lucky S/O Gurdev Singh Resident Of H. No.1352 Nakodar Distt. Jalandhar Have Change My Name Lucky To Lucky Doll. All Concerned May Note It.

I, Sureeta Rani Sharma Alias Goga Alias Sureeta Sehgal d/o Madan Lal w/o Rakesh Sehgal r/o H.No.93/4 b, Krishna Nagar, Jalandhar Punjab-144008 have changed my name as Sureeta Sehgal. All please note.

I, Archna Nahar W/o Gurmeet R/o H.No. 15, Lajpat Nagar, Jalandhar have changed my name from Archna Nahar to Rachna. All concerned please note.

I, Vishal Singh son of Kashmir Singh R/o Village Pitho Rahal, PO. Paramjitpur, Tehsil Sultanpur Lodhi, District Kapurthala, Punjab-144626 have changed my name from Vishal Singh to Given Name Vishal & Surname as Singh. All concerned please note.

I, Lovedeep Singh S/o Kulwinder Singh R/o Garhi Bakhsha, PO: Pachranga, Distt. Jalandhar, Punjab-144201 have changed my name from Lovedeep Singh to Given Name Lovedeep & Surname as Singh. All concerned please note.

I, Joga Singh S/o Balvir Singh R/o Vill Kurali, po Lambra Distt Jalandhar Punjab – 144026 have changed my name and shall hereafter be known as Joga Singh( Surname as Singh).

I, Nirmaljit Singh S/o Jarnail Singh, R/o Vill- Raj Dhan,P.o-Tanda,Distt-Hoshiarpur,punjab,144203, I want to change my name Nirmaljit Singh to Singh Nirmaljit,Singh as Surname,all concerned please note.

## ਬੇਦਖਲੀ ਨੋਟਿਸ

ਮੈਂ, ਕੈਲਾਸ਼ ਦੇਵੀ ਪਤਨੀ ਸ੍ਰੀ ਮਹਿੰਦਰ ਚੰਦ ਵਾਸੀ ਪਿੰਡ ਭੱਜਲ, ਡਾਕ: ਰਾਮਪੁਰ ਬਿਲੜੋ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਸੁਖਵੀਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਮਨਵੀਰ ਸਿੰਘ ਸਹੋਤਾ ਪੁੱਤਰ ਸ੍ਰੀ ਮਹਿੰਦਰ ਚੰਦ ਵਾਸੀ ਪਿੰਡ ਭੱਜਲ, ਡਾਕ: ਰਾਮਪੁਰ ਬਿਲੜੋ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਭਰਾ ਸੁਖਵੀਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਪਦਮਾ ਰਾਣੀ ਪਤਨੀ ਸੁਖਦੇਵ ਰਾਜ ਵਾ ਸੁਖਦੇਵ ਰਾਜ ਪੁੱਤਰ ਹੰਸ ਰਾਜ ਵਾਸੀਆਨ ਮਕਾਨ ਨੰ: 3/4, ਬਚਿੰਤ ਨਗਰ, ਜਲੰਧਰ, ਪੰਜਾਬ-144004 ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਪ੍ਰਿੰਸ ਕੁਮਾਰ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ ਬਹਾਦਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਚੇਲਾ ਡਾਕਖਾਨਾ ਮੰਨਣਹਾਨਾ ਤਹਿਸੀਲ ਗੜ੍ਹਸੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਕਿਰਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹ ਆਪਣੇ ਕੀਤੇ ਚੰਗੇ ਮਾੜੇ ਕੰਮ ਦੀ ਖੁਦ ਜ਼ੁੰਮੇਵਾਰ ਹਵੇਗੀ।

ਮੈ ਗੁਰਬਿੰਦਰ ਸਿੰਘ ਪੁੱਤਰ ਕੰਧਾਰਾ ਸਿੰਘ ਵਾਸੀ ਧਾਰੀਵਾਲ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ । ਮੇਰੀ ਲੜਕੀ ਮਹਿਕਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਆਪਣੀ ਲੜਕੀ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ । ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜੁੰਮੇਵਾਰ ਹੋਵੇਗਾ ।

ਮੈਂ, ਕਰਨੈਲ ਸਿੰਘ ਪੁੱਤਰ ਵਜ਼ੀਰ ਸਿੰਘ ਵਾਸੀ ਪਿੰਡ ਲੱਖਣ ਖੋਲੇ, ਡਾਕਖਾਨਾ ਲੱਖਣ ਕਲਾਂ, ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲੱਖਵਿੰਦਰ ਸਿੰਘ ਝੰਡਾ ਅਤੇ ਉਸਦੀ ਪਤਨੀ ਮਿੱਕੋ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਨੂੰ ਇਹਨਾਂ ਦੇ ਬੱਚਿਆਂ ਸਮੇਤ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸੁਖਦੇਵ ਰਾਜ ਪੁੱਤਰ ਹਰਬੰਸ ਲਾਲ , ਵਾਸੀ ਪਲਾਟ ਨੰਬਰ 15/16, ਸੁਰਜੀਤ ਨਗਰ, ਗੱਦੇ ਵਾਲੀ ਫੈਕਟਰੀ ਦੇ ਨੇੜੇ , ਬਸਤੀ ਦਾਨਿਸ਼ਮੰਦਾ, ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਵੀਨਾ ਦੇਵੀ ਸਾਡੇ ਕਹਿਣੇ ਤੋਂ ਬਾਹਰ ਹੈ। ਸਾਡੀ ਅਤੇ ਸਾਡੇ ਪਰਿਵਾਰ ਦੀ ਉਸਦੀ ਕਿਸੇ ਵੀ ਲੈਣ ਦੇਣ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ ।

## ਬੇਦਖਲੀ ਨੋਟਿਸ

ਮੈਂ, ਤਰਸੇਮ ਲਾਲ ਪੁੱਤਰ ਸ਼੍ਰੀ ਰੱਖਾ ਰਾਮ ਵਾਸੀ ਪਿੰਡ ਤੇ ਡਾਕਖਾਨਾ ਕੋਟਲਾ ਜਿਲਾ ਜਲੰਧਰ, ਪੰਜਾਬ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਨਛੱਤਰ ਕੁਮਾਰ ਅਤੇ ਨੂੰਹ ਕੋਮਲ ਅਤੇ ਉਸਦਾ ਪਰਿਵਾਰ ਮੇਰੇ ਕਹਿਣੇਂ ਤੋਂ ਬਾਹਰ ਹੋਣ ਕਾਰਨ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਹਨਾਂ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬਧ ਨਹੀਂ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ ਬੱਗਾ ਸਿੰਘ ਪੁੱਤਰ ਬਸਾਖੀ ਸਿੰਘ ਵਾਸੀ ਕਾਹਨਗੜ੍ਹ ਜਿਲਾ ਮਾਨਸਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਪਰੀਤ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੀ ਕੋਈ ਗੱਲ ਨਹੀਂ ਮੰਨਦਾ ਹੈ ਇਸ ਲਈ ਮੈਂ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ । ਇਸ ਨਾਲ ਲੈਣ ਦੇਣ ਕਰਨ ਵਾਲਾ ਵਿਅਕਤੀ ਖੁਦ ਜਿੰਮੇਵਾਰ ਹੋਵੇਗਾ । ਇਸ ਵਿਚ ਮੇਰੀ ਜਾ ਮੇਰੇ ਪਰਿਵਾਰ ਦੀ ਕੋਈ ਵੀ ਜਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ ਹੁਸਨ ਲਾਲ ਪੁੱਤਰ ਦਰਸ਼ਨ ਰਾਮ ਵਾਸੀ ਪਿੰਡ ਲਾਦੜਾਂ ਤਹਿਸੀਲ ਫਿਲੌਰ ਜ਼ਿਲ੍ਹਾ ਜਲੰਧਰ ਦਾ ਹਲਫੀਆ ਬਿਆਨ ਕਰਦਾ ਹਾਂ। ਮੇਰਾ ਲੜਕਾ ਹਰਸ਼ਦੀਪ ਪੋਲ ਕੁਆਰਾ ਸਾਡੇ ਨਾਲ ਲੜਾਈ ਝਗੜਾ ਕਰਦਾ ਹੈ। ਮੇਰੇ ਕਹਿਣੇ ਵਿੱਚ ਨਹੀਂ ਹੈ ਨੂੰ ਆਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਜੱਜ ਕੁਮਾਰ ਪੁੱਤਰ ਹਰੀ ਰਾਮ ਵਾਸੀ ਪੱਤੀ ਅਕਲਪੁਰ ਮਲਸੀਆਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਧੀਰਜ ਕੁਮਾਰ ਅਤੇ ਉਸ ਦੀ ਪਤਨੀ ਸੰਦੀਪ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਲੈਣ-ਦੇਣ ਨਹੀਂ ਹੈ।

ਮੈਂ, ਬਲਰਾਜ ਸਿੰਘ ਸਭਰਵਾਲ ਪੁੱਤਰ ਸ਼੍ਰੀ ਉਤਮ ਚੰਦ ਸਭਰਵਾਲ ਵਾਸੀ 41, ਉਤਮ ਨਿਵਾਸ, ਦਲੀਪ ਐਵੀਨਿਊ, ਰਣਜੀਤ ਵਿਹਾਰ, ਰੱਖ ਵਾਲੀ ਗਲੀ, ਲੋਹਾਰਕਾ ਰੋਡ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਤਨਵੀਰ ਸਿੰਘ (36 ਸਾਲ) ਜੋ ਕੁਆਰਾ ਹੈ। ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਏ ਦਿਨ ਲੜਾਈ-ਝਗੜਾ ਕਰਦਾ ਹੈ। ਮੈਂ ਉਸ ਨੂੰ ਆਪਣੀ ਹਰ ਕਿਸਮ ਦੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਤੇ ਮੇਰੇ ਪਰਵਾਰ ਦਾ ਉਸ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ ਹਰਜੀਤ ਸਿੰਘ ਪੁੱਤਰ ਅਵਤਾਰ ਸਿੰਘ ਅਤੇ ਹਰਪ੍ਰੀਤ ਕੌਰ ਪਤਨੀ ਹਰਜੀਤ ਸਿੰਘ ਵਾਸੀ ਮਕਾਨ ਨੰ: 29-ਏ, ਟਾਵਰ ਇਨਕਲੇਵ, ਫੇਸ-1, ਨੇੜੇ ਗੁਰਦੁਆਰਾ ਚਰਨਬਾਗ, ਵਡਾਲਾ, ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਚੰਨਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਅਮਨਦੀਪ ਕੌਰ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਬਹਾਦਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਚੇਲਾ ਡਾਕਖਾਨਾ ਮੰਨਣਹਾਨਾ ਤਹਿਸੀਲ ਗੜ੍ਹਸੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਕਿਰਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬਦਖਲ ਕਰਦਾ ਹਾਂ। ਇਹ ਆਪਣੇ ਕੀਤੇ ਚੰਗੇ ਮਾੜੇ ਕੰਮਾਂ ਦੀ ਖੁਦ ਜੁੰਮਵਾਰ ਹੋਵੇਗੀ।

ਅਸੀਂ, ਬਲਵਿੰਦਰ ਸਿੰਘ ਪੁੱਤਰ ਹਰਬੰਸ ਸਿੰਘ, ਬਲਜੀਤ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਮਕਾਨ ਨੰ: 47, ਗਲੀ ਨੰ: 2, ਡੀਪੂ ਵਾਲੀ ਗਲੀ, ਮਿਲਾਪ ਐਵੀਨਿਊ ਪਿੰਡ ਕਾਲੇ (ਘਣੂੰਪੁਰ), ਛੇਹਰਟਾ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਕਰਨਬੀਰ ਸਿੰਘ (ਕੁਆਰਾ) ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਵਾਰਕ ਮੈਂਬਰਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਨੀਲਮ ਦੇਵੀ ਪਤਨੀ ਲੇਟ ਵਿਜੇ ਕੁਮਾਰ ਵਾਸੀ ਗਲੀ ਨੰਬਰ 1 ਖੋਥੜਾਂ ਰੋਡ ਸ਼ਹੀਦ ਭਗਤ ਸਿੰਘ ਨਗਰ ਫਗਵਾੜਾ ਜਿਲਾਂ ਕਪੂਰਥਲਾ ਦੀ ਹਲਫੀਆ ਬਿਆਨ ਕਰਦੀ ਹਾਂ। ਮੇਰਾ ਲੜਕਾ ਵਿਨੋਦ ਕੁਮਾਰ (ਵਿਆਹਿਆ) ਬੁਰੀ ਸੰਗਤ ਵਿੱਚ ਪੈ ਗਿਆ ਹੈ। ਮੈਨੂੰ ਗਾਲੀ ਗਲੋਚ ਕਰਦਾ ਰਹਿੰਦਾ ਹੈ।ਮੇਰੇ ਕਹਿਣੇ ਵਿੱਚ ਨਹੀਂ ਹੈ ਨੂੰ ਆਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਜਸਵਿੰਦਰ ਪੁੱਤਰ ਜਰਨੈਲ, ਵਾਸੀ 433, ਵਾਰਡ ਨੰ: 09, ਮੁਹੱਲਾ ਬਾਗ ਵਾਲਾ ਸ਼ਾਹਕੋਟ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਪੁੱਤਰੀ ਕਾਜਲ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ, ਪਰਵੀਨ ਕੁਮਾਰ ਪੁੱਤਰ ਧਰਮ ਪਾਲ ਅਤੇ ਦਰਸ਼ਨਾ ਪਤਨੀ ਪਰਵੀਨ ਕੁਮਾਰ ਵਾਸੀਆਨ ਮਕਾਨ ਨੰ: 127, ਮੇਨ ਬਾਜ਼ਾਰ, ਮੋਹਕਮਪੁਰਾ, ਬਟਾਲਾ ਰੋਡ, ਅੰਮ੍ਰਿਤਸਰ, ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਮਨਦੀਪ ਕੁਮਾਰ ਅਤੇ ਉਸ ਦੀ ਪਤਨੀ ਜੋਤੀ ਸ਼ਰਮਾ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ ਗੁਰਮੇਜ ਸਿੰਘ ਪੁੱਤਰ ਲੱਖਾ ਸਿੰਘ, ਵਾਸੀ ਕਲੇਰ ਘੁਮਾਣ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਦਿਲਸ਼ੇਰ ਸਿੰਘ, ਨੂੰਹ ਜਸਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## ਨਾਂਅ ਦੀ ਬਦਲੀ

ਮੈਂ, ਦਿਲਦਾਰ ਸਿੰਘ ਪੁੱਤਰ ਸ਼੍ਰੀ ਜੋਗਾ ਸਿੰਘ ਵਾਸੀ ਵਾਰਡ ਨੰਬਰ 08 ਡੱਲੀ ਭੋਗਪੁਰ ਜਿਲ੍ਹਾ ਜਲੰਧਰ ਬਿਆਨੀ ਹਾਂ ਕਿ ਮਹਿਕਮਾਂ ਮਾਲ ਵਿੱਚ ਮੇਰਾ ਨਾਮ ਦੀਦਾਰ ਸਿੰਘ ਦਰਜ ਹੈ ਜਦੋਂ ਕਿ ਬਾਕੀ ਸਾਰੇ ਦਸਤਾਵੇਜਾਂ ਵਿੱਚ ਮੇਰਾ ਨਾਮ ਦਿਲਦਾਰ ਸਿੰਘ ਹੈ। ਦੀਦਾਰ ਸਿੰਘ ਅਤੇ ਦਿਲਦਾਰ ਸਿੰਘ ਇੱਕ ਹੀ ਵਿਆਕਤੀ ਹੈ। ਸਬੰਧਤ ਨੋਟ ਕਰਨ।

ਮੈਂ, ਭੋਲੀ ਪਤਨੀ ਸੁਖਵਿੰਦਰ ਸਿੰਘ ਵਾਸੀ 588, ਵਾਰਡ ਨੰਬਰ 19, ਬਟਾਲਾ ਰੋਡ, ਤੁੰਗ ਪਾਈ, ਅੰਮ੍ਰਿਤਸਰ ਨੇ ਆਪਣਾ ਨਾਮ ਭੋਲੀ ਤੋਂ ਬਦਲ ਕੇ ਲਖਵਿੰਦਰ ਕੌਰ ਕਰ ਲਿਆ ਹੈ। ਭੋਲੀ ਅਤੇ ਲਖਵਿੰਦਰ ਕੌਰ ਦੋਵੇਂ ਨਾਮ ਮੇਰੇ ਹਨ ਅਤੇ ਮੈਨੂੰ ਮੇਰੇ ਦੋਵੇਂ ਨਾਵਾਂ ਤੋਂ ਜਾਣਿਆ ਜਾਵੇ।

## ਆਮ ਸੂਚਨਾ

ਮੈਂ ਸਾਬੂਦੀਨ ਪੁੱਤਰ ਸ਼੍ਰੀ ਰਾਮਧਾਰੀ ਵਾਸੀ ਪਿੰਡ ਅ ਉਚਾਨਾ ਤਹਿਸੀਲ ਉਚਾਨਾ, ਜਿਲ੍ਹਾ ਜੀਂਦ, (ਹਰਿਆਣਾ) ਬਿਆਨ ਕਰਦਾ ਹਾਂ ਕਿ ਸਾਬੂਦੀਨ ਅਤੇ ਸ਼ਾਹਬੁਦੀਨ ਮੇਰੇ ਇੱਕ ਵਿਅਕਤੀ ਦੇ ਦੋਵੇਂ ਹਨ। ਮੈਂ ਦੋਵੇਂ ਨਾਮਾਂ ਵਾਲਾ ਇੱਕ ਹੀ ਵਿਅਕਤੀ ਹਾਂ। ਸੰਬਧਤ ਨੋਟ ਕਰਨ।

ਮੈਂ, ਲਹਿਬਰ ਰਾਮ ਪੁੱਤਰ ਸੋਹਣ ਸਿੰਘ ਵਾਸੀ ਮਕਾਨ ਨੰ: ਬੀ 10-0695 ਦਸਮੇਸ਼ ਨਗਰ, ਆਦਮਪੁਰ, ਤਹਿਸੀਲ ਆਦਮਪਰ, ਜ਼ਿਲ੍ਹਾ ਜਲੰਧਰ ਦਾ ਰਹਿਣ ਵਾਲਾ ਹਾਂ। ਮੈਂ ਬਿਆਨ ਕਰਦਾ ਹਾਂ ਕਿ ਲਹਿੰਬਰ ਰਾਮ ਉਰਫ ਲੈਂਬਰ ਰਾਮ ਇਕ ਹੀ ਵਿਅਕਤੀ ਦੇ ਦੋਵੇਂ ਨਾਂਅ ਹਨ। ਮੈਨੂੰ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਸੰਬੰਧਤ ਨੋਟ ਕਰਨ।

ਮੈਂ, ਪਰਮਜੀਤ ਕੌਰ ਸੈਣੀ ਪਤਨੀ ਸਵ. ਸ਼੍ਰੀ ਜਗਪ੍ਰੀਤ ਸਿੰਘ ਨਿਵਾਸੀ ਪਿੰਡ ਸ਼੍ਰੀ ਹਰਗੋਬਿੰਦਪੁਰ, ਮੁਹੱਲਾ ਦਸ਼ਮੇਸ਼ ਨਗਰ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰੇ ਪਤੀ ਜਗਪ੍ਰੀਤ ਸਿੰਘ ਦੀ ਮੌਤ ਮਿਤੀ 31-7-2023 ਨੂੰ ਹੋ ਚੁਕੀ ਹੈ। ਮੇਰੇ ਪਤੀ ਦੀ ਮੌਤ ਤੋਂ ਬਾਅਦ ਮੈਂ ਉਹਨਾਂ ਦੀ ਇਕੱਲੀ ਵਾਰਸ ਹਾਂ। ਮੇਰੇ ਤੋਂ ਇਲਾਵਾ, ਸਵ. ਸ਼੍ਰੀ ਜਗਪ੍ਰੀਤ ਸਿੰਘ ਦਾ ਕੋਈ ਹੋਰ ਵਾਰਸ ਨਹੀਂ ਹੈ। ਸੰਬਧਤ ਨੋਟ ਕਰਨ।

ਮੈਂ, ਰਾਮ ਬਰਿਕਸ਼ ਰਾਮ ਪੁੱਤਰ ਰਾਮ ਸੇਵਕ ਵਾਸੀ ਸ਼ਿਵ ਨਗਰ, ਨਾਗਰਾ ਜਲੰਧਰ ਨੇ ਇਕ ਹਲਫੀਆ ਬਿਆਨ, ਜੋ ਮਿਤੀ 26 ਜੁਲਾਈ 2018 ਨੂੰ ਆਪਣੇ ਲੜਕੇ ਅਜੇ ਕੁਮਾਰ (ਜਦ ਉਹ ਕੁਆਰਾ ਸੀ) ਅਤੇ ਮੇਰੇ ਕਹਿਣੇ ਤੋਂ ਬਾਹਰ ਸੀ (ਨਵਾਂ ਜ਼ਮਾਨਾ) ਅਖਬਾਰ ਵਿਚ ਦੇ ਕੇ ਉਸ ਨੂੰ ਮੈਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲੀ ਸੰਬੰਧੀ ਦਿੱਤਾ ਸੀ। ਉਸ ਨੂੰ ਮੈਂ ਅੱਜ ਮਿਤੀ 14.09.2026 ਨੂੰ ਉਸੇ ਤਰ੍ਹਾਂ ਵਾਪਸ ਲੈ ਰਿਹਾ ਹਾਂ। ਹੁਣ ਉਹ ਅਤੇ ਉਸ ਦੀ ਪਤਨੀ ਮੇਰੀ ਚੱਲ-ਅਚੱਲ ਜਾਇਦਾਦ ਦੇ ਹੱਕਦਾਰ ਹੋਣਗੇ। ਸੰਬੰਧਤ ਨੋਟ ਕਰਨ।

ਮੈਂ, ਸੋਮੀ ਕੌਰ ਪਤਨੀ ਬੀਰਾ ਸਿੰਘ ਵਾਸੀ ਵਾਰਡ ਨੰਬਰ 21, ਮਾਨਸਾ, ਜ਼ਿਲ੍ਹਾ ਮਾਨਸਾ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਹਰਜਿੰਦਰ ਸਿੰਘ ਅਤੇ ਨੂੰਹ ਨੀਸ਼ੂ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਬੇਦਖਲ ਕਰ ਦਿੱਤਾ ਸੀ। ਹੁਣ ਇਹ ਮੇਰਾ ਲੜਕਾ ਹਰਜਿੰਦਰ ਸਿੰਘ ਅਤੇ ਨੂੰਹ ਨੀਸ਼ੂ ਕੌਰ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇਕਾਰ ਹਨ ਅਤੇ ਸਾਡੀ ਹਰ ਗੱਲ ਨਾਲ ਸਹਿਮਤ ਹਨ। ਹੁਣ ਮੈਂ ਆਪਣੇ ਲੜਕੇ ਹਰਜਿੰਦਰ ਸਿੰਘ ਅਤੇ ਨੂੰਹ ਨੀਸ਼ੂ ਕੌਰ ਨੂੰ ਦਿੱਤਾ ਬੇਦਖਲੀ ਨੋਟਿਸ ਮੈਂ ਵਾਪਸ ਲੈਂਦੀ ਹਾਂ। ਹੁਣ ਇਹ ਮੇਰੀ ਜਾਇਦਾਦ ਦੇ ਪਹਿਲਾਂ ਦੀ ਤਰ੍ਹਾਂ ਬਰਾਬਰ ਦੇ ਹੱਕਦਾਰ ਹੋਣਗੇ।

ਮੈਂ, ਮੇਜਰ ਸਿੰਘ ਪੁੱਤਰ ਸ਼੍ਰੀ ਨਰੰਜਣ ਸਿੰਘ ਵਾਸੀ ਪਿੰਡ ਤੇ ਡਾਕ: ਸਮੁੰਦੜਾ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਪੁੱਤਰ ਗੁਰਦੀਪ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਪੁੱਤਰ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਆਪਣੀ ਬੇਦਖਲੀ ਵਾਪਿਸ ਲੈਂਦਾ ਹਾਂ। ਸੰਬੰਧਿਤ ਨੋਟ ਕਰਨ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰ. ਐੱਚ 14 ਏ ਪੀ 360398 (3003952625), ਜੋ ਸ੍ਰੀ ਦਸੋਧੀ ਰਾਮ ਪੁੱਤਰ ਸ੍ਰੀ ਸ਼ੰਕਰ ਦਾਸ ਪਿੰਡ ਖੁੱਡਾ ਵਿਚ ਚੱਲ ਰਿਹਾ ਹੈ, ਦਾ ਨਾਂਅ ਬਦਲੀ ਹੋ ਕੇ ਸ੍ਰੀ ਸੁੱਚਾ ਸਿੰਘ ਪੁੱਤਰ ਅਮਰ ਸਿੰਘ ਦੇ ਨਾਂਅ ਹੋ ਰਿਹਾ ਹੈ। ਇਤਰਾਜ਼ਕਰਤਾ ਆਪਣਾ ਇਤਰਾਜ਼ ਇਸ਼ਤਿਹਾਰ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ ਬਿਜਲੀ ਦਫ਼ਤਰ ਸਬ -ਅਰਬਨ ਟਾਂਡਾ ਵਿਚ ਦਰਜ ਕਰਵਾ ਸਕਦਾ ਹੈ।

ਖਾਤਾ ਨੰ: ਏ ਪੀ 08/436, ਜੋ ਕਿ ਪਿੰਡ ਬਹਾਦਰਪੁਰ ਵਿਖੇ ਗੁਰਨਾਮ ਕੌਰ ਪਤਨੀ ਜਗਦੇਵ ਸਿੰਘ ਵਾਸੀ ਬਹਾਦਰਪੁਰ ਦੇ ਨਾਂਅ 'ਤੇ ਚੱਲਦਾ ਹੈ। ਇਸ ਕੁਨੈਕਸ਼ਨ ਨੂੰ ਗੁਰਦੀਪ ਸਿੰਘ ਪੁੱਤਰ ਜਸਪਾਲ ਸਿੰਘ ਵਾਸੀ ਬਹਾਦਰਪੁਰ ਆਪਣੇ ਨਾਂਅ ਕਰਵਾਉਣਾ ਚਾਹੁੰਦਾ ਹੈ। ਇਸ ਸੰਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ PSPCL ਦਫ਼ਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

## PUBLIC NOTICE

It is for general information that I, Ram Lal s/o Swarna Ram ,R/O VPO Lakhanpal, Tehsil Phillaur, Distt. Jalandhar(Pb.)-144633, declare that name of my father has been wrongly written as Sawarn Dass on my Passport No. S359191 expired on 02.10.2004.The actual name of my father is Swarna Ram which may be amended accordingly. It is certified that I have complied with other legal requirements in this connection.

I, Kuljit Kaur W/o Late. S. Kulvir Singh R/o Sarmastpur, Po. Bal, Tehsil and Distt. Jalandhar, Punjab declare that my daughter Jasleen Kaur is out of my control. I disinherit her from my movable and immovable properties. I and my family shall not be held responsible for any of her acts deeds and things. All please note.

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਜਲੰਧਰ-1

ਕੇਸ ਅਧੀਨ : ਫਰਦ ਜਮ੍ਹਾਂਬੰਦੀ ਪਿੰਡ ਸੰਸਾਰਪੁਰ ਵਿੱਚ ਨਾਂਅ ਦੀ ਦਰੁਸਤੀ ਕਰਨ ਸੰਬੰਧੀ ਬਿਨੇ ਪੱਤਰ ਵੱਲੋਂ ਜਸਮੀਤ ਸਿੰਘ ਭਾਟੀਆ ਪੁੱਤਰ ਸੁਖਦਰਸ਼ਨ ਸਿੰਘ ਭਾਟੀਆ ਵਾਸੀ ਮਕਾਨ ਨੰ. 2145 ਏਸ 10, ਨੇੜੇ ਸਿਲਵੀ ਪਾਰਕ, ਮੋਹਾਲੀ, ਸੈਕਟਰ 62 ਮੋਹਾਲੀ, ਪੰਜਾਬ, 160062

ਨੋਟਿਸ ਬਨਾਮ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਪਰੋਕਤ ਨਾਂਅ ਦਰੁਸਤੀ ਕਰਵਾਉਣ ਸੰਬੰਧੀ ਜਸਮੀਤ ਸਿੰਘ ਭਾਟੀਆ ਪੁੱਤਰ ਸੁਖਦਰਸ਼ਨ ਸਿੰਘ ਭਾਟੀਆ ਵਾਸੀ ਮਕਾਨ ਨੰ. 2145 ਏਸ 10, ਨੇੜੇ ਸਿਲਵੀ ਪਾਰਕ, ਮੋਹਾਲੀ, ਸੈਕਟਰ 62 ਮੋਹਾਲੀ, ਪੰਜਾਬ, 160062 ਨੇ ਨਿਮਨਹਸਤਾਖਰ ਦੀ ਅਦਾਲਤ ਵਿੱਚ ਬਿਨੈ ਪੱਤਰ ਅਤੇ ਬਿਆਨ ਦਾਇਰ ਕੀਤੇ ਹਨ ਕਿ ਪਿੰਡ ਸੰਸਾਰਪੁਰ ਵਿੱਚ ਨਾਂਅ ਦੀ ਦਰੁਸਤੀ (LANDMARK IMMIGRATION CONSULTANTS LIMITED ਤੋਂ LANDMARK GLOBAL LEARNING LIMITED) ਜੋ ਕਿ ਕੰਪਨੀ ਮਾਮਲੇ ਮੰਤਰਾਲੇ ਵਲੋਂ ਪਿੰਡ ਸੰਸਾਰਪੁਰ, ਤਹਿਸੀਲ ਜਲੰਧਰ-1 ਵਿੱਚ ਪੈਂਦੀ ਹੈ, ਦਰੁਸਤੀ ਕਰਵਾਉਣ ਸੰਬੰਧੀ ਦਾਇਰ ਕੀਤਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਇਸ ਨਾਂਅ ਦਰੁਸਤੀ ਹੋਣ 'ਤੇ ਕਿਸੇ ਕਿਸਮ ਦਾ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣੇ ਇਤਰਾਜ਼ ਇਸ਼ਤਿਹਾਰ ਪ੍ਰਕਾਸ਼ਿਤ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਅਸਾਲਤਨ ਜਾਂ ਵਕਾਲਤਨ ਹਾਜ਼ਰ ਆ ਕੇ ਪੇਸ਼ ਕਰ ਸਕਦਾ ਹੈ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਉਸ ਖ਼ਿਲਾਫ਼ ਯੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

ਅੱਜ ਮਿਤੀ 07-09-2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਹੋਇਆ।

ਸਹੀ/-ਤਹਿਸੀਲਦਾਰ-ਕਮ- ਸਹਾਇਕ ਕੁਲੈਕਟਰ ਦਰਜਾ ਅੱਵਲ ਜਲੰਧਰ-1

ਨੰਬਰ 277/ਰੀਡਰ ਮਿਤੀ : 07-09-2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ-ਕਮ-ਸਹਾਇਕ-ਕੁਲੈਕਟਰ ਦਰਜਾ ਪਹਿਲਾ ਜਲੰਧਰ-1, ਜ਼ਿਲ੍ਹਾ ਜਲੰਧਰ

ਵਿਸ਼ਾ: ਜਮ੍ਹਾਂਬੰਦੀ ਫਰਦ ਜਮਸ਼ੇਰ-2 ਦੇ ਵਿੱਚ ਨਾਂਅ ਬਦਲੀ ਕਰਨ ਸੰਬੰਧੀ ਬਿਨੇ ਪੱਤਰ ਵੱਲੋਂ ਸ੍ਰੀ ਬਲਬੀਰ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਹਰੀ ਸਿੰਘ ਵਾਸੀ ਪੱਤੀ ਮਾਨਾਂ ਦੀ, ਪਿੰਡ ਜਮਸ਼ੇਰ ਖਾਸ, ਤਹਿਸੀਲ ਜਲੰਧਰ-1 ਜ਼ਿਲ੍ਹਾ ਜਲੰਧਰ।

ਹਰ ਆਮ ਅਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰ ਦੀ ਅਦਾਲਤ ਵਿੱਚ ਸ੍ਰੀ ਬਲਬੀਰ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਹਰੀ ਸਿੰਘ ਵਾਸੀ ਪੱਤੀ ਮਾਨਾਂ ਦੀ, ਪਿੰਡ ਜਮਸ਼ੇਰ ਖਾਸ, ਤਹਿਸੀਲ ਜਲੰਧਰ-1 ਜ਼ਿਲ੍ਹਾ ਜਲੰਧਰ ਵੱਲੋਂ ਵਿਸ਼ੇ ਵਿੱਚ ਦਰਜ ਮੁਤਾਬਕ ਆਪਣਾ ਨਾਮ ਦਰਸਤੀ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਹਰੀ ਸਿੰਘ ਤੋਂ ਬਲਬੀਰ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਹਰੀ ਸਿੰਘ ਕਰਵਾਉਣਾ ਚਾਹੁੰਦਾ ਹੈ। ਜੇਕਰ ਕਿਸੇ ਨੂੰ ਕਿਸੇ ਪ੍ਰਕਾਰ ਦਾ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਇਸ ਇਸ਼ਤਿਹਾਰ / ਨੋਟਿਸ ਦੇ ਅਖਬਾਰ ਵਿੱਚ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਤਰਾਜ਼ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਿਆਰ ਰਾਹੀਂ ਨਿਮਨ-ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਕਰ ਸਕਦਾ ਹੈ। ਮਿੱਥੀ ਗਈ ਮਿਤੀ ਤੋਂ ਬਾਅਦ ਪ੍ਰਾਪਤ ਹੋਏ ਇਤਰਾਜ਼ 'ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਅਤੇ ਨਿਯਮਾਂ/ਕਾਨੂੰਨ ਅਨੁਸਾਰ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 07-09-2026 ਨੂੰ ਨਿਮਨਹਸਤਾਖਰ ਦੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ ਜਲੰਧਰ-1

ਨੰਬਰ 278/ਰੀਡਰ ਮਿਤੀ : 07-09-2026

## COURT NOTICE

(U/o 5 Rule 20 CPC)
In the Court of
Ms. Roopa Dhaliwal
Additional Civil Judge Senior Division, Muktsar
CNR No. PBSM02-000604-2024
Next Date:- 07-10-2026
Balwinder Singh
Vs.
Sanmaan Rice Mills

Publication Issued To :
Sanmaan Rice MillS Sadarwala/ Kabarwala Road Sri Muktsar Sahib Tehsil and District Sri Muktsar Sahib through its Partners
A Nardev Singh S/o Zora Singh
B Gursewak Singh S/o Jagnandan Singh, Both R/o Vill. Chak Suhele Wala Jalalabad Distt. Ferozepur

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 07-10-2026 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge Senior Division Muktsar
Dated, this day of 10-09-2026

## COURT NOTICE

(U/o 5 Rule 20 CPC)
In the Court of Ms. Jiya Garg Civil Judge Junior Division-3, Nabha
CNR No. PBPTB0-000145-2026
Next Date :- 04-11-2026
Kulwinderjit Singh Chauhan
Vs.
Abdul Nazir Khan
Suit for Possession

Publication Issued to :
Begam Akabari
Spouse : Widow of Abdul Nazir Khan, Resident of Mohalla Jattan Behra, Malerkotla

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 04.11.2026 at 10:00 A.M.

For details logon to https://highcourtchd.gov.in/?mod=district_notice&district=Patiala

Civil Judge Junior Division-3, Nabha
Dated, this day of 11.09.2026

## ਨਿਲਾਮੀ ਸੂਚਨਾ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦੀ ਘਨੌਰੀ ਖੁਰਦ ਐਮ.ਪੀ.ਸੀ.ਏ. ਐਸ.ਐਸ ਲਿਮਿਟਡ ਘਨੌਰੀ ਖੁਰਦ ਤਹਿਸੀਲ ਧੂਰੀ ਵੱਲੋਂ ਹੈਪੀਸੀਡਰ 10 ਟਾਇਲ-2, ਰੋਟਾਵੇਟਰ 8 ਫੁੱਟ-1, ਜੀਰੋ ਟਿਲ ਡਰਿੱਲ-1 ਦੀ ਖੁੱਲੀ ਬੋਲੀ ਮਿਤੀ 17.09.2026 ਦਿਨ ਵੀਰਵਾਰ ਨੂੰ ਸਵੇਰੇ 10:00 ਵਜੇ ਸੁਸਾਇਟੀ ਕੰਪਲੈਕਸ ਵਿੱਚ ਕੀਤੀ ਜਾਵੇਗੀ ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆਂ ਸਹੀ /- ਪ੍ਰਧਾਨ ਸੰਪਰਕ ਨੰਬਰ 9041677467, 9872629066

## COURT NOTICE

(U/o 5 Rule 20 CPC)
In The Court of Sh. Gurinder Singh Civil Judge (Junior Division) Ludhiana
Next Date, Purpose of case, Orders and Judgments as well as other case information is available on http://ecourts.gov.in
CNR No. PBLD02-002063-2025
Next Date:- 02-11-2026
Canara Bank Vs. Ms Rishab Traders

Publication Be Issued To:
(1) M/S Rishab Traders Hind Wollen Mills Ground Floor, No. 866 Industrial Area-A Near Textile Colony Ldh. Through its Proprietor Samridh Jain.
2 Samridh Jain Proprietor M/S Rishab Traders, Hind Woolen Mills Ground Floor, No. 866 Industrial Area -A Near Textile Colony Ludhiana 141003.
2nd Address: (A) M/S Rishab Traders, Ground Floor, Street No. 3, Priya Colony, Rahon Road, Village Bajra Teh. & Distt. Ludhiana Through its Proprietor Samridh Jain.
(B) Samridh Jain Proprietor M/S Rishab Traders, House No. 204/7, Major Gurdial Singh Road. Near Kalyan Jewellers Near Magnus Lab, Civil Line, Ludhiana 141001.

Whereas it has been proved to the satisfaction of the Court that the defendant(s)/respondent(s) above named cannot be served in the ordinary way of service. Hence, this proclamation under order 5 Rule 20 CPC is hereby issued against him/them and should appear personally or through their counsel on 02-11-2026 at 10:00 a.m.

Take notice that, in default of his/their appearance on the day before mentioned, the above said case will be heard and determined in his/their absence according to law.

Given under my hand and the seal of the Court, this 08-09-2026.

Civil Judge (Junior Division) Ludhiana

## COURT NOTICE

(U/o 5 Rule 20 CPC)
In the Court of
Sh. Vishi Chawla
Civil Judge (Junior Division), Ludhiana
CASE NO. CS/6618/2025
CNR No. PBLD02-012044-2025
Next Date : 07-10-2026
Punjab State Power Corporation Limited
Vs.
Shiv Industry Crop

Publication Issued To:
Shiv Industry Crop
:- K-331, Phase 8, Focal Point, Tehsil And District Ludhiana 9914523030.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 07-10-2026 at 10:00 a.m.

For details logon to https://highcourtchd.gov.in/?mod=district_notice&district=moga-court

Civil Judge (Junior Division) Ludhiana
Dated, this day of 10-09-2026

## COURT NOTICE

(U/o 5 Rule 20 CPC)
In the Court of Ms. Rajbinder Kaur Additional Civil Judge Senior Division - 2, Patiala
CNR No. PBPT02-001910-2023
Next Date:- 22-10-2026
Rajinder Singh S/O Harnek Singh S/O Mohan Singh R/O Vill. Ramgarh Teh. and Distt. Patiala and Others
Vs.
Sandeep Singh and others

Publication Issued To:
2. Sukhdeep Singh S/o Dhanantar Singh S/o Charan Singh,
8. Kamaljit Singh S/o Kaur Singh S/o Charan Singh.
Both R/o Vill. and PO. Jhandi, Teh. and Distt. Patiala.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 22-10-2026 at 10:00 a.m.

For details logon to https://highcourtchd.gov.in/?mod=district_notice&district=patiala

Additional Civil Judge Senior Division - 2 Patiala
Dated, this day of 13-09-2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ ਕਮ-ਸਹਾਇਕ-ਕਲੈਕਟਰ ਦਰਜਾ ਪਹਿਲਾ ਜਲੰਧਰ-1, ਜ਼ਿਲ੍ਹਾ ਜਲੰਧਰ

ਵਿਸ਼ਾ :- ਜਮ੍ਹਾਂਬੰਦੀ ਫਰਦ ਕਾਦੀਆਂਵਾਲੀ/292 ਦੇ ਵਿੱਚ ਨਾਂਅ ਬਦਲੀ ਕਰਨ ਸੰਬੰਧੀ ਬਿਨੈ ਪੱਤਰ ਵੱਲੋਂ ਸ੍ਰੀ ਚੰਦਰ ਸ਼ੇਖਰ ਪੁੱਤਰ ਸਾਧੂ ਰਾਮ ਅਗਰਵਾਲ DESIGNATED PARTNER FOR MEXMON GLOBAL DEVELOPERS LLP (FORMERLY KNOWN AS MEXMON GLOBAL DEVELOPERS PRIVATE LIMITED) ਤਹਿਸੀਲ ਜਲੰਧਰ-1 ਜ਼ਿਲ੍ਹਾ ਜਲੰਧਰ।

ਹਰ ਆਮ ਅਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰ ਦੀ ਅਦਾਲਤ ਵਿੱਚ ਸ੍ਰੀ ਚੰਦਰ ਸ਼ੇਖਰ ਪੁੱਤਰ ਸਾਧੂ ਰਾਮ ਅਗਰਵਾਲ DESIGNATED PARTNER FOR MEXMON GLOBAL DEVELOPERS LLP (FORMERLY KNOWN AS MEXMON GLOBAL DEVELOPERS PRIVATE LIMITED) ਤਹਿਸੀਲ ਜਲੰਧਰ-1 ਜ਼ਿਲ੍ਹਾ ਜਲੰਧਰ ਵੱਲੋਂ ਵਿਸ਼ੇ ਵਿੱਚ ਦਰਜ ਮੁਤਾਬਕ ਕੰਪਨੀ ਦਾ ਨਾਂਅ ਜਮ੍ਹਾਂਬੰਦੀ ਪਿੰਡ ਕਾਦੀਆਂਵਾਲੀ/292 MEXMON GLOBAL DEVELOPERS PRIVATE LIMITED ਤੋਂ MEXMON GLOBAL DEVELOPERS LLP ਕਰਵਾਉਣਾ ਚਾਹੁੰਦਾ ਹਾਂ। ਜਿਸ ਸਬੰਧੀ Assistant Registrar of Companies/ Deputy Registrar of Companies/ Registrar of Companies behalf of Registrar of Companies, Central Registration Centre ਵੱਲੋਂ ਮਿਤੀ 29-07-2023 ਨੂੰ MEXMON GLOBAL DEVELOPERS PRIVATE LIMITED ਤੋਂ MEXMON GLOBAL DEVELOPERS LLP (LLP IDENTIFICATION NUMBER. ACC-2663) ਕਰ ਦਿੱਤਾ ਗਿਆ ਹੈ। ਜੇਕਰ ਕਿਸੇ ਨੂੰ ਕਿਸੇ ਪ੍ਰਕਾਰ ਦਾ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਇਸ ਇਸ਼ਤਿਹਾਰ/ਨੋਟਿਸ ਦੇ ਅਖਬਾਰ ਵਿੱਚ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਤਰਾਜ਼ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਿਆਰ ਰਾਹੀਂ ਨਿਮਨ-ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਕਰ ਸਕਦਾ ਹੈ। ਮਿੱਥੀ ਗਈ ਮਿਤੀ ਤੋਂ ਬਾਅਦ ਪ੍ਰਾਪਤ ਹੋਏ ਇਤਰਾਜ਼ 'ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਅਤੇ ਨਿਯਮਾਂ/ਕਾਨੂੰਨ ਅਨੁਸਾਰ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 07-09-2026 ਨੂੰ ਨਿਮਨਹਸਤਾਖਰ ਦੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ ਜਲੰਧਰ-1

ਨੰਬਰ, 279/ਰੀਡਰ ਮਿਤੀ : 07-09-2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ ਕਮ-ਸਹਾਇਕ-ਕਲੈਕਟਰ ਦਰਜਾ ਪਹਿਲਾ ਜਲੰਧਰ-1, ਜ਼ਿਲ੍ਹਾ ਜਲੰਧਰ

ਵਿਸ਼ਾ:- ਜਮ੍ਹਾਂਬੰਦੀ ਫਰਦ ਉਧੋਪੁਰ/257 ਦੇ ਵਿੱਚ ਨਾਂਅ ਬਦਲੀ ਕਰਨ ਸੰਬੰਧੀ ਬਿਨੈ ਪੱਤਰ ਵੱਲੋਂ ਸ੍ਰੀ ਚੰਦਰ ਸ਼ੇਖਰ ਪੁੱਤਰ ਸਾਧੂ ਰਾਮ ਅਗਰਵਾਲ DESIGNATED PARTNER FOR EDIFY CONSTRUCTIONS LLP (FORMERLY KNOWN AS EDIFY CONSTRUCTIONS PRIVATE LIMITED) ਤਹਿਸੀਲ ਜਲੰਧਰ-1 ਜ਼ਿਲ੍ਹਾ ਜਲੰਧਰ

ਹਰ ਆਮ ਅਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰ ਦੀ ਅਦਾਲਤ ਵਿੱਚ ਸ੍ਰੀ ਚੰਦਰ ਸ਼ੇਖਰ ਪੁੱਤਰ ਸਾਧੂ ਰਾਮ ਅਗਰਵਾਲ DESIGNATED PARTNER FOR EDIFY CONSTRUCTIONS LLP (FORMERLY KNOWN AS EDIFY CONSTRUCTIONS PRIVATE LIMITED) ਤਹਿਸੀਲ ਜਲੰਧਰ-1 ਜ਼ਿਲ੍ਹਾ ਜਲੰਧਰ ਵੱਲੋਂ ਵਿਸ਼ੇ ਵਿੱਚ ਦਰਜ ਮੁਤਾਬਕ ਕੰਪਨੀ ਦਾ ਨਾਂਅ ਜਮ੍ਹਾਂਬੰਦੀ ਪਿੰਡ ਉਧੋਪੁਰ/257 EDIFY CONSTRUCTIONS PRIVATE LIMITED ਤੋਂ EDIFY CONSTRUCTIONS LLP ਕਰਵਾਉਣਾ ਚਾਹੁੰਦਾ ਹਾਂ। ਜਿਸ ਸਬੰਧੀ Assistant Registrar of Companies/ Deputy Registrar of Companies/ Registrar of Companies behalf of Registrar of Companies, Central Registration Centre ਵੱਲੋਂ ਮਿਤੀ 13-05-2024 ਨੂੰ EDIFY CONSTRUCTIONS PRIVATE LIMITED ਤੋਂ EDIFY CONSTRUCTIONS LLP (LLP IDENTIFICATION NUMBER. ACH-1273) ਕਰ ਦਿੱਤਾ ਗਿਆ ਹੈ। ਜੇਕਰ ਕਿਸੇ ਨੂੰ ਕਿਸੇ ਪ੍ਰਕਾਰ ਦਾ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਇਸ ਇਸ਼ਤਿਹਾਰ/ਨੋਟਿਸ ਦੇ ਅਖਬਾਰ ਵਿੱਚ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਤਰਾਜ਼ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਿਆਰ ਰਾਹੀਂ ਨਿਮਨ-ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਕਰ ਸਕਦਾ ਹੈ। ਮਿੱਥੀ ਗਈ ਮਿਤੀ ਤੋਂ ਬਾਅਦ ਪ੍ਰਾਪਤ ਹੋਏ ਇਤਰਾਜ਼ 'ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਅਤੇ ਨਿਯਮਾਂ/ਕਾਨੂੰਨ ਅਨੁਸਾਰ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 07-09-2026 ਨੂੰ ਨਿਮਨਹਸਤਾਖਰ ਦੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ ਜਲੰਧਰ-1

ਨੰਬਰ, 280/ਰੀਡਰ ਮਿਤੀ : 07-09-2026

## Guru Nanak Ayurvedic Medical College & Hospital

Sri Muktsar Sahib (Pb)

**REQUIRED STAFF**

**Associate Professor/Professor**
in the department of **AGAD TANTRA & RAS SHASTRA**

**Assistant Professor**
in the department of **SAMHITA, KAUMARBHRITYA, SHALAKYA TANTRA & SHALYA TANTRA & Rog Nidhan**

**B-Pharma, Staff Nurse, Yoga Instructor (Female), Analytical Chemist, Microbiologist (Part-Time)**

Resume at gnamcmkt@rediffmail.com, Contact No. 9876000107, 62395-49311
Meet personally or visit office from 10 AM to 03:00 PM (Working Days)

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਰਾਜਪ੍ਰਿਤਪਾਲ ਸਿੰਘ (ਬਾਵਰ) ਨਾਇਬ ਤਹਿਸੀਲਦਾਰ ਰਾਜਾਸਾਂਸੀ, ਤਹਿਸੀਲ ਰਾਜਾਸਾਂਸੀ, ਜ਼ਿਲ੍ਹਾ ਅੰਮ੍ਰਿਤਸਰ

ਕੇਸ ਨੰਬਰ/ ਅਦਰ ਕੇਸ 67/2026    ਕਿਸਮ ਕੇਸ : ਤਕਸੀਮ    ਵਾਕਿਆ ਰਕਬਾ : ਰਾਜਾਸਾਂਸੀ
ਦਾਇਰ ਮਿਤੀ 1-7-2026    ਤਾਰੀਖ ਪੇਸ਼ੀ 15-9-2026

1. ਇੰਦਰਪਾਲ ਸਿੰਘ, 2. ਰਜਿੰਦਰਪਾਲ ਸਿੰਘ ਪੁੱਤਰਾਨ ਬਲਬੀਰ ਸਿੰਘ ਦੋਵੇਂ ਵਾਸੀਆਨ ਪਿੰਡ ਰਾਜਾਸਾਂਸੀ, ਸਬ ਤਹਿਸੀਲ ਰਾਜਾਸਾਂਸੀ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ। .....ਦਾਹਵਾ ਕਰਤਾ ਧਿਰ

ਬਨਾਮ

ਅਰਵਿੰਦਰ ਸਿੰਘ ਪੁੱਤਰ ਹਰਜਿੰਦਰ ਸਿੰਘ ਆਦਿ। ਉੱਤਰਵਾਦੀ ਧਿਰਾਂ

ਦਰਖਾਸਤ ਤਕਸੀਮ ਜ਼ੇਰ ਧਾਰਾ 111 ਮਾਲ ਗੁਜਾਰੀ ਐਕਟ (ਪੰਜਾਬ ਲੈਂਡ ਰੈਵੀਨਿਊ, ਐਕਟ 1887) ਬਾਬਤ ਕੁੱਲ ਰਕਬਾ 32 ਕਨਾਲ 1 ਮਰਲੇ ਖਸਰਾ ਨੰਬਰ ਬਰਾਏ ਕਰਵਾਉਣੇ ਤਕਸੀਮ ਬਾਬਤ ਭੂਮੀ 32 ਕਨਾਲ 1 ਮਰਲੇ ਖਸਰਾ ਨੰਬਰਾਨ 64//12/1(4-9), 13/1, (4-9) 18 (8-0), 23/1 (3-7) 11/2, (3-16) 65//14/2 (4-0), 15/2 (4-0) ਖਾਤਾ ਖਤੌਨੀ ਨੰਬਰ 261/350 ਤੋਂ 352 ਮੁਦਰਜਾ ਜਮ੍ਹਾਂਬੰਦੀ ਸਾਲ 2022-23 ਉਪਰੋਕਤ ਅਨੁਵਾਨ ਕੇਸ ਵਿੱਚ ਹੇਠ ਦਰਜ ਉੱਤਰਵਾਦੀਆਂ ਨੂੰ ਅਖਬਾਰੀ ਇਸ਼ਤਿਹਾਰ ਰਾਹੀਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਅਦਾਲਤ ਵਿੱਚ ਕੇਸ ਤਕਸੀਮ ਉਪਰੋਕਤ ਖਸਰਾ ਨੰਬਰ 'ਤੇ ਪੇਸ਼ ਹੋਇਆ ਹੈ। ਇਸ ਲਈ ਜੇਕਰ ਕੋਈ ਵਿਅਕਤੀ ਜਾਂ ਹੇਠਾਂ ਲਿਖੇ ਉੱਤਰਵਾਦੀਆਂ ਵਿੱਚੋਂ ਕੋਈ ਇਸ ਕੇਸ ਤਕਸੀਮ ਵਿਚ ਕੋਈ ਜਵਾਬ/ਇਤਰਾਜ਼ ਸੰਬੰਧੀ ਕਾਰਵਾਈ ਕਰਨਾ ਚਾਹੁੰਦੇ ਹਨ ਜਾਂ ਪੱਖ ਪੇਸ਼ ਕਰਨਾ ਚਾਹੁੰਦੇ ਹਨ, ਤਾਂ ਉੱਤਰਵਾਦੀ ਧਿਰਾਂ ਜਵਾਬ/ਇਤਰਾਜ਼ ਅਗਲੀ ਤਾਰੀਖ ਪੇਸ਼ੀ ਮਿਤੀ 15-9-2026 ਨੂੰ ਅਸਾਲਤਨ ਜਾਂ ਵਕਾਲਤਨ ਅਦਾਲਤ ਵਿੱਚ ਪੇਸ਼ ਹੋਣ ਤੇ ਕੇਸ ਦੀ ਪੈਰਵਾਈ ਕਰਨ ਲਈ ਨਿੱਜੀ ਤੌਰ 'ਤੇ ਇਸ ਅਦਾਲਤ ਵਿਖੇ ਪੇਸ਼ ਕਰ ਸਕਦੇ ਹਨ। ਇਸ ਮਿਤੀ ਤੋਂ ਬਾਅਦ ਕਿਸੇ ਦਾ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ। ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਉਨ੍ਹਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਸਹੀ/-ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਰਾਜਾਸਾਂਸੀ

ਨੰਬਰ/ਰੀਡਰ/ਐਂਨ.ਟੀ./719 ਮਿਤੀ : 9/9/2026

1. ਅਰਵਿੰਦਰ ਸਿੰਘ 2. ਖੁਸ਼ਬੀਰ ਸਿੰਘ ਪੁੱਤਰਾਨ ਹਰਜਿੰਦਰ ਸਿੰਘ 3. ਪਰਵਿੰਦਰ ਕੌਰ ਪਤਨੀ ਹਰਜਿੰਦਰ ਸਿੰਘ 4. ਸਰਬਜੀਤ ਕੌਰ ਵਿਧਵਾ ਹਰਜਿੰਦਰ ਸਿੰਘ 5. ਬਲਦੇਵ ਸਿੰਘ ਪੁੱਤਰ ਰਜਵੰਤ ਸਿੰਘ 6. ਮਨਿੰਦਰ ਸਿੰਘ ਪੁੱਤਰ ਅਮਰੀਕ ਸਿੰਘ, ਸਾਰੇ ਵਾਸੀਆਨ ਰਾਜਾਸਾਂਸੀ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ।

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਟੈਂਡਰ ਸੂਚਨਾ ਨੰ: 433-Sig-T-47-26-27    ਬੰਦ ਹੋਣ ਦੀ ਮਿਤੀ/ਸਮਾਂ: ਨੂੰ
ਮਿਤੀ : 14.09.2026    07.10.2026, 15:00 ਵਜੇ

ਸੀਨੀਅਰ ਡਵੀਜਨ ਸਾਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉੱਤਰ ਰੇਲਵੇ, ਫ਼ਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਟੈਂਡਰ ਨੰ: 433-ਸਿਗ-T-47-26-27 ਈ-ਟੈਂਡਰਿੰਗ ਦੁਆਰਾ ਤੋਂ ਮਿਤੀ 07.10.2026, 12.30 ਵਜੇ ਤਕ https://www.ireps.gov.in ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ । ਟੈਂਡਰਕਰਤਾ ਅਪਣੀ ਟੈਂਡਰਾਂ ਅਸਲੀ/ਸੰਸ਼ੋਧਿਤ ਨਿਸ਼ਚਿਤ ਕੀਤੇ ਗਏ ਸਮੇਂ ਅਤੇ ਮਿਤੀ ਤਕ ਜ਼ਰੂਰ ਜਮਾਂ ਕਰਵਾਏ । ਇਸ ਟੈਂਡਰ ਦੇ ਤਹਿਤ ਮੈਨੂਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ । ਠੇਕੇਦਾਰਾਂ ਦੁਵਾਰਾ ਟੈਂਡਰ ਡਾਕਯੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਸ ਤਰ੍ਹਾਂ ਕਿ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਆਦਿ ਦੁਵਾਰਾ ਹੀ ਸਵੀਕਾਰ ਕੀਤੀ ਜਾਵੇਗੀ ਇਸਦੇ ਅਤਿਰਿਕਤ ਡਿਮਾਂਡ ਡਰਾਫਟ, ਬੈਂਕਰ ਚੈਂਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਦੁਵਾਰਾ ਜਮਾਂ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ । ਐਨ. । ਆਈ. । ਟੀ

| ਕੰਮ ਦਾ ਨਾਮ | (i) ਫ਼ਿਰੋਜ਼ਪੁਰ ਡਵੀਜਨ ਵਿਚ ਮੌਜੂਦਾ ਡੇਟਾ ਲਾਗਰਸ ਦੀ ਸ਼ਮਤਾ ਨੂੰ ਬਦਲਨਾ/ਅਪਗ੍ਰੇਡ ਕਰਨਾ ਅਤੇ ਡੇਟਾ ਲਾਗਰ ਨੇਟਵਰਕਿੰਗ ਮੈਨੇਜਮੈਂਟ ਰੂਮ ਦੀ ਵਿਵਸਥਾ ਕਰਨਾ । (ii) ਫ਼ਿਰੋਜ਼ਪੁਰ ਡਵੀਜਨ ਵਿਚ ਇੰਟਰਲਾਕ ਲੇਵਲ ਕਰੋਸਿੰਗ ਗੇਟਸ ਉਤੇ IPS, ELD ਅਤੇ GPS ਆਧਾਰਿਤ RTU ਦੀ ਵਿਵਸਥਾ । (iii) ਫ਼ਿਰੋਜ਼ਪੁਰ ਡਵੀਜਨ ਵਿਚ S&T ਗਿਯਰ ਦੀ ਵਿਸ਼ਵਸਨੀਯਤਾ ਵਿਚ ਸੁਧਾਰ ਅਤੇ ਸੁਰੱਖਿਆ ਵਧਾਣ ਦਾ ਕੰਮ । | | |
|---|---|---|---|
| ਟੈਂਡਰ ਬੰਦ ਕਰਨ ਦੀ ਮਿਤੀ ਸਮਾਂ | (i) 07.10.2026, 15:00<br>(ii) 06.10.2026, 15:00<br>(iii) 07.10.2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 14.09.2026, 12:32 |
| ਅਨੁਮਾਨਿਤ ਕੀਮਤ (ਰੁ:) | (i) 2,95,45,987.32<br>(ii) 6,16,63,359.73<br>(iii) 6,17,40,305.86 | ਬਿਡਿੰਗ ਸ਼ੁਰੂ ਦੀ ਮਿਤੀ (ਆਈਆਰਈਪੀਐਸ) | (i) 23.09.2026<br>(ii) 22.09.2026<br>(iii) 23.09.2026 |
| ਬਿਆਨਾ ਰਾਸ਼ੀ (ਰੁ:) | (i) 5,90,900.00<br>(ii) 12,33,300.00<br>(iii) 12,34,800.00 | ਕੰਮ ਪੂਰਾ ਕਰਨ ਦਾ ਸਮਾਂ | (i) 9 ਮਹੀਨੇ<br>(ii) 12 ਮਹੀਨੇ<br>(iii) 12 ਮਹੀਨੇ |

ਨੋਟ : ਟੈਂਡਰਕਰਤਾ ਨਿਯਮਿਤ ਰੂਪ ਤੋਂ ਵੈੱਬਸਾਈਟ ਦੇ ਸੰਪਰਕ ਵਿਚ ਰਹਿਕੇ ਟੈਂਡਰ ਸੰਸ਼ੋਧਨਾਂ, ਸ਼ੁੱਧੀਪੱਤਰ ਆਦਿ ਬਾਰੇ ਵਿਚ ਖੁਦ ਨੂੰ ਅਪਡੇਟ ਰੱਖੇ । ਮਹੀਨੇ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ    3167/2026



## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਪ੍ਰੀ-ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ 53.30 ਕਰੋੜ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੂਬੇ ਦੇ ਹਰ ਬੱਚੇ ਤੱਕ ਚੰਗੀ ਸਿੱਖਿਆ ਪਹੁੰਚਾਉਣ ਦੀ ਆਪਣੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ, ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਜ਼ੀਫਾ ਯੋਜਨਾਵਾਂ ਨੂੰ ਹੋਰ ਮਜ਼ਬੂਤ ਕਰ ਰਹੀ ਹੈ ਤਾਂ ਜੋ ਗਰੀਬੀ ਕਾਰਨ ਕਿਸੇ ਵੀ ਅਨੁਸੂਚਿਤ ਜਾਤੀ (ਐੱਸ ਸੀ) ਦੇ ਬੱਚੇ ਦੀ ਪੜ੍ਹਾਈ ਨਾ ਛੁੱਟੇ। ਹੋਰ ਜਾਣਕਾਰੀ ਸਾਂਝੀ ਕਰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਐੱਸ ਸੀ ਵਿਦਿਆਰਥੀਆਂ ਲਈ ਚਲਾਈ ਜਾ ਰਹੀ ਪ੍ਰੀ-ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਪੰਜਾਬ ਸਰਕਾਰ ਨੇ ਵਿੱਤੀ ਸਾਲ 2025-26 ਦੌਰਾਨ 94,092 ਵਿਦਿਆਰਥੀਆਂ ਲਈ 13.30 ਕਰੋੜ ਰੁਪਏ ਜਾਰੀ ਕੀਤੇ ਹਨ। ਇਸ ਤੋਂ ਇਲਾਵਾ ਅਗਲੇ ਵਿੱਤੀ ਸਾਲ 2026-27 ਲਈ 1,17,142 ਬੱਚਿਆਂ ਨੂੰ ਫਾਇਦਾ ਪਹੁੰਚਾਉਣ ਵਾਸਤੇ 40 ਕਰੋੜ ਰੁਪਏ ਦਾ ਬਜਟ ਪ੍ਰਸਤਾਵਿਤ ਕੀਤਾ ਗਿਆ ਹੈ, ਤਾਂ ਜੋ ਸਕੂਲ ਪੱਧਰ 'ਤੇ ਬੱਚਿਆਂ ਦੀ ਪੜ੍ਹਾਈ ਬਿਨਾਂ ਕਿਸੇ ਰੁਕਾਵਟ ਦੇ ਚੱਲਦੀ ਰਹੇ।



ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਸਕੀਮ ਦੀ ਬਦੌਲਤ ਆਰਥਿਕ ਤੌਰ 'ਤੇ ਕਮਜ਼ੋਰ ਐੱਸ ਸੀ ਪਰਵਾਰਾਂ ਦੇ ਹਜ਼ਾਰਾਂ ਬੱਚੇ ਬਿਨਾਂ ਕਿ ਵਿੱਤੀ ਬੋਝ ਦੇ ਆਪਣੀ ਪੜ੍ਹਾਈ ਜਾਰੀ ਰੱਖ ਰਹੇ ਹਨ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਿੱਖਿਆ ਹੀ ਸਮਾਜਿਕ ਸੁਧਾਰ ਦੀ ਸਭ ਤੋਂ ਮਜ਼ਬੂਤ ਨੀਂਹ ਹੈ ਅਤੇ ਇਹ ਹਰ ਬੱਚੇ ਨੂੰ ਬਰਾਬਰ ਦੇ ਮੌਕੇ ਦਵਾਉਣ ਵਿੱਚ ਅਹਿਮ ਰੋਲ ਅਦਾ ਕਰਦੀ ਹੈ। ਡਾ. ਬਲਜੀਤ ਕੌਰ ਨੇ ਆਖਿਆ ਕਿ ਪੰਜਾਬ ਸਰਕਾਰ ਪਿਛੜੇ ਵਰਗਾਂ ਦੇ ਲੋਕਾਂ ਨੂੰ ਉੱਪਰ ਚੁੱਕਣ ਲਈ ਸਿੱਖਿਆ ਅਤੇ ਮਨੁੱਖੀ ਵਿਕਾਸ 'ਤੇ ਖਾਸ ਧਿਆਨ ਦੇ ਰਹੀ ਹੈ।

## ਸੰਯੁਕਤ ਕਿਸਾਨ ਮੋਰਚੇ ਵੱਲੋਂ ਪਾਵਰ ਕਾਮ ਦਫਤਰ ਦਾ ਘਿਰਾਓ

**ਰੂਪਨਗਰ (ਨ ਜ਼ ਸ)**- ਅੱਜ ਸੰਯੁਕਤ ਕਿਸਾਨ ਮੋਰਚੇ ਤੇ ਸੱਦੇ ਤੇ ਬਿਜਲੀ ਸੰਕਟ ਨੂੰ ਲੈ ਕੇ ਪਾਵਰ ਕਾਮ ਦੇ ਉੱਚ ਅਧਿਕਾਰੀਆਂ ਦੇ ਦਫ਼ਤਰ ਦਾ ਤਿੰਨ ਘੰਟੇ ਤੋਂ ਵੱਧ ਸਮੇਂ ਤੱਕ ਘਿਰਾਓ ਕੀਤਾ। ਇਸ ਮੌਕੇ ਤੇ ਵੱਖ ਵੱਖ ਕਿਸਾਨ ਆਗੂਆਂ ਨੇ ਕਿਹਾ ਕਿ ਸੂਬੇ



ਵਿੱਚ ਪਿਛਲੇ ਦਿਨਾਂ ਤੋਂ ਬਿਜਲੀ ਦਾ ਸੰਕਟ ਲਗਾਤਾਰ ਵੱਧਦਾ ਜਾ ਰਿਹਾ ਹੈ। ਜਿਸ ਕਾਰਨ ਕਿਸਾਨੀ ਦੀਆਂ ਫਸਲਾਂ ਤੇ ਵੱਡਾ ਪ੍ਰਭਾਵ ਪੈਵੇਗਾ। ਉਹਨਾਂ ਨੇ ਕਿਹਾ ਕਿ ਇਸ ਸਮੇਂ ਝੋਨਾ ਪੱਕਣ ਦੇ ਕਿਨਾਰੇ ਖੜਾ ਹੈ ਪਰ ਸੋਕੇ ਕਾਰਨ ਝਾੜ ਤੇ ਬਹੁਤ ਮਾੜਾ ਅਸਰ ਪੇਵੇਗਾ। ਕਿਸਾਨ ਆਗੂਆਂ ਨੇ ਕਿਹਾ ਕਿ ਗੰਨਾ, ਹਰਾ ਚਾਰਾ, ਕਪਾਹ, ਸਬਜ਼ੀਆਂ ਸਮੇਤ ਹੋਰ ਫਸਲਾਂ ਨੂੰ ਵੀ ਭਾਰੀ ਨੁਕਸਾਨ ਪੁੱਜ ਰਿਹਾ ਹੈ। ਇੱਥੋਂ ਤੱਕ ਕਿ ਪਿੰਡਾਂ ਤੇ ਲੋਕਾਂ ਨੂੰ ਵੀ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਉਹਨਾਂ ਨੇ ਕਿਹਾ ਕਿ ਪਾਵਰ ਕਾਮ ਦੇ ਉੱਚ ਅਧਿਕਾਰੀਆਂ ਨੂੰ ਪਹਿਲਾਂ ਵੀ ਕਈ ਵਾਰ ਮਿਲ ਚੁੱਕੇ ਪਰ ਮਸਲਿਆਂ ਦਾ ਕੋਈ ਹੱਲ ਨਹੀਂ ਹੋਇਆ ਜਿਸ ਕਾਰਨ ਮਜਬੂਰੀ ਬਸ ਅੱਜ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਦਫਤਰ ਅੱਗੇ ਧਰਨਾ ਮਾਰਨ ਲਈ ਕਿਸਾਨਾਂ ਨੂੰ ਮਜਬੂਰ ਹੋਣਾ ਪਿਆ। ਕਿਸਾਨ ਆਗੂਆਂ ਨੇ ਪਾਵਰ ਕਾਮ ਦੇ ਅਧਿਕਾਰੀਆਂ ਨੂੰ ਇਹ ਵੀ ਚਿਤਾਵਨੀ ਦਿੱਤੀ ਕਿ ਜੇ ਬਿਜਲੀ ਤੇ ਕੱਟਾਂ ਤੋਂ ਕਿਸਾਨਾਂ ਨੂੰ ਰਾਹਤ ਨਾ ਮਿਲੀ ਤਾਂ ਆਉਣ ਵਾਲੇ ਸਮੇਂ ਦੇ ਵਿੱਚ ਵੱਡਾ ਐਕਸ਼ਨ ਕੀਤਾ ਜਾਵੇਗਾ। ਇਸ ਮੌਕੇ ਤੇ ਦਲਜੀਤ ਸਿੰਘ ਚਲਾਕੀ,ਵੀਰ ਸਿੰਘ ਬੜਵਾ, ਮੋਹਰ ਸਿੰਘ ਖਾਬੜਾ, ਕਾਮਰੇਡ ਸੁਰਜੀਤ ਸਿੰਘ ਢੇਰ, ਅਵਤਾਰ ਸਿੰਘ, ਚਰਨਜੀਤ ਸਿੰਘ, ਜਗਦੀਸ਼ ਸਿੰਘ, ਮੁਖਤਿਆਰ ਸਿੰਘ ਮਾਹਲਾ, ਇਕਬਾਲ ਸਿੰਘ, ਰਣਧੀਰ ਸਿੰਘ ਚੱਕਲ, ਗੁਰਚਰਨ ਸਿੰਘ ਘੋਲਣ ਮਾਜਰਾ, ਚਰਨ ਸਿੰਘ ਮੁੰਡੀਆਂ, ਦਲੀਪ ਸਿੰਘ ਘਨੌਲਾ, ਸਤਨਾਮ ਸਿੰਘ ਮਾਜਰੀ, ਰੁਪਿੰਦਰ ਸਿੰਘ ਰੂਪਾ ਨੇ ਸੰਬੋਧਨ ਕੀਤਾ।

ਉਪ ਮੁੱਖ ਇੰਜੀਨੀਅਰ ਇੰਜ ਐਸ ਐਸ ਸੈਂਬੀ ਨੇ ਧਰਨੇ ਵਿੱਚ ਆ ਕੇ ਕਿਸਾਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਸੂਬੇ ਵਿੱਚ ਕੁਝ ਥਰਮਲ ਪਲਾਂਟਾਂ ਦੇ ਯੂਨਿਟ ਪਿਛਲੀ ਦਿਨੀ ਬੰਦ ਹੋ ਗਏ ਸਨ ਜੋ ਕਿ ਹੁਣ ਚੱਲ ਪਏ ਹਨ। ਛੇਤੀ ਹੀ ਬਿਜਲੀ ਦਾ ਸੰਕਟ ਦੂਰ ਹੋ ਜਾਵੇਗਾ। ਉਹਨਾਂ ਨੇ ਕਿਸਾਨਾਂ ਦੀਆਂ ਹੋਰ ਵੀ ਮੰਗਾਂ ਤੇ ਵੀ ਵਿਚਾਰ ਚਰਚਾ ਕੀਤੀ।ਇਸ ਮੌਕੇ ਤੇ ਕਿਸਾਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਡੀ ਏ ਪੀ-ਯੂਰੀਆ ਦੀ ਕਿੱਲਤ ਨੇ ਕਿਸਾਨਾਂ ਦੀ ਵਧਾਈ ਚਿੰਤਾ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਦਾ ਕਿਸਾਨ ਪਹਿਲਾਂ ਹੀ ਮਹਿੰਗੀ ਖੇਤੀ ਦੀ ਮਾਰ ਝੱਲ ਰਿਹਾ ਹੈ, ਉੱਪਰੋਂ ਡੀ ਏ ਪੀ ਅਤੇ ਯੂਰੀਆ ਖਾਦ ਦੀ ਕਥਿਤ ਕਿੱਲਤ ਨੇ ਕਿਸਾਨਾਂ ਦੀਆਂ ਮੁਸ਼ਕਲਾਂ ਹੋਰ ਵਧਾ ਦਿੱਤੀਆਂ ਹਨ। ਕਪੂਰਥਲਾ ਜ਼ਿਲ੍ਹੇ ਦੀਆਂ ਕਈ ਕਿਸਾਨ ਸੁਸਾਇਟੀਆਂ ਵਿੱਚ ਖਾਦ ਉਪਲਬਧ ਨਾ ਹੋਣ ਕਾਰਨ ਕਿਸਾਨ ਦਰ-ਦਰ ਭਟਕਣ ਲਈ ਮਜਬੂਰ ਹਨ। ਕਿਸਾਨਾਂ ਦਾ ਦੋਸ਼ ਹੈ ਕਿ ਕਈ ਸੁਸਾਇਟੀਆਂ ਵਿੱਚ ਪਿਛਲੇ ਕਈ ਦਿਨਾਂ ਤੋਂ ਖਾਦ ਦਾ ਇੱਕ ਵੀ ਥੈਲਾ ਨਹੀਂ ਪਹੁੰਚਿਆ। ਕਿਸਾਨ ਸੁਸਾਇਟੀਆਂ ਦੇ ਚੱਕਰ ਲਗਾ ਰਹੇ ਹਨ, ਪਰ ਖਾਲੀ ਹੱਥ ਵਾਪਸ ਮੁੜਨਾ ਪੈ ਰਿਹਾ ਹੈ।ਇੱਕ ਮਾਮਲੇ ਵਿੱਚ ਕਿਸਾਨਾਂ ਦਾ ਕਹਿਣਾ ਹੈ ਕਿ ਉਹ ਸੁਸਾਇਟੀ ਵਿੱਚ ਖਾਦ ਲੈਣ ਲਈ ਪਹੁੰਚੇ ਤਾਂ ਸੁਸਾਇਟੀ ਨੂੰ ਤਾਲਾ ਲੱਗਿਆ ਹੋਇਆ ਸੀ ਅਤੇ ਉੱਥੇ ਕੋਈ ਵੀ ਕਰਮਚਾਰੀ ਜਾਂ ਜ਼ਿੰਮੇਵਾਰ ਵਿਅਕਤੀ ਮੌਜੂਦ ਨਹੀਂ ਸੀ। ਕਿਸਾਨ ਖੱਜਲ-ਖੁਆਰ ਹੋ ਕੇ ਵਾਪਸ ਪਰਤਣ ਲਈ ਮਜਬੂਰ ਹੋਏ।ਉੱਧਰ, ਸੁਸਾਇਟੀ ਦੇ ਸਕੱਤਰ ਹਰਪ੍ਰੀਤ ਸਿੰਘ ਦਾ ਕਹਿਣਾ ਹੈ ਕਿ ਉਹ ਕਿਸੇ ਦਫ਼ਤਰੀ ਕੰਮ ਲਈ ਸੁਲਤਾਨਪੁਰ ਲੋਧੀ ਸ਼ਹਿਰ ਗਏ ਹੋਏ ਸਨ, ਜਿਸ ਕਾਰਨ ਸੁਸਾਇਟੀ ਬੰਦ ਸੀ। ਹਾਲਾਂਕਿ ਕਿਸਾਨਾਂ ਦਾ ਦਾਅਵਾ ਹੈ ਕਿ ਪਿਛਲੇ ਕਰੀਬ 10 ਦਿਨਾਂ ਤੋਂ ਸੁਸਾਇਟੀ ਵਿੱਚ ਖਾਦ ਦਾ ਇੱਕ ਵੀ ਥੈਲਾ ਨਹੀਂ ਆਇਆ। ਕਿਸਾਨਾਂ ਦਾ ਸਭ ਤੋਂ ਵੱਡਾ ਇਤਰਾਜ਼ ਖਾਦ ਨਾਲ ਵਾਧੂ ਖੇਤੀ ਉਤਪਾਦਾਂ ਦੀ ਕਥਿਤ ਟੈਗਿੰਗ ਨੂੰ ਲੈ ਕੇ ਹੈ। ਕਿਸਾਨਾਂ ਦਾ ਦੋਸ਼ ਹੈ ਕਿ ਜਿੱਥੇ ਡੀ ਏ ਪੀ ਜਾਂ ਹੋਰ ਖਾਦ ਉਪਲਬਧ ਹੁੰਦੀ ਹੈ, ਉੱਥੇ ਇਸ ਦੇ ਨਾਲ ਟੀ ਐੱਸ ਪੀ, ਨੈਨੋ ਡੀ ਏ ਪੀ, ਨੈਨੋ ਯੂਰੀਆ, ਸਲਫਰ, ਦਵਾਈਆਂ ਅਤੇ ਹੋਰ ਖੇਤੀ ਉਤਪਾਦ ਲੈਣ ਲਈ ਕਿਹਾ ਜਾਂਦਾ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਖਾਦ ਦੀ ਲੋੜ ਅਤੇ ਬਾਜ਼ਾਰ ਵਿੱਚ ਉਪਲਬਧਤਾ ਘੱਟ ਹੋਣ ਕਾਰਨ ਉਹ ਵਿਕਰੇਤਾਵਾਂ ਵੱਲੋਂ ਦੱਸੀਆਂ ਸ਼ਰਤਾਂ ਮੰਨਣ ਲਈ ਮਜਬੂਰ ਹੋ ਜਾਂਦੇ ਹਨ। ਇਸ ਨਾਲ ਪਹਿਲਾਂ ਹੀ ਵਧ ਰਹੀ ਖੇਤੀ ਲਾਗਤ ਉੱਪਰ ਹੋਰ ਵਿੱਤੀ ਬੋਝ ਪੈਂਦਾ ਹੈ।ਕਿਸਾਨਾਂ ਨੇ ਸਰਕਾਰ ਅਤੇ ਖੇਤੀਬਾੜੀ ਵਿਭਾਗ ਤੋਂ ਮੰਗ ਕੀਤੀ ਹੈ ਕਿ ਡੀ ਏ ਪੀ ਅਤੇ ਯੂਰੀਆ ਦੀ ਸਪਲਾਈ ਤੁਰੰਤ ਯਕੀਨੀ ਬਣਾਈ ਜਾਵੇ।

## ਵਿਦਿਆਰਥੀਆਂ ਨੂੰ ਅੱਗ ਬੁਝਾਊ ਯੰਤਰ ਚਲਾਉਣ ਦੀ ਦਿੱਤੀ ਸਿਖਲਾਈ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਖੇਡ ਵਿਭਾਗ ਦੇ ਮੁਖੀ ਰਣਜੋਧ ਸਿੰਘ ਡੀ ਪੀ ਈ ਦੀ ਦੇਖ ਰੇਖ ਹੇਠ ਰਵਿੰਦਰ ਕੁਮਾਰ ਵੱਲੋਂ ਵਿਦਿਆਰਥੀਆਂ ਨੂੰ ਅੱਗ ਲੱਗਣ ਦੀ ਸਥਿਤੀ ਵਿੱਚ ਸੁਰੱਖਿਆ ਉਪਾਅ ਅਤੇ ਅੱਗ ਬੁਝਾਊ ਯੰਤਰਾਂ ਦੀ ਸਹੀ ਵਰਤੋਂ ਬਾਰੇ ਵਿਹਾਰਕ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਅਚਾਨਕ ਅੱਗ ਲੱਗਣ ਦੀ ਸਥਿਤੀ ਵਿੱਚ ਘਬਰਾਉਣ ਦੀ ਬਜਾਏ ਸਾਵਧਾਨੀ ਅਤੇ ਸਮਝਦਾਰੀ ਨਾਲ ਕਿਵੇਂ ਸਥਿਤੀ ਨੂੰ ਕਾਬੂ ਕੀਤਾ ਜਾ ਸਕਦਾ ਹੈ। ਸਕੂਲ ਵਿਖੇ ਕਰਵਾਈ ਗਈ ਇਸ ਗਤੀਵਿਧੀ ਦੌਰਾਨ ਵਿਦਿਆਰਥੀਆਂ ਨੂੰ ਅੱਗ ਬੁਝਾਊ ਯੰਤਰ ਦੇ ਵੱਖ-ਵੱਖ ਹਿੱਸਿਆਂ ਅਤੇ ਇਸ ਨੂੰ ਚਲਾਉਣ ਦੀ ਵਿਧੀ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਬਾਅਦ ਵਿਦਿਆਰਥੀਆਂ ਤੋਂ ਖੁਦ ਅੱਗ ਬੁਝਾਊ ਯੰਤਰ ਚਲਾ ਕੇ ਅਭਿਆਸ ਵੀ ਕਰਵਾਇਆ ਗਿਆ, ਤਾਂ ਜੋ ਉਹ ਐਮਰਜੈਂਸੀ ਸਮੇਂ ਬਿਨਾਂ ਘਬਰਾਏ ਇਸ ਦੀ ਵਰਤੋਂ ਕਰ ਸਕਣ। ਇਸ ਮੌਕੇ ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਕਿਤਾਬੀ ਸਿੱਖਿਆ ਦੇ ਨਾਲ-ਨਾਲ ਜੀਵਨ ਵਿੱਚ ਕੰਮ ਆਉਣ ਵਾਲੀ ਵਿਹਾਰਕ ਸਿੱਖਿਆ ਦੇਣਾ ਵੀ ਸਕੂਲ ਦੀ ਜ਼ਿੰਮੇਵਾਰੀ ਹੈ। ਇਸ ਮੌਕੇ ਰਵਿੰਦਰ ਕੁਮਾਰ, ਰਣਜੋਧ ਸਿੰਘ ਡੀ ਪੀ ਈ, ਮੁਕੇਸ਼ ਕੁਮਾਰ ਆਦਿ ਤੋਂ ਇਲਾਵਾ ਸਕੂਲ ਦੇ ਵਿਦਿਆਰਥੀ ਹਾਜ਼ਰ ਸਨ।



## ਫਰੀ ਆਯੂਸ਼ ਕੈਂਪ 17 ਨੂੰ

**ਫਗਵਾੜਾ (ਜਸਵਿੰਦਰ ਢੱਡਾ)**- ਡਾਇਰੈਕਟਰ ਆਯੁਰਵੈਦਾ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਕਪੂਰਥਲਾ ਵਿੱਚ ਲਗਾਏ ਜਾ ਰਹੇ 10 ਫਰੀ ਆਯੂਸ਼ ਕੈਂਪਾਂ ਦੀ ਲੜੀ ਤਹਿਤ ਫਗਵਾੜਾ ਵਿਖੇ ਚੌਥਾ ਕੈਂਪ 17 ਸਤੰਬਰ ਦਿਨ ਵੀਰਵਾਰ ਨੂੰ ਰਾਮਲੀਲਾ ਮੈਦਾਨ ਹਦੀਆਬਾਦ ਵਿਖੇ ਲਗਾਇਆ ਜਾਵੇਗਾ। ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫਸਰ ਡਾ. ਪਰਮਿੰਦਰ ਕੌਰ ਨੇ ਦੱਸਿਆ ਕਿ ਇਹਨਾਂ ਆਯੁਰਵੈਦਿਕ ਅਤੇ ਹੋਮਿਓਪੈਥਿਕ ਦੇ ਫਰੀ ਆਯੂਸ਼ ਕੈਂਪ 'ਚ ਲੋੜਵੰਦ ਮਰੀਜ਼ਾਂ ਦਾ ਚੈੱਕਅਪ ਕਰਕੇ ਫਰੀ ਦਵਾਈਆਂ ਦਿੱਤੀਆਂ ਜਾਣਗੀਆਂ। ਉਹਨਾਂ ਦੱਸਿਆ ਕਿ ਪੇਟ ਦੇ ਰੋਗਾਂ, ਜੋੜਾਂ ਦੇ ਦਰਦ, ਚਮੜੀ ਦੇ ਰੋਗਾਂ ਤੋਂ ਇਲਾਵਾ ਮਹਿਲਾ ਰੋਗ, ਬਲੱਡ ਪ੍ਰੈਸ਼ਰ ਅਤੇ ਖਾਂਸੀ ਆਦਿ ਮੌਸਮੀ ਬਿਮਾਰੀਆਂ ਨਾਲ ਪੀੜਤ ਮਰੀਜ਼ ਇਹਨਾਂ ਕੈਂਪਾਂ ਦਾ ਭਰਪੂਰ ਲਾਭ ਲੈ ਸਕਦੇ ਹਨ। ਕੈਂਪ 'ਚ ਆਏ ਮਰੀਜ਼ਾਂ ਨੂੰ ਸਰੀਰ ਦੀ ਪ੍ਰਕਿਰਤੀ ਅਤੇ ਮੌਸਮ ਮੁਤਾਬਕ ਅਹਾਰ-ਵਿਹਾਰ 'ਚ ਬਦਲਾਅ ਸਬੰਧੀ ਵਡਮੁੱਲੀ ਜਾਣਕਾਰੀ ਵੀ ਦਿੱਤੀ ਜਾਵੇਗੀ ਅਤੇ ਨਾਲ ਹੀ ਯੋਗ ਅਤੇ ਪ੍ਰਾਣਾਯਾਮ ਦੇ ਲਾਭ ਵੀ ਦੱਸੇ ਜਾਣਗੇ ਤਾਂ ਜੋ ਵਿਅਕਤੀ ਸਰੀਰਕ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਰਹਿ ਸਕੇ। ਇਸ ਮੌਕੇ ਸਿਹਤ ਕੇਂਦਰ ਸਿਵਲ ਹਸਪਤਾਲ ਫਗਵਾੜਾ ਦੇ ਡਾ. ਪ੍ਰੇਮਪਾਲ ਨੇ ਦੱਸਿਆ ਕਿ ਕੈਂਪ ਦੌਰਾਨ ਬੁਖਾਰ, ਖਾਂਸੀ, ਪੇਟ ਦੀਆਂ ਬਿਮਾਰੀਆਂ, ਮਹਿਲਾ ਰੋਗ, ਬਲੱਡ ਪ੍ਰੈਸ਼ਰ ਅਤੇ ਸ਼ੂਗਰ ਵਰਗੀਆਂ ਬਿਮਾਰੀਆਂ ਦੀ ਜਾਂਚ ਕਰਕੇ ਲੋੜਵੰਦ ਮਰੀਜ਼ਾਂ ਨੂੰ ਫਰੀ ਆਯੁਰਵੈਦਿਕ ਅਤੇ ਹੋਮਿਓਪੈਥਿਕ ਦਵਾਈਆਂ ਦਿੱਤੀਆਂ ਜਾਣਗੀਆਂ।



## ਨਸ਼ਾ ਮੁਕਤ ਪੰਜਾਬ ਦੇ ਸੰਕਲਪ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਮੀਟਿੰਗ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਨਸ਼ਿਆਂ ਵਿਰੁੱਧ ਜੰਗ ਨੂੰ ਹੋਰ ਮਜ਼ਬੂਤ ਕਰਨ ਅਤੇ ਨਸ਼ਾ ਮੁਕਤ ਪੰਜਾਬ ਦੇ ਸੰਕਲਪ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਕਮਿਊਨਿਟੀ ਸੈਂਟਰ ਡੇਰਾਬੱਸੀ ਵਿਖੇ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਨਸ਼ਿਆਂ ਦੀ ਰੋਕਥਾਮ, ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਨਸ਼ਾ ਵਿਰੋਧੀ ਮੁਹਿੰਮ ਨੂੰ ਪਿੰਡਾਂ ਤੇ ਸ਼ਹਿਰੀ ਖੇਤਰਾਂ ਤੱਕ ਹੋਰ ਮਜ਼ਬੂਤੀ ਨਾਲ ਪਹੁੰਚਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰਸ਼ਾਸਨ, ਪੁਲਸ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਸਮੇਤ ਹਲਕਾ ਅਤੇ ਜ਼ਿਲ੍ਹਾ ਪੱਧਰੀ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ।

ਮੀਟਿੰਗ ਵਿੱਚ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਦਰਮਿਆਨ ਬਿਹਤਰ ਤਾਲਮੇਲ, ਲੋਕਾਂ ਦੀ ਭਾਗੀਦਾਰੀ ਵਧਾਉਣ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨ 'ਤੇ ਜ਼ੋਰ ਦਿੱਤਾ ਗਿਆ। ਹਾਜ਼ਰ ਨੁਮਾਇੰਦਿਆਂ ਵੱਲੋਂ ਲੋਕਾਂ ਦੀ ਭਲਾਈ ਅਤੇ ਨੌਜਵਾਨ ਪੀੜ੍ਹੀ ਦੇ ਸੁਰੱਖਿਅਤ ਤੇ ਉੱਜਵਲ ਭਵਿੱਖ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਕਲਪ ਲਿਆ ਗਿਆ।ਇਸ ਮੌਕੇ ਐਸ.ਡੀ.ਐਮ. ਡੇਰਾਬੱਸੀ ਅਮਿਤ ਗੁਪਤਾ, ਏ.ਐਸ.ਪੀ. ਜ਼ੀਰਕਪੁਰ ਗਜ਼ਲਪ੍ਰੀਤ ਕੌਰ ਸਮੇਤ ਪੁਲਸ ਪ੍ਰਸ਼ਾਸਨ ਦੇ ਅਧਿਕਾਰੀ,



ਬੀ ਡੀ ਪੀ ਓ, ਐੱਸ ਐੱਮ ਓ ਅਤੇ ਹੋਰ ਸਬੰਧਤ ਅਧਿਕਾਰੀ ਹਾਜ਼ਰ ਸਨ। ਇਸ ਤੋਂ ਇਲਾਵਾ ਮਾਲਵਾ ਐਸਟੇਟ ਜ਼ੋਨ ਦੀ ਅਨੂੰ ਬੱਬਰ, ਜ਼ਿਲ੍ਹਾ ਪ੍ਰਧਾਨ ਜਗਜੀਤ ਸਿੰਘ ਅਤੇ ਹਲਕਾ ਕੋਆਰਡੀਨੇਟਰ ਸੁਮਿਤ ਰਾਣਾ ਸਮੇਤ ਹੋਰ ਪਾਰਟੀ ਨੁਮਾਇੰਦਿਆਂ ਨੇ ਵੀ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ।

ਮੀਟਿੰਗ ਦੌਰਾਨ ਇਸ ਗੱਲ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਕਿ ਨਸ਼ਿਆਂ ਵਿਰੁੱਧ ਜੰਗ ਸਿਰਫ਼ ਸਰਕਾਰੀ ਤੰਤਰ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।

## ਸੀ ਪੀ ਆਈ ਨੇ ਪਾਣੀ ਦੇ ਨਿਕਾਸ ਦੇ ਮੁੱਦੇ ਨੂੰ ਹੱਲ ਕਰਨ ਲਈ ਦਿੱਤਾ ਮੰਗ ਪੱਤਰ

**ਖਰੜ (ਨ ਜ਼ ਸ)**- ਇੰਟੈਂਸਿਵ ਰਿਵੀਜ਼ਨ 2026 ਨੂੰ ਲੈ ਕੇ ਸਮੂਹ ਪਾਰਟੀਆਂ ਦੇ ਆਗੂਆਂ ਦੀ ਇੱਕ ਅਹਿਮ ਮੀਟਿੰਗ ਐੱਸ ਡੀ ਐੱਮ ਦਫ਼ਤਰ ਵਿਖੇ ਸਵੇਰੇ 11 ਵਜੇ ਬੁਲਾਈ ਗਈ। ਮੀਟਿੰਗ ਦੌਰਾਨ ਐੱਸ ਡੀ ਐੱਮ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹੁਣ ਤੱਕ ਜਿਨ੍ਹਾਂ ਵੋਟਰਾਂ ਨੇ ਆਪਣੇ ਬੀ ਐੱਲ ਓ ਕੋਲ ਜਾ ਕੇ ਦਸਤਾਵੇਜ਼ਾਂ ਸਬੰਧੀ ਜਾਣਕਾਰੀ ਨਹੀਂ ਦਿੱਤੀ, ਉਹ ਜਲਦ ਤੋਂ ਜਲਦ ਆਪਣੇ ਸਬੰਧਤ ਬੀ ਐੱਲ ਓ ਨੂੰ ਮਿਲ ਕੇ ਆਪਣੀ ਵੋਟ ਸਬੰਧੀ ਕਾਰਵਾਈ ਪੂਰੀ ਕਰਵਾ ਸਕਦੇ ਹਨ।ਵੋਟਰਾਂ ਨੂੰ ਸਖ਼ਤ ਹਦਾਇਤ ਦਿੰਦੇ ਹੋਏ ਐੱਸ ਡੀ ਐੱਮ ਨੇ ਦੱਸਿਆ ਕਿ ਜਿਹੜੇ ਲੋਕ ਬੀ ਐੱਲ ਓ ਤੱਕ ਪਹੁੰਚ ਨਹੀਂ ਕਰਨਗੇ, ਉਨ੍ਹਾਂ ਦੀ ਵੋਟ ਕੱਟੀ ਜਾ ਸਕਦੀ ਹੈ। ਐੱਸ ਡੀ ਐੱਮ ਵੱਲੋਂ ਮੀਟਿੰਗ ਵਿੱਚ ਪਹੁੰਚੇ ਸਮੂਹ ਪਾਰਟੀਆਂ ਦੇ ਆਗੂਆਂ ਨੂੰ ਅੱਜ ਤੱਕ ਦਾ ਸਟੇਟਸ ਪੱਤਰ ਵੀ ਵੰਡਿਆ ਗਿਆ।



ਮੀਟਿੰਗ ਉਪਰੰਤ ਕਮਿਊਨਿਸਟ ਪਾਰਟੀ ਦੇ ਸੀਨੀਅਰ ਆਗੂ ਕਾਮਰੇਡ ਹਰਮੇਲ ਸਿੰਘ ਚੋਲਟਾ ਵੱਲੋਂ ਵਿਕਾਸ ਦੇ ਮੁੱਦਿਆਂ ਨੂੰ ਲੈ ਕੇ ਪਿੰਡ ਚੰਦੋਂ ਦੇ ਵਿਕਾਸ ਨਾਲ ਸਬੰਧਤ ਪਾਣੀ ਦੇ ਨਿਕਾਸ ਦੇ ਮੁੱਦੇ ਨੂੰ ਉਠਾਇਆ ਗਿਆ।

ਇਹ ਸਮੱਸਿਆ ਹੁਣ ਛੱਪੜ ਦਾ ਰੂਪ ਧਾਰਨ ਕਰ ਚੁੱਕੀ ਹੈ ਅਤੇ ਇਸ ਕਾਰਨ ਇਲਾਕੇ ਵਿੱਚ ਭਿਆਨਕ ਬਿਮਾਰੀਆਂ ਫੈਲਣ ਦਾ ਖ਼ਤਰਾ ਬਣਿਆ ਹੋਇਆ ਹੈ। ਇਲਾਕੇ ਦੇ ਆਮ ਆਦਮੀ ਪਾਰਟੀ ਦੇ ਆਗੂ ਸਰਦਾਰ ਰਘੁਬੀਰ ਸਿੰਘ ਮੋਦੀ, ਬਲਾਕ ਸੰਮਤੀ ਦੇ ਚੇਅਰਮੈਨ ਦੀ ਹਾਜ਼ਰੀ ਵਿੱਚ ਐੱਸ ਡੀ ਐੱਮ ਨੂੰ ਮੰਗ ਪੱਤਰ ਦੇ ਕੇ ਬੇਨਤੀ ਕੀਤੀ ਗਈ ਕਿ ਇਸ ਸਮੱਸਿਆ ਦਾ ਜਲਦ ਤੋਂ ਜਲਦ ਹੱਲ ਕੀਤਾ ਜਾਵੇ।ਇਸੇ ਮੌਕੇ ਮੰਗ ਪੱਤਰ ਦੀ ਇੱਕ ਕਾਪੀ ਬਲਾਕ ਸੰਮਤੀ ਦੇ ਚੇਅਰਮੈਨ ਰਘੁਬੀਰ ਸਿੰਘ ਮੋਦੀ ਨੂੰ ਦੇ ਕੇ ਜਲਦੀ ਮਸਲਾ ਹੱਲ ਕਰਨ ਦੀ ਅਪੀਲ ਕੀਤੀ ਗਈ।

## ਨਾਟਕ 'ਨਵਾਂ ਜਨਮ' ਦੀ ਪੇਸ਼ਕਾਰੀ ਅੱਜ

**ਚੰਡੀਗੜ੍ਹ (ਸੁਰਜੀਤ ਸੁਮਨ)**- ਸੁਚੇਤਕ ਰੰਗਮੰਚ ਵੱਲੋਂ ਪੰਜਾਬੀ ਨਾਟਕਕਾਰੀ ਦੇ ਚਮਕਦੇ ਸਿਤਾਰੇ ਗੁਰਸ਼ਰਨ ਭਾਅ ਜੀ ਦੇ ਜਨਮ ਦਿਨ 'ਤੇ ਉਨ੍ਹਾਂ ਦਾ ਹੀ ਲਿਖਿਆ ਹੋਇਆ ਨਾਟਕ 'ਨਵਾਂ ਜਨਮ' ਦੀ ਪੇਸ਼ਕਾਰੀ ਕੀਤੀ ਜਾਵੇਗੀ। ਇਸ ਸਬੰਧੀ ਸ਼ਬਦੀਸ਼ ਨੇ ਕਿਹਾ ਕਿ ਗੁਰਸ਼ਰਨ ਭਾਅ ਜੀ ਦਾ ਇਹ ਨਾਟਕ 15 ਸਤੰਬਰ ਨੂੰ ਬਾਅਦ ਦੁਪਹਿਰ 3.30 ਵਜੇ ਗੁਰਸ਼ਰਨ ਸਿੰਘ ਮੈਮੋਰੀਅਲ ਗੈਲਰੀ ਐੱਸ ਸੀ ਓ 949 ਸੈਕਟਰ 70 ਮੋਹਾਲੀ ਵਿਖੇ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਚੇਤੇ ਕਰਵਾਇਆ ਕਿ ਗੁਰਸ਼ਰਨ ਭਾਅ ਜੀ ਕਿਹਾ ਕਰਦੇ ਸਨ, 'ਜੇ ਨਾਟਕ ਵਿੱਚ ਕੋਈ ਸਵਾਲ ਹੀ ਨਹੀਂ ਉਠਾਉਣਾ, ਤਾਂ ਨਾਟਕ ਕਰਨਾ ਹੀ ਕਿਉਂ ? ਇਨ੍ਹਾਂ ਸਵਾਲਾਂ ਦੇ ਰੂਬਰੂ ਹੋਣ ਲਈ ਉਨ੍ਹਾਂ ਨਾਟਕ ਪ੍ਰੇਮੀਆਂ ਨੂੰ ਨਿੱਘਾ ਸੱਦਾ ਦਿੱਤਾ।

## ਸੀ ਪੀ ਆਈ ਐਮ ਵੱਲੋਂ ਸੈਮੀਨਾਰ ਭਲਕੇ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸੀ ਪੀ ਆਈ ਐਮ ਵਲੋਂ ਸੂਬਾਈ ਪੱਧਰੀ ਸੈਮੀਨਾਰ ਯੋਕੋ ਹਾਮਾ ਹੋਟਲ ਨੇੜੇ ਪੁਰਾਣਾ ਸਿਨੇਮਾ ਬੰਗਾ ਰੋਡ ਗੜਸੰਕਰ ਵਿਖੇ ਮਿਤੀ 16 ਸਤੰਬਰ ਦਿਨ ਬੁੱਧਵਾਰ ਨੂੰ ਸਵੇਰੇ 11 ਵਜੇ ਕਰਵਾਇਆ ਜਾ ਰਿਹਾ ਹੈ। ਇਸ ਸੈਮੀਨਾਰ ਨੂੰ ਸੰਬੋਧਨ ਕਰਨ ਲਈ ਪਾਰਟੀ ਦੇ ਕੇਂਦਰੀ ਆਗੂ ਏ ਕੇ ਉਮੇਸ਼ ਕੇਂਦਰੀ ਸਕੱਤਰੇਤ ਮੈਂਬਰ ਬਿਕਰਮ ਸਿੰਘ ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਤੇ ਪਾਰਟੀ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵਿਸ਼ੇਸ਼ ਤੌਰ ਪਹੁੰਚ ਰਹੇ ਹਨ। ਇਹ ਜਾਣਕਾਰੀ ਸੀ ਪੀ ਆਈ ਐਮ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਗੁਰਨੇਕ ਸਿੰਘ ਭੱਜਲ ਦਿੰਦਿਆਂ ਕਿਹਾ ਕਿ ਇਸ ਕੈਨਵਨਸਨ ਲਈ ਤਿਆਰੀਆਂ ਮੁਕੰਮਲ ਹੋ ਗਈਆਂ ਹਨ।

## ਗੁਰੂ ਨਾਨਕ ਸਾਧ ਸੰਗਤ ਚੈਰੀਟੇਬਲ ਹਸਪਤਾਲ ਦੀਆਂ ਸੇਵਾਵਾਂ 24 ਘੰਟੇ ਸ਼ੁਰੂ

**ਆਦਮਪੁਰ (ਪਰਮਜੀਤ ਸਿੰਘ)**- ਚੇਅਰਮੈਨ ਜਥੇਦਾਰ ਮਨੋਹਰ ਸਿੰਘ ਦੀ ਅਗਵਾਈ ਵਿੱਚ ਅਤੇ ਬਾਬਾ ਗੁਰਜੀਤ ਸਿੰਘ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਡੇਰਾ ਸੰਤਪੁਰਾ ਜੱਬੜ, ਜ਼ਿਲ੍ਹਾ ਜਲੰਧਰ ਦੇ ਪ੍ਰਬੰਧਾਂ ਹੇਠ ਚੱਲ ਰਹੇ ਗੁਰੂ ਨਾਨਕ ਸਾਧ ਸੰਗਤ ਚੈਰੀਟੇਬਲ ਹਸਪਤਾਲ ਕਾਲਰਾ ਦੀਆਂ ਸਿਹਤ ਸੇਵਾਵਾਂ ਹੁਣ 24 ਘੰਟੇ ਚਾਲੂ ਕਰ ਦਿੱਤੀਆਂ ਗਈਆਂ ਹਨ।ਹੁਣ ਹਸਪਤਾਲ ਵਿੱਚ ਮਰੀਜ਼ਾਂ ਨੂੰ ਦਿਨ-ਰਾਤ ਚੈਕਅਪ ਅਤੇ ਇਲਾਜ ਦੀ ਸਹੂਲਤ ਮਿਲੇਗੀ। ਡਾਕਟਰ ਰਜਿੰਦਰ ਕੁਮਾਰ ਸ਼ਾਮ 7 ਵਜੇ ਤੋਂ ਸਵੇਰੇ 7 ਵਜੇ ਤੱਕ ਆਪਣੀਆਂ ਸੇਵਾਵਾਂ ਨਿਭਾਉਣਗੇ। ਰਾਤ ਸਮੇਂ ਡਾਕਟਰੀ ਸੇਵਾ ਸ਼ੁਰੂ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਐਮਰਜੈਂਸੀ ਦੀ ਸਥਿਤੀ ਵਿੱਚ ਦੂਰ-ਦੁਰਾਡੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ।ਇਸ ਮੌਕੇ ਚੇਅਰਮੈਨ ਜਥੇਦਾਰ ਮਨੋਹਰ ਸਿੰਘ ਵੱਲੋਂ ਡਾਕਟਰ ਰਜਿੰਦਰ ਕੁਮਾਰ ਨੂੰ ਸਿਰਪਾਓ ਪਾ ਕੇ ਸਨਮਾਨਤ ਕੀਤਾ ਗਿਆ। ਡਾਕਟਰ ਰਜਿੰਦਰ ਕੁਮਾਰ ਨੇ ਅੱਜ ਤੋਂ ਹੀ ਰਾਤ ਦੀ ਡਿਊਟੀ ਦਾ ਚਾਰਜ ਸੰਭਾਲ ਲਿਆ।



## ਵਿਧਾਇਕ ਨੇ ਮਿੰਨੀ ਪੀ ਐੱਚ ਸੀ ਚੱਬੇਵਾਲ ਦੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ )**- ਆਮ ਲੋਕਾਂ ਨੂੰ ਸਰਕਾਰੀ ਸਿਹਤ ਸਹੂਲਤਾਂ ਦਾ ਸਹੀ ਅਤੇ ਸਮੇਂ ਸਿਰ ਲਾਭ ਮਿਲ ਸਕੇ ਅਤੇ ਉਨ੍ਹਾਂ ਨੂੰ ਇਲਾਜ ਦੌਰਾਨ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਮੰਤਵ ਨਾਲ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਵੱਲੋਂ ਮਿੰਨੀ ਪੀ ਐੱਚ ਸੀ ਚੱਬੇਵਾਲ ਵਿਖੇ ਚੱਲ ਰਹੇ ਵਿਕਾਸ ਕਾਰਜਾਂ ਅਤੇ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ ਗਿਆ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਮਿੰਨੀ ਪੀ ਐੱਚ ਸੀ ਵਿਖੇ 332.27 ਲੱਖ ਰੁਪਏ ਦੀ ਗ੍ਰਾਂਟ ਨਾਲ ਚੱਲ ਰਹੇ ਉਸਾਰੀ ਅਤੇ ਵਿਕਾਸ ਕਾਰਜਾਂ ਦੀ ਪ੍ਰਗਤੀ ਬਾਰੇ ਜਾਣਕਾਰੀ ਲਈ। ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਸਿਹਤ ਕੇਂਦਰ ਵਿੱਚ ਮਰੀਜ਼ਾਂ ਨੂੰ ਮਿਲ ਰਹੀਆਂ ਸਹੂਲਤਾਂ ਦੀ ਵੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਉਨ੍ਹਾਂ ਦਵਾਈਆਂ ਦੀ ਉਪਲਬਧਤਾ, ਡਾਕਟਰੀ ਅਤੇ ਹੋਰ ਸਟਾਫ਼ ਦੀ ਸਥਿਤੀ, ਵੱਖ-ਵੱਖ ਟੈਸਟਾਂ ਦੀ ਉਪਲਬਧਤਾ ਅਤੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਵਿਧਾਇਕ ਨੇ ਮਰੀਜ਼ਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਤੋਂ ਇਲਾਜ, ਦਵਾਈਆਂ, ਟੈਸਟਾਂ ਅਤੇ ਸਿਹਤ ਕੇਂਦਰ ਵਿੱਚ ਮਿਲ ਰਹੀਆਂ ਹੋਰ ਸਹੂਲਤਾਂ ਸਬੰਧੀ ਫੀਡਬੈਕ ਵੀ ਲਿਆ। ਉਨ੍ਹਾਂ ਕਿਹਾ ਕਿ ਲੋਕਾਂ ਤੋਂ ਸਿੱਧਾ ਫੀਡਬੈਕ ਲੈਣ ਨਾਲ ਇਹ ਪਤਾ ਲੱਗਦਾ ਹੈ ਕਿ ਜ਼ਮੀਨੀ ਪੱਧਰ



'ਤੇ ਸਿਹਤ ਸੇਵਾਵਾਂ ਦਾ ਲੋਕਾਂ ਨੂੰ ਕਿੰਨਾ ਲਾਭ ਮਿਲ ਰਿਹਾ ਹੈ ਅਤੇ ਕਿੱਥੇ ਹੋਰ ਸੁਧਾਰ ਦੀ ਲੋੜ ਹੈ। ਇਸ ਮੌਕੇ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਸਿਹਤ ਸਹੂਲਤਾਂ ਨੂੰ ਮਜ਼ਬੂਤ ਕਰਨ ਦਾ ਮਕਸਦ ਸਿਰਫ਼ ਇਮਾਰਤ ਅਤੇ ਬੁਨਿਆਦੀ ਢਾਂਚਾ ਤਿਆਰ ਕਰਨਾ ਨਹੀਂ, ਸਗੋਂ ਇਹ ਯਕੀਨੀ ਬਣਾਉਣਾ ਹੈ ਕਿ ਇੱਥੇ ਆਉਣ ਵਾਲੇ ਹਰ ਮਰੀਜ਼ ਨੂੰ ਸਮੇਂ ਸਿਰ ਇਲਾਜ, ਦਵਾਈ ਅਤੇ ਲੋੜੀਂਦੇ ਟੈਸਟਾਂ ਦੀ ਸਹੂਲਤ ਮਿਲੇ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨਾਲ ਚੰਗਾ ਵਿਵਹਾਰ ਵੀ ਸਿਹਤ ਸੇਵਾ ਦਾ ਅਹਿਮ ਹਿੱਸਾ ਹੈ ਅਤੇ ਇਸ ਲਈ ਸਟਾਫ਼ ਨੂੰ ਹਰ ਮਰੀਜ਼ ਨਾਲ ਨਿਮਰਤਾ, ਹਮਦਰਦੀ ਅਤੇ ਸੰਵੇਦਨਸ਼ੀਲਤਾ ਨਾਲ ਪੇਸ਼ ਆਉਣਾ ਚਾਹੀਦਾ ਹੈ। ਵਿਧਾਇਕ ਨੇ ਸਟਾਫ਼ ਨੂੰ ਹਦਾਇਤ ਕੀਤੀ ਕਿ ਮਰੀਜ਼ਾਂ ਨੂੰ ਲੋੜੀਂਦੀਆਂ ਦਵਾਈਆਂ ਅਤੇ ਟੈਸਟਾਂ ਦੀ ਸਹੂਲਤ ਸਮੇਂ ਸਿਰ ਉਪਲਬਧ ਕਰਵਾਈ ਜਾਵੇ ਅਤੇ ਸਿਹਤ ਕੇਂਦਰ ਵਿੱਚ ਆਉਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਬੇਲੋੜੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਨਾਲ ਜੁੜੇ ਮਾਮਲਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ 332.27 ਲੱਖ ਰੁਪਏ ਦੀ ਗ੍ਰਾਂਟ ਨਾਲ ਮਿੰਨੀ ਪੀ.ਐੱਚ.ਸੀ. ਦਾ ਬੁਨਿਆਦੀ ਢਾਂਚਾ ਹੋਰ ਮਜ਼ਬੂਤ ਹੋਵੇਗਾ ਅਤੇ ਇਸ ਦਾ ਸਿੱਧਾ ਲਾਭ ਚੱਬੇਵਾਲ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਮਿਲੇਗਾ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਪ੍ਰਗਤੀ ਦੇ ਨਾਲ-ਨਾਲ ਇੱਥੇ ਮਿਲ ਰਹੀਆਂ ਸਿਹਤ ਸੇਵਾਵਾਂ ਦੀ ਵੀ ਲਗਾਤਾਰ ਸਮੀਖਿਆ ਕੀਤੀ ਜਾਂਦੀ ਰਹੇਗੀ, ਤਾਂ ਜੋ ਲੋਕਾਂ ਨੂੰ ਬਿਹਤਰ ਸਹੂਲਤਾਂ ਯਕੀਨੀ ਬਣਾਈਆਂ ਜਾ ਸਕੇ।

## ਦਯਾਨੰਦ ਆਦਰਸ਼ ਵਿਦਿਆਲਿਆ 'ਚ ਪ੍ਰਸ਼ਨ ਮੁਕਾਬਲੇ ਕਰਵਾਏ



**ਦਸੂਹਾ (ਕਰਨੈਲ ਮਾਂਗਟ)**- ਦਯਾਨੰਦ ਆਦਰਸ਼ ਵਿਦਿਆਲਿਆ ਸਕੂਲ ਦਸੂਹਾ ਦੇ ਵਿਦਿਆਰਥੀਆਂ ਲਈ ਵਿਸ਼ੇਸ਼ ਪ੍ਰਸ਼ਨ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਹ ਮੁਕਾਬਲਾ ਸਕੂਲ ਦੇ ਮੈਨੇਜਰ ਐਡਵੋਕੇਟ ਪੁਨੀਤ ਬੱਸੀ ਅਤੇ ਪ੍ਰਧਾਨ ਸਵਤੰਤਰ ਕੁਮਾਰ ਚੋਪੜਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਪ੍ਰਿੰਸੀਪਲ ਅਲਕਾ ਛਿੱਬਰ ਦੀ ਦੇਖ-ਰੇਖ ਹੇਠ ਸਫਲਤਾਪੂਰਵਕ ਕਰਵਾਇਆ ਗਿਆ। ਮੁਕਾਬਲੇ ਵਿੱਚ ਸਕੂਲ ਦੇ ਸਾਰੇ ਹਾਊਸਾਂ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਅਤੇ ਜੋਸ਼ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਆਪਣੀ ਧਾਰਮਿਕ ਜਾਣਕਾਰੀ, ਆਮ ਗਿਆਨ, ਯਾਦਦਾਸ਼ਤ ਅਤੇ ਤੁਰੰਤ ਜਵਾਬ ਦੇਣ ਦੀ ਸਮਰੱਥਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੁਕਾਬਲੇ ਦੌਰਾਨ ਵਿਦਿਆਰਥੀਆਂ ਵਿੱਚ ਸਿਹਤਮੰਦ ਮੁਕਾਬਲੇ ਦੀ ਭਾਵਨਾ ਦੇਖਣ ਨੂੰ ਮਿਲੀ। ਮੁਕਾਬਲੇ ਦੇ ਨਤੀਜਿਆਂ ਵਿੱਚ ਗ੍ਰੀਨ ਹਾਊਸ ਨੇ ਪਹਿਲਾ ਸਥਾਨ, ਯੈਲੋ ਹਾਊਸ ਨੇ ਦੂਜਾ ਸਥਾਨ, ਜਦਕਿ ਰੈੱਡ ਹਾਊਸ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਮੈਨੇਜਰ ਐਡਵੋਕੇਟ ਪੁਨੀਤ ਬੱਸੀ ਨੇ ਵਿਦਿਆਰਥੀਆਂ ਦੇ ਪ੍ਰਦਰਸ਼ਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਰਚਨਾਤਮਕ ਅਤੇ ਗਿਆਨਵਰਧਕ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਸਕੂਲ ਦੇ ਪ੍ਰਧਾਨ ਸਵਤੰਤਰ ਕੁਮਾਰ ਚੋਪੜਾ ਨੇ ਵੀ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਪ੍ਰਸ਼ੰਸਾ ਕੀਤੀ ਅਤੇ ਜੇਤੂ ਹਾਊਸਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਅਲਕਾ ਛਿੱਬਰ ਨੇ ਸਾਰੇ ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਉਤਸ਼ਾਹ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਬੱਚਿਆਂ ਵਿੱਚ ਗਿਆਨ ਦੇ ਨਾਲ-ਨਾਲ ਆਤਮ-ਵਿਸ਼ਵਾਸ, ਟੀਮ ਵਰਕ ਅਤੇ ਅਨੁਸ਼ਾਸਨ ਦੀ ਭਾਵਨਾ ਵੀ ਪੈਦਾ ਕਰਦੇ ਹਨ। ਉਨ੍ਹਾਂ ਮੁਕਾਬਲੇ ਨੂੰ ਸਫਲ ਬਣਾਉਣ ਲਈ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ। ਦਯਾਨੰਦ ਆਦਰਸ਼ ਵਿਦਿਆਲਿਆ ਸਕੂਲ ਵੱਲੋਂ ਕਰਵਾਇਆ ਗਿਆ ਇਹ ਗਿਆਨਵਰਧਕ ਉਪਰਾਲਾ ਵਿਦਿਆਰਥੀਆਂ ਲਈ ਸਿੱਖਿਆ, ਸੰਸਕਾਰ ਅਤੇ ਰਚਨਾਤਮਕਤਾ ਦਾ ਸੁੰਦਰ ਸੰਗਮ ਸਾਬਤ ਹੋਇਆ।

## ਅਕਾਲੀ ਦਲ ਵਾਰਸ ਪੰਜਾਬ ਦੇ ਵੱਲੋਂ ਰੈਲੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋ ਪਿੰਡ ਘੜੂੰਆ ਦੇ ਕਮਿਊਨਿਟੀ ਸੈਂਟਰ 'ਚ ਵਿਸ਼ਾਲ ਰੈਲੀ ਕੀਤੀ ਗਈ, ਜਿਸ ਵਿੱਚ ਨਗਰ ਕੌਂਸਲ ਖਰੜ ਦੀ ਸਾਬਕਾ ਕੌਂਸਲਰ ਸਰਬਜੀਤ ਕੌਰ ਦੇ ਪਤੀ ਨਵਦੀਪ ਸਿੰਘ ਬੱਬੂ ਵੱਲੋ ਆਪਣੇ ਸੈਕੜੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿਚ ਸ਼ਮੂਲੀਅਤ ਕੀਤੀ ।ਇਸ ਮੌਕੇ ਤੇ ਦਲ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ, ਲੋਕ ਸਭਾ ਮੈਂਬਰ ਭਾਈ ਸਰਬਜੀਤ ਸਿੰਘ ਖਾਲਸਾ ਅਤੇ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਨੇ ਨਵਦੀਪ ਸਿੰਘ ਬੱਬੂ ਤੇ ਸਾਥੀਆ ਨੂੰ ਸਿਰਪਾਓ ਭੇਟ ਕਰਦਿਆ ਕਿਹਾ ਕਿ ਪਾਰਟੀ ਦਾ ਕਾਫਲਾ ਦਿਨੋ-ਦਿਨ ਵੱਧਦਾ ਜਾ ਰਿਹਾ ਹੈ ਅਤੇ ਲੋਕਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।



ਇਨਾਂ ਆਗੂਆ ਨੇ ਕਿਹਾ ਕਿ ਪਾਰਟੀ ਵਿਚ ਸ਼ਾਮਿਲ ਹੋਣ ਵਾਲਿਆ ਨੂੰ ਪਾਰਟੀ ਵੱਲੋ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਪਾਲ ਸਿੰਘ ਦੇਸੂਮਾਜਰਾ, ਹਰਪ੍ਰੀਤ ਸਿੰਘ ਅਮਰਾਲਾ, ਦਵਿੰਦਰ ਸਿੰਘ ਘੜੂੰਆ, ਗੁਰਮੀਤ ਸਿੰਘ ਸਾਂਟੂ, ਰਮਨਦੀਪ ਸਿੰਘ, ਹਰਜਿੰਦਰ ਸਿੰਘ ਮਾਵੀ, ਸੁਰਿੰਦਰ ਸਿੰਘ ਕਿਸ਼ਨਪੁਰਾ, ਜਸਪਾਲ ਸਿੰਘ ਦੇਸੂ ਮਾਜਰਾ, ਗੁਰਮੀਤ ਸਿੰਘ ਸਾਂਟੂ, ਰਮਨਦੀਪ, ਹਰਜਿੰਦਰ ਮਾਵੀ ਅਤੇ ਸੁਰਿੰਦਰ ਕਿਸ਼ਨਪੁਰਾ ਆਦਿ ਹਾਜ਼ਰ ਸਨ।

## ਸਾਲਾਨਾ ਜੋੜ ਮੇਲਾ ਅੱਜ ਤੋਂ ਸ਼ੁਰੂ

**ਫਗਵਾੜਾ (ਜਸਵਿੰਦਰ ਢੱਡਾ)**- ਸ੍ਰੀ ਰਾਜ ਦੇਵਾ ਮਹਾਂਕਾਲੀ ਮੰਦਿਰ ਪਿੰਡ ਸੰਗਤਪੁਰ ਵਿਖੇ 55ਵਾਂ ਸਲਾਨਾ ਜੋੜ ਮੇਲਾ ਮੰਦਿਰ ਪ੍ਰਬੰਧਕ ਕਮੇਟੀ ਵਲੋਂ ਐਨ ਆਰ ਆਈ ਵੀਰਾਂ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ 15 ਅਤੇ 16 ਸਤੰਬਰ ਨੂੰ ਹਰ ਸਾਲ ਦੀ ਤਰ੍ਹਾਂ ਬੜੀ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ। ਜਿਸ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਵਧੇਰੇ ਜਾਣਕਾਰੀ ਦਿੰਦਿਆਂ ਸ੍ਰੀ ਰਾਜ ਦੇਵਾ ਅਤੇ ਸੇਵਾਦਾਰਾਂ ਨੇ ਦੱਸਿਆ ਕਿ ਮੰਗਲਵਾਰ 15 ਸਤੰਬਰ ਨੂੰ ਸਵੇਰੇ ਝੰਡੇ ਦੀ ਰਸਮ ਉਪਰੰਤ ਸ਼ਾਮ 4 ਵਜੇ ਬੇੜਾ ਤਾਰਿਆ ਜਾਵੇਗਾ। ਰਾਤ ਨੂੰ 9 ਵਜੇ ਤੋਂ ਭਜਨ ਚੌਂਕੀ ਦੌਰਾਨ ਨਿੱਕਾ ਕੋਟਲੀ ਵਾਲਾ ਐਂਡ ਪਾਰਟੀ ਮਹਾਮਾਈ ਦਾ ਗੁਣਗਾਨ ਕਰਨਗੇ। ਦੂਸਰੇ ਦਿਨ 16 ਸਤੰਬਰ ਦੁਪਿਹਰ 1 ਵਜੇ ਮਹਾਮਾਈ ਦਾ ਅਟੁੱਟ ਲੰਗਰ ਵਰਤਾਇਆ ਜਾਵੇਗਾ ਅਤੇ ਰਾਤ 9 ਵਜੇ ਧਾਰਮਿਕ ਸਟੇਜ ਸਜਾਈ ਜਾਵੇਗੀ। ਜਿਸ ਵਿਚ ਪ੍ਰਸਿੱਧ ਗਾਇਕਾ ਅਨਮੋਲ ਵਿਰਕ, ਦੁਰਗਾ ਰੰਗੀਲਾ ਤੋਂ ਇਲਾਵਾ ਮਨਜੀਤ ਮਿਊਜ਼ੀਕਲ ਗਰੁੱਪ ਸੰਗਤਪੁਰ ਤੇ ਦੀਪਾ ਸੰਗਤਪੁਰ ਵਲੋਂ ਭੇਟਾਂ ਰਾਹੀਂ ਮਹਾਮਾਈ ਦੀ ਮਹਿਮਾ ਦਾ ਸੁੰਦਰ ਗੁਣਗਾਨ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਜੋੜ ਮੇਲੇ ਦੇ ਅਗਲੇ ਦਿਨ ਵੀਰਵਾਰ 17 ਸਤੰਬਰ ਨੂੰ ਚਿੰਤਪੁਰਨੀ ਧਾਮ, ਜਵਾਲਾ ਜੀ, ਕਾਂਗੜੇ ਵਾਲੀ ਮਾਤਾ, ਚਮੁੰਡਾ ਦੇਵੀ ਅਤੇ ਵੈਸ਼ਨੋ ਦੇਵੀ ਦੇ ਦਰਸ਼ਨਾਂ ਲਈ ਯਾਤਰਾ ਦੀ ਰਵਾਨਗੀ ਹੋਵੇਗੀ। ਉਹਨਾਂ ਇਲਾਕੇ ਭਰ ਦੀ ਸਮੂਹ ਸੰਗਤ ਨੂੰ ਪੁਰਜੋਰ ਅਪੀਲ ਕੀਤੀ ਕਿ ਇਸ ਸਾਲਾਨਾ ਜੋੜ ਮੇਲੇ ਵਿਚ ਹਾਜਰੀਆਂ ਭਰ ਕੇ ਮਾਤਾ ਰਾਣੀ ਦਾ ਅਸ਼ੀਰਵਾਦ ਪ੍ਰਾਪਤ ਕਰਨ। ਇਸ ਮੌਕੇ ਡਾ. ਰਾਜੇਸ਼ ਕੁਮਾਰ ਪ੍ਰਧਾਨ ਮੰਦਿਰ ਪ੍ਰਬੰਧਕ ਕਮੇਟੀ, ਠੇਕੇਦਾਰ ਸੁੱਚਾ ਰਾਮ, ਬਲਦੇਵ ਸਿੰਘ, ਅਵਤਾਰ ਸਿੰਘ ਸੁੱਖਾ ਸੰਗਤਪੁਰ, ਪਾਲਾ ਮਨੀਲਾ, ਸੀਪਾ ਮਨੀਲਾ ਤੋਂ ਇਲਾਵਾ ਸੁਰਜੀਤ ਕੌਰ ਸਿੱਧੂ, ਕਮਲਜੀਤ ਕੌਰ ਭਟੋਏ, ਰਜਿੰਦਰ ਕੌਰ ਭਟੋਏ, ਮਨਜੀਤ ਕੌਰ ਭਟੋਏ, ਬਖਸ਼ੋ ਰਾਣੀ, ਵਿਜੇ ਲਕਸ਼ਮੀ, ਸਰਬਜੀਤ ਕੌਰ, ਜਗਦੀਸ਼ ਕੌਰ, ਕੁਲਵੀਰ ਕੌਰ, ਬਖਸ਼ੋ ਬੇਗਮਪੁਰ, ਹਰਜੀਤ ਕੌਰ, ਮਨਪ੍ਰੀਤ ਕੌਰ, ਸੋਨੀਆ ਸੰਗਤਪੁਰ, ਪਰਮਿੰਦਰ ਕੌਰ, ਗੁਰਪ੍ਰੀਤ ਕੌਰ, ਰਮਨਦੀਪ ਕੌਰ, ਰੇਨੂੰ ਲਾਡੋਵਾਲ, ਮੀਨਾ ਰਾਣੀ ਲਾਡੋਵਾਲ, ਨਰਿੰਦਰ ਕੌਰ, ਕਾਜਲ ਲਾਡੋਵਾਲ, ਸੀਰਤ ਤੇ ਵਿਸ਼ਾਲੀ ਲੁਧਿਆਣਾ, ਪਰਵੀਨ ਕੌਰ ਲੁਧਿਆਣਾ, ਹੈਪੀ, ਪਵਨ ਆਦਿ ਹਾਜਰ ਸਨ।



## ਸ੍ਰੀ ਗੁਰੂ ਰਵੀਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਡਾਕੂਮੈਂਟਰੀ ਦਿਖਾਈ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਉਪਰਾਲੇ ਤਹਿਤ ਡੇਰਾਬੱਸੀ ਬਲਾਕ ਦੇ ਵੱਖ-ਵੱਖ ਪਿੰਡਾਂ ਵਿੱਚ ਐੱਲ ਈ ਡੀ ਸਕਰੀਨਾਂ ਰਾਹੀਂ ਕਰੀਬ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਜਾ ਰਹੀ ਹੈ। ਇਸੇ



ਲੜੀ ਤਹਿਤ ਪਿੰਡ ਰਾਣੀਮਾਜਰਾ, ਜੋਲਾ ਖੁਰਦ ਅਤੇ ਬਸੋਲੀ ਵਿਖੇ ਵੀ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਸਮਾਜ ਨੂੰ ਦਿੱਤੇ ਮਹਾਨ ਸੰਦੇਸ਼ ਨਾਲ ਸਬੰਧਤ ਦਸਤਾਵੇਜ਼ੀ ਫਿਲਮ ਲੋਕਾਂ ਨੂੰ ਦਿਖਾਈ ਗਈ। ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਰੂ ਰਵੀਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਡਾਕੂਮੈਂਟਰੀ ਪਿੰਡ-ਪਿੰਡ ਪਹੁੰਚਾ ਕੇ ਨੌਜਵਾਨ ਪੀੜ੍ਹੀ ਅਤੇ ਆਮ ਲੋਕਾਂ ਨੂੰ ਉਨ੍ਹਾਂ ਦੇ ਮਹਾਨ ਜੀਵਨ ਅਤੇ ਵਿਚਾਰਧਾਰਾ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਨੇ ਸਮਾਜ ਵਿੱਚ ਬਰਾਬਰੀ, ਭਾਈਚਾਰੇ, ਮਾਨਵਤਾ ਅਤੇ ਆਪਸੀ ਸਾਂਝ ਦਾ ਸੰਦੇਸ਼ ਦਿੱਤਾ, ਜੋ ਅੱਜ ਦੇ ਸਮੇਂ ਵਿੱਚ ਵੀ ਬੇਹੱਦ ਸਾਰਥਕ ਹੈ। ਵਿਧਾਇਕ ਸ੍ਰੀ ਰੰਧਾਵਾ ਨੇ ਕਿਹਾ ਕਿ ਐੱਲ.ਈ.ਡੀ. ਸਕਰੀਨਾਂ ਰਾਹੀਂ ਪਿੰਡਾਂ ਵਿੱਚ ਦਿਖਾਈ ਜਾ ਰਹੀ ਇਹ ਡਾਕੂਮੈਂਟਰੀ ਲੋਕਾਂ ਲਈ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਸਰਲ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਸਮਝਣ ਦਾ ਇੱਕ ਵਧੀਆ ਮਾਧਿਅਮ ਸਾਬਤ ਹੋ ਰਹੀ ਹੈ।

ਇਸ ਦੌਰਾਨ ਪਿੰਡਾਂ ਦੇ ਵਸਨੀਕਾਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪਿੰਡਾਂ ਵਿੱਚ ਵੱਡੀ ਐੱਲ ਈ ਡੀ ਸਕਰੀਨ ਰਾਹੀਂ ਦਿਖਾਈ ਜਾ ਰਹੀ ਡਾਕੂਮੈਂਟਰੀ ਰਾਹੀਂ ਬੱਚਿਆਂ ਅਤੇ ਨੌਜਵਾਨਾਂ ਸਮੇਤ ਹਰ ਵਰਗ ਦੇ ਲੋਕਾਂ ਨੂੰ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਜਾਣਕਾਰੀ ਹਾਸਲ ਕਰਨ ਦਾ ਮੌਕਾ ਮਿਲ ਰਿਹਾ ਹੈ।

## ਬਿਜਲੀ ਦੇ ਕੱਟਾਂ ਤੋਂ ਲੋਕ ਪ੍ਰੇਸ਼ਾਨ

**ਪੋਜੇਵਾਲ (ਰਾਮ ਲਾਲ)**- ਪੰਜਾਬ ਵਿੱਚ ਲੱਗ ਰਹੇ ਬਿਜਲੀ ਦੇ ਲੰਮੇ-ਲੰਮੇ ਕੱਟਾਂ ਕਾਰਨ ਆਮ ਲੋਕਾਂ, ਦੁਕਾਨਦਾਰਾਂ, ਵਪਾਰੀਆਂ ਅਤੇ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਪ੍ਰਗਟਾਵਾ ਸੀਨੀਅਰ ਭਾਜਪਾ ਆਗੂ ਅਸ਼ੋਕ ਨਾਨੋਵਾਲ ਨੇ ਕਰਦਿਆਂ ਸਰਕਾਰ ਤੋਂ ਬਿਜਲੀ ਸਪਲਾਈ ਸੁਚਾਰੂ ਬਣਾਉਣ ਦੀ ਮੰਗ ਕੀਤੀ। ਅਸ਼ੋਕ ਨਾਨੋਵਾਲ ਨੇ ਕਿਹਾ ਕਿ ਦਿਨ ਅਤੇ ਰਾਤ ਦੇ ਸਮੇਂ ਬਾਰ-ਬਾਰ ਲੱਗ ਰਹੇ ਬਿਜਲੀ ਕੱਟਾਂ ਨਾਲ ਲੋਕਾਂ ਦਾ ਰੋਜ਼ਮਰਾ ਜੀਵਨ ਪ੍ਰਭਾਵਿਤ ਹੋ ਰਿਹਾ ਹੈ। ਗਰਮੀ ਦੇ ਮੌਸਮ ਵਿੱਚ ਬਿਜਲੀ ਨਾ ਹੋਣ ਕਾਰਨ ਬੱਚਿਆਂ, ਬਜ਼ੁਰਗਾਂ ਅਤੇ ਮਰੀਜ਼ਾਂ ਨੂੰ ਸਭ ਤੋਂ ਵੱਧ ਮੁਸ਼ਕਲ ਪੇਸ਼ ਆ ਰਹੀ ਹੈ। ਅਸ਼ੋਕ ਨਾਨੋਵਾਲ ਨੇ ਬਿਜਲੀ ਵਿਭਾਗ ਤੋਂ ਮੰਗ ਕੀਤੀ ਕਿ ਬੇਲੋੜੇ ਬਿਜਲੀ ਕੱਟ ਤੁਰੰਤ ਬੰਦ ਕੀਤੇ ਜਾਣ ਅਤੇ ਲੋਕਾਂ ਨੂੰ ਨਿਰਵਿਘਨ ਤੇ ਨਿਯਮਤ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ।



## ਬਿਜਲੀ ਕੱਟ ਵਿਰੁੱਧ ਕਿਸਾਨ ਜਥੇਬੰਦੀ ਨੇ ਐੱਸ ਡੀ ਓ ਨੂੰ ਦਿੱਤਾ ਮੰਗ ਪੱਤਰ

**ਨਕੋਦਰ (ਮਨਜੀਤ ਮਾਨ)**- ਕਿਸਾਨ ਜਥੇਬੰਦੀਆਂ ਦੇ ਆਗੂਆਂ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ, ਜਥੇਦਾਰ ਲਸ਼ਕਰ ਸਿੰਘ ਰਹੀਮਪੁਰ, ਪਲਵਿੰਦਰ ਸਿੰਘ, ਬਲਜੋਤ ਸਿੰਘ, ਦਲਜੀਤ ਸਿੰਘ , ਬਲਵਿੰਦਰ ਸਿੰਘ, ਗਗਨਜੀਤ ਸਿੰਘ, ਪ੍ਰਭਜੋਤ ਸਿੰਘ, ਸੁਖਵਿੰਦਰ ਸਿੰਘ ,ਜਵਾਹਰ ਸਿੰਘ ਤੇ ਸੁਖਪਿੰਦਰ ਸਿੰਘ ਵੱਲੋਂ ਪੀ ਐਸ ਪੀ ਸੀ ਸੀ ਸਬ ਡਵੀਜ਼ਨ ਕਾਲਾ ਸੰਘਿਆਂ ਦੇ ਐਸ ਡੀ ਓ, ਜੇ ਈ ਜਸਵੀਰ ਸਿੰਘ ਨੂੰ ਮੰਗ ਪੱਤਰ ਸੌਂਪਿਆ ਗਿਆ। ਉਕਤ ਆਗੂਆਂ ਨੇ ਕਿਹਾ ਕਿ ਕਿਸਾਨਾਂ ਦੀ ਫਸਲ ਪੱਕਣ ਦੇ ਕਿਨਾਰੇ ਤੇ ਹੈ ਲੇਕਿਨ ਬਿਜਲੀ ਦੇ ਲਗਾਤਾਰ ਕੱਟਾ ਕਾਰਨ ਕਿਸੇ ਦਿਨ ਇੱਕ ਘੰਟਾ ਤੇ ਕਿਸੇ ਦਿਨ ਸਿਰਫ਼ ਦੋ ਘੰਟੇ ਹੀ ਲਾਈਟ ਚੱਲਦੀ ਹੈ ਜਿਸ ਕਾਰਨ ਕਿਸਾਨਾਂ ਦੀ ਫਸਲ ਦਾ ਭਾਰੀ ਨੁਕਸਾਨ ਹੋ ਰਿਹਾ ਹੈ ਤੇ ਲਾਈਟ ਨਾ ਆਉਣ ਕਾਰਨ ਕਿਸਾਨ ਆਪਣੀਆਂ ਫ਼ਸਲਾਂ ਨੂੰ ਪਾਲਣ ਲਈ ਲੱਖਾਂ ਰੁਪਏ ਦਾ ਡੀਜ਼ਲ ਫੂਕ ਰਹੇ ਹਨ ਤੇ ਕਿਸਾਨਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ।

ਉਕਤ ਆਗੂਆਂ ਨੇ ਕਿਹਾ ਕਿ ਕਿਸਾਨ ਤਾਂ ਪਹਿਲਾਂ ਹੀ ਕਰਜ਼ੇ ਦੀ ਮਾਰ ਝੱਲ ਰਿਹਾ ਹੈ। ਉਕਤ ਆਗੂਆਂ ਨੇ ਪੰਜਾਬ ਰਾਜ ਪਾਵਰਕੌਮ ਦੇ ਉੱਚ ਅਧਿਕਾਰੀਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਕਿਸਾਨਾਂ ਨੂੰ 8 ਘੰਟੇ ਪਾਵਰ ਸਪਲਾਈ ਦਿੱਤੀ ਜਾਵੇ ਤਾਂ ਜੋ ਕਿਸਾਨਾਂ ਦੀ ਫਸਲ ਖ਼ਰਾਬ ਹੋਣ ਤੋਂ ਬਚਾਈ ਜਾਵੇ। ਇਸ ਮੌਕੇ ਆਧੀ ਫੀਡਰਿ, ਸ਼ਾਹਪੁਰ ਫੀਡਰ, ਰਹੀਮਪੁਰ ਫੀਡਰ, ਸੰਧੂ ਚੱਠਾ



ਫੀਲਰ, ਬਡਿਆਲ ਫੀਡਰ, ਉੱਗੀ ਫੀਡਰ, ਸੰਧੂ ਚੱਠਾ ਫੀਡਰ, ਬਡਿਆਲ ਫੀਡਰ ਦੇ ਕਿਸਾਨ ਇਸ ਮੌਕੇ ਤੇ ਹਾਜਰ ਸਨ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਤੋਂ ਇਲਾਵਾ ਜਥੇਦਾਰ ਲਸ਼ਕਰ ਸਿੰਘ ਰਹੀਮਪੁਰ, ਜਵਾਹਰ ਸਿੰਘ, ਰਵੀ ਰਹੀਮਪੁਰ, ਸੁਖਮਿੰਦਰ ਸਿੰਘ ਸੁੱਖਾ, ਗਗਨਪ੍ਰੀਤ ਸਿੰਘ ਆਂਧੀ, ਪਲਵਿੰਦਰ ਸਿੰਘ, ਬਲਜੋਤ ਸਿੰਘ, ਦਲਜੀਤ ਸਿੰਘ, ਬਲਵਿੰਦਰ ਸਿੰਘ, ਗਗਨਜੀਤ ਸਿੰਘ, ਪ੍ਰਭਜੋਤ ਸਿੰਘ, ਸੁਖਵਿੰਦਰ ਸਿੰਘ ਤੇ ਸੁਖਪਿੰਦਰ ਆਦਿ ਆਗੂ ਇਸ ਮੌਕੇ ਤੇ ਹਾਜ਼ਰ ਸਨ।

## 23 ਨੂੰ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਉਣ ਲਈ ਮੁਹਿੰਮ

**ਸੁਲਤਾਨਪੁਰ ਲੋਧੀ (ਹਨੀ)**- ਪੰਜਾਬੀ ਭਾਸ਼ਾ ਦੀ ਮਹੱਤਤਾ, ਮਾਣ ਅਤੇ ਵਿਸ਼ਵ ਪੱਧਰ 'ਤੇ ਇਸ ਦੀ ਪਹਿਚਾਣ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ 23 ਸਤੰਬਰ ਨੂੰ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਉਣ ਦੀ ਮੁਹਿੰਮ ਇਸ ਵਰ੍ਹੇ ਹੋਰ ਵਿਸ਼ਾਲ ਰੂਪ ਧਾਰਨ ਕਰ ਰਹੀ ਹੈ। ਇਸ ਸੰਬੰਧੀ ਇੱਕ ਵਿਸ਼ੇਸ਼ ਇਤਿਹਾਸਕ ਸਮਾਰੋਹ 23 ਸਤੰਬਰ ਨੂੰ ਸ਼ਾਮ 3 ਵਜੇ ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵਿਖੇ ਕਰਵਾਇਆ ਜਾ ਰਿਹਾ ਹੈ। ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਸਿੱਖਿਅਕਾਂ, ਸਾਹਿਤਕਾਰਾਂ, ਕਲਾਕਾਰਾਂ ਅਤੇ ਸਾਹਿਤਕ ਤੇ ਸੱਭਿਆਚਾਰਕ ਸੰਸਥਾਵਾਂ ਦੇ ਸਹਿਯੋਗ ਨਾਲ ਇਸ ਮੁਹਿੰਮ ਨੂੰ ਅੱਗੇ ਵਧਾਇਆ ਜਾ ਰਿਹਾ ਹੈ। ਫਾਊਂਡੇਸ਼ਨ ਦੇ ਡਾਇਰੈਕਟਰ ਸੁਖਦੇਵ ਸਿੰਘ ਜੱਜ ਨੇ ਪੰਜਾਬੀ ਪ੍ਰੇਮੀਆਂ, ਸਿੱਖਿਅਕਾਂ, ਸਾਹਿਤਕਾਰਾਂ, ਕਲਾਕਾਰਾਂ ਅਤੇ ਸਮਾਜਿਕ ਤੇ ਸੱਭਿਆਚਾਰਕ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਇਸ ਇਤਿਹਾਸਕ ਸਮਾਰੋਹ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ। ਸੁਖਦੇਵ ਸਿੰਘ ਜੱਜ ਨੇ ਕਿਹਾ ਕਿ ਪੰਜਾਬੀ ਸਿਰਫ਼ ਇੱਕ ਭਾਸ਼ਾ ਨਹੀਂ, ਸਗੋਂ ਪੰਜਾਬੀਆਂ ਦੀ ਪਹਿਚਾਣ, ਵਿਰਾਸਤ, ਸੱਭਿਆਚਾਰ ਅਤੇ ਸਾਂਝੀ ਚੇਤਨਾ ਦੀ ਆਵਾਜ਼ ਹੈ। ਸਦੀਆਂ ਤੋਂ ਪੰਜਾਬੀਆਂ ਦੇ ਜੀਵਨ ਅਤੇ ਸੱਭਿਆਚਾਰ ਦਾ ਅਹਿਮ ਹਿੱਸਾ ਰਹੀ ਪੰਜਾਬੀ ਨੂੰ ਵਿਸ਼ਵ ਪੱਧਰ 'ਤੇ ਸਮਰਪਿਤ ਇੱਕ ਦਿਨ ਮਿਲਣਾ ਹਰ ਪੰਜਾਬੀ ਲਈ ਮਾਣ ਵਾਲੀ ਗੱਲ ਹੈ, ਤਾਂ ਜੋ ਦੁਨੀਆ ਭਰ ਵਿੱਚ ਵੱਸਦੇ ਪੰਜਾਬੀ ਆਪਣੀ ਮਾਂ-



ਬੋਲੀ ਪ੍ਰਤੀ ਪਿਆਰ ਅਤੇ ਸਤਿਕਾਰ ਦਾ ਪ੍ਰਗਟਾਵਾ ਕਰ ਸਕਣ। ਉਹਨਾਂ ਦੱਸਿਆ ਕਿ ਮਹਾਨ ਸੂਫ਼ੀ ਕਵੀ ਬਾਬਾ ਫ਼ਰੀਦ ਜੀ ਦੇ ਆਗਮਨ ਦਿਵਸ ਨੂੰ ਸਮਰਪਤ 23 ਸਤੰਬਰ ਨੂੰ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਉਣ ਦਾ ਇਤਿਹਾਸਕ ਸਫ਼ਰ ਪਿਛਲੇ ਵਰ੍ਹੇ ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਅਤੇ ਸਰਪ੍ਰਸਤੀ ਹੇਠ ਸ਼ੁਰੂ ਕੀਤਾ ਗਿਆ ਸੀ।ਇਸ ਸਾਲ ਇਸ ਮੁਹਿੰਮ ਨੂੰ ਹੋਰ ਵਿਸ਼ਾਲ ਬਣਾਉਣ ਲਈ ਪੰਜਾਬ ਸਮੇਤ ਦੇਸ਼-ਵਿਦੇਸ਼ ਵਿੱਚ ਵਿਸ਼ਵ ਪੰਜਾਬੀ ਦਿਵਸ ਪੂਰੇ ਉਤਸ਼ਾਹ ਨਾਲ ਮਨਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ। ਸੁਖਦੇਵ ਸਿੰਘ ਜੱਜ ਨੇ ਕਿਹਾ ਕਿ ਇਹ ਦਿਨ ਮਾਂ-ਬੋਲੀ ਪੰਜਾਬੀ ਪ੍ਰਤੀ ਸਾਡੀ ਸਾਂਝੀ ਜ਼ਿੰਮੇਵਾਰੀ, ਪਿਆਰ ਅਤੇ ਮਾਣ ਦਾ ਪ੍ਰਗਟਾਵਾ ਹੋਣਾ ਚਾਹੀਦਾ ਹੈ। ਉਹਨਾਂ ਅਪੀਲ ਕੀਤੀ ਕਿ ਹਰ ਪੰਜਾਬੀ 23 ਸਤੰਬਰ ਨੂੰ ਆਪਣੇ ਹਸਤਾਖਰ ਪੰਜਾਬੀ ਵਿੱਚ ਕਰੇ, ਆਪਣੀ ਕੋਈ ਇੱਕ ਲਿਖਤ ਸੋਸ਼ਲ ਮੀਡੀਆ 'ਤੇ ਸਾਂਝੀ ਕਰੇ ਅਤੇ ਆਪਣੇ ਹੱਥੀਂ ਪੰਜਾਬੀ ਦੀ ਪੈਂਤੀ ਲਿਖ ਕੇ ਦੂਜਿਆਂ ਨਾਲ ਸਾਂਝੀ ਕਰੇ। ਉਹਨਾਂ ਕਿਹਾ ਕਿ ਅਜਿਹੇ ਉਪਰਾਲੇ ਪੰਜਾਬੀ ਪ੍ਰਤੀ ਸਾਡੇ ਪਿਆਰ ਨੂੰ ਅਮਲੀ ਰੂਪ ਦੇਣ ਦੇ ਨਾਲ ਬੱਚਿਆਂ ਅਤੇ ਨੌਜਵਾਨਾਂ ਨੂੰ ਆਪਣੀ ਭਾਸ਼ਾ ਤੇ ਵਿਰਾਸਤ ਨਾਲ ਜੋੜਨ ਵਿੱਚ ਵੀ ਸਹਾਈ ਹੋਣਗੇ। ਸੁਖਦੇਵ ਸਿੰਘ ਜੱਜ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਪੰਜਾਬੀ ਨੂੰ ਆਰਟੀਫਿਸ਼ਲ ਇੰਟੈਲੀਜੈਂਸ ਦਾ ਅਨਿੱਖੜਵਾਂ ਅੰਗ ਬਣਾਉਣ ਲਈ ਵੱਧ ਤੋਂ ਵੱਧ ਪੰਜਾਬੀ ਸਾਹਿਤ ਨੂੰ ਇੰਟਰਨੈੱਟ 'ਤੇ ਸਾਂਝਾ ਕਰਨ ਦਾ ਉਪਰਾਲਾ ਕੀਤਾ ਜਾਵੇਗਾ। ਉਹਨਾਂ ਕਿਹਾ, ਆਓ, ਪੰਜਾਬੀ ਬੋਲੀ ਦੇ ਮਾਣ ਲਈ ਇਕੱਠੇ ਹੋਈਏ ਅਤੇ ਆਪਣੀ ਅਮੀਰ ਵਿਰਾਸਤ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਦਾ ਸੰਕਲਪ ਕਰੀਏ। ਉਹਨਾਂ ਕਿਹਾ ਕਿ 23 ਸਤੰਬਰ ਨੂੰ ਹਰ ਪੰਜਾਬੀ ਵੱਲੋਂ ਆਪਣੀ ਮਾਂ-ਬੋਲੀ ਲਈ ਕੀਤਾ ਗਿਆ ਛੋਟਾ ਜਿਹਾ ਉਪਰਾਲਾ ਵੀ ਇਸ ਮੁਹਿੰਮ ਨੂੰ ਵਿਸ਼ਵ ਪੱਧਰ 'ਤੇ ਮਜ਼ਬੂਤ ਬਣਾਉਣ ਵਿੱਚ ਵੱਡਾ ਯੋਗਦਾਨ ਪਾ ਸਕਦਾ ਹੈ।ਸੁਖਦੇਵ ਸਿੰਘ ਜੱਜ ਨੇ ਦੱਸਿਆ ਕਿ 23 ਸਤੰਬਰ ਨੂੰ ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵਿਖੇ ਹੋਣ ਵਾਲੇ ਸਮਾਰੋਹ ਵਿੱਚ ਹਿੱਸਾ ਲੈਣ ਲਈ ਰਜਿਸਟਰੇਸ਼ਨ ਜ਼ਰੂਰੀ ਹੈ।

## ਸੱਭਿਆਚਾਰਕ ਪ੍ਰੋਗਰਾਮ 'ਰੌਣਕਾਂ-2026' ਕਰਵਾਇਆ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਾਹਿਤਕ ਸੱਥ ਖਰੜ ਵੱਲੋਂ ਸੱਭਿਆਚਾਰਕ ਰੰਗਾ-ਰੰਗ ਪ੍ਰੋਗਰਾਮ 'ਰੌਣਕਾਂ 2026' ਸਥਾਨਕ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ।ਇਹ ਪ੍ਰੋਗਰਾਮ ਲੋਕ ਗੀਤਾਂ, ਸੱਭਿਆਚਾਰਕ ਵੰਨਗੀਆਂ, ਲੋਕ ਨਾਚ ਗਿੱਧਾ ਤੇ ਭੰਗੜੇ ਦੀ ਧਮਾਲ ਨਾਲ ਸਿਖਰਾਂ ਨੂੰ ਛੂੰਹਦਾ ਹੋਇਆ ਯਾਦਾਂ ਦੀ ਪਟਾਰੀ ਬਣ ਸਮਾਪਤ ਹੋਇਆ। ਇਸ ਸੱਭਿਆਚਾਰਕ ਪ੍ਰੋਗਰਾਮ ਵਿੱਚ ਤਸਵਿੰਦਰ ਸਿੰਘ ਬੜੈਚ ਦੀ ਸੱਭਿਆਚਾਰਕ ਵਿਰਾਸਤੀ ਪ੍ਰਦਰਸ਼ਨੀ ਦੇਖਣ ਵਾਲਿਆਂ ਲਈ ਬੀਤੇ ਸਮੇਂ ਦੀਆਂ ਯਾਦਾਂ ਤਾਜ਼ਾ ਕਰਵਾਉਂਦੀ ਰਹੀ। ਇਸ ਸਮਾਗਮ ਦੇ ਮੁੱਖ ਮਹਿਮਾਨ ਹਰਬੰਸ ਸਿੰਘ ਕੰਧੋਲਾ, ਵਿਸ਼ੇਸ਼ ਮਹਿਮਾਨ ਸੁਭਾਸ਼ ਭਾਸਕਰ, ਪ੍ਰਿੰ. ਜਸਬੀਰ ਸਿੰਘ ਧਨੋਆ ਅਤੇ ਡਾ. ਹਰਮਿੰਦਰ ਸਿੰਘ ਸਨ। ਉਨ੍ਹਾਂ ਦੇ ਨਾਲ ਹੀ ਵਿਸ਼ੇਸ਼ ਤੌਰ 'ਤੇ ਸ਼ੌਕਇੰਦਰ ਸਿੰਘ ਕੋਰਾ, ਦਵਿੰਦਰ ਪਾਲ ਸਿੰਘ, ਜੋਰਾ ਸਿੰਘ ਭੁੱਲਰ ਅਤੇ ਗੁਰਮੁੱਖ ਸਿੰਘ ਆਦਿ ਨੇ ਵੀ ਸ਼ਿਰਕਤ ਕੀਤੀ। ਸੱਥ ਦੇ ਪ੍ਰਧਾਨ ਜਸਵਿੰਦਰ ਸਿੰਘ ਕਾਈਨੌਰ ਵੱਲੋਂ ਸੱਥ ਦੀਆਂ ਗਤੀਵਿਧੀਆਂ ਤੇ ਪ੍ਰੋਗਰਾਮ ਬਾਰੇ ਗੱਲਬਾਤ ਕਰਦਿਆਂ ਆਏ ਹੋਏ ਸਾਰੇ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਗਿਆ। ਪ੍ਰੋਗਰਾਮ ਦਾ ਆਗਾਜ਼ ਤਰਸੇਮ ਸਿੰਘ ਕਾਲੇਵਾਲ ਦੇ ਧਾਰਮਿਕ ਗੀਤ ਨਾਲ ਹੋਇਆ। ਇਸ ਪ੍ਰੋਗਰਾਮ ਵਿਚ ਜਿੱਥੇ ਬਾਲ ਕਲਾਕਾਰ ਰੂਹਵਾਨੀ ਸਿੰਘ, ਅਨੰਤ



ਮਿਹਰ, ਵੇਦਾਂਸ਼ ਸਿੰਘ ਅਤੇ ਜ਼ੋਰਾਵਰ ਸਿੰਘ ਬੇਦੀ ਵੱਲੋਂ ਗੀਤਾਂ 'ਤੇ ਵਧੀਆ ਡਾਂਸ ਆਈਟਮਾਂ ਪੇਸ਼ ਕੀਤੀਆਂ ਗਈਆਂ ਅਤੇ ਨਰਿੰਦਰ ਸਿੰਘ ਅਤੇ ਨਰਿੰਦਰ ਕੌਰ ਵੱਲੋਂ ਗੀਤ ਤੇ ਵਧੀਆ ਕੋਰਿਓਗ੍ਰਾਫੀ ਪੇਸ਼ ਕੀਤੀ ਗਈ, ਉੱਥੇ ਰੋਮੀ ਕੁਮਾਰ ਵੱਲੋਂ ਬੰਸਰੀ 'ਤੇ ਵੱਖ-ਵੱਖ ਗੀਤਾਂ ਦੀਆਂ ਧੁਨਾਂ ਪੇਸ਼ ਕਰਕੇ ਵਾਹ-ਵਾਹ ਖੱਟੀ। ਗਿੱਧੇ ਦੇ ਪੇਸ਼ਕਾਰੀ ਜੋਤੀ ਸਰੂਪ ਕੰਨਿਆ ਆਸਰਾ ਖਰੜ ਅਤੇ ਭੰਗੜੇ ਦੇ ਪੇਸ਼ਕਾਰੀ ਚੰਨੀ ਸੱਭਿਆਚਾਰਕ ਮੰਚ (ਰਜਿ.) ਮੋਹਾਲੀ ਵੱਲੋਂ ਕੀਤੀ ਗਈ। ਸੱਥ ਦੀਆਂ ਗਤੀ ਵਿਧੀਆਂ ਦਰਸਾਉਂਦਾ ਰੰਗੀਨ ਸੋਵੀਨਾਰ ਵੀ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਣ ਕੀਤਾ ਗਿਆ। ਉਪਰੰਤ ਚੱਲੇ ਗੀਤ ਸੰਗੀਤ ਪ੍ਰੋਗਰਾਮ ਵਿੱਚ ਜਿੱਥੇ ਖੁਸ਼ੀ ਰਾਮ ਨਿਮਾਣਾ, ਰਤਨ ਸਿੰਘ ਬਾਬਕ ਵਾਲਾ, ਗੁਰਿੰਦਰ ਗੁਰੀ, ਡਾ. ਰਵਿੰਦਰ ਸਿੰਘ ਲੁਬਾਣਾ, ਸਰਬਜੀਤ ਕੌਰ, ਗੀਤਕਾਰ ਰਾਜੂ ਨਾਹਰ, ਰੋਮੀ ਘੜਾਮਾਂ, ਪਰਤਾਪ ਪਾਰਸ ਗੁਰਦਾਸਪੁਰੀ, ਸੁਰਿੰਦਰ ਕੌਰ ਬਾੜਾ, ਸਿੰਮੀ ਮੋਹਾਲੀ, ਮੰਦਿਰ ਗਿੱਲ ਸਾਹਿਬ ਚੰਦੀਆ ਨੇ ਆਪੋ ਆਪਣੇ ਵਧੀਆ ਗੀਤ ਪੇਸ਼ ਕੀਤੇ, ਉੱਥੇ ਦੋ ਗਾਣਾ ਜੋੜੀ ਦਿਲਬਰ ਅਣਜਾਣ ਅਤੇ ਐੱਸ. ਪ੍ਰੀਤ ਵੱਲੋਂ ਆਪਣੇ ਮਸ਼ਹੂਰ ਦੋ-ਗਾਣੇ ਗਾ ਕੇ ਪ੍ਰੋਗਰਾਮ ਨੂੰ ਚਾਰ ਚੰਨ ਲਾਏ ਗਏ। ਇਸ ਸਮਾਗਮ ਵਿਚ ਹੋਰਨਾਂ ਤੋਂ ਇਲਾਵਾ ਰੁਪਿੰਦਰ ਕੌਰ ਕਨੇਡਾ, ਪ੍ਰਿੰ. ਸਤਨਾਮ ਸਿੰਘ ਸ਼ੌਕਰ, ਜੇ ਐੱਸ ਮਹਿਰਾ, ਡਾ. ਜਲੌਰ ਸਿੰਘ ਖੀਵਾ, ਡਾ. ਰੂਪ ਸਾਗਰ, ਡਾ. ਰੂਪੀ ਹੁੰਦਲ, ਜਸ਼ਨਦੀਪ ਸਿੱਧੂ, ਦਲਬੀਰ ਸਿੰਘ ਸਰੋਆ, ਭਾਗ ਸਿੰਘ ਸ਼ਾਹਪੁਰ, ਮੇਵਾ ਸਿੰਘ, ਤਜਿੰਦਰ ਸਿੰਘ, ਕਰਨ ਸਿੰਘ, ਰਣਜੀਤ ਕੌਰ ਕਾਈਨੌਰ, ਰਣਜੀਤ ਕੌਰ ਬੇਦੀ, ਅਮਨਦੀਪ ਕੌਰ ਚੰਡੀਗੜ੍ਹ, ਜਗਤਾਰ ਸਿੰਘ ਖੇੜੀ, ਜਸਬੀਰ ਕੌਰ ਕਾਲੇਵਾਲ, ਬਲਵਿੰਦਰ ਢਿੱਲੋਂ, ਹਿੱਤ ਅਭਿਲਾਸ਼ੀ ਹਿੱਤ, ਮੋਹਨ ਲਾਲ ਰਾਹੀ, , ਸਰੂਪ ਸਿੰਘ ਸਿਆਲਵੀ, ਹਰਜਿੰਦਰ ਸਿੰਘ ਗੋਪਾਲੋਂ, ਡਾ. ਸੁਦਾਗਰ ਸਿੰਘ ਪਾਲ, ਗੋਪਾਲ ਸ਼ਰਮਾ, ਅਮਰਜੀਤ ਕੌਰ ਮੋਰਿੰਡਾ, ਮਹਿੰਦਰ ਸਿੰਘ ਗੋਸਲਾਂ ਸਮੇਤ ਹੋਰ ਬਹੁਤ ਸਾਰੇ ਸਾਹਿਤ ਅਤੇ ਸਭਿਆਚਾਰ ਪ੍ਰੇਮੀਆਂ ਨੇ ਹਾਜ਼ਰ ਹੋ ਕੇ ਪ੍ਰੋਗਰਾਮ ਦਾ ਅਨੰਦ ਮਾਣਿਆ। ਪ੍ਰੋਗਰਾਮ ਪੇਸ਼ ਕਰਨ ਵਾਲੇ ਕਲਾਕਾਰਾਂ ਅਤੇ ਪ੍ਰਧਾਨਗੀ ਮੰਡਲ ਵਿੱਚ ਸੁਸ਼ੋਭਿਤ ਮਹਿਮਾਨਾਂ ਨੂੰ ਸਨਮਾਨ ਚਿੰਨ ਭੇਟ ਕੀਤੇ ਗਏ। ਮੰਚ ਸੰਚਾਲਨ ਕਰ ਰਹੇ ਸਭਾ ਦੇ ਜਨਰਲ ਸਕੱਤਰ ਪਿਆਰਾ ਸਿੰਘ ਰਾਹੀਂ ਵੱਲੋਂ ਬਾਖੂਬੀ ਨਿਭਾਇਆ ਗਿਆ ਅਤੇ ਅਖੀਰ ਵਿਚ ਮਾਂ-ਬੋਲੀ ਨੂੰ ਸਮਰਪਿਤ ਇੱਕ ਗੀਤ ਅਤੇ ਸੱਭਿਆਚਾਰਕ ਬੋਲੀਆਂ ਪੇਸ਼ ਕਰਕੇ ਸਾਰਿਆਂ ਨੂੰ ਨੱਚਣ ਲਾ ਦਿੱਤਾ।

# ਡਿਪਟੀ ਸਪੀਕਰ ਦੀ ਰਿਹਾਇਸ਼ ਦੇ ਘਿਰਾਓ 'ਚ ਪੈਨਸ਼ਨਰਾਂ ਨੇ ਕੀਤੀ ਸ਼ਮੂਲੀਅਤ

**ਫਗਵਾੜਾ (ਜਸਵਿੰਦਰ ਢੱਡਾ)**- ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਸਾਂਝੀ ਤਾਲਮੇਲ ਕਮੇਟੀ ਪੰਜਾਬ ਵਲੋਂ 12-13 ਸਤੰਬਰ ਨੂੰ ਵੱਖ ਵੱਖ ਕੈਬਨਿਟ ਮੰਤਰੀਆਂ ਅਤੇ ਵਿਧਾਨ ਸਭਾ ਦੇ ਸਪੀਕਰ ਅਤੇ ਡਿਪਟੀ ਸਪੀਕਰ ਦੀਆਂ ਰਿਹਾਇਸ਼ ਦੇ ਘਿਰਾਓ ਕਰਕੇ ਰੋਸ ਪ੍ਰਦਰਸ਼ਨ ਕਰਨ ਦੇ ਸੱਦੇ ਅਨੁਸਾਰ 12 ਸਤੰਬਰ ਨੂੰ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕਿਸ਼ਨ ਸਿੰਘ ਰੋੜੀ ਦੀ ਗੜ੍ਹਸ਼ੰਕਰ ਵਿਖੇ ਰਿਹਾਇਸ਼ ਦਾ ਘਿਰਾਓ ਕਰਦੇ ਹੋਏ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਰੋਸ ਪ੍ਰਦਰਸ਼ਨ ਵਿੱਚ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫਗਵਾੜਾ ਦੇ ਜਥੇ ਨੇ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਅਗਵਾਈ ਵਿੱਚ ਸ਼ਮੂਲੀਅਤ ਕੀਤੀ। ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਤੇ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ(ਰਜਿ) ਦੇ ਸੂਬਾ ਪ੍ਰੈੱਸ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਸਾਂਝੇ ਤੌਰ 'ਤੇ ਮੰਗ ਕੀਤੀ ਕਿ ਹਾਈਕੋਰਟ ਦੇ ਡਬਲ ਬੈਂਚ ਦੇ ਫੈਸਲੇ ਦਾ ਮਾਣ ਸਨਮਾਨ ਕਰਦੇ ਹੋਏ ਪੰਜਾਬ ਸਰਕਾਰ 18 ਪ੍ਰਤੀਸ਼ਤ ਡੀ ਏ ਤੁਰੰਤ ਜਾਰੀ ਕਰੇ। ਇਸ ਦੇ ਨਾਲ ਹੀ ਕੱਚੇ ਮੁਲਾਜ਼ਮਾਂ ਨੂੰ ਪੂਰੇ ਪੂਰੇ ਗੇੜਾਂ ਵਿੱਚ ਤੁਰੰਤ ਰੈਗੂਲਰ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ,17/07/2020 ਤੋਂ ਬਾਅਦ ਨਿਯੁਕਤ ਮੁਲਾਜ਼ਮਾਂ ਤੇ ਪੰਜਾਬ ਦੇ ਪੇ ਸਕੇਲ ਲਾਗੂ ਕਰਨ, ਛੇਵੇਂ ਪੇ ਕਮਿਸ਼ਨ ਦੀ ਸਿਫਾਰਸ਼ ਅਨੁਸਾਰ ਪੈਨਸ਼ਨਰਾਂ ਦੀ ਪੈਨਸ਼ਨ 2.59 ਨਾਲ ਰੀਵਾਈਜ਼ ਕਰਨ, ਕੱਟੇ ਭੱਤੇ ਬਹਾਲ ਕਰਨ ਆਦਿ ਮੰਗ ਪੱਤਰ ਵਿੱਚ ਦਰਜ ਮੰਗਾਂ ਦਾ ਨਿਪਟਾਰਾ ਕਰਨ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਆਗੂਆਂ ਨਾਲ ਸੁਖਾਵੇਂ ਮਾਹੌਲ ਵਿੱਚ ਗੱਲਬਾਤ ਕਰਨ ਲਈ ਜਲਦੀ ਤੋਂ ਜਲਦੀ ਗੰਭੀਰਤਾ ਦਿਖਾਉਂਦੇ ਹੋਏ ਮਾਹੌਲ ਸਾਜ਼ਗਾਰ ਬਣਾਉਣ ਤਾਂ ਜੋ ਸੰਘਰਸ਼ ਦੀ ਬਜਾਏ ਗੱਲਬਾਤ ਦੇ ਰਾਹੀਂ ਮੰਗਾਂ ਦਾ ਨਿਪਟਾਰਾ ਕਰਨ ਲਈ ਅੱਗੇ ਵਧਿਆ ਜਾ ਸਕੇ। ਰੋਹ ਭਰਪੂਰ ਮਾਰਚ ਕਰਦੇ ਪ੍ਰਦਰਸ਼ਨਕਾਰੀ ਡਿਪਟੀ ਸਪੀਕਰ ਸ੍ਰੀ ਕ੍ਰਿਸ਼ਨ ਸਿੰਘ ਰੋੜੀ ਦੀ ਰਿਹਾਇਸ਼ ਅੱਗੇ ਪੁੱਜੇ, ਜਿੱਥੇ ਡਿਪਟੀ ਸਪੀਕਰ ਵਿਧਾਨ ਸਭਾ ਜੈ ਕਿਸ਼ਨ ਸਿੰਘ ਰੋੜੀ ਨੇ ਆਗੂਆਂ ਤੋਂ ਮੰਗ ਪੱਤਰ ਪ੍ਰਾਪਤ ਕਰਦੇ ਹੋਏ, ਮੰਗ ਪੱਤਰ ਪੰਜਾਬ ਸਰਕਾਰ ਤੱਕ ਪੁੱਜਦਾ ਕਰਨ ਅਤੇ ਮੰਗਾਂ ਸੰਬੰਧੀ ਗੱਲਬਾਤ ਕਰਨ ਦਾ ਭਰੋਸਾ ਦਿੱਤਾ। ਜਥੇ ਵਿੱਚ ਮੋਹਣ ਸਿੰਘ ਭੱਟੀ, ਪ੍ਰਮੋਦ ਕੁਮਾਰ ਜੋਸ਼ੀ, ਸੀਤਲ ਰਾਮ ਬੰਗਾ, ਨਿਰਮੋਲਕ ਸਿੰਘ ਹੀਰਾ, ਗੁਰਮੀਤ ਰਾਮ ਲੁੱਗਾ, ਪ੍ਰਿੰਸੀਪਲ ਵਰਿੰਦਰ ਮੋਹਨ ਮਹੇ, ਜਸਵਿੰਦਰ ਸਿੰਘ ਨਾਇਬ ਤਹਿਸੀਲਦਾਰ,ਕੇ ਕੇ ਪਾਂਡੇ, ਅਸ਼ੋਕ ਕੁਮਾਰ, ਹਰਬੰਸ ਲਾਲ , ਬਖਸ਼ੀ ਰਾਮ ਫਿਲੌਰ ਆਦਿ ਜੁਝਾਰੂ ਪੈਨਸ਼ਨਰ ਸਾਥੀ ਸ਼ਾਮਲ ਹੋਏ।



# ਵਰਸਿਟੀ 'ਚ ਮੈਰਿਟ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਦਾ ਸਨਮਾਨ ਸਮਾਰੋਹ

**ਜਲੰਧਰ (ਨ ਜ਼ ਸ)**- ਸਰੂਪ ਰਾਣੀ ਸਰਕਾਰੀ ਕਾਲਜ (ਇ) ਵਿਖੇ 11ਸਤੰਬਰ ਨੂੰ ਸੈਸ਼ਨ 2025-2026 ਦੀਆਂ ਪ੍ਰੀਖਿਆਵਾਂ ਵਿਚ ਯੂਨੀਵਰਸਿਟੀ ਮੈਰਿਟ ਵਿਚ ਪਹਿਲਾ, ਦੂਜਾ , ਤੀਜਾ ਤੇ ਹੋਰ ਵੱਖ -ਵੱਖ ਸਥਾਨ ਹਾਸਿਲ ਕਰਨ ਵਾਲੀਆਂ ਵਿਦਿਆਰਥਣਾਂ ਲਈ ਸਫ਼ਲਤਾ ਦੀ ਕਹਾਣੀ ਸਨਮਾਨ ਸਮਾਰੋਹ ਦਾ ਆਯੋਜਨ ਕਾਲਜ ਦੇ ਪ੍ਰਿੰਸੀਪਲ ਕਿਰਨਜੀਤ ਬੱਲ ਦੀ ਰਹਿਨੁਮਾਈ ਹੇਠ ਕੀਤਾ ਗਿਆ। ਇਸ ਸਨਮਾਨ ਸਮਾਰੋਹ ਵਿਚ ਕਾਲਜ ਦੀਆਂ ਵੱਖ-ਵੱਖ ਵਿਭਾਗਾਂ ਦੀਆਂ 41ਵਿਦਿਆਰਥਣਾਂ ( 6 ਪੋਸਟ ਗ੍ਰੈਜੂਏਸ਼ਨ ਤੇ 35 ਅੰਡਰ ਗ੍ਰੈਜੂਏਸ਼ਨ) ਦਾ ਸਨਮਾਨ ਕੀਤਾ ਗਿਆ। ਅੰਡਰ ਗ੍ਰੇਜੂਏਸ਼ਨ ਵਿਦਿਆਰਥਣਾਂ ਵਿਚੋਂ ਅਰਸ਼ਦੀਪ ਕੌਰ ਬੀ ਕਾਮ ਟੈਕਸ ਪਲੇਨਿੰਗ ਸਿਮੈਸਟਰ ਚੌਥਾ, ਸਹਿਜਪ੍ਰੀਤ ਕੌਰ, ਬੀ ਐੱਸ ਈ ਨਾਨ ਮੈਡੀਕਲ ਸਿਮੈਸਟਰ ਦੂਜਾ, ਨਿਹਾਰਿਕਾ ਬੀ ਬੀ ਏ ਸਿਮੈਸਟਰ ਛੇਵਾਂ ਤੇ ਪੋਸਟ ਗ੍ਰੈਜੂਏਸ਼ਨ ਵਿਦਿਆਰਥਣਾਂ ਵਿਚੋਂ ਅਰਸ਼ ਨੂਰ ਤੇ ਅੰਸ਼ਕਾ ਐਮ .ਕਾਮ ਸਿਮੈਸਟਰ ਚੌਥਾ, ਸਿਮਰਨਜੀਤ ਕੌਰ ਐੱਮ ਏ ਸੰਗੀਤ ਸਾਜ਼ ਸਿਮੈਸਟਰ ਚੌਥਾ ਤੇ ਰੁਪਿੰਦਰ ਕੌਰ ਐੱਮ. ਏ ਸੰਗੀਤ ਸਾਜ਼ ਸਿਮੈਸਟਰ ਦੂਜਾ) ਨੇ ਯੂਨੀਵਰਸਿਟੀ ਮੈਰਿਟ ਵਿਚ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਦੀ ਪ੍ਰਤਿਸ਼ਠਾ ਵਿਚ ਵਾਧਾ ਕੀਤਾ।ਇਸ ਸਨਮਾਨ ਸਮਾਰੋਹ ਵਿਚ ਵਿਦਿਆਰਥਣਾਂ ਦੇ ਮਾਤਾ-ਪਿਤਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਸ੍ਰੀਮਤੀ ਕਿਰਨਜੀਤ ਬੱਲ ਨੇ ਵਿਦਿਆਰਥਣਾਂ ਨੂੰ ਉਹਨਾਂ ਦੀ ਸਫ਼ਲਤਾ ਲਈ ਵਧਾਈ ਦਿੱਤੀ ਤੇ ਕਿਹਾ ਕਿ ਇਹ ਸਫ਼ਲਤਾ ਉਨ੍ਹਾਂ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ। ਵਿਦਿਆਰਥਣਾਂ ਦੀ ਇਸ ਪ੍ਰਾਪਤੀ ਰਾਹੀਂ ਕਾਲਜ ਦੇ ਮਾਣ ਵਿਚ ਵਾਧਾ ਹੋਇਆ ਹੈ। ਉਨ੍ਹਾਂ ਨੇ ਵਿਦਿਆਰਥਣਾਂ ਦੇ ਮਾਤਾ-ਪਿਤਾ ਤੇ ਅਧਿਆਪਕਾਂ ਨੂੰ ਵੀ ਵਧਾਈ ਦਿੰਦਿਆਂ ਕਿਹਾ ਕਿ ਉਹ ਸਾਂਝੇ ਰੂਪ ਵਿਚ ਬੱਚਿਆਂ ਦੀ ਸਫ਼ਲਤਾ ਦੀ ਖ਼ੁਸ਼ੀ ਨੂੰ ਮਨਾ ਕੇ ਮਾਣ ਮਹਿਸੂਸ ਕਰ ਰਹੇ ਹਨ। ਇਸ ਮੌਕੇ ਸੰਗੀਤ ਤੇ ਡਾਂਸ ਵਿਭਾਗ ਦੀਆਂ ਵਿਦਿਆਰਥਣਾਂ ਵੱਲੋਂ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।ਯੂਨੀਵਰਸਿਟੀ ਮੈਰਿਟ ਵਿਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੇ ਆਪਣੀ ਖ਼ੁਸ਼ੀ ਤੇ ਤਜਰਬੇ ਨੂੰ ਦੂਜੀਆਂ ਵਿਦਿਆਰਥਣਾਂ ਨਾਲ ਸਾਂਝਾ ਕੀਤਾ । ਇਸ ਮੌਕੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਆਯੋਜਿਤ ਨੈਤਿਕ ਸਿੱਖਿਆ ਦੇ ਪ੍ਰਤੀਭਾਗੀਆਂ ਨੂੰ ਸਨਮਾਨਤ ਕੀਤਾ ਗਿਆ।ਸਮਾਗਮ ਦੀ ਸਮਾਪਤੀ ਰਾਸ਼ਟਰੀ ਗਾਨ ਨਾਲ ਹੋਈ।



# ਖੇਡਾਂ ਵਤਨ ਪੰਜਾਬ ਦੀਆਂ-2026 ਦਾ ਸ਼ਾਨਦਾਰ ਆਗਾਜ਼



**ਬੰਗਾ (ਅਵਤਾਰ ਕਲੇਰ)** ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਖੇਡ ਪ੍ਰਤਿਭਾਵਾਂ ਨੂੰ ਉਤਸ਼ਾਹਿਤ ਕਰਨ ਲਈ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਬੰਗਾ ਬਲਾਕ ਵਿਖੇ ਖੇਡਾਂ ਦੇ ਉਦਘਾਟਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵਿਧਾਇਕ ਡਾ. ਸੁਖਵਿੰਦਰ ਸਿੰਘ ਸੁੱਖੀ ਵੱਲੋਂ ਖੇਡਾਂ ਦੀ ਰਸਮੀ ਸ਼ੁਰੂਆਤ ਕੀਤੀ ਗਈ। ਡਾ. ਸੁਖਵਿੰਦਰ ਸਿੰਘ ਸੁੱਖੀ ਵੱਲੋਂ ਸਾਰੇ ਖਿਡਾਰੀਆਂ ਨਾਲ ਜਾਣ-ਪਛਾਣ ਕੀਤੀ ਗਈ ਅਤੇ ਉਨ੍ਹਾਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਨੇ ਖਿਡਾਰੀਆਂ ਨੂੰ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਵੀ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ। ਵਿਧਾਇਕ ਡਾ. ਸੁਖਵਿੰਦਰ ਸਿੰਘ ਸੁੱਖੀ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਖਾਸ ਤੌਰ 'ਤੇ ਪੰਜਾਬ ਭਰ ਵਿੱਚ ਬਣਾਏ ਜਾ ਰਹੇ ਖੇਡ ਮੈਦਾਨਾਂ ਨੂੰ ਨੌਜਵਾਨਾਂ ਲਈ ਮਹੱਤਵਪੂਰਨ ਪਹਿਲਕਦਮੀ ਦੱਸਦਿਆਂ ਕਿਹਾ ਕਿ ਅਜਿਹੇ ਉਪਰਾਲੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਸਹਾਇਕ ਸਿੱਧ ਹੋ ਰਹੇ ਹਨ। ਇਸ ਦੇ ਨਾਲ ਹੀ ਅੱਜ ਨਵਾਂਸ਼ਹਿਰ ਅਤੇ ਬੰਗਾ ਬਲਾਕਾਂ ਦੀਆਂ ਟੈਨਿਸ ਬਾਲ ਕ੍ਰਿਕਟ ਖੇਡਾਂ ਦੀ ਡੈਮੋਨਸਟ੍ਰੇਸ਼ਨ ਵੀ ਸ਼ੁਰੂ ਕੀਤੀ ਗਈ, ਜਿਸ ਵਿੱਚ ਖਿਡਾਰੀਆਂ ਵੱਲੋਂ ਪੂਰੇ ਉਤਸ਼ਾਹ ਨਾਲ ਭਾਗ ਲਿਆ ਗਿਆ। ਇਸ ਤੋਂ ਇਲਾਵਾ ਐੱਸ ਐੱਨ ਕਾਲਜ ਬੰਗਾ ਅਤੇ ਭਾਈ ਸੰਗਤ ਸਿੰਘ ਖਾਲਸਾ ਕਾਲਜ ਵਿਖੇ ਵੀ ਖੇਡਾਂ ਦੀ ਸ਼ੁਰੂਆਤ ਕੀਤੀ ਗਈ ਅਤੇ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼ ਅਤੇ ਖੇਡ ਭਾਵਨਾ ਨਾਲ ਭਾਗ ਲਿਆ। ਡਾ. ਸੁਖਵਿੰਦਰ ਸਿੰਘ ਸੁੱਖੀ ਨੇ ਖਿਡਾਰੀਆਂ ਨੂੰ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਖੇਡਾਂ ਵਿੱਚ ਅੱਗੇ ਵਧਣ ਅਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਸਿਹਤ ਤੇ ਮਾਨਸਿਕ ਤੰਦਰੁਸਤੀ ਨੂੰ ਵਿਸ਼ਵ ਪੱਧਰੀ ਲਹਿਰ ਬਣਾਉਣ ਵੱਲ ਕੌਮੀ ਸਮੁੱਚੀ ਸਿਹਤ ਸੰਸਥਾ ਦੀ ਅਹਿਮ ਪਹਿਲ

**ਨਵੀਂ ਦਿਲੀ, (ਨਵਾਂ ਜ਼ਮਾਨਾ ਸਰਵਿਸ)**- ਕੌਮੀ ਸਮੁੱਚੀ ਸਿਹਤ ਸੰਸਥਾ ਦੀ ਇੱਕ ਮਹੱਤਵਪੂਰਨ ਆਨਲਾਈਨ ਮੀਟਿੰਗ ਹੋਈ, ਜਿਸ ਵਿੱਚ ਯੋਗ, ਕੁਦਰਤੀ ਚਿਕਿਤਸਾ, ਮਾਨਸਿਕ ਤੰਦਰੁਸਤੀ, ਸਿਹਤਮੰਦ ਜੀਵਨ-ਢੰਗ, ਰੋਕਥਾਮੀ ਸਿਹਤ ਅਤੇ ਲੋਕ-ਜਾਗਰੂਕਤਾ ਨੂੰ ਦੇਸ਼ ਅਤੇ ਵਿਸ਼ਵ ਪੱਧਰ 'ਤੇ ਉਤਸ਼ਾਹਿਤ ਕਰਨ ਸੰਬੰਧੀ ਕਈ ਅਹਿਮ ਫ਼ੈਸਲਿਆਂ ਅਤੇ ਯੋਜਨਾਵਾਂ 'ਤੇ ਵਿਚਾਰ ਕੀਤਾ ਗਿਆ। ਮੀਟਿੰਗ ਦੀ ਪ੍ਰਧਾਨਗੀ ਕੌਮੀ ਸਮੁੱਚੀ ਸਿਹਤ ਸੰਸਥਾ ਦੇ ਚੇਅਰਮੈਨ ਡਾ. ਵਿਨੋਦ ਕਸ਼ਯਪ ਨੇ ਕੀਤੀ। ਉਨ੍ਹਾਂ ਨੇ ਸੰਸਥਾ ਦੀਆਂ ਆਉਣ ਵਾਲੀਆਂ ਗਤੀਵਿਧੀਆਂ ਬਾਰੇ ਮੈਂਬਰਾਂ ਨੂੰ ਜਾਣਕਾਰੀ ਦਿੱਤੀ ਅਤੇ ਸਾਰੇ ਮੈਂਬਰਾਂ ਨੂੰ ਸੰਸਥਾ ਦੇ ਪ੍ਰੋਗਰਾਮਾਂ ਨੂੰ ਸਫ਼ਲ ਬਣਾਉਣ ਲਈ ਸਰਗਰਮ ਸਹਿਯੋਗ ਅਤੇ ਸਾਂਝੀ ਭਾਗੀਦਾਰੀ ਦੀ ਅਪੀਲ ਕੀਤੀ। ਮੀਟਿੰਗ ਦਾ ਇੱਕ ਮੁੱਖ ਵਿਸ਼ਾ ਸਰਵਸ਼ ਭਾਰਤ ਸਾਈਕਲ ਯਾਤਰਾ ਰਿਹਾ, ਜਿਸ ਦਾ ਆਯੋਜਨ ਕੀਤਾ ਜਾਣਾ ਹੈ। ਇਹ ਯਾਤਰਾ ਦਿੱਲੀ, ਹਰਿਆਣਾ, ਪੰਜਾਬ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਅਤੇ ਲੱਦਾਖ ਦੇ ਵੱਖ-ਵੱਖ ਖੇਤਰਾਂ ਵਿੱਚੋਂ ਲੰਘਦੀ ਹੋਈ 12 ਦਸੰਬਰ 2026 ਨੂੰ ਸਿਆਚਿਨ ਵਿਖੇ ਕੌਮੀ ਸੰਮੇਲਨ ਦੌਰਾਨ ਸਮਾਪਤ ਹੋਣੀ ਪ੍ਰਸਤਾਵਿਤ ਹੈ। ਹਰਿਆਣਾ ਦੇ ਸੋਨੀਪਤ ਤੋਂ ਡਾ. ਵਿਕਾਸ ਸਕਸੇਨਾ ਨੇ ਸੋਨੀਪਤ, ਪਾਣੀਪਤ ਅਤੇ ਹਰਿਆਣਾ ਦੇ ਹੋਰ ਹਿੱਸਿਆਂ ਵਿੱਚ ਯਾਤਰਾ ਨੂੰ ਪੂਰਾ ਸਹਿਯੋਗ ਅਤੇ ਤਾਲਮੇਲ ਦੇਣ ਦੀ ਪੇਸ਼ਕਸ਼ ਕੀਤੀ। ਮੀਟਿੰਗ ਵਿੱਚ 12 ਅਤੇ 13 ਦਸੰਬਰ 2026 ਨੂੰ ਸਿਆਚਿਨ ਵਿਖੇ ਹੋਣ ਵਾਲੇ ਕੌਮੀ ਯੋਗ ਅਤੇ ਸਮੁੱਚੀ ਸਿਹਤ ਸੰਮੇਲਨ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਫਰਵਰੀ 2027 ਦੇ ਦੂਜੇ ਹਫ਼ਤੇ ਦੁਬਈ ਵਿਖੇ ਪ੍ਰਸਤਾਵਿਤ ਕੌਮਾਂਤਰੀ ਸੰਮੇਲਨ ਨੂੰ ਲੈ ਕੇ ਵੀ ਯੋਜਨਾਵਾਂ 'ਤੇ ਵਿਚਾਰ ਕੀਤਾ ਗਿਆ। ਕੋਰੀਓਗ੍ਰਾਫਰ, ਅਦਾਕਾਰ ਤੇ ਡਾ. ਪਰਵੀਨ ਨਾਂਗਲੂ ਨੇ ਸੰਸਥਾ ਦੀਆਂ ਕੌਮਾਂਤਰੀ ਗਤੀਵਿਧੀਆਂ ਨੂੰ ਹੋਰ ਵਿਸਥਾਰ ਦੇਣ ਅਤੇ ਅਮਰੀਕਾ ਵਿੱਚ ਸਮੁੱਚੀ ਸਿਹਤ ਸੰਮੇਲਨ ਕਰਵਾਉਣ ਦਾ ਸੁਝਾਅ ਦਿੱਤਾ। ਉਨ੍ਹਾਂ ਨੇ ਸਮੁੱਚੀ ਸਿਹਤ ਦੇ ਸੰਦੇਸ਼ ਨੂੰ ਵਿਸ਼ਵ ਪੱਧਰ 'ਤੇ ਪਹੁੰਚਾਉਣ ਲਈ ਸਾਰੇ ਪ੍ਰੋਗਰਾਮਾਂ ਦੀ ਸਫ਼ਲਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ। ਅੰਤ ਵਿੱਚ ਸਾਰੇ ਮੈਂਬਰਾਂ ਨੇ ਕੌਮੀ ਸਮੁੱਚੀ ਸਿਹਤ ਸੰਸਥਾ ਦੀਆਂ ਆਉਣ ਵਾਲੀਆਂ ਗਤੀਵਿਧੀਆਂ ਨੂੰ ਸਫ਼ਲ ਬਣਾਉਣ ਲਈ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।

# ਅਧੂਰੀ ਪਈ ਗਲੀ ਦੇ ਨਿਰਮਾਣ ਦਾ ਕੰਮ ਸ਼ੁਰੂ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਜਰਨੈਲ ਐਨਕਲੇਵ ਫੇਸ-1 ਦੇ ਵਸਨੀਕਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਸਮੱਸਿਆ ਦਾ ਹੱਲ ਹੋਣ ਜਾ ਰਿਹਾ ਹੈ।



ਪਿਛਲੇ ਕਰੀਬ 10-12 ਸਾਲਾਂ ਤੋਂ ਅਧੂਰੀ ਪਈ ਗਲੀ ਦੇ ਨਿਰਮਾਣ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਹੈ।ਮੌਕੇ 'ਤੇ ਜੇ ਸੀ ਬੀ ਰਾਹੀਂ ਗਲੀ ਦੀ ਪਟਾਈ ਅਤੇ ਲੈਵਲਿੰਗ ਦਾ ਕੰਮ ਜਾਰੀ ਹੈ। ਇਸ ਦੇ ਨਾਲ ਹੀ ਬਰਸਾਤੀ ਪਾਣੀ ਦੀ ਨਿਕਾਸੀ ਲਈ ਨਵੀਂ ਰੋਡ ਗਲੀਆਂ ਅਤੇ ਵਾਟਰ ਪਾਈਪਲਾਈਨ ਵਿਛਾਈ ਜਾ ਰਹੀ ਹੈ। ਪਾਈਪਲਾਈਨ ਦਾ ਕੰਮ ਮੁਕੰਮਲ ਹੋਣ ਉਪਰੰਤ ਗਲੀ ਨੂੰ ਪੱਕਾ ਕਰਨ ਦਾ ਕੰਮ ਕੀਤਾ ਜਾਵੇਗਾ। ਵਾਰਡ ਨੰਬਰ 30 ਦੇ ਵਾਰਡ ਇੰਚਾਰਜ ਅਮਨ ਪ੍ਰਤਾਪ ਸਿੰਘ ਨੇ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਦੇਣਾ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੌਰਾਨ ਲੋਕਾਂ ਨੂੰ ਆਉਣ-ਜਾਣ ਵਿੱਚ ਹੋਣ ਵਾਲੀ ਅਸੁਵਿਧਾ ਲਈ ਸਹਿਯੋਗ ਦੀ ਅਪੀਲ ਕੀਤੀ।

# ਸ਼ਾਮਲਾਤ ਜ਼ਮੀਨ 'ਤੇ ਕਬਜ਼ੇ ਤੇ ਦਰੱਖਤ ਕੱਟਣ ਦੇ ਦੋਸ਼

**ਕਾਰਵਾਈ ਨਾ ਹੋਈ ਤਾਂ ਹਾਈਵੇ ਜਾਮ ਤੇ ਨਗਰ ਕੌਂਸਲ ਦਫ਼ਤਰ ਦਾ ਘਿਰਾਓ ਕੀਤਾ ਜਾਵੇਗਾ**

**ਜ਼ੀਰਕਪੁਰ (ਜਤਿੰਦਰ ਕੁਮਾਰ)**- ਪਿੰਡ ਛੱਤ ਦੀ ਸ਼ਾਮਲਾਤ ਜ਼ਮੀਨ 'ਤੇ ਕਥਿਤ ਤੌਰ 'ਤੇ ਨਾਜਾਇਜ਼ ਕਬਜ਼ਾ ਕਰਕੇ ਉੱਥੇ ਲੱਗੇ ਦਰੱਖਤ ਅਤੇ ਪੌਦੇ ਕਟਵਾਉਣ ਦੇ ਮਾਮਲੇ ਨੂੰ ਲੈ ਕੇ ਪਿੰਡ ਦੇ ਮੋਤਬਰ ਵਿਅਕਤੀਆਂ ਨੇ ਤਿੱਖਾ ਇਤਰਾਜ਼ ਜਤਾਇਆ ਹੈ।



ਸਾਬਕਾ ਐਮ ਸੀ ਨਿਰਮੈਲ ਸਿੰਘ, ਫਤਿਹ ਸਿੰਘ, ਗਿਆਨ ਸਿੰਘ ਛੱਤ,ਅਤੇ ਪਿੰਡ ਛੱਤ ਦੇ ਹੋਰ ਮੋਤਬਰ ਵਿਅਕਤੀਆਂ ਨੇ ਨਾਲ ਮਿਲ ਕੇ ਦੋਸ਼ ਲਗਾਇਆ ਕਿ ਹਾਲ ਹੀ ਵਿੱਚ ਐਮ ਸੀ ਚੋਣਾਂ ਜਿੱਤਣ ਵਾਲੀ ਮੌਜੂਦਾ ਕੌਂਸਲਰ ਦੇ ਪਤੀ ਨੇ ਨਗਰ ਕੌਂਸਲ ਦੇ ਕੁਝ ਅਧਿਕਾਰੀਆਂ ਨਾਲ ਮਿਲੀਭੁਗਤ ਕਰਕੇ ਪਿੰਡ ਦੀ ਸ਼ਾਮਲਾਤ ਜ਼ਮੀਨ 'ਤੇ ਕਬਜ਼ਾ ਕੀਤਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਦੌਰਾਨ ਉੱਥੇ ਸਾਲਾਂ ਤੋਂ ਲੱਗੇ ਹੋਏ ਦਰੱਖਤ ਅਤੇ ਪੌਦੇ ਵੀ ਕਟਵਾ ਦਿੱਤੇ ਗਏ, ਜਿਸ ਨਾਲ ਪਿੰਡ ਦੀ ਸਾਂਝੀ ਜਾਇਦਾਦ ਅਤੇ ਵਾਤਾਵਰਣ ਨੂੰ ਨੁਕਸਾਨ ਪਹੁੰਚਿਆ ਹੈ।ਉਨ੍ਹਾਂ ਕਿਹਾ ਕਿ ਸ਼ਾਮਲਾਤ ਜ਼ਮੀਨ ਪਿੰਡ ਦੀ ਸਾਂਝੀ ਸੰਪਤੀ ਹੈ ਅਤੇ ਇਸ 'ਤੇ ਕਿਸੇ ਵੀ ਤਰ੍ਹਾਂ ਦਾ ਨਾਜਾਇਜ਼ ਕਬਜ਼ਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਮਾਮਲੇ ਦੀ ਤੁਰੰਤ ਜਾਂਚ ਕਰਵਾਈ ਜਾਵੇ, ਕਥਿਤ ਕਬਜ਼ਾ ਹਟਾਇਆ ਜਾਵੇ ਅਤੇ ਜਿਨ੍ਹਾਂ ਦੀ ਭੂਮਿਕਾ ਸਾਹਮਣੇ ਆਉਂਦੀ ਹੈ, ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।ਪਿੰਡ ਵਾਸੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਇਸ ਮਾਮਲੇ ਵਿੱਚ ਜਲਦ ਕੋਈ ਕਾਰਵਾਈ ਨਾ ਕੀਤੀ ਗਈ ਤਾਂ ਉਹ ਸਮੂਹ ਪਿੰਡ ਵਾਸੀਆਂ ਨਾਲ ਮਿਲ ਕੇ ਹਾਈਵੇ ਜਾਮ ਕਰਨਗੇ ਅਤੇ ਨਗਰ ਕੌਂਸਲ ਜ਼ੀਰਕਪੁਰ ਦੇ ਪ੍ਰਧਾਨ ਦੇ ਦਫ਼ਤਰ ਦਾ ਘਿਰਾਓ ਵੀ ਕਰਨਗੇ। ਉਨ੍ਹਾਂ ਕਿਹਾ ਕਿ ਪਿੰਡ ਦੀ ਸ਼ਾਮਲਾਤ ਜ਼ਮੀਨ ਦੀ ਰੱਖਿਆ ਲਈ ਹਰ ਸੰਘਰਸ਼ ਕੀਤਾ ਜਾਵੇਗਾ।ਇਸ ਸਬੰਧੀ ਸਾਬਕਾ ਨਗਰ ਕੌਂਸਲ ਪ੍ਰਧਾਨ ਉਦੈਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਪਿੰਡ ਛੱਤ ਦੀ ਸ਼ਾਮਲਾਤ ਜ਼ਮੀਨ ਨਾਲ ਜੁੜੇ ਇਸ ਮਾਮਲੇ ਦੀ ਨਿਰਪੱਖ ਅਤੇ ਪੂਰੀ ਜਾਂਚ ਹੋਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਜੇਕਰ ਇਸ ਘਟਨਾ ਦੀ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਕਾਰਵਾਈ ਨਹੀਂ ਕੀਤੀ ਗਈ, ਤਾਂ ਉਹ ਪਿੰਡ ਵਾਸੀਆਂ ਦੇ ਨਾਲ ਪੂਰੀ ਤਰ੍ਹਾਂ ਖੜ੍ਹੇ ਰਹਿਣਗੇ। ਉਨ੍ਹਾਂ ਦਾ ਕਹਿਣਾ ਸੀ ਕਿ ਪਿੰਡ ਵਾਸੀਆਂ ਦਾ ਜੋ ਵੀ ਫ਼ੈਸਲਾ ਅਤੇ ਹੁਕਮ ਹੋਵੇਗਾ, ਉਹ ਸਿਰ ਮੱਥੇ ਪ੍ਰਵਾਨ ਹੋਵੇਗਾ ਅਤੇ ਅੱਗੇ ਜੋ ਵੀ ਸੰਘਰਸ਼ ਜਾਂ ਕਾਰਵਾਈ ਪਿੰਡ ਵਾਸੀਆਂ ਵੱਲੋਂ ਤੈਅ ਕੀਤੀ ਜਾਵੇਗੀ, ਉਸ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ।

# ਕੌਮੀ ਅਜਲਾਸ ਦੀਆਂ ਤਿਆਰੀਆ ਜ਼ੋਰਾਂ 'ਤੇ

**ਜਲੰਧਰ (ਨ ਜ਼ ਸ)**- ਦੋ ਕਿਸਾਨ ਜਥੇਬੰਦੀਆਂ ਜਮਹੂਰੀ ਕਿਸਾਨ ਸਭਾ ਪੰਜਾਬ ਅਤੇ ਪੰਜਾਬ ਕਿਸਾਨ ਯੂਨੀਅਨ ਵੱਲੋਂ ਕੀਤੇ ਗਏ ਆਪਸੀ ਏਕਤਾ ਦੇ ਫੈਸਲੇ ਨੂੰ ਨੇਪਰੇ ਚਾੜਨ ਲਈ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ 20-21 ਸਤੰਬਰ ਨੂੰ ਹੋਣ ਵਾਲੀ ਏਕਤਾ ਕਾਨਫਰੰਸ ਅਤੇ ਕੁੱਲ ਹਿੰਦ ਕਿਸਾਨ ਮਹਾ ਸਭਾ ਦੇ ਕੌਮੀ ਅਜਲਾਸ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਉਪਰੰਤ ਪ੍ਰੈਸ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਪ੍ਰਗਟ ਸਿੰਘ ਜਾਮਾਰਾਏ, ਕੁਲਵੰਤ ਸਿੰਘ ਸੰਧੂ ਅਤੇ ਪ੍ਰਗਟ ਸਿੰਘ ਜਾਮਾਰਾਏ ਨੇ ਸਮੁੱਚੀਆਂ ਤਿਆਰੀਆਂ ਤੇ ਤਸੱਲੀ ਪ੍ਰਗਟ ਕੀਤੀ।



ਉਨ੍ਹਾਂ ਦੱਸਿਆ ਕਿ ਇਸ ਕਾਨਫਰੰਸ ਦੀ ਤਿਆਰੀ ਲਈ ਗਠਨ ਕੀਤੀਆਂ ਕਮੇਟੀਆਂ ਵੱਲੋਂ ਆਪਣੇ ਆਪਣੇ ਕੰਮਾਂ ਨੂੰ ਤਨਦੇਹੀ ਨਾਲ ਮੁਕੰਮਲ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਕਾਨਫਰੰਸ ਦੀ ਸਮਾਪਤੀ 21 ਸਤੰਬਰ ਨੂੰ ਹਜ਼ਾਰਾਂ ਕਿਸਾਨਾਂ ਵੱਲੋਂ ਰੈਲੀ ਕਰਕੇ ਡੈਲੀਗੇਟ ਅਜਲਾਸ ਦੀ ਆਰੰਭਤਾ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਏਕਤਾ ਕਾਨਫਰੰਸ ਲਈ ਲੋਕਾਂ ਵੱਲੋਂ ਤਨ, ਮਨ, ਧਨ ਨਾਲ ਭਰਪੂਰ ਸਹਿਯੋਗ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਏਕਤਾ ਕਾਨਫਰੰਸ ਨਾਲ ਸੰਘਰਸ਼ ਕਰ ਰਹੀਆਂ ਕਿਸਾਨ ਜਥੇਬੰਦੀਆਂ ਨੂੰ ਹੋਰ ਵੀ ਤਾਕਤ ਮਿਲੇਗੀ ਅਤੇ ਇਹ ਏਕਤਾ ਕਾਨਫਰੰਸ ਇਤਿਹਾਸਕ ਹੋਵੇਗੀ। ਆਗੂਆਂ ਨੇ ਮੁੜ ਅਪੀਲ ਕੀਤੀ ਕਿ ਇਸ ਏਕਤਾ ਰੈਲੀ ਤੇ ਕਾਨਫਰੰਸ ਨੂੰ ਸਫ਼ਲ ਕਰਨ ਲਈ ਦਿਲ ਦਾ ਹਿੱਸਾ ਬਣਾਇਆ ਜਾਵੇ।

# ਮੁਫ਼ਤ ਮੈਡੀਕਲ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਮੰਨਣਹਾਣਾ ਵਿਖੇ ਧੰਨ ਧੰਨ 108 ਨਾਥ ਕੰਵਲ ਰਾਜਾ ਸਾਹਿਬ ਜੀ ਦੇ ਪਿੰਡ ਮੰਨਣਹਾਣਾ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਧੰਨ ਧੰਨ 108 ਸ੍ਰੀ ਨਾਥ ਕੰਵਲ ਰਾਜਾ ਸਾਹਿਬ ਜੀ ਦੀ ਸਲਾਨਾ 86 ਵੀਂ ਬਰਸੀ ਮੌਕੇ ਦੋਆਬੇ ਇਲਾਕੇ ਦੀ ਸਿਰਮੌਰ ਸੰਸਥਾ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ




ਰਜਿ. (ਪੰਜਾਬ) ਦੀ ਸਮੁੱਚੀ ਟੀਮ ਅਤੇ ਪਿੰਮਸ ਹਸਪਤਾਲ ਜਲੰਧਰ ਤੋਂ ਰਾਜੇਸ਼ ਕੁਮਾਰ ਦੀ ਸਮੁੱਚੀ ਮੈਡੀਕਲ ਟੀਮ ਵੱਲੋਂ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਇਸ ਮੌਕੇ ਪ੍ਰਧਾਨ ਰਘਵੀਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿੰਮਸ ਹਸਪਤਾਲ ਜਲੰਧਰ ਵੱਲੋਂ ਜਨਰਲ ਦਵਾਈਆਂ ਦਾ ਫ਼੍ਰੀ ਮੈਡੀਕਲ ਕੈਂਪ ਲਗਾਇਆ ਗਿਆ। ਜਿਸ ਵਿੱਚ ਇੱਕ ਸੌ ਪੰਜਾਹ ਦੇ ਕਰੀਬ ਲੋੜਵੰਦਾਂ ਨੂੰ ਜਨਰਲ ਮੈਡੀਸੀਨ ਕੈਂਪ ਦਾ ਭਰਪੂਰ ਲਾਭ ਲਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਪ੍ਰਬੰਧਕਾਂ ਵੱਲੋਂ ਰਾਜੇਸ਼ ਕੁਮਾਰ ਦਾ ਅਤੇ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਮਿਨਹਾਸ ਦਾ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮੈਡੀਕਲ ਕੈਂਪ ਦੌਰਾਨ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਕਲਾਂ, ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ, ਸੈਕਟਰੀ ਸਾਬ ਮਨਪ੍ਰੀਤ ਸਿੰਘ ਵਾਇਸ ਪ੍ਰਧਾਨ, ਤਰਲੋਕ ਸਿੰਘ ਖਜਾਨਚੀ, ਅਮਨਦੀਪ ਸਿੰਘ ਵੀਡੀਓ ਡਾਇਰੈਕਟਰ ਸੁੱਖੀ ਦਾਊਦਪੁਰੀਆ, ਸੇਵਾਦਾਰ ਵੀਰ ਹਰਜਿੰਦਰਪਾਲ ਸਿੰਘ, ਪ੍ਰਧਾਨ ਰਘਵੀਰ ਸਿੰਘ ਮੰਨਣਹਾਣਾ, ਸਰਪੰਚ ਰਵੀ ਰਾਮ, ਨਿਰਮਲ ਕੁਮਾਰ ਸਾਬਕਾ ਸਰਪੰਚ, ਬਲਵੀਰ ਸਿੰਘ, ਲਖਬੀਰ ਸਿੰਘ, ਜਸਵੀਰ ਸਿੰਘ, ਬਲਕਾਰ ਸਿੰਘ, ਜਸਕਰਨ ਸਿੰਘ, ਨਿਰਮਲ ਸਿੰਘ, ਓਕਾਰ ਸਿੰਘ, ਵਰਿੰਦਰ ਸਿੰਘ ਆਦਿ ਹਾਜ਼ਰ ਸਨ।

# ਆਸ਼ਾ ਵਰਕਰ ਤੇ ਫੈਸਿਲੀਟੇਟਰਜ਼ ਯੂਨੀਅਨ ਵੱਲੋਂ ਰੋਸ ਰੈਲੀ ਭਲਕੇ

**ਹੁਸ਼ਿਆਰਪੁਰ (ਬਲਦੇਵ ਸਿੰਘ ਬੇਦੀ)**- ਆਸ਼ਾ ਵਰਕਰ ਤੇ ਫੈਸਿਲੀਟੇਟਰ ਯੂਨੀਅਨ ਦੀ ਜ਼ਿਲ੍ਹਾ ਜਨਰਲ ਸਕੱਤਰ ਰਣਜਿੰਦਰ ਕੌਰ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਤੋਂ ਉਨ੍ਹਾਂ ਦੀ ਕਿਸੇ ਵੀ ਮੰਗ ਨੂੰ ਮੰਨ ਕੇ ਲਾਗੂ ਨਹੀਂ ਕੀਤਾ ਗਿਆ ਅਤੇ ਨਾ ਹੀ ਉਨ੍ਹਾਂ ਨੂੰ ਘੱਟੋ ਘੱਟ ਉਜਰਤ ਦੇ ਘੇਰੇ ਵਿੱਚ ਲਿਆ ਕੇ ਤਨਖਾਹਾਂ ਵਿੱਚ ਵਾਧਾ ਕੀਤਾ ਗਿਆ ਹੈ। ਇਸ ਕਰਕੇ ਯੂਨੀਅਨ ਵੱਲੋਂ ਉਲੀਕੇ ਸੰਘਰਸ਼ ਦੀ ਲਗਾਤਾਰਤਾ ਵਿੱਚ ਮੰਗਾਂ ਦੀ ਪ੍ਰਾਪਤੀ ਲਈ ਸਿਵਲ ਸਰਜਨ ਹੁਸ਼ਿਆਰਪੁਰ ਦੇ ਦਫ਼ਤਰ ਅੱਗੇ 16 ਸਤੰਬਰ ਨੂੰ ਸਵੇਰੇ 10 ਵਜੇ ਰੋਸ ਰੈਲੀ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹੇ ਭਰ ਦੀਆਂ ਸਮੂਹ ਆਸ਼ਾ ਅਤੇ ਫੈਸਿਲੀਟੇਟਰ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ 16 ਸਤੰਬਰ ਨੂੰ ਸਮੇਂ ਸਿਰ ਸਿਵਲ ਸਰਜਨ ਦਫ਼ਤਰ ਹੁਸ਼ਿਆਰਪੁਰ ਵਿਖੇ ਪਹੁੰਚ ਕੇ ਰੋਸ ਰੈਲੀ ਨੂੰ ਸਫ਼ਲ ਬਣਾਉਣ।

# 'ਬੇਟੀ ਬਚਾਓ, ਬੇਟੀ ਪੜ੍ਹਾਓ' ਯੋਜਨਾ ਤਹਿਤ ਜਾਗਰੂਕਤਾ ਕੈਂਪ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਵੱਲੋਂ 'ਬੇਟੀ ਬਚਾਓ, ਬੇਟੀ ਪੜ੍ਹਾਓ' ਯੋਜਨਾ ਦੇ ਅੰਤਰਗਤ ਆਮ ਜਨਤਾ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਲੜੀ ਤਹਿਤ ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਸੀਨੀਅਰ ਮੈਡੀਕਲ ਅਫ਼ਸਰ ਕਾਠਗੜ੍ਹ ਦੀ ਮੈਡੀਕਲ ਟੀਮ ਵੱਲੋਂ ਸਬ ਸੈਂਟਰ ਧਾਮਾਸਾਵਾ ਵਿਖੇ 'ਬੇਟੀ ਬਚਾਓ, ਬੇਟੀ ਪੜ੍ਹਾਓ' ਅਭਿਆਨ ਤਹਿਤ ਇੱਕ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਵਿੱਚ ਭਾਰੀ ਗਿਣਤੀ ਵਿੱਚ ਮਹਿਲਾਵਾਂ ਨੇ ਭਾਗ ਲਿਆ। ਇਸ ਕੈਂਪ ਵਿੱਚ ਸੁਪਰਵਾਈਜ਼ਰ ਜਸਵਿੰਦਰ ਕੌਰ ਨੇ ਕੈਂਪ 'ਚ ਸ਼ਿਰਕਤ ਕੀਤੀ ਅਤੇ ਆਈਆਂ ਮਹਿਲਾਵਾਂ ਨੂੰ ਜਾਗਰੂਕ ਕੀਤਾ। ਇਸ ਅਵਸਰ 'ਤੇ ਜਸਵਿੰਦਰ ਕੌਰ ਨੇ ਦੱਸਿਆ ਕਿ ਲੜਕੀਆਂ ਨੂੰ ਵੀ ਸਮਾਜ ਵਿੱਚ ਜੀਣ ਦਾ ਪੂਰਾ ਹੱਕ ਹੈ, ਲੜਕੀ ਨੂੰ ਲੜਕੇ ਦੀ ਤਰ੍ਹਾਂ ਹੀ ਪਾਲਣਾ ਚਾਹੀਦਾ ਹੈ। ਲੜਕਾ ਹੋਵੇ ਜਾਂ ਲੜਕੀ, ਇਸ ਵਿੱਚ ਕੋਈ ਵੀ ਅੰਤਰ ਨਹੀਂ ਰੱਖਣਾ ਚਾਹੀਦਾ। ਇਸ ਮੌਕੇ 'ਤੇ ਸਿਹਤ ਟੀਮ ਦੇ ਮੈਂਬਰਾਂ ਵਿੱਚ ਈਸ਼ਾ, ਜਸਵਿੰਦਰ ਕੌਰ, ਭੁਪਿੰਦਰ ਕੌਰ, ਸਤੀਸ਼ ਕੁਮਾਰ , ਗੋਪਾਲ, ਪ੍ਰਭਜੋਤ, ਸੀਮਾ, ਜਗਦੀਸ਼, ਆਸ਼ਾ ਵਰਕਰ ਜਸਵਿੰਦਰ ਕੌਰ ਆਦਿ ਸ਼ਾਮਲ ਸਨ।



# ਐੱਚ ਐੱਮ ਵੀ ਕਾਲਜੀਏਟ ਸਕੂਲ ਵਿਖੇ 'ਟੇਲੈਂਟ ਹੰਟ 2026' ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**- ਐਚ.ਐਮ.ਵੀ. ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਵਿਖੇ +1 ਅਤੇ +2 ਦੀਆਂ ਯੁਵਾ ਅਤੇ ਊਰਜਾਵਾਨ ਵਿਦਿਆਰਥਣਾਂ ਦੀ ਪ੍ਰਤਿਭਾ ਅਤੇ ਹੁਨਰ ਨੂੰ ਨਿਖਾਰਨ ਅਤੇ ਉਤਸ਼ਾਹਿਤ ਕਰਨ ਲਈ 'ਟੈਲੈਂਟ ਹੰਟ 2026' ਦਾ ਆਯੋਜਨ ਪ੍ਰਿੰਸੀਪਲ ਡਾ. ਏਕਤਾ ਖੋਸਲਾ ਦੇ ਦਿਸ਼ਾ-ਨਿਰਦੇਸ਼ ਹੇਠ ਕੀਤਾ ਗਿਆ। ਵਿਦਿਆਰਥਣਾਂ ਨੇ ਭਾਸ਼ਣ ਮੁਕਾਬਲੇ, ਕਵਿਤਾ ਪਾਠ, ਸੰਗੀਤ ਅਤੇ ਡਾਂਸ, ਨੇਲ ਆਰਟ, ਮਹਿੰਦੀ, ਰੰਗੋਲੀ ਮੁਕਾਬਲੇ, ਰੀਲ ਮੇਕਿੰਗ, ਮਿਮਿਕਰੀ ਅਤੇ ਕੁਇਜ਼ ਮੁਕਾਬਲੇ ਵਰਗੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਪ੍ਰਿੰਸੀਪਲ ਡਾ. ਏਕਤਾ ਖੋਸਲਾ ਮੌਜੂਦ ਰਹੇ। ਡੀਨ ਅਕਾਦਮਿਕ ਅਤੇ ਸਕੂਲ ਸਲਾਹਕਾਰ ਡਾ. ਸੀਮਾ ਮਰਵਾਹਾ, ਸਕੂਲ ਇੰਚਾਰਜ ਉਪਮਾ ਗੁਪਤਾ ਅਤੇ ਸੱਭਿਆਚਾਰਕ ਗਤੀਵਿਧੀਆਂ ਦੀ ਇੰਚਾਰਜ ਰੇਨੂ ਵਾਲੀਆ ਨੇ ਪਲਾਂਟਰ ਭੇਟ ਕਰਕੇ ਪ੍ਰਿੰਸੀਪਲ ਡਾ. ਏਕਤਾ ਖੋਸਲਾ ਦਾ ਸਵਾਗਤ ਕੀਤਾ। ਸਮਾਗਮ ਦੀ ਸ਼ੁਰੂਆਤ ਜੋਤੀ ਜਗਾਉਣ ਅਤੇ ਡੀ ਏ ਵੀ ਗਾਨ ਨਾਲ ਕੀਤੀ ਗਈ। ਪ੍ਰਿੰਸੀਪਲ ਡਾ. (ਸ਼੍ਰੀਮਤੀ) ਏਕਤਾ ਖੋਸਲਾ ਨੇ ਯੁਵਾ ਵਿਦਿਆਰਥਣਾਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਟੈਲੈਂਟ ਹੰਟ ਆਯੋਜਿਤ ਕਰਨ ਦਾ ਉਦੇਸ਼ ਵਿਦਿਆਰਥਣਾਂ ਵਿੱਚ ਛਿਪੀ ਹੋਈ ਬਹੁ-ਪੱਖੀ ਪ੍ਰਤਿਭਾ ਦੀ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਆਪਣੀਆਂ ਕਾਬਲੀਅਤਾਂ ਦਾ ਪ੍ਰਦਰਸ਼ਨ ਕਰਨ ਅਤੇ ਉਨ੍ਹਾਂ ਨੂੰ ਨਿਖਾਰਨ ਲਈ ਢੁਕਵਾਂ ਮੰਚ ਪ੍ਰਦਾਨ ਕਰਨਾ ਹੈ। ਭਾਸ਼ਣ ਮੁਕਾਬਲੇ ਅਤੇ ਕਵਿਤਾ ਪਾਠ ਵਿੱਚ ਜੱਜ ਦੀ ਭੂਮਿਕਾ ਫਿਜਿਕਸ ਵਿਭਾਗ ਮੁਖੀ ਡਾ. ਸਲੋਨੀ ਸ਼ਰਮਾ ਨੇ ਨਿਭਾਈ। ਕਵਿਤਾ ਪਾਠ ਪ੍ਰਤੀਯੋਗਤਾ ਵਿੱਚ ਦੀਆ ਵੈਦ ਨੇ ਪਹਿਲਾ, ਜੈਸਮੀਨ ਨੇ ਦੂਜਾ ਅਤੇ ਪ੍ਰਗਤੀ ਨੇ ਤੀਜਾ ਸਥਾਨ ਹਾਸਲ ਕੀਤਾ। ਭਾਸ਼ਣ ਮੁਕਾਬਲ ਵਿੱਚ ਪ੍ਰਭਨੂਰ ਨੇ ਪਹਿਲਾ, ਦੀਆ ਵੈਦ ਨੇ ਦੂਜਾ ਅਤੇ ਤਨੂ ਨੇ ਤੀਜਾ ਸਥਾਨ ਹਾਸਲ ਕੀਤਾ। ਕਵਿਜ ਪ੍ਰਤੀਯੋਗਤਾ ਵਿੱਚ ਜੱਜ ਦੀ ਭੂਮਿਕਾ ਫਿਜਿਕਸ ਵਿਭਾਗ ਦੇ ਅਸਿਸਟੈਂਟ ਪ੍ਰੋਫੈਸਰ ਸ਼੍ਰੀ ਸੁਸ਼ੀਲ ਕੁਮਾਰ ਨੇ ਨਿਭਾਈ ਜਿਸ ਵਿੱਚ ਵਿੱਚ ਅਨੁਰਾਧਾ ਕੁਮਾਰੀ ਪਹਿਲੇ, ਅਰਸ਼ੀਆ ਦੂਜੇ ਅਤੇ ਸੇਜਲ ਤੀਜੇ ਸਥਾਨ 'ਤੇ ਰਹੀ। ਮਹਿੰਦੀ ਅਤੇ ਨੇਲ ਆਰਟ ਮੁਕਾਬਲਿਆਂ ਵਿੱਚ ਜੱਜ ਦੀ ਭੂਮਿਕਾ ਕਾਸਮੈਟੋਲੋਜੀ ਵਿਭਾਗ ਮੁਖੀ ਮੁਕਤੀ ਅਰੋੜਾ ਨੇ ਨਿਭਾਈ। ਮਹਿੰਦੀ ਮੁਕਾਬਲੇ ਵਿੱਚ ਰੋਜ਼ ਨੇ ਪਹਿਲਾ ਸਥਾਨ, ਭੂਮੀ ਨੇ ਦੂਜਾ ਸਥਾਨ ਅਤੇ ਮਾਨਿਆ ਕੌਰ ਤੇ ਰਾਣੀ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ। ਨੇਲ ਆਰਟ ਮੁਕਾਬਲੇ ਵਿੱਚ ਕ੍ਰਿਤਿਕਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਰੰਗੋਲੀ ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਡਿਜਾਈਨ ਵਿਭਾਗ ਮੁਖੀ ਡਾ. ਰਾਖੀ ਮਹਿਤਾ ਨੇ ਨਿਭਾਈ ਜਿਸ ਵਿੱਚ ਜੈਸਮੀਨ, ਦੀਪਿਕਾ ਰਾਵਤ ਅਤੇ ਸੁਸ਼ਮਾ ਦੇਵੀ ਤੇ ਹਰਲੀਨ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਨੂੰਰੀਲ ਮੇਕਿੰਗ' ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਮਾਸ ਕਮਿਊਨੀਕੇਸ਼ਨ ਅਤੇ ਜਰਨਲਿਜ਼ਮ ਵਿਭਾਗ ਦੀ ਮੁਖੀ ਡਾ. ਰਾਮਾ ਸ਼ਰਮਾ ਨੇ ਨਿਭਾਈ, ਜਿਸ ਵਿੱਚ ਨਿਕਿਤਾ ਨੇ ਪਹਿਲਾ, ਗੁਰਬਾਣੀ ਕੌਰ ਨੇ ਦੂਜਾ ਅਤੇ ਖੁਸ਼ਬੂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਮਾਜ ਸ਼ਾਸਤਰ ਦੇ ਸਹਾਇਕ ਪ੍ਰੋਫੈਸਰ ਡਾ. ਬਲਜਿੰਦਰ ਸਿੰਘ ਨੇ ਮਿਮਿਕਰੀ ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਨਿਭਾਈ ਜਿਸ ਵਿੱਚ ਰਿਦਮ ਕੌਰ ਪਹਿਲੇ ਸਥਾਨ 'ਤੇ ਰਹੀ ਅਤੇ ਸੁਸ਼ਮਾ ਨੇ ਨੂੰਬੈਸਟ ਐਕਟਰ' ਦਾ ਇਨਾਮ ਜਿੱਤਿਆ। ਸੰਗੀਤ ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਸੰਗੀਤ ਵਿਭਾਗ ਦੀ ਸਹਾਇਕ ਪ੍ਰੋਫੈਸਰ ਡਾ. ਰਿਤੂ ਭਾਰਦਵਾਜ ਨੇ ਨਿਭਾਈ ਇਸ ਵਿੱਚ ਸਹਿਜਪ੍ਰੀਤ ਕੌਰ ਨੇ ਪਹਿਲਾ ਅਤੇ ਰੂਥ ਨੇ ਦੂਜਾ ਸਥਾਨ (ਵੋਕਲ ਸ਼੍ਰੇਣੀ ਵਿੱਚ) ਹਾਸਲ ਕੀਤਾ, ਜਦਕਿ ਜਸਲੀਨ ਨੇ ਸੰਗੀਤ ਸਾਜ਼ (ਇੰਸਟਰੂਮੈਂਟ) ਸ਼੍ਰੇਣੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਭਾਰਤੀ ਸ਼ਾਸਤਰੀ ਨਾਚ ਦੀ ਸਹਾਇਕ ਪ੍ਰੋਫੈਸਰ ਸੁਰਭੀ ਨੇ ਨਾਚ ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਨਿਭਾਈ ਇਸ ਵਿੱਚ ਗੁਰਸਿਮਰਨਪ੍ਰੀਤ ਕੌਰ ਨੇ ਪਹਿਲਾ, ਪ੍ਰਭਨੂਰ ? ?ਕੌਰ ਨੇ ਦੂਜਾ ਅਤੇ ਤਵਲੀਨ ਤੇ ਨਿਕਿਤਾ ਨੇ ਤੀਜਾ ਸਥਾਨ (ਸੋਲੋ ਸ਼੍ਰੇਣੀ ਵਿੱਚ) ਹਾਸਲ ਕੀਤਾ। ਗਰੁੱਪ ਸ਼੍ਰੇਣੀ ਵਿੱਚ ਗਿੱਧਾ ਪੰਜਾਬੀ ਮੁਟਿਆਰਾਂ ਦਾ, ਵਾਈਬ ਟਰਾਈਬ ਅਤੇ ਕੀਸ਼ਾ ਤੇ ਯਸ਼ਿਕਾ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਮੰਚ ਸੰਚਾਲਨ ਸੁਕ੍ਰਿਤੀ ਸ਼ਰਮਾ ਦੁਆਰਾ ਕੀਤਾ ਗਿਆ।



# 'ਗਾਉਣਾ ਵਜਾਉਣਾ' 'ਚ ਗਾਇਕ ਕਲਾਕਾਰ ਲਗਵਾ ਰਹੇ ਹਾਜ਼ਰੀ

**ਕਪੂਰਥਲਾ (ਮਨਜੀਤ ਮਾਨ)**- ਵੱਖ ਵੱਖ ਟੀਵੀ ਚੈਨਲ ਤੇ ਧਾਰਮਿਕ, ਸਮਾਜਿਕ ਅਤੇ ਪੰਜਾਬੀ ਸੱਭਿਆਚਾਰ ਪ੍ਰੋਗਰਾਮ ਅਲੱਗ ਅਲੱਗ ਨਾਵਾਂ ਹੇਠ ਭਾਗ ਫਿਲਮ ਪ੍ਰੋਡਕਸ਼ਨ ਵੱਲੋਂ ਪੇਸ਼ ਕੀਤੇ ਗਏ ਹਨ ਤੇ ਹੁਣ ਪੰਜਾਬੀ ਗੀਤਾਂ ਦਾ ਪ੍ਰੋਗਰਾਮ ਗਾਉਣਾ ਵਜਾਉਣਾਂ ਫਿਦਾ ਚੈਨਲ ਤੇ ਸ਼ੁਰੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਿਰਮਾਤਾ ਅਤੇ ਨਿਰਦੇਸ਼ਕ ਸੀਟੂ ਬਾਈ ਨੇ ਦੱਸਿਆ ਕਿ ਗਾਉਣਾ ਵਜਾਉਣਾ ਪ੍ਰੋਗਰਾਮ ਸੋਮਵਾਰ ਤੋਂ ਸ਼ੁੱਕਰਵਾਰ ਤੱਕ ਟੀ ਵੀ ਚੈਨਲ ਫਿਦਾ ਤੇ ਸ਼ਾਮ ਸਾਡੇ ਸੱਤ ਵਜੇ ਪ੍ਰਸਾਰਿਤ ਕੀਤਾ ਜਾਂਦਾ ਹੈ। ਇਸ ਪ੍ਰੋਗਰਾਮ ਦੀ ਸ਼ੁਰੂਆਤ ਅੰਤਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਗਾਇਕ ਚਰਨਜੀਤ ਚੰਨੀ ਅਤੇ ਪ੍ਰਸਿੱਧ ਗਾਇਕਾ ਜੈਸਮੀਨ ਅਖਤਰ ਦੀ ਅਵਾਜ ਵਿੱਚ ਕਦੋਂ ਬਣੇਗਾ ਬੰਦਾ ਗੀਤ ਨਾਲ ਹੁੰਦੀ ਹੈ ਇਸ ਗੀਤ ਨੂੰ ਨਾਮਵਰ ਗੀਤਕਾਰ ਜਗਰੂਪ ਸਰਾਭਾ ਨੇ ਲਿਖਿਆ ਹੈ। ਨੌਜਵਾਨ ਗਾਇਕ ਸੋਰਵ ਸੰਧੂ ਆਪਣੇ ਖੁਦ ਦੇ ਲਿਖੇ ਬਹੁਤ ਹੀ ਪਿਆਰੇ ਗੀਤ ਜੂਨ ਵਿੱਚ ਨਾਲ ਨਾਮਣਾ ਖੱਟ ਰਿਹਾ ਹੈ। ਇਸ ਦੀ ਪੇਸ਼ਕਸ਼ ਪ੍ਰਸਿੱਧ ਗੀਤਕਾਰ ਪਵਨ ਵਿਰਕ ਦੀ ਹੈ। ਇਸ ਤੋਂ ਬਾਅਦ ਸੂਫ਼ੀ ਫਕੀਰ ਗਾਇਕ ਨੂਰ ਸੁਲਤਾਨ ਅਲੀ ਬਹੁਤ ਹੀ ਪਿਆਰੇ ਗੀਤ ਇੱਕ ਵਣਜਾਰਾ ਨਾਲ ਆਪਣੀ ਗਾਇਕੀ ਅਤੇ ਅਦਾਕਾਰੀ ਦਾ ਯਾਦੂ ਬਿਖੇਰ ਰਹੇ ਹਨ ।ਇਸ ਗੀਤ ਨੂੰ ਪ੍ਰਸਿੱਧ ਗੀਤਕਾਰ ਕਾਲਾ ਮਖਸੂਸਪੁਰੀ ਨੇ ਕਲਮਬੱਧ ਕੀਤਾ ਹੈ ।ਇਸ ਪ੍ਰੋਗਰਾਮ ਦੇ ਅੱਗਲੇ ਹਿੱਸੇ ਵਿੱਚ ਸੀਟੂ ਬਾਈ ਨੇ ਦੱਸਿਆ ਕਿ ਭਰੂਣ ਹੱਤਿਆ ਵਰਗੀਆਂ ਬੁਰਾਈਆਂ ਦਾ ਜ਼ਿਕਰ ਕਰਦਾ ਸਮਾਜਿਕ ਗੀਤ ਨਾ ਮਾਰ ਅੰਮੀਏ ਜਿਸ ਨੂੰ ਗਾਇਕਾ ਪ੍ਰੀਤ ਅਮਨ ਨੇ ਗਾਇਆ ਹੈ ਜਿਸ ਨੂੰ ਗੀਤਕਾਰ ਚੰਚਲ ਹੇੜੀਆਂ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਲਿਖਿਆ ਹੈ।



# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੁਹਾਲੀ ਤੋਂ 140ਵੀਂ ਬੱਸ ਰਵਾਨਾ

**ਮੁਹਾਲੀ (ਗੁਰਜੀਤ ਬਿੱਲਾ)**- ਲੋਕਾਂ ਦੇ ਚਿਹਰੇ ਦੇ ਖੁਸ਼ੀ ਲਿਆ ਸਕਣਾ, ਇਹ ਸਭ ਤੋਂ ਵੱਡੀ ਅਤੇ ਖੁਸ਼ੀ ਭਰੀ ਗੱਲ ਹੈ ਅਤੇ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦੀ ਬਦੌਲਤ ਪੰਜਾਬ ਦੇ ਸੀਨੀਅਰ ਸਿਟੀਜਨ ਦੇ ਚਿਹਰਿਆਂ ਤੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨੂੰ ਲੈ ਕੇ ਜੋ ਉਲਾਰ ਵੇਖਣ ਨੂੰ ਮਿਲ ਰਿਹਾ ਹੈ, ਇਹ ਸਾਡੇ ਲਈ ਬੇਹਦ ਖੁਸ਼ੀ ਅਤੇ ਤਸੱਲੀ ਭਰੀ ਗੱਲ ਹੈ। ਇਹ ਗੱਲ ਵਿਧਾਇਕ ਕੁਲਵੰਤ ਸਿੰਘ ਨੇ ਮੋਹਾਲੀ ਤੋਂ ਅੰਮ੍ਰਿਤਸਰ ਲਈ 140ਵੀਂ ਵਸ ਨੂੰ ਰਵਾਨਾ ਕਰਨ ਦੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ। ਵਿਧਾਇਕ ਕੁਲਵੰਤ ਸਿੰਘ ਦੀ ਦੇਖ -ਰੇਖ ਹੇਠ ਮੋਹਾਲੀ ਵਿਧਾਨ ਸਭਾ ਹਲਕੇ ਅਧੀਨ ਪੈਂਦੇ ਪਿੰਡ ਦੈੜੀ ਅਤੇ ਵੇਵ ਅਸਟੇਟ ਤੋ ਕੁੱਲ 3 ਬੱਸਾਂ ਨੂੰ ਰਵਾਨਾ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਤੇ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਮੋਹਾਲੀ ਹਲਕੇ ਤੋਂ ਜਾ ਰਹੇ ਸ਼ਰਧਾਲੂਆਂ ਤੇ ਚਿਹਰੇ ਤੇ ਜਿੰਨੀ ਖੁਸ਼ੀ ਵੇਖਣ ਨੂੰ ਮਿਲ ਰਹੀ ਹੈ, ਉਸ ਨਾਲ ਮੈਨੂੰ ਇੰਜ ਲੱਗਦਾ ਹੈ ਕਿ ਮੈਂ ਇੱਥੇ ਰਹਿ ਕੇ ਹੀ ਯਾਤਰਾ ਕਰ ਲਈ ਲਈ ਹੈ, ਜੇਕਰ ਤੁਹਾਡੇ ਵੱਲੋਂ ਕੀਤੀ ਗਈ ਜਰਾ ਜਿੰਨੀ ਵੀ ਕੋਸ਼ਿਸ਼ ਦੇ ਨਾਲ ਕਿਸੇ ਦੇ ਚਿਹਰੇ ਤੇ ਖੁਸ਼ੀ ਵੇਖਣ ਨੂੰ ਮਿਲਦੀ ਹੈ ਤਾਂ ਇਸ ਤੋਂ ਵੱਡੀ ਕੋਈ ਗੱਲ ਨਹੀਂ ਹੋ ਸਕਦੀ, ਇਸ ਗੱਲ ਦੇ ਲਈ ਅਸੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦਾ ਤਹਿ -ਦਿਲੋਂ ਧੰਨਵਾਦ ਕਰਦੇ ਹਾਂ, ਜਿਨਾਂ ਵੱਲੋਂ ਕੀਤੇ ਗਏ ਉਪਰਾਲੇ ਦੇ ਚਲਦਿਆਂ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵੱਲੋਂ- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ -ਦੀ ਸ਼ੁਰੂਆਤ ਕੀਤੀ, ਜੋ ਕਿ ਅੱਜ ਸਫਲਤਾ ਪੂਰਵਕ ਚੱਲ ਰਹੀ ਹੈ।



# ਸਾਲਾਨਾ ਸ਼ਾਨਦਾਰ ਛਿੰਝ ਮੇਲਾ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਡਾਂਡੀਆਂ ਵਿਖੇ ਦਰਬਾਰ ਬਾਬਾ ਗੁੱਗਾ ਜਾਹਰ ਪੀਰ ਜੀ ਵੱਲੋਂ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧੰਨ ਧੰਨ ਬਾਬਾ ਗੁੱਗਾ ਜਾਹਰ ਪੀਰ ਜੀ ਦੀ ਯਾਦ ਵਿੱਚ ਸਾਲਾਨਾ ਸ਼ਾਨਦਾਰ ਛਿੰਝ ਮੇਲਾ ਧੂਮਧਾਮ ਨਾਲ ਕਰਵਾਇਆ ਗਿਆ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਮੋਹਣ ਸਿੰਘ ਡਾਡੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ ਸ਼ਾਨਦਾਰ ਛਿੰਝ ਮੇਲੇ ਦੌਰਾਨ ਪੰਜਾਬ ਦੇ ਨਾਮਵਰ ਪਹਿਲਵਾਨਾਂ ਨੇ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਪੱਟਕੇ ਦੀ ਕੁਸ਼ਤੀ ਗੁਲਜ਼ਾਰ ਅਲੀ ਹਕੂਮਤਪੁਰ ਅਤੇ ਲਿਆਕਤ ਅਲੀ ਅਲੀ ਲਾਲਪੁਰ ਵਿਚਕਾਰ ਕਰਵਾਈ ਗਈ ਜਿਸ ਵਿੱਚ ਗੁਲਜ਼ਾਰ ਅਲੀ ਹਕੂਮਤਪੁਰ ਪਹਿਲਵਾਨ ਜੇਤੂ ਰਿਹਾ।ਇਸ ਮੌਕੇ ਸਲਾਨਾ ਸ਼ਾਨਦਾਰ ਛਿੰਝ ਮੇਲੇ ਦੌਰਾਨ ਮੁੱਖ ਮਹਿਮਾਨ ਡਾਕਟਰ ਮਹਿੰਦਰ ਪਾਲ ਬੱਧਣ ਮੇਹਟੀਆਣਾ, ਬਾਬਾ ਮੋਤਾ ਸਿੰਘ ਮਸਤਾਨਾ ਮੇਹਟੀਆਣਾ, ਡਾਕਟਰ ਗਗਨਦੀਪ ਸਿੰਘ ਗੋਪਾਲੀਆ, ਸਰਪੰਚ ਖੇਮ ਸਿੰਘ ਡਾਂਡੀਆਂ, ਗੁਰਬਖਸ਼ ਸਿੰਘ ਹੈਪੀ ਸਾਬਕਾ ਸਰਪੰਚ ਡਾਂਡੀਆਂ ਅਤੇ ਪਿੰਡ ਦੇ ਪੰਤਵੰਤੇ ਸੱਜਣਾਂ ਵੱਲੋਂ ਜੇਤੂ ਅਤੇ ਉਪ ਜੇਤੂ ਪਹਿਲਵਾਨਾਂ ਨੂੰ ਨਗਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਲਾਨਾ ਸਲਾਨਾ ਸ਼ਾਨਦਾਰ ਛਿੰਝ ਮੇਲੇ ਦੌਰਾਨ ਜੋਗਿੰਦਰ ਸਿੰਘ, ਬਲਵੀਰ ਸਿੰਘ, ਲਖਵਿੰਦਰ ਰਾਮ, ਸੌਰਵ ਡਾਕਟਰ ਮਹਿੰਦਰ ਪਾਲ ਬੱਧਣ, ਮੋਤਾ ਸਿੰਘ ਮਸਤਾਨਾ ਸਟੇਜ ਸੈਕਟਰੀ, ਸਰਪੰਚ ਖੇਮ ਸਿੰਘ, ਸਾਬਕਾ ਸਰਪੰਚ ਗੁਰਬਖਸ਼ ਸਿੰਘ ਹੈਪੀ, ਡਾਕਟਰ ਗਗਨਦੀਪ ਸਿੰਘ ਗੋਪਾਲੀਆ ,ਹੁਮੀਤ ਸਿੰਘ, ਸਾਗਰ, ਹਰਮਨ, ਭਗਤ ਸਿੰਘ, ਦੇਵ, ਲੰਬੜਦਾਰ ਖੁਸ਼ੀਆਂ ਸਿੰਘ, ਹਰਜਿੰਦਰ ਸਿੰਘ ਹੇੜੀਆ ਆਦਿ ਹਾਜ਼ਰ ਸਨ।



# ਨੇਪਾਲ ਤੇ ਅਸਾਮ ਦੇ ਹੜ੍ਹ ਪੀੜਤਾਂ ਦੀ ਸੇਵਾ ਉਪਰੰਤ ਨਿਰਪੱਖ ਏਡ ਨੇ ਕੀਤਾ ਸ਼ੁਕਰਾਨਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਨੇਪਾਲ ਅਤੇ ਅਸਾਮ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰੈਸਕਿਊ, ਰਾਹਤ ਅਤੇ ਮੁੜ ਵਸੇਬੇ ਦੀਆਂ ਸੇਵਾਵਾਂ ਨਿਭਾਉਣ ਉਪਰੰਤ ਨਿਰਪੱਖ ਏਡ ਦੀ ਟੀਮ ਵੱਲੋਂ ਗੁਰਦੁਆਰਾ ਸ੍ਰੀ ਸਿੰਘ ਸਭਾ ਸੋਹਾਣਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਗਿਆ। ਇਸ ਮੌਕੇ ਹੜ੍ਹ ਪੀੜਤ ਪਰਵਾਰਾਂ ਦੀ ਚੜ੍ਹਦੀ ਕਲਾ ਅਤੇ ਸੰਸਥਾ ਨੂੰ ਮਨੁੱਖਤਾ ਦੀ ਸੇਵਾ ਨਿਰੰਤਰ ਜਾਰੀ ਰੱਖਣ ਦਾ ਬਲ ਬਖ਼ਸ਼ਣ ਲਈ ਅਰਦਾਸ ਕੀਤੀ ਗਈ। ਨਿਰਪੱਖ ਏਡ ਦੇ ਪ੍ਰਧਾਨ ਗੁਰਮੀਤ ਸਿੰਘ ਭਾਂਖਰਪੁਰ ਨੇ ਦੱਸਿਆ ਕਿ ਅਸਾਮ ਵਿੱਚ ਆਏ ਭਿਆਨਕ ਹੜ੍ਹਾਂ ਦੌਰਾਨ ਕਈ ਇਲਾਕਿਆਂ ਵਿੱਚ ਲੋਕ ਆਪਣੇ ਘਰਾਂ ਵਿੱਚ ਫਸ ਗਏ ਸਨ। ਸੰਸਥਾ ਦੇ ਸੇਵਾਦਾਰਾਂ ਵੱਲੋਂ ਰੈਸਕਿਊ ਕਰਕੇ ਉਨ੍ਹਾਂ ਨੂੰ ਸੁਰੱਖਿਅਤ ਥਾਵਾਂ ਤੱਕ ਪਹੁੰਚਾਉਣ ਦੇ ਨਾਲ ਰਾਸ਼ਨ, ਤਿਆਰ ਭੋਜਨ, ਕੱਪੜੇ, ਦੁੱਧ ਅਤੇ ਰੋਜ਼ਾਨਾ ਵਰਤੋਂ ਦਾ ਹੋਰ ਜ਼ਰੂਰੀ ਸਮਾਨ ਮੁਹੱਈਆ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਹੜ੍ਹਾਂ ਨਾਲ ਸਬੰਧਤ ਲੋੜੀਂਦੀ ਸਮੱਗਰੀ ਵੰਡੀ ਗਈ। ਹੜ੍ਹਾਂ ਮਗਰੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੇ ਖ਼ਤਰੇ ਨੂੰ ਧਿਆਨ ਵਿੱਚ ਰੱਖਦਿਆਂ ਮੈਡੀਕਲ ਕੈਂਪ ਲਗਾ ਕੇ ਲੋਕਾਂ ਦੀ ਜਾਂਚ ਕਰਨ ਦੇ ਨਾਲ ਦਵਾਈਆਂ ਅਤੇ ਲੋੜੀਂਦੀ ਸਿਹਤ ਸਹਾਇਤਾ ਵੀ ਦਿੱਤੀ ਗਈ। ਗੁਰਮੀਤ ਸਿੰਘ ਭਾਂਖਰਪੁਰ ਨੇ ਦੱਸਿਆ ਕਿ ਅਸਾਮ ਵਿੱਚ ਹੜ੍ਹਾਂ ਕਾਰਨ ਜਿਨ੍ਹਾਂ ਪਰਿਵਾਰਾਂ ਦੇ ਘਰ ਪੂਰੀ ਤਰ੍ਹਾਂ ਤਬਾਹ ਹੋ ਗਏ ਹਨ, ਉਨ੍ਹਾਂ ਦੇ ਘਰ ਮੁੜ ਬਣਾਉਣ ਦੀ ਸੇਵਾ ਵੀ ਨਿਰਪੱਖ ਏਡ ਵੱਲੋਂ ਜਾਰੀ ਹੈ। ਉਨ੍ਹਾਂ ਕਿਹਾ ਕਿ ਮਕਸਦ ਸਿਰਫ਼ ਤੁਰੰਤ ਰਾਹਤ ਦੇਣਾ ਨਹੀਂ, ਸਗੋਂ ਆਫ਼ਤ ਦੀ ਮਾਰ ਹੇਠ ਆਏ ਪਰਿਵਾਰਾਂ ਨੂੰ ਮੁੜ ਆਪਣੇ ਪੈਰਾਂ 'ਤੇ ਖੜ੍ਹਾ ਕਰਨ ਵਿੱਚ ਸਹਿਯੋਗ ਦੇਣਾ ਹੈ।ਅਸਾਮ ਤੋਂ ਬਾਅਦ ਸੰਸਥਾ ਦੀ ਟੀਮ ਵੱਲੋਂ ਨੇਪਾਲ ਦੇ ਹੜ੍ਹ ਪ੍ਰਭਾਵਿਤ ਰਸੂਵਾ, ਤ੍ਰਿਸ਼ੂਲੀ ਅਤੇ ਨੁਵਾਕੋਟ ਸਮੇਤ ਵੱਖ-ਵੱਖ ਇਲਾਕਿਆਂ ਵਿੱਚ ਵੀ ਰਾਹਤ ਕਾਰਜ ਚਲਾਏ ਗਏ। ਇੱਥੇ ਫਸੇ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਦੇ ਨਾਲ ਭੋਜਨ, ਕੱਪੜੇ, ਦੁੱਧ, ਬੱਚਿਆਂ ਦੀਆਂ ਜ਼ਰੂਰਤਾਂ ਦਾ ਸਮਾਨ ਅਤੇ ਹੋਰ ਰਾਹਤ ਸਮੱਗਰੀ ਮੁਹੱਈਆ ਕਰਵਾਈ ਗਈ। ਮੈਡੀਕਲ ਕੈਂਪਾਂ ਰਾਹੀਂ ਪ੍ਰਭਾਵਿਤ ਲੋਕਾਂ ਨੂੰ ਸਿਹਤ ਸੇਵਾਵਾਂ ਵੀ ਦਿੱਤੀਆਂ ਗਈਆਂ।ਸ਼ੁਕਰਾਨੇ ਦੀ ਅਰਦਾਸ ਮੌਕੇ ਡਾ. ਅਮਨਦੀਪ ਕੌਰ (ਮੈਡੀਕਲ ਡਾਇਰੈਕਟਰ), ਗਗਨਪ੍ਰੀਤ ਸਿੰਘ, ਜਤਿੰਦਰ ਸਿੰਘ ਫਤਹਿ, ਸਤਜੀਤ ਸਿੰਘ ਅਤੇ ਮਨਮੋਹਨ ਸਿੰਘ ਵੀ ਹਾਜ਼ਰ ਸਨ।

ਕਾਰਨ ਬੱਚਿਆਂ ਦੀਆਂ ਕਾਪੀਆਂ, ਕਿਤਾਬਾਂ ਅਤੇ ਹੋਰ ਸਕੂਲੀ ਸਮੱਗਰੀ ਵੀ ਨੁਕਸਾਨੀ ਗਈ ਸੀ। ਇਸ ਨੂੰ ਦੇਖਦਿਆਂ ਸੰਸਥਾ ਵੱਲੋਂ ਪ੍ਰਭਾਵਿਤ ਬੱਚਿਆਂ ਨੂੰ ਕਾਪੀਆਂ, ਕਿਤਾਬਾਂ ਅਤੇ ਸਿੱਖਿਆ



# ਪਾਰਕ ਦੀ ਥਾਂ ਚੌਪਾਟੀ ਨੂੰ ਦੇਣ ਦਾ ਆਦਰਸ਼ ਨਗਰ ਦੇ ਨਿਵਾਸੀਆਂ ਵੱਲੋਂ ਵਿਰੋਧ



**ਜਲੰਧਰ (ਨ ਜ ਸ)**- ਸ਼ਹਿਰ ਦੇ ਆਦਰਸ਼ ਨਗਰ ਵਿਖੇ ਲੰਮੇ ਸਮੇਂ ਤੋਂ ਬਣੇ ਪਾਰਕ ਨੂੰ ਚੌਪਾਟੀ ਲਈ ਥਾਂ ਬਣਾਉਣ ਵਾਸਤੇ ਛੋਟਾ ਕਰਨ ਦੀਆਂ ਨਗਰ ਨਿਗਮ ਦੀਆਂ ਚਾਲਾਂ ਦਾ ਸਥਾਨਕ ਨਿਵਾਸੀਆਂ ਨੇ ਸਖ਼ਤ ਵਿਰੋਧ ਕੀਤਾ ਹੈ ਤੇ ਮੰਗ ਕੀਤੀ ਹੈ ਕਿ ਮੌਜੂਦਾ ਪਾਰਕ ਨਾਲ ਕਿਸੇ ਵੀ ਕਿਸਮ ਦੀ ਕੋਈ ਛੇੜਛਾੜ ਨਾ ਕੀਤੀ ਜਾਏ।ਆਦਰਸ਼ ਨਗਰ ਸਭਾ ਦੇ ਪ੍ਰਧਾਨ ਪ੍ਰੋ. ਕੇ ਕੇ ਘਈ ਨੇ ਜਲੰਧਰ ਦੇ ਮੇਅਰ ਨੂੰ ਲਿਖੇ ਪੱਤਰ ਰਾਹੀਂ ਮੰਗ ਕੀਤੀ ਹੈ ਕਿ ਆਦਰਸ਼ ਨਗਰ ਕਾਲੋਨੀ ਵਿੱਚ ਪਲਾਟ ਦੀਆਂ ਕੀਮਤਾਂ ਵਿੱਚ ਪਾਰਕ, ਕਮਿਊਨਟੀ ਹਾਲ ਅਤੇ ਸੜਕਾਂ ਦੀ ਕੀਮਤ ਵੀ ਸ਼ਾਮਲ ਸੀ। ਇਸ ਲਈ ਪਾਰਕ ਤੇ ਸੜਕਾਂ ਦੇ ਕਿਸੇ ਵੀ ਹਿੱਸੇ ਨੂੰ ਵੀ ਕਿਸੇ ਵਿਅਕਤੀਗਤ ਵਰਤੋਂ ਲਈ ਸੌਂਪਣਾ ਗੈਰ-ਕਾਨੂੰਨੀ ਹੈ ਅਤੇ ਆਦਰਸ਼ ਨਗਰ ਦੇ ਵਾਸੀਆਂ ਦੇ ਹਿੱਤਾਂ ਦੇ ਵਿਰੁੱਧ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਪਾਰਕ ਨੂੰ ਇਲਾਕੇ ਦੀ ਲੋੜ ਅਨੁਸਾਰ ਹੋਰ ਹਰਿਆ-ਭਰਿਆ ਅਤੇ ਖ਼ੂਬਸੂਰਤ ਬਣਾਇਆ ਜਾਵੇ ਅਤੇ ਇਸ ਨੂੰ ਚੌਪਾਟੀ ਦੇ ਨਾਂਅ 'ਤੇ ਨਿੱਜੀ ਹਿੱਤਾਂ ਨੂੰ ਸੌਂਪਣ ਤੋਂ ਰੋਕਿਆ ਜਾਵੇ।

# ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-4 ਦੇ ਖੇਡ ਮੁਕਾਬਲੇ ਦੂਜੇ ਦਿਨ ਵੀ ਜਾਰੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਬਲਾਕ ਮੋਰਿੰਡਾ ਦੀਆਂ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ 4 ਦੇ ਖੇਡ ਮੁਕਾਬਲੇ ਲੁਠੇੜੀ ਸਕੂਲ ਦੇ ਖੇਡ ਮੈਦਾਨ ਵਿੱਚ ਦੂਜੇ ਦਿਨ ਵੀ ਜਾਰੀ ਰਹੇ। ਜ਼ਿਲ੍ਹਾ ਖੇਡ ਅਫਸਰ ਜਗਜੀਵਨ ਸਿੰਘ ਦੇ ਆਦੇਸ਼ਾਂ ਅਨੁਸਾਰ ਅਤੇ ਕੋਚ ਨਰੇਸ਼ ਰਜੋਰੀਆ ਦੀ ਦੇਖ ਰੇਖ ਹੇਠ ਸ਼ੁਰੂ ਹੋਈਆਂ ਇਨ੍ਹਾਂ ਖੇਡਾਂ ਵਿੱਚ ਖਿਡਾਰੀ ਉਤਸ਼ਾਹ ਨਾਲ ਭਾਗ ਲੈ ਰਹੇ ਹਨ। ਇਹ ਖੇਡਾਂ ਉਪਮੰਡਲ ਮੈਜਿਸਟਰੇਟ ਚੇਤਨ ਬੰਗੜ , ਬੀ ਡੀ ਪੀ ਓ ਸ੍ਰੀ ਲੈਨਿਨ ਗਰਗ ਦੀ ਰਹਿਨੁਮਾਈ ਹੇਠ ਕਰਵਾਈਆਂ ਜਾ ਰਹੀਆਂ ਹਨ । ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੀਡੀਆ ਕੋਆਰਡੀਨੇਟਰ ਧਰਮਿੰਦਰ ਸਿੰਘ ਭੰਗੂ ਅਤੇ ਲੈਕਚਰਾਰ ਇਤਿਹਾਸ ਰਾਬਿੰਦਰ ਸਿੰਘ ਰੱਬੀ ਨੇ ਦੱਸਿਆ ਕਿ ਅੱਜ ਹੋਏ ਮੁਕਾਬਲਿਆਂ ਵਿੱਚ ਕਬੱਡੀ ਨੈਸ਼ਨਲ ਸਟਾਈਲ 14 ਸਾਲਾ ਉਮਰ ਵਰਗ ਵਿੱਚ ਸਰਕਾਰੀ ਮਿਡਲ ਸਕੂਲ ਕਾਈਨੌਰ ਨੇ ਪਹਿਲਾ, ਧਨੌਰੀ ਨੇ ਦੂਜਾ ਤੇ ਚਤਾਮਲਾ ਨੇ ਤੀਜਾ ਸਥਾਨ ਹਾਸਲ ਕੀਤਾ। 17 ਸਾਲ ਉਮਰ ਵਰਗ ਵਿੱਚ ਬਾਬਾ ਗਾਜੀ ਦਾਸ ਸਪੋਰਟਸ ਕਲੱਬ ਧਨੌਰੀ ਨੇ ਪਹਿਲਾ, ਸ਼ਿਵਨੰਦਾ ਸਰਵ ਹਿਤਕਾਰੀ ਸਕੂਲ ਮੋਰਿੰਡਾ ਨੇ ਦੂਜਾ ਸਥਾਨ ਹਾਸਲ ਕੀਤਾ । ਲੜਕੀਆਂ ਦੇ 14 ਸਾਲਾਂ ਉਮਰ ਵਰਗ ਵਿੱਚ ਸਰਕਾਰੀ ਮਿਡਲ ਸਕੂਲ ਚਤਾਮਲਾ ਨੇ ਪਹਿਲਾ ਸਥਾਨ ਹਾਸਲ ਕੀਤਾ। ਕਬੱਡੀ ਸਰਕਲ ਸਟਾਈਲ ਵਿੱਚ 14 ਸਾਲ ਉਮਰ ਵਿੱਚ ਸਰਕਾਰੀ ਮਿਡਲ ਸਕੂਲ ਸਹੇੜੀ ਨੇ ਪਹਿਲਾ, ਸਲੇਮਪੁਰ ਨੇ ਦੂਜਾ ਸਥਾਨ ਹਾਸਲ ਕੀਤਾ ।17 ਸਾਲ ਵਰਗ ਵਿੱਚ ਢੰਗਰਾਲੀ ਨੇ ਪਹਿਲਾ ਤੇ 21 ਸਾਲਾਂ ਉਮਰ ਵਰਗ ਵਿੱਚ ਰਤਨਗੜ ਨੇ ਪਹਿਲਾ ਸਥਾਨ ਹਾਸਲ ਕੀਤਾ । ਵਾਲੀਬਾਲ ਦੇ 14 ਸਾਲ ਮੁਕਾਬਲਿਆਂ ਵਿੱਚ ਕਾਈਨੌਰ ਨੇ ਪਹਿਲਾ, ਮਾਤਾ ਪ੍ਰਸਿੰਨੀ ਦੇਵੀ ਸਕੂਲ ਮੜੌਲੀ ਕਲਾਂ ਨੂੰ ਦੂਜਾ ਅਤੇ ਤਾਜਪੁਰਾ ਨੇ ਤੀਜਾ ਸਥਾਨ ਹਾਸਲ ਕੀਤਾ । 17 ਸਾਲਾਂ ਉਮਰ ਵਰਗ ਵਿੱਚ ਸ਼ੇਰੇ ਪੰਜਾਬ ਕਲੱਬ ਸਰਹਾਣਾ ਨੇ ਪਹਿਲਾ ਸਮਾਣਾ ਕਲਾਂ ਨੇ ਦੂਜਾ ਤੇ ਤਾਜਪੁਰ ਨੇ ਤੀਜਾ ਸਥਾਨ ਹਾਸਲ ਕੀਤਾ। ਫੁਟਬਾਲ ਦੇ 14 ਉਮਰ ਵਰਗ ਵਿੱਚ ਲੁਠੇੜੀ ਨੇ ਪਹਿਲਾ, ਮਾਤਾ ਗੁਜਰੀ ਪਬਲਿਕ ਸਕੂਲ ਮੋਰਿੰਡਾ ਨੇ ਦੂਜਾ ਸਥਾਨ ਹਾਸਲ ਕੀਤਾ। ਗੋਲਾ ਸੁੱਟਣ ਦੇ ਮੁਕਾਬਲਿਆਂ ਵਿੱਚ 19 ਸਾਲਾ ਵਰਗ ਵਿੱਚ ਭਵਿਕ ਜੋਸ਼ੀ ਪਹਿਲਾ ਸਥਾਨ, 40 ਸਾਲਾ ਉਮਰ ਵਰਗ ਵਿੱਚ ਰਾਜਵੀਰ ਸਿੰਘ ਨੇ ਪਹਿਲਾ ,ਵਰਿੰਦਰ ਸਿੰਘ ਨੇ ਦੂਜਾ ਤੇ ਡਾਕਟਰ ਹਮਜੋਲ ਨੇ ਤੀਜਾ ਸਥਾਨ ਹਾਸਿਲ ਕੀਤਾ। ਗੋਲਾ ਸੁੱਟਣ ਦੇ 50 ਸਾਲਾਂ ਉਮਰ ਵਰਗ ਵਿੱਚ ਗੁਰਿੰਦਰਜੀਤ ਸਿੰਘ ਮਾਨ ਨੇ ਪਹਿਲਾ, ਰਵਿੰਦਰ ਸਿੰਘ ਨੇ ਦੂਜਾ ਤੇ ਬੇਅੰਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। 50 ਸਾਲਾਂ ਉਮਰ ਵਰਗ ਵਿੱਚ 100 ਮੀਟਰ ਰੇਸ ਵਿੱਚ ਸੁਖਦੇਵ ਸਿੰਘ ਨੇ ਪਹਿਲਾ ਤੇ ਕੁਲਵਿੰਦਰ ਸਿੰਘ ਕੈਂਪ ਮੈਨੇਜਰ ਨੇ ਦੂਜਾ ਸਥਾਨ ਹਾਸਿਲ ਕੀਤਾ। ਦੌੜਾਂ ਦੇ 60 ਮੀਟਰ ਮੁਕਾਬਲੇ 14 ਸਾਲਾ ਉਮਰ ਵਰਗ ਵਿੱਚ ਲੜਕਿਆਂ ਵਿੱਚ ਚੇਤਨ ਵੀਰ ਸਿੰਘ ਮਾਨ ਨੇ ਪਹਿਲਾ, ਸਹਿਜਪ੍ਰੀਤ ਸਿੰਘ ਨੇ ਦੂਜਾ ਸਥਾਨ ਹਾਸਲ ਕੀਤਾ। 14 ਸਾਲਾਂ ਲੜਕਿਆਂ ਦੇ 600 ਮੀਟਰ ਰੇਸ ਵਿੱਚ ਜੁਗਲ ਕੁਮਾਰ ਨੇ ਪਹਿਲਾ, ਰੋਹਿਤ ਕੁਮਾਰ ਨੇ ਦੂਜਾ ਤੇ ਗੁਰਬਾਜ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ ।17 ਸਾਲਾਂ ਲੜਕਿਆਂ ਦੇ 100 ਮੀਟਰ ਰੇਸ ਵਿੱਚ ਗੁਰਵੀਰ ਸਿੰਘ ਨੇ ਪਹਿਲਾ, ਆਕਾਸ਼ਦੀਪ ਸਿੰਘ ਨੇ ਦੂਜਾ, ਨਿਕੁੰਜ ਨੇ ਤੀਜਾ ਸਥਾਨ ਹਾਸਲ ਕੀਤਾ ।200 ਮੀਟਰ ਰੇਸ 17 ਸਾਲ ਲੜਕਿਆਂ ਵਿੱਚ ਅਰਮਾਨ ਸਿੰਘ ਕੰਗ ਨੇ ਪਹਿਲਾ , ਜਸਬੀਰ ਸਿੰਘ ਨੇ ਦੂਜਾ, ਸਚਿਨ ਜੋਜੋ ਨੇ ਤੀਜਾ ਸਥਾਨ ਹਾਸਲ ਕੀਤਾ । 400 ਮੀਟਰ ਅੰਡਰ 17 ਸਾਲ ਲੜਕਿਆਂ ਦੇ 800 ਮੀਟਰ ਰੇਸ ਵਿੱਚ ਹਰਸਿਮਰ ਸਿੰਘ ਨੇ ਪਹਿਲਾ , ਅਮਰਿੰਦਰ ਸਿੰਘ ਨੇ ਦੂਜਾ, ਜਸਪ੍ਰੀਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ । 17 ਸਾਲਾਂ ਦੇ 1500 ਮੀਟਰ ਰੇਸ ਵਿੱਚ ਸੁਖਪ੍ਰੀਤ ਨੇ ਪਹਿਲਾ, ਲਕਸ਼ਿਤ ਨੇ ਦੂਜਾ, ਅਮਨਿੰਦਰ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ । 21 ਸਾਲਾ ਲੜਕਿਆਂ ਦੇ 100 ਮੀਟਰ ਰੇਸ ਵਿੱਚ ਮਨਿੰਦਰ ਸਿੰਘ ਨੇ ਪਹਿਲਾ, ਜਸਵੀਰ ਸਿੰਘ ਨੇ ਦੂਜਾ ਤੇ ਚਿਰਾਗ ਨੇ ਤੀਜਾ ਸਥਾਨ ਹਾਸਲ ਕੀਤਾ । 21 ਸਾਲਾ ਉਮਰ ਵਰਗ ਵਿੱਚ 200 ਮੀਟਰ ਰੇਸ ਵਿੱਚ ਗੁਰਿੰਦਰ ਸਿੰਘ ਨੇ ਪਹਿਲਾ, ਜਸਬੀਰ ਸਿੰਘ ਨੇ ਦੂਜਾ, ਅਰਮਾਨ ਨੇ ਤੀਜਾ ਸਥਾਨ ਹਾਸਲ ਕੀਤਾ । 400 ਮੀਟਰ ਰੇਸ 21 ਸਾਲਾ ਉਮਰ ਵਰਗ ਵਿੱਚ ਲਵਪ੍ਰੀਤ ਨੇ ਪਹਿਲਾ, ਸੁਖਰਾਜ ਸਿੰਘ ਨੇ ਦੂਜਾ ਸਥਾਨ ਹਾਸਲ ਕੀਤਾ । 800 ਮੀਟਰ ਰੇਸ 21 ਸਾਲਾ ਲੜਕਿਆਂ ਵਿੱਚ ਧੀਰਜ ਕੁਮਾਰ ਨੇ ਪਹਿਲਾ, ਅੰਮ੍ਰਿਤਪਾਲ ਸਿੰਘ ਨੇ ਦੂਜਾ, ਦਲਜੀਤ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ । 1500 ਮੀਟਰ ਰੇਸ 21 ਸਾਲਾ ਉਮਰ ਵਰਗ ਵਿੱਚ ਇਮਰਾਨ ਖਾਨ ਨੇ ਪਹਿਲਾ, ਧੀਰਜ ਕੁਮਾਰ ਨੇ ਦੂਜਾ, ਦਲਜੀਤ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ ।14 ਸਾਲਾ ਉਮਰ ਵਰਗ ਵਿੱਚ ਲੜਕੀਆਂ ਦੇ ਮੁਕਾਬਲੇ ਵਿੱਚ 60 ਮੀਟਰ ਰੇਸ ਵਿੱਚ ਅਵਨੀਤ ਕੌਰ ਨੇ ਪਹਿਲਾ ਤੇ ਰਚਨਾ ਨੇ ਦੂਜਾ ਸਥਾਨ ਹਾਸਲ ਕੀਤਾ। 600 ਮੀਟਰ ਨੇ ਇਸ ਵਿੱਚ ਪ੍ਰਭਗੀਤ ਕੌਰ ਨੇ ਪਹਿਲਾ, ਅਰਚਨਾ ਨੇ ਦੂਜਾ ਤੇ ਕਮਲਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਲੜਕੀਆਂ ਦੇ 17 ਸਾਲਾਂ ਉਮਰ ਵਰਗ ਵਿੱਚ 100 ਮੀਟਰ ਰੇਸ ਵਿੱਚ ਸੁਖਮਨੀ ਨੇ ਪਹਿਲਾ, ਰੀਆ ਨੇ ਦੂਜਾ, ਰਾਜਵੀਰ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ । 200 ਮੀਟਰ ਰੇਸ ਲੜਕੀਆਂ ਵਿੱਚ ਲਵਪ੍ਰੀਤ ਕੌਰ ਨੇ ਪਹਿਲਾ, ਹਰਗੁਣਪ੍ਰੀਤ ਕੌਰ ਨੇ ਦੂਜਾ ਅਤੇ ਕੁਸਮਜੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ ।

# ਤਿਓਹਾਰਾਂ ਦੇ ਸੀਜ਼ਨ ਨੂੰ ਮੁੱਖ ਰੱਖਦੇ ਹੋਏ ਫ਼ੂਡ ਸੇਫਟੀ ਵਿੰਗ ਵੱਲੋਂ ਜਾਂਚ ਮੁਹਿੰਮ

**ਕਪੂਰਥਲਾ (ਮਨਜੀਤ ਮਾਨ)** ਸ਼੍ਰੀਮਤੀ ਕਮਲਪ੍ਰੀਤ ਕੌਰ ਬਰਾੜ ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟਰੇਸ਼ਨ, ਆਕਾਸ਼ ਬਾਂਸਲ, ਡਿਪਟੀ ਕਮਿਸ਼ਨਰ ਕਪੂਰਥਲਾ ਅਤੇ ਡਾ. ਰਾਜੀਵ ਪਰਾਸ਼ਰ, ਸਿਵਲ ਸਰਜਨ ਕਪੂਰਥਲਾ ਦੇ ਦਿਸ਼ਾ-ਨਿਰਦੇਸ਼ਾਂ ਤੇ ਫੂਡ ਸੇਫਟੀ ਵਿੰਗ ਕਪੂਰਥਲਾ ਵੱਲੋਂ ਤਿਉਹਾਰਾਂ ਨੂੰ ਮੁੱਖ ਰੱਖਦੇ ਹੋਏ ਸਹਾਇਕ ਕਮਿਸ਼ਨਰ, ਹਰਜੋਤ ਪਾਲ ਸਿੰਘ ਦੀ ਨਿਗਰਾਨੀ ਹੇਠ ਵਿੰਗ ਵੱਲੋਂ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ ਗਿਆ, ਜਿਸ ਤਹਿਤ ਫਗਵਾੜਾ ਅਤੇ ਫਾਛਟ ਦੇ ਅਲਗ ਅਲਗ ਖੇਤਰਾਂ ਵਿੱਚੋਂ ਹਲਵਾਈਆਂ, ਡੇਅਰੀ ਵਾਲਿਆਂ ਅਤੇ ਹੋਰ ਮਠਿਆਇਆ ਨਾਲ ਜੁੜੇ ਕਾਰੋਬਾਰੀਆਂ ਦੀ ਵਰਕਸ਼ਾਪਾਂ ਦੀ ਜਾਂਚ ਕੀਤੀ ਗਈ।



ਅਭਿਆਨ ਦੌਰਾਨ ਟੀਮ ਵੱਲੋਂ ਕੁੱਲ 6 ਸੈਂਪਲ ਭਰੇ ਗਏ, ਜਿਨ੍ਹਾਂ ਵਿੱਚ ਖੋਇਆ ਅਤੇ ਪਨੀਰ ਦੇ ਸੈਂਪਲ ਸ਼ਾਮਲ ਹਨ, ਉਕਤ ਸਾਰੇ ਸੈਂਪਲ ਮੌਕੇ 'ਤੇ ਹੀ ਸੀਲ ਕਰਕੇ ਵਿਸ਼ਲੇਸ਼ਣ ਲਈ ਸਟੇਟ ਫੂਡ ਲੈਬੋਰਟਰੀ ਭੇਜ ਦਿੱਤੇ ਗਏ ਹਨ।ਇਸ ਅਭਿਆਨ ਦੀ ਅਗਵਾਈ ਡਾ. ਹਰਜੋਤ ਪਾਲ ਸਿੰਘ, ਸਹਾਇਕ ਕਮਿਸ਼ਨਰ (ਫੂਡ) ਵੱਲੋਂ ਕੀਤੀ ਗਈ, ਜਦਕਿ ਟੀਮ ਵਿੱਚ ਸ੍ਰੀਮਤੀ ਮਹਿਕ ਸੈਣੀ, ਫੂਡ ਸੇਫਟੀ ਅਫ਼ਸਰ ਵੀ ਸ਼ਾਮਲ ਸਨ। ਚੈਕਿੰਗ ਦੌਰਾਨ ਵੱਖ-ਵੱਖ ਹਲਵਾਈਆਂ, ਡੇਅਰੀ ਵਾਲਿਆਂ ਦਾ ਨਿਰੀਖਣ ਕੀਤਾ ਗਿਆ ਅਤੇ ਫੂਡ ਕਾਰੋਬਾਰੀਆਂ ਨੂੰ ਖਾਧ ਸੁਰੱਖਿਆ ਅਤੇ ਸਫ਼ਾਈ ਸਬੰਧੀ ਲਾਜ਼ਮੀ ਹਦਾਇਤਾਂ ਜਾਰੀ ਕੀਤੀਆਂ ਗਈਆਂ।

# ਖ਼ੂਨਦਾਨ ਕੈਂਪ 'ਚ 245 ਯੂਨਿਟ ਖ਼ੂਨ ਇਕੱਤਰ ਕੀਤਾ

**ਦਸੂਹਾ (ਕਰਨੈਲ ਮਾਂਗਟ)**- 'ਖ਼ੂਨ ਮਨੁੱਖੀ ਨਾੜੀਆਂ ਵਿੱਚ ਵਹਿਣਾ ਚਾਹੀਦਾ ਹੈ, ਗਲੀਆਂ ਅਤੇ ਨਾਲੀਆਂ ਵਿੱਚ ਨਹੀਂ' ਦੇ ਸਿਧਾਂਤ 'ਤੇ ਚੱਲਦੇ ਹੋਏ ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਵੱਲੋਂ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੀ ਕਿਰਪਾ ਨਾਲ ਮਿਸ਼ਨ ਦੇ ਸਾਬਕਾ ਜ਼ੋਨਲ ਇੰਚਾਰਜ ਪਠਾਨਕੋਟ ਐੱਮ ਐੱਲ.ਸ਼ਰਮਾ ਤੇ ਸ਼ਾਖਾ ਮੁਖੀ, ਮਹਾਤਮਾ ਸੋਹਨ ਸਿੰਘ ਦੀ ਯੋਗ ਅਗਵਾਈ ਹੇਠ ਸੰਤ ਨਿਰੰਕਾਰੀ ਸਤਿਸੰਗ ਭਵਨ, ਟੇਰਕਿਆਣਾ (ਦਸੂਹਾ) ਵਿਖੇ ਇੱਕ ਮੈਗਾ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ। ਇਸ ਮੌਕੇ ਖੇਤਰੀ ਸੰਚਾਲਕ ਦਲਜੀਤ ਕੁਮਾਰ, ਸੇਵਾਦਲ ਸੰਚਾਲਕ ਦਸੂਹਾ ਪ੍ਰਕਾਸ਼ ਸਿੰਘ, ਸ਼ਿਕਸ਼ਕ ਸੇਵਾਦਲ ਦਸੂਹਾ ਓਂਕਾਰ ਸਿੰਘ, ਮਨੋਜ਼ ਕੁਮਾਰ ਸੇਵਾਦਲ ਸੰਚਾਲਕ ਟੇਰਕਿਆਣਾ, ਸੁਰਜੀਤ ਸਿੰਘ ਡੇਰਾ ਅਤੇ ਹੋਰ ਪਤਵੰਤੇ ਮੌਜੂਦ ਸਨ। ਇਸ ਵਿਸ਼ਾਲ ਖ਼ੂਨਦਾਨ ਕੈਂਪ ਵਿੱਚ ਸਿਵਲ ਹਸਪਤਾਲ ਦਸੂਹਾ, ਸਿਵਲ ਹਸਪਤਾਲ ਮੁਕੇਰੀਆਂ ਅਤੇ ਸਿਵਲ ਹਸਪਤਾਲ ਹੁਸ਼ਿਆਰਪੁਰ ਦੀਆਂ ਬਲੱਡ ਬੈਂਕ ਟੀਮਾਂ ਨੇ ਖ਼ੂਨਦਾਨੀਆਂ ਵਲੋਂ ਦਿੱਤਾ 245 ਯੂਨਿਟ ਖ਼ੂਨ ਇਕੱਠਾ ਕੀਤਾ। ਖ਼ੂਨਦਾਨ ਕੈਂਪ ਵਿੱਚ ਮਹਿਲਾਵਾਂ ਵਿੱਚ ਭਾਰੀ ਉਤਸ਼ਾਹ ਪਾਇਆ ਗਿਆ। ਸਥਾਨਕ ਸ਼ਾਖਾ ਤੋਂ ਇਲਾਵਾ ਹੋਰ ਸ਼ਾਖਾਵਾਂ ਅਤੇ ਖੇਤਰ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਆਪਣੀ ਵਾਰੀ ਦੀ ਉਡੀਕ ਵਿੱਚ ਲਾਈਨਾਂ ਵਿੱਚ ਖੜ੍ਹੇ ਸਨ। ਦਸੂਹਾ ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਖ਼ੂਨਦਾਨ ਕੈਂਪ ਵਿੱਚ ਸ਼ਿਰਕਤ ਕੀਤੀ ਅਤੇ ਖ਼ੂਨਦਾਨੀਆਂ ਦਾ ਹੌਸਲਾ ਵਧਾਇਆ।



ਇਸ ਮੌਕੇ ਮਹਾਤਮਾ ਐੱਮ ਐੱਲ ਸ਼ਰਮਾ ਨੇ ਕਿਹਾ ਕਿ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਹਰ ਸਾਲ ਖ਼ੂਨਦਾਨ ਕੈਂਪ ਲਗਾ ਰਹੀ ਹੈ। ਇਸ ਮੌਕੇ ਮੁੱਖੀ ਮਹਾਤਮਾ ਸੋਹਣ ਸਿੰਘ ਨੇ ਪ੍ਰਮੁੱਖ ਸ਼ਖ਼ਸੀਅਤਾਂ, ਖ਼ੂਨਦਾਨੀਆਂ, ਡਾਕਟਰਾਂ ਅਤੇ ਸਟਾਫ਼ ਮੈਂਬਰਾਂ, ਸੇਵਾਦਲ ਦੇ ਭਰਾਵਾਂ ਅਤੇ ਭੈਣਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਕੈਂਪ ਹਸਪਤਾਲਾਂ ਨੂੰ ਖ਼ੂਨ ਦੀ ਸਪਲਾਈ ਕਰਨ ਵਿੱਚ ਮਦਦ ਕਰਦੇ ਹਨ। ਖ਼ੂਨਦਾਨੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਵੀ ਵੰਡੇ ਗਏ।

## ਬਲਜਿੰਦਰ ਢਿੱਲੋਂ ਵੱਲੋਂ ਸ਼ਹੀਦ ਨਾਇਕ ਮਲਕੀਤ ਸਿੰਘ ਨੂੰ ਬਰਸੀ ਮੌਕੇ ਸ਼ਰਧਾਂਜਲੀ



**ਪਟਿਆਲਾ/ਸਨੌਰ (ਰਜਿੰਦਰ ਸਿੰਘ ਥਿੰਦ)**-ਦੇਸ਼ ਦੀ ਸੁਰੱਖਿਆ ਲਈ ਆਪਣੀ ਜਾਨ ਦੀ ਕੁਰਬਾਨੀ ਦੇਣ ਵਾਲੇ ਮਹਾਨ ਸ਼ਹੀਦ ਨਾਇਕ ਮਲਕੀਤ ਸਿੰਘ ਦੀ ਬਰਸੀ ਮੌਕੇ ਮੈਮੋਰੀਅਲ ਧਰਮਸ਼ਾਲਾ ਹਡਾਣਾ ਵਿਖੇ ਕਰਵਾਏ ਗਏ ਸ਼ਰਧਾਂਜਲੀ ਸਮਾਗਮ ਵਿੱਚ ਪਹੁੰਚ ਕੇ ਚੇਅਰਮੈਨ ਤੇ ਲੋਕ ਸਭਾ ਪਟਿਆਲਾ ਦੇ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਨੇ ਆਪਣੀ ਟੀਮ ਸਹਿਤ ਸ਼ਹੀਦ ਨਾਇਕ ਮਲਕੀਤ ਸਿੰਘ ਨੂੰ ਸਤਿਕਾਰ ਸਹਿਤ ਸ਼ਰਧਾ ਦੇ ਫੁੱਲ ਤੇ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਬਲਜਿੰਦਰ ਢਿੱਲੋਂ ਨੇ ਸ਼ਹੀਦ ਨਾਇਕ ਮਲਕੀਤ ਸਿੰਘ ਦੇ ਬੁੱਤ 'ਤੇ ਫੁੱਲ ਮਾਲਾ ਭੇਟ ਕਰਦਿਆਂ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਯਾਦ ਕੀਤਾ ਤੇ ਦੇਸ਼ ਦੀ ਰੱਖਿਆ ਲਈ ਉਨ੍ਹਾਂ ਵੱਲੋਂ ਦਿੱਤੀ ਗਈ ਅਦੁੱਤੀ ਕੁਰਬਾਨੀ ਨੂੰ ਦਿਲੋਂ ਨਮਨ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸ਼ਹੀਦ ਨਾਇਕ ਮਲਕੀਤ ਸਿੰਘ ਨੇ ਦੇਸ਼ ਦੀ ਸੁਰੱਖਿਆ ਤੇ ਮਾਤ ਭੂਮੀ ਦੀ ਰੱਖਿਆ ਲਈ ਆਪਣੀ ਜਾਨ ਨਿਛਾਵਰ ਕਰਕੇ ਦੇਸ਼ ਵਾਸੀਆਂ ਲਈ ਬਹਾਦਰੀ, ਹਿੰਮਤ ਤੇ ਦੇਸ਼ ਭਗਤੀ ਦੀ ਇੱਕ ਅਮਿੱਟ ਮਿਸਾਲ ਕਾਇਮ ਕੀਤੀ ਹੈ।ਇਸ ਮੌਕੇ ਲਖਵਿੰਦਰ ਸਿੰਘ ਢਿੱਲੋਂ ਲੋਕ ਸਭਾ ਆਬਜ਼ਰਵਰ ਪਟਿਆਲਾ, ਰਜਿੰਦਰ ਸਿੰਘ ਜ਼ਿਲ੍ਹਾ ਮੀਡੀਆ ਸੈਕਟਰੀ, ਰਜਿੰਦਰ ਸਿੰਘ ਮੋਹਲ ਜ਼ਿਲ੍ਹਾ ਪ੍ਰਧਾਨ ਬੀ ਸੀ ਵਿੰਗ, ਮਨਦੀਪ ਜੋਲਾ ਚੇਅਰਮੈਨ ਦਲਿਤ ਵਿਕਾਸ ਬੋਰਡ ਤੇ ਰਾਜ ਕੁਮਾਰ ਮਿਠਾਰੀਆ ਲੋਕ ਸਭਾ ਆਫਿਸ ਪਟਿਆਲਾ ਤੋਂ ਇਲਾਵਾ ਹੋਰ ਵੀ ਸਾਥੀ ਮੌਜੂਦ ਸਨ।

## ਸਨਾਤਮ ਧਰਮ ਮਹਾਂਵੀਰ ਦਲ ਨਾਭਾ ਦੀ ਨਵੀਂ ਟੀਮ ਦਾ ਗਠਨ



**ਨਾਭਾ (ਅਮਨ ਗਰਗ)**-ਸ੍ਰੀ ਸਨਾਤਮ ਧਰਮ ਮਹਾਵੀਰ ਦਲ ਨਾਭਾ (ਰਜਿ:) ਦੇ ਮੈਂਬਰਾਂ ਦੀ ਅਹਿਮ ਮੀਟਿੰਗ ਹੋਈ, ਜਿਸ ਵਿੱਚ ਸੰਸਥਾ ਵੱਲੋਂ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਨੂੰ ਲੈ ਕੇ ਵਿਚਾਰ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਸਮਾਜ ਸੇਵੀ ਪਰਮਿੰਦਰ ਬਾਂਸਲ ਭੋਲੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਪ੍ਰਧਾਨਗੀ ਤੇ ਨਵੀਂ ਟੀਮ ਨੂੰ ਲੈ ਕੇ ਚੋਣ ਕੀਤੀ ਗਈ, ਜਿਸ ਵਿੱਚ ਚੇਅਰਮੈਨ ਡਾਕਟਰ ਸਤਪਾਲ ਅਗਰਵਾਲ, ਪ੍ਰਧਾਨ ਚਮਨ ਲਾਲ ਮਿੱਤਲ ਪੱਪੀ, ਮੁੱਖ ਸਰਪ੍ਰਸਤ ਪਰਮਿੰਦਰ ਬਾਂਸਲ ਭੋਲੀ ਨੂੰ ਸਰਬ ਸੰਮਤੀ ਨਾਲ ਚੁਣਿਆ ਗਿਆ ਤੇ ਉਨ੍ਹਾਂ ਨੂੰ ਨਵੀਂ ਟੀਮ ਚੁਣਨ ਦੇ ਅਧਿਕਾਰ ਦਿੱਤੇ ਗਏ, ਜਿਸ ਵਿੱਚ ਉਨ੍ਹਾਂ ਨੇ ਸਰਪ੍ਰਸਤ ਰਵਿੰਦਰ ਸ਼ਰਮਾ ਤੇ ਪਵਨ ਸ਼ਰਮਾ, ਵਾਈਸ ਪ੍ਰਧਾਨ ਚੰਦਰ ਪ੍ਰਕਾਸ਼ ਤੇ ਕੇਵਲ ਸਿੰਘ, ਜਨਰਲ ਸਕੱਤਰ ਲਕਸ਼ਮਣ ਦਾਸ ਸ਼ਰਮਾ, ਸੈਕਟਰੀ ਰਾਕੇਸ਼ ਕੁਮਾਰ, ਅਸਿਸ ਸੈਕਟਰੀ ਸੁਰੇਸ਼ ਗੁਪਤਾ, ਜੁਆਇੰਟ ਸਕੱਤਰ ਅਸ਼ਵਨੀ ਸਚਦੇਵਾ, ਕੈਸ਼ੀਅਰ ਦਵਿੰਦਰ ਕੌਸ਼ਲ ਬੋਬੀ, ਜੁਆਇੰਟ ਕੈਸ਼ੀਅਰ ਰਾਜੇਸ਼ ਕੁਮਾਰ, ਕੈਪਟਨ ਹੇਮ ਰਾਜ, ਸਟੋਰ ਇੰਚਾਰਜ ਧਰਮਿੰਦਰ ਵਰਮਾ ਤੇ ਚਮਕੌਰ ਸਿੰਘ, ਇਲੈਕਟਰਿਕ ਸਟੋਰ ਇੰਚਾਰਜ ਹੈਪੀ ਦੁਗਲ, ਕਾਰਜਕਾਰਨੀ ਮੈਂਬਰ ਹੈਪੀ ਸ਼ਰਮਾ, ਪੱਪੂ ਅਰੋੜਾ, ਕੰਨੂ ਗੋਇਲ, ਕਾਲੂ ਸ਼ਰਮਾ, ਬੋਨੀ ਕੁਮਾਰ ਆਦਿ ਨੂੰ ਚੁਣਿਆ।ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਜੋ ਮਿਲੀ ਜ਼ਿੰਮੇਵਾਰੀ ਨੂੰ ਇਮਾਨਦਾਰੀ, ਲਗਨ ਤੇ ਤਨਦੇਹੀ ਨਾਲ ਨਿਭਾਵਾਂਗੇ।ਨਵ-ਨਿਯੁਕਤ ਪ੍ਰਧਾਨ ਚਮਨ ਲਾਲ ਪੱਪੀ ਨੇ ਸਮੂਹ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਅਮਿਤ ਕੁਮਾਰ, ਸੁਮਿਤ ਕੁਮਾਰ, ਸਾਬੀ ਸਿੰਘ, ਪਿਆਰਾ ਸਿੰਘ, ਪੰਡਿਤ ਰਤਨ ਲਾਲ ਸ਼ਰਮਾ, ਸੋਨੂ ਕੁਮਾਰ ਤੇ ਹੋਰ ਮੈਂਬਰ ਹਾਜ਼ਰ ਸਨ।

## ਬੀਬੀ ਹਰਵਿੰਦਰ ਕੌਰ ਨੂੰ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀਆਂ



**ਦੋਰਾਹਾ (ਹਰਮਿੰਦਰ ਸਿੰਘ)**-ਸਤਿਕਾਰਯੋਗ ਸਰਦਾਰਨੀ ਹਰਵਿੰਦਰ ਕੌਰ, ਜੋ 4 ਸਤੰਬਰ 2026 ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦਿਆਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਦੇ ਭੋਗ ਤੇ ਅੰਤਿਮ ਅਰਦਾਸ ਐਤਵਾਰ ਨੂੰ ਦੁਪਹਿਰ 12 ਤੋਂ 2 ਵਜੇ ਤੱਕ ਵਿਸ਼ਵਕਰਮਾ ਮੰਦਰ ਦੋਰਾਹਾ ਵਿਖੇ ਸ਼ਰਧਾ ਤੇ ਭਾਵਨਾ ਨਾਲ ਕਰਵਾਏ ਗਏ।ਇਸ ਮੌਕੇ ਦੋਰਾਹਾ ਸ਼ਹਿਰ ਦੀਆਂ ਸਮਾਜਿਕ, ਧਾਰਮਿਕ ਤੇ ਰਾਜਨੀਤਕ ਸ਼ਖ਼ਸੀਅਤਾਂ ਸਮੇਤ ਸਮੁੱਚੇ ਸ਼ਹਿਰ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਮਣਕੂ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਤੇ ਵਿਛੜੀ ਆਤਮਾ ਨੂੰ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਹਲਕਾ ਪਾਇਲ ਦੇ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ, ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ, ਚੇਅਰਮੈਨ ਬੰਤ ਸਿੰਘ, ਐਡਵੋਕੇਟ ਸੁਰਿੰਦਰਪਾਲ ਸੂਦ, ਰਾਜਿੰਦਰ ਗਹੀਰ, ਹਰਿੰਦਰ ਹਿੰਦਾ, ਇੰਦਰਜੀਤ ਸਿੰਘ 'ਸ਼ਾਲੂ ਬਾਬਾ', ਕੌਂਸਲਰ ਰਿੱਕੀ ਬੈਕਟਰ, ਗੁਰਦੀਪ ਸਿੰਘ ਬਾਵਾ ਤੇ ਪ੍ਰੋ. ਮਦਨ ਭੰਡਾਰੀ ਸਮੇਤ ਵੱਖ-ਵੱਖ ਆਗੂ, ਸਮਾਜਿਕ ਤੇ ਧਾਰਮਿਕ ਸ਼ਖ਼ਸੀਅਤਾਂ ਹਾਜ਼ਰ ਸਨ।ਸਾਬਕਾ ਨਗਰ ਕੌਂਸਲ ਪ੍ਰਧਾਨ ਸੁਦਰਸ਼ਨ ਸ਼ਰਮਾ 'ਪੱਪੂ' ਨੇ ਸਰਦਾਰਨੀ ਹਰਵਿੰਦਰ ਕੌਰ ਦੇ ਸੰਸਾਰਿਕ ਜੀਵਨ ਬਾਰੇ ਚਾਨਣਾ ਪਾਉਂਦਿਆਂ ਉਨ੍ਹਾਂ ਦੇ ਨਿਮਰ, ਮਿਲਾਪੜੇ ਤੇ ਸਨੇਹਪੂਰਨ ਸੁਭਾਅ ਨੂੰ ਯਾਦ ਕੀਤਾ।ਉਨ੍ਹਾਂ ਕਿਹਾ ਕਿ ਹਰਵਿੰਦਰ ਕੌਰ ਦਾ ਸਾਦਗੀ ਭਰਿਆ ਜੀਵਨ ਅਤੇ ਪਰਿਵਾਰ ਤੇ ਸਮਾਜ ਨਾਲ ਉਨ੍ਹਾਂ ਦਾ ਪਿਆਰ ਹਮੇਸ਼ਾ ਯਾਦ ਰਹੇਗਾ।ਇਸ ਮੌਕੇ ਵੱਖ-ਵੱਖ ਸੰਸਥਾਵਾਂ ਤੇ ਜਥੇਬੰਦੀਆਂ ਵੱਲੋਂ ਸ਼ੋਕ ਮਤੇ ਵੀ ਪੜ੍ਹੇ ਗਏ ਤੇ ਮਣਕੂ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਗਈ।ਅੰਤ ਵਿੱਚ ਮਣਕੂ ਪਰਵਾਰ ਵੱਲੋਂ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਦੁੱਖ ਦੀ ਘੜੀ ਵਿੱਚ ਸਾਥ ਦੇਣ ਵਾਲੀਆਂ ਸਮੂਹ ਸੰਗਤਾਂ, ਰਿਸ਼ਤੇਦਾਰਾਂ, ਦੋਸਤਾਂ ਤੇ ਦੋਰਾਹਾ ਸ਼ਹਿਰ ਵਾਸੀਆਂ ਦਾ ਧੰਨਵਾਦ ਕੀਤਾ ਗਿਆ।

## ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਵੜੈਚਾਂ 'ਚ ਨਸ਼ਾ ਮੁਕਤੀ ਕੈਂਪ




**ਸਮਾਣਾ (ਇਕਬਾਲ ਸਿੰਘ ਬੱਲ)**-ਪਿੰਡ ਵੜੈਚਾਂ ਵਿਖੇ ਨਸ਼ਿਆਂ ਖ਼ਿਲਾਫ਼ ਮੁਹਿੰਮ ਤਹਿਤ ਇੱਕ ਵਿਸ਼ੇਸ਼ ਨਸ਼ਾ ਮੁਕਤੀ ਕੈਂਪ ਲਗਾਇਆ ਗਿਆ।ਇਹ ਕੈਂਪ ਹਲਕਾ ਸਮਾਣਾ ਦੇ ਕੋਆਰਡੀਨੇਟਰ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਚਰਨਜੀਤ ਸਿੰਘ, ਜ਼ਿਲ੍ਹਾ ਜਥੇਬੰਦੀ ਪਟਿਆਲਾ ਦੇ ਪ੍ਰਧਾਨ ਜਥੇਦਾਰ ਰਣਧੀਰ ਸਿੰਘ ਰੱਖੜਾ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਲਗਾਇਆ ਗਿਆ।ਕੈਂਪ ਦੌਰਾਨ ਨਸ਼ਾ ਪੀੜਤ ਵਿਅਕਤੀਆਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਕਾਊਂਸਲਿੰਗ ਕੀਤੀ ਗਈ।ਡਾ. ਦੀਪਤੀ ਕਟਾਰੀਆ ਤੇ ਉਨ੍ਹਾਂ ਦੀ ਟੀਮ ਵੱਲੋਂ ਨਸ਼ਾ ਪੀੜਤਾਂ ਦੀ ਕਾਊਂਸਲਿੰਗ ਕਰਨ ਦੇ ਨਾਲ-ਨਾਲ ਲੋੜ ਅਨੁਸਾਰ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ।ਇਸ ਮੌਕੇ ਚਰਨਜੀਤ ਸਿੰਘ ਨੇ ਕਿਹਾ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਪੰਜਾਬ 'ਚੋਂ ਨਸ਼ਿਆਂ ਦਾ ਖਾਤਮਾ ਕਰਨਾ ਤੇ ਨੌਜਵਾਨਾਂ ਨੂੰ ਸਹੀ ਸੇਧ ਦੇਣਾ ਪਾਰਟੀ ਦੇ ਮੁੱਖ ਮਿਸ਼ਨ ਤੇ ਮਨੋਰਥਾਂ ਵਿੱਚ ਸ਼ਾਮਲ ਹੈ।ਇਸੇ ਸੋਚ ਤਹਿਤ ਪਿੰਡ ਪੱਧਰ 'ਤੇ ਨਸ਼ਿਆਂ ਖ਼ਿਲਾਫ਼ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮਕਸਦ ਲਈ ਪਿੰਡ ਵਿੱਚ ਇੱਕ ਟੀਮ ਤਿਆਰ ਕੀਤੀ, ਜੋ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ, ਖੇਡਾਂ ਨਾਲ ਜੋੜਨ ਤੇ ਅੰਮ੍ਰਿਤ ਛਕਣ ਲਈ ਪ੍ਰੇਰਿਤ ਕਰਨ ਲਈ ਕੰਮ ਕਰੇਗੀ।ਕੈਂਪ ਵਿੱਚ ਯੁਵਰਾਜ ਸਿੰਘ, ਗੁਰਮਨਜੋਤ ਸਿੰਘ, ਜਗਨਜੋਤ ਸਿੰਘ, ਬਲਕਾਰ ਸਿੰਘ ਤੇ ਸਤੀਸ਼ ਗੋਇਲ ਸਮੇਤ ਹੋਰ ਪਿੰਡ ਵਾਸੀ ਹਾਜ਼ਰ ਸਨ।

## ਮੈਡੀਕਲ ਹਸਪਤਾਲ 'ਚ ਵੈਂਟੀਲੇਟਰ ਸਹੂਲਤ ਲਈ ਮੁੱਖ ਮੰਤਰੀ ਤੁਰੰਤ ਕਾਰਵਾਈ ਕਰਨ : ਅਰਸ਼ ਸੱਚਰ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫਰੀਦਕੋਟ ਵਿੱਚ ਇੱਕ ਮਰੀਜ਼ ਦੇ ਪਰਿਵਾਰ ਵੱਲੋਂ ਐਮਰਜੈਂਸੀ ਦੌਰਾਨ ਵੈਂਟੀਲੇਟਰ ਲਈ ਮਦਦ ਮੰਗੇ ਜਾਣ ਤੋਂ ਬਾਅਦ ਸਮਾਜ ਸੇਵੀ ਤੇ ਆਮ ਆਦਮੀ ਪਾਰਟੀ ਫਰੀਦਕੋਟ ਦੇ ਸੀਨੀਅਰ ਆਗੂ ਅਰਸ਼ ਸੱਚਰ ਨੇ ਮਾਣਯੋਗ ਮੁੱਖ ਮੰਤਰੀ ਪੰਜਾਬ ਨੂੰ ਤੁਰੰਤ ਦਖ਼ਲ ਦੇਣ ਦੀ ਬੇਨਤੀ ਕੀਤੀ ਹੈ।ਅਰਸ਼ ਸੱਚਰ ਨੇ ਦੱਸਿਆ ਕਿ ਪਰਵਾਰ ਦੀ ਕਾਲ ਮਿਲਣ 'ਤੇ ਉਨ੍ਹਾਂ ਨੇ ਤੁਰੰਤ ਮੈਡੀਕਲ ਸੁਪਰਡੈਂਟ ਨਾਲ ਸੰਪਰਕ ਕੀਤਾ, ਪਰ ਲੋੜੀਂਦੀ ਵੈਂਟੀਲੇਟਰ ਸਹੂਲਤ ਉਪਲਬਧ ਨਾ ਹੋਣ ਦੀ ਜਾਣਕਾਰੀ ਮਿਲੀ। ਉਨ੍ਹਾਂ ਮੰਗ ਕੀਤੀ ਕਿ ਵੈਂਟੀਲੇਟਰ, ਆਈ.ਸੀ.ਯੂ. ਬੈੱਡ, ਆਕਸੀਜਨ ਤੇ ਹੋਰ ਜੀਵਨ-ਰੱਖਿਅਕ ਸਹੂਲਤਾਂ ਦੀ 24 ਘੰਟੇ ਉਪਲਬਧਤਾ ਤੁਰੰਤ ਯਕੀਨੀ ਬਣਾਈ ਜਾਵੇ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਟੀਮ ਵੱਲੋਂ ਹਸਪਤਾਲ ਵਿੱਚ ਮਰੀਜ਼ਾਂ ਤੇ ਉਨ੍ਹਾਂ ਦੇ ਪਰਵਾਰਾਂ ਤੋਂ ਜ਼ਮੀਨੀ ਫੀਡਬੈਕ ਇਕੱਠੀ ਕੀਤੀ ਗਈ, ਜਿਸ ਦੌਰਾਨ ਐਮਰਜੈਂਸੀ ਸੇਵਾਵਾਂ, ਦਵਾਈ ਕਾਊਂਟਰ ਤੇ ਓ.ਪੀ.ਡੀ. ਸਲਿੱਪ ਪ੍ਰਣਾਲੀ ਵਿੱਚ ਵੀ ਸੁਧਾਰ ਦੀ ਲੋੜ ਸਾਹਮਣੇ ਆਈ।ਉਨ੍ਹਾਂ ਮਾਣਯੋਗ ਮੁੱਖ ਮੰਤਰੀ ਨੂੰ ਬੇਨਤੀ ਕੀਤੀ ਕਿ ਵੈਂਟੀਲੇਟਰ ਦੇ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਵਾਈ ਜਾਵੇ ਤੇ ਬਾਕੀ ਸਾਹਮਣੇ ਆਈਆਂ ਕਮੀਆਂ ਦੀ ਸਮਾਂਬੱਧ ਜਾਂਚ ਕਰਵਾ ਕੇ ਸੁਧਾਰ ਯਕੀਨੀ ਬਣਾਇਆ ਜਾਵੇ।

## 'ਸਵੱਛਤਾ ਹੀ ਸੇਵਾ' ਅਭਿਆਨ ਤਹਿਤ ਐੱਨ ਐੱਸ ਐੱਸ ਕੈਂਪ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਪ੍ਰਿੰਸੀਪਲ ਡਾ. ਗਗਨਦੀਪ ਚੀਮਾ ਦੀ ਰਹਿਨੁਮਾਈ ਹੇਠ ਕਾਲਜ ਦੇ ਐੱਨ ਐੱਸ ਐੱਸ ਵਿਭਾਗ ਵੱਲੋਂ 'ਸਵੱਛਤਾ ਹੀ ਸੇਵਾ' ਅਭਿਆਨ ਤਹਿਤ ਇਕ ਰੋਜ਼ਾ ਕੈਂਪ ਲਗਾਇਆ ਗਿਆ, ਜਿਸ ਦੌਰਾਨ ਵੱਖ-ਵੱਖ ਗਤੀਵਿਧੀਆਂ ਕੀਤੀਆਂ ਗਈਆਂ। ਵਲੰਟੀਅਰ ਦੁਆਰਾ ਕਾਲਜ ਸਟੇਜ ਦੀ ਸਫਾਈ, ਪਾਰਕਾਂ ਦੀ ਸਫਾਈ, ਵਰਾਂਡਿਆਂ ਦੀ ਸਫਾਈ ਕੀਤੀ ਗਈ ਤੇ ਕਾਲਜ ਕੈਂਪਸ ਵਿੱਚ 'ਹਰਾ ਕੈਂਪਸ, ਸਿਹਤਮੰਦ ਭਵਿੱਖ' ਪ੍ਰੋਗਰਾਮ ਤਹਿਤ ਬੂਟੇ ਲਗਾਏ ਗਏ। ਇਸ ਦੌਰਾਨ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਐੱਨ ਐੱਸ ਐੱਸ ਵਿਭਾਗ ਦੇ ਕੋਆਰਡੀਨੇਟਰ ਡਾ. ਅਨਹਦ ਸਿੰਘ ਗਿੱਲ ਤੇ 'ਰਾਊਂਡ ਗਲਾਸ ਫਾਊਂਡੇਸ਼ਨ' ਤੇ 'ਰਿਆਸਤ ਕੇਅਰ ਫਾਊਂਡੇਸ਼ਨ' ਦੇ ਨੁਮਾਇੰਦੇ ਸ੍ਰੀ ਭਰਪੂਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਪ੍ਰਿੰਸੀਪਲ ਡਾ. ਚੀਮਾ ਨੇ ਸਾਂਝੇ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਵਾਤਾਵਰਣ ਪੱਖੋਂ ਵਧੀਆ ਕੈਂਪਸ ਬਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੌਦਿਆਂ ਦੀ ਨਿਰੰਤਰ ਦੇਖਭਾਲ ਤੇ ਸੁਰੱਖਿਆ ਲਈ ਕੰਮ ਕਰਨ ਵਾਸਤੇ ਪ੍ਰੇਰਿਤ ਕੀਤਾ।

## ਸ਼ਹੀਦ ਸਭ ਦੇ ਸਾਂਝੇ ਤੇ ਕੌਮ ਦਾ ਸਰਮਾਇਆ : ਨਾਇਬ ਸਿੰਘ ਸੈਣੀ



**ਸਨੌਰ/ਪਟਿਆਲਾ (ਰਜਿੰਦਰ ਸਿੰਘ ਥਿੰਦ)**-ਪਿੰਡ ਹਡਾਣਾ ਵਿਖੇ ਕਾਰਗਿਲ ਦੇ ਅਮਰ ਸ਼ਹੀਦ ਨਾਇਕ ਮਲਕੀਤ ਸਿੰਘ ਹਡਾਣਾ ਦੀ 26ਵੀਂ ਬਰਸੀ ਮਨਾਈ ਗਈ, ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸ਼ਿਰਕਤ ਕੀਤੀ।ਉਨ੍ਹਾਂ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਤੇ ਕਿਹਾ ਕਿ ਸ਼ਹੀਦ ਦੇ ਪਰਵਾਰ ਨਾਲ ਹਮੇਸ਼ਾ ਹਰਿਆਣਾ ਸਰਕਾਰ ਮੋਢੇ ਨਾਲ ਮੋਢਾ ਜੋੜ ਕੇ ਖੜੀ ਰਹੇਗੀ।ਹਰਿਆਣਾ ਸਰਕਾਰ ਵੱਲੋਂ ਸ਼ਹੀਦ ਨਾਇਕ ਮਲਕੀਤ ਸਿੰਘ ਹਡਾਣਾ ਦੇ ਪਰਵਾਰ ਨੂੰ 11 ਲੱਖ ਰੁਪਏ ਦੀ ਮਦਦ ਕਰਨ ਦਾ ਭਰੋਸਾ ਦਿੱਤਾ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ਼ਹੀਦ ਸਭ ਦੇ ਸਾਂਝੇ ਤੇ ਕੌਮ ਦਾ ਸਰਮਾਇਆ ਹੁੰਦੇ ਹਨ, ਉਨ੍ਹਾਂ ਦੀ ਬਰਸੀ ਨੂੰ ਸਾਰਿਆਂ ਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਮਨਾਈ ਜਾਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਸ਼ਹੀਦ ਨਾਇਕ ਮਲਕੀਤ ਸਿੰਘ ਹਡਾਣਾ ਨੇ ਦੇਸ਼ ਦੀ ਖਾਤਰ, ਜੋ ਕਾਰਗਿਲ ਦੇ ਯੁੱਧ ਵਿੱਚ ਮਹਾਨ ਕੁਰਬਾਨੀ ਦਿੱਤੀ, ਉਸ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਸਮਾਗਮ ਦੀ ਪ੍ਰਧਾਨਗੀ ਅਮਰਜੀਤ ਸਿੰਘ ਜਾਗਦੇ ਰਹੋ, ਲਖਮੀਰ ਸਿੰਘ ਸਲੇਟ ਤੇ ਸ਼ਹੀਦ ਦੇ ਭਰਾ ਗੁਰਮੀਤ ਸਿੰਘ ਨੇ ਕੀਤੀ।ਇਸ ਦੇ ਵੱਖ-ਵੱਖ ਰਾਜਾਂ ਤੋਂ ਨੁਨਗਰ ਲਵਣਕਰ, ਸਮਾਜ ਦੇ ਲੋਕ ਵੀ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪਹੁੰਚੇ।ਇਸ ਮੌਕੇ ਸ਼ਹੀਦ ਮਲਕੀਤ ਸਿੰਘ ਦੇ ਭਰਾ ਗੁਰਮੀਤ ਸਿੰਘ, ਸ਼ਹੀਦ ਦੀ ਪਤਨੀ ਕਰਮਜੀਤ ਕੌਰ ਤੇ ਸਪੁੱਤਰ ਮਨਿੰਦਰ ਸਿੰਘ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਗੁਰਮੀਤ ਸਿੰਘ ਹਡਾਣਾ, ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ, ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਚੇਅਰਮੈਨ ਇੰਦਰਜੀਤ ਸਿੰਘ ਸੰਧੂ, ਹਰਿੰਦਰਪਾਲ ਸਿੰਘ ਚੰਦੂਮਾਜਰਾ, ਹਰਿੰਦਰਪਾਲ ਸਿੰਘ ਟੌਹੜਾ, ਰਜਿੰਦਰ ਸਿੰਘ ਵਿਰਕ ਹਲਕਾ ਸਨੌਰ ਅਕਾਲੀ ਦਲ, ਵਿਸ਼ਨ ਸਿੰਘ ਸਨੌਰ, ਜਸਪਾਲ ਸਿੰਘ ਗਗਰੌਲੀ ਜ਼ਿਲ੍ਹਾ ਪ੍ਰਧਾਨ ਭਾਜਪਾ, ਕ੍ਰਿਸ਼ਨ ਕੁਮਾਰ ਭਾਰਤੀ ਦਿੱਲੀ, ਮੋਖਣ ਸਿੰਘ ਲੁਬਾਣਾ, ਫੌਜਇੰਦਰ ਸਿੰਘ ਮੁਖਮੈਲਪੁਰ, ਰਾਕੇਸ਼ ਬੱਤਾ, ਦਿਨੇਸ਼ ਕੁਮਾਰ ਅੰਬਾਲਾ ਆਦਿ ਹਾਜ਼ਰ ਸਨ।

## ਗੁਰਸ਼ਰਨ ਸਿੰਘ ਇਨਕਲਾਬੀ ਰੰਗ ਮੰਚ ਦਿਹਾੜਾ 27 ਨੂੰ

**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਅੰਦਰ ਲੋਕਾਂ ਨਾਲ ਜੁੜੀ ਇਨਕਲਾਬੀ ਰੰਗਮੰਚ ਲਹਿਰ ਦੇ ਬਾਨੀ ਸਿਰਜਕ, ਗੁਰਸ਼ਰਨ ਭਾਅ ਜੀ ਦੇ ਜਿਸਮਾਨੀ ਤੌਰ 'ਤੇ ਸਦੀਵੀ ਵਿਛੋੜੇ ਵਾਲੇ ਦਿਨ 27 ਸਤੰਬਰ ਨੂੰ ਹਰ ਸਾਲ ਮਨਾਇਆ ਜਾਂਦਾ ਇਨਕਲਾਬੀ ਰੰਗ ਮੰਚ ਦਿਹਾੜਾ ਇਸ ਵਾਰ ਗੁਰਸ਼ਰਨ ਕਲਾ ਭਵਨ ਮੰਡੀ ਮੁੱਲਾਂਪੁਰ ਵਿਖੇ ਮਨਾਇਆ ਜਾਵੇਗਾ।ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਦੇ ਪ੍ਰਧਾਨ ਅਮੋਲਕ ਸਿੰਘ, ਜਨਰਲ ਸਕੱਤਰ ਕੰਵਲਜੀਤ ਖੰਨਾ ਮੰਚ ਦੇ ਸਹਾਇਕ ਸਕੱਤਰ ਹਰਕੇਸ਼ ਚੌਧਰੀ ਤੇ ਵਿੱਤ ਸਕੱਤਰ ਕਸਤੂਰੀ ਲਾਲ ਨੇ ਸੂਬਾ ਕਮੇਟੀ ਨਾਲ ਵਿਚਾਰ-ਵਟਾਂਦਰੇ ਉਪਰੰਤ ਪ੍ਰੈੱਸ ਨੂੰ ਦੱਸਿਆ ਕਿ 27 ਸਤੰਬਰ ਸ਼ਾਮ ਠੀਕ 5 ਵਜੇ ਗੁਰਸ਼ਰਨ ਕਲਾ ਭਵਨ ਵਿਖੇ ਗੁਰਸ਼ਰਨ ਭਾਅ ਜੀ ਦੇ ਇਨਕਲਾਬੀ ਰੰਗਮੰਚ ਦਾ ਪਰਚਮ ਬੁਲੰਦ ਕਰਨ ਵਾਲੇ ਰੰਗਕਰਮੀ ਕਲਾਕਾਰ, ਵਿਦਵਾਨ ਤੇ ਲੋਕ-ਪੱਖੀ ਸੰਸਥਾਵਾਂ ਦੇ ਪ੍ਰਤੀਨਿਧ ਸਿਰ ਜੋੜ ਕੇ ਬੈਠਣਗੇ।ਇਸ ਸਮਾਗਮ 'ਚ ਰੰਗਮੰਚ ਦਾ ਲੋਕਾਂ ਨਾਲ ਮੱਛੀ ਤੇ ਪਾਣੀ ਦਾ ਰਿਸ਼ਤਾ ਹੋਰ ਗਹਿਰਾ ਕਰਨ ਲਈ ਗੰਭੀਰ ਵਿਚਾਰਾਂ ਚਰਚਾਵਾਂ ਹੋਣਗੀਆਂ।ਗੀਤ-ਸੰਗੀਤ ਤੇ ਨਾਟਕਾਂ ਦੀ ਪੇਸ਼ਕਾਰੀ ਸਮੇਂ ਦੀਆਂ ਤਿੱਖੀਆਂ ਚੁਣੌਤੀਆਂ ਨੂੰ ਮੁਖ਼ਾਤਿਬ ਹੁੰਦਿਆਂ ਨਵੇਂ ਮਾਰਗਾਂ ਦੀ ਰੋਸ਼ਨੀ ਬਿਖੇਰੇਗੀ।ਪਲਸ ਮੰਚ ਵੱਲੋਂ ਇਹ ਫੈਸਲਾ ਵੀ ਕੀਤਾ ਗਿਆ ਕਿ ਗੁਰਸ਼ਰਨ ਭਾਅ ਜੀ ਦੇ ਜਨਮ ਸਥਾਨ ਗੁਰੂ ਖਾਲਸਾ ਨਿਵਾਸ ਅੰਮ੍ਰਿਤਸਰ ਦੀ ਰੰਗ ਮੰਚੀ ਤੇ ਪੁਸਤਕਾਲਾ ਯਾਦਗਾਰ ਵਿਖੇ 16 ਸਤੰਬਰ 2 ਵਜੇ ਹੋ ਰਹੇ ਸਮਾਗਮ ਤੋਂ ਲੈ ਕੇ ਉਨ੍ਹਾਂ ਦੇ ਵਿਛੋੜੇ ਵਾਲੇ ਦਿਨ 27 ਸਤੰਬਰ ਸ਼ਾਮ 5 ਵਜੇ ਗੁਰਸ਼ਰਨ ਕਲਾ ਭਵਨ ਮੰਡੀ ਮੁੱਲਾਂਪੁਰ ਵਿਖੇ ਹੋਣ ਵਾਲੇ ਸਮਾਗਮ ਤੱਕ ਚੱਲੇਗੀ ਇਨਕਲਾਬੀ ਰੰਗ ਮੰਚ ਮੁਹਿੰਮ।ਮੁਹਿੰਮ ਵਿੱਚ ਸਾਹਿਤਕ/ਸੱਭਿਆਚਾਰਕ, ਤਰਕਸ਼ੀਲ, ਜਮਹੂਰੀ ਤੇ ਲੋਕ ਪੱਖੀ ਸੰਸਥਾਵਾਂ ਨੂੰ ਆਪਣੀਆਂ ਸਰਗਰਮੀਆਂ ਦਾ ਰੰਗ ਮੰਚ ਨੂੰ ਹਿੱਸਾ ਬਣਾਉਣ, ਅੰਮ੍ਰਿਤਸਰ ਤੇ ਮੁੱਲਾਂਪੁਰ ਸਮਾਗਮਾਂ ਨੂੰ ਸਫ਼ਲ ਕਰਨ ਲਈ ਸਹਿਯੋਗੀ ਮੋਢਾ ਲਾਉਣ ਦੀ ਜ਼ੋਰਦਾਰ ਅਪੀਲ ਕੀਤੀ ਗਈ।

## ਸੁਖਪ੍ਰੀਤ ਬਰਾੜ ਸੋਈ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ



**ਕੋਟਕਪੂਰਾ (ਰਛਪਾਲ ਭੁੱਲਰ)**-ਸ੍ਰੀ ਸਜਨ ਦੁੱਗਲ ਪ੍ਰਧਾਨ ਸੋਈ ਜ਼ਿਲ੍ਹਾ ਫਰੀਦਕੋਟ ਤੇ ਸ਼ੋਬਿਤ ਅਰੋੜਾ ਪ੍ਰਧਾਨ ਸੋਈ ਹਲਕਾ ਕੋਟਕਪੂਰਾ ਵੱਲੋਂ ਮਨਤਾਰ ਸਿੰਘ ਬਰਾੜ ਸਾਬਕਾ ਵਿਧਾਇਕ ਤੇ ਹਲਕਾ ਇੰਚਾਰਜ ਕੋਟਕਪੂਰਾ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਸੁਖਪ੍ਰੀਤ ਸਿੰਘ ਬਰਾੜ ਨੂੰ ਹਲਕਾ ਕੋਟਕਪੂਰਾ ਦੀ ਸੋਈ ਜਥੇਬੰਦੀ ਵਿੱਚ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਅਨੁਪ੍ਰਤਾਪ ਸਿੰਘ ਬਰਾੜ ਮੈਂਬਰ ਕੋਰ ਕਮੇਟੀ ਯੂਥ ਅਕਾਲੀ ਦਲ, ਜਸ਼ਨ ਔਲਖ ਪ੍ਰਧਾਨ ਸੋਈ ਮਾਲਵਾ ਜ਼ੋਨ-1, ਹਰਪ੍ਰੀਤ ਸਿੰਘ ਖਾਰਾ, ਸੁਰਿੰਦਰ ਸਿੰਘ ਵੜਿੰਗ, ਰੋਬੀ ਢਿੱਲੋਂ ਤੇ ਜਤਿਨ ਗੱਧਾ ਮੌਜੂਦ ਸਨ।

## ਬਲਜਿੰਦਰ ਸਿੰਘ ਨਾਲ ਅਕਾਲੀ ਦਲ ਦਾ ਲੰਮੇ ਸਮੇਂ ਤੋਂ ਕੋਈ ਸੰਬੰਧੀ ਨਹੀਂ : ਆਗੂ



**ਜਗਰਾਉਂ (ਨਛੱਤਰ ਸੰਧੂ)**-ਪਿੰਡ ਬਾਘੀਆਂ ਵਿਖੇ ਆਮ ਆਦਮੀ ਪਾਰਟੀ ਵੱਲੋਂ ਕਰਵਾਏ ਗਏ ਸਾਂਝੇ ਇਕੱਠ ਤੋਂ ਬਾਅਦ ਸੋਸ਼ਲ ਮੀਡੀਆ ਵਿੱਚ ਪ੍ਰਕਾਸ਼ਿਤ ਉਸ ਖ਼ਬਰ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨੇ ਪੂਰੀ ਤਰ੍ਹਾਂ ਬੇਬੁਨਿਆਦ ਕਰਾਰ ਦਿੱਤਾ ਹੈ, ਜਿਸ ਵਿੱਚ ਪੰਚਾਇਤ ਮੈਂਬਰ ਬਲਜਿੰਦਰ ਸਿੰਘ ਨੂੰ ਅਕਾਲੀ ਦਲ ਛੱਡ ਕੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਦਾਅਵਾ ਕੀਤਾ ਗਿਆ ਸੀ।ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਤਜਿੰਦਰਪਾਲ ਸਿੰਘ ਕੰਨੀਆਂ, ਸਰਕਲ ਪ੍ਰਧਾਨ ਗਿੱਦੜਵਿੰਡੀ ਕਲਦੀਪ ਸਿੰਘ ਤੇ ਪ੍ਰਧਾਨ ਸਤਿੰਦਰ ਸਿੰਘ ਪਰਜੀਆਂ ਬਿਹਾਰੀਪੁਰ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਇਹ ਖ਼ਬਰ ਸਿਆਸੀ ਤੌਰ 'ਤੇ ਗੁੰਮਰਾਹਕੁਨ ਹੈ ਤੇ ਇਸ ਦਾ ਸ਼੍ਰੋਮਣੀ ਅਕਾਲੀ ਦਲ ਨਾਲ ਕੋਈ ਸਬੰਧ ਨਹੀਂ।ਉਨ੍ਹਾਂ ਕਿਹਾ ਕਿ ਬਲਜਿੰਦਰ ਸਿੰਘ ਨਾਲ ਸ਼੍ਰੋਮਣੀ ਅਕਾਲੀ ਦਲ ਦਾ ਲੰਮੇ ਸਮੇਂ ਤੋਂ ਕੋਈ ਰਾਹ-ਵਾਸਤਾ ਨਹੀਂ ਹੈ।2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਹੀ ਉਹ ਵੱਖ-ਵੱਖ ਸਿਆਸੀ ਪਾਰਟੀਆਂ ਵਿੱਚ ਉਠਕ-ਬੈਠਕ ਕਰਦਾ ਆ ਰਿਹਾ ਹੈ।ਅਕਾਲੀ ਆਗੂਆਂ ਨੇ ਕਿਹਾ ਕਿ ਜਿਸ ਵਿਅਕਤੀ ਨਾਲ ਪਾਰਟੀ ਦਾ ਲੰਮੇ ਸਮੇਂ ਤੋਂ ਕੋਈ ਸੰਬੰਧ ਹੀ ਨਹੀਂ, ਉਸ ਨੂੰ 'ਅਕਾਲੀ ਦਲ ਛੱਡ ਕੇ 'ਆਪ' ਵਿੱਚ ਸ਼ਾਮਲ ਹੋਇਆ' ਦੱਸ ਕੇ ਸਿਆਸੀ ਤੌਰ 'ਤੇ ਵੱਡੀ ਉਪਲਬਧੀ ਵਜੋਂ ਪੇਸ਼ ਕਰਨਾ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਦੇ ਬਰਾਬਰ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਕੋਈ ਵੀ ਸਰਗਰਮ ਵਰਕਰ ਜਾਂ ਅਹੁਦੇਦਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਨਹੀਂ ਹੋਇਆ।ਪਾਰਟੀ ਦੇ ਵਰਕਰ ਅਪਣੀ ਮਾਂ ਪਾਰਟੀ ਸ਼੍ਰੋਮਣੀ ਅਕਾਲੀ ਦਲ ਨਾਲ ਚੱਟਾਨ ਵਾਂਗ ਖੜ੍ਹੇ ਹਨ ਤੇ ਪਾਰਟੀ ਦੀ ਲੀਡਰਸ਼ਿਪ ਅਤੇ ਹਲਕੇ ਦੇ ਸਾਥੀਆਂ ਨਾਲ ਪੂਰੀ ਮਜ਼ਬੂਤੀ ਨਾਲ ਡਟੇ ਹੋਏ ਹਨ।

## ਭਲਕ ਦੀ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਮੁਕੰਮਲ : ਪੱਤੋ



**ਬੱਧਨੀ ਕਲਾਂ (ਨਛੱਤਰ ਸੰਧੂ)**-ਸ਼੍ਰੋਮਣੀ ਅਕਾਲੀ ਦਲ ਹਲਕਾ ਨਿਹਾਲ ਸਿੰਘ ਵਾਲਾ ਵੱਲੋਂ 16 ਸਤੰਬਰ ਨੂੰ ਹਲਕੇ ਵਿੱਚ ਕਰਵਾਈ ਜਾ ਰਹੀ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਇਸ ਰੈਲੀ ਵਿੱਚ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਸ਼ਮੂਲੀਅਤ ਕਰਨ ਨੂੰ ਲੈ ਕੇ ਅਕਾਲੀ ਆਗੂਆਂ ਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਇਸ ਸਬੰਧੀ ਤਿਆਰੀਆਂ ਹਲਕਾ ਅਬਜ਼ਰਵਰ ਬੀਬੀ ਕੰਵਲ ਕੌਰ ਤੇ ਹਲਕਾ ਇੰਚਾਰਜ ਸ. ਰਾਜਵਿੰਦਰ ਸਿੰਘ ਦੀ ਅਗਵਾਈ ਹੇਠ ਮੁਕੰਮਲ ਕੀਤੀਆਂ ਗਈਆਂ ਹਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ੋਨ-1 ਦੇ ਪ੍ਰਧਾਨ ਪੂਰਨ ਸਿੰਘ ਪੱਤੋ ਨੇ ਕਿਹਾ ਕਿ 16 ਸਤੰਬਰ ਦੀ ਵਿਸ਼ਾਲ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਹਰ ਆਗੂ ਤੇ ਵਰਕਰ ਨੂੰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਰੈਲੀ ਨੂੰ ਲੈ ਕੇ ਪਾਰਟੀ ਵਰਕਰਾਂ ਵਿੱਚ ਭਾਰੀ ਜੋਸ਼ ਹੈ ਤੇ ਹਲਕੇ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਲੋਕ ਰੈਲੀ ਵਿੱਚ ਪਹੁੰਚਣਗੇ।ਉਨ੍ਹਾਂ ਸਮੂਹ ਅਕਾਲੀ ਆਗੂਆਂ, ਵਰਕਰਾਂ ਤੇ ਸਮਰਥਕਾਂ ਨੂੰ ਅਪੀਲ ਕੀਤੀ ਕਿ ਉਹ 16 ਸਤੰਬਰ ਨੂੰ ਹੋਣ ਵਾਲੀ ਵਿਸ਼ਾਲ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਇਸ ਨੂੰ ਕਾਮਯਾਬ ਬਣਾਉਣ।

## ਸੜਕ ਹਾਦਸੇ 'ਚ ਦੋ ਨੌਜਵਾਨਾਂ ਦੀ ਮੌਤ

**ਮਲੋਟ (ਰਜਿੰਦਰ ਸੁਨੇਜਾ)**-ਮਲੋਟ ਤੋਂ ਗਿੱਦੜਬਾਹਾ ਵਿਖੇ ਸਮਾਗਮ ਵਿੱਚ ਕੰਮ ਕਰਨ ਜਾ ਰਹੇ ਦੋ ਨੌਜਵਾਨਾਂ ਦੀ ਦਰਦਨਾਕ ਸੜਕ ਹਾਦਸੇ ਵਿੱਚ ਮੌਤ ਹੋ ਗਈ।ਮ੍ਰਿਤਕਾਂ ਦੀ ਪਛਾਣ 22 ਸਾਲਾ ਰਮਨਦੀਪ ਵਾਸੀ ਬਰਾੜਾਂ ਵਾਲੀ ਗਲੀ, ਮਲੋਟ ਤੇ ਰਾਜ ਕੁਮਾਰ ਵਾਸੀ ਏਕਤਾ ਨਗਰ, ਗਲੀ ਨੰਬਰ 2, ਮਲੋਟ ਵਜੋਂ ਹੋਈ ਹੈ।ਦੋਵੇਂ ਪੇਸ਼ੇ ਵਜੋਂ ਹਲਵਾਈ ਦਾ ਕੰਮ ਕਰਦੇ ਸਨ। ਸ਼ਨੀਵਾਰ ਰਾਤ ਦੋਵੇਂ ਨੌਜਵਾਨ ਮੋਟਰਸਾਈਕਲ 'ਤੇ ਸਵਾਰ ਹੋ ਕੇ ਗਿੱਦੜਬਾਹਾ ਵਿਖੇ ਇੱਕ ਖ਼ੁਸ਼ੀ ਦੇ ਸਮਾਗਮ ਵਿੱਚ ਕੰਮ ਕਰਨ ਜਾ ਰਹੇ ਸਨ ਤਾਂ ਪਿੱਛੇ ਆ ਰਹੀ ਇੱਕ ਬੇਕਾਬੂ ਕਾਰ ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ।ਟੱਕਰ ਇੰਨੀ ਭਿਆਨਕ ਸੀ ਕਿ ਦੋਵੇਂ ਗੰਭੀਰ ਜ਼ਖ਼ਮੀ ਹੋ ਗਏ।ਰਾਹਗੀਰਾਂ ਵੱਲੋਂ ਉਨ੍ਹਾਂ ਨੂੰ ਤੁਰੰਤ ਸਿਵਲ ਹਸਪਤਾਲ ਗਿੱਦੜਬਾਹਾ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਦੋਵਾਂ ਨੂੰ ਮ੍ਰਿਤਕ ਐਲਾਨ ਦਿੱਤਾ।

## ਚੇਅਰਮੈਨ ਬਣਵਾਲਾ ਨੇ ਸੰਭਾਲਿਆ ਮਾਰਕੀਟ ਕਮੇਟੀ ਕਿੱਲਿਆਂਵਾਲੀ ਦਾ ਚਾਰਜ



**ਸ੍ਰੀ ਮੁਕਤਸਰ ਸਾਹਿਬ/ਲੰਬੀ (ਸ਼ਮਿੰਦਰ ਪਾਲ/ਪ੍ਰਜਾ)**-ਮਾਰਕੀਟ ਕਮੇਟੀ ਕਿੱਲਿਆਂਵਾਲੀ ਦੇ ਨਵ-ਨਿਯੁਕਤ ਚੇਅਰਮੈਨ ਸ. ਗੁਰਬਾਜ ਸਿੰਘ ਬਣਵਾਲਾ ਨੇ ਮਾਰਕੀਟ ਕਮੇਟੀ ਕਿੱਲਿਆਂਵਾਲੀ ਦੇ ਚੇਅਰਮੈਨ ਵਜੋਂ ਆਪਣਾ ਚਾਰਜ ਸੰਭਾਲ ਲਿਆ ਹੈ।ਇਸ ਮੌਕੇ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਤੇ ਚੇਅਰਮੈਨ ਰਣਧੀਰ ਸਿੰਘ ਧੀਰਾ ਖੁੱਡੀਆਂ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਇਸ ਮੌਕੇ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਸ. ਗੁਰਬਾਜ ਸਿੰਘ ਬਣਵਾਲਾ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਵਧਾਈ ਦਿੰਦਿਆਂ ਕਿਹਾ ਕਿ ਮਾਰਕੀਟ ਕਮੇਟੀ ਕਿਸਾਨਾਂ, ਆੜ੍ਹਤੀਆਂ ਤੇ ਮੰਡੀ ਨਾਲ ਜੁੜੇ ਸਮੂਹ ਵਰਗਾਂ ਦੀਆਂ ਲੋੜਾਂ ਨੂੰ ਪੂਰਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਨਵ-ਨਿਯੁਕਤ ਚੇਅਰਮੈਨ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਮਿਹਨਤ ਤੇ ਤਨਦੇਹੀ ਨਾਲ ਨਿਭਾਉਂਦੇ ਹੋਏ ਮੰਡੀ ਦੇ ਵਿਕਾਸ ਤੇ ਕਿਸਾਨਾਂ ਦੀ ਭਲਾਈ ਲਈ ਕੰਮ ਕਰਨਗੇ।ਚੇਅਰਮੈਨ ਸ. ਗੁਰਬਾਜ ਸਿੰਘ ਬਣਵਾਲਾ ਨੇ ਪੰਜਾਬ ਸਰਕਾਰ ਤੇ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਨਿਸ਼ਠਾ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਮਾਰਕੀਟ ਕਮੇਟੀ ਨਾਲ ਸਬੰਧਤ ਕਿਸਾਨਾਂ, ਆੜ੍ਹਤੀਆਂ, ਵਪਾਰੀਆਂ ਤੇ ਹੋਰ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਰਹੇਗੀ।ਮੰਡੀ ਵਿੱਚ ਲੋੜੀਂਦੀਆਂ ਸਹੂਲਤਾਂ ਤੇ ਵਿਕਾਸ ਕਾਰਜਾਂ ਨੂੰ ਹੋਰ ਬਿਹਤਰ ਬਣਾਉਣ ਲਈ ਵੀ ਯਤਨ ਕੀਤੇ ਜਾਣਗੇ।ਸਮਾਗਮ ਦੌਰਾਨ ਚੇਅਰਮੈਨ ਰਣਧੀਰ ਸਿੰਘ ਧੀਰਾ ਖੁੱਡੀਆਂ ਨੇ ਸ. ਗੁਰਬਾਜ ਸਿੰਘ ਬਣਵਾਲਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੁਰਬਾਜ ਸਿੰਘ ਬਣਵਾਲਾ ਹਮੇਸ਼ਾ ਹੀ ਪਾਰਟੀ ਨਾਲ ਚੰਗੇ ਮਾੜੇ ਦਿਨਾਂ ਵਿੱਚ ਖੜੇ ਰਹੇ ਹਨ ਤੇ ਹਮੇਸ਼ਾ ਹੀ ਲੋਕਾਂ ਦੀ ਸੇਵਾ ਲਈ ਹਾਜ਼ਰ ਰਹਿੰਦੇ ਹਨ।ਇਸ ਮੌਕੇ ਚੇਅਰਮੈਨ ਪੰਜਾਬ ਕੋਆਪ੍ਰੇਟਿਵ ਬੈਂਕ ਜਗਦੇਵ ਸਿੰਘ ਬਾਮ, ਸੁਖਜਿੰਦਰ ਸਿੰਘ ਕਾਉਣੀ ਚੇਅਰਮੈਨ ਪਲੈਨਿੰਗ ਬੋਰਡ ਸ੍ਰੀ ਮੁਕਤਸਰ ਸਾਹਿਬ, ਬਿਕਰਮਜੀਤ ਸਿੰਘ ਬਰਾੜ, ਚੇਅਰਮੈਨ ਮਹਿਲਾ ਕਮਿਸ਼ਨ ਗੁਰਿੰਦਰ ਕੌਰ, ਹਲਕਾ ਇੰਚਾਰਜ ਬਠਿੰਡਾ ਦਿਹਾਤੀ ਗੁਰਪਾਲ ਸਿੰਘ ਕੋਟਭਾਈ, ਚੇਅਰਮੈਨ ਪੀਏਡੀਬੀ ਪਰਮਜੀਤ ਸਿੰਘ ਕੋਟਭਾਈ, ਹਲਕਾ ਇੰਚਾਰਜ ਕੁਲਦੀਪ ਗਦਰਾਣਾ, ਚੇਅਰਮੈਨ ਰਛਪਾਲ ਪ੍ਰਧਾਨ ਨਿਰਮਲ ਸਿੰਘ ਖੁੱਡੀਆਂ ਤੇ ਹੋਰ ਪਤਵੰਤੇ ਹਾਜ਼ਰ ਸਨ।

## ਮੈਡੀਕਲ ਪ੍ਰੈਕਟੀਸ਼ਨਰਜ਼ ਦਾ ਸੂਬਾਈ ਵਫ਼ਦ ਡਾਇਰੈਕਟਰ ਨੂੰ ਮਿਲਿਆ

### ਟ੍ਰੇਨਿੰਗ ਜਲਦ ਸ਼ੁਰੂ ਕਰਵਾਉਣ ਦੀ ਮੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ ਨੇ ਦੱਸਿਆ ਕਿ ਉਨ੍ਹਾਂ ਦੀ ਅਗਵਾਈ ਹੇਠ ਐਸੋਸੀਏਸ਼ਨ ਦਾ ਇੱਕ ਵਫ਼ਦ ਮਾਣਯੋਗ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਡਾ. ਹਤਿੰਦਰ ਕੌਰ ਤੇ ਡਿਪਟੀ ਡਾਇਰੈਕਟਰ ਡਾ. ਗਗਨਦੀਪ ਸਿੰਘ ਗਰੋਵਰ ਨੂੰ ਚੰਡੀਗੜ੍ਹ ਸਥਿਤ ਪਰਿਵਾਰ ਕਲਿਆਣ ਭਵਨ ਚੰਡੀਗੜ੍ਹ ਵਿਖੇ ਮਿਲਿਆ।ਵਫ਼ਦ 'ਚ ਸੂਬਾ ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਸੀਨੀਅਰ ਮੀਤ ਪ੍ਰਧਾਨ ਡਾ. ਅਵਤਾਰ ਸਿੰਘ ਬਟਾਲਾ ਤੇ ਸੂਬਾ ਕਮੇਟੀ ਮੈਂਬਰ ਟਹਿਲ ਸਿੰਘ ਮੁਹਾਲੀ ਤੇ ਜ਼ਿਲ੍ਹਾ ਮੋਹਾਲੀ ਕੈਸ਼ੀਅਰ ਡਾ. ਸੁਖਬੀਰ ਸਿੰਘ ਆਦਿ ਸ਼ਾਮਲ ਸਨ। ਆਗੂਆਂ ਨੇ ਮੰਗ ਕੀਤੀ ਕਿ ਟ੍ਰੇਨਿੰਗ ਜਲਦੀ ਸ਼ੁਰੂ ਕਰਵਾ ਕੇ ਸਾਫ਼ ਸੁਥਰੀਆਂ ਤੇ ਮੁਢੱਲੀਆਂ ਸਿਹਤ ਸੇਵਾਵਾਂ ਦੇ ਰਹੇ ਪ੍ਰੈਕਟੀਸ਼ਨਰਾਂ ਨੂੰ ਮਾਨਤਾ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਮਾਣਯੋਗ ਡਾਇਰੈਕਟਰ ਡਾ. ਹਤਿੰਦਰ ਕੌਰ ਨੇ ਟ੍ਰੇਨਿੰਗ ਜਲਦੀ ਸ਼ੁਰੂ ਕਰਵਾਉਣ ਦਾ ਭਰੋਸਾ ਦਿੰਦਿਆਂ ਦੱਸਿਆ ਕਿ ਸਿਵਲ ਸਰਜਨਾਂ ਤੇ ਸੀਨੀਅਰ ਮੈਡੀਕਲ ਅਫਸਰਾਂ ਕੋਲੋਂ ਸੂਚੀਆਂ ਪੂਰਨ ਰੂਪ 'ਚ ਅਜੇ ਤੱਕ ਮੁੱਖ ਦਫਤਰ ਵਿਖੇ ਨਹੀਂ ਪਹੁੰਚੀਆਂ, ਜਿਸ ਕਾਰਨ ਟ੍ਰੇਨਿੰਗ ਸ਼ੁਰੂ ਕਰਨ 'ਚ ਦੇਰੀ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਮੁੜ ਪੱਤਰ ਜਾਰੀ ਕਰਕੇ ਜਲਦੀ ਲਿਸਟਾਂ ਭੇਜਣ ਦੀ ਸਖ਼ਤ ਹਦਾਇਤ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਮੁਕੰਮਲ ਰੂਪ 'ਚ ਰਿਕਾਰਡ ਮਿਲਦਿਆਂ ਹੀ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਟ੍ਰੇਨਿੰਗ ਪ੍ਰੋਗਰਾਮ ਜਲਦੀ ਸ਼ੁਰੂ ਕੀਤਾ ਜਾਵੇਗਾ।ਇਸ ਸਮੇਂ ਡਿਪਟੀ ਡਾਇਰੈਕਟਰ ਡਾ. ਗਗਨਦੀਪ ਸਿੰਘ ਗਰੋਵਰ ਵੀ ਮੌਜੂਦ ਸਨ।ਜ਼ਿਲ੍ਹਾ ਮੁਹਾਲੀ ਦੇ ਅਮਨਦੀਪ ਸਿੰਘ, ਸੰਦੀਪ ਸਿੰਘ, ਆਸ ਮੁਹੰਮਦ ਆਦਿ ਵੀ ਵਫ਼ਦ 'ਚ ਸ਼ਾਮਲ ਸਨ।

## ਅਕਾਲੀ ਦਲ ਵੱਲੋਂ ਪੰਜਾਬ ਬਚਾਓ ਰੈਲੀ ਭਲਕੇ

**ਬੱਧਨੀ ਕਲਾਂ (ਲਵਲੀ ਕੁਮਾਰ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਨਿਹਾਲ ਸਿੰਘ ਵਾਲਾ ਦੀ 'ਪੰਜਾਬ ਬਚਾਓ ਰੈਲੀ' 16 ਸਤੰਬਰ ਨੂੰ ਬੱਧਨੀ ਕਲਾਂ ਦੀ ਦਾਣਾ ਮੰਡੀ ਵਿਖੇ ਕਰਵਾਈ ਜਾ ਰਹੀ ਹੈ।ਇਸ ਰੈਲੀ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸੰਬੋਧਨ ਕਰਨਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਤੇ ਯੂਥ ਆਗੂ ਚਰਨਜੀਤ ਸਿੰਘ ਧਾਲੀਵਾਲ ਤਲਵੰਡੀ ਭੰਗੇਰੀਆਂ ਨੇ ਦੱਸਿਆ ਕਿ ਰੈਲੀ ਦੀਆਂ ਤਿਆਰੀਆਂ ਮੁਕੰਮਲ ਕੀਤੀਆਂ ਜਾ ਰਹੀਆਂ ਹਨ ਅਤੇ ਪਾਰਟੀ ਵਰਕਰਾਂ ਤੇ ਹਲਕੇ ਦੇ ਲੋਕਾਂ ਵਿੱਚ ਇਸ ਨੂੰ ਲੈ ਕੇ ਉਤਸ਼ਾਹ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਮੋਹ ਪੂਰੀ ਤਰ੍ਹਾਂ ਭੰਗ ਹੋ ਚੁੱਕਾ ਹੈ ਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਕਾਰਾਂ ਵੱਲੋਂ ਪੰਜਾਬ ਦੇ ਵਿਕਾਸ ਲਈ ਕੀਤੇ ਕੰਮ ਅੱਜ ਵੀ ਲੋਕਾਂ ਦੇ ਚੇਤਿਆਂ ਵਿੱਚ ਵਸੇ ਹੋਏ ਹਨ।ਆਗੂਆਂ ਨੇ ਕਿਹਾ ਕਿ 'ਪੰਜਾਬ ਬਚਾਓ ਰੈਲੀਆਂ' ਵਿੱਚ ਲੋਕਾਂ ਦੀ ਵੱਡੀ ਸ਼ਮੂਲੀਅਤ ਇਸ ਗੱਲ ਦਾ ਸੰਕੇਤ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਮਜ਼ਬੂਤੀ ਨਾਲ ਉਭਰੇਗਾ।ਉਨ੍ਹਾਂ ਦਾਅਵਾ ਕੀਤਾ ਕਿ ਪਾਰਟੀ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਵੱਡੀ ਬਹੁਮਤ ਹਾਸਲ ਕਰਕੇ ਸਰਕਾਰ ਬਣਾਏਗੀ।ਉਨ੍ਹਾਂ ਹਲਕਾ ਨਿਹਾਲ ਸਿੰਘ ਵਾਲਾ ਦੇ ਲੋਕਾਂ ਤੇ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ 16 ਸਤੰਬਰ ਨੂੰ ਬੱਧਨੀ ਕਲਾਂ ਦੀ ਦਾਣਾ ਮੰਡੀ ਵਿਖੇ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ।

## ਮਿਹਨਤ ਤੇ ਲਗਨ ਨਾਲ ਮੰਜ਼ਿਲ ਸਰ ਕੀਤੀ ਜਾ ਸਕਦੀ : ਜਗਦੇਵ ਸ਼ਰਮਾ

### ਹੋਣਹਾਰ ਵਿਦਿਆਰਥੀਆਂ ਦਾ ਨਗਦ ਪੁਰਸਕਾਰਾਂ ਨਾਲ ਸਨਮਾਨ



**ਧੂਰੀ (ਮਨੋਹਰ ਸਿੰਘ ਸੱਗੂ)**-ਸਰਬਾਂਗੀ ਲੇਖਕ ਜਗਦੇਵ ਸ਼ਰਮਾ ਬੁਗਰਾ ਵੱਲੋਂ ਸਰਕਾਰੀ ਹਾਈ ਸਕੂਲ ਬੁਗਰਾ ਦੇ ਹੋਣਹਾਰ ਵਿਦਿਆਰਥੀਆਂ ਦਾ ਲਗਾਤਾਰ ਚੌਥੇ ਸਾਲ ਨਗਦ ਪੁਰਸਕਾਰ ਦੇ ਕੇ ਸਨਮਾਨ ਕੀਤਾ ਗਿਆ।ਇਸ ਮੌਕੇ ਪਿੰਡ ਦੇ ਦੋਵੇਂ ਸਕੂਲਾਂ ਦਾ ਸਮੁੱਚਾ ਸਟਾਫ਼ ਤੇ ਪਤਵੰਤੇ ਮੌਜੂਦ ਸਨ।ਸਨਮਾਨ ਸਮਾਰੋਹ ਦੌਰਾਨ ਜਗਦੇਵ ਸ਼ਰਮਾ ਨੇ ਵਿਦਿਆਰਥੀਆਂ ਨਾਲ ਆਪਣੇ ਸਕੂਲੀ ਜੀਵਨ ਦੇ ਤਜਰਬੇ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਜੀਵਨ ਵਿੱਚ ਸਫ਼ਲਤਾ ਹਾਸਲ ਕਰਨ ਲਈ ਸਰੋਤਾਂ ਨਾਲੋਂ ਮਿਹਨਤ, ਲਗਨ ਤੇ ਦ੍ਰਿੜ੍ਹ ਇਰਾਦਾ ਵਧੇਰੇ ਮਹੱਤਵਪੂਰਨ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਸੀਮਤ ਸਹੂਲਤਾਂ ਦੇ ਬਾਵਜੂਦ ਆਪਣੇ ਟੀਚੇ ਨਿਰਧਾਰਤ ਕਰਕੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵਿਦਿਆਰਥੀਆਂ ਨੇ ਗੀਤ ਤੇ ਕਵਿਤਾਵਾਂ ਪੇਸ਼ ਕਰਕੇ ਸਮਾਗਮ ਨੂੰ ਰੌਣਕ ਬਖ਼ਸ਼ੀ।ਜਗਦੇਵ ਸ਼ਰਮਾ ਨੇ ਆਪਣੀਆਂ ਲਿਖੀਆਂ ਪੁਸਤਕਾਂ ਵੀ ਸਕੂਲ ਨੂੰ ਭੇਟ ਕੀਤੀਆਂ।ਸਕੂਲ ਦੀ ਮੁਖੀ ਸੋਨੀਆ ਜੋਸ਼ੀ ਨੇ ਸਮਾਗਮ ਵਿੱਚ ਸ਼ਾਮਲ ਪਤਵੰਤਿਆਂ ਤੇ ਜਗਦੇਵ ਸ਼ਰਮਾ ਦਾ ਧੰਨਵਾਦ ਕੀਤਾ।ਮੰਚ ਸੰਚਾਲਨ ਗਗਨਦੀਪ ਸਿੰਘ ਬੁਗਰਾ ਨੇ ਕੀਤਾ।

## ਬਿਜਲੀ ਕੱਟਾਂ ਨੇ ਲੋਕਾਂ ਦਾ ਜੀਣਾ ਮੁਹਾਲ ਕੀਤਾ : ਮਲੂਕਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਸੂਬੇ 'ਚ ਬਿਜਲੀ 'ਤੇ ਲੱਗ ਰਹੇ ਲਗਾਤਾਰ ਤੇ ਲੰਬੇ ਕੱਟਾਂ ਦੇ ਮਾਮਲੇ 'ਚ ਸਰਕਾਰ ਨੂੰ ਲੰਬੇ ਹੱਥੀਂ ਲਿਆ। ਮਲੂਕਾ ਨੇ ਦੋਸ਼ ਲਾਏ ਕੇ ਸਰਕਾਰ ਲੋਕਾਂ ਨੂੰ ਘਰੇਲੂ ਖੇਤੀਬਾੜੀ ਤੇ ਉਦਯੋਗਾਂ ਲਈ ਲੋੜੀਂਦੀ ਬਿਜਲੀ ਦੇਣ 'ਚ ਫੇਲ੍ਹ ਸਾਬਿਤ ਹੋਈ ਹੈ। ਲਗਾਤਾਰ ਪੂਰੇ ਸੂਬੇ 'ਚ ਲੱਗ ਰਹੇ ਕੱਟਾਂ ਤੋਂ ਲੋਕਾਂ ਦਾ ਜੀਣਾ ਮੁਹਾਲ ਹੋ ਗਿਆ ਹੈ। ਅੱਜ ਕੱਲ੍ਹ ਦੀ ਜੀਵਨ ਜਾਚ ਦਾ ਪਾਵਰ ਸੈਕਟਰ ਸਭ ਤੋਂ ਅਹਿਮ ਹਿੱਸਾ ਹੈ, ਇਸ ਤੋਂ ਬਿਨਾਂ ਸਾਰੇ ਕਾਰੋਬਾਰ ਰੁਕ ਜਾਂਦੇ ਹਨ। ਕਿਸਾਨਾਂ ਨੂੰ ਇਸ ਸਮੇਂ ਸਭ ਤੋਂ ਜ਼ਿਆਦਾ ਬਿਜਲੀ ਦੀ ਲੋੜ ਸੀ, ਕਿਉਂਕਿ ਝੋਨੇ ਦੀ ਫ਼ਸਲ ਪੱਕਣ ਤੇ ਹੈ ਤੇ ਪਾਣੀ ਲਾਉਣ ਦੀ ਸਖਤ ਲੋੜ ਹੈ। ਇਸ ਤੋਂ ਇਲਾਵਾ ਸੂਬੇ ਦੇ ਵਪਾਰੀ ਵੀ ਲਗਾਤਾਰ ਜੈਨਰੇਟਰਾਂ ਸਹਾਰੇ ਉਦਯੋਗ ਚਲਾ ਰਹੇ ਹਨ। ਸਰਕਾਰ ਨੇ ਸੂਬੇ 'ਚ ਬਿਜਲੀ ਦੀ ਪੂਰਤੀ ਲਈ ਕਦੇ ਕੋਈ ਠੋਸ ਉਪਰਾਲੇ ਨਹੀਂ ਕੀਤੇ। ਪਿਛਲੀਆਂ ਸਰਕਾਰਾਂ 'ਚ ਬਿਜਲੀ ਸਪਲਾਈ ਬਾਰੇ ਬਿਜਲੀ ਮੰਤਰੀ ਪੀ ਐੱਸ ਪੀ ਐੱਲ ਤੇ ਮੁੱਖ ਮੰਤਰੀ ਇਸ ਸਬੰਧੀ ਮੀਟਿੰਗਾਂ ਕਰਦੇ ਰਹਿੰਦੇ ਸਨ। ਮੌਜੂਦਾ ਸਰਕਾਰ ਨੇ ਸਾਰਾ ਅਦਾਰਾ ਨੋਨ ਟੈਕਨੀਕਲ ਬੰਦਿਆਂ ਹਵਾਲੇ ਕਰ ਦਿੱਤਾ, ਜਿਨ੍ਹਾਂ ਨੂੰ ਬਿਜਲੀ ਦੀ ਜੇਨਰੇਸ਼ਨ ਸਪਲਾਈ ਜਾਂ ਟਰਾਂਸਮਿਸ਼ਨ ਬਾਰੇ ਕੋਈ ਜਾਣਕਾਰੀ ਨਹੀਂ ਹੈ। ਸੂਬੇ 'ਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਤੋਂ ਬਾਅਦ ਇੱਕ ਵੀ ਯੂਨਿਟ ਨਹੀਂ ਲੱਗਿਆ, ਸਰਕਾਰ ਨੂੰ ਤੁਰੰਤ ਇਸ ਮਾਮਲੇ ਵੱਲ ਧਿਆਨ ਦੇਣਾ ਚਾਹੀਦਾ ਹੈ।

## ਸੁਰਜੀਤ ਨਗਰ ਲਾਟਰੀ ਮਾਮਲੇ 'ਚ ਮੁਲਜ਼ਮਾਂ ਖਿਲਾਫ ਕੇਸ ਦਰਜ

**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ ਦੇ ਕਸਬਾ ਭਗਤਾ ਦੇ ਨਾਲ ਲਗਦੇ ਸੁਰਜੀਤ ਨਗਰ ਵਿਖੇ ਗੁਰਦੁਆਰਾ ਬਾਬਾ ਜੀਵਨ ਸਿੰਘ ਦੇ ਨਾਮ 'ਤੇ ਜਾਲ੍ਹੀ ਲਾਟਰੀ ਦੇ ਅਧਾਰ 'ਤੇ ਚਲਾਏ ਗਏ ਠੱਗੀ ਦੇ ਮਾਮਲੇ ਨੂੰ ਲੈ ਕੇ ਥਾਣਾ ਭਗਤਾ ਦੀ ਪੁਲਸ ਵੱਲੋਂ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣੇਦਾਰ ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਮਾਮਲੇ ਸੰਬੰਧੀ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ ਤੇ ਜਲਦ ਹੀ ਸੰਬੰਧਤ ਵਿਅਕਤੀਆਂ ਦੀ ਗ੍ਰਿਫ਼ਤਾਰੀ ਕਰ ਲਈ ਜਾਵੇਗੀ। ਦੱਸਣਾ ਬਣਦਾ ਹੈ ਕਿ ਉਕਤ ਮਾਸਟਰ ਸਿਆਸਤ ਵਿੱਚ ਵੀ ਦਿਲਚਸਪੀ ਰੱਖਦਾ ਹੈ ਤੇ ਅਕਾਲੀ ਦਲ ਨਾਲ ਜੁੜਿਆ ਹੋਇਆ ਹੈ। ਉਧਰ ਸਰਪੰਚ ਕੁਲਵਿੰਦਰ ਸਿੰਘ ਦਾ ਕਹਿਣਾ ਸੀ ਕਿ ਉਕਤ ਮਾਸਟਰ ਵੱਲੋਂ ਸਾਰੇ ਪਿੰਡ ਸਮੇਤ ਗੁਰੂਘਰ ਦੀ ਬਦਨਾਮੀ ਕੀਤੀ ਗਈ ਹੈ ਅਤੇ ਲੋਕ ਮੈਨੂੰ ਸਵਾਲ ਕਰ ਰਹੇ ਹਨ। ਉਨ੍ਹਾਂ ਪ੍ਰਸ਼ਾਸਨ ਪਾਸੋਂ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਦੀ ਮੰਗ ਕਰਦੇ ਹੋਏ ਉਕਤ ਲੋਕਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਦੀ ਮੰਗ ਕੀਤੀ ਗਈ ਹੈ। ਇਸ ਮਾਮਲੇ ਨੂੰ ਲੈ ਕੇ ਜਦੋਂ ਨਾਮਜਦ ਮਾਸਟਰ ਹੰਸਦੀਪ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਦਾ ਮੋਬਾਇਲ ਫੋਨ ਬੰਦ ਆ ਰਿਹਾ ਸੀ।

## ਗੁਰੂ ਹਰਿਗੋਬਿੰਦ ਖ਼ਾਲਸਾ ਕਾਲਜ 'ਚ ਤੀਆਂ ਦਾ ਮੇਲਾ ਬਣਿਆ ਪੰਜਾਬੀ ਵਿਰਾਸਤ ਦਾ ਰੰਗਮੰਚ



**ਰਾਏਕੋਟ (ਸੰਤੋਖ ਗਿੱਲ)**

ਗੁਰੂ ਹਰਿਗੋਬਿੰਦ ਖ਼ਾਲਸਾ ਕਾਲਜ ਗੁਰੂਸਰ ਸੁਧਾਰ ਵਿੱਚ ਪੰਜਾਬੀ ਸੱਭਿਆਚਾਰ, ਲੋਕ-ਪ੍ਰੰਪਰਾਵਾਂ ਤੇ ਵਿਰਾਸਤੀ ਰੰਗਾਂ ਨੂੰ ਸਮਰਪਤ 'ਮੇਲਾ ਤੀਆਂ ਦਾ' ਬੜੇ ਉਤਸ਼ਾਹ ਤੇ ਖ਼ੁਸ਼ੀ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥਣਾਂ ਨੇ ਰੰਗ-ਬਰੰਗੇ ਪੰਜਾਬੀ ਪਹਿਰਾਵੇ ਪਹਿਨ ਕੇ ਮੇਲੇ ਦੀ ਰੌਣਕ ਵਧਾਈ ਤੇ ਗਿੱਧੇ ਸਮੇਤ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਪੰਜਾਬ ਦੀ ਲੋਕ-ਵਿਰਾਸਤ ਦੀ ਖ਼ੂਬਸੂਰਤ ਝਲਕ ਪੇਸ਼ ਕੀਤੀ।ਮੇਲੇ ਦੌਰਾਨ ਪੰਜਾਬੀ ਵਿਰਾਸਤ ਨਾਲ ਸਬੰਧਤ ਪ੍ਰਦਰਸ਼ਨੀ ਵੀ ਲਗਾਈ ਗਈ ਅਤੇ ਵਿਦਿਆਰਥਣਾਂ ਲਈ ਰੰਗੋਲੀ, ਮਹਿੰਦੀ ਤੇ ਤੀਜ ਮੁਕਾਬਲੇ ਕਰਵਾਏ ਗਏ।ਰੰਗੋਲੀ ਮੁਕਾਬਲੇ ਵਿੱਚ ਮੀਨੂੰ ਤੇ ਨਿਸ਼ਾ ਕੁਮਾਰੀ ਨੇ ਪਹਿਲਾ, ਦਿਲਪ੍ਰੀਤ ਤੇ ਹਰਸ਼ਹਿਨ ਨੇ ਦੂਜਾ ਤੇ ਜਸਕਰਨ ਕੌਰ ਤੇ ਕਾਜਲ ਨੇ ਤੀਜਾ ਸਥਾਨ ਹਾਸਲ ਕੀਤਾ।

ਮਹਿੰਦੀ ਮੁਕਾਬਲੇ ਵਿੱਚ ਕੀਰਤੀ ਨੇ ਪਹਿਲਾ, ਖ਼ੁਸ਼ੀ ਨੇ ਦੂਜਾ ਤੇ ਜਸਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਤੀਜ ਮੁਕਾਬਲੇ ਵਿੱਚ 'ਤੀਆਂ ਦੀ ਰਾਣੀ' ਦਾ ਮੁੱਖ ਖ਼ਿਤਾਬ ਨਵੀਨ ਜੋਤ ਕੌਰ ਨੇ ਆਪਣੇ ਨਾਮ ਕੀਤਾ, ਜਦਕਿ ਕੋਮਲਪ੍ਰੀਤ ਕੌਰ ਨੇ ਪਹਿਲਾ ਤੇ ਅਮੋਲ ਦੀਪ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਵਿਦਿਆਰਥਣਾਂ ਨੂੰ 'ਮਾਨਮੱਤੀ ਪੰਜਾਬਣ', 'ਮਜਾਜਣ ਜੱਟੀ', 'ਸੋਹਣਾ ਪੰਜਾਬੀ ਪਹਿਰਾਵਾ', 'ਰਵਾਇਤੀ ਗਹਿਣੇ', 'ਸ਼ੌਂਕਣ ਮੇਲੇ ਦੀ' ਤੇ 'ਗਿੱਧਿਆਂ ਦੀ ਮੇਲਣ' ਸਮੇਤ ਕਈ ਦਿਲਚਸਪ ਸੱਭਿਆਚਾਰਕ ਖ਼ਿਤਾਬ ਵੀ ਦਿੱਤੇ ਗਏ।ਗਿੱਧੇ ਤੇ ਹੋਰ ਰੰਗਾਰੰਗ ਪੇਸ਼ਕਾਰੀਆਂ ਨੇ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ।ਮੇਲੇ ਵਿੱਚ ਪੰਜਾਬੀ ਪਕਵਾਨਾਂ ਦੀ ਸਟਾਲ ਲਾਈ ਗਈ, ਜਿਸ ਵਿੱਚ 'ਖੀਰ-ਪੂੜਿਆਂ' ਦੀ ਸਟਾਲ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀ, ਜਿਸ ਦਾ ਵਿਦਿਆਰਥਣਾਂ ਤੇ ਹਾਜ਼ਰੀਨ ਨੇ ਖ਼ੂਬ ਅਨੰਦ ਮਾਣਿਆ। ਮੁਕਾਬਲਿਆਂ ਦੀ ਜੱਜਮੈਂਟ ਗਿੱਧਾ ਖੇਤਰ ਦੀਆਂ ਤਜਰਬੇਕਾਰ ਕਲਾਕਾਰਾਂ ਵੱਲੋਂ ਕੀਤੀ ਗਈ।ਇਸ ਮੌਕੇ ਕਾਲਜ ਪ੍ਰਬੰਧਕ, ਪ੍ਰਿੰਸੀਪਲ ਤੇ ਸਮੂਹ ਸਟਾਫ਼ ਮੌਜੂਦ ਸੀ।

## ਗੁਰਦੁਆਰਾ ਦਸਮੇਸ਼ ਸਰ ਸਾਹਿਬ ਵਿਖੇ ਵਿਸ਼ਾਲ ਧਾਰਮਿਕ ਸਮਾਗਮ




**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਵਿਧਾਨ ਸਭਾ ਹਲਕਾ ਮਹਿਲ ਕਲਾਂ ਅਧੀਨ ਪੈਂਦੇ ਪਿੰਡ ਮਾਂਗੇਵਾਲ ਵਿਖੇ ਗੁਰਦੁਆਰਾ ਦਸਮੇਸ਼ ਸਰ ਸਾਹਿਬ ਦੇ ਨਵੇਂ ਬਣੇ ਦਰਬਾਰ ਸਾਹਿਬ ਦੇ ਪਹਿਲੇ ਪ੍ਰਕਾਸ਼ ਨੂੰ ਸਮਰਪਿਤ ਵਿਸ਼ਾਲ ਧਾਰਮਿਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਹਜ਼ੂਰੀ ਗ੍ਰੰਥੀ ਭਾਈ ਰਾਜਦੀਪ ਸਿੰਘ ਦੇ ਜਥੇ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ।ਭਾਈ ਪਰਵਿੰਦਰ ਸਿੰਘ ਬਰਾੜ, ਗੁਰਦੁਆਰਾ ਦੂਖ ਨਿਵਾਰਨ ਸਾਹਿਬ ਪਟਿਆਲਾ ਨੇ ਸੰਗਤਾਂ ਨਾਲ ਗੁਰਬਾਣੀ ਦੀ ਸਾਂਝ ਪਾਉਂਦਿਆਂ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਬਾਬਾ ਟੇਕ ਸਿੰਘ ਧਨੌਲਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਤੇ ਸੰਗਤਾਂ ਨੂੰ ਵਧਾਈ ਦਿੱਤੀ।ਸਮਾਗਮ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਸੰਸਦੀ ਸਕੱਤਰ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਸੰਤ ਬਲਬੀਰ ਸਿੰਘ ਘੁੰਨਸ ਨੇ ਕਿਹਾ ਕਿ ਪਿੰਡ ਮਾਂਗੇਵਾਲ ਦੀ ਸੰਗਤ ਵੱਲੋਂ ਸਾਂਝੇ ਸਹਿਯੋਗ ਨਾਲ ਗੁਰੂ ਘਰ ਦੀ ਸ਼ਾਨਦਾਰ ਇਮਾਰਤ ਤਿਆਰ ਕਰਨਾ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਲਈ ਸਮੁੱਚੀ ਸੰਗਤ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵਧਾਈ ਦੀ ਹੱਕਦਾਰ ਹੈ।ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਪਰਮਜੀਤ ਸਿੰਘ ਖਾਲਸਾ ਤੇ ਹਲਕਾ ਮਹਿਲ ਕਲਾਂ ਦੇ 'ਆਪ' ਵਿਧਾਇਕ ਤੇ ਪੰਜਾਬ ਵਿਧਾਨ ਸਭਾ ਦੀ ਵਿਸ਼ੇਸ਼ ਅਧਿਕਾਰ ਕਮੇਟੀ ਦੇ ਚੇਅਰਮੈਨ ਕੁਲਵੰਤ ਸਿੰਘ ਪੰਡੋਰੀ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਤੇ ਪ੍ਰਬੰਧਕਾਂ ਨੂੰ ਵਧਾਈ ਦਿੱਤੀ।

ਸਮਾਗਮ ਦੌਰਾਨ ਅਕਾਲੀ ਆਗੂ ਨਾਥ ਸਿੰਘ ਹਮੀਦੀ, ਸਾਬਕਾ ਵਿਧਾਇਕ ਬੀਬੀ ਹਰਚੰਦ ਕੌਰ ਘਨੌਰੀ, ਸਾਬਕਾ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਲਖਵੀਰ ਸਿੰਘ ਬਰਨਾਲਾ, ਸਮਾਜ ਸੇਵੀ ਕਿਰਨ ਮਹੰਤ ਮਹਿਲ ਕਲਾਂ, ਰਜਿੰਦਰ ਸਿੰਘ ਛੀਨੀਵਾਲ, ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਅਤੇ ਵਾਰਸ ਪੰਜਾਬ ਦੇ ਆਗੂ ਗੁਰਦੀਪ ਸਿੰਘ ਬਾਠ, ਹਰਜੀਤ ਸਿੰਘ ਖਿਆਲੀ, ਸੁਖਵਿੰਦਰ ਸਿੰਘ ਸੰਧੂ ਕਾਲਾ, ਪ੍ਰਿੰਸੀਪਲ ਪ੍ਰਦੀਪ ਸਿੰਘ, ਸਰਪੰਚ ਸਰਬਜੀਤ ਸਿੰਘ ਸ਼ੰਭੂ ਮਹਿਲ ਕਲਾਂ, ਸਰਪੰਚ ਹਰਪਾਲ ਸਿੰਘ ਮਹਿਲ ਖ਼ੁਰਦ, ਗੁਰਜਿੰਦਰ ਸਿੰਘ ਸਿੱਧੂ ਬਰਨਾਲਾ, ਐੱਸ.ਡੀ.ਓ. ਰਵੀ ਪ੍ਰਕਾਸ਼, ਕਾਂਗਰਸੀ ਆਗੂ ਗੁਰਮੇਲ ਸਿੰਘ ਮੌੜ ਦੇ ਇਲਾਵਾ ਗ੍ਰੰਥੀ ਸਿੰਘ, ਪਿੰਡ ਦੇ ਪਤਵੰਤੇ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।ਪ੍ਰਬੰਧਕਾਂ ਵੱਲੋਂ ਵੱਖ-ਵੱਖ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਤੇ ਸਹਿਯੋਗ ਦੇਣ ਵਾਲਿਆਂ ਸਹਿਯੋਗੀ ਸੱਜਣਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

## 2027 ਚੋਣਾਂ ਸਾਰੀਆਂ ਪਾਰਟੀਆਂ ਲਈ ਵੱਡੀ ਚੁਣੌਤੀ : ਚਮਨ ਗੋਇਲ


**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**



ਪੰਜਾਬ ਵਿਧਾਨ ਸਭਾ ਦੀਆਂ 2027 ਵਿੱਚ ਹੋਣ ਵਾਲੀਆਂ ਚੋਣਾਂ ਨੂੰ ਲੈ ਕੇ ਸੂਬੇ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਨੇ ਕਮਰ ਕੱਸ ਲਈ ਹੈ ਤੇ ਆਪੋ-ਆਪਣੇ ਪੱਧਰ 'ਤੇ ਚੋਣੀ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ।ਇਨ੍ਹਾਂ ਚੋਣਾਂ ਨੂੰ ਲੈ ਕੇ ਸਿਆਸੀ ਪਾਰਟੀਆਂ ਵੱਲੋਂ ਜਿੱਥੇ ਰਣਨੀਤੀਆਂ ਬਣਾਈਆਂ ਜਾ ਰਹੀਆਂ ਹਨ, ਉੱਥੇ ਹੀ ਵਰਕਰਾਂ ਨੂੰ ਵੀ ਲਾਮਬੰਦ ਕੀਤਾ ਜਾ ਰਿਹਾ ਹੈ।

ਇਸ ਸਬੰਧੀ ਸੀਨੀਅਰ ਐਡਵੋਕੇਟ ਚਮਨ ਲਾਲ ਗੋਇਲ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਸਾਰੀਆਂ ਸਿਆਸੀ ਪਾਰਟੀਆਂ ਲਈ ਵੱਡੀ ਚੁਣੌਤੀ ਹੋਣਗੀਆਂ।ਉਨ੍ਹਾਂ ਕਿਹਾ ਕਿ ਹਰ ਪਾਰਟੀ ਵੱਲੋਂ ਚੋਣਾਂ ਵਿੱਚ ਜਿੱਤ ਹਾਸਲ ਕਰਨ ਲਈ ਪੂਰੀ ਤਾਕਤ ਲਗਾਈ ਜਾਵੇਗੀ, ਪਰ ਆਖ਼ਰੀ ਫੈਸਲਾ ਪੰਜਾਬ ਦੇ ਲੋਕਾਂ ਨੇ ਆਪਣੇ ਵੋਟ ਦੇ ਅਧਿਕਾਰ ਰਾਹੀਂ ਕਰਨਾ ਹੈ।ਉਨ੍ਹਾਂ ਕਿਹਾ ਕਿ ਇਸ ਵਾਰ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਜਨਤਾ ਦੀ ਭੂਮਿਕਾ ਸਭ ਤੋਂ ਅਹਿਮ ਹੋਵੇਗੀ ਤੇ ਲੋਕ ਆਪਣੇ ਮੁੱਦਿਆਂ ਤੇ ਉਮੀਦਾਂ ਨੂੰ ਧਿਆਨ ਵਿੱਚ ਰੱਖਦਿਆਂ ਆਪਣਾ ਫੈਸਲਾ ਦੇਣਗੇ।

## ਅਮਲ ਸੁਸਾਇਟੀ ਨਾਭਾ ਦੀ ਮਹੀਨਾਵਾਰ ਮੀਟਿੰਗ 'ਚ ਅਹਿਮ ਫੈਸਲੇ



**ਨਾਭਾ (ਅਮਨ ਗਰਗ)**-ਹਲਕਾ ਨਾਭਾ ਵਿੱਚ ਸਮਾਜ ਭਲਾਈ ਦੇ ਕਾਰਜਾਂ ਦੇ ਨਾਲ-ਨਾਲ ਅਲੌਹਰਾ ਗੇਟ ਸਥਿਤ ਸ਼ਮਸ਼ਾਨ ਘਾਟ ਦੇ ਪ੍ਰਬੰਧਾਂ ਦੀ ਦੇਖ-ਰੇਖ ਕਰ ਰਹੀ ਅਮਲ ਸੋਸਾਇਟੀ ਰਜਿ. ਨਾਭਾ ਦੀ ਮਹੀਨਾਵਾਰ ਮੀਟਿੰਗ ਸੋਸਾਇਟੀ ਦੇ ਪ੍ਰਧਾਨ ਬਲਜੀਤ ਸਿੰਘ ਖਹਿਰਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਸੋਸਾਇਟੀ ਵੱਲੋਂ ਪਿਛਲੇ ਮਹੀਨੇ ਕੀਤੀ ਗਈ ਆਮਦਨ ਤੇ ਖਰਚ ਸਬੰਧੀ ਵੇਰਵਿਆਂ ਤੋਂ ਸਮੂਹ ਮੈਂਬਰਾਂ ਨੂੰ ਜਾਣੂ ਕਰਵਾਇਆ ਗਿਆ।ਮੀਟਿੰਗ ਵਿੱਚ ਪਿਛਲੀ ਮੀਟਿੰਗ ਦੌਰਾਨ ਪਾਸ ਕੀਤੇ ਮਤੇ ਅਨੁਸਾਰ ਤਿਆਰ ਹੋ ਚੁੱਕੀ ਐਕੂਪ੍ਰੈਸ਼ਰ ਰੋਡ ਸਬੰਧੀ ਵੀ ਜਾਣਕਾਰੀ ਸਾਂਝੀ ਕੀਤੀ ਗਈ।ਇਸ ਤੋਂ ਇਲਾਵਾ ਸੈਰ ਕਰਨ ਵਾਲੇ ਟਰੈਕ 'ਤੇ ਬਿਜਲੀ ਦੀ ਸਪਲਾਈ ਨਾਲ ਚੱਲ ਰਹੀਆਂ ਲਾਈਟਾਂ ਦੀ ਥਾਂ ਸੋਲਰ ਲਾਈਟਾਂ ਲਗਾਉਣ ਦਾ ਮਤਾ ਪਾਸ ਕੀਤਾ ਗਿਆ, ਤਾਂ ਜੋ ਬਿਜਲੀ ਦੀ ਬੱਚਤ ਦੇ ਨਾਲ ਟਰੈਕ 'ਤੇ ਰੌਸ਼ਨੀ ਦੀ ਸੁਚੱਜੀ ਵਿਵਸਥਾ ਬਣੀ ਰਹੇ।ਇਸ ਦੌਰਾਨ ਅਲੌਹਰਾ ਗੇਟ ਸਥਿਤ ਸ਼ਮਸ਼ਾਨ ਘਾਟ ਵਿਖੇ ਬਣ ਰਹੀ ਗੈਸ ਵਾਲੀ ਭੱਠੀ ਦੇ ਚੱਲ ਰਹੇ ਕੰਮ ਸਬੰਧੀ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਇਸ ਨੂੰ ਜਲਦ ਮੁਕੰਮਲ ਕਰਨ ਸਬੰਧੀ ਕਾਰਜਾਂ ਦੀ ਸਮੀਖਿਆ ਕੀਤੀ ਗਈ।ਮੀਟਿੰਗ ਦੌਰਾਨ ਨਾਭਾ ਸ਼ਹਿਰ ਦੀਆਂ ਵੱਖ-ਵੱਖ ਸਮੱਸਿਆਵਾਂ ਨੂੰ ਵੀ ਵਿਚਾਰ-ਚਰਚਾ ਵਿੱਚ ਲਿਆਂਦਾ ਗਿਆ।ਖ਼ਾਸ ਤੌਰ 'ਤੇ ਸਿਵਲ ਹਸਪਤਾਲ ਨਾਭਾ ਨੂੰ ਜਾਂਦੇ ਰਸਤੇ 'ਤੇ ਲੱਗਣ ਵਾਲੇ ਟਰੈਫਿਕ ਜਾਮ ਕਾਰਨ ਐਂਬੂਲੈਂਸਾਂ ਨੂੰ ਹਸਪਤਾਲ ਤੱਕ ਪਹੁੰਚਣ ਵਿੱਚ ਆ ਰਹੀ ਮੁਸ਼ਕਲ ਨੂੰ ਗੰਭੀਰਤਾ ਨਾਲ ਵਿਚਾਰਿਆ ਗਿਆ। ਇਸ ਮਸਲੇ ਵੱਲ ਐਸ.ਡੀ.ਐਮ. ਨਾਭਾ ਦਾ ਧਿਆਨ ਦਿਵਾਉਣ ਲਈ ਇੱਕ ਪੱਤਰ ਲਿਖਣ ਦਾ ਫੈਸਲਾ ਕੀਤਾ ਗਿਆ, ਤਾਂ ਜੋ ਐਮਰਜੈਂਸੀ ਸਮੇਂ ਐਂਬੂਲੈਂਸਾਂ ਦੀ ਆਵਾਜਾਈ ਸੁਚਾਰੂ ਬਣਾਈ ਜਾ ਸਕੇ।ਇਸ ਤੋਂ ਇਲਾਵਾ ਰਿਪੁਦਮਨ ਕਾਲਜ ਨਾਭਾ ਦੇ ਕਾਲਜ ਗਰਾਊਂਡ ਦੀ ਬਿਹਤਰੀ ਸਬੰਧੀ ਵੀ ਵਿਚਾਰ ਕੀਤਾ ਗਿਆ।ਮੀਟਿੰਗ ਵਿੱਚ ਪ੍ਰਧਾਨ ਬਲਜੀਤ ਸਿੰਘ ਖਹਿਰਾ ਤੋਂ ਇਲਾਵਾ ਜਨਰਲ ਸਕੱਤਰ ਛੱਜੂ ਰਾਮ ਸਿੰਘੀ, ਮੀਤ ਪ੍ਰਧਾਨ ਐਸ.ਐਸ. ਬੇਦੀ, ਮੀਤ ਪ੍ਰਧਾਨ ਪ੍ਰਿੰਸੀਪਲ ਅਮਰਜੀਤ ਵਰਮਾ, ਖ਼ਜ਼ਾਨਚੀ ਸੁਖਪਿੰਦਰ ਸਿੰਘ, ਜੁਆਇੰਟ ਸਕੱਤਰ ਦਰਸ਼ਨ ਸਿੰਘ ਹਰਜਾਈ, ਗੁਰਜਿੰਦਰ ਸਿੰਘ, ਪ੍ਰੀਤ ਇਕਬਾਲ ਸਿੰਘ ਮਝੈਲ (ਲੀਗਲ ਐਡਵਾਈਜ਼ਰ), ਪਰਮਜੀਤ ਸਿੰਘ ਸੋਢੀ, ਮਲਕੀਤ ਸਿੰਘ ਅਟਵਾਲ, ਰਵੀ ਬੱਤਾ ਤੇ ਜਸਵਿੰਦਰ ਸਿੰਘ (ਸੁਪਰਵਾਈਜ਼ਰ) ਸਮੇਤ ਹੋਰ ਮੈਂਬਰ ਹਾਜ਼ਰ ਸਨ।

# ਸੀਟੂ ਨੇ ਬਿਜਲੀ ਕੱਟਾਂ ਖ਼ਿਲਾਫ਼ ਸਰਕਾਰ ਦਾ ਪੁਤਲਾ ਫੂਕਿਆ



**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਲਗਾਤਾਰ ਵੱਧ ਰਹੇ ਬਿਜਲੀ ਕੱਟਾਂ ਤੋਂ ਪਰੇਸ਼ਾਨ ਹੋ ਕੇ ਪੁਤਲੀਘਰ ਚੌਕ ਵਿਚ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨ (ਸੀਟੂ) ਪੰਜਾਬ ਦੀ ਜ਼ਿਲ੍ਹਾ ਇਕਾਈ ਵੱਲੋਂ ਕਾਮਰੇਡ ਚਰਨਜੀਤ ਮਜੀਠਾ ਦੀ ਪ੍ਰਧਾਨਗੀ ਹੇਠ ਪੁਤਲੀਘਰ ਚੌਕ ਵਿਚ ਪਿੱਟ ਸਿਆਪਾ ਕਰਦੇ ਹੋਏ ਸੂਬਾ ਸਰਕਾਰ ਦਾ ਪੁਤਲਾ ਸਾੜਿਆ ਗਿਆ। ਜਾਰੀ ਬਿਆਨ ਜਾਰੀ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ ਪੰਜਾਬ ਸਰਕਾਰ ਲਗਾਤਾਰ ਪ੍ਰਚਾਰ ਕਰ ਰਹੀ ਹੈ ਕਿ ਸਾਡੇ ਕੋਲ ਵਾਧੂ ਬਿਜਲੀ ਹੈ ਤੇ ਕੋਲੇ ਦੇ ਭੰਡਾਰ ਵੀ ਵੱਧ ਹਨ ਪਰ ਇਨ੍ਹਾਂ ਵਾਅਦਿਆਂ ਦੇ ਬਾਵਜੂਦ ਲਗਾਤਾਰ ਬਿਜਲੀ ਕੱਟ ਲੱਗ ਰਹੇ ਹਨ। ਕਾਰਖਾਨਿਆਂ ਵਿਚ ਕੰਮ ਕਰਦੇ ਮਜ਼ਦੂਰਾਂ ਦੀਆਂ ਦਿਹਾੜੀਆਂ ਕੱਟੀਆਂ ਜਾ ਰਹੀਆਂ ਹਨ। ਘਰਾਂ ਦੀ ਬਿਜਲੀ ਵੀ ਕਦੀ ਆਉਂਦੀ ਹੈ ਤਾਂ ਕਦੀ ਜਾਂਦੀ ਹੈ। ਇਸ ਨਾਲ ਵਿਦਿਆਰਥੀਆਂ ਦੀ ਪੜ੍ਹਾਈ ਦਾ ਵੀ ਵੱਡਾ ਨੁਕਸਾਨ ਹੋ ਰਿਹਾ ਹੈ। ਡਿਊਟੀ 'ਤੇ ਜਾਣ ਵਾਲੇ ਮੁਲਾਜ਼ਮ ਵੀ ਕਈ ਵਾਰ ਬਿਨਾਂ ਇਸ਼ਨਾਨ ਕੀਤੇ ਹੀ ਡਿਊਟੀ 'ਤੇ ਚਲੇ ਜਾਂਦੇ ਹਨ। ਬਿਜਲੀ ਦੇ ਵਾਰ-ਵਾਰ ਕੱਟਾਂ ਨਾਲ ਮਹਿੰਗਾਈ ਵਿਚ ਵੀ ਵਾਧਾ ਹੋ ਰਿਹਾ ਹੈ। ਹਰ ਚੀਜ਼ ਦਾ ਭਾਵ ਅਸਮਾਨ ਨੂੰ ਛੂਹ ਰਿਹਾ ਹੈ। ਗਰੀਬ ਲੋਕਾਂ ਦਾ ਜਿਊਣਾ ਮੁਸ਼ਕਿਲ ਹੋ ਗਿਆ ਹੈ। ਗਰੀਬ ਵਰਗ ਮਹਿੰਗਾਈ ਦੀ ਚੱਕੀ ਵਿਚ ਬੁਰੀ ਤਰ੍ਹਾਂ ਪਿਸ ਰਹੇ ਹਨ। ਸੀਟੂ ਮੰਗ ਕਰਦੀ ਹੈ ਕਿ ਪੰਜਾਬ ਸਰਕਾਰ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਵੇ, ਤਾਂ ਜੋ ਕਿਸਾਨਾਂ ਦੀ ਫ਼ਸਲ ਵੀ ਸੁੱਕਣ ਤੋਂ ਬਚਾਈ ਜਾ ਸਕੇ। ਜੇਕਰ ਸਰਕਾਰ ਨੇ ਇਸ ਪਾਸੇ ਧਿਆਨ ਨਾ ਦਿੱਤਾ ਤਾਂ ਸੀਟੂ ਵੱਲੋਂ ਬਿਜਲੀ ਘਰਾਂ ਦੇ ਘਿਰਾਓ ਕਰਕੇ ਪੰਜਾਬ ਸਰਕਾਰ ਦਾ ਲਗਾਤਾਰ ਪਿੱਟ ਸਿਆਪਾ ਕੀਤਾ ਜਾਵੇਗਾ। ਇਸ ਮੌਕੇ ਕਾਮਰੇਡ ਕਿਰਪਾ ਰਾਮ, ਸਵਿੰਦਰ ਸਿੰਘ ਮੀਰਾਂਕੋਟ, ਵਿਜੈ ਕੁਮਾਰ, ਕੁਲਬੀਰ ਸਿੰਘ, ਸੂਰਜ, ਧਰਮਪਾਲ, ਵਾਸੂਦੇਵ, ਤਰਸੇਮ ਸਿੰਘ ਦਿਓਲ, ਭਗਵੰਤ ਸਿੰਘ, ਬਲਕਾਰ ਸਿੰਘ, ਜਸਬੀਰ ਸਿੰਘ, ਬਲਬੀਰ ਸਿੰਘ, ਐਡਵੋਕੇਟ ਕੰਵਲਜੀਤ ਕੌਰ, ਸਰੋਜ ਬਾਲਾ, ਰੇਣੂੰ ਵੈਦ, ਮਨਦੀਪ ਵਡਾਲੀ, ਗੁਲਸ਼ਨ, ਮਨਜੀਤ ਸਿੰਘ, ਪ੍ਰਦੀਪ ਕੁਮਾਰ, ਮਨਜੀਤ ਕੌਰ, ਅਜੀਤ ਸਿੰਘ ਬਟਾਲਾ, ਜਸ਼ਪਾਲ ਸ਼ਰਮਾ ਆਦਿ ਸਾਥੀ ਹਾਜ਼ਰ ਸਨ।

# ਆਸ਼ਾ ਵਰਕਰ ਤੇ ਫਸਿਲੀਟੇਟਰ ਯੂਨੀਅਨ ਪੰਜਾਬ ਦਾ ਜਥੇਬੰਦਕ ਅਜਲਾਸ 19 ਨੂੰ ਜਲੰਧਰ 'ਚ



**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਆਸ਼ਾ ਵਰਕਰ ਤੇ ਫਸਿਲੀਟੇਟਰ ਯੂਨੀਅਨ ਪੰਜਾਬ (ਸੀਟੂ) ਦੀ ਸੂਬਾਈ ਮੀਟਿੰਗ ਸੂਬਾ ਪ੍ਰਧਾਨ ਕਾਮਰੇਡ ਸਰੋਜ ਬਾਲਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਮੀਟਿੰਗ ਦੇ ਫ਼ੈਸਲਿਆਂ ਬਾਰੇ ਜਾਣਕਾਰੀ ਦਿੰਦੇ ਹੋਏ ਸੂਬਾ ਸਕੱਤਰ ਕਾਮਰੇਡ ਸੀਮਾ ਰਾਣੀ ਨੇ ਦੱਸਿਆ ਕਿ ਸਰਬਸੰਮਤੀ ਨਾਲ ਫ਼ੈਸਲਾ ਲਿਆ ਗਿਆ ਕਿ 19 ਸਤੰਬਰ ਨੂੰ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿੱਚ ਯੂਨੀਅਨ ਦਾ ਜਥੇਬੰਦਕ ਅਜਲਾਸ ਹੋਵੇਗਾ, ਜਿਸ ਵਿੱਚ ਸਾਰੇ ਜ਼ਿਲ੍ਹਿਆਂ ਵਿੱਚੋਂ ਮੈਂਬਰਸ਼ਿਪ ਅਨੁਸਾਰ ਡੈਲੀਗੇਟ ਸ਼ਾਮਲ ਹੋਣਗੇ। ਅਜਲਾਸ ਵਿੱਚ ਵੱਧ ਤੋਂ ਵੱਧ 300 ਡੈਲੀਗੇਟ ਸ਼ਾਮਲ ਹੋਣਗੇ।

ਉਨ੍ਹਾਂ ਦੱਸਿਆ ਕਿ ਇਸ ਮੀਟਿੰਗ ਵਿਚ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਵੀ ਸ਼ਾਮਲ ਹੋਏ। ਉਨ੍ਹਾਂ ਦੱਸਿਆ ਕਿ ਇਸ ਅਜਲਾਸ ਵਿੱਚ ਪੰਜਾਬ ਦੀ ਸੂਬਾ ਕਮੇਟੀ ਦੀ ਚੋਣ ਹੋਵੇਗੀ ਤੇ ਦਸੰਬਰ ਵਿੱਚ ਹੋਣ ਵਾਲੇ ਆਲ ਇੰਡੀਆ ਅਜਲਾਸ ਲਈ ਡੈਲੀਗੇਟ ਚੁਣੇ ਜਾਣਗੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚੋਣਾਂ ਤੇ ਮੀਟਿੰਗ ਦੌਰਾਨ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਗਏ, ਸਗੋਂ ਹੱਕਾਂ ਲਈ ਸੰਘਰਸ਼ ਕਰਦੇ ਮੁਲਾਜ਼ਮਾਂ 'ਤੇ ਤਸ਼ੱਦਦ ਕੀਤਾ ਜਾ ਰਿਹਾ ਹੈ। ਆਸ਼ਾ ਵਰਕਰਾਂ ਦੇ ਭੱਤੇ ਦੁੱਗਣੇ ਕਰਵਾਉਣ ਤੇ ਸਕੀਮ ਵਰਕਰਾਂ ਨੂੰ ਪੱਕੇ ਕਰਵਾਉਣ ਲਈ ਇਸ ਡੈਲੀਗੇਟ ਅਜਲਾਸ ਵਿੱਚ ਵਿਚਾਰ ਚਰਚਾ ਕਰਕੇ ਅਗਲੇ ਸੰਘਰਸ਼ ਦਾ ਵੀ ਐਲਾਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਅਜਲਾਸ ਵਿੱਚ ਸੀਟੂ ਦੇ ਪ੍ਰਧਾਨ ਤੇ ਜਨਰਲ ਸਕੱਤਰ ਅਤੇ ਆਲ ਇੰਡੀਆ ਪੱਧਰ ਦੇ ਆਗੂ ਸ਼ਾਮਲ ਹੋਣਗੇ।

ਮੀਟਿੰਗ ਵਿੱਚ ਸੁਖਜੀਤ ਕੌਰ, ਰਣਜੀਤ ਕੌਰ, ਰਣਜੀਤ ਕੌਰ ਮੁਹਾਲੀ, ਬਲਵਿੰਦਰ ਕੌਰ ਫਿਲੌਰ, ਅਮਰਜੀਤ ਰੋਪੜ, ਅਮਨ, ਪੂਨਮ, ਪਰਮਜੀਤ, ਸੁਨੀਤਾ ਆਦਿ ਸ਼ਾਮਲ ਸਨ।

# ਟਰੇਡ ਯੂਨੀਅਨ ਲਹਿਰ ਦੇ ਜੁਝਾਰੂ ਆਗੂ ਕਾਮਰੇਡ ਸੰਗਤ ਸਿੰਘ ਕਾਹਲੋਂ

ਅੱਜ ਬਰਸੀ 'ਤੇ ਵਿਸ਼ੇਸ਼



ਦੀਨਾਨਗਰ-ਕਾਮਰੇਡ ਸੰਗਤ ਸਿੰਘ ਕਾਹਲੋਂ ਪੰਜਾਬ ਅੰਦਰ ਟਰੇਡ ਯੂਨੀਅਨ ਲਹਿਰ ਦੇ ਇੱਕ ਅਜਿਹੇ ਜੁਝਾਰੂ, ਸਿਰੜੀ, ਸੰਘਰਸ਼ਸ਼ੀਲ, ਵਚਨਬੱਧ ਅਤੇ ਨਿਡਰ ਆਗੂ ਹੋਏ ਹਨ, ਜਿਨ੍ਹਾਂ ਨੇ ਹਮੇਸ਼ਾ ਹੱਕ ਤੇ ਸੱਚ 'ਤੇ ਪਹਿਰਾ ਦਿੰਦਿਆਂ ਗਰੀਬਾਂ, ਕਿਸਾਨਾਂ ਅਤੇ ਮਜ਼ਦੂਰਾਂ ਦੇ ਹੱਕਾਂ ਲਈ ਲੜਾਈਆਂ ਲੜਦਿਆਂ ਜੇਲ੍ਹਾਂ ਕੱਟੀਆਂ। ਉਨ੍ਹਾਂ ਦਾ ਜਨਮ 1923 ਵਿੱਚ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਪਾਹੜਾ ਵਿਖੇ ਜਥੇਦਾਰ ਚਰਨ ਸਿੰਘ ਦੇ ਘਰ ਮਾਤਾ ਕੇਸਰ ਕੌਰ ਦੀ ਕੁੱਖੋਂ ਹੋਇਆ। ਉਨ੍ਹਾਂ ਖ਼ਾਲਸਾ ਹਾਈ ਸਕੂਲ ਤੋਂ ਮੈਟ੍ਰਿਕ ਪਾਸ ਕਰਨ ਉਪਰੰਤ ਗਿਆਨੀ ਦੀ ਪ੍ਰੀਖਿਆ ਪਾਸ ਕੀਤੀ। ਛੋਟੀ ਉਮਰ ਤੋਂ ਹੀ ਉਹ ਕਮਿਊਨਿਸਟ ਲਹਿਰ ਨਾਲ ਜੁੜ ਗਏ। ਉਨ੍ਹਾਂ ਇਸ ਦੌਰਾਨ ਗਜ਼ਬ ਦੇ ਇਕਾਂਗੀ ਅਤੇ ਸੂਫ਼ੀਆਨਾ ਕਵਿਤਾਵਾਂ ਲਿਖੀਆਂ। ਕਾਮਰੇਡ ਹੁਰਾਂ ਨੇ ਨਿਊ ਏਜਰਟਨ ਧਾਰੀਵਾਲ ਵੂਲਨ ਮਿਲ ਵਿੱਚ ਹੈੱਡ ਐਗਜ਼ਾਮੀਨਰ ਵਜੋਂ ਨੌਕਰੀ ਕਰਦਿਆਂ ਉੱਥੇ ਟਰੇਡ ਯੂਨੀਅਨ ਸਥਾਪਿਤ ਕੀਤੀ ਜਿਸ ਤੋਂ ਚਿੜ ਕੇ ਮੈਨੇਜਮੈਂਟ ਨੇ ਉਨ੍ਹਾਂ ਨੂੰ ਨੌਕਰੀ ਤੋਂ ਡਿਸਮਿਸ ਕਰ ਦਿੱਤਾ। ਉਸ ਵੇਲੇ ਪੰਜਾਬ ਦੇ ਉੱਘੇ ਵਕੀਲ, ਸਾਬਕਾ ਮੰਤਰੀ ਅਤੇ ਟਰੇਡ ਯੂਨੀਅਨ ਨੇਤਾ ਕਾਮਰੇਡ ਸੱਤਪਾਲ ਡਾਂਗ ਨੇ ਉਨ੍ਹਾਂ ਦਾ ਕੇਸ ਹਾਈਕੋਰਟ ਵਿੱਚੋਂ ਜਿੱਤਿਆ ਅਤੇ ਕਾਮਰੇਡ ਬਹਾਲ ਹੋ ਗਏ ਪਰ ਉਨ੍ਹਾਂ ਨੌਕਰੀ ਛੱਡ ਦਿੱਤੀ ਅਤੇ ਆਪਣਾ ਸਾਰਾ ਜੀਵਨ ਟਰੇਡ ਯੂਨੀਅਨ ਤੇ ਪਾਰਟੀ ਦੇ ਲੇਖੇ ਲਗਾ ਦਿੱਤਾ। ਇਸ ਦੌਰਾਨ ਉਹ ਪਿੰਡ ਪਾਹੜਾ ਛੱਡ ਕੇ ਦੀਨਾਨਗਰ ਹਲਕੇ ਦੇ ਪਿੰਡ ਅਵਾਂਖਾ ਵਿੱਚ ਆ ਵਸੇ। ਉਨ੍ਹਾਂ ਦੀਨਾਨਗਰ, ਗੁਰਦਾਸਪੁਰ, ਸੁਜਾਨਪੁਰ ਅਤੇ ਧਾਰੀਵਾਲ ਉਦਯੋਗਿਕ ਖੇਤਰਾਂ ਵਿੱਚ 'ਜਨਰਲ ਲੇਬਰ ਯੂਨੀਅਨ' ਖੜ੍ਹੀ ਕੀਤੀ, ਜਿਸਦੇ ਉਹ ਆਖ਼ਰੀ ਸਾਹਾਂ ਤੱਕ ਜਨਰਲ ਸਕੱਤਰ ਰਹੇ। ਜਨਤਕ ਸੰਘਰਸ਼ਾਂ ਵਿੱਚ ਉਹ ਅਨੇਕਾਂ ਵਾਰ ਜੇਲ੍ਹ ਵੀ ਗਏ। ਦੀਨਾਨਗਰ ਵਿਖੇ ਉਨ੍ਹਾਂ 25 ਮਰਲੇ ਜਗ੍ਹਾ ਲੈ ਕੇ ਕਮਿਊਨਿਸਟ ਪਾਰਟੀ ਨੂੰ ਦਾਨ ਕੀਤੀ ਅਤੇ ਇਸ ਵਿੱਚ ਪਾਰਟੀ ਦਫ਼ਤਰ ਵਜੋਂ ਇੱਕ ਕਮਰਾ ਵੀ ਖੜ੍ਹਾ ਕੀਤਾ। ਮਜ਼ਦੂਰਾਂ ਲਈ ਈ. ਐੱਸ. ਆਈ. ਡਿਸਪੈਂਸਰੀ ਖੁੱਲ੍ਹਵਾਈ। ਉਹ ਕਮਿਊਨਿਸਟ ਪਾਰਟੀ ਦੀ ਸਟੇਟ ਕੌਂਸਲ ਦੇ ਲੰਬਾ ਸਮਾਂ ਮੈਂਬਰ ਰਹੇ। ਉਹ ਆਪਣੇ ਪਿੱਛੇ ਦੋ ਪੁੱਤਰ ਅਤੇ ਤਿੰਨ ਧੀਆਂ ਛੱਡ ਗਏ। ਉਨ੍ਹਾਂ ਦਾ ਵੱਡਾ ਪੁੱਤਰ ਸ. ਦਰਬਾਰਾ ਸਿੰਘ ਕਾਹਲੋਂ ਸਾਬਕਾ ਸੂਚਨਾ ਕਮਿਸ਼ਨਰ ਪੰਜਾਬ ਅਤੇ ਪ੍ਰਸਿੱਧ ਕਾਲਮ ਨਵੀਸ ਹੈ ਜਦਕਿ ਛੋਟਾ ਪੁੱਤਰ ਕਾਮਰੇਡ ਸੁਖਦੇਵ ਸਿੰਘ ਕਾਹਲੋਂ ਪਿਤਾ ਦੇ ਪਾਏ ਪੂਰਨਿਆਂ 'ਤੇ ਚੱਲਦਾ ਹੋਇਆ ਕਮਿਊਨਿਸਟ ਪਾਰਟੀ ਦਾ ਝੰਡਾ ਬੁਲੰਦ ਕਰ ਰਿਹਾ ਹੈ। ਕਾਮਰੇਡ ਸੰਗਤ ਸਿੰਘ ਕਾਹਲੋਂ ਦੀ ਯਾਦ ਵਿੱਚ ਅੱਜ 15 ਸਤੰਬਰ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਅਵਾਂਖਾ (ਦੀਨਾਨਗਰ) ਵਿਖੇ ਸੀਪੀਆਈ, ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ ਏਟਕ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਪਰਿਵਾਰ ਦੇ ਸਹਿਯੋਗ ਨਾਲ ਉਨ੍ਹਾਂ ਦੀ 23ਵੀਂ ਬਰਸੀ ਮਨਾਈ ਜਾ ਰਹੀ ਹੈ ਜਿਸ ਵਿੱਚ ਸੀਪੀਆਈ ਦੇ ਸੂਬਾਈ ਨੇਤਾ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਰਵ ਭਾਰਤ ਨੌਜਵਾਨ ਸਭਾ ਦੇ ਕੁੱਲ ਹਿੰਦ ਪ੍ਰਧਾਨ ਸੁਖਜਿੰਦਰ ਮਹੇਸਰੀ ਅਤੇ ਪਾਰਟੀ ਦੇ ਹੋਰ ਸੂਬਾਈ ਤੇ ਜ਼ਿਲ੍ਹਾ ਪੱਧਰੀ ਆਗੂਆਂ ਤੋਂ ਇਲਾਵਾ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਸਿਆਸੀ ਪਾਰਟੀਆਂ ਦੇ ਨੁਮਾਇੰਦੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਨਗੇ। (ਨ ਜ਼ ਸ)

## ਸੌ ਕਰੋੜ ਤੋਂ ਵੱਧ ਦੇ ਨਹਿਰੀ ਪਾਣੀ ਦੇ ਵਿਕਾਸ ਕਾਰਜ ਮੁਕੰਮਲ ਕਰਵਾਏ: ਚੇਅਰਮੈਨ ਚੀਮਾ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਚਾਰ ਸਾਲ ਸਿਰਫ਼ ਇਕ ਅਹੁਦੇ ਦਾ ਸਫ਼ਰ ਨਹੀਂ, ਸਗੋਂ ਸੇਵਾ, ਸੰਘਰਸ਼ ਅਤੇ ਪੰਜਾਬ ਦੇ ਕਿਸਾਨਾਂ ਨਾਲ ਜੁੜੇ ਇਕ ਸੁਪਨੇ ਨੂੰ ਸਾਕਾਰ ਕਰਨ ਦਾ ਸਫ਼ਰ ਹੈ।ਇਹ ਪ੍ਰਗਟਾਵਾ ਪੰਜਾਬ ਜਲ ਸਰੋਤ ਪ੍ਰਬੰਧਨ ਅਤੇ ਵਿਕਾਸ ਨਿਗਮ ਦੇ ਚੇਅਰਮੈਨ ਰਣਜੀਤ ਸਿੰਘ ਚੀਮਾ ਨੇ ਚੇਅਰਮੈਨ ਵਜੋਂ ਆਪਣੇ ਕਾਰਜਕਾਲ ਦੇ ਚਾਰ ਸਾਲ ਮੁਕੰਮਲ ਹੋਣ ਮੌਕੇ ਕੀਤਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਅਤੇ ਸਹਿਯੋਗ ਸਦਕਾ ਪੰਜਾਬ ਭਰ ਵਿੱਚ ਜਲ ਸਰੋਤ ਪ੍ਰਬੰਧਨ ਅਤੇ ਵਿਕਾਸ ਨਿਗਮ ਨੂੰ ਲੱਗਭਗ 950 ਕਰੋੜ ਰੁਪਏ ਦੇ ਨਹਿਰੀ ਪਾਣੀ ਲਈ ਖਾਲਿਆਂ ਦੀ ਲਾਈਨਿੰਗ ਅਤੇ ਅੰਡਰਗਰਾਊਂਡ ਪਾਈਪਲਾਈਨਾਂ ਦੇ ਵਿਕਾਸ ਕਾਰਜ ਕਰਵਾਉਣ ਦਾ ਮੌਕਾ ਮਿਲਿਆ।ਚੇਅਰਮੈਨ ਚੀਮਾ ਨੇ ਕਿਹਾ ਕਿ ਉਨ੍ਹਾਂ ਲਈ ਸਭ ਤੋਂ ਵੱਡੀ ਖੁਸ਼ੀ ਦੀ ਗੱਲ ਇਹ ਹੈ ਕਿ ਚਾਰ ਸਾਲਾਂ ਵਿੱਚ ਆਪਣੇ ਹਲਕੇ ਪੱਟੀ ਵਿੱਚ 100 ਕਰੋੜ ਰੁਪਏ ਤੋਂ ਵੱਧ ਦੇ ਨਹਿਰੀ ਪਾਣੀ ਨਾਲ ਸਬੰਧਤ ਵਿਕਾਸ ਕਾਰਜ ਮੁਕੰਮਲ ਕਰਵਾਏ ਗਏ।ਉਨ੍ਹਾਂ ਕਿਹਾ ਕਿ ਇਨ੍ਹਾਂ ਚਾਰ ਸਾਲਾਂ ਵਿੱਚ ਉਨ੍ਹਾਂ ਵੱਲੋਂ ਜੋ ਵੀ ਕੀਤਾ ਗਿਆ, ਉਹ ਲੋਕਾਂ ਦੇ ਪਿਆਰ, ਵਿਸ਼ਵਾਸ ਅਤੇ ਸਾਥ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਅਜੇ ਸਫ਼ਰ ਲੰਮਾ ਹੈ, ਮੰਜ਼ਿਲਾਂ ਬਹੁਤ ਹਨ ਅਤੇ ਪੰਜਾਬ ਦੇ ਲੋਕਾਂ ਦੀ ਸੇਵਾ ਦਾ ਜਜ਼ਬਾ ਪਹਿਲਾਂ ਨਾਲੋਂ ਵੀ ਵਧ ਮਜ਼ਬੂਤ ਹੈ।

## 'ਜੈਨਜ਼ੀ ਅਗੇਂਸਟ ਡਰੱਗਜ਼' ਵਿੱਚ ਅੰਮ੍ਰਿਤਸਰ ਦੇ ਨੌਜਵਾਨ ਵੀ ਹੋਣਗੇ ਸ਼ਾਮਲ : ਰਵੀ ਕੁਮਾਰ



ਛੇਹਰਟਾ, (ਮਨੋਜ ਕੁਮਾਰ)- ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਤੇ ਪੰਜਾਬ ਦੇ ਨੌਜਵਾਨ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਉਦੇਸ਼ ਨਾਲ ਸਾਂਝ ਲੋਕਹਿੱਤ ਵੈੱਲਫੇਅਰ ਸੁਸਾਇਟੀ, ਅੰਮ੍ਰਿਤਸਰ ਵੱਲੋਂ ਮਹੱਤਵਪੂਰਨ ਪਹਿਲ ਕੀਤੀ ਜਾ ਰਹੀ ਹੈ। ਸੁਸਾਇਟੀ ਦੇ ਪ੍ਰਧਾਨ ਰਵੀ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਉਣ ਵਾਲੀ 20 ਸਤੰਬਰ ਨੂੰ ਸੈਕਟਰ-17, ਚੰਡੀਗੜ੍ਹ ਵਿਖੇ 'ਜੈਨਜ਼ੀ ਅਗੇਂਸਟ ਡਰੱਗਜ਼' ਪ੍ਰੋਗਰਾਮ ਵਿਚ ਅੰਮ੍ਰਿਤਸਰ ਤੋਂ ਵੱਡੀ ਗਿਣਤੀ ਵਿਚ ਨੌਜਵਾਨ, ਸਮਾਜਿਕ ਸੰਸਥਾਵਾਂ ਤੇ ਐੱਨ.ਜੀ.ਓਜ਼ ਦੇ ਨੁਮਾਇੰਦੇ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤੇ ਭਾਰਤ ਸਰਕਾਰ ਦੇ 'ਨਸ਼ਾ ਮੁਕਤ ਭਾਰਤ ਅਭਿਆਨ' ਨੂੰ ਜਨ-ਜਨ ਤਕ ਪਹੁੰਚਾਉਣ ਲਈ ਸਮਾਜ ਦੀ ਸਰਗਰਮ ਭੂਮਿਕਾ ਬੇਹੱਦ ਜ਼ਰੂਰੀ ਹੈ। ਸਾਂਝ ਲੋਕਹਿੱਤ ਵੈੱਲਫੇਅਰ ਸੁਸਾਇਟੀ ਇਨ੍ਹਾਂ ਮੁਹਿੰਮਾਂ ਨੂੰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਸਹਿਯੋਗ ਕਰੇਗੀ। ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਸਰਕਾਰ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਖ਼ਾਸ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਖੇਡਾਂ, ਸਿੱਖਿਆ, ਰੁਜ਼ਗਾਰ ਤੇ ਹੋਰ ਸਕਾਰਾਤਮਕ ਗਤੀਵਿਧੀਆਂ ਨਾਲ ਜੋੜਨਾ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਸੁਸਾਇਟੀ ਵੱਲੋਂ ਨੌਜਵਾਨਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਜਾਗਰੂਕਤਾ ਪ੍ਰੋਗਰਾਮਾਂ, ਸਮਾਜਿਕ ਮੁਹਿੰਮਾਂ ਤੇ ਹੋਰ ਗਤੀਵਿਧੀਆਂ ਵਿੱਚ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।

## 'ਹਿੰਦੀ ਸਾਡੀ ਪਛਾਣ, ਸਾਡੀ ਸੰਸਕ੍ਰਿਤੀ ਤੇ ਸਾਡੀਆਂ ਭਾਵਨਾਵਾਂ ਦਾ ਸ਼ਕਤੀਸ਼ਾਲੀ ਪ੍ਰਗਟਾਵਾ'



ਬਟਾਲਾ (ਡਾ. ਮਲਵਿੰਦਰ ਸਿੰਘ)-ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਕੈਂਪਸ ਵਿੱਚ ਹਿੰਦੀ ਦਿਵਸ ਬਹੁਤ ਉਤਸ਼ਾਹ ਅਤੇ ਮਾਣ ਨਾਲ ਮਨਾਇਆ ਗਿਆ।ਪ੍ਰੋਗਰਾਮ ਦਾ ਉਦਘਾਟਨ ਸਕੂਲ ਪ੍ਰਿੰਸੀਪਲ ਡਾ. ਬਿੰਦੂ ਭੱਲਾ ਦੁਆਰਾ ਦੀਵਾ ਜਗਾ ਕੇ ਕੀਤਾ ਗਿਆ। ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਹਿੰਦੀ ਭਾਸ਼ਾ ਦੀ ਮਹੱਤਤਾ, ਇਸਦੀ ਅਮੀਰ ਸਾਹਿਤਕ ਪਰੰਪਰਾ ਅਤੇ ਭਾਰਤੀ ਸੱਭਿਆਚਾਰ ਵਿੱਚ ਇਸਦੇ ਯੋਗਦਾਨ ਤੋਂ ਜਾਣੂ ਕਰਵਾਉਣਾ ਸੀ।

ਹਿੰਦੀ ਭਾਸ਼ਾ ਲਈ ਸਤਿਕਾਰ ਅਤੇ ਮਾਣ ਦੀ ਭਾਵਨਾ ਦਾ ਪ੍ਰਗਟਾਵਾ ਕਰਦੇ ਹੋਏ, ਵਿਦਿਆਰਥੀਆਂ ਨੇ ਕਵਿਤਾਵਾਂ, ਭਾਸ਼ਣਾਂ ਅਤੇ ਵੱਖ-ਵੱਖ ਸਾਹਿਤਕ ਪੇਸ਼ਕਾਰੀਆਂ ਰਾਹੀਂ ਇਸਦੀ ਮਹੱਤਤਾ ਬਾਰੇ ਆਪਣੇ ਵਿਚਾਰ ਇੱਕ ਸ਼ਕਤੀਸ਼ਾਲੀ ਢੰਗ ਨਾਲ ਪੇਸ਼ ਕੀਤੇ।

ਇਸ ਮੌਕੇ ਤੇ ਸਕੂਲ ਚੇਅਰਮੈਨ ਅਰਵਿੰਦ ਖੋਸਲਾ, ਪ੍ਰੈਜ਼ੀਡੈਂਟ ਅਸ਼ੋਕ ਖੋਸਲਾ ਤੇ ਪ੍ਰਿੰਸੀਪਲ ਡਾਕਟਰ ਬਿੰਦੂ ਭੱਲਾ ਨੇ ਸਾਰੇ ਵਿਦਿਆਰਥੀਆਂ, ਅਧਿਆਪਕਾਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਹਿੰਦੀ ਦਿਵਸ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਭੇਟ ਕਰਦੇ ਹੋਏ ਕਿਹਾ ਕਿ ਹਿੰਦੀ ਭਾਸ਼ਾ ਸਾਡੀ ਰਾਸ਼ਟਰ ਭਾਸ਼ਾ ਹੈ ਵਿਦਿਆਰਥੀਆਂ ਨੂੰ ਹਿੰਦੀ ਦੇ ਪ੍ਰਤੀ ਪ੍ਰੇਮ ਅਤੇ ਸਨਮਾਨ ਦੀ ਭਾਵਨਾ ਨੂੰ ਵਿਕਸਿਤ ਕਰਦੇ ਹੋਏ ਹਿੰਦੀ ਦਾ ਸਾਹਿਤ ਪੜ੍ਹਨ ਸਮਝਣ ਅਤੇ ਅੱਗੇ ਵਧਾਉਣ ਦੇ ਲਈ ਨਿਰੰਤਰ ਪ੍ਰੇਰਿਤ ਕਰਦੇ ਰਹਿਣਾ ਚਾਹੀਦਾ ਹੈ। ਪ੍ਰੋਗਰਾਮ ਦਾ ਸਮਾਪਨ ਹਿੰਦੀ ਭਾਸ਼ਾ ਦੇ ਪ੍ਰਤੀ ਸਨਮਾਨ ਮਾਣ ਅਤੇ ਉਸ ਦੇ ਵਿਆਪਕ ਪ੍ਰਚਾਰ ਅਤੇ ਪ੍ਰਸਾਰ ਦਾ ਸੰਕਲਪ ਲੈਂਦੇ ਹੋਇਆ।

## ਅਧਿਆਪਕ ਸਮਰੱਥਾ ਨਿਰਮਾਣ ਨਾਲ ਸਬੰਧਤ ਦੋ ਰੋਜ਼ਾ ਸੈਮੀਨਾਰ



ਧਾਰੀਵਾਲ, (ਮਨਦੀਪ ਵਿੱਕੀ)- ਵਿਦਿਆਰਥੀ ਕਿਸੇ ਵੀ ਕੌਮ ਦਾ ਸਰਮਾਇਆ ਤੇ ਦੇਸ਼ ਦਾ ਭਵਿੱਖ ਹੁੰਦੇ ਹਨ। ਸਕੂਲੀ ਸਿੱਖਿਆ ਗ੍ਰਹਿਣ ਕਰਦੇ ਸਮੇਂ ਉਨ੍ਹਾਂ ਦੀ ਜ਼ਿੰਦਗੀ ਵਿੱਚ ਕੁੱਝ ਮੁਸ਼ਕਲਾਂ ਆਉਂਦੀਆਂ ਹਨ।ਇਨ੍ਹਾਂ ਮੁਸ਼ਕਲਾਂ ਦਾ ਸਹੀ ਹੱਲ ਕਰਨ ਤੇ ਵਿਦਿਆਰਥੀਆਂ ਨੂੰ ਸਹੀ ਦਿਸ਼ਾ ਦਿਖਾਉਣ ਦੇ ਮੰਤਵ ਨਾਲ ਰੱਖਦਿਆਂ ਹੋਇਆ ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਪ੍ਰਿੰਸੀਪਲ ਐਸ.ਬੀ. ਨਾਯਰ ਦੀ ਸਰਪ੍ਰਸਤੀ ਅਧੀਨ ਦੋ-ਰੋਜ਼ਾ ਅਧਿਆਪਕ ਸੈਮੀਨਾਰ ਲਗਾਇਆ ਗਿਆ।ਸੈਮੀਨਾਰ ਦੇ ਪਹਿਲੇ ਦਿਨ ਸੀ. ਬੀ. ਐਸ. ਈ.ਬੋਰਡ ਵੱਲੋਂ ਦੋ ਪ੍ਰਮੁੱਖ ਸਲਾਹਕਾਰ (ਸਰੋਤ ਅਧਿਕਾਰੀਆਂ) ਪ੍ਰਿੰਸੀਪਲ ਮੈਡਮ ਕਿਰਨ ਕੰਸਵ ਅਤੇ ਪ੍ਰਿੰਸੀਪਲ ਮੈਡਮ ਪ੍ਰੀਤੀ ਸੈਣੀ ਕਪੂਰ ਦੁਆਰਾ ਅਧਿਆਪਕਾਂ ਦੇ ਸਮਰੱਥਾ ਨਿਰਮਾਣ ਪ੍ਰੋਗਰਾਮ ਅਧੀਨ ਐਕਟਿਵ ਲਰਨਿੰਗ ਰਾਹੀਂ ਨਰਸਰੀ ਤੋਂ ਦੂਸਰੀ ਜਮਾਤ ਦੇ ਵਿਦਿਆਰਥੀਆਂ ਦੀਆਂ ਆਮ ਤੌਰ ਤੇ ਕੇ ਗੰਭੀਰ ਸਮੱਸਿਆਵਾਂ ਬਾਰੇ ਜਾਣਕਾਰੀ ਦਿੱਤੀ ਗਈ।

ਸੈਮੀਨਾਰ ਦੇ ਦੂਜੇ ਦਿਨ ਪ੍ਰਿੰਸੀਪਲ ਜੋਤੀ ਬੱਗਾ (ਐੱਮ.ਜੀ.ਐੱਮ. ਪਬਲਿਕ ਸਕੂਲ ਜਲੰਧਰ) ਅਤੇ ਪ੍ਰਿੰਸੀਪਲ ਅਮਿਤ ਕੁਮਾਰ (ਕੈਂਬਰਜ ਇੰਟਰਨੈਸ਼ਨਲ ਸਕੂਲ ਜਲੰਧਰ) ਦੁਆਰਾ ਨੈਸ਼ਨਲ ਕਰੀਕੂਲਮ ਫਰੇਮ ਵਰਕ ਦੇ ਅਧੀਨ ਅਧਿਆਪਕਾਂ ਦੀਆਂ ਵੱਖ-ਵੱਖ ਵਿਸ਼ਿਆਂ ਜਿਵੇਂ ਪ੍ਰਕ੍ਰਿਤੀ ਦੇ ਨਾਲ ਨਾਲ ਕਿੱਤਾ ਮੁਖੀ ਸਿੱਖਿਆ, ਪੜ੍ਹਾਈ ਤੋਂ ਲਗਾਤਾਰ ਦੂਰ ਹੋਣ ਸਬੰਧੀ ਕਾਰਨਾਂ ਨੂੰ ਜਾਨਣਾ, ਵਿਦਿਆਰਥੀਆਂ ਦੀਆਂ ਸਰੀਰਕ ਕਮਜ਼ੋਰੀਆਂ ਅਤੇ ਅਧਿਆਪਕਾਂ ਦੀਆਂ ਮਨੋਵਿਗਿਆਨਕ ਵਿਧੀਆਂ ਬਾਰੇ ਗਿਆਨ ਪ੍ਰਦਾਨ ਕੀਤਾ ਗਿਆ।

ਇਸ ਦੋ ਰੋਜ਼ਾ ਸੈਮੀਨਾਰ ਦੌਰਾਨ ਸਾਰੇ ਹੀ ਅਧਿਆਪਕਾਂ ਨੇ ਭਾਗੀਦਾਰੀ ਕਰਕੇ ਵਿਦਿਆਰਥੀਆਂ ਦੀਆਂ ਮੁਸ਼ਕਲਾਂ ਨੂੰ ਨੇੜੇ ਹੋ ਕੇ ਜਾਣਿਆ ਤੇ ਹੱਲ ਕੱਢਣ ਦੇ ਯਤਨਾਂ ਬਾਰੇ ਸਿੱਖਿਆ। ਇਸ ਸਫ਼ਲ ਸੈਮੀਨਾਰ ਦੇ ਅੰਤਿਮ ਪੜਾਅ ਤੇ ਪ੍ਰਿੰਸੀਪਲ ਨਾਯਰ, ਮੈਨੇਜਮੈਂਟ ਮੈਂਬਰਾਂ ਨਵਦੀਪ ਕੌਰ ਅਤੇ ਕੁਲਦੀਪ ਕੌਰ ਦੁਆਰਾ ਆਏ ਹੋਏ ਰਿਸੋਰਸ ਅਧਿਕਾਰੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਐਕਾਡਮਿਕ ਕੋਆਰਡੀਨੇਟਰ ਅਮਨਦੀਪ ਕੌਰ, ਟੋਨ ਸਿੰਘ,ਵਿਸ਼ਾਲ ਸਿੰਘ ਤੇ ਸਮੂਹ ਸਕੂਲੀ ਸਟਾਫ਼ ਮੈਂਬਰ ਹਾਜ਼ਰ ਸਨ।

## ਕ੍ਰੋਮਾ ਤੇ ਆਈਫੋਨ 18 ਪ੍ਰੋ ਸੀਰੀਜ਼ ਦੀ ਪ੍ਰੀ-ਬੁਕਿੰਗ ਸ਼ੁਰੂ

ਅੰਮ੍ਰਿਤਸਰ-ਟਾਟਾ ਗਰੁੱਪ ਦੇ ਓਮਨੀ-ਚੈਨਲ ਇਲੈਕਟ੍ਰਾਨਿਕਸ ਰਿਟੇਲਰ ਕ੍ਰੋਮਾ ਨੇ ਆਈਫੋਨ 18 ਪ੍ਰੋ ਅਤੇ ਆਈਫੋਨ 18 ਪ੍ਰੋ ਮੈਕਸ ਦੀ ਪ੍ਰੀ-ਬੁਕਿੰਗ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ।ਗਾਹਕ ਦੇਸ਼ ਭਰ ਵਿੱਚ ਕ੍ਰੋਮਾ ਸਟੋਰਾਂ, ਕ੍ਰੋਮਾ ਡਾਟ ਕਾਮ, ਟਾਟਾ ਨਿਊ ਐਪ ਅਤੇ ਬਿਗਬਾਸਕਿਟ ਰਾਹੀਂ ਡਿਵਾਈਸ ਬੁੱਕ ਕਰ ਸਕਦੇ ਹਨ।ਨਵਾਂ ਪ੍ਰੋ ਲਾਈਨਅੱਪ ਵਿੱਚ ਏ20 ਪ੍ਰੋ ਚਿੱਪ, ਸੀ2 ਵਾਇਰਲੈੱਸ ਮੋਡਮ ਅਤੇ 48ਐਮਪੀ ਫਿਊਜ਼ਨ ਮੁੱਖ ਕੈਮਰਾ ਵਰਗੀਆਂ ਵਿਸ਼ੇਸ਼ਤਾਵਾਂ ਸ਼ਾਮਲ ਹਨ।ਕੰਪਨੀ ਅਨੁਸਾਰ ਪ੍ਰੀ-ਬੁਕਿੰਗ 200 ਤੋਂ ਵੱਧ ਸ਼ਹਿਰਾਂ ਵਿੱਚ 560 ਤੋਂ ਵੱਧ ਕ੍ਰੋਮਾ ਸਟੋਰਾਂ 'ਤੇ ਉਪਲਬਧ ਹੈ।ਇਸ ਦੇ ਨਾਲ ਆਈਫੋਨ 17 ਪ੍ਰੋ ਅਤੇ 17 ਪ੍ਰੋ ਮੈਕਸ ਵੀ ਆਕਰਸ਼ਕ ਕੀਮਤਾਂ 'ਤੇ ਉਪਲਬਧ ਰਹਿਣਗੀਆਂ।

## ਸਰੂਪ ਰਾਣੀ ਸਰਕਾਰੀ ਕਾਲਜ (ਇ) ਵਿਖੇ 'ਸਫ਼ਲਤਾ ਦੀ ਕਹਾਣੀ ਸਨਮਾਨ ਸਮਾਰੋਹ' ਆਯੋਜਿਤ



ਅੰਮ੍ਰਿਤਸਰ-ਸਰੂਪ ਰਾਣੀ ਸਰਕਾਰੀ ਕਾਲਜ (ਇ) ਵਿਖੇ ਸੈਸ਼ਨ 2025-26 ਦੀਆਂ ਪ੍ਰੀਖਿਆਵਾਂ ਵਿੱਚ ਯੂਨੀਵਰਸਿਟੀ ਮੈਰਿਟ ਵਿੱਚ ਪਹਿਲਾ, ਦੂਜਾ, ਤੀਜਾ ਤੇ ਹੋਰ ਵੱਖ-ਵੱਖ ਸਥਾਨ ਹਾਸਿਲ ਕਰਨ ਵਾਲੀਆਂ ਵਿਦਿਆਰਥਣਾਂ ਲਈ 'ਸਫ਼ਲਤਾ ਦੀ ਕਹਾਣੀ' ਸਨਮਾਨ ਸਮਾਰੋਹ ਦਾ ਆਯੋਜਨ ਕਾਲਜ ਦੇ ਪ੍ਰਿੰਸੀਪਲ ਕਿਰਨਜੀਤ ਬੱਲ ਦੀ ਰਹਿਨੁਮਾਈ ਹੇਠ ਕੀਤਾ ਗਿਆ।ਇਸ ਸਨਮਾਨ ਸਮਾਰੋਹ ਵਿੱਚ ਕਾਲਜ ਦੀਆਂ ਵੱਖ-ਵੱਖ ਜਮਾਤਾਂ ਦੀਆਂ 41 ਵਿਦਿਆਰਥਣਾਂ (6 ਪੋਸਟ ਗ੍ਰੈਜੂਏਸ਼ਨ ਤੇ 35 ਅੰਡਰ ਗ੍ਰੈਜੂਏਸ਼ਨ) ਦਾ ਸਨਮਾਨ ਕੀਤਾ ਗਿਆ।ਅੰਡਰ ਗ੍ਰੈਜੂਏਸ਼ਨ ਵਿਦਿਆਰਥਣਾਂ ਵਿੱਚੋਂ ਅਰਸ਼ਦੀਪ ਕੌਰ ਬੀ.ਕਾਮ ਟੈਕਸ ਪਲਾਨਿੰਗ ਸਮੈਸਟਰ ਚੌਥਾ, ਸਹਿਜਪ੍ਰੀਤ ਕੌਰ, ਬੀ .ਐੱਸ .ਈ ਨਾਨ ਮੈਡੀਕਲ ਸਿਮੈਸਟਰ ਦੂਜਾ, ਨਿਹਾਰਿਕਾ ਬੀ.ਬੀ.ਏ ਸਮੈਸਟਰ ਛੇਵਾਂ ਤੇ ਪੋਸਟ ਗ੍ਰੈਜੂਏਸ਼ਨ ਵਿਦਿਆਰਥਣਾਂ ਵਿੱਚੋਂ ਅਰਸ਼ ਨੂਰ ਤੇ ਅੰਸ਼ਿਕਾ ਐੱਮ .ਕਾਮ ਸਮੈਸਟਰ ਚੌਥਾ, ਸਿਮਰਨਜੀਤ ਕੌਰ ਐੱਮ. ਏ ਸੰਗੀਤ ਸਾਜ਼ ਸਮੈਸਟਰ ਚੌਥਾ ਤੇ ਰੁਪਿੰਦਰ ਕੌਰ ਐੱਮ. ਏ ਸੰਗੀਤ ਸਾਜ਼ ਸਮੈਸਟਰ ਦੂਜਾ) ਨੇ ਯੂਨੀਵਰਸਿਟੀ ਮੈਰਿਟ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਦੀ ਸ਼ਾਨ ਵਿਚ ਵਾਧਾ ਕੀਤਾ।ਇਸ ਸਨਮਾਨ ਸਮਾਰੋਹ ਵਿੱਚ ਵਿਦਿਆਰਥਣਾਂ ਦੇ ਮਾਤਾ-ਪਿਤਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।

ਪ੍ਰਿੰ. ਕਿਰਨਜੀਤ ਬੱਲ ਨੇ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਸਫਲਤਾ ਲਈ ਵਧਾਈ ਦਿੱਤੀ ਤੇ ਕਿਹਾ ਕਿ ਇਹ ਸਫਲਤਾ ਉਨ੍ਹਾਂ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ।ਇਸ ਮੌਕੇ ਸੰਗੀਤ ਤੇ ਡਾਂਸ ਵਿਭਾਗ ਦੀਆਂ ਵਿਦਿਆਰਥਣਾਂ ਵੱਲੋਂ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਮੌਕੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਆਯੋਜਿਤ ਨੈਤਿਕ ਸਿੱਖਿਆ ਦੇ ਪ੍ਰਤੀਯੋਗੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ।ਇਸ ਸਮਾਗਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ।

## ਵਿਕਾਸ ਪੱਖੋਂ ਵਾਰਡ ਨੰਬਰ 26 ਦੀ ਨੁਹਾਰ ਬਦਲੀ : ਅਮਿਤ ਸੋਢੀ

**ਬਟਾਲਾ, (ਡਾਕਟਰ ਮਲਵਿੰਦਰ ਸਿੰਘ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਹਲਕੇ ਅੰਦਰ ਵਿਕਾਸ ਕਾਰਜਾਂ ਦੀ ਹਨੇਰੀ ਲਗਾਤਾਰ ਜਾਰੀ ਹੈ ਅਤੇ ਵਾਰਡਾਂ ਵਿੱਚ ਕੀਤੇ ਕੰਮ ਨਜ਼ਰ ਆ ਰਹੇ ਹਨ।ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਮਿਤ ਸੋਢੀ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਹਲਕਾ ਬਟਾਲਾ ਖਾਸ ਕਰਕੇ ਸ਼ਹਿਰ ਬਟਾਲਾ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਅਤੇ ਲੋਕਾਂ ਦੀਆਂ ਮੰਗਾਂ ਤਹਿਤ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਵਾਰਡ ਨੰਬਰ 26 ਵਿੱਚ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਗਲੀਆਂ ਬਣਾਉਣ ਸਮੇਤ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।ਉਨ੍ਹਾਂ ਅੱਗੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਮਹਿਜ਼ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਬਟਾਲਾ ਸ਼ਹਿਰ ਅੰਦਰ ਟਰੈਫਿਕ ਦੀ ਸਮੱਸਿਆ ਦੇ ਹੱਲ ਲਈ ਸੜਕਾਂ ਅਤੇ ਚੌਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ।ਹੈਰੀਟੇਜ ਲਾਈਟਾਂ ਲਗਾਈਆਂ ਗਈਆਂ ਹਨ।ਬਟਾਲਾ ਸ਼ਹਿਰ ਵਿੱਚ ਸਕੂਲ ਆਫ ਐਮੀਨੈਂਸ ਬਣਾਇਆ ਗਿਆ ਹੈ ਅਤੇ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ ਰੋਜ਼ਾਨਾ ਆਪਣੇ ਘਰਾਂ ਦੇ ਨੇੜੇ ਹੀ ਆਪਣਾ ਇਲਾਜ ਕਰਵਾ ਰਹੇ ਹਨ।ਸ਼ਾਨਦਾਰ ਪਾਰਕਾਂ ਦੀ ਉਸਾਰੀ ਕਰਵਾਈ ਗਈ ਹੈ ਅਤੇ ਵਿਕਾਸ ਕਾਰਜ ਨਿਰੰਤਰ ਜਾਰੀ ਹਨ।

# ਨਾਟਕਕਾਰ ਗੁਰਸ਼ਰਨ ਸਿੰਘ ਦੇ 97ਵੇਂ ਜਨਮ ਦਿਨ ਮੌਕੇ ਸਮਾਗਮ ਭਲਕੇ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਗੁਰਸ਼ਰਨ ਸਿੰਘ ਯਾਦਗਾਰੀ ਟਰੱਸਟ ਅਤੇ ਗੁਰਸ਼ਰਨ ਸਿੰਘ ਵਿਰਾਸਤ ਸੰਭਾਲ ਕਮੇਟੀ ਵੱਲੋਂ ਮੰਚ-ਰੰਗ ਮੰਚ ਦੇ ਸਹਿਯੋਗ ਨਾਲ ਪ੍ਰਸਿੱਧ ਲੋਕ ਪੱਖੀ ਇਨਕਲਾਬੀ ਨਾਟਕਕਾਰ ਅਤੇ ਸਮਾਜਿਕ ਚਿੰਤਕ ਗੁਰਸ਼ਰਨ ਭਾਅ ਜੀ ਦੇ 97ਵੇਂ ਜਨਮ ਦਿਨ ਦੇ ਮੌਕੇ 16 ਸਤੰਬਰ ਨੂੰ ਕਰਵਾਏ ਜਾ ਰਹੇ ਲੋਕ ਪੱਖੀ ਗੀਤ ਸੰਗੀਤ ਅਤੇ ਸਭਿਆਚਾਰਕ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਜਾਣਕਾਰੀ ਦਿੰਦਿਆਂ ਟਰੱਸਟ ਦੇ ਕਨਵੀਨਰ ਡਾ. ਪਰਮਿੰਦਰ ਸਿੰਘ, ਕੇਵਲ ਧਾਲੀਵਾਲ, ਡਾ. ਨਵਸ਼ਰਨ, ਡਾ. ਅਤੁਲ ਨੇ ਦੱਸਿਆ ਕਿ ਇਹ ਸਮਾਗਮ ਉਨ੍ਹਾਂ ਦੇ ਅੰਮ੍ਰਿਤਸਰ ਸਥਿਤ ਜੱਦੀ ਘਰ ਗੁਰੂ ਖ਼ਾਲਸਾ ਨਿਵਾਸ, ਨਜ਼ਦੀਕ ਹੋਟਲ ਗੋਲਡਨ ਬਿਲਡਿੰਗ, ਰਣਜੀਤਪੁਰਾ ਵਿਖੇ ਬਾਅਦ ਦੁਪਹਿਰ ਚਾਰ ਵਜੇ ਹੋਵੇਗਾ।ਇਸ ਵਿੱਚ ਗੁਰਸ਼ਰਨ ਭਾਅ ਜੀ ਵੱਲੋਂ ਇਨਕਲਾਬੀ ਰੰਗਮੰਚ ਦੇ ਖੇਤਰ ਵਿੱਚ ਪਾਏ ਅਮੁੱਲੇ ਯੋਗਦਾਨ ਨੂੰ ਯਾਦ ਕੀਤਾ ਜਾਵੇਗਾ। ਇਸ ਮੌਕੇ ਪ੍ਰਸਿੱਧ ਲੋਕ ਪੱਖੀ ਗਾਇਕ ਧਰਮਿੰਦਰ ਮਸਾਣੀ, ਕੁਲਦੀਪ ਕਾਲੀਆ ਤੇ ਸਾਥੀਆਂ ਅਤੇ ਜੱਗਾ ਸਿੰਘ ਨਸਰਾਲੀ ਤੇ ਕਸਤੂਰੀ ਲਾਲ ਵੱਲੋਂ ਲੋਕ ਪੱਖੀ ਇਨਕਲਾਬੀ ਗੀਤ ਸੰਗੀਤ ਦੀ ਪੇਸ਼ਕਾਰੀ ਦੇ ਇਲਾਵਾ ਨਾਟਕਕਾਰ ਅਨੀਤਾ ਸ਼ਬਦੀਸ਼ ਅਤੇ ਇਕੱਤਰ ਵੱਲੋਂ ਨਾਟਕ 'ਨਵਾਂ ਜਨਮ' ਅਤੇ ਕੋਰੀਓਗ੍ਰਾਫੀ ਦਾ ਮੰਚਨ ਕੀਤਾ ਜਾਵੇਗਾ।ਇਸ ਤੋਂ ਬਾਅਦ ਜੱਦੀ ਘਰ ਵਿਖੇ ਮੋਮਬੱਤੀਆਂ ਜਗਾਉਣ ਉਪਰੰਤ ਰਾਤ 7 ਵਜੇ ਪ੍ਰਸਿੱਧ ਦਸਤਾਵੇਜ਼ੀ ਫਿਲਮ ਨਿਰਮਾਤਾ ਨਕੁਲ ਸਾਹਨੀ ਵੱਲੋਂ ਇਤਿਹਾਸਕ ਕਿਸਾਨ ਅੰਦੋਲਨ ਉਤੇ ਬਣਾਈ ਵਿਸ਼ੇਸ਼ ਦਸਤਾਵੇਜ਼ੀ ਫਿਲਮ 'ਲੱਖਾਂ ਬਗਾਵਤਾਂ' ਦਾ ਪ੍ਰਸਾਰਨ ਕੀਤਾ ਜਾਵੇਗਾ।ਵਿਰਾਸਤ ਕਮੇਟੀ ਮੈਂਬਰਾਂ ਸੁਮੀਤ ਸਿੰਘ ਅਤੇ ਜਸਵੰਤ ਜੱਸ ਨੇ ਦੱਸਿਆ ਕਿ ਇਸ ਮੌਕੇ ਗੁਰਸ਼ਰਨ ਸਿੰਘ ਯਾਦਗਾਰੀ ਟਰੱਸਟ ਵੱਲੋਂ ਲੋਕ ਪੱਖੀ ਇਨਕਲਾਬੀ ਸਭਿਆਚਾਰਕ ਲਹਿਰ ਨੂੰ ਅੱਗੇ ਵਧਾਉਣ ਵਿੱਚ ਆਜੀਵਨ ਘਾਲਣਾ ਘਾਲਣ ਵਾਲੇ ਪੰਜਾਬ ਲੋਕ ਸੱਭਿਆਚਾਰਕ ਮੰਚ ਦੇ ਪ੍ਰਧਾਨ ਅਤੇ ਪੰਜਾਬ ਦੀ ਇਨਕਲਾਬੀ ਜਮਹੂਰੀ ਲਹਿਰ ਦੇ ਅਣਥੱਕ ਕਾਮੇ ਅਮੋਲਕ ਸਿੰਘ ਨੂੰ 'ਗੁਰਸ਼ਰਨ ਸਿੰਘ ਸਿਮਰਤੀ ਚਿੰਨ੍ਹ' ਨਾਲ ਸਨਮਾਨ ਕੀਤਾ ਜਾਵੇਗਾ।ਇਸ ਸਬੰਧੀ ਹੋਈ ਵਿਸ਼ੇਸ਼ ਮੀਟਿੰਗ ਵਿੱਚ ਹਾਜ਼ਰ ਜਮਹੂਰੀ ਅਧਿਕਾਰ ਸਭਾ ਦੇ ਆਗੂ ਪ੍ਰਮੋਦ ਕੁਮਾਰ, ਜਮਹੂਰੀ ਕਿਸਾਨ ਸਭਾ ਤੋਂ ਕਾ. ਰਤਨ ਰੰਧਾਵਾ, ਨਾਰੀ ਚੇਤਨਾ ਮੰਚ ਤੋਂ ਮੈਡਮ ਰਾਜਿੰਦਰ ਕੌਰ ਅਤੇ ਤਰਕਸ਼ੀਲ ਸੁਸਾਇਟੀ ਤੋਂ ਬਲਦੇਵ ਰਾਜ ਵੇਰਕਾ ਨੇ ਸਮਾਗਮ ਨੂੰ ਸਫ਼ਲ ਬਣਾਉਣ ਲਈ ਆਪਣੇ ਵਿਚਾਰ ਸਾਂਝੇ ਕੀਤੇ।ਇਸਦੇ ਇਲਾਵਾ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ), ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ, ਕਿਰਤੀ ਕਿਸਾਨ ਯੂਨੀਅਨ ਪੰਜਾਬ, ਆਲ ਇੰਡੀਆ ਕਿਸਾਨ ਸਭਾ, ਡੈਮੋਕ੍ਰੇਟਿਕ ਟੀਚਰਜ਼ ਫਰੰਟ, ਰੰਗ ਮੰਚ, ਸਾਹਿਤਕ, ਮੁਲਾਜ਼ਮ ਅਤੇ ਮਜ਼ਦੂਰ ਸੰਸਥਾਵਾਂ ਵੱਲੋਂ 16 ਸਤੰਬਰ ਦੇ ਸਮਾਗਮ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

ਉਨ੍ਹਾਂ ਨੇ ਸਮੂਹ ਰੰਗਕਰਮੀਆਂ, ਨਾਟਕ ਪ੍ਰੇਮੀਆਂ, ਸਭਿਆਚਾਰ ਤੇ ਤਰਕਸ਼ੀਲ ਕਾਰਕੁਨਾਂ, ਲੇਖਕਾਂ ਸਮੇਤ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਵਿਦਿਆਰਥੀਆਂ, ਔਰਤਾਂ, ਅਧਿਆਪਕਾਂ ਆਦਿ ਅਤੇ ਲੋਕ ਪੱਖੀ ਜਨਤਕ ਤੇ ਜਮਹੂਰੀ ਜਥੇਬੰਦੀਆਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ।

# ਬਿਜਲੀ ਕੱਟਾਂ ਖਿਲਾਫ ਕਿਸਾਨਾਂ ਵੱਲੋਂ ਐਕਸੀਅਨ ਜੰਡਿਆਲਾ ਗੁਰੂ ਦੇ ਦਫਤਰ ਅੱਗੇ ਧਰਨਾ




**ਤਰਸਿੱਕਾ/ਚੇਤਨਪੁਰਾ (ਤਰਸੇਮ ਸਿੰਘ ਸਾਧਪੁਰ/ਸੁਖਵੰਤ ਚੇਤਨਪੁਰੀ)**-ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ ਉਪਰ ਖੇਤੀ ਸੈਕਟਰ ਅੰਦਰ ਬਿਜਲੀ ਦੇ ਲੱਗ ਰਹੇ ਭਾਰੀ ਕੱਟਾਂ ਖਿਲਾਫ ਕਿਸਾਨ ਆਗੂ ਲਖਬੀਰ ਸਿੰਘ ਨਿਜਾਮਪੁਰ ਅਤੇ ਗੁਰਮੇਜ ਸਿੰਘ ਤਿੰਮੋਵਾਲ ਦੀ ਅਗਵਾਈ ਹੇਠ ਐਕਸੀਅਨ ਪੰਜਾਬ ਰਾਜ ਬਿਜਲੀ ਬੋਰਡ ਜੰਡਿਆਲਾ ਗੁਰੂ ਦੇ ਦਫਤਰ ਧਰਨਾ ਦਿੱਤਾ ਗਿਆ ਜਿਸ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਦੇ ਅਧਿਕਾਰੀਆਂ ਤੇ ਦੋਸ਼ ਲਾਏ ਕਿ ਜਦੋ ਕਿਸਾਨਾਂ ਦੀਆਂ ਫਸਲਾਂ ਖਾਸ ਕਰਕੇ ਝੋਨੇ ਨੂੰ ਪਾਣੀ ਦੀ ਸਖਤ ਲੋੜ ਹੈ।ਉਸ ਵੇਲੇ ਸਰਕਾਰ ਵੱਲੋਂ ਆਪ ਤੈਅ ਕੀਤੀ ਗਈ ਸਪਲਾਈ 8 ਘੰਟੇ ਦੇਣ ਦੀ ਜਗ੍ਹਾ ਹੁਣ ਸਿਰਫ 4 ਘੰਟੇ ਹੀ ਉਹ ਵੀ ਲਗਾਤਾਰ ਨਹੀਂ ਦਿੱਤੀ ਜਾ ਰਹੀ।ਉਨ੍ਹਾਂ ਨੇ ਕਿਹਾ ਕਿ ਕਿਸਾਨਾਂ ਨੂੰ ਮਹਿੰਗੇ ਭਾਅ ਡੀਜ਼ਲ ਬਾਲ ਕਿ ਜਨਰੇਟਰਾਂ ਰਾਹੀਂ ਆਪਣੀ ਫਸਲ ਨੂੰ ਪਾਣੀ ਦਾ ਪ੍ਰਬੰਧ ਕਰਨਾ ਪੈ ਰਿਹਾ ਹੈ।ਜਿਹੜੀ ਸਰਕਾਰ ਕਿਸਾਨਾਂ ਨੂੰ ਦਫਤਰੀ ਸਮੇਂ ਅਨੁਸਾਰ ਦਿਨ ਵੇਲੇ ਬਿਜਲੀ ਦੇਣ ਦੀਆਂ ਗੱਪਾਂ ਮਾਰ ਰਹੀ ਸੀ।ਹੁਣ ਕੁੰਭਕਰਨ ਦੀ ਨੀਂਦ ਸੁੱਤੀ ਹੋਈ ਹੈ। ਅਖੀਰ ਵਿੱਚ ਐਕਸੀਅਨ ਦੀ ਗੈਰਹਾਜ਼ਰੀ ਵਿੱਚ ਐੱਸਡੀਓ ਸਰਬਜੀਤ ਸਿੰਘ ਨੇ ਚੇਅਰਮੈਨ ਪੰਜਾਬ ਰਾਜ ਬਿਜਲੀ ਬੋਰਡ ਦੇ ਨਾਮ ਮੰਗ ਪੱਤਰ ਪ੍ਰਾਪਤ ਕੀਤਾ।ਮੰਗ ਪੱਤਰ ਵਿੱਚ ਮੰਗ ਕੀਤੀ ਗਈ ਹੈ ਕਿ ਖੇਤੀ ਸੈਕਟਰ ਨੂੰ ਘੱਟੋ ਘੱਟ 8 ਘੰਟੇ ਬਿਜਲੀ ਦੀ ਸਪਲਾਈ ਯਕੀਨੀ ਬਣਾਈ ਜਾਵੇ ਅਤੇ ਸਬਜੀਆਂ ਵਾਲੇ ਇਲਾਕਿਆਂ ਨੂੰ ਦਿਨ ਸਮੇਂ ਬਿਜਲੀ ਸਪਲਾਈ ਦਿੱਤੀ ਜਾਵੇ।

ਕਿਸਾਨ ਆਗੂ ਹਰਪ੍ਰੀਤ ਸਿੰਘ ਬੁਟਾਰੀ, ਖੇਤ ਮਜ਼ਦੂਰ ਆਗੂ ਮੰਗਲ ਸਿੰਘ ਖਜਾਲਾ ਨੇ ਵੀ ਸੰਬੋਧਨ ਕੀਤਾ।ਇਸ ਸਮੇਂ ਕਰਨੈਲ ਸਿੰਘ, ਨਿਰਮਲ ਸਿੰਘ ਨਵਾਂ ਪਿੰਡ, ਗੁਰਜੀਤ ਸਿੰਘ ਨਿਜਾਮਪੁਰ, ਭੁਪਿੰਦਰ ਸਿੰਘ ਵਡਾਲਾ ਜੌਹਲ, ਤੇਜਿੰਦਰ ਸਿੰਘ ਰਵੀ ਛਾਪਾ, ਇਕਬਾਲ ਸਿੰਘ ਫਤਿਹਪੁਰ ਰਾਜਪੂਤਾਂ, ਬਲਕਾਰ ਸਿੰਘ ਦਸ਼ਮੇਸ਼ ਨਗਰ, ਸਵਿੰਦਰ ਸਿੰਘ ਤਿੰਮੋਵਾਲ ਆਦਿ ਮੌਜੂਦ ਸਨ।

## ਪ੍ਰਿੰ. ਬਲਬੀਰ ਸਿੰਘ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ



**ਧਾਰੀਵਾਲ, (ਮਨਦੀਪ ਵਿੱਕੀ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫ਼ਾਵਰ (ਜ਼ਿਲ੍ਹਾ ਗੁਰਦਾਸਪੁਰ) ਵਿਖੇ ਸੇਵਾਵਾਂ ਨਿਭਾਅ ਰਹੇ ਪ੍ਰਿੰਸੀਪਲ ਬਲਬੀਰ ਸਿੰਘ ਅਤੇ ਪਹਿਲਾਂ ਡਿਪਟੀ ਡੀਈਓ ਐਲੀਮੈਂਟਰੀ ਗੁਰਦਾਸਪੁਰ ਵਜੋਂ ਸੇਵਾਵਾਂ ਨਿਭਾਅ ਚੁੱਕੇ ਬਲਬੀਰ ਸਿੰਘ ਦੇ ਬੇਵਕਤੀ ਅਕਾਲ ਚਲਾਣੇ 'ਤੇ ਸੇਵਾਮੁਕਤ ਜ਼ਿਲ੍ਹਾ ਸਿੱਖਿਆ ਅਫ਼ਸਰਾਂ, ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਅਤੇ ਪ੍ਰਿੰਸੀਪਲਾਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ।ਸੇਵਾਮੁਕਤ ਸਿੱਖਿਆ ਅਧਿਕਾਰੀਆਂ ਨੇ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰਕ ਮੈਂਬਰਾਂ ਨੂੰ ਇਹ ਅਸਹਿ ਦੁੱਖ ਸਹਿਣ ਦਾ ਬਲ ਬਖ਼ਸ਼ਣ।ਉਨ੍ਹਾਂ ਨੇ ਪ੍ਰਿੰਸੀਪਲ ਬਲਬੀਰ ਸਿੰਘ ਵੱਲੋਂ ਸਕੂਲ ਸਿੱਖਿਆ ਦੇ ਖੇਤਰ ਵਿੱਚ ਨਿਭਾਈਆਂ ਸਮਰਪਿਤ ਅਤੇ ਸ਼ਲਾਘਾਯੋਗ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਵਿਛੋੜਾ ਸਿੱਖਿਆ ਵਿਭਾਗ ਅਤੇ ਸਮੂਹ ਸਿੱਖਿਆ ਜਗਤ ਲਈ ਵੱਡਾ ਘਾਟਾ ਹੈ।ਪੀੜਤ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਸੇਵਾਮੁਕਤ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਵਿੱਚ ਮਦਨ ਲਾਲ, ਸਾਬਕਾ ਡੀਈਓ ਹਰਪਾਲ ਸਿੰਘ ਸੰਧਾਵਾਲੀਆ, ਸਾਬਕਾ ਡੀਈਓ ਅਮਰਜੀਤ ਸਿੰਘ ਭਾਟੀਆ, ਵਿਨੋਦ ਮਤਰੀ, ਅਮਰਦੀਪ ਸਿੰਘ ਸੈਣੀ, ਸੁਰਜੀਤ ਪਾਲ ਅਤੇ ਹਰਦੀਪ ਸਿੰਘ, ਸੇਵਾਮੁਕਤ ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਵਿੱਚ ਭਾਰਤ ਭੂਸ਼ਣ, ਰਵਿੰਦਰਪਾਲ ਸਿੰਘ ਅਤੇ ਲਖਵਿੰਦਰ ਸਿੰਘ, ਸੇਵਾਮੁਕਤ ਪ੍ਰਿੰਸੀਪਲ ਕੁਲਵੰਤ ਸਿੰਘ ਅਤੇ ਸੁਖਜਿੰਦਰਜੀਤ ਸਿੰਘ ਆਦਿ ਸ਼ਾਮਿਲ ਹਨ।

## ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਜਨਰਲ ਅਜਲਾਸ 'ਚ ਭਰਵੀਂ ਸ਼ਮੂਲੀਅਤ



**ਬਾਬਾ ਬਕਾਲਾ ਸਾਹਿਬ/ ਬਿਆਸ (ਜਸਪਾਲ ਸਿੰਘ/ ਪਰਮਜੀਤ ਰੱਖੜਾ)**-ਕੇਂਦਰੀ ਪੰਜਾਬੀ ਲੇਖਕ ਸਭਾ ਦਾ ਤਿੰਨ ਸਾਲਾ ਅਜਲਾਸ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕਰਵਾਇਆ ਗਿਆ, ਜਿਸ ਵਿੱਚ ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਬੋਲੀ ਨੂੰ ਸਮਰਪਿਤ ਸੇਵਾਂ ਨਿਭਾਉਣ ਵਾਲੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਭਰਵੀ ਸ਼ਮੂਲੀਅਤ ਕੀਤੀ ਗਈ। ਇਸ ਦੌਰਾਨ ਅਜਲਾਸ ਵਿੱਚ ਬਾਬਾ ਬਕਾਲਾ ਸਾਹਿਬ ਤੋਂ ਸਭਾ ਦੇ ਮੁੱਖ ਸੰਚਾਲਕ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ: ਸ਼ੇਲਿੰਦਰਜੀਤ ਸਿੰਘ ਰਾਜਨ ਦੀ ਅਗਵਾਈ ਹੇਠ ਖਜ਼ਾਨਚੀ ਮਾਸਟਰ ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ ਅਤੇ ਡਾ: ਪਰਮਜੀਤ ਸਿੰਘ ਬਾਠ, ਜਗਦੀਸ਼ ਸਿੰਘ ਬਮਰਾਹ, ਡਾਕਟਰ ਕੁਲਵੰਤ ਸਿੰਘ ਬਾਠ, ਮਾਸਟਰ ਧਰਮ ਸਿੰਘ ਧਿਆਨਪੁਰ, ਸਕੱਤਰ ਸਿੰਘ ਪੁਰੇਵਾਲ, ਸਰਤਾਜ ਜਲਾਲਾਬਾਦੀ, ਸੰਨਪ੍ਰੀਤ ਸਿੰਘ ਅਠੋਲਾ, ਬਲਦੇਵ ਸਿੰਘ ਸਠਿਆਲਾ, ਸ਼ਿੰਗਾਰਾ ਸਿੰਘ ਸਠਿਆਲਾ, ਸੁਖਰਾਜ ਸਿੰਘ, ਅਜੈਬ ਸਿੰਘ ਬੋਦੇਵਾਲ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਮਾਸਟਰ ਬਲਬੀਰ ਸਿੰਘ ਬੀਰ, ਸੁਖਵੰਤ ਕੌਰ ਵੱਸੀ, ਹਰਮੇਸ਼ ਕੌਰ ਜੋਧੇ, ਹਰਵਿੰਦਰਜੀਤ ਕੌਰ ਬਾਠ, ਗੁਰਮੀਤ ਕੌਰ ਬੱਲ, ਸੁਰਿੰਦਰ ਖਿਲਚੀਆਂ, ਅਸ਼ੋਕ ਟਾਂਡੀ, ਹਰਭਜਨ ਸਿੰਘ ਭਗਰਥ ਅਤੇ ਦਸਮੇਸ਼ ਦੀਪਕ ਸਿੰਘ ਨੇ ਹਿੱਸਾ ਲਿਆ।

ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਪੰਜਾਬੀ ਭਾਸ਼ਾ ਨੂੰ ਸਰਕਾਰੀ ਅਤੇ ਜਨਤਕ ਜੀਵਨ ਵਿੱਚ ਪੂਰੀ ਤਰ੍ਹਾਂ ਲਾਗੂ ਕਰਨ ਦਾ ਮਤਾ ਸਭਾ ਦੇ ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ ਨੇ ਸਰਕਾਰੀ ਮੁਲਾਜ਼ਮਾਂ ਦੇ ਬਕਾਇਆ ਹੱਕ ਅਤੇ ਠੇਕਾ ਕਾਮਿਆਂ ਦੀ ਸੁਰੱਖਿਆ ਦਾ ਮਤਾ ਅਤੇ ਸੀ: ਮੀਤ ਪ੍ਰਧਾਨ ਡਾ: ਪਰਮਜੀਤ ਸਿੰਘ ਬਾਠ ਨੇ ਪੰਜਾਬੀ ਬਨੂੰ ਰੁਜਗਾਰ ਅਤੇ ਆਰਥਿਕ ਜੀਵਨ ਨਾਲ ਜੋੜਣ ਦਾ ਮਤਾ ਪੇਸ਼ ਕੀਤਾ, ਜਿਸਦੀ ਹਾਜ਼ਰ ਇੱਕਠ ਵੱਲੋਂ ਪ੍ਰੋੜਤਾ ਕੀਤੀ ਗਈ।

# ਸਾਹਿਤ ਸਭਾ ਚੋਗਾਵਾਂ ਵੱਲੋਂ 37ਵਾਂ ਸਾਲਾਨਾ ਸਨਮਾਨ ਸਮਾਰੋਹ ਪਹਿਲੀ ਨਵੰਬਰ ਨੂੰ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪੰਜਾਬੀ ਸਾਹਿਤ ਸਭਾ ਚੋਗਾਵਾਂ ਦੀ ਜ਼ਰੂਰੀ ਇਕੱਤਰਤਾ ਬਾਬਾ ਜਾਗੋ ਸ਼ਹੀਦ ਆਦਰਸ਼ ਸਕੂਲ ਕੋਹਾਲੀ ਵਿਖੇ ਸਭਾ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਹੋਈ।ਇਕੱਤਰਤਾ ਦੌਰਾਨ ਸਭਾ ਵੱਲੋਂ 37ਵਾਂ ਸਾਲਾਨਾ ਸਨਮਾਨ ਸਮਾਰੋਹ 1 ਨਵੰਬਰ ਨੂੰ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਭਾ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਇਸ ਵਾਰ 'ਸਤਨਾਮ ਸਿੱਧੂ ਫ਼ਰੀਦਕੋਟੀ ਪੁਰਸਕਾਰ' ਗਾਇਕ ਤੇ ਗੀਤਕਾਰ ਮਾਹੀ ਮਰਜਾਣਾ ਨੂੰ, 'ਕਾਮਰੇਡ ਸੋਹਨ ਸਿੰਘ ਜੋਸ਼ ਪੁਰਸਕਾਰ' ਮੈਗਜ਼ੀਨ 'ਅਨੁਤਾਸ਼' ਦੇ ਸੰਪਾਦਕ ਕਮਲ ਗਿੱਲ ਨੂੰ, 'ਕਵੀ ਹਰੀ ਸਿੰਘ ਗਰੀਬ ਪੁਰਸਕਾਰ' ਸ਼ਾਇਰ ਸਤਨਾਮ ਜੱਸੜ ਨੂੰ, 'ਦਰਸ਼ਨ ਸਿੰਘ ਧੰਜਲ ਕਥਾ ਪੁਰਸਕਾਰ' ਬਹੁਪੱਖੀ ਲੇਖਕ ਰੋਜ਼ੀ ਸਿੰਘ ਨੂੰ ਅਤੇ 'ਹਰਭਜਨ ਸਿੰਘ ਜੱਬਲ ਪੁਰਸਕਾਰ' ਅਦਾਕਾਰ ਤੇ ਨਾਟ ਡਾਇਰੈਕਟਰ ਦਲਜੀਤ ਸੋਨਾ ਨੂੰ ਪ੍ਰਦਾਨ ਕੀਤੇ ਜਾਣਗੇ।ਇਕੱਤਰਤਾ ਦੌਰਾਨ ਸਭਾ ਦੀਆਂ ਪਿਛਲੀਆਂ ਸਾਹਿਤਕ ਸਰਗਰਮੀਆਂ ਸਬੰਧੀ ਵਿਚਾਰ-ਵਟਾਂਦਰਾ ਕਰਨ ਤੋਂ ਇਲਾਵਾ ਆਗਾਮੀ ਸਾਲਾਨਾ ਸਮਾਗਮ ਦੀਆਂ ਤਿਆਰੀਆਂ ਬਾਰੇ ਵੀ ਵਿਚਾਰ ਸਾਂਝੇ ਕੀਤੇ ਗਏ।ਇਸ ਮੌਕੇ ਹਾਜ਼ਰ ਸਾਹਿਤਕਾਰਾਂ ਵੱਲੋਂ ਆਪਣੀਆਂ ਕਾਵਿ ਰਚਨਾਵਾਂ ਵੀ ਪੜ੍ਹੀਆਂ ਗਈਆਂ, ਜਿਨ੍ਹਾਂ 'ਤੇ ਉਸਾਰੂ ਬਹਿਸ ਅਤੇ ਵਿਚਾਰ-ਵਟਾਂਦਰਾ ਹੋਇਆ।

ਇਸ ਮੌਕੇ ਡਾ. ਕੇਵਲ ਸਿੰਘ ਰੰਧਾਵਾ, ਸਤਿੰਦਰਪਾਲ ਸਿੰਘ ਰੰਧਾਵਾ, ਕੁਲਵਿੰਦਰ ਸਿੰਘ ਅਨੰਦ, ਕਾਬਲ ਸਿੰਘ ਛੀਨਾ, ਨਿਸ਼ਾਨ ਸਿੰਘ ਛੀਨਾ, ਸਤਨਾਮ ਸਿੰਘ ਜੱਸੜ, ਸਰਤਾਜ ਸਿੰਘ ਸੰਧੂ, ਰਾਜ ਕੁਮਾਰ ਰਾਜ, ਕੁਲਵੰਤ ਸਿੰਘ ਕੰਤ, ਲਾਡੀ ਹੁੰਦਲ, ਯੁੱਧਵੀਰ ਸਿੰਘ ਔਲਖ ਸਮੇਤ ਸਭਾ ਦੇ ਹੋਰ ਮੈਂਬਰ ਹਾਜ਼ਰ ਸਨ।

# ਗਣਪਤੀ ਦੀ ਮੂਰਤੀ ਸਥਾਪਤ

ਪਠਾਨਕੋਟ (ਦਵਿੰਦਰ ਸਿੰਘ)-ਕਪਿਲਾ ਚੈਰੀਟੇਬਲ ਗਊਸ਼ਾਲਾ ਸੁਜਾਨਪੁਰ ਵੱਲੋਂ ਪ੍ਰਧਾਨ ਰਾਜਕੁਮਾਰ ਰਾਜੂ ਦੀ ਅਗਵਾਈ ਹੇਠ ਗਣਪਤੀ ਮਹਾ ਉਤਸਵ ਦਾ ਆਯੋਜਨ ਕੀਤਾ ਗਿਆ।ਇਹ ਸਮਾਗਮ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਗਿਆ, ਜਿਸ ਦੌਰਾਨ ਹਵਨ-ਯੱਗ ਕੀਤਾ ਗਿਆ ਅਤੇ ਗਣਪਤੀ ਦੀ ਮੂਰਤੀ ਸਥਾਪਿਤ ਕੀਤੀ ਗਈ।ਬੁਲਾਰਿਆ ਨੇ ਦੱਸਿਆ ਕਿ ਇਹ ਮਹਾ ਉਤਸਵ ਦਸ ਦਿਨਾਂ ਤੱਕ ਚੱਲੇਗਾ ਅਤੇ 24 ਸਤੰਬਰ ਨੂੰ ਗਣਪਤੀ ਜੀ ਦੀ ਮੂਰਤੀ ਦਾ ਰਾਵੀ ਦਰਿਆ ਵਿੱਚ ਵਿਸਰਜਨ ਕੀਤਾ ਜਾਵੇਗਾ।ਇਸ ਮੌਕੇ ਰਘੂਭੂਸ਼ਣ, ਰਵਿੰਦਰ ਜਸਰੋਟੀਆ, ਪ੍ਰਦੀਪ ਜਸਰੋਟੀਆ, ਨੀਤਾ, ਸਤੀਸ਼ ਚੌਹਾਨ, ਅਭਿਲਾਸ਼ਾ, ਮਨੂ ਭਾਰਤੀ, ਅੰਜਨਾ, ਸੰਜੋਗਿਤਾ, ਗੋਲਡੀ, ਆਂਚਲਾ, ਪੂਰੋ ਦੇਵੀ, ਨੀਤੂ, ਮੋਨਿਕਾ ਆਦਿ ਹਾਜ਼ਰ ਸਨ



# ਰਮਨ ਬਹਿਲ ਨੇ ਸੈਣੀ ਭਵਨ ਜਾਫਲਪੁਰ ਦੇ ਨਵੀਨੀਕਰਨ ਦੀ ਕਰਵਾਈ ਸ਼ੁਰੂਆਤ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਸੈਣੀ ਭਵਨ ਜਾਫਲਪੁਰ ਦੇ ਨਵੀਨੀਕਰਨ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਵੱਲੋਂ ਵਿਧੀਵਤ ਤਰੀਕੇ ਨਾਲ ਕਰਵਾਈ ਗਈ।ਇਸ ਮੌਕੇ ਸੈਣੀ ਸਭਾ ਜਾਫਲਪੁਰ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਰਮਨ ਬਹਿਲ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਅੱਜ ਦਾ ਦਿਨ ਸੈਣੀ ਸਭਾ ਜਾਫਲਪੁਰ ਅਤੇ ਸਮੁੱਚੇ ਭਾਈਚਾਰੇ ਲਈ ਬਹੁਤ ਖੁਸ਼ੀ ਵਾਲਾ ਦਿਨ ਹੈ। ਉਨ੍ਹਾਂ ਦੱਸਿਆ ਕਿ ਸੈਣੀ ਭਵਨ ਜਾਫਲਪੁਰ ਦੀ ਇਮਾਰਤ ਦੇ ਨਵੀਨੀਕਰਨ ਲਈ 15 ਲੱਖ ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਗਈ ਹੈ। ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਨਿਰਮਾਣ ਯੋਜਨਾ ਰਾਹੀਂ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਸੈਣੀ ਸਭਾ ਜਾਫਲਪੁਰ ਦੀ ਇਮਾਰਤ ਦੇ ਨਵੀਨੀਕਰਨ ਲਈ 15 ਲੱਖ ਰੁਪਏ ਦੀ ਰਾਸ਼ੀ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਸਮੁੱਚਾ ਨਵੀਨੀਕਰਨ ਸੈਣੀ ਸਭਾ ਜਾਫਲਪੁਰ ਦੀ ਦੇਖ-ਰੇਖ ਹੇਠ ਕਰਵਾਇਆ ਜਾਵੇਗਾ, ਤਾਂ ਜੋ ਭਵਨ ਨੂੰ ਹੋਰ ਸੁੰਦਰ, ਸੁਵਿਧਾਜਨਕ ਅਤੇ ਲੋਕਾਂ ਲਈ ਵਧੇਰੇ ਉਪਯੋਗੀ ਬਣਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਉਹ ਸੈਣੀ ਸਭਾ ਜਾਫਲਪੁਰ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਵਿਸ਼ਵਾਸ ਦਿਵਾਉਂਦੇ ਹਨ ਕਿ ਉਹ ਹਮੇਸ਼ਾ ਉਨ੍ਹਾਂ ਦੀ ਸੇਵਾ ਵਿੱਚ ਹਾਜ਼ਰ ਰਹਿਣਗੇ।ਉਨ੍ਹਾਂ ਸੈਣੀ ਸਭਾ ਜਾਫਲਪੁਰ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਨਵੀਨੀਕਰਨ ਦੀ ਸ਼ੁਰੂਆਤ 'ਤੇ ਵਧਾਈ ਦਿੱਤੀ।ਇਸ ਮੌਕੇ ਚੇਅਰਮੈਨ ਵੈਲਫੇਅਰ ਬੋਰਡ ਦਵਿੰਦਰ ਸਿੰਘ ਹੈਪੀ, ਸੈਣੀ ਸਭਾ ਜਾਫਲਪੁਰ ਦੇ ਪ੍ਰਧਾਨ ਬਖਸ਼ੀਸ਼ ਸਿੰਘ ਸੈਣੀ, ਜਨਰਲ ਸਕੱਤਰ ਮਲਕੀਤ ਸਿੰਘ ਸੈਣੀ, ਉਪ ਪ੍ਰਧਾਨ ਸੁਰੇਸ਼ ਸੈਣੀ, ਉਪ ਪ੍ਰਧਾਨ ਕਮਲਜੀਤ ਸਿੰਘ ਰੱਬ, ਉਪ ਪ੍ਰਧਾਨ ਕਰਮ ਸਿੰਘ ਸੈਣੀ, ਬਲਜਿੰਦਰ ਸਿੰਘ, ਗੁਰਦਿਆਲ ਸਿੰਘ, ਗੁਰਦੀਪ ਸਿੰਘ, ਸਰਪ੍ਰਸਤ ਦਰਸ਼ਨ ਸਿੰਘ, ਬਲਬੀਰ ਸੈਣੀ, ਮੰਨਣ ਸੈਣੀ ਸਮੇਤ ਸੈਣੀ ਸਭਾ ਦੇ ਹੋਰ ਅਹੁਦੇਦਾਰ, ਮੈਂਬਰ ਅਤੇ ਪਤਵੰਤੇ ਹਾਜ਼ਰ ਸਨ।

# ਬਿਜਲੀ ਕੱਟਾਂ ਤੋਂ ਅੱਕੇ ਕਿਸਾਨਾਂ ਨੇ ਐੱਸ ਈ ਨੂੰ ਸੌਂਪਿਆ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ



**ਅਜਨਾਲਾ/ਛੇਹਰਟਾ/ਖਾਸਾ, (ਸੁਖਤਿੰਦਰ ਸਿੰਘ ਰਾਜੂ/ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਲਗਾਤਾਰ ਬਿਜਲੀ ਕੱਟਾਂ ਤੋਂ ਖ਼ਫ਼ਾ ਹੋਏ ਕਿਸਾਨ ਪੰਜਾਬ ਸਰਕਾਰ ਤੇ ਬਿਜਲੀ ਬੋਰਡ ਵਿਰੁੱਧ ਨਾਅਰੇ ਮਾਰਦੇ ਹੋਏ ਚੀਫ ਇੰਜੀਨੀਅਰ ਬਾਰਡਰ ਰੇਂਜ ਬਿਜਲੀ ਬੋਰਡ ਦੇ ਦਫ਼ਤਰ ਸਾਹਮਣੇ ਇਕੱਠੇ ਹੋਏ।

ਇਸ ਮੌਕੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਤੇ ਐੱਸ.ਕੇ.ਐੱਮ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸਵਿੰਦਰ ਸਿੰਘ ਮੀਰਾਂਕੋਟ ਤੇ ਕਿਰਤੀ ਕਿਸਾਨ ਯੂਨੀਅਨ ਦੇ ਸੀਨੀਅਰ ਆਗੂ ਮੇਜਰ ਸਿੰਘ ਕੜਿਆਲ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਤੇ ਬਿਜਲੀ ਬੋਰਡ ਦੇ ਨਾਕਸ ਪ੍ਰਬੰਧਾਂ ਕਾਰਨ ਪਣ ਬਿਜਲੀ ਦੀ ਕੁੱਲ ਸਮਰੱਥਾ ਕੋਈ 12 ਤੋਂ 13 ਹਜ਼ਾਰ ਮੈਗਾਵਾਟ ਹੋਣ ਦੇ ਬਾਵਜੂਦ ਸਿਰਫ਼ 6-7 ਹਜ਼ਾਰ ਮੈਗਾਵਾਟ ਬਿਜਲੀ ਹੀ ਪੈਦਾ ਹੋ ਰਹੀ ਹੈ ਅਤੇ ਬਾਕੀ ਦੀ ਬਿਜਲੀ ਪੰਜਾਬ ਸਰਕਾਰ ਬਾਹਰੋਂ ਮੁੱਲ ਲੈਂਦੀ ਹੈ ਜਿਹੜਾ ਕਿ ਲੋਕਾਂ ਤੇ ਨਜਾਇਜ਼ ਭਾਰ ਹੈ। ਆਗੂਆਂ ਨੇ ਕਿਹਾ ਕਿ ਇਸ ਵੇਲੇ ਝੋਨਾ ਤੇ ਬਾਸਮਤੀ ਪੱਕਣ ਦੇ ਨੇੜੇ ਹਨ, ਜਿਨ੍ਹਾਂ ਨੂੰ ਪਾਣੀ ਦੀ ਸਖ਼ਤ ਜ਼ਰੂਰਤ ਹੈ, ਪ੍ਰੰਤੂ ਬਿਜਲੀ ਦੇ ਲਗਾਤਾਰ 4-4 ਘੰਟੇ ਦੇ ਕੱਟ ਲੱਗਣ ਕਾਰਨ ਝੋਨੇ ਦੀ ਪੈਦਾਵਾਰ ਘੱਟ ਸਕਦੀ ਹੈ। ਇਸ ਦੇ ਨਾਲ ਹੀ ਸਬਜ਼ੀਆਂ, ਬਾਗਾਂ ਤੇ ਚਾਰੇ ਆਦਿ ਦੀਆਂ ਫ਼ਸਲਾਂ ਵੀ ਪਾਣੀ ਨਾ ਮਿਲਣ ਕਾਰਨ ਉਤਪਾਦਨ 'ਤੇ ਫਰਕ ਪੈ ਰਿਹਾ ਹੈ।

ਇਸ ਮੌਕੇ ਕੁਲਵੰਤ ਸਿੰਘ, ਬੇਅੰਤ ਸਿੰਘ ਮੱਲੂਨੰਗਲ, ਭੁਪਿੰਦਰ ਸਿੰਘ ਛੀਨਾ,ਬਲਕਾਰ ਸਿੰਘ ਬਾਜਵਾ ਪੰਜਗਰਾਈਂ, ਜਸਬੀਰ ਸਿੰਘ ਰੱਖ ਉਠੀਆ, ਮੱਖਣ ਸਿੰਘ ਬੱਲ, ਮਜ਼ਦੂਰ ਆਗੂ ਸੰਤੋਖ ਸਿੰਘ, ਜਸਵਿੰਦਰ ਸਿੰਘ ਸਿੱਧੂ, ਅਮਰਜੀਤ ਸਿੰਘ, ਬਲਜਿੰਦਰ ਸਿੰਘ ਆਦਿ ਨੇ ਵੀ ਬਿਜਲੀ ਦੀ ਨਿਰਵਿਘਨ ਸਪਲਾਈ ਦੀ ਜ਼ੋਰਦਾਰ ਮੰਗ ਉਠਾਈ।

# ਖਾਲਸਾ ਕਾਲਜ ਆਫ ਇੰਜੀਨੀਅਰਿੰਗ ਵਿਖੇ ਬੂਟੇ ਲਾਉਣ ਦੀ ਮੁਹਿੰਮ ਦਾ ਅਗਾਜ਼



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਰਣਜੀਤ ਐਵੀਨਿਊ ਵੱਲੋਂ ਅੰਮ੍ਰਿਤਸਰ ਹਰਿਆਵਲ ਮੰਚ ਦੇ ਸਹਿਯੋਗ ਨਾਲ ਬੂਟੇ ਲਗਾਉਣ ਦੀ ਮੁਹਿੰਮ ਦਾ ਸ਼ਾਨਦਾਰ ਅਗਾਜ਼ ਕੀਤਾ ਗਿਆ। ਕਾਲਜ ਡਾਇਰੈਕਟਰ ਡਾ. ਮੰਜੂ ਬਾਲਾ ਦੀ ਰਹਿਨੁਮਾਈ ਹੇਠ ਕਰਵਾਏ ਗਏ ਇਸ ਉਪਰਾਲੇ ਦਾ ਮਕਸਦ ਵਾਤਾਵਰਣ ਸਥਿਰਤਾ ਨੂੰ ਉਤਸ਼ਾਹਿਤ, ਹਰਿਆਵਲ 'ਚ ਵਾਧਾ ਅਤੇ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੁਰੱਖਿਆ ਤੇ ਸੰਭਾਲ ਪ੍ਰਤੀ ਆਪਣੀ ਜ਼ਿੰਮੇਵਾਰੀ ਸਬੰਧੀ ਜਾਗਰੂਕ ਕਰਨਾ ਸੀ। ਇਸ ਮੌਕੇ ਡਾ. ਮੰਜੂ ਬਾਲਾ ਨੇ ਵਾਤਾਵਰਣ ਸੰਤੁਲਨ ਬਣਾਈ ਰੱਖਣ ਅਤੇ ਇਸ ਸਬੰਧੀ ਚੁਣੌਤੀਆਂ ਨਾਲ ਨਜਿੱਠਣ ਲਈ ਬੂਟੇ ਲਗਾਉਣ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਨੌਜਵਾਨ ਪੀੜ੍ਹੀ 'ਚ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਅਤੇ ਉਨ੍ਹਾਂ ਨੂੰ ਟਿਕਾਊ ਜੀਵਨ-ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨ 'ਚ ਵਿੱਦਿਅਕ ਸੰਸਥਾਵਾਂ ਦੀ ਅਹਿਮ ਭੂਮਿਕਾ ਹੁੰਦੀ ਹੈ। ਇਸ ਮੌਕੇ ਉਨ੍ਹਾਂ ਹਰਿਆਵਲ ਅਤੇ ਵਾਤਾਵਰਣ ਦੀ ਸੰਭਾਲ ਲਈ ਅੰਮ੍ਰਿਤਸਰ ਹਰਿਆਵਲ ਮੰਚ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਵੀ ਕੀਤੀ। ਡਾ. ਮੰਜੂ ਬਾਲਾ ਨੇ ਕਿਹਾ ਕਿ ਮੁਹਿੰਮ ਦੌਰਾਨ ਕੈਂਪਸ ਵਿਖੇ ਚੀਕੂ (ਸਪੋਟਾ), ਸੇਬ, ਆਲੂਬੁਖਾਰਾ, ਮੌਸਮੀ, ਕੇਲਾ, ਸੰਤਰਾ, ਸੀਤਾਫਲ, ਲੀਚੀ, ਬੇਰੀ, ਆਂਵਲਾ, ਪਪੀਤਾ, ਗਾਬੂ ਗੋਸ਼ਾ, ਆੜੂ, ਨਿੰਬੂ, ਅੰਜੀਰ, ਅੰਬ, ਅਮਰੂਦ, ਮਿੱਠੀ ਇਮਲੀ, ਅਨਾਰ, ਬਦਾਮ, ਜਾਮੁਨ, ਨਾਸ਼ਪਾਤੀ, ਜਟਰੋਫਾ, ਚਾਂਦਨੀ ਅਤੇ ਹੈਬੀ ਕੌਸ ਆਦਿ ਫਲਦਾਰ, ਔਸ਼ਧੀ, ਸਜਾਵਟੀ ਅਤੇ ਵਾਤਾਵਰਣ ਲਈ ਲਾਹੇਵੰਦ ਕਿਸਮਾਂ ਦੇ ਵੱਖ-ਵੱਖ ਬੂਟੇ ਲਗਾਏ ਗਏ। ਇਸ ਮੌਕੇ ਮੰਚ ਤੋਂ ਉਪ ਪ੍ਰਧਾਨ ਸ: ਕਿਰਪਾਲ ਸਿੰਘ ਬੱਬਰ, ਇੰਜ. ਜਤਿੰਦਰ ਲਖਨਪਾਲ, ਹਾਸਪੀਟੈਲਿਟੀ ਡਾਇਰੈਕਟਰ ਸ: ਮਨਦੀਪ ਸਿੰਘ, ਵਰਕਿੰਗ ਜਨਰਲ ਸਕੱਤਰ ਸ: ਅਵਤਾਰ ਸਿੰਘ ਬੁੱਟਰ ਅਤੇ ਸੀਨੀਅਰ ਉਪ ਪ੍ਰਧਾਨ ਡਾ. ਜਸਪ੍ਰੀਤ ਕੇ. ਸੋਬਤੀ ਤੋਂ ਇਲਾਵਾ ਹੋਰ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

# ਬਿਜਲੀ ਦੀ ਸਮੱਸਿਆ ਤੋਂ ਮਿਲੀ ਰਾਹਤ; ਨਵਾਂ ਟ੍ਰਾਂਸਫਾਰਮਰ ਸਥਾਪਤ



ਚੋਹਲਾ ਸਾਹਿਬ (ਰਮਨ ਚੱਢਾ):ਇਲਾਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਵਚਨਬੱਧ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹਲਕਾ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਅਤੇ ਚੇਅਰਮੈਨ ਦਇਆ ਸਿੰਘ ਸੰਧੂ ਦੀ ਯੋਗ ਪ੍ਰੇਰਨਾ ਸਦਕਾ ਪੱਤੀ ਬਾਦੇ ਕੀ (ਚੋਹਲਾ ਸਾਹਿਬ) ਵਿਖੇ ਨਵਾਂ ਬਿਜਲੀ ਟ੍ਰਾਂਸਫਾਰਮਰ ਲਗਵਾਇਆ ਗਿਆ ਹੈ। ਇਸ ਨਵੇਂ ਟ੍ਰਾਂਸਫਾਰਮਰ ਦੇ ਲੱਗਣ ਨਾਲ ਇਲਾਕਾ ਨਿਵਾਸੀਆਂ ਨੂੰ ਲੰਮੇ ਸਮੇਂ ਤੋਂ ਆ ਰਹੀ ਘੱਟ ਵੋਲਟੇਜ ਅਤੇ ਬਿਜਲੀ ਦੇ ਕੱਟਾਂ ਦੀ ਸਮੱਸਿਆ ਤੋਂ ਵੱਡੀ ਰਾਹਤ ਮਿਲੇਗੀ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਦਇਆ ਸਿੰਘ ਸੰਧੂ ਨੇ ਸਮੂਹ ਨਗਰ ਨਿਵਾਸੀਆਂ ਅਤੇ ਇਲਾਕੇ ਦੇ ਲੋਕਾਂ ਨੂੰ ਵਿਸ਼ੇਸ਼ ਅਪੀਲ ਕੀਤੀ ਕਿ ਕਿਸੇ ਵੀ ਵਿਅਕਤੀ ਨੂੰ ਬਿਜਲੀ ਨਾਲ ਸਬੰਧਿਤ ਜਾਂ ਕਿਸੇ ਹੋਰ ਸਰਕਾਰੀ ਕੰਮ-ਕਾਰ ਵਿੱਚ ਕੋਈ ਵੀ ਦਿੱਕਤ ਆਉਂਦੀ ਹੈ, ਤਾਂ ਉਹ ਬਿਨਾਂ ਕਿਸੇ ਝਿਜਕ ਦੇ ਉਨ੍ਹਾਂ ਨਾਲ ਸਿੱਧਾ ਸੰਪਰਕ ਕਰਨ।ਉਨ੍ਹਾਂ ਭਰੋਸਾ ਦਿਵਾਇਆ ਕਿ ਇਲਾਕਾ ਨਿਵਾਸੀਆਂ ਦੀਆਂ ਸਾਰੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇਗਾ ਅਤੇ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।ਨਿਵਾਸੀਆਂ ਨੇ ਨਵਾਂ ਟ੍ਰਾਂਸਫਾਰਮਰ ਲੱਗਣ ਤੇ ਹਲਕਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ, ਚੇਅਰਮੈਨ ਦਇਆ ਸਿੰਘ ਸੰਧੂ ਅਤੇ ਪਾਵਰਕਾਮ ਪ੍ਰਸ਼ਾਸਨ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਸਿੱਖਿਆ ਤੇ ਸਮਾਜਿਕ ਜ਼ਿੰਮੇਵਾਰੀ 'ਚ ਸ਼ਾਨਦਾਰ ਯੋਗਦਾਨ ਲਈ ਆਰ ਬੀ ਯੂ ਸਨਮਾਨਤ

ਚੰਡੀਗੜ੍ਹ (ਗੁਰਜੀਤ ਬਿੱਲਾ)- ਰਿਆਤ ਬਾਹਰਾ ਯੂਨੀਵਰਸਿਟੀ ਨੂੰ ਸੀਨੀਅਰ ਪੱਤਰਕਾਰ ਫੋਰਮ ਦੇ ਪਹਿਲੇ ਵਰ੍ਹੇਗੰਢ ਸਮਾਰੋਹ ਦੌਰਾਨ ਸਿੱਖਿਆ, ਨਵੀਨਤਾ, ਖੋਜ ਅਤੇ ਸਿੱਖਿਆ ਤੇ ਸਮਾਜਿਕ ਜ਼ਿੰਮੇਵਾਰੀ ਦੇ ਖੇਤਰਾਂ ਵਿੱਚ ਸ਼ਾਨਦਾਰ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵੱਲੋਂ ਪ੍ਰਦਾਨ ਕੀਤਾ ਗਿਆ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਚਾਂਸਲਰ ਅਤੇ ਰਿਆਤ ਬਾਹਰਾ ਗਰੁੱਪ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਅਤੇ ਸਮੁੱਚੇ ਯੂਨੀਵਰਸਿਟੀ ਪਰਵਾਰ ਦੀ ਤਰਫ਼ੋਂ ਇਹ ਸਨਮਾਨ ਪ੍ਰਾਪਤ ਕੀਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਰਾਜਪਾਲ ਨੇ ਨਸ਼ਿਆਂ ਦੀ ਦੁਰਵਰਤੋਂ ਨਾਲ ਨਜਿੱਠਣ, ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਵਿੱਚ ਜ਼ਿੰਮੇਵਾਰ ਨਾਗਰਿਕਤਾ ਦੀ ਭਾਵਨਾ ਪੈਦਾ ਕਰਨ ਲਈ ਵਿਦਿਅਕ ਸੰਸਥਾਵਾਂ, ਸਿਵਲ ਸੁਸਾਇਟੀ ਅਤੇ ਮੀਡੀਆ ਨੂੰ ਮਿਲ ਕੇ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।



ਇਸ ਮੌਕੇ ਪ੍ਰੋ. (ਡਾ.) ਸੰਜੇ ਕੁਮਾਰ ਨੇ ਕਿਹਾ ਕਿ ਯੂਨੀਵਰਸਿਟੀ ਨੇ ਖੋਜ, ਅਕਾਦਮਿਕ ਉੱਤਮਤਾ ਅਤੇ ਨਵੀਨਤਾ ਦੇ ਖੇਤਰਾਂ ਵਿੱਚ ਮਹੱਤਵਪੂਰਨ ਤਰੱਕੀ ਕੀਤੀ ਹੈ। ਉਨ੍ਹਾਂ ਨੇ ਰਾਸ਼ਟਰੀ ਸਿੱਖਿਆ ਨੀਤੀ (ਐੱਨ ਈ ਪੀ) ਨੂੰ ਲਾਗੂ ਕਰਨ, ਸਿੱਖਿਆ ਵਿੱਚ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਨੂੰ ਏਕੀਕ੍ਰਿਤ ਕਰਨ ਅਤੇ ਸਿੱਖਿਆ ਤੇ ਸਮਾਜਿਕ ਜ਼ਿੰਮੇਵਾਰੀ ਨਾਲ ਸਬੰਧਤ ਪਹਿਲਕਦਮੀਆਂ ਨੂੰ ਉਤਸ਼ਾਹਿਤ ਕਰਨ ਲਈ ਯੂਨੀਵਰਸਿਟੀ ਦੇ ਯਤਨਾਂ ਨੂੰ ਉਜਾਗਰ ਕੀਤਾ।

## ਸੀ ਪੀ ਆਈ (ਐੱਮ) ਵੱਲੋਂ ਭਲਕ ਦੀ ਕਨਵੈਨਸ਼ਨ ਦੀਆਂ ਤਿਆਰੀਆਂ ਮੁਕੰਮਲ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸੀ ਪੀ ਆਈ (ਐਮ) ਵੱਲੋਂ 16 ਸਤੰਬਰ ਦਿਨ ਬੁੱਧਵਾਰ ਨੂੰ ਯੋ ਕੋ ਹਾਮਾ ਹੋਟਲ ਨੇੜੇ ਪੁਰਾਣਾ ਸਿਨਮਾ ਬੰਗਾ ਰੋਡ ਗੜ੍ਹਸ਼ੰਕਰ ਵਿਖੇ ਸੂਬਾਈ ਕਨਵੈਨਸ਼ਨ ਕਰਵਾਈ ਜਾ ਰਹੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਗੁਰਨੇਕ ਸਿੰਘ ਭੱਜਲ ਨੇ ਦੱਸਿਆ ਕਿ ਕਨਵੈਨਸ਼ਨ ਸਵੇਰੇ 11 ਵਜੇ ਸ਼ੁਰੂ ਹੋਵੇਗੀ। ਇਸ ਮੌਕੇ ਪਾਰਟੀ ਦੇ ਕੇਂਦਰੀ ਸਕੱਤਰੇਤ ਮੈਂਬਰ ਕਾਮਰੇਡ ਕੇ ਐਨ ਉਮੇਸ਼, ਕੇਂਦਰੀ ਕਮੇਟੀ ਮੈਂਬਰ ਵਿਕਰਮ ਸਿੰਘ ਤੇ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨਗੇ। ਕਾਮਰੇਡ ਭੱਜਲ ਨੇ ਦੱਸਿਆ ਕਿ ਕਨਵੈਨਸ਼ਨ ਦੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। ਉਨ੍ਹਾਂ ਦੱਸਿਆ ਕਿ ਕਨਵੈਨਸ਼ਨ ਵਿੱਚ ਕੇਂਦਰ ਦੀ ਮੋਦੀ ਸਰਕਾਰ ਦੀਆਂ ਕਿਸਾਨ ਤੇ ਮਜ਼ਦੂਰ ਵਿਰੋਧੀ ਨੀਤੀਆਂ ਬਾਰੇ ਜਾਗਰੂਕ ਕੀਤਾ ਜਾਵੇਗਾ। ਇਸ ਦੌਰਾਨ ਕੇਂਦਰ ਸਰਕਾਰ ਵੱਲੋਂ ਮਗਨਰੇਗਾ ਨੂੰ ਖ਼ਤਮ ਕਰਕੇ ਲਿਆਂਦੇ ਗਏ ਵੀਬੀ-ਜੀ ਰਾਮ ਜੀ ਕਾਨੂੰਨ ਤੇ ਕਿਰਤ ਕਾਨੂੰਨਾਂ ਨੂੰ ਖ਼ਤਮ ਕਰਕੇ ਬਣਾਏ ਗਏ ਚਾਰ ਕਿਰਤ ਕੋਡਾਂ 'ਤੇ ਵਿਸਥਾਰ ਵਿੱਚ ਚਰਚਾ ਕਰਕੇ ਇਨ੍ਹਾਂ ਨੂੰ ਰੱਦ ਕਰਨ ਦੀ ਮੰਗ ਕੀਤੀ ਜਾਵੇਗੀ। ਇਸ ਮੌਕੇ ਗੁਰਮੇਸ਼ ਸਿੰਘ, ਦਰਸ਼ਨ ਸਿੰਘ ਮੱਟੂ, ਸੁਭਾਸ਼ ਮੱਟੂ, ਮਹਿੰਦਰ ਬਡੋਆਣ, ਆਸ਼ਾਨੰਦ, ਰਣਜੀਤ ਸਿੰਘ ਚੌਹਾਨ, ਸੁਲਿੰਦਰ ਚੁੰਬਰ, ਅੱਛਰ ਸਿੰਘ, ਨੀਲਮ ਬਡੋਆਣ, ਪ੍ਰੇਮ ਲਤਾ, ਪੰਕਜ ਚਠਿਆਲ, ਕਮਲਜੀਤ ਸਿੰਘ, ਗੁਰਬਖ਼ਸ਼ ਕੌਰ, ਮਨਜੀਤ ਕੌਰ ਤੇ ਹਰਬੰਸ ਸਿੰਘ ਧੂਤ ਮੌਜੂਦ ਸਨ।



## ਐੱਸ ਆਈ ਆਰ-2026 ਸੰਬੰਧੀ ਦਾਅਵਿਆਂ ਤੇ ਇਤਰਾਜ਼ਾਂ ਦੇ ਨਿਪਟਾਰੇ ਦੀ ਪ੍ਰਕਿਰਿਆ ਜਾਰੀ



ਡੇਰਾਬੱਸੀ (ਵਿਨੈ ਕੁਮਾਰ ਜੈਨ)- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡੇਰਾਬੱਸੀ ਵਿਧਾਨ ਸਭਾ ਚੋਣ ਹਲਕੇ ਵਿੱਚ ਸਪੈਸ਼ਲ ਇੰਟੈਂਸਿਵ ਰਿਵੀਜ਼ਨ-2026 ਦੇ ਤੀਜੇ ਪੜਾਅ ਤਹਿਤ ਦਾਅਵਿਆਂ ਅਤੇ ਇਤਰਾਜ਼ਾਂ ਦੀ ਨਿਪਟਾਰਾ ਪ੍ਰਕਿਰਿਆ ਜਾਰੀ ਹੈ। ਇਹ ਪੜਾਅ 13 ਅਗਸਤ 2026 ਤੋਂ 12 ਸਤੰਬਰ 2026 ਤੱਕ ਚੱਲਿਆ, ਜਿਸ ਦੌਰਾਨ ਆਮ ਜਨਤਾ ਵੱਲੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਪੇਸ਼ ਕੀਤੇ ਗਏ। ਐੱਸ ਡੀ ਐੱਮ-ਕਮ-ਈ ਆਰ ਓ ਡੇਰਾਬੱਸੀ ਅਮਿਤ ਗੁਪਤਾ ਨੇ ਦੱਸਿਆ ਕਿ ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ ਨਿਰਧਾਰਤ ਸਮਾਂ-ਸਾਰਣੀ ਅਨੁਸਾਰ 8 ਅਕਤੂਬਰ 2026 ਤੱਕ ਕੀਤਾ ਜਾਣਾ ਹੈ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਭਾਗੀਦਾਰੀ ਵਾਲਾ ਬਣਾਉਣ ਲਈ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਵੀ ਦਾਅਵਿਆਂ ਅਤੇ ਇਤਰਾਜ਼ਾਂ ਨਾਲ ਸਬੰਧਤ ਲੋੜੀਂਦੀ ਜਾਣਕਾਰੀ ਨਿਯਮਤ ਤੌਰ 'ਤੇ ਮੁਹੱਈਆ ਕਰਵਾਈ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਚੋਣ ਹਲਕੇ ਡੇਰਾਬੱਸੀ ਲਈ ਰਾਜਨੀਤਿਕ ਪਾਰਟੀਆਂ ਦੀ ਜਾਣਕਾਰੀ ਲਈ ਫਾਰਮ ਨੰਬਰ 6, 7 ਅਤੇ 8 ਨਾਲ ਸਬੰਧਤ ਅਖੀਰਲੇ ਹਫ਼ਤੇ ਦੀਆਂ ਸੂਚੀਆਂ ਫਾਰਮ ਨੰਬਰ 9, 10, 11 ਅਤੇ 11-ਏ ਵਿੱਚ ਮੁਹੱਈਆ ਕਰਵਾਈਆਂ ਗਈਆਂ ਹਨ। ਇਸ ਤੋਂ ਇਲਾਵਾ, ਚੋਣ ਅਧਿਕਾਰੀਆਂ ਵੱਲੋਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨਾਲ ਹਫਤਾਵਾਰੀ ਮੀਟਿੰਗਾਂ ਕਰਕੇ ਦਾਅਵਿਆਂ ਅਤੇ ਇਤਰਾਜ਼ਾਂ ਸੰਬੰਧੀ ਲੋੜੀਂਦੀ ਜਾਣਕਾਰੀ ਵੀ ਸਾਂਝੀ ਕੀਤੀ ਜਾ ਰਹੀ ਹੈ।

## ਡਿਪਟੀ ਕਮਿਸ਼ਨਰ ਵੱਲੋਂ ਅਧਿਕਾਰੀਆਂ ਨੂੰ ਲੋਕ ਮਿਲਣੀ ਲਈ ਪ੍ਰਬੰਧ ਮੁਕੰਮਲ ਕਰਨ ਦੀ ਹਦਾਇਤ

ਨੰਗਲ (ਸੁਰਜੀਤ ਸਿੰਘ ਢੇਰ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਮ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਨੇੜਿਓਂ ਜਾਣਨ ਦੇ ਉਦੇਸ਼ ਨਾਲ ਕੀਤੀਆਂ ਜਾ ਰਹੀਆਂ ਲੋਕ ਮਿਲਣੀਆਂ ਦੀ ਲੜੀ ਤਹਿਤ ਭਲਕੇ 15 ਸਤੰਬਰ ਨੂੰ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਪਿੰਡ ਜਿੰਦਵੜੀ ਵਿਖੇ ਲੋਕ ਮਿਲਣੀ ਕੀਤੀ ਜਾ ਰਹੀ ਹੈ। ਇਸ ਦੇ ਪ੍ਰਬੰਧਾਂ ਨੂੰ ਲੈ ਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਜਿੰਦਵੜੀ ਵਿਖੇ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਅਤੇ ਸਮਾਗਮ ਦੀਆਂ ਤਿਆਰੀਆਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ।ਇਸ ਮੌਕੇ ਡਿਪਟੀ ਕਮਿਸ਼ਨਰ ਰੂਪਨਗਰ ਅਦਿੱਤਿਆ ਡੇਚਲਵਾਲ, ਐਸ ਐਸ ਪੀ ਮਨਿੰਦਰ ਸਿੰਘ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਵਿਭਾਗ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ।



ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਲੋਕ ਮਿਲਣੀ ਵਿੱਚ ਪਹੁੰਚਣ ਵਾਲੇ ਲੋਕਾਂ ਦੀ ਸਹੂਲਤ, ਆਵਾਜਾਈ ਦੇ ਸੁਚਾਰੂ ਪ੍ਰਬੰਧ, ਬੈਠਣ, ਪਾਰਕਿੰਗ ਅਤੇ ਹੋਰ ਲੋੜੀਂਦੀਆਂ ਵਿਵਸਥਾਵਾਂ ਸੰਬੰਧੀ ਜਾਣਕਾਰੀ ਹਾਸਲ ਕੀਤੀ। ਡਿਪਟੀ ਕਮਿਸ਼ਨਰ ਅਦਿੱਤਿਆ ਡੇਚਲਵਾਲ ਨੇ ਸੰਬੰਧਤ ਅਧਿਕਾਰੀਆਂ ਨੂੰ ਲੋਕ ਮਿਲਣੀ ਲਈ ਸਾਰੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਦੀ ਹਦਾਇਤ ਕੀਤੀ।ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ ਮਿਲਣੀ ਦਾ ਮੁੱਖ ਉਦੇਸ਼ ਆਮ ਲੋਕਾਂ ਨਾਲ ਸਿੱਧਾ ਸੰਵਾਦ ਸਥਾਪਤ ਕਰਨਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਨੂੰ ਨੇੜਿਓਂ ਜਾਣਨਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਮੁਸ਼ਕਿਲਾਂ ਦਾ ਮੌਕੇ 'ਤੇ ਨਿਪਟਾਰਾ ਕਰਨ ਅਤੇ ਸਰਕਾਰੀ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਉਣ ਲਈ ਅਜਿਹੇ ਉਪਰਾਲੇ ਬਹੁਤ ਮਹੱਤਵਪੂਰਨ ਹਨ। ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਚੰਦਰਜਯੋਤੀ ਸਿੰਘ, ਐੱਸ ਪੀ ਹਰਸਿਮਰਤ ਸਿੰਘ ਸ਼ੇਤਰਾ, ਐੱਸ ਪੀ ਪਲਵਿੰਦਰ ਸਿੰਘ ਚੀਮਾ, ਜ਼ਿਲ੍ਹਾ ਪ੍ਰਧਾਨ ਡਾ. ਸੰਜੀਵ ਗੌਤਮ, ਆਰ ਟੀ ਓ ਰਾਜਪਾਲ ਸਿੰਘ ਸੇਖੋਂ, ਐੱਸ ਡੀ ਐੱਮ ਨੰਗਲ ਸਚਿਨ ਪਾਠਕ, ਐੱਸ ਡੀ ਐੱਮ ਸ੍ਰੀ ਅਨੰਦਪੁਰ ਸਾਹਿਬ ਸੁਖਪਾਲ ਸਿੰਘ, ਡੀ ਐੱਸ ਪੀ ਨੰਗਲ ਐਨਪੀਐਸ ਲਹਿਲ, ਡਾ. ਸੰਜੀਵ ਗੌਤਮ ਜ਼ਿਲ੍ਹਾ ਪ੍ਰਧਾਨ, ਦੀਪਕ ਸੋਨੀ ਚੇਅਰਮੈਨ ਖੱਤਰੀ/ਅਰੋੜਾ ਵੈਲਫੇਅਰ ਬੋਰਡ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਬਲਜਿੰਦਰ ਸਿੰਘ ਗਰੇਵਾਲ, ਜ਼ਿਲ੍ਹਾ ਫੂਡ ਸਪਲਾਈ ਅਫ਼ਸਰ ਡਾ.ਕਿੰਮੀ ਵਨੀਤ ਸੇਠੀ, ਬੀ ਡੀ ਪੀ ਓ ਸ੍ਰੀ ਅਨੰਦਪੁਰ ਸਾਹਿਬ ਇਸ਼ਾਨ ਚੌਧਰੀ ਤੇ ਹੋਰ ਉੱਚ ਅਧਿਕਾਰੀ ਤੇ ਪਤਵੰਤੇ ਸੱਜਣ ਹਾਜ਼ਰ ਸਨ।

## ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਵਸ ਮੌਕੇ ਰਾਜ ਪੱਧਰੀ ਸਮਾਰੋਹ 28 ਨੂੰ

ਬੰਗਾ/ਬਲਾਚੌਰ (ਅਵਤਾਰ ਕਲੇਰ, ਜਸਵਿੰਦਰ ਬੈਂਸ)- ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜਨਮ ਦਿਵਸ ਮੌਕੇ 28 ਸਤੰਬਰ ਨੂੰ ਉਨ੍ਹਾਂ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਹੋਣ ਵਾਲੇ ਰਾਜ ਪੱਧਰੀ ਸਮਾਰੋਹ ਦੀਆਂ ਤਿਆਰੀਆਂ ਸੰਬੰਧੀ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜਨਮ ਦਿਵਸ ਉਨ੍ਹਾਂ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਰਾਜ ਪੱਧਰੀ ਸਮਾਰੋਹ ਵਜੋਂ ਮਨਾਇਆ ਜਾਵੇਗਾ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਪਣੀਆਂ ਡਿਊਟੀਆਂ ਲਗਨ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਅਤੇ ਸਮਾਰੋਹ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਕਿ ਸਮਾਰੋਹ ਵਾਲੀ ਥਾਂ 'ਤੇ ਸਾਫ-ਸਫਾਈ, ਪੀਣ ਵਾਲੇ ਪਾਣੀ, ਮੈਡੀਕਲ ਸਹੂਲਤ, ਬਿਜਲੀ, ਪਾਰਕਿੰਗ ਅਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ। ਉਨ੍ਹਾਂ ਕਿਹਾ ਕਿ ਸਮਾਰੋਹ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਵੇ, ਇਸ ਲਈ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਰੀਆਂ ਤਿਆਰੀਆਂ ਦੀ ਲਗਾਤਾਰ ਸਮੀਖਿਆ ਕੀਤੀ ਜਾਵੇ ਅਤੇ ਨਿਰਧਾਰਤ ਸਮੇਂ ਅੰਦਰ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾਣ ਤਾਂ ਜੋ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਵਸ ਦਾ ਰਾਜ ਪੱਧਰੀ ਸਮਾਰੋਹ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਸਫਲਤਾਪੂਰਵਕ ਕਰਵਾਇਆ ਜਾ ਸਕੇ।ਇਸ ਮੌਕੇ ਰਮਨਜੀਤ ਸਿੰਘ, ਸਹਾਇਕ ਕਮਿਸ਼ਨਰ (ਜਨਰਲ) ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਐੱਸ ਆਈ ਆਰ ਸੰਬੰਧੀ ਐੱਸ ਡੀ ਐੱਮ ਦੀ ਰਾਜਨੀਤਕ ਪਾਰਟੀਆਂ ਨਾਲ ਮੀਟਿੰਗ

ਖਰੜ (ਹਰਨਾਮ ਸਿੰਘ ਡੱਲਾ)- ਇੰਟੈਂਸਿਵ ਰਿਵੀਜ਼ਨ 2026 ਨੂੰ ਲੈ ਕੇ ਸਮੂਹ ਪਾਰਟੀਆਂ ਦੇ ਨੁਮਾਇੰਦਿਆਂ ਦੀ ਇੱਕ ਅਹਿਮ ਮੀਟਿੰਗ ਐਸ.ਡੀ.ਐਮ. ਦਫ਼ਤਰ ਵਿਖੇ ਸਵੇਰੇ 11 ਵਜੇ ਬੁਲਾਈ ਗਈ। ਮੀਟਿੰਗ ਦੌਰਾਨ ਐਸ ਡੀ ਐਮ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹੁਣ ਤੱਕ ਜਿਨ੍ਹਾਂ ਵੋਟਰਾਂ ਨੇ ਆਪਣੇ ਬੀ ਐੱਲ ਓ ਕੋਲ ਜਾ ਕੇ ਦਸਤਾਵੇਜ਼ਾਂ ਸਬੰਧੀ ਜਾਣਕਾਰੀ ਨਹੀਂ ਦਿੱਤੀ, ਉਹ ਜਲਦ ਤੋਂ ਜਲਦ ਆਪਣੇ ਸੰਬੰਧਤ ਬੀ ਐੱਲ ਓ ਨੂੰ ਮਿਲ ਕੇ ਆਪਣੀ ਵੋਟ ਸਬੰਧੀ ਕਾਰਵਾਈ ਪੂਰੀ ਕਰਵਾ ਸਕਦੇ ਹਨ।

ਫਿਰ ਵੀ ਵੋਟਰਾਂ ਨੂੰ ਸਖ਼ਤ ਹਦਾਇਤ ਦਿੰਦੇ ਹੋਏ ਐਸ ਡੀ ਐਮ ਨੇ ਦੱਸਿਆ ਕਿ ਜਿਹੜੇ ਲੋਕ ਬੀ ਐਲ ਓ ਤੱਕ ਪਹੁੰਚ ਨਹੀਂ ਕਰਨਗੇ, ਉਨ੍ਹਾਂ ਦੀ ਵੋਟ ਕੱਟੀ ਜਾ ਸਕਦੀ ਹੈ। ਐਸ ਡੀ ਐਮ ਵੱਲੋਂ ਮੀਟਿੰਗ ਵਿੱਚ ਪਹੁੰਚੇ ਸਮੂਹ ਪਾਰਟੀਆਂ ਦੇ ਆਗੂਆਂ ਨੂੰ ਅੱਜ ਤੱਕ ਦਾ ਸਟੇਟਸ ਪੱਤਰ ਵੀ ਵੰਡਿਆ ਗਿਆ।



ਮੀਟਿੰਗ ਉਪਰੰਤ ਕਮਿਊਨਿਸਟ ਪਾਰਟੀ ਦੇ ਸੀਨੀਅਰ ਆਗੂ ਕਾਮਰੇਡ ਹਰਮੇਸ਼ ਸਿੰਘ ਚੋਟਾਂ ਵੱਲੋਂ ਵਿਕਾਸ ਦੇ ਮੁੱਦਿਆਂ ਨੂੰ ਲੈ ਕੇ ਪਿੰਡ ਚੋਟਾਂ ਦੇ ਵਿਕਾਸ ਨਾਲ ਸਬੰਧਤ ਪਾਣੀ ਦੇ ਨਿਕਾਸ ਦੇ ਮੁੱਦੇ ਨੂੰ ਉਠਾਇਆ ਗਿਆ। ਇਹ ਸਮੱਸਿਆ ਹੁਣ ਛੱਪੜ ਦਾ ਰੂਪ ਧਾਰਨ ਕਰ ਚੁੱਕੀ ਹੈ ਅਤੇ ਇਸ ਕਾਰਨ ਇਲਾਕੇ ਵਿੱਚ ਭਿਆਨਕ ਬਿਮਾਰੀਆਂ ਫੈਲਣ ਦਾ ਖ਼ਤਰਾ ਬਣਿਆ ਹੋਇਆ ਹੈ। ਇਲਾਕੇ ਦੇ ਆਮ ਆਦਮੀ ਪਾਰਟੀ ਦੇ ਆਗੂ ਸਰਦਾਰ ਰਘੁਬੀਰ ਸਿੰਘ ਮੋਦੀ, ਬਲਾਕ ਸੰਮਤੀ ਦੇ ਚੇਅਰਮੈਨ ਦੀ ਹਾਜ਼ਰੀ ਵਿੱਚ ਐੱਸ ਡੀ ਐੱਮ ਨੂੰ ਮੰਗ ਪੱਤਰ ਦੇ ਕੇ ਬੇਨਤੀ ਕੀਤੀ ਗਈ ਕਿ ਇਸ ਸਮੱਸਿਆ ਦਾ ਜਲਦ ਤੋਂ ਜਲਦ ਹੱਲ ਕੀਤਾ ਜਾਵੇ। ਇਸੇ ਮੌਕੇ ਮੰਗ ਪੱਤਰ ਦੀ ਇੱਕ ਕਾਪੀ ਬਲਾਕ ਸੰਮਤੀ ਦੇ ਚੇਅਰਮੈਨ ਸਰਦਾਰ ਰਘੁਬੀਰ ਸਿੰਘ ਮੋਦੀ ਸਾਹਿਬ ਨੂੰ ਦੇ ਕੇ ਜਲਦੀ ਮਸਲਾ ਹੱਲ ਕਰਨ ਦੀ ਅਪੀਲ ਕੀਤੀ ਗਈ।

## ਸਿਵਲ ਡਿਫੈਂਸ ਦੀ ਏਅਰ ਰੇਡ/ਬਲੈਕਆਊਟ ਮੌਕ ਐਕਸਰਸਾਈਜ਼ 27 ਨਵੰਬਰ ਨੂੰ

ਕਪੂਰਥਲਾ (ਮਨਜੀਤ ਮਾਨ)- ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 27 ਨਵੰਬਰ, 2026 ਨੂੰ ਰਾਤ 8:00 ਵਜੇ ਸਿਵਲ ਡਿਫੈਂਸ ਦੀ ਏਅਰ ਰੇਡ/ਬਲੈਕਆਊਟ ਮੌਕ ਐਕਸਰਸਾਈਜ਼ ਕਰਵਾਈ ਜਾਵੇਗੀ।ਇਹ ਐਕਸਰਸਾਈਜ਼ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਸਿਵਲ ਡਿਫੈਂਸ ਮਸ਼ੀਨਰੀ ਅਤੇ ਵੱਖ-ਵੱਖ ਰਾਹਤ ਏਜੰਸੀਆਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਅਤੇ ਉਨ੍ਹਾਂ ਨੂੰ ਮਜ਼ਬੂਤ ਕਰਨ ਲਈ ਕਰਵਾਈ ਜਾਵੇਗੀ। ਇਹ ਅਭਿਆਸ ਏਅਰ ਰੇਡ ਵਾਰਨਿੰਗ ਸਿਗਨਲ ਨਾਲ ਸ਼ੁਰੂ ਹੋਵੇਗਾ, ਜੋ ਕਿ ਦੋ ਮਿੰਟਾਂ ਲਈ ਉੱਚੀ-ਨੀਵੀਂ ਆਵਾਜ਼ ਵਾਲੇ ਸਾਇਰਨ ਰਾਹੀਂ ਦਿੱਤਾ ਜਾਵੇਗਾ। ਅਭਿਆਸ ਦੌਰਾਨ, ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਛਾਣੇ ਗਏ ਖੇਤਰਾਂ ਵਿੱਚ 15 ਮਿੰਟ ਲਈ ਬਲੈਕਆਊਟ ਲਾਗੂ ਕੀਤਾ ਜਾਵੇਗਾ। ਇਨ੍ਹਾਂ ਪਛਾਣੇ ਗਏ ਇਲਾਕਿਆਂ ਦੇ ਲੋਕਾਂ ਨੂੰ ਬਲੈਕਆਊਟ ਦੌਰਾਨ ਸਾਰੀਆਂ ਗੈਰ-ਜ਼ਰੂਰੀ ਲਾਈਟਾਂ ਬੰਦ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ। ਹਾਲਾਂਕਿ, ਜ਼ਰੂਰੀ ਸੇਵਾਵਾਂ ਪੂਰੇ ਅਭਿਆਸ ਦੌਰਾਨ ਬਹਾਲ ਰਹਿਣਗੀਆਂ। ਇਸ ਮੌਕ ਐਕਸਰਸਾਈਜ਼ ਵਿੱਚ ਅੱਗ ਬੁਝਾਉਣ, ਖੋਜ ਅਤੇ ਬਚਾਅ ਕਾਰਜ, ਮੁੱਢਲੀ ਸਹਾਇਤਾ ਅਤੇ ਡਾਕਟਰੀ ਸਹਾਇਤਾ, ਜ਼ਖਮੀ ਵਿਅਕਤੀਆਂ ਨੂੰ ਸੁਰੱਖਿਅਤ ਬਾਹਰ ਕੱਢਣ, ਅਤੇ ਟ੍ਰੈਫਿਕ ਤੇ ਭੀੜ ਨੂੰ ਕੰਟਰੋਲ ਕਰਨ ਦੀਆਂ ਡਰਿੱਲਾਂ ਵੀ ਸ਼ਾਮਲ ਹੋਣਗੀਆਂ। ਅਭਿਆਸ ਦੇ ਪੂਰਾ ਹੋਣ 'ਤੇ, ਮੌਕ ਐਕਸਰਸਾਈਜ਼ ਦੇ ਖਤਮ ਹੋਣ ਦਾ ਸੰਕੇਤ ਦੇਣ ਲਈ ਇੱਕ 'ਆਲ ਕਲੀਅਰ ਸਿਗਨਲ' ਦਿੱਤਾ ਜਾਵੇਗਾ, ਜਿਸ ਵਿੱਚ ਦੋ ਮਿੰਟਾਂ ਲਈ ਲਗਾਤਾਰ ਉੱਚੀ ਆਵਾਜ਼ ਵਾਲਾ ਸਾਇਰਨ ਵਜਾਇਆ ਜਾਵੇਗਾ।

## ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਵਿਖੇ ਵੋਟਰ ਹੈੱਲਪ ਡੈਸਕ ਤੇ ਵਿਸ਼ੇਸ਼ ਰਜਿਸਟ੍ਰੇਸ਼ਨ ਮੁਹਿੰਮ

ਜਲੰਧਰ (ਨ ਜ਼ ਸ)- ਨੌਜਵਾਨਾਂ ਨੂੰ ਆਪਣੇ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕਰਨ ਅਤੇ ਯੋਗ ਵਿਦਿਆਰਥੀਆਂ ਦੀ ਵੋਟਰ ਵਜੋਂ ਰਜਿਸਟ੍ਰੇਸ਼ਨ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਲਾਡੋਵਾਲੀ ਰੋਡ, ਵਿਖੇ ਵੋਟਰ ਹੈਲਪ ਡੈਸਕ ਅਤੇ ਵਿਸ਼ੇਸ਼ ਵੋਟਰ ਜਾਗਰੂਕਤਾ ਤੇ ਰਜਿਸਟ੍ਰੇਸ਼ਨ ਮੁਹਿੰਮ ਚਲਾਈ ਗਈ।

ਦਿਵਿਆ ਪੀ, ਐਡੀਸ਼ਨਲ ਡਿਪਟੀ ਕਮਿਸ਼ਨਰ (ਡੀ.) ਤੇ ਐੱਸ ਡੀ ਐੱਮ ਜਲੰਧਰ-1 ਸ਼ੁਭੀ ਆਂਗਰਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਆਯੋਜਿਤ ਇਸ ਮੁਹਿੰਮ ਦੌਰਾਨ ਵਿਦਿਆਰਥੀਆਂ ਨੂੰ ਵੋਟਰ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ, ਲੋੜੀਂਦੇ ਦਸਤਾਵੇਜ਼ਾਂ ਅਤੇ ਵੋਟ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਸਵੀਪ ਨੋਡਲ ਅਫ਼ਸਰ ਚੰਦਰ ਸ਼ੇਖਰ ਅਤੇ ਮਨਜੀਤ ਮੈਨੀ ਨੇ ਵਿਦਿਆਰਥੀਆਂ ਨਾਲ ਸੰਵਾਦ ਕਰਦਿਆਂ ਉਨ੍ਹਾਂ ਨੂੰ ਲੋਕਤੰਤਰ ਵਿੱਚ ਨੌਜਵਾਨਾਂ ਦੀ ਭੂਮਿਕਾ ਅਤੇ ਵੋਟ ਦੇ ਅਧਿਕਾਰ ਦੀ ਮਹੱਤਤਾ ਤੋਂ ਜਾਣੂ ਕਰਵਾਇਆ। ਇਸ ਮੌਕੇ ਕਾਲਜ ਦੀ ਓ ਐੱਸ ਡੀ ਡਾ. ਨਵਜੋਤ ਕੌਰ ਨੇ ਕਿਹਾ ਕਿ ਨੌਜਵਾਨ ਲੋਕਤੰਤਰ ਦੀ ਮਜ਼ਬੂਤੀ ਦਾ ਅਹਿਮ ਆਧਾਰ ਹਨ।

ਉਨ੍ਹਾਂ ਕਿਹਾ ਕਿ ਵੋਟਰ ਹੈਲਪ ਡੈਸਕ ਵਿਦਿਆਰਥੀਆਂ ਨੂੰ ਰਜਿਸਟ੍ਰੇਸ਼ਨ ਪ੍ਰਕਿਰਿਆ ਸਮਝਣ ਅਤੇ ਆਪਣੇ ਲੋਕਤੰਤਰਿਕ ਹੱਕ ਦੀ ਵਰਤੋਂ ਲਈ ਇੱਕ ਸੁਵਿਧਾਜਨਕ ਮੰਚ ਪ੍ਰਦਾਨ ਕਰਦਾ ਹੈ। ਉਨ੍ਹਾਂ ਸਾਰੇ ਯੋਗ ਵਿਦਿਆਰਥੀਆਂ ਨੂੰ ਵੋਟਰ ਵਜੋਂ ਰਜਿਸਟਰ ਹੋ ਕੇ ਲੋਕਤੰਤਰਿਕ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਦੀ ਅਪੀਲ ਕੀਤੀ। ਡਾ. ਨੇਹਾ ਮੱਗਾ ਅਤੇ ਡਾ.



ਪਰਵਿੰਦਰ ਕੌਰ ਢਿੱਲੋਂ ਨੇ ਵੀ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦਿੱਤਾ। ਵਿਦਿਆਰਥੀ ਐਂਬੈਸਡਰਾਂ ਅਨੰਤਨੂਰ ਕੌਰ, ਸ਼ੁਭਮ, ਪ੍ਰਸ਼ਾਂਤ ਸਿੰਘ, ਸਰਗੁਣ ਕੌਰ, ਰਾਹੁਲ ਸਲਹੋਤਰਾ, ਵੰਸ਼, ਸਿਮਰਨ, ਸਿਮਰਤ, ਚਾਰਿਕਾ, ਸੰਜਨਾ ਅਤੇ ਮ੍ਰਿਦੁਲ ਠਾਕੁਰ ਨੇ ਆਪਣੇ ਸਾਥੀਆਂ ਨੂੰ ਵੋਟਰ ਰਜਿਸਟ੍ਰੇਸ਼ਨ ਲਈ ਪ੍ਰੇਰਿਤ ਕਰਦਿਆਂ ਅਹਿਮ ਭੂਮਿਕਾ ਨਿਭਾਈ। ਵਿਦਿਆਰਥੀਆਂ ਵੱਲੋਂ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲਿਆ। ਇਸ ਮੌਕੇ ਇਹ ਸੰਦੇਸ਼ ਵੀ ਦਿੱਤਾ ਗਿਆ ਕਿ ਵੋਟਰ ਵਜੋਂ ਰਜਿਸਟਰ ਹੋਣਾ ਹੀ ਨਹੀਂ, ਸਗੋਂ ਚੋਣਾਂ ਦੌਰਾਨ ਆਪਣੀ ਵੋਟ ਦਾ ਜ਼ਿੰਮੇਵਾਰੀ ਨਾਲ ਇਸਤੇਮਾਲ ਕਰਨਾ ਵੀ ਹਰ ਯੋਗ ਨਾਗਰਿਕ ਦਾ ਲੋਕਤੰਤਰਿਕ ਫ਼ਰਜ਼ ਹੈ।

## ਆਯੁਰਵੈਦਿਕ ਤੇ ਹੋਮਿਓਪੈਥਿਕ ਦਵਾਈਆਂ ਦਾ ਫਰੀ ਕੈਂਪ

ਫਗਵਾੜਾ (ਜਸਵਿੰਦਰ ਢੱਡਾ)- ਡਾਇਰੈਕਟਰ ਆਯੁਰਵੈਦਾ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫ਼ਸਰ ਡਾ. ਪਰਮਿੰਦਰ ਕੌਰ ਦੀ ਨਿਗਰਾਨੀ ਹੇਠ ਨਵੀਂ ਦਾਣਾ ਮੰਡੀ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਜ਼ਿਲ੍ਹੇ ਦਾ ਤੀਸਰਾ ਅਤੇ ਬਲਾਕ



ਫਗਵਾੜਾ ਦਾ ਪਹਿਲਾ ਆਯੁਰਵੈਦਿਕ ਅਤੇ ਹੋਮਿਓਪੈਥਿਕ ਦਵਾਈਆਂ ਦਾ ਫਰੀ ਮੈਡੀਕਲ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਵਿਸ਼ੇਸ਼ ਤੌਰ ਤੇ ਪਹੁੰਚੇ ਜਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫਸਰ ਡਾ. ਪਰਮਿੰਦਰ ਕੌਰ ਵਲੋਂ ਕੀਤਾ ਗਿਆ। ਕੈਂਪ ਦੌਰਾਨ ਸਿਹਤ ਕੇਂਦਰ, ਸਿਵਲ ਹਸਪਤਾਲ ਫਗਵਾੜਾ ਦੇ ਮਾਹਿਰ ਡਾਕਟਰਾਂ ਦੀਆਂ ਟੀਮਾਂ ਵੱਲੋਂ ਕੁੱਲ 675 ਮਰੀਜ਼ਾਂ ਦੀਆਂ ਵੱਖ-ਵੱਖ ਬਿਮਾਰੀਆਂ ਦੀ ਜਾਂਚ ਕੀਤੀ ਗਈ ਜਿਨ੍ਹਾਂ ਵਿੱਚ 353 ਮਰੀਜ਼ਾਂ ਦੀ ਆਯੁਰਵੈਦਿਕ ਮਾਹਿਰਾਂ ਵੱਲੋਂ ਅਤੇ 322 ਮਰੀਜ਼ਾਂ ਦੀ ਹੋਮਿਓਪੈਥਿਕ ਮੈਡੀਕਲ ਟੀਮ ਵੱਲੋਂ ਜਾਂਚ ਕੀਤੀ ਗਈ। ਜਾਂਚ ਤੋਂ ਬਾਅਦ, ਲੋੜਵੰਦ ਮਰੀਜ਼ਾਂ ਨੂੰ ਫਰੀ ਆਯੁਰਵੈਦਿਕ ਅਤੇ ਹੋਮਿਓਪੈਥਿਕ ਦਵਾਈਆਂ ਦਿੱਤੀਆਂ ਗਈਆਂ। ਕੈਂਪ ਵਿੱਚ ਬੁਖਾਰ, ਖਾਂਸੀ, ਪੇਟ ਦੀਆਂ ਬਿਮਾਰੀਆਂ, ਮਹਿਲਾ ਰੋਗ, ਬਲੱਡ ਪ੍ਰੈਸ਼ਰ ਅਤੇ ਸ਼ੂਗਰ ਵਰਗੀਆਂ ਬਿਮਾਰੀਆਂ ਦਾ ਇਲਾਜ ਕੀਤਾ ਗਿਆ ਅਤੇ ਆਯੁਰਵੈਦਿਕ ਅਤੇ ਹੋਮਿਓਪੈਥਿਕ ਦਵਾਈਆਂ ਦੀ ਵਰਤੋਂ ਲਈ ਪ੍ਰੇਰਿਤ ਕੀਤਾ ਗਿਆ।

ਡਾ. ਪਰਮਿੰਦਰ ਕੌਰ ਨੇ ਦੱਸਿਆ ਕਿ ਹੋਮਿਓਪੈਥਿਕ ਅਤੇ ਆਯੁਰਵੈਦਿਕ ਦਵਾਈਆਂ ਨਾ ਸਿਰਫ਼ ਬਿਮਾਰੀਆਂ ਦੇ ਇਲਾਜ ਵਿੱਚ ਮਦਦ ਕਰਦੀਆਂ ਹਨ ਸਗੋਂ ਇਮਿਊਨਿਟੀ ਨੂੰ ਵੀ ਵਧਾਉਂਦੀਆਂ ਹਨ। ਮਾਹਰ ਡਾਕਟਰਾਂ ਦੀ ਟੀਮ ਵਿੱਚ ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਰਾਜੀਵ ਕੁਮਾਰ, ਡਾ. ਮਨੀਸ਼ਾ ਭਾਰਤੀ, ਡਾ. ਪ੍ਰੇਮ ਪਾਲ, ਸਹਾਇਕ ਵੈਦ ਪਵਨ ਕੁਮਾਰ, ਹੋਮਿਓਪੈਥਿਕ ਮੈਡੀਕਲ ਅਫ਼ਸਰ ਡਾ. ਰਮਿੰਦਰ ਸਿੰਗਲਾ, ਡਾ. ਅੰਕੁਸ਼ ਅਗਰਵਾਲ, ਪਵਨਦੀਪ (ਡਿਸਪੈਂਸਰ), ਵਰਿੰਦਰ ਕੁਮਾਰ (ਡਿਸਪੈਂਸਰ), ਅਤੇ (ਸਹਾਇਕ) ਅਨਿਲ ਕੁਮਾਰ ਆਦਿ ਹਾਜ਼ਰ ਸਨ।

## ਆਰ ਟੀ ਆਈ 'ਤੇ ਕੌਮੀ ਕਾਨਫਰੰਸ ਦੌਰਾਨ ਰਾਜ ਸੂਚਨਾ ਕਮਿਸ਼ਨਰ ਵੱਲੋਂ ਪੰਜਾਬ ਦੀ ਨੁਮਾਇੰਦਗੀ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਨੇ ਹੈਦਰਾਬਾਦ ਵਿਖੇ ਆਰ ਟੀ ਆਈ: ਲਾਗੂਕਰਨ ਵਿੱਚ ਸੰਚਾਲਨ ਇਕਸਾਰਤਾ-ਚੁਣੌਤੀਆਂ ਅਤੇ ਹੱਲ, ਜੋ ਕਿ ਜਨਤਕ ਪ੍ਰਸ਼ਾਸਨ ਵਿੱਚ ਜਮਹੂਰੀਅਤ, ਪਾਰਦਰਸ਼ਤਾ ਤੇ ਜਵਾਬਦੇਹੀ ਦੇ ਸੰਬੰਧ ਵਿੱਚ ਵਧੇਰੇ ਮਹੱਤਵਪੂਰਨ ਵਿਸ਼ਾ ਹੈ, 'ਤੇ ਆਯੋਜਿਤ ਸੂਚਨਾ ਕਮਿਸ਼ਨਾ ਦੀ ਕੌਮੀ ਕਾਨਫਰੰਸ ਵਿੱਚ ਪੰਜਾਬ ਰਾਜ ਸੂਚਨਾ ਕਮਿਸ਼ਨ ਦੀ ਤਰਫ਼ੋਂ ਹਿੱਸਾ ਲਿਆ। ਰਾਜ ਸੂਚਨਾ ਕਮਿਸ਼ਨਰ ਪੰਜਾਬ ਹਰਪ੍ਰੀਤ ਸੰਧੂ ਨੂੰ ਇਸ ਕੌਮੀ ਕਾਨਫਰੰਸ ਵਿੱਚ ਇੱਕ ਬੁਲਾਰੇ ਵਜੋਂ ਸ਼ਾਮਲ ਹੋਣ ਦਾ ਮਾਣ ਪ੍ਰਾਪਤ ਹੋਇਆ, ਜਿੱਥੇ ਉਨ੍ਹਾਂ ਨੇ ਡਿਜੀਟਲ ਨਿੱਜੀ ਡੇਟਾ ਸੁਰੱਖਿਆ ਐਕਟ ਅਤੇ ਸੂਚਨਾ ਦਾ ਅਧਿਕਾਰ ਕਾਨੂੰਨ ਨਾਲ ਇਸ ਦੇ ਵਿਕਸਤ ਹੋ ਰਹੇ ਆਪਸੀ ਸਬੰਧਾਂ ਦੇ ਵਿਸ਼ੇ 'ਤੇ ਆਪਣਾ ਮੁੱਖ ਭਾਸ਼ਣ ਦਿੱਤਾ। ਭਾਰਤ ਦੇ ਮੁੱਖ ਸੂਚਨਾ ਕਮਿਸ਼ਨਰ ਆਰ ਕੇ ਗੋਇਲ, ਆਈ.ਏ.ਐਸ. (ਸੇਵਾਮੁਕਤ), ਅਤੇ ਦੇਸ਼ ਦੇ 25 ਰਾਜਾਂ ਦੇ ਮੁੱਖ ਸੂਚਨਾ ਕਮਿਸ਼ਨਰਾਂ ਅਤੇ ਸੂਚਨਾ ਕਮਿਸ਼ਨਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਰਾਜ ਸੂਚਨਾ ਕਮਿਸ਼ਨਰ ਪੰਜਾਬ ਨੇ ਵਡੇਰੇ ਜਨਤਕ ਹਿੱਤ ਵਿੱਚ ਉੱਭਰ ਰਹੀਆਂ ਚੁਣੌਤੀਆਂ ਅਤੇ ਨਾਗਰਿਕਾਂ ਦੇ ਸੂਚਨਾ ਦਾ ਮੌਲਿਕ ਅਧਿਕਾਰ ਅਤੇ ਨਿੱਜੀ ਡੇਟਾ ਸੁਰੱਖਿਆ ਦਰਮਿਆਨ ਢੁਕਵਾਂ ਸੰਤੁਲਨ ਬਣਾਈ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਕੌਮੀ ਕਾਨਫਰੰਸ ਨੇ ਦੇਸ਼ ਭਰ ਦੇ ਸੂਚਨਾ ਕਮਿਸ਼ਨਾਂ ਦੇ ਸੀਨੀਅਰ ਅਧਿਕਾਰੀਆਂ ਨੂੰ ਇੱਕ ਮੰਚ 'ਤੇ ਲਿਆਂਦਾ, ਜਿਸ ਨਾਲ ਸੂਚਨਾ ਦਾ ਅਧਿਕਾਰ ਕਾਨੂੰਨ ਦੇ ਪ੍ਰਭਾਵਸ਼ਾਲੀ, ਇਕਸਾਰ ਅਤੇ ਨਾਗਰਿਕ-ਕੇਂਦਰਿਤ ਲਾਗੂ ਕਰਨ ਨੂੰ ਮਜ਼ਬੂਤ ਕਰਨ 'ਤੇ ਵਿਚਾਰ-ਵਟਾਂਦਰੇ ਲਈ ਇੱਕ ਮਹੱਤਵਪੂਰਨ ਕੌਮੀ ਪਲੇਟਫਾਰਮ ਮਿਲਿਆ। ਇਨ੍ਹਾਂ ਵਿਚਾਰ-ਵਟਾਂਦਰਿਆਂ ਵਿੱਚ ਅਸਾਮ, ਬਿਹਾਰ, ਆਂਧਰਾ ਪ੍ਰਦੇਸ਼, ਮਹਾਰਾਸ਼ਟਰ, ਸਿੱਕਮ, ਗੋਆ, ਗੁਜਰਾਤ, ਰਾਜਸਥਾਨ, ਤੇਲੰਗਾਨਾ, ਉੱਤਰ ਪ੍ਰਦੇਸ਼, ਹਰਿਆਣਾ, ਉੜੀਸਾ, ਦਿੱਲੀ, ਪੰਜਾਬ, ਚੇਨਈ, ਕੇਰਲ, ਮਿਜ਼ੋਰਮ, ਤਾਮਿਲਨਾਡੂ ਅਤੇ ਛੱਤੀਸਗੜ੍ਹ ਸਮੇਤ ਹੋਰ ਕਈ ਰਾਜਾਂ ਦੇ ਸੂਚਨਾ ਕਮਿਸ਼ਨਾਂ ਨੇ ਹਿੱਸਾ ਲਿਆ।




## ਨਸ਼ਾ ਤਸਕਰਾਂ ਨੂੰ ਜੜ੍ਹੋਂ ਖਤਮ ਕਰਕੇ ਰਹਾਂਗੇ : ਮੰਗੂਪੁਰ



ਬਲਾਚੌਰ (ਜਸਵਿੰਦਰ ਬੈਂਸ)- ਕਾਂਗਰਸ ਪਾਰਟੀ ਵੱਲੋਂ ਵਿਧਾਨ ਸਭਾ ਹਲਕਾ ਬਲਾਚੌਰ ਦੇ ਜ਼ੋਨ ਭਰਥਲਾ ਵਿਖੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਵੱਲੋਂ ਲੋਕ ਮਿਲਣੀ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਹਲਕੇ ਵਿੱਚ ਵੱਧ ਰਹੇ ਨਸ਼ੇ ਕਾਰਨ ਹੋ ਰਹੀਆਂ ਮੌਤਾਂ, ਸੜਕਾਂ ਦੇ ਨਿਰਮਾਣ, ਸਿੱਖਿਆ ਸੰਬੰਧੀ ਅਤੇ ਲੋਕ ਭਲਾਈ ਨੀਤੀਆਂ ਬਾਰੇ ਵਿਸਥਾਰ ਪੂਰਵਕ ਚਰਚਾ ਕੀਤੀ।ਇਲਾਕਾ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੇ ਵਿਚਾਰ ਸੁਣੇ, ਉਨ੍ਹਾਂ ਨਾਲ ਸਮਾਂ ਬਿਤਾਇਆ ਅਤੇ ਇਲਾਕੇ ਨਾਲ ਜੁੜੇ ਵੱਖ-ਵੱਖ ਮਸਲਿਆਂ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ। ਇਸ ਮੌਕੇ ਅਜੇ ਮੰਗੂਪੁਰ ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਵਾਦ ਹੀ ਜ਼ਮੀਨੀ ਹਕੀਕਤ ਨੂੰ ਸਮਝਣ ਦਾ ਸਭ ਤੋਂ ਵਧੀਆ ਰਾਹ ਹੈ। ਲੋਕਾਂ ਦੇ ਵਿਚਕਾਰ ਜਾ ਕੇ ਹੀ ਉਨ੍ਹਾਂ ਦੀਆਂ ਅਸਲ ਸਮੱਸਿਆਵਾਂ, ਲੋੜਾਂ ਅਤੇ ਉਮੀਦਾਂ ਬਾਰੇ ਸਹੀ ਜਾਣਕਾਰੀ ਮਿਲਦੀ ਹੈ।ਮਿਲਣੀ ਦੌਰਾਨ ਕਾਂਗਰਸੀ ਵਰਕਰਾਂ ਅਤੇ ਇਲਾਕਾ ਵਾਸੀਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਵੱਖ-ਵੱਖ ਸਥਾਨਕ ਮਸਲੇ ਜ਼ਿਲ੍ਹਾ ਪ੍ਰਧਾਨ ਦੇ ਧਿਆਨ ਵਿੱਚ ਲਿਆਂਦੇ। ਅਜੇ ਮੰਗੂਪੁਰ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਆਉਣ ਤੇ ਪਿੰਡਾਂ ਵਿੱਚੋਂ ਨਸ਼ਾ ਪੂਰੀ ਤਰਾਂ ਖਤਮ ਕਰ ਦਿੱਤਾ ਜਾਵੇਗਾ।

ਇਸ ਮੌਕੇ ਚੌਧਰੀ ਦਰਸ਼ਨ ਲਾਲ ਮੰਗੂਪੁਰ ਸਾਬਕਾ ਵਿਧਾਇਕ ਬਲਾਚੌਰ, ਧਰਮਪਾਲ ਸਾਬਕਾ ਚੇਅਰਮੈਨ, ਹਰਜੀਤ ਸਿੰਘ ਜਾਡਲੀ ਜਨਰਲ ਸਕੱਤਰ,ਪ੍ਰਧਾਨ ਸੁਰਿੰਦਰ ਛਿੰਦਾ, ਜਿੰਦਰ ਕੁਮਾਰ ਐੱਸ ਸੀ ਸੈਲ ਕਾਂਗਰਸ ਚੈਅਰਮੈਨ ਬਲਾਕ ਬਲਾਚੌਰ, ਨਾਨਕ ਸਿੰਘ ਜੰਡੀ ਚੇਅਰਮੈਨ, ਰਾਜੂ ਬੂੰਗੜੀ ਜਨਰਲ ਸਕੱਤਰ, ਧਰਮਵੀਰ ਚੌਧਰੀ ਟਕਾਰਲਾ, ਲਾਲ ਚੌਧਰੀ ਜਨਰਲ ਸਕੱਤਰ, ਮੋਹਣ ਲਾਲ ਪ੍ਰਧਾਨ ਬਲਾਕ ਕਾਂਗਰਸ ਬਲਾਚੌਰ, ਕੁਲਦੀਪ ਚੌਧਰੀ ਪ੍ਰਧਾਨ ਕਿਸਾਨ ਸੈੱਲ, ਮਹਿੰਦਰ ਪਾਲ ਬਲਾਕ ਸੰਮਤੀ ਮੈਂਬਰ ਭਰਥਲਾ, ਮਹਿੰਦਰ ਪਾਲ ਚੌਧਰੀ ਉਧਨਵਾਲ, ਬਲਵਿੰਦਰ ਕੁਮਾਰ ਉਧਨਵਾਲ, ਦਿਨੇਸ਼ ਕੁਮਾਰ, ਕੁਲਵਿੰਦਰ ਮੰਡ ਸੋਸ਼ਲ ਮੀਡੀਆ ਇੰਚਾਰਜ,ਪਰਮਜੀਤ ਦੁੱਗਲ, ਧਰਮਪਾਲ ਸਾਬਕਾ ਚੇਅਰਮੈਨ, ਹਰਮੇਸ਼ ਸਾਬਕਾ ਸਰਪੰਚ,ਅਵਤਾਰ ਸਿੰਘ ਸਾਬਕਾ ਸਰਪੰਚ, ਹਰਵਿੰਦਰ ਸਿੰਘ ਰਾਜੂ ਭਾਉ, ਸੰਜੀਵ ਕੁਮਾਰ ਸੋਨੂੰ ਆਦਿ ਹਾਜ਼ਰ ਸਨ।

## ਨਗਰ ਪੰਚਾਇਤ ਘੜੂੰਆਂ ਦੇ ਸੀਨੀਅਰ ਮੀਤ ਪ੍ਰਧਾਨ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ



ਮੋਰਿੰਡਾ (ਨਿਹਾਲ ਸਿੰਘ ਕਲਸੀ)- ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਝਟਕਾ ਲੱਗਿਆ ਜਦੋਂ ਆਮ ਆਦਮੀ ਪਾਰਟੀ ਐਜੂਕੇਸ਼ਨ ਡਿਪਾਰਟਮੈਂਟ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਕੁਆਰਡੀਨੇਟਰ ਅਤੇ ਨਗਰ ਪੰਚਾਇਤ ਘੜੂਆਂ ਦੇ ਸੀਨੀਅਰ ਮੀਤ ਪ੍ਰਧਾਨ ਹਰਪ੍ਰੀਤ ਸਿੰਘ ਭੰਡਾਰੀ ਆਪਣੇ ਸਾਥੀਆਂ ਸਮੇਤ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋ ਗਏ।ਇਸ ਮੌਕੇ ਸੰਬੋਧਨ ਕਰਦਿਆਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਹਰਪ੍ਰੀਤ ਸਿੰਘ ਭੰਡਾਰੀ ਅਤੇ ਉਨ੍ਹਾਂ ਦੇ ਪਰਵਾਰ ਦਾ ਹਲਕਾ ਸ੍ਰੀ ਚਮਕੌਰ ਸਾਹਿਬ ਖਾਸਕਰ ਸਰਕਲ ਘੜੂੰਆਂ ਵਿੱਚ ਵੱਡਾ ਆਧਾਰ ਹੈ, ਹਰਪ੍ਰੀਤ ਸਿੰਘ ਭੰਡਾਰੀ ਅਤੇ ਉਹਨਾਂ ਦੇ ਸਾਥੀਆਂ ਦਾ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਣ ਤੇ ਜਿੱਥੇ ਪਾਰਟੀ ਨੂੰ ਵੱਡਾ ਬਲ ਮਿਲਿਆ ਹੈ। ਉਨ੍ਹਾਂ ਕਿਹਾ ਕਿ ਹਰਪ੍ਰੀਤ ਸਿੰਘ ਭੰਡਾਰੀ ਅਤੇ ਉਹਨਾਂ ਦੇ ਸਾਥੀਆਂ ਨੂੰ ਕਾਂਗਰਸ ਪਾਰਟੀ ਵਿੱਚ ਬਣਦਾ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਹਰਪ੍ਰੀਤ ਸਿੰਘ ਭੰਡਾਰੀ ਤੋਂ ਇਲਾਵਾ ਕੌਂਸਲਰ ਅੰਮ੍ਰਿਤਪਾਲ ਸਿੰਘ, ਸੁਪਿੰਦਰ ਸਿੰਘ ਜੋਤੀ, ਗਗਨਪ੍ਰੀਤ ਸਿੰਘ ਗੱਗੂ, ਮਾਨਵੀਰ ਸਿੰਘ ਮਾਨਾ, ਚਰਨਜੀਤ ਸਿੰਘ ਲਾਲਾ, ਇੰਦਰਪ੍ਰੀਤ ਸਿੰਘ, ਗੁਰਕੀਰਤ ਸਿੰਘ, ਗੁਰਦੀਪ ਸਿੰਘ, ਅਮਰਿੰਦਰ ਸਿੰਘ ਬਿੱਲੂ, ਸੁਖਵਿੰਦਰ ਸਿੰਘ, ਬਿਕਰਮਜੀਤ ਸਿੰਘ ਅਤੇ ਰਾਜਵੀਰ ਸਿੰਘ ਨੇ ਆਮ ਆਦਮੀ ਪਾਰਟੀ ਨੂੰ ਛੱਡ ਕੇ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਹਰਪ੍ਰੀਤ ਸਿੰਘ ਭੰਡਾਰੀ ਅਤੇ ਉਹਨਾਂ ਦੇ ਸਾਥੀਆਂ ਨੂੰ ਸਿਰੋਪਾਓ ਪਾ ਕੇ ਕਾਂਗਰਸ ਪਾਰਟੀ ਦੀ ਸ਼ਾਮਿਲ ਕੀਤਾ ਗਿਆ। ਹਰਪ੍ਰੀਤ ਸਿੰਘ ਭੰਡਾਰੀ ਨੇ ਕਿਹਾ ਕਿ ਉਹਨਾਂ ਵੱਲੋਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਵਧੀਆ ਕਾਰਜਸ਼ੈਲੀ ਅਤੇ ਹਰ ਇੱਕ ਵਰਕਰ ਦਾ ਸਤਿਕਾਰ ਕਰਨ ਨੂੰ ਵੇਖਦੇ ਹੋਏ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਏ ਹਨ। ਇਸ ਮੌਕੇ ਸਾਬਕਾ ਵਿਧਾਇਕ ਹਰਨੇਕ ਸਿੰਘ ਘੜੂੰਆਂ ਦੇ ਸਪੁੱਤਰ ਗੁਰਤੇਜ ਸਿੰਘ ਘੜੂੰਆਂ, ਸੀਨੀਅਰ ਕਾਂਗਰਸੀ ਆਗੂ ਗੁਰਪ੍ਰਤਾਪ ਸਿੰਘ ਪਡਿਆਲਾ, ਕੌਂਸਲਰ ਮਨਦੀਪ ਸਿੰਘ ਬਾਜਵਾ, ਕਾਂਗਰਸ ਦੇ ਸ਼ਹਿਰੀ ਪ੍ਰਧਾਨ ਰਾਹੁਲ ਸ਼ਰਮਾ, ਯੂਥ ਕਾਂਗਰਸੀ ਆਗੂ ਹਰਜੋਤ ਸਿੰਘ ਢੰਗਰਾਲੀ, ਅਮਰਜੀਤ ਸਿੰਘ ਲੱਲਾ ਰੌਣੀ, ਜਗਤਾਰ ਸਿੰਘ ਅਰਨੌਲੀ ਆਦਿ ਹਾਜ਼ਰ ਸਨ।

## ਟੌਰੋਵਾਲ ਵਿਖੇ ਅਜੇ ਮੰਗੂਪੁਰ ਦੀ ਅਗਵਾਈ ਹੇਠ ਸੈਂਕੜੇ ਸਾਥੀ ਕਾਂਗਰਸ 'ਚ ਸ਼ਾਮਲ

ਬਲਾਚੌਰ (ਜਸਵਿੰਦਰ ਬੈਸ) ਹਲਕਾ ਬਲਾਚੌਰ ਦੇ ਪਿੰਡ-ਟੌਰੋਵਾਲ ਵਿਖੇ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਵੱਲੋਂ ਲੋਕ ਮਿਲਣੀ ਕੀਤੀ ਗਈ। ਇਸ ਮੌਕੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨਾਲ ਵਿਚਾਰ ਸਾਂਝੇ ਕੀਤੇ ਗਏ ਅਤੇ ਇਲਾਕੇ ਨਾਲ ਸਬੰਧਤ ਵੱਖ-ਵੱਖ ਮਸਲਿਆਂ ਬਾਰੇ ਗੱਲਬਾਤ ਕੀਤੀ ਗਈ। ਲੋਕਾਂ ਵੱਲੋਂ ਮਿਲੇ ਪਿਆਰ ਅਤੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਚੌਧਰੀ ਮੋਹਨ ਲਾਲ, ਪ੍ਰਿੰਸ ਗੋਰਸੀ, ਦਲਜੀਤ ਗੋਰਸੀ, ਵਿਜੇ ਬਜ਼ਾਰਹ, ਕਰਨਵੀਰ ਪੰਚ, ਅੰਕੁਸ਼ ਚੌਧਰੀ, ਗੁਰਨਾਮ ਧੀਮਾਨ, ਸ਼ਾਮ ਅਤੇ ਸੋਨੂ ਬਜਾੜ ਨੇ ਵੱਖ-ਵੱਖ ਪਾਰਟੀਆਂ ਨੂੰ ਛੱਡ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਨਵੇਂ ਸਾਥੀਆਂ ਦਾ ਕਾਂਗਰਸ ਪਰਵਾਰ ਵਿੱਚ ਸਵਾਗਤ ਕਰਦਿਆਂ ਅਜੇ ਮੰਗੂਪੁਰ ਨੇ ਕਿਹਾ ਕਿ ਇਨ੍ਹਾਂ ਸਾਥੀਆਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਕਾਂਗਰਸ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਚੌਧਰੀ ਦਰਸ਼ਨ ਲਾਲ ਮੰਗੂਪੁਰ ਸਾਬਕਾ ਵਿਧਾਇਕ ਬਲਾਚੌਰ, ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਤਰਸੇਮ ਚੌਧਰੀ ਸਾਬਕਾ ਚੇਅਰਮੈਨ, ਕਿਰਨਦੀਪ ਕੌਰ ਚੇਅਰਮੈਨ ਬਲਾਕ ਸੰਮਤੀ ਸੜੋਆ, ਤਿਲਕ ਰਾਜ ਸੂਦ ਬਲਾਕ ਪ੍ਰਧਾਨ ਸੜੋਆ, ਚੌਧਰੀ ਸ਼ਾਮ ਸਰਪੰਚ ਛਛੇਵਾਲ, ਪ੍ਰੇਮ ਚੌਧਰੀ ਚੇਅਰਮੈਨ ਜਵਾਹਰ ਬਾਲ ਮੰਚ, ਜਤਿੰਦਰ ਦਿਆਲ ਪ੍ਰਧਾਨ ਕਿਸਾਨ ਸੈੱਲ, ਹੇਮੰਤ ਚੌਧਰੀ ਮੰਡਲ ਪ੍ਰਧਾਨ, ਸ਼ਾਮ ਚੌਧਰੀ ਮੰਡਲ ਪ੍ਰਧਾਨ, ਚਰਨਜੀਤ ਕੱਕ ਜ਼ੋਨ ਇੰਚਾਰਜ, ਕਾਕੂ ਚੌਧਰੀ ਜ਼ੋਨ ਇੰਚਾਰਜ, ਸੀਤਾਰਾਮ ਚੌਧਰੀ, ਬਲਬੀਰ ਬੀਰੀ ਭੋਲੇਵਾਲ ਯੂਥ ਆਗੂ, ਬਿੰਦਰ ਮਾਹੀਪੁਰ, ਪ੍ਰਦੀਪ ਕੁਮਾਰ ਸਰਪੰਚ ਮਾਹੀਪੁਰ, ਮੋਹਿੰਦਰ ਚੌਧਰੀ ਸੀਨੀਅਰ ਮੀਤ ਪ੍ਰਧਾਨ, ਰਾਮਪਾਲ ਸਾਬਕਾ ਸਰਪੰਚ ਮੰਗੂਪੁਰ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।ਜੱਸ ਨੇ ਦੱਸਿਆ ਕਿ ਇਸ ਮੌਕੇ ਗੁਰਸ਼ਰਨ ਸਿੰਘ ਯਾਦਗਾਰੀ ਟਰੱਸਟ ਵੱਲੋਂ ਲੋਕ ਪੱਖੀ ਇਨਕਲਾਬੀ ਸਭਿਆਚਾਰਕ ਲਹਿਰ ਨੂੰ ਅੱਗੇ ਵਧਾਉਣ ਵਿੱਚ ਆਜੀਵਨ ਘਾਲਣਾ ਘਾਲਣ ਵਾਲੇ ਪੰਜਾਬ ਲੋਕ ਸਭਿਆਚਾਰਕ ਮੰਚ ਦੇ ਪ੍ਰਧਾਨ ਅਤੇ ਪੰਜਾਬ ਦੀ ਇਨਕਲਾਬੀ ਜਮਹੂਰੀ ਲਹਿਰ ਦੇ ਅਣਥੱਕ ਕਾਮੇ ਅਮੋਲਕ ਸਿੰਘ ਨੂੰ 'ਗੁਰਸ਼ਰਨ ਸਿੰਘ ਸਿਮਰਤੀ ਚਿੰਨ' ਨਾਲ ਸਲਾਮ ਕੀਤਾ ਜਾਵੇਗਾ।



## ਪ੍ਰਾਈਮੋ ਕੈਮੀਕਲ ਲਿਮਟਿਡ ਦੇ ਗੇਟ ਅੱਗੇ ਪਿੰਡ ਵਾਸੀਆਂ ਵੱਲੋਂ ਧਰਨਾ

ਭਲਾਣ (ਹਰਭਜਨ ਸਿੰਘ ਢਿੱਲੋਂ)- ਅੱਜ ਉਸ ਸਮੇਂ ਸਥਿਤੀ ਤਣਾਅਪੂਰਨ ਬਣ ਗਈ ਜਦੋਂ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੇ ਪ੍ਰਾਈਮੋ ਕੈਮੀਕਲ ਲਿਮਟਿਡ ਦੇ ਗੇਟ ਮੂਹਰੇ ਧਰਨਾ ਲਗਾ ਕੇ ਫੈਕਟਰੀ ਪ੍ਰਬੰਧਨ ਖ਼ਿਲਾਫ਼ ਆਪਣਾ ਰੋਸ ਪ੍ਰਗਟ ਕੀਤਾ। ਧਰਨੇ ਦੌਰਾਨ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪੰਚ-ਸਰਪੰਚ ਅਤੇ ਇਲਾਕੇ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ।



ਇਸ ਮੌਕੇ ਇਕੱਠੇ ਹੋਏ ਪਿੰਡਾਂ ਦੇ ਮੋਹਤਬਰਾਂ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਫੈਕਟਰੀ ਵਿੱਚੋਂ ਨਿਕਲਣ ਵਾਲੇ ਕੈਮੀਕਲ, ਗੈਸਾਂ ਅਤੇ ਹੋਰ ਪ੍ਰਦੂਸ਼ਿਤ ਪਦਾਰਥਾਂ ਕਾਰਨ ਉਨ੍ਹਾਂ ਦਾ ਜੀਵਨ ਦੁੱਭਰ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਕਥਿਤ ਤੌਰ 'ਤੇ ਕੈਮੀਕਲ ਧਰਤੀ ਵਿੱਚ ਜਾਣ ਕਾਰਨ ਆਸ-ਪਾਸ ਦੇ ਪਿੰਡਾਂ ਦਾ ਧਰਤੀ ਹੇਠਲਾ ਪਾਣੀ ਵੀ ਪ੍ਰਭਾਵਿਤ ਹੋ ਰਿਹਾ ਹੈ, ਜਿਸ ਨਾਲ ਲੋਕਾਂ ਵਿੱਚ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ।

ਉਹਨਾਂ ਦੱਸਿਆ ਕਿ ਹੇਠਲਾ ਪਾਣੀ ਖਰਾਬ ਹੋਣ ਨਾਲ ਸਾਡੀਆਂ ਫਸਲਾਂ ਵੀ ਖਰਾਬ ਹੋ ਰਹੀਆਂ ਹਨ। ਪਿੰਡ ਵਾਸੀਆਂ ਨੇ ਕਿਹਾ ਕਿ ਇਲਾਕੇ ਵਿੱਚ ਕਈ ਲੋਕ ਗੰਭੀਰ ਸਿਹਤ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ ਅਤੇ ਉਹ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਵਾਉਣ ਦੀ ਮੰਗ ਕਰਦੇ ਹਨ। ਉਨ੍ਹਾਂ ਕਿਹਾ ਕਿ ਫੈਕਟਰੀ ਪ੍ਰਬੰਧਨ ਨੂੰ ਵਾਤਾਵਰਣ ਅਤੇ ਲੋਕਾਂ ਦੀ ਸਿਹਤ ਨਾਲ ਜੁੜੇ ਮਾਮਲੇ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਧਰਨਾਕਾਰੀਆਂ ਨੇ ਮੰਗ ਕੀਤੀ ਕਿ ਫੈਕਟਰੀ ਵਿੱਚੋਂ ਨਿਕਲਣ ਵਾਲੇ ਪਾਣੀ ਨੂੰ ਢੁਕਵੇਂ ਢੰਗ ਨਾਲ ਟਰੀਟ ਕਰਨ ਉਪਰੰਤ ਹੀ ਬਾਹਰ ਛੱਡਿਆ ਜਾਵੇ ਅਤੇ ਗੈਸਾਂ ਤੇ ਹੋਰ ਕੈਮੀਕਲਾਂ ਦੇ ਨਿਕਾਸ ਨੂੰ ਨਿਯਮਾਂ ਅਨੁਸਾਰ ਕੰਟਰੋਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜਦੋਂ ਤੱਕ ਲੋਕਾਂ ਦੀਆਂ ਮੁਸ਼ਕਿਲਾਂ ਦਾ ਸਥਾਈ ਹੱਲ ਨਹੀਂ ਹੁੰਦਾ, ਉਹ ਆਪਣੀ ਆਵਾਜ਼ ਬੁਲੰਦ ਕਰਦੇ ਰਹਿਣਗੇ। ਇਸ ਮੌਕੇ ਫੈਕਟਰੀ ਦੇ ਅਧਿਕਾਰੀਆਂ ਨੇ ਕਿਹਾ ਕਿ ਅਸੀਂ ਨਿਯਮਾਂ ਅਨੁਸਾਰ ਪਾਣੀ ਟਰੀਟ ਕਰਕੇ ਹੀ ਛੱਡਦੇ ਹਨ ਅਤੇ ਕੋਈ ਵੀ ਗੈਸ ਲੀਕ ਸਾਡੀ ਫੈਕਟਰੀ ਵੱਲੋਂ ਨਹੀਂ ਹੁੰਦੀ ਹੈ। ਇਸ ਮੌਕੇ ਵੱਖ-ਵੱਖ ਪਿੰਡਾਂ ਦੇ ਪੰਚ-ਸਰਪੰਚਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੋਹਤਬਰ ਅਤੇ ਪਿੰਡ ਵਾਸੀ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ਾਨਦਾਰ ਡਰੋਨ ਸ਼ੋਅ

ਮਾਹਿਲਪੁਰ (ਸ.ਫਰੀ)- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਦੀ ਲੜੀ ਤਹਿਤ ਐਤਵਾਰ ਨੂੰ ਕਰਵਾਏ ਗਏ ਸ਼ਾਨਦਾਰ ਡਰੋਨ ਸ਼ੋਅ ਨੇ ਆਸਮਾਨ ਨੂੰ ਜਗਮਗਾਉਂਦਿਆਂ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਪ੍ਰਭਾਵਸ਼ਾਲੀ ਪੇਸ਼ਕਾਰੀ ਕੀਤੀ ।ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਮਾਹਿਲਪੁਰ ਵਿਖੇ ਕਰਵਾਏ ਗਏ ਇਸ ਸ਼ੋਅ ਵਿੱਚ ਸੰਤਾਂ-ਮਹਾਂਪੁਰਸ਼ਾਂ ਦੀ ਹਾਜਰੀ ਅਤੇ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਅਤੇ ਸਥਾਨਕ ਨਿਵਾਸੀਆਂ ਨੇ ਕੀਰਤਨ ਸਰਵਣ ਕਰਨ ਤੋਂ ਬਾਅਦ ਸ਼ੋਅ ਦੇਖਿਆ। ਸ਼ੋਅ ਵਿੱਚ 500 ਡ੍ਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਦੇ ਜੀਵਨ, ਫਲਸਫੇ, ਬੇਗਮਪੁਰਾ ਦੇ ਸੰਕਲਪ, ਬਰਾਬਰੀ, ਦਇਆ, ਸਮਾਜਿਕ ਨਿਆਂ, ਮਨੁੱਖੀ ਮਾਣ-ਸਨਮਾਨ ਅਤੇ ਆਪਸੀ ਸਤਿਕਾਰ ਬਾਰੇ ਸਦੀਵੀ ਸੰਦੇਸ਼ ਨੂੰ ਬਹੁਤ ਹੀ ਖੂਬਸੂਰਤ ਢੰਗ ਨਾਲ ਦਰਸਾਇਆ ਗਿਆ।ਡਰੋਨ ਸ਼ੋਅ ਦੌਰਾਨ ਸੰਤ ਪ੍ਰਦੀਪ ਕੁਮਾਰ ਕਠਾਰ, ਸੰਤ ਸਤਨਾਮ ਦਾਸ ਗੱਜਣ ਮਹਿਦੂਦ, ਸੰਤ ਕੇਵਲ ਸਿੰਘ ਤਪ ਅਸਥਾਨ ਖੁਰਾਲਗੜ੍ਹ ਸਾਹਿਬ, ਸੰਤ ਹਰਮੇਸ਼ ਦਾਸ ਸ਼ੇਰਪੁਰ ਢੱਕੋਂ, ਸੰਤ ਮੇਜਰ ਦਾਸ ਹੱਲੂਵਾਲ, ਸੰਤ ਸੁਰਿੰਦਰ ਸਿੰਘ ਚਰਨ ਛੋਹ ਗੰਗਾ ਖੁਰਾਲਗੜ੍ਹ ਸਾਹਿਬ, ਮਾਤਾ ਗੁਰਿੰਦਰ ਕੌਰ ਬਾਹੋਵਾਲ, ਸੰਤ ਬਲਬੀਰ ਦਾਸ ਸਾਹਰੀ, ਸੰਤ ਸਤਨਾਮ ਦਾਸ ਖੁਰਾਲਗੜ੍ਹ, ਬਾਬਾ ਨਰੇਸ਼ ਸਿੰਘ, ਬਾਬਾ ਸੁਖਦੇਵ ਸਿੰਘ ਆਦਿ ਵੀ ਵਿਸ਼ੇਸ਼ ਤੌਰ 'ਤੇ ਪੁੱਜੇ ਸਨ । ਸ਼ੋਅ ਦੌਰਾਨ ਇਕੱਤਰ ਲੋਕਾਂ ਨੇ ਹੱਥ ਜੋੜ ਕੇ ਸ਼ਰਧਾ ਨਾਲ ਇਸ ਸ਼ਾਨਦਾਰ ਪੇਸ਼ਕਾਰੀ ਨੂੰ ਦੇਖਿਆ ਅਤੇ ਸ਼ਰਧਾਲੂਆਂ ਨੇ ਇਸ ਵਿਲੱਖਣ ਪਹਿਲਕਦਮੀ ਦੀ ਸ਼ਲਾਘਾ ਕੀਤੀ। ਉਨ੍ਹਾਂ ਡ੍ਰੋਨ ਸ਼ੋਅ ਨੂੰ ਆਧੁਨਿਕ ਤਕਨੀਕ ਦੇ ਜ਼ਰੀਏ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਨੂੰ




ਲੋਕਾਂ, ਖਾਸ ਕਰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਇੱਕ ਯਾਦਗਾਰੀ ਅਤੇ ਨਿਵੇਕਲਾ ਤਰੀਕਾ ਦੱਸਿਆ। ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਡ੍ਰੋਨ ਸ਼ੋਅ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਨੂੰ ਢੁਕਵੀਂ ਸ਼ਰਧਾਂਜਲੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਗੁਰੂ ਜੀ ਪ੍ਰਤੀ ਉਨ੍ਹਾਂ ਦੀ ਡੂੰਘੀ ਸ਼ਰਧਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਨੌਜਵਾਨ ਪੀੜ੍ਹੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਚਾਰਧਾਰਾ ਤੋਂ ਜਾਣੂ ਕਰਵਾਉਣ ਲਈ ਪ੍ਰਭਾਵਸ਼ਾਲੀ ਮੰਚ ਪ੍ਰਦਾਨ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਸ ਸ਼ਾਨਦਾਰ ਪੇਸ਼ਕਾਰੀ ਨੇ ਗੁਰੂ ਜੀ ਦੇ ਸੰਦੇਸ਼ ਨੂੰ ਬਾਕਮਾਲ ਢੰਗ ਨਾਲ ਪੇਸ਼ ਕਰਨ ਦੇ ਨਾਲ-ਨਾਲ ਬਰਾਬਰੀ, ਭਾਈਚਾਰੇ, ਦਇਆ ਅਤੇ ਸਮਾਜਿਕ ਨਿਆਂ 'ਤੇ ਆਧਾਰਿਤ ਸਮਾਜ ਦੀ ਸਿਰਜਣਾ ਦੇ ਮਹੱਤਵ ਨੂੰ ਵੀ ਦਰਸਾਇਆ ਹੈ। ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਦੀ ਲੜੀ ਤਹਿਤ ਸੂਬੇ ਭਰ ਵਿੱਚ 92 ਡ੍ਰੋਨ ਸ਼ੋਅ ਕਰਵਾਏ ਜਾ ਰਹੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਦਾ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ ਨੂੰ ਦਰਸਾਉਂਦੇ ਡ੍ਰੋਨ ਸ਼ੋਅ ਕਰਵਾਉਣ ਲਈ ਧੰਨਵਾਦ ਪ੍ਰਗਟ ਕਰਦਿਆਂ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਡ੍ਰੋਨ ਸ਼ੋਅ ਤੋਂ ਇਲਾਵਾ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਅਤੇ ਵਿਚਾਰਧਾਰਾ ਦੇ ਪ੍ਰਚਾਰ-ਪਸਾਰ ਲਈ ਸੂਬੇ ਭਰ ਵਿੱਚ ਸੈਮੀਨਾਰ, ਦਸਤਾਵੇਜ਼ੀ ਫਿਲਮਾਂ ਦਾ ਪ੍ਰਦਰਸ਼ਨ, ਮੈਰਾਥਨ ਅਤੇ ਹੋਰ ਪ੍ਰੋਗਰਾਮ ਵੀ ਕਰਵਾਏ ਜਾ ਰਹੇ ਹਨ। ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ ਖੁਰਾਲਗੜ੍ਹ ਵਿਖੇ 147 ਕਰੋੜ ਰੁਪਏ ਦੀ ਲਾਗਤ ਨਾਲ 'ਗੁਰੂ ਰਵਿਦਾਸ ਯਾਦਗਾਰ' ਵੀ ਸਥਾਪਿਤ ਕੀਤੀ ਜਾ ਰਹੀ ਹੈ।ਪੰਜਾਬ

## ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਦੇ ਹੱਲ ਲਈ ਵਚਨਬੱਧ : ਚੀਮਾ

ਚੰਡੀਗੜ੍ਹ (ਗੁਰਜੀਤ ਬਿੱਲਾ)- ਮੁਲਾਜ਼ਮਾਂ ਮਸਲਿਆਂ ਦੇ ਹੱਲ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਅਤੇ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਕੀਤੀਆਂ। ਵਿੱਤ ਮੰਤਰੀ ਨੇ ਉਸਾਰੂ ਗੱਲਬਾਤ ਅਤੇ ਸਮੇਂ ਸਿਰ ਕਾਰਵਾਈ ਰਾਹੀਂ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦੇ ਜਲਦ ਤੋਂ ਜਲਦ ਹੱਲ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਵਿਚਾਰ-ਵਟਾਂਦਰੇ ਦੌਰਾਨ ਵਿੱਤ ਮੰਤਰੀ ਚੀਮਾ ਨੇ ਯੂਨੀਅਨਾਂ ਵੱਲੋਂ ਉਠਾਏ ਗਏ ਸਾਰੇ ਮੁੱਦਿਆਂ ਨੂੰ ਗੌਰ ਨਾਲ ਸੁਣਿਆ। ਉਨ੍ਹਾਂ ਸਬੰਧਤ ਵਿਭਾਗਾਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਕਿ ਜਾਇਜ਼ ਮਸਲਿਆਂ ਨੂੰ ਬਿਨਾਂ ਕਿਸੇ ਦੇਰੀ ਦੇ ਹੱਲ ਕੀਤਾ ਜਾਵੇ ਅਤੇ ਵਿੱਤ ਵਿਭਾਗ ਜਾਂ ਪ੍ਰਸੋਨਲ ਵਿਭਾਗ ਦੇ ਦਖ਼ਲ ਦੀ ਲੋੜ ਵਾਲੇ ਕੇਸਾਂ ਦੀ ਕਾਰਵਾਈ 'ਚ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਨੁਮਾਇੰਦਿਆਂ ਨੂੰ ਭਰੋਸਾ ਦਿੱਤਾ ਕਿ ਸਰਕਾਰ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਹੱਲ ਕਰਨ ਲਈ ਪੂਰੀ ਤਰ੍ਹਾਂ ਸੁਹਿਰਦ ਹੈ। ਵਿੱਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਕੈਬਨਿਟ ਸਬ-ਕਮੇਟੀ ਮੁਲਾਜ਼ਮ ਯੂਨੀਅਨਾਂ ਨਾਲ ਲਗਾਤਾਰ ਰਾਬਤਾ ਕਾਇਮ ਰੱਖੇਗੀ ਤਾਂ ਜੋ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਯਕੀਨੀ ਬਣਾਇਆ ਜਾ ਸਕੇ, ਜਿਸ ਨਾਲ ਪੰਜਾਬ ਸਰਕਾਰ ਅਤੇ ਇਸ ਦੇ ਮੁਲਾਜ਼ਮਾਂ ਦਰਮਿਆਨ ਭਰੋਸਾ ਹੋਰ ਮਜ਼ਬੂਤ ਹੋਵੇਗਾ। ਇਸ ਮੀਟਿੰਗ ਵਿੱਚ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਮੀਟਿੰਗ ਵਿੱਚ ਪੀ ਐੱਸ ਈ ਬੀ ਇੰਜੀਨੀਅਰਜ਼ ਐਸੋਸੀਏਸ਼ਨ ਵੱਲੋਂ ਇੰਜੀ. ਜਸਵੀਰ ਸਿੰਘ ਧੀਮਾਨ, ਇੰਜੀ. ਅਜੈਪਾਲ ਸਿੰਘ ਅਟਵਾਲ, ਇੰਜੀ. ਅਮਰਦੀਪ ਸਿੰਘ, ਇੰਜੀ. ਜਤਿੰਦਰ ਗਰਗ, ਇੰਜੀ. ਸੁਖਵੰਤ ਸਿੰਘ ਅਤੇ ਇੰਜੀ. ਡੀ.ਕੇ. ਗੋਇਲ, ਪਾਵਰਕਾਮ ਅਤੇ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਬਲਿਹਾਰ ਸਿੰਘ, ਟੇਕ ਚੰਦ, ਬਲਵਿੰਦਰ ਸਿੰਘ, ਸੰਦੀਪ ਖੱਤਰੀ, ਸ਼ੇਰ ਸਿੰਘ ਅਤੇ ਮਨਦੀਪ ਸਿੰਘ, ਜਨਰਲ ਕੈਟਾਗਰੀਜ਼ ਵੈਲਫੇਅਰ ਫੈਡਰੇਸ਼ਨ ਪੀ ਐੱਸ ਈ ਬੀ ਵੱਲੋਂ ਕੁਲਜੀਤ ਸਿੰਘ ਰਤੌਲ, ਸਰਕਾਰੀ ਆਈ.ਟੀ.ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਸੇਵਾ ਸਿੰਘ, ਰੂਰਲ ਹੈਲਥ ਫਾਰਮਾਸਿਸਟ ਯੂਨੀਅਨ ਵੱਲੋਂ ਗੁਰਮੀਤ ਸਿੰਘ ਤੇ ਨਵਜੋਤ ਕੌਰ, ਰੂਰਲ ਹੈਲਥ ਫਾਰਮੇਸੀ ਅਫ਼ਸਰ ਐਸੋਸੀਏਸ਼ਨ ਵੱਲੋਂ ਕਮਲਜੀਤ ਸਿੰਘ ਚੌਹਾਨ ਅਤੇ ਪੰਜਾਬ ਪੁਲਿਸ ਵੇਟਿੰਗ ਲਿਸਟ 2016 ਯੂਨੀਅਨ ਵੱਲੋਂ ਅਮਨਦੀਪ ਸਿੰਘ ਹਾਜ਼ਰ ਸਨ।



## ਨੰਗਲ ਯੂਨਿਟ ਦੇ ਆਧੁਨਿਕੀਕਰਨ ਨਾਲ ਪੰਜਾਬ ਦੇ ਕਿਸਾਨਾਂ, ਉਦਯੋਗ ਨੂੰ ਮਿਲੇਗਾ ਵੱਡਾ ਹੁਲਾਰਾ : ਲਾਲਪੁਰਾ

ਨੰਗਲ, ਭਲਾਣ (ਹਰਭਜਨ ਸਿੰਘ ਢਿੱਲੋਂ)- ਭਾਜਪਾ ਜ਼ਿਲ੍ਹਾ ਰੂਪਨਗਰ ਦੇ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਨੇ ਨੰਗਲ ਯੂਨਿਟ ਦੇ ਆਧੁਨਿਕੀਕਰਨ ਲਈ ਕੇਂਦਰ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਫੈਸਲਾ ਨੰਗਲ ਅਤੇ ਰੂਪਨਗਰ ਜ਼ਿਲ੍ਹੇ ਦੇ ਨਾਲ-ਨਾਲ ਸਮੁੱਚੇ ਪੰਜਾਬ ਦੇ ਕਿਸਾਨਾਂ, ਉਦਯੋਗ ਅਤੇ ਆਰਥਿਕ ਵਿਕਾਸ ਲਈ ਬੇਹੱਦ ਮਹੱਤਵਪੂਰਨ ਸਾਬਤ ਹੋਵੇਗਾ। ਲਾਲਪੁਰਾ ਨੇ ਇਸ ਉਪਰਾਲੇ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰ ਸਰਕਾਰ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਨੰਗਲ ਵਰਗੇ ਮਹੱਤਵਪੂਰਨ ਉਦਯੋਗਿਕ ਯੂਨਿਟ ਦਾ ਆਧੁਨਿਕੀਕਰਨ ਕੇਂਦਰ ਸਰਕਾਰ ਦੀ ਪੰਜਾਬ ਦੇ ਵਿਕਾਸ ਅਤੇ ਕਿਸਾਨਾਂ ਦੀ ਖੁਸ਼ਹਾਲੀ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਯੂਰੀਆ ਉਤਪਾਦਨ ਵਧਾਉਣ, ਕਿਸਾਨਾਂ ਲਈ ਖਾਦ ਦੀ ਉਪਲਬਧਤਾ ਨੂੰ ਹੋਰ ਬਿਹਤਰ ਬਣਾਉਣ, ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਅਤੇ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਵਿੱਚ ਮਦਦ ਮਿਲੇਗੀ। ਅਜੈਵੀਰ ਸਿੰਘ ਲਾਲਪੁਰਾ ਨੇ ਕਿਹਾ ਕਿ ਕਿਸਾਨ ਖੁਸ਼ਹਾਲ ਹੋਵੇਗਾ ਤਾਂ ਪੰਜਾਬ ਖੁਸ਼ਹਾਲ ਹੋਵੇਗਾ ਅਤੇ ਪੰਜਾਬ ਖੁਸ਼ਹਾਲ ਹੋਵੇਗਾ ਤਾਂ ਵਿਕਸਿਤ ਭਾਰਤ ਦਾ ਸੰਕਲਪ ਹੋਰ ਮਜ਼ਬੂਤ ਹੋਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਬੁਨਿਆਦੀ ਢਾਂਚੇ, ਖੇਤੀਬਾੜੀ ਅਤੇ ਉਦਯੋਗਿਕ ਖੇਤਰ ਨੂੰ ਆਧੁਨਿਕ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਦਾ ਲਾਭ ਆਉਣ ਵਾਲੇ ਸਮੇਂ ਵਿੱਚ ਨੰਗਲ ਅਤੇ ਆਸ-ਪਾਸ ਦੇ ਇਲਾਕਿਆਂ ਨੂੰ ਵੀ ਮਿਲੇਗਾ।

